ਬੁੱਧਵਾਰ, 23 ਜੁਲਾਈ, 2025
8 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 52

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 23 JULY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਧਨਖੜ ਜੀ ਦੀ ਉੱਤਮ ਸਿਹਤ ਦੀ ਕਾਮਨਾ : ਮੋਦੀ

**ਨਵੀਂ ਦਿੱਲੀ** : ਰਾਸ਼ਟਰਪਤੀ ਦਰੋਪਦੀ ਮੁਰਮੂ ਵੱਲੋਂ ਉਪ ਰਾਸ਼ਟਰਪਤੀ ਜਗਦੀਪ ਧਨਖੜ ਦਾ ਅਸਤੀਫਾ ਮਨਜ਼ੂਰ ਕਰ ਲਏ ਜਾਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੁਝ ਕੁ ਸ਼ਬਦਾਂ ਵਿੱਚ ਕਿਹਾ, 'ਜਗਦੀਪ ਧਨਖੜ ਜੀ ਨੂੰ ਭਾਰਤ ਦੇ ਉਪ ਰਾਸ਼ਟਰਪਤੀ ਸਮੇਤ ਕਈ ਭੂਮਿਕਾਵਾਂ ਵਿੱਚ ਦੇਸ਼ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਮੈਂ ਉਨ੍ਹਾ ਦੀ ਉੱਤਮ ਸਿਹਤ ਦੀ ਕਾਮਨਾ ਕਰਦਾ ਹਾਂ।'

ਮੀਡੀਆ ਰਿਪੋਰਟਾਂ ਮੁਤਾਬਕ ਧਨਖੜ ਨੇ ਅਸਤੀਫਾ ਦੇਣ ਤੋਂ ਪਹਿਲਾਂ ਮੋਦੀ ਵਜ਼ਾਰਤ ਵਿੱਚ ਦੂਜੇ, ਤੀਜੇ ਤੇ ਚੌਥੇ ਨੰਬਰ ਦੇ ਮੰਤਰੀਆਂ ਨਾਲ ਸੰਸਦ ਕੰਪਲੈਕਸ ਵਿੱਚ ਰੱਖਿਆ ਮੰਤਰੀ ਰਾਜਨਾਥ ਸਿੰਘ ਦੇ ਦਫਤਰ ਵਿੱਚ ਮੀਟਿੰਗ ਕੀਤੀ, ਜਿਹੜੀ 20-25 ਮਿੰਟ ਚੱਲੀ। ਇਸ ਤੋਂ ਬਾਅਦ ਤਿੰਨਾਂ ਮੰਤਰੀਆਂ ਨੇ ਵੱਖਰੀ ਮੀਟਿੰਗ ਕੀਤੀ। ਇਹ ਸਭ ਸ਼ਾਮ ਸਵਾ ਸੱਤ ਵਜੇ ਤੋਂ 7.50 ਵਜੇ ਤੱਕ ਹੋਇਆ। ਇਸ ਤੋਂ ਡੇਢ ਘੰਟੇ ਬਾਅਦ ਧਨਖੜ ਨੇ ਅਸਤੀਫਾ ਦੇ ਦਿੱਤਾ। ਇੱਕ ਭਾਜਪਾ ਸਾਂਸਦ ਨੇ ਦੱਸਿਆ ਕਿ ਮੀਟਿੰਗ ਵਿੱਚ ਧਨਖੜ ਤੋਂ ਅਸਤੀਫੇ ਲਈ ਕੋਰੇ ਕਾਗਜ਼ 'ਤੇ ਦਸਤਖਤ

## ਉਪ ਰਾਸ਼ਟਰਪਤੀ ਦੇ ਅਸਤੀਫੇ ਬਾਰੇ ਤਰ੍ਹਾਂ-ਤਰ੍ਹਾਂ ਦੇ ਚਰਚੇ



ਕਰਵਾਏ ਗਏ। ਕਾਂਗਰਸ ਨੇ ਦਾਅਵਾ ਕੀਤਾ ਹੈ ਕਿ ਜਗਦੀਪ ਧਨਖੜ ਦੇ ਉਪ-ਰਾਸ਼ਟਰਪਤੀ ਦੇ ਅਹੁਦੇ ਤੋਂ ਅਸਤੀਫਾ ਦੇਣ ਪਿੱਛੇ ਦੇ ਕਾਰਨ ਉਨ੍ਹਾ ਵੱਲੋਂ ਦੱਸੇ ਗਏ ਸਿਹਤ ਕਾਰਨਾਂ ਨਾਲੋਂ ਬਹੁਤ ਗੁੱਝੇ ਹਨ। ਕਾਂਗਰਸ ਨੇ ਕਿਹਾ ਕਿ ਧਨਖੜ ਦਾ ਅਸਤੀਫਾ ਉਨ੍ਹਾ ਬਾਰੇ ਬਹੁਤ ਕੁਝ ਕਹਿੰਦਾ ਹੈ ਤੇ ਨਾਲ ਹੀ ਉਨ੍ਹਾਂ ਲੋਕਾਂ ਦੀ ਨੀਅਤ ਉੱਤੇ ਵੀ ਗੰਭੀਰ ਸਵਾਲ ਖੜ੍ਹੇ ਕਰਦਾ ਹੈ, ਜਿਨ੍ਹਾਂ ਨੇ ਉਨ੍ਹਾ ਨੂੰ ਉਪ ਰਾਸ਼ਟਰਪਤੀ ਦੇ ਅਹੁਦੇ ਤੱਕ ਪਹੁੰਚਾਇਆ।

ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਧਨਖੜ ਨੇ ਸੋਮਵਾਰ ਦੁਪਹਿਰ ਸਾਢੇ ਬਾਰਾਂ ਵਜੇ ਰਾਜ ਸਭਾ ਦੀ ਬਿਜ਼ਨਸ ਸਲਾਹਕਾਰ ਕਮੇਟੀ ਦੀ ਪ੍ਰਧਾਨਗੀ ਕੀਤੀ। ਸਦਨ ਦੇ ਨੇਤਾ ਜੇ ਪੀ ਨੱਢਾ ਅਤੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਸਮੇਤ ਜ਼ਿਆਦਾਤਰ ਮੈਂਬਰ ਮੌਜੂਦ ਸਨ। ਕੁਝ ਚਰਚਾ ਤੋਂ ਬਾਅਦ ਕਮੇਟੀ ਨੇ ਸ਼ਾਮ 4.30 ਵਜੇ ਦੁਬਾਰਾ ਮਿਲਣ ਦਾ ਫੈਸਲਾ ਕੀਤਾ। ਧਨਖੜ ਦੀ ਪ੍ਰਧਾਨਗੀ ਹੇਠ ਮੀਟਿੰਗ ਮੁੜ ਹੋਣੀ ਸੀ। ਨੱਢਾ ਤੇ ਰਿਜਿਜੂ ਦੇ ਆਉਣ ਦੀ ਉਡੀਕ ਕੀਤੀ ਜਾ ਰਹੀ ਸੀ, ਪਰ ਉਹ ਨਹੀਂ ਆਏ। ਕਾਂਗਰਸ ਨੇਤਾ ਨੇ ਦਾਅਵਾ ਕੀਤਾ ਕਿ ਧਨਖੜ ਨੂੰ ਨਿੱਜੀ ਤੌਰ 'ਤੇ ਸੂਚਿਤ ਨਹੀਂ ਕੀਤਾ ਗਿਆ ਸੀ ਕਿ ਦੋਵੇਂ ਸੀਨੀਅਰ ਮੰਤਰੀ ਮੀਟਿੰਗ ਵਿੱਚ ਸ਼ਾਮਲ ਨਹੀਂ ਹੋ ਰਹੇ ਹਨ ਅਤੇ ਧਨਖੜ ਨੂੰ ਇਸ ਬਾਰੇ ਬੁਰਾ ਲੱਗਿਆ ਅਤੇ ਫਿਰ ਉਨ੍ਹਾਂ ਨੇ ਮੰਗਲਵਾਰ ਦੁਪਹਿਰ 1 ਵਜੇ ਲਈ ਬਿਜ਼ਨਸ ਸਲਾਹਕਾਰ ਕਮੇਟੀ ਦੀ ਮੀਟਿੰਗ ਮੁੜ ਤੈਅ ਕੀਤੀ।

ਰਮੇਸ਼ ਨੇ ਦਾਅਵਾ ਕੀਤਾ ਕਿ ਸੋਮਵਾਰ ਦੁਪਹਿਰ 1 ਵਜੇ ਤੋਂ 4.30 ਵਜੇ ਦੇ ਵਿਚਕਾਰ ਕੁਝ ਤਾਂ ਬਹੁਤ ਗੰਭੀਰ ਵਾਪਰਿਆ, ਜਿਸ ਕਾਰਨ ਨੱਢਾ ਅਤੇ ਰਿਜਿਜੂ ਜਾਣਬੁੱਝ ਕੇ ਬਿਜ਼ਨਸ ਸਲਾਹਕਾਰ ਕਮੇਟੀ ਦੀ ਦੂਜੀ ਮੀਟਿੰਗ ਤੋਂ ਗੈਰਹਾਜ਼ਰ ਰਹੇ। ਉਨ੍ਹਾ ਕਿਹਾ, "ਇੱਕ ਬਹੁਤ ਹੀ ਹੈਰਾਨ ਕਰਨ ਵਾਲਾ ਕਦਮ ਚੁੱਕਦੇ ਹੋਏ, ਜਗਦੀਪ ਧਨਖੜ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ। ਉਨ੍ਹਾ ਨੇ ਆਪਣੀ ਸਿਹਤ ਨੂੰ ਇਸ ਦਾ ਕਾਰਨ ਦੱਸਿਆ। ਸਾਨੂੰ ਇਸ ਦਾ ਸਤਿਕਾਰ ਕਰਨਾ ਚਾਹੀਦਾ ਹੈ, ਪਰ ਸੱਚਾਈ ਇਹ ਹੈ ਕਿ ਇਸ ਦੇ ਪਿੱਛੇ ਕੁਝ ਡੂੰਘੇ ਕਾਰਨ ਹਨ।"

ਕਾਂਗਰਸ ਦੇ ਜਨਰਲ ਸਕੱਤਰ ਨੇ ਕਿਹਾ, "ਧਨਖੜ ਜੀ ਨੇ 2014 ਤੋਂ ਬਾਅਦ ਹਮੇਸ਼ਾ ਭਾਰਤ ਦੀ ਪ੍ਰਸ਼ੰਸਾ ਕੀਤੀ, ਪਰ ਨਾਲ ਹੀ ਉਨ੍ਹਾ ਨੇ ਕਿਸਾਨਾਂ ਦੇ ਹਿੱਤਾਂ ਲਈ ਖੁੱਲ੍ਹ ਕੇ ਆਪਣੀ ਆਵਾਜ਼ ਉਠਾਈ। ਉਨ੍ਹਾ ਜਨਤਕ ਜੀਵਨ ਵਿੱਚ ਵਧ ਰਹੇ ਹੰਕਾਰ ਦੀ ਆਲੋਚਨਾ ਕੀਤੀ ਅਤੇ ਨਿਆਂਪਾਲਿਕਾ ਦੀ ਜਵਾਬਦੇਹੀ ਅਤੇ ਸੰਜਮ ਦੀ ਜ਼ਰੂਰਤ 'ਤੇ ਜ਼ੋਰ • ਬਾਕੀ ਸਫਾ 2 'ਤੇ

# ਲੈਂਡ ਪੂਲਿੰਗ ਨੀਤੀ 'ਚ ਕੁਝ ਹੋਰ ਬਦਲਾਅ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੰਗਲਵਾਰ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲੈਂਡ ਪੂਲਿੰਗ ਨੀਤੀ ਵਿੱਚ ਕੁਝ ਬਦਲਾਅ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਗਈ। ਮੀਟਿੰਗ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸਵੈ-ਇੱਛਾ ਨਾਲ ਜ਼ਮੀਨ ਦੇਣ ਵਾਲੇ ਕਿਸਾਨਾਂ ਨੂੰ ਕਲੋਨੀ ਦੇ ਵਿਕਸਤ ਹੋਣ ਤੱਕ ਉਥੇ ਵਾਹੀ ਕਰਨ ਦਾ ਅਧਿਕਾਰ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਕਿਸਾਨਾਂ ਨੂੰ 50 ਹਜ਼ਾਰ ਰੁਪਏ ਪ੍ਰਤੀ ਏਕੜ ਸਾਲਾਨਾ ਮੁਆਵਜ਼ਾ ਦਿੱਤਾ ਜਾਵੇਗਾ, ਜਦੋਂ ਕਿ ਜ਼ਮੀਨ ਦਾ ਕਬਜ਼ਾ ਲੈਣ ਤੋਂ ਬਾਅਦ ਇਕ ਲੱਖ ਰੁਪਏ ਦਿੱਤੇ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ ਡਿਵੈੱਲਪਮੈਂਟ ਵਿੱਚ ਦੇਰੀ ਹੋਣ 'ਤੇ ਕਿਸਾਨਾਂ ਨੂੰ ਹਰ ਸਾਲ ਦਿੱਤੇ ਜਾਣ ਵਾਲੇ ਮੁਆਵਜ਼ੇ ਵਿੱਚ 10 ਫੀਸਦੀ ਦਾ ਵਾਧਾ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਇੱਕ ਏਕੜ ਤੋਂ ਘੱਟ ਜ਼ਮੀਨ ਵਾਲੇ ਕਿਸਾਨਾਂ ਨੂੰ ਵੀ ਸਵੈ-ਇੱਛਾ ਨਾਲ ਜ਼ਮੀਨ ਦੇਣ 'ਤੇ ਰਿਹਾਇਸ਼ੀ ਅਤੇ ਵਪਾਰਕ ਜ਼ਮੀਨ ਦੇਣ ਦੀ ਤਜਵੀਜ਼ ਰੱਖੀ ਗਈ ਹੈ। ਮਾਨ ਨੇ ਕਿਹਾ ਕਿ ਵਿਰੋਧੀ ਧਿਰਾਂ ਵੱਲੋਂ ਕਿਸਾਨਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਦੋਂਕਿ ਸੂਬਾ ਸਰਕਾਰ ਕਿਸਾਨਾਂ ਦੇ ਹੱਕ ਵਿੱਚ ਫੈਸਲੇ ਲੈਣ ਲੱਗੀ ਹੋਈ ਹੈ। ਉਨ੍ਹਾ ਕਿਹਾ ਕਿ ਹਰਿਆਣਾ ਵਿੱਚ ਇਸ ਸਮੇਂ ਇੱਕ ਵੀ ਗੈਰਕਾਨੂੰਨੀ ਕਲੋਨੀ ਨਹੀਂ, ਜਦੋਂ ਕਿ ਪੰਜਾਬ ਵਿੱਚ 30 ਹਜ਼ਾਰ ਗੈਰਕਾਨੂੰਨੀ ਕਲੋਨੀਆਂ ਹਨ। ਪੰਜਾਬ ਸਰਕਾਰ ਵੱਲੋਂ ਇਨ੍ਹਾਂ ਗੈਰਕਾਨੂੰਨੀ ਕਲੋਨੀਆਂ ਨੂੰ ਖਤਮ ਕਰਨ ਲਈ ਇਹ ਇਤਿਹਾਸਕ ਕਦਮ ਚੁੱਕਿਆ ਗਿਆ ਹੈ।

## ਮਾਨ ਦੀ ਧਾਮੀ ਨਾਲ ਮੁਲਾਕਾਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਨਰਿੰਦਰਜੀਤ ਸਿੰਘ)**
ਸ੍ਰੀ ਹਰਿਮੰਦਰ ਸਾਹਿਬ 'ਚ ਬੰਬ ਦੀਆਂ ਧਮਕੀਆਂ ਦੇਣ ਦੇ ਮਾਮਲੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੁਲਸ ਇਨ੍ਹਾਂ ਵਿਅਕਤੀਆਂ ਦੇ ਨੇੜੇ ਪੁੱਜ ਚੁੱਕੀ ਹੈ ਅਤੇ ਜਲਦੀ ਹੀ ਜ਼ਿੰਮੇਵਾਰ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਜਾਵੇਗਾ। ਮਾਨ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕੀਤੀ। ਇਸ ਤੋਂ ਪਹਿਲਾਂ ਉਨ੍ਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮਿਲ ਕੇ ਇਸ ਮਾਮਲੇ ਸੰਬੰਧੀ ਵਿਸ਼ੇਸ਼ ਚਰਚਾ ਕੀਤੀ। ਸੂਚਨਾ ਕੇਂਦਰ ਦੇ ਬਾਹਰ ਮੀਡੀਆ ਨਾਲ ਗੱਲ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਇਹ ਇੱਕ ਸੰਵੇਦਨਸ਼ੀਲ ਮਾਮਲਾ ਹੈ ਅਤੇ ਹਾਈ ਸਿਕਿਉਰਟੀ ਨਾਲ ਜੁੜਿਆ ਹੋਇਆ ਹੈ। ਇਸ ਲਈ ਉਹ ਇਸ ਮਾਮਲੇ ਵਿੱਚ ਵਧੇਰੇ ਖੁਲਾਸੇ ਨਹੀਂ ਕਰ ਸਕਦੇ। ਉਨ੍ਹਾ ਦੱਸਿਆ ਕਿ ਇਸ ਮਾਮਲੇ ਵਿੱਚ ਸਾਈਬਰ ਮੰਚ • ਬਾਕੀ ਸਫਾ 2 'ਤੇ

# ਚੰਦਾ ਕੋਚਰ ਭ੍ਰਿਸ਼ਟਾਚਾਰ ਦੀ ਦੋਸ਼ੀ ਕਰਾਰ

**ਨਵੀਂ ਦਿੱਲੀ** : ਅਪੀਲੀ ਟ੍ਰਿਬਿਊਨਲ ਨੇ ਆਈ ਸੀ ਆਈ ਸੀ ਆਈ ਬੈਂਕ ਦੇ ਸਾਬਕਾ ਸੀ ਈ ਓ ਚੰਦਾ ਕੋਚਰ ਨੂੰ ਭ੍ਰਿਸ਼ਟਾਚਾਰ ਦਾ ਦੋਸ਼ੀ ਪਾਇਆ ਹੈ। ਟ੍ਰਿਬਿਊਨਲ ਮੁਤਾਬਕ ਚੰਦਾ ਨੇ ਵੀਡੀਓਕੋਨ ਸਮੂਹ ਨੂੰ 300 ਕਰੋੜ ਰੁਪਏ ਦਾ ਕਰਜ਼ਾ ਮਨਜ਼ੂਰ ਕਰਨ ਦੇ ਬਦਲੇ 64 ਕਰੋੜ ਰੁਪਏ ਦੀ ਰਿਸ਼ਵਤ ਲਈ। ਇਹ ਰਕਮ ਉਸ ਦੇ ਪਤੀ ਦੀਪਕ ਕੋਚਰ ਦੀ ਕੰਪਨੀ ਨੂੰ ਦਿੱਤੀ ਗਈ ਸੀ, ਜਿਹੜੀ ਵੀਡੀਓਕੋਨ ਨਾਲ ਜੁੜੀ ਸੀ। ਟ੍ਰਿਬਿਊਨਲ ਨੇ ਕਿਹਾ ਕਿ ਪੈਸੇ ਦਾ ਲੈਣ-ਦੇਣ ਇਕਦਮ ਸਾਫ ਸੀ। ਆਈ ਸੀ ਆਈ ਸੀ ਆਈ ਬੈਂਕ ਨੇ ਜਦ 27 ਅਗਸਤ



2009 ਨੂੰ ਵੀਡੀਓਕੋਨ ਨੂੰ 300 ਕਰੋੜ ਦਿੱਤੇ ਤਾਂ ਅਗਲੇ ਹੀ ਦਿਨ ਵੀਡੀਓਕੋਨ ਦੀ ਕੰਪਨੀ ਐੱਸ ਪੀ ਪੀ ਐੱਲ ਨੇ ਦੀਪਕ ਕੋਚਰ ਦੀ ਕੰਪਨੀ ਨਿਊਪਾਵਰ ਰਿਨਿਊਏਬਲਜ਼ ਨੂੰ 64 ਕਰੋੜ ਰੁਪਏ ਭੇਜ ਦਿੱਤੇ। ਇਹ ਇੱਕ ਤਰ੍ਹਾਂ ਨਾਲ ਕਰਜ਼ ਦੇ ਬਦਲੇ ਰਿਸ਼ਵਤ ਸੀ। ਨੰਦਾ ਕੋਚਰ ਨੇ ਕਰਜ਼ ਮਨਜ਼ੂਰ ਕਰਦਿਆਂ ਇਹ ਨਹੀਂ ਦੱਸਿਆ ਸੀ ਕਿ ਉਸ ਦੇ ਪਤੀ ਦਾ ਵੀਡੀਓਕੋਨ ਨਾਲ ਕਾਰੋਬਾਰੀ ਰਿਸ਼ਤਾ ਹੈ। ਉਹ ਇਹ ਨਹੀਂ ਕਹਿ ਸਕਦੀ ਕਿ ਉਸ ਨੂੰ ਆਪਣੇ ਪਤੀ ਦੇ ਕੰਮਕਾਜ ਦੀ ਜਾਣਕਾਰੀ ਨਹੀਂ ਸੀ। ਇਸ ਮਾਮਲੇ ਵਿੱਚ ਈ ਡੀ ਨੇ ਕੋਚਰ ਜੋੜੇ ਦੀ 78 ਕਰੋੜ ਦੀ ਸੰਪਤੀ ਜ਼ਬਤ ਕੀਤੀ ਸੀ, ਜਿਸ ਨੂੰ ਟ੍ਰਿਬਿਊਨਲ ਨੇ ਸਹੀ ਠਹਿਰਾਇਆ। ਇਸ ਵਿੱਚ ਮੁੰਬਈ ਦੇ ਚਰਚ ਗੇਟ ਸਥਿਤ ਉਨ੍ਹਾਂ ਦਾ ਫਲੈਟ ਵੀ ਸ਼ਾਮਲ ਹੈ, ਜਿਸ ਨੂੰ ਵੀਡੀਓਕੋਨ ਨਾਲ ਜੁੜੀਆਂ ਕੰਪਨੀਆਂ ਦੇ ਜ਼ਰੀਏ ਖਰੀਦਿਆ ਗਿਆ ਸੀ। ਹਾਲਾਂਕਿ ਸਾਢੇ 10 ਲੱਖ ਦੀ ਨਕਦੀ ਵਾਪਸ ਕਰ ਦਿੱਤੀ ਗਈ, ਕਿਉਂਕਿ ਉਸ ਦਾ ਸਰੋਤ ਜਾਇਜ਼ ਪਾਇਆ ਗਿਆ। ਚੰਦਾ ਤੇ ਦੀਪਕ ਕੋਚਰ ਫਿਲਹਾਲ ਜ਼ਮਾਨਤ 'ਤੇ ਬਾਹਰ ਹਨ, ਪਰ ਮੁਕੱਦਮਾ ਚੱਲ ਰਿਹਾ ਹੈ। ਟ੍ਰਿਬਿਊਨਲ ਨੇ ਕਿਹਾ ਕਿ ਇਹ ਸਾਬਤ ਕਰਨ ਲਈ ਚੋਖੇ ਸਬੂਤ ਹਨ ਕਿ ਦੋਹਾਂ ਨੇ ਧੋਖਾਧੜੀ ਕਰਕੇ ਬੈਂਕ ਨੂੰ ਨੁਕਸਾਨ ਪਹੁੰਚਾਇਆ। ਵੀਡੀਓਕੋਨ ਨੂੰ ਦਿੱਤਾ ਗਿਆ ਕਰਜ਼ਾ ਬਾਅਦ ਵਿੱਚ ਡੁੱਬ ਗਿਆ।

# ਸੰਸਦ ਦੇ ਮੌਨਸੂਨ ਸੈਸ਼ਨ ਦਾ ਦੂਜਾ ਦਿਨ ਵੀ ਰੁੜ੍ਹਿਆ

**ਨਵੀਂ ਦਿੱਲੀ** : ਸੰਸਦ ਦੇ ਮੌਨਸੂਨ ਇਜਲਾਸ ਦਾ ਪਹਿਲਾ ਦਿਨ ਹੰਗਾਮਾਖੇਜ਼ ਰਹਿਣ ਮਗਰੋਂ ਮੰਗਲਵਾਰ ਦੂਜਾ ਦਿਨ ਵੀ ਹੰਗਾਮਾ ਭਰਪੂਰ ਰਿਹਾ, ਜਿਸ ਕਾਰਨ ਬਾਅਦ ਦੁਪਹਿਰ ਦੋ ਵਜੇ ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਨੂੰ ਦਿਨ ਭਰ ਲਈ ਉਠਾ ਦਿੱਤਾ ਗਿਆ। ਉਪ ਰਾਸ਼ਟਰਪਤੀ ਜਗਦੀਪ ਧਨਖੜ ਵੱਲੋਂ ਖਰਾਬ ਸਿਹਤ ਦੇ ਹਵਾਲੇ ਨਾਲ ਸੋਮਵਾਰ ਦੇਰ ਰਾਤ ਦਿੱਤੇ ਅਸਤੀਫੇ ਮਗਰੋਂ ਰਾਜ ਸਭਾ ਦੀ ਕਾਰਵਾਈ ਡਿਪਟੀ ਚੇਅਰਮੈਨ ਵੱਲੋਂ ਚਲਾਈ ਗਈ।

ਦੋਵਾਂ ਸਦਨਾਂ ਦੀ ਕਾਰਵਾਈ ਜਿਵੇਂ ਹੀ ਸਵੇਰੇ 11 ਵਜੇ ਸ਼ੁਰੂ ਹੋਈ ਤਾਂ ਵਿਰੋਧੀ ਪਾਰਟੀਆਂ ਨੇ ਹਾਲੀਆ ਪਹਿਲਗਾਮ ਦਹਿਸ਼ਤੀ ਹਮਲੇ ਤੇ ਅਪ੍ਰੇਸ਼ਨ ਸਿੰਧੂਰ ਬਾਰੇ ਚਰਚਾ ਦੀ ਆਪਣੀ ਮੰਗ ਨੂੰ ਲੈ ਕੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਰੌਲਾ-ਰੱਪਾ ਬੰਦ ਨਾ ਹੋਇਆ ਤਾਂ ਦੋਵਾਂ ਸਦਨਾਂ ਦੀ ਕਾਰਵਾਈ ਪਹਿਲਾਂ 12 ਵਜੇ ਤੱਕ ਤੇ ਮਗਰੋਂ



ਬਾਅਦ ਦੁਪਹਿਰ ਦੋ ਵਜੇ ਤੱਕ ਲਈ ਉਠਾ ਦਿੱਤੀ ਗਈ। ਇਸ ਤੋਂ ਬਾਅਦ ਜਦੋਂ 2 ਵਜੇ ਸੰਸਦ ਮੁੜ ਜੁੜੀ ਤਾਂ ਵੀ ਦੋਵੇਂ ਸਦਨਾਂ ਵਿੱਚ ਹੰਗਾਮਾ ਜਾਰੀ ਰਿਹਾ, ਜਿਸ ਕਾਰਨ ਦੋਵੇਂ ਸਦਨਾਂ ਨੂੰ ਦਿਨ ਭਰ ਲਈ ਉਠਾ ਦਿੱਤਾ ਗਿਆ। ਕਾਂਗਰਸ ਆਗੂ ਰਾਹੁਲ ਗਾਂਧੀ ਤੇ ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਸਣੇ ਵਿਰੋਧੀ ਧਿਰਾਂ ਦੇ ਸੰਸਦ ਮੈਂਬਰਾਂ ਨੇ ਮੰਗਲਵਾਰ ਸੰਸਦ ਭਵਨ ਦੇ ਅਹਾਤੇ ਵਿਚ ਬਿਹਾਰ 'ਚ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ ਖਿਲਾਫ ਪ੍ਰਦਰਸ਼ਨ ਕੀਤਾ। ਉਨ੍ਹਾਂ ਨਾਅਰੇਬਾਜ਼ੀ ਕਰਦਿਆਂ ਦੋਸ਼ ਲਗਾਇਆ ਕਿ ਚੋਣ ਕਮਿਸ਼ਨ ਦੀ ਇਹ ਕਾਰਵਾਈ ਚੋਣਾਂ ਵਿੱਚ ਚੋਰੀ ਕਰਨ ਦੇ ਬਰਾਬਰ ਹੈ। ਕਾਂਗਰਸ, 'ਸਪਾ', ਆਰ ਜੇ ਡੀ, ਟੀ ਐੱਮ ਸੀ, ਡੀ ਐੱਮ ਕੇ, ਜੇ ਐੱਮ ਐੱਮ ਸਮੇਤ ਕਈ ਪਾਰਟੀਆਂ ਦੇ ਸੰਸਦ ਮੈਂਬਰਾਂ ਨੇ ਪ੍ਰਦਰਸ਼ਨ ਵਿੱਚ ਹਿੱਸਾ ਲਿਆ। ਕਾਂਗਰਸ ਦੀ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਵਾਡਰਾ ਵੀ ਇਸ ਮੌਕੇ ਮੌਜੂਦ ਸੀ।

## ਬਲਾਤਕਾਰ ਦੀ ਸ਼ਿਕਾਇਤ 'ਤੇ ਹੋਟਲ ਮਾਲਕ ਗ੍ਰਿਫਤਾਰ

**ਸ਼ਿਮਲਾ** : ਪੁਲਸ ਨੇ ਕਾਂਗੜਾ ਜ਼ਿਲ੍ਹੇ ਵਿੱਚ ਦਿੱਲੀ ਦੀ ਮਹਿਲਾ ਸੈਲਾਨੀ ਨਾਲ ਕਥਿਤ ਬਲਾਤਕਾਰ ਕਰਨ ਵਾਲੇ ਹੋਟਲ ਦੇ ਮਾਲਕ ਸ਼ੁਭਮ ਨੂੰ ਗ੍ਰਿਫਤਾਰ ਕੀਤਾ ਹੈ। ਮਹਿਲਾ ਵੱਲੋਂ ਦਰਜ ਸ਼ਿਕਾਇਤ ਅਨੁਸਾਰ, ਉਹ ਆਪਣੇ ਤਿੰਨ ਦੋਸਤਾਂ ਅਤੇ ਆਪਣੇ ਇੰਪਲਾਇਰ, ਜੋ ਸ਼ੁਭਮ ਦਾ ਦੋਸਤ ਹੈ, ਨਾਲ ਧਰਮਸ਼ਾਲਾ ਨੇੜੇ ਹੋਟਲ ਵਿੱਚ ਠਹਿਰੀ ਹੋਈ ਸੀ। ਐਤਵਾਰ ਨੂੰ ਜਦੋਂ ਮਹਿਲਾ ਦੇ ਦੋਸਤ ਸੈਰ-ਸਪਾਟੇ ਲਈ ਗਏ ਹੋਏ ਸਨ ਤਾਂ ਸ਼ੁਭਮ ਨੇ ਉਸ ਦੇ ਕਮਰੇ ਵਿੱਚ ਦਾਖਲ ਹੋ ਕੇ ਉਸ ਨਾਲ ਬਲਾਤਕਾਰ ਕੀਤਾ। ਉਸ ਨੇ ਉਸ ਨੂੰ ਇਸ ਘਟਨਾ ਬਾਰੇ ਕਿਸੇ ਨੂੰ ਕੁਝ ਦੱਸਣ 'ਤੇ ਗੰਭੀਰ ਸਿੱਟੇ ਭੁਗਤਣ ਦੀ ਧਮਕੀ ਵੀ ਦਿੱਤੀ। ਪੁਲਸ ਨੇ ਕਿਹਾ ਕਿ ਮਹਿਲਾ ਨੂੰ ਡਾਕਟਰੀ ਜਾਂਚ ਲਈ ਭੇਜਿਆ ਗਿਆ ਹੈ ਅਤੇ ਹੋਰ ਜਾਂਚ ਜਾਰੀ ਹੈ।

## ਰਾਸ਼ਟਰਪਤੀ ਦੇ 14 ਸਵਾਲਾਂ 'ਤੇ ਕੇਂਦਰ ਤੇ ਰਾਜਾਂ ਤੋਂ ਜਵਾਬ ਤਲਬ

**ਨਵੀਂ ਦਿੱਲੀ** : ਸੂਬਾਈ ਵਿਧਾਨ ਸਭਾਵਾਂ ਵੱਲੋਂ ਪਾਸ ਕੀਤੇ ਬਿੱਲਾਂ ਨੂੰ ਮਨਜ਼ੂਰੀ ਦੇਣ ਲਈ ਰਾਸ਼ਟਰਪਤੀ ਤੇ ਰਾਜਪਾਲਾਂ ਵਾਸਤੇ ਮਿਆਦ ਤੈਅ ਕਰਨ ਵਾਲੇ ਸੁਪਰੀਮ ਕੋਰਟ ਦੇ ਫੈਸਲੇ ਤੋਂ ਪੈਦਾ ਹੋਏ ਮੁੱਦਿਆਂ 'ਤੇ ਰਾਸ਼ਟਰਪਤੀ ਦੇ ਹਵਾਲੇ (ਰਾਸ਼ਟਰਪਤੀ ਵੱਲੋਂ ਸੁਪਰੀਮ ਕੋਰਟ ਤੋਂ ਸਲਾਹ ਮੰਗੇ ਜਾਣ) ਦੇ ਮਾਮਲੇ ਉਤੇ ਸਿਖਰਲੀ ਅਦਾਲਤ ਨੇ ਮੰਗਲਵਾਰ ਕੇਂਦਰ ਅਤੇ ਸਾਰੀਆਂ ਰਾਜ ਸਰਕਾਰਾਂ ਨੂੰ ਨੋਟਿਸ ਜਾਰੀ ਕਰਕੇ ਉਨ੍ਹਾਂ ਤੋਂ ਜਵਾਬ ਤਲਬ ਕੀਤੇ ਹਨ।

ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ ਆਰ ਗਵਈ ਦੀ ਅਗਵਾਈ ਵਾਲੀ ਪੰਜ ਜੱਜਾਂ ਦੀ ਸੰਵਿਧਾਨਕ ਬੈਂਚ, ਜਿਸ ਵਿੱਚ ਜਸਟਿਸ ਸੂਰੀਆ ਕਾਂਤ, ਜਸਟਿਸ ਵਿਕਰਮ ਨਾਥ, ਜਸਟਿਸ ਪੀ ਐੱਸ ਨਰਸਿਮਹਾ ਅਤੇ ਜਸਟਿਸ ਏ ਐੱਸ ਚੰਦੂਰਕਰ ਵੀ ਸ਼ਾਮਲ ਸਨ, ਨੇ ਅਗਲੇ ਮਹੀਨੇ ਮਾਮਲੇ ਦੀ ਸੁਣਵਾਈ ਕਰਨ ਦੀ ਤਜਵੀਜ਼ ਰੱਖੀ ਹੈ। ਕੇਰਲਾ ਸਰਕਾਰ ਵੱਲੋਂ ਸੀਨੀਅਰ ਵਕੀਲ ਕੇ ਕੇ ਵੇਣੂਗੋਪਾਲ ਨੇ ਰਾਸ਼ਟਰਪਤੀ ਦੇ ਹਵਾਲੇ ਦੇ ਸੁਣਵਾਈਯੋਗ ਹੋਣ ਜਾਂ ਨਾ ਹੋਣ ਦਾ ਮੁੱਦਾ ਉਠਾਇਆ ਸੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸੰਵਿਧਾਨ ਦੀ ਧਾਰਾ 143 ਦੀ ਵਰਤੋਂ ਕਰਦਿਆਂ ਬੀਤੇ ਮਈ ਮਹੀਨੇ ਵਿੱਚ ਸੁਪਰੀਮ ਕੋਰਟ ਤੋਂ ਉਸ ਦੇ 8 ਅਪਰੈਲ ਦੇ ਫੈਸਲੇ ਤੋਂ ਪੈਦਾ ਹੋਏ 14 ਸਵਾਲਾਂ 'ਤੇ ਰਾਏ ਮੰਗੀ ਸੀ, ਜਿਸ ਵਿੱਚ ਰਾਜਪਾਲਾਂ ਤੇ ਰਾਸ਼ਟਰਪਤੀ ਲਈ ਰਾਜ ਵਿਧਾਨ ਸਭਾਵਾਂ ਵੱਲੋਂ ਪਾਸ ਕੀਤੇ ਬਿੱਲਾਂ 'ਤੇ ਫੈਸਲਾ ਲੈਣ ਲਈ ਸਮੇਂ ਦੀ ਮਿਆਦ ਮਿੱਥੀ ਗਈ ਸੀ।

# ਮਿਗ-21 ਜਹਾਜ਼ਾਂ ਦੀ 19 ਸਤੰਬਰ ਨੂੰ ਚੰਡੀਗੜ੍ਹ 'ਚ ਰਿਟਾਇਰਮੈਂਟ

**ਨਵੀਂ ਦਿੱਲੀ** : ਭਾਰਤੀ ਹਵਾਈ ਸੈਨਾ 19 ਸਤੰਬਰ ਨੂੰ ਆਪਣੇ ਆਖਰੀ ਮਿਗ-21 ਜੰਗੀ ਜਹਾਜ਼ ਸਕੁਐਡਰਨ ਨੂੰ ਰਸਮੀ ਤੌਰ 'ਤੇ ਸੇਵਾ-ਮੁਕਤ ਕਰ ਦੇਵੇਗੀ, ਜਿਸ ਨਾਲ ਛੇ ਦਹਾਕਿਆਂ ਦੀ ਵਿਰਾਸਤ ਖਤਮ ਹੋ ਜਾਵੇਗੀ। ਇਸ ਦੇ ਨਾਲ ਹੀ ਇਸ ਕਾਰਵਾਈ ਨਾਲ ਹਵਾਈ ਸੈਨਾ ਦੀ ਮਾਰੂ ਸਮਰੱਥਾ ਪਿਛਲੇ ਕੁਝ ਦਹਾਕਿਆਂ ਵਿੱਚ ਆਪਣੇ ਸਭ ਤੋਂ ਹੇਠਲੇ ਪੱਧਰ ਉਤੇ ਆ ਜਾਵੇਗੀ।

ਭਾਰਤੀ ਹਵਾਈ ਸੈਨਾ ਨੇ ਇਸ ਸੰਬੰਧੀ ਅਖਬਾਰਾਂ ਵਿੱਚ ਇਸ਼ਤਿਹਾਰ ਜਾਰੀ ਕੀਤੇ ਹਨ, ਜਿਨ੍ਹਾਂ ਵਿੱਚ ਕਿਹਾ ਗਿਆ ਹੈ ਕਿ ਮਿਗ-21 ਦਾ ਪੜਾਅਵਾਰ ਸੇਵਾ-ਮੁਕਤੀ ਸਮਾਰੋਹ 19 ਸਤੰਬਰ ਨੂੰ ਚੰਡੀਗੜ੍ਹ ਹਵਾਈ ਅੱਡੇ 'ਤੇ ਕੀਤਾ ਜਾਵੇਗਾ ਅਤੇ ਇਸ ਵਿੱਚ ਸਾਬਕਾ ਸੈਨਿਕਾਂ ਨੂੰ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਹੈ।

ਇਸ ਵੇਲੇ ਭਾਰਤੀ ਹਵਾਈ ਸੈਨਾ ਕੋਲ ਦੋ ਮਿਗ-21 ਸਕੁਐਡਰਨ ਹਨ। ਸੂਤਰਾਂ ਨੇ ਕਿਹਾ ਕਿ ਉਨ੍ਹਾਂ ਦੇ ਪੜਾਅਵਾਰ ਬੰਦ ਹੋਣ ਨਾਲ ਸੈਨਾ ਦੇ ਜੰਗੀ ਜਹਾਜ਼ ਸਕੁਐਡਰਨਾਂ ਦੀ ਗਿਣਤੀ 29 ਹੋ ਜਾਵੇਗੀ, ਜੋ ਕਿ ਪਿਛਲੇ ਦਹਾਕਿਆਂ ਵਿੱਚ ਸਭ ਤੋਂ ਘੱਟ ਹੈ।

ਸੁਰੱਖਿਆ ਬਾਰੇ ਕੈਬਨਿਟ ਕਮੇਟੀ ਦੇ ਫੈਸਲੇ ਅਨੁਸਾਰ ਹਵਾਈ ਸੈਨਾ ਨੂੰ ਪਾਕਿਸਤਾਨ ਅਤੇ ਚੀਨ ਨਾਲ ਦੋ ਮੋਰਚਿਆਂ ਦੀ ਮਿਲੀਭੁਗਤ ਵਾਲੀ ਜੰਗ ਲਈ 42 ਸਕੁਐਡਰਨ ਜੈੱਟਾਂ ਦੀ ਲੋੜ ਹੈ। ਹਰੇਕ ਸਕੁਐਡਰਨ ਕੋਲ 16-18 ਜੈੱਟ ਹਨ। ਮਿਗ ਦੀ ਥਾਂ ਲੈਣ ਵਾਲੇ ਤੇਜਸ ਮਾਰਕ-1-ਏ ਜੰਗੀ ਜੈੱਟ ਦੀ ਸ਼ਮੂਲੀਅਤ ਵਿੱਚ ਦੇਰੀ ਹੋ ਗਈ ਹੈ, ਜਿਨ੍ਹਾਂ ਦਾ ਮਕਸਦ ਜਹਾਜ਼ਾਂ ਦੀ ਗਿਣਤੀ ਵਧਾਉਣਾ ਸੀ। ਇਨ੍ਹਾਂ ਦੀ ਡਿਲੀਵਰੀ ਮਾਰਚ 2024 ਵਿੱਚ ਸ਼ੁਰੂ ਹੋਣੀ ਸੀ ਤੇ ਹਰ ਸਾਲ ਘੱਟੋ-ਘੱਟ 16 ਜਹਾਜ਼ ਹਵਾਈ ਸੈਨਾ ਨੂੰ ਦਿੱਤੇ ਜਾਣੇ ਸਨ। ਹੈਰਾਨੀ ਦੀ ਗੱਲ ਹੈ ਕਿ ਇਨ੍ਹਾਂ ਨੂੰ ਬਣਾਉਣ ਵਾਲੇ ਅਦਾਰੇ ਹਿੰਦੁਸਤਾਨ ਏਅਰੋਨੌਟਿਕਸ ਲਿਮਟਿਡ ਨੇ ਇੱਕ ਵੀ ਤੇਜਸ ਮਾਰਕ-1-ਏ ਡਿਲੀਵਰ ਨਹੀਂ ਕੀਤਾ।

ਮਿਗ-21 ਫੇਜ਼ ਆਊਟ ਸਮਾਰੋਹ ਚੰਡੀਗੜ੍ਹ ਵਿੱਚ ਉਸੇ ਹਵਾਈ ਅੱਡੇ ਉਤੇ ਕੀਤਾ ਜਾਵੇਗਾ, ਜਿੱਥੇ ਅਪਰੈਲ 1963 ਵਿੱਚ ਪਹਿਲੇ ਛੇ ਮਿਗ-21 ਪਹੁੰਚੇ ਸਨ। ਕੁੱਲ ਮਿਲਾ ਕੇ ਭਾਰਤ ਨੇ 1963 ਤੋਂ ਹੁਣ ਤੱਕ 874 ਮਿਗ-21 ਜਹਾਜ਼ ਖਰੀਦੇ ਹਨ, ਜਿਨ੍ਹਾਂ ਵਿੱਚੋਂ 657 ਦਾ ਐੱਚ ਏ ਐੱਲ ਨੇ ਲਾਇਸੈਂਸ ਆਧਾਰਤ ਨਿਰਮਾਣ ਕੀਤਾ। ਬੀਤੇ 62 ਸਾਲਾਂ ਵਿੱਚ, ਮਿਗ-21 ਜਹਾਜ਼ ਵੱਖ-ਵੱਖ ਕਾਰਜਾਂ ਦਾ ਹਿੱਸਾ ਰਹੇ ਹਨ, ਜਿਵੇਂ 1971 ਦੀ ਬੰਗਲਾਦੇਸ਼ ਜੰਗ, 1999 ਦੀ ਕਾਰਗਿਲ ਲੜਾਈ ਆਦਿ। 490 ਮਿਗ-21 ਜਹਾਜ਼ ਹਾਦਸਿਆਂ ਦਾ ਸ਼ਿਕਾਰ ਹੋਏ ਹਨ, ਜਿਨ੍ਹਾਂ ਵਿੱਚ 170 ਤੋਂ ਵੱਧ ਪਾਇਲਟਾਂ ਦੀ ਜਾਨ ਜਾਂਦੀ ਰਹੀ ਹੈ।



## ਤਿੰਨ ਅਪਾਚੇ ਭਾਰਤ ਪੁੱਜੇ





**ਨਵੀਂ ਦਿੱਲੀ** : ਭਾਰਤੀ ਫੌਜ ਲਈ ਤਿੰਨ ਅਪਾਚੇ ਏ ਐੱਚ-64 ਈ ਅਟੈਕ ਹੈਲੀਕਾਪਟਰਾਂ ਦਾ ਪਹਿਲਾ ਬੈਚ ਮੰਗਲਵਾਰ ਨੂੰ ਭਾਰਤ ਪਹੁੰਚ ਗਿਆ। ਅਮਰੀਕੀ ਕੰਪਨੀ ਬੋਇੰਗ ਵੱਲੋਂ ਬਣਾਏ ਗਏ ਹੈਲੀਕਾਪਟਰਾਂ ਨੂੰ ਅਮਰੀਕਾ ਤੋਂ ਸੋਵੀਅਤ ਮੂਲ ਦੇ ਡਿਜ਼ਾਈਨ ਵਾਲੇ ਏ ਐਨ-124 ਕਾਰਗੋ ਜਹਾਜ਼ 'ਤੇ ਲਿਆਂਦਾ ਗਿਆ। ਅਪਾਚੇ ਹੈਲੀਕਾਪਟਰਾਂ ਨੂੰ ਲੈ ਕੇ ਇਹ ਜਹਾਜ਼ ਹਿੰਡਨ ਏਅਰਬੇਸ 'ਤੇ ਉਤਰਿਆ। ਭਾਰਤੀ ਫੌਜ ਨੇ ਛੇ ਅਪਾਚੇ ਅਟੈਕ ਹੈਲੀਕਾਪਟਰਾਂ ਦੀ ਖਰੀਦ ਲਈ 2020 ਵਿੱਚ ਅਮਰੀਕਾ ਨਾਲ 5,691 ਕਰੋੜ ਰੁਪਏ ਦੇ ਸੌਦੇ 'ਤੇ ਦਸਤਖਤ ਕੀਤੇ ਸਨ। ਸ਼ੁਰੂ ਵਿਚ ਇਨ੍ਹਾਂ ਦੀ ਡਲਿਵਰੀ 2024 ਦੇ ਅੱਧ ਵਿੱਚ ਹੋਣ ਦੀ ਉਮੀਦ ਸੀ, ਪਰ ਅਜਿਹਾ ਨਹੀਂ ਹੋਇਆ ਤਾਂ ਦੇਰੀ ਕਾਰਨ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਆਪਣੇ ਅਮਰੀਕੀ ਹਮਰੁਤਬਾ ਪੀਟ ਹੇਗਸੇਥ ਨਾਲ ਟੈਲੀਫੋਨ ਕਾਲ 'ਤੇ ਇਹ ਮੁੱਦਾ ਉਠਾਇਆ। ਬਾਕੀ ਤਿੰਨ ਹੈਲੀਕਾਪਟਰ ਵੀ ਸਾਲ ਦੇ ਅਖੀਰ ਤੱਕ ਭਾਰਤੀ ਫੌਜ ਨੂੰ ਮਿਲ ਜਾਣ ਦੀ ਉਮੀਦ ਹੈ।

# ਤਨਖਾਹ ਨਾ ਮਿਲਣ 'ਤੇ ਪੀ ਆਰ ਟੀ ਸੀ ਵਰਕਰਾਂ ਵੱਲੋਂ ਜ਼ਬਰਦਸਤ ਮੁਜ਼ਾਹਰੇ

**ਪਟਿਆਲਾ** : ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਵਿੱਚ ਸ਼ਾਮਲ ਜਥੇਬੰਦੀਆਂ ਏਟਕ, ਇੰਟਕ, ਕਰਮਚਾਰੀ ਦਲ, ਐੱਸ ਸੀ/ਬੀ ਸੀ, ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਦੇ ਸੱਦੇ 'ਤੇ ਮੰਗਲਵਾਰ ਪੀ ਆਰ ਟੀ ਸੀ ਦੇ ਡਿਪੂਆਂ ਦੇ ਗੇਟਾਂ ਉਪਰ ਪੰਜਾਬ ਸਰਕਾਰ ਦੇ ਮੁੱਖ ਮੰਤਰੀ, ਖਜ਼ਾਨਾ ਮੰਤਰੀ ਅਤੇ ਵਿੱਤ ਸਕੱਤਰ ਦੇ ਪੁਤਲੇ ਸਾੜ ਕੇ ਵਰਕਰਾਂ ਨੂੰ 22 ਜੁਲਾਈ ਤੱਕ ਵੀ ਤਨਖਾਹ ਨਾ ਮਿਲਣ 'ਤੇ ਰੋਸ ਵਜੋਂ ਜ਼ੋਰਦਾਰ ਮੁਜ਼ਾਹਰੇ ਕੀਤੇ ਗਏ।ਕਰਮਚਾਰੀਆਂ ਦੀਆਂ ਹਰ ਮਹੀਨੇ ਦੀਆਂ ਲੋੜਾਂ ਪੂਰੀਆਂ ਕਰਨ ਲਈ ਜਦੋਂ ਤਨਖਾਹ ਸਮੇਂ ਸਿਰ ਨਾ ਮਿਲੀ ਤਾਂ ਤੰਗੀ ਕਾਰਨ ਹਾਹਾਕਾਰ ਮਚੀ ਹੋਈ ਸੀ।ਕਰਮਚਾਰੀਆਂ ਵਿੱਚ ਪੰਜਾਬ ਸਰਕਾਰ ਵਿਰੁੱਧ ਬੇਹੱਦ ਗੁੱਸਾ ਹੈ, ਕਿਉਂਕਿ ਸਰਕਾਰ ਮੁਫ਼ਤ ਸਫਰ ਬਦਲੇ ਬਣਦੇ 700 ਕਰੋੜ ਵਿੱਚੋਂ ਤਨਖਾਹ ਦੇਣ ਜਿੰਨੇ ਪੈਸੇ ਵੀ ਸਮੇਂ ਸਿਰ ਨਹੀਂ ਦਿੰਦੀ। ਅਜਿਹੇ ਹਾਲਾਤ ਵਿੱਚ ਪੀ.ਆਰ.ਟੀ.ਸੀ. ਦੇ ਪੈਨਸ਼ਨਰ, ਰੈਗੂਲਰ ਕਰਮਚਾਰੀ, ਠੇਕਾ ਕਰਮਚਾਰੀ ਸਭਨਾਂ ਵਿੱਚ ਅਨਿਸ਼ਚਤਾ ਅਤੇ ਨਿਰਾਸ਼ਾ ਦਾ ਮਾਹੌਲ ਬਣਿਆ ਹੋਇਆ ਹੈ।ਫਿਰ ਵੀ ਕਰਮਚਾਰੀ ਪੂਰੀ ਵਫਾਦਾਰੀ ਨਾਲ ਮਹਿਕਮੇ ਦੀ ਅਤੇ ਜਨਤਾ ਦੀ ਸੇਵਾ ਬਿਨਾਂ ਮਿਹਨਤਾਨਾ ਮਿਲਣ ਤੋਂ ਕਰਦੇ ਆ ਰਹੇ ਹਨ।



ਦੂਸਰੇ ਪਾਸੇ ਪੰਜਾਬ ਸਰਕਾਰ ਵੱਲੋਂ ਪੀ.ਆਰ.ਟੀ.ਸੀ. ਵਿੱਚ ਨਿਯੁਕਤ ਕੀਤੇ ਗਏ ਸਿਆਸੀ ਕਾਰਕੁੰਨ ਚੇਅਰਮੈਨ, ਵਾਈਸ ਚੇਅਰਮੈਨ ਅਤੇ 4-5 ਡਾਇਰੈਕਟਰਾਂ ਨੂੰ ਭੋਰਾ ਵੀ ਚਿੰਤਾ ਨਹੀਂ ਕਿ ਵਰਕਰਾਂ ਦੇ ਬਿਨਾਂ ਉਜਰਤਾਂ ਮਿਲਣ ਤੋਂ ਚੁੱਲ੍ਹੇ ਕਿਵੇਂ ਚਲਦੇ ਹੋਣਗੇ। ਮੈਨੇਜਮੈਂਟ ਭਾਵੇਂ ਆਪਣੇ ਪੱਧਰ 'ਤੇ ਸਰਕਾਰ ਕੋਲ ਵਰਕਰਾਂ ਦੀ ਤਕਲੀਫ ਦੱਸ ਕੇ ਵਾਸਤੇ ਪਾਉਂਦੀ ਹੈ, ਪਰ ਇਸ ਮੁਲਾਜ਼ਮ ਵਿਰੋਧੀ ਨਾ ਤਜਰਬਾਕਾਰ ਸਰਕਾਰ ਦੇ ਕੰਨ 'ਤੇ ਜੂੰਅ ਨਹੀਂ ਸਰਕਦੀ।ਵਰਕਰਾਂ ਦੇ 170 ਕਰੋੜ ਰੁਪਏ ਦੇ ਕੁੱਲ ਬਕਾਏ ਪਏ ਹਨ।ਸੇਵਾ-ਮੁਕਤੀ ਲਾਭ ਅਤੇ ਹੋਰ ਏਰੀਅਰ ਸਾਲਾਂਬੱਧੀ ਸਮੇਂ ਤੋਂ ਨਹੀਂ ਦਿੱਤੇ ਜਾ ਰਹੇ। ਸਰਕਾਰ ਨੇ 4 ਸਾਲਾਂ ਵਿੱਚ ਇੱਕ ਵੀ ਨਵੀਂ ਬੱਸ ਨਹੀਂ ਪੈਣ ਦਿੱਤੀ। ਕੱਚੇ ਵਰਕਰਾਂ ਨੂੰ ਪੱਕੇ ਕਰਨ ਦੇ ਦਰਜਨਾਂ ਵਾਰੀ ਲਾਰੇ ਲਾ ਕੇ ਵੀ ਕੁੱਝ ਨਹੀਂ ਕੀਤਾ। ਉਹਨਾਂ ਦੇ ਗੁਜ਼ਾਰਿਆਂ ਦੀ ਮਜਬੂਰੀ ਦਾ ਫਾਇਦਾ ਉਠਾ ਕੇ ਉਨ੍ਹਾਂ ਦਾ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਵਰਕਰਾਂ ਦੀਆਂ ਕਾਨੂੰਨੀ ਤੌਰ 'ਤੇ ਮੰਨੀਆਂ-ਪ੍ਰਮੰਨੀਆਂ ਮੰਗਾਂ ਵੀ ਲਾਗੂ ਨਹੀਂ ਕੀਤੀਆਂ ਜਾਂਦੀਆਂ।

ਰੋਸ ਵਜੋਂ ਪੁਰਾਣੇ ਬੱਸ ਸਟੈਂਡ ਪਟਿਆਲਾ ਦੇ ਗੇਟ ਉਪਰ ਸੈਂਕੜੇ ਮੌਜੂਦਾ ਅਤੇ ਸੇਵਾ-ਮੁਕਤ ਕਰਮਚਾਰੀਆਂ ਵੱਲੋਂ ਰੋਸ ਭਰਪੂਰ ਰੈਲੀ ਕਰਨ ਉਪਰੰਤ ਲਾਈਟਾਂ ਵਾਲੇ ਚੌਂਕ ਵਿੱਚ ਸਰਕਾਰ ਦੇ ਪੁਤਲੇ ਫੂਕੇ ਗਏ।ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਨੇ ਮੁਜ਼ਾਹਰਾਕਾਰੀਆਂ ਨੂੰ ਸੰਬੋਧਨ ਕੀਤਾ ਅਤੇ ਇਸ ਮੌਕੇ ਸਰਵਸ੍ਰੀ ਬਲਦੇਵ ਰਾਜ, ਨਸੀਬ ਚੰਦ, ਅਮਨਦੀਪ ਸਿੰਘ, ਉਤਮ ਸਿੰਘ ਬਾਗੜੀ ਆਦਿ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਸਰਕਾਰ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ।ਅੱਜ ਦੇ ਐਕਸ਼ਨ ਪ੍ਰੋਗਰਾਮ ਵਿੱਚ ਸਮਰਥਨ ਵਜੋਂ ਸੀਟੂ ਨਾਲ ਸੰਬੰਧਤ ਕਰਮਚਾਰੀ ਵੀ ਤਰਸੇਮ ਸਿੰਘ ਦੀ ਅਗਵਾਈ ਵਿੱਚ ਸ਼ਾਮਲ ਹੋਏ ਸਨ।

## ਅੱਜ-ਨਾਮਾ

ਭਰੋਸੇਯੋਗਤਾ ਕਿਧਰੇ ਨਹੀਂ ਨਜ਼ਰ ਪੈਂਦੀ,
ਹਰ ਇੱਕ ਗੱਲ ਤੋਂ ਪੈਂਦਾ ਹੈ ਸ਼ੱਕ ਬੇਲੀ।
ਵਿਰੋਧੀ ਧਿਰ ਸਰਕਾਰਾਂ 'ਤੇ ਸ਼ੱਕ ਕਰਦੀ,
ਕਰਨ ਸਰਕਾਰਾਂ ਵੀ ਮੋੜਵਾਂ ਸ਼ੱਕ ਬੇਲੀ।
ਤੇਲ-ਡੀਜ਼ਲ ਵਿੱਚ ਪਤਾ ਨਹੀਂ ਕੀ ਪੈਂਦਾ,
ਗੱਡੀਆਂ ਦੇਵੇ ਅੱਧ-ਵਾਟੇ ਹੀ ਡੱਕ ਬੇਲੀ।
ਖੁਰਾਕ ਵਿੱਚ ਵੀ ਜ਼ਹਿਰ ਹਨ ਘੁਲੇ ਹੋਏ,
ਦਵਾਈ ਖੰਘ ਦੀ ਅੰਦਰ ਵੀ ਅੱਕ ਬੇਲੀ।
ਪਾਣੀ ਲੰਘ ਗਿਆ ਓਦੋਂ ਤਾਂ ਸਿਰੋਂ ਜਾਪੇ,
ਮਾਂ ਦਾ ਦੁੱਧ ਵੀ ਰਿਹਾ ਨਹੀਂ ਸ਼ੁੱਧ ਬੇਲੀ।
ਜ਼ਹਿਰੀਲੇ ਤੱਤ ਆ ਓਥੋਂ ਤੱਕ ਜਾ ਪੁੱਜੇ,
ਵਿਗੜੀ ਲੱਗਦੀ ਸਮਾਜ ਦੀ ਬੁੱਧ ਬੇਲੀ।

-ਤੀਸ ਮਾਰ ਖਾਂ

# ਮਜ਼ਦੂਰ ਜਥੇਬੰਦੀਆਂ ਵੱਲੋਂ ਪੰਜ ਮੰਤਰੀਆਂ ਦੇ ਘਰਾਂ ਅੱਗੇ 4 ਨੂੰ ਧਰਨੇ ਲਾਉਣ ਦਾ ਐਲਾਨ

**ਜਲੰਧਰ (ਗਿਆਨ ਸੈਦਪੁਰੀ, ਰਾਜੇਸ਼ ਥਾਪਾ)**
ਇਥੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਮਜ਼ਦੂਰ ਕਨਵੈਨਸ਼ਨ ਕਰਕੇ ਐਲਾਨ ਕੀਤਾ ਗਿਆ ਕਿ 4 ਅਗਸਤ ਨੂੰ ਪੰਜਾਬ ਦੇ ਮੰਤਰੀਆਂ ਅਮਨ ਅਰੋੜਾ, (ਸੁਨਾਮ, ਜ਼ਿਲ੍ਹਾ ਸੰਗਰੂਰ), ਬੀਬੀ ਬਲਜੀਤ ਕੌਰ, (ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ), ਹਰਭਜਨ ਸਿੰਘ ਈ ਟੀ ਓ (ਜੰਡਿਆਲਾ ਗੁਰੂ), ਮਹਿੰਦਰ ਭਗਤ (ਜਲੰਧਰ) ਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ (ਫਰੀਦਕੋਟ) ਦੇ ਘਰਾਂ ਅੱਗੇ ਇੱਕ ਦਿਨਾ ਧਰਨੇ ਲਾਏ ਜਾਣਗੇ। ਮੰਗਲਵਾਰ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਗੁਰਨਾਮ ਸਿੰਘ ਦਾਊਦ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਹਰਮੇਸ਼ ਮਾਲੜੀ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਗੁਰਮੇਸ਼ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਤਰਸੇਮ ਪੀਟਰ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਨਿਰਮਲ ਸਿੰਘ ਛੱਜਲਵੱਢੀ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਵੀਰ ਕੁਮਾਰ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਨੇ ਵੋਟਾਂ ਤੋਂ ਪਹਿਲਾਂ ਗਰੀਬਾਂ ਨੂੰ ਤਰ੍ਹਾਂ-ਤਰ੍ਹਾਂ ਦੇ ਸਬਜ਼ਬਾਗ ਦਿਖਾਏ, ਪਰ ਰਾਜਗੱਦੀ 'ਤੇ ਬਹਿੰਦਿਆਂ ਹੀ ਸਰਕਾਰ ਨੇ ਮਜ਼ਦੂਰਾਂ ਵੱਲ ਪਿੱਠ ਕਰ ਲਈ ਹੈ। ਮਜ਼ਦੂਰ ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਦੀਆਂ ਮੰਗਾਂ ਬਿਲਕੁਲ ਹੱਕੀ ਅਤੇ ਵਾਜਬ ਹਨ, ਜਿਵੇਂ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ, ਕਰਜ਼ੇ ਮੁਆਫ਼ ਕਰਨ, ਵਿਧਵਾ, ਬੁਢਾਪਾ, ਅੰਗਹੀਣ ਪੈਨਸ਼ਨ 5000 ਰੁਪਏ ਪ੍ਰਤੀ ਮਹੀਨਾ ਕਰਨ, ਰਿਹਾਇਸ਼ੀ ਪਲਾਟ ਦੇਣ, ਸਮਾਜਿਕ ਅਤੇ ਸਰਕਾਰੀ ਜਬਰ ਬੰਦ ਕਰਨ ਸਮੇਤ ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਨ, ਪੰਚਾਇਤੀ ਜ਼ਮੀਨਾਂ 'ਚੋਂ ਤੀਜੇ ਹਿੱਸੇ ਦੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਦੀਆਂ ਮੰਗਾਂ 'ਤੇ ਜਥੇਬੰਦੀਆਂ ਸੰਘਰਸ਼ ਕਰ ਰਹੀਆਂ ਹਨ, ਪਰ ਸਰਕਾਰ ਦਾ ਰਵੱਈਆ ਮਜ਼ਦੂਰਾਂ ਦੀ ਬਜਾਏ ਅਮੀਰਾਂ/ ਸਰਮਾਏਦਾਰਾਂ ਅਤੇ ਜਗੀਰਦਾਰਾਂ ਦੇ ਪੱਖੀ ਹੈ ਅਤੇ ਸਰਕਾਰ ਇਹਨਾਂ ਅਮੀਰਾਂ ਪੱਖੀ ਨੀਤੀਆਂ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ੇ, ਲੁੱਟਾਂ-ਖੋਹਾਂ ਨਿਰਵਿਘਨ ਜਾਰੀ ਹਨ ਅਤੇ ਸਰਕਾਰੀ ਦਫ਼ਤਰਾਂ ਅੰਦਰ ਸਰਕਾਰੀ ਭ੍ਰਿਸ਼ਟਾਚਾਰ ਪਹਿਲਾਂ ਵਾਂਗ ਹੀ ਚੱਲ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੰਘਰਸ਼ ਕਰਦੇ ਮਜ਼ਦੂਰਾਂ, ਕਿਸਾਨਾਂ ਅਤੇ ਮੁਲਾਜ਼ਮਾਂ 'ਤੇ ਪੁਲਸ ਜਬਰ ਪਹਿਲਾਂ ਨਾਲੋਂ ਵੀ ਤੇਜ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਥੇ ਮਜ਼ਦੂਰ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਨਗੇ, ਉਥੇ ਇਸ ਜਬਰ ਵਿਰੁੱਧ ਵੀ ਲੜਨਗੇ। ਹੋਰਨਾਂ ਤੋਂ ਇਲਾਵਾ ਦਰਸ਼ਨ ਨਾਹਰ, ਬਲਦੇਵ ਨੂਰਪੁਰੀ, ਹਰਪਾਲ ਬਿੱਟੂ, ਕਸ਼ਮੀਰ ਘੁਗਸ਼ੋਰ, ਗਿਆਨ ਸੈਦਪੁਰੀ, ਦਲਵੀਰ ਸਿੰਘ ਭੋਲਾ ਅਤੇ ਮੂਲ ਚੰਦ ਸਰਹਾਲੀ ਨੇ ਵੀ ਸੰਬੋਧਨ ਕੀਤਾ।

ਕਨਵੈਨਸ਼ਨ ਨੇ 25 ਜੁਲਾਈ ਨੂੰ ਮਜ਼ਦੂਰ ਤੇ ਕਿਸਾਨ ਜਥੇਬੰਦੀਆਂ ਵੱਲੋਂ ਸੰਗਰੂਰ ਵਿਖੇ ਕੀਤੀ ਜਾ ਰਹੀ ਸਰਕਾਰੀ ਜਬਰ ਵਿਰੋਧੀ ਰੈਲੀ ਦੇ ਸਮਰਥਨ ਦਾ ਵੀ ਐਲਾਨ ਕੀਤਾ।

## 25 ਜੁਲਾਈ ਦੀ ਸਰਕਾਰੀ ਜਬਰ ਵਿਰੋਧੀ ਸੰਗਰੂਰ ਰੈਲੀ ਦਾ ਵੀ ਸਮਰਥਨ



## ਨਰੇਗਾ ਕਾਮੇ 25 ਨੂੰ ਕੇਂਦਰ ਸਰਕਾਰ ਵਿਰੁੱਧ ਮੁਜ਼ਾਹਰਾ ਕਰਨਗੇ : ਖੋਸਾ, ਢੁੱਡੀਕੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਵਿਰੋਧ ਕਰਕੇ, ਸਰਬੱਤ ਦੇ ਭਲੇ ਵਾਲਾ ਸਮਾਜ ਸਿਰਜਣ ਲਈ ਲਾਮਬੰਦੀ ਸਮੇਂ ਦੀ ਮੁੱਖ ਲੋੜ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਸਿੰਘ ਖੋਸਾ ਤੇ ਜ਼ਿਲ੍ਹਾ ਆਗੂ ਸਵਰਾਜ ਸਿੰਘ ਢੁੱਡੀਕੇ ਨੇ ਬਲਾਕ ਮੋਗਾ-1 ਦੇ ਨੌਂਬੁਲਾ ਜਦੀਦ ਤੇ ਡੰਡੇਆਣਾ ਸ਼ਰਕੀ ਵਿਖੇ ਮਜ਼ਦੂਰਾਂ ਦੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੀਤਾ।ਆਗੂਆਂ ਨੇ ਕਿਹਾ ਕਿ ਸਰਕਾਰਾਂ ਦੀਆਂ ਇਨ੍ਹਾਂ ਚਾਲਾਂ ਤੋਂ ਪਿੰਡਾਂ ਦੇ ਮਜ਼ਦੂਰ ਭਲੀਭਾਂਤ ਜਾਣੂ ਹਨ, ਜਿਸ ਕਾਰਨ ਨਰੇਗਾ ਵਿੱਚ ਮਜ਼ਦੂਰ ਨਰੇਗਾ ਹੱਕ ਨੂੰ ਖੋਹਣ ਵਿਰੁੱਧ ਲਾਮਬੰਦ ਹੋ ਰਹੇ ਹਨ। ਆਗੂਆਂ ਨੇ ਕਿਹਾ ਕਿ ਨਰੇਗਾ ਹਾਜ਼ਰੀ ਜਾਬ ਕਾਰਡ 'ਤੇ ਲਵਾਉਣ, ਕੰਮ ਅਰਜ਼ੀ ਦੀ ਰਸੀਦ ਨਾ ਦੇਣ ਵਾਲੇ ਵਿਰੁੱਧ ਕਾਰਵਾਈ ਕਰਵਾਉਣ, ਕੰਮ ਅਰਜ਼ੀ ਦੀ ਰਸੀਦ ਯਕੀਨੀ ਬਣਾਉਣ, ਕੀਤੇ ਕੰਮ ਦੇ ਪੈਸੇ 15 ਦਿਨਾਂ ਵਿੱਚ ਯਕੀਨੀ ਕਰਵਾਉਣ, ਕੰਮ ਨਾ ਦੇਣ ਦੀ ਸੂਰਤ ਵਿੱਚ ਬੇਰੁਜ਼ਗਾਰੀ ਭੱਤਾ ਲੈਣ ਲਈ, ਨਰੇਗਾ ਮੇਟਾਂ ਨੂੰ ਉਜਰਤ ਸੈਮੀ ਸਕਿੱਲਡ ਵਾਲੀ, ਜੋ ਕਿ 500 ਦੇ ਕਰੀਬ ਬਣਦੀ ਹੈ, ਦਿਵਾਉਣ ਤੇ ਉਨ੍ਹਾਂ ਦੀ ਇਹ ਅਦਾਇਗੀ ਨਰੇਗਾ ਫੰਡ ਦੇ 40% ਮਟੀਰੀਅਲ ਵਾਲੇ ਹਿੱਸੇ 'ਚੋਂ ਦਵਾਉਣ, ਕੰਮ ਵਾਲੀ ਜਗ੍ਹਾ ਤੇ ਕਾਨੂੰਨ ਮੁਤਾਬਕ ਸਹੂਲਤਾਂ, ਫਸਟ ਏਡ ਬਾਕਸ, ਸਾਫ ਪੀਣ ਵਾਲੇ ਪਾਣੀ ਆਦਿ ਲੈਣ, ਕੰਮ ਦੇ ਘੰਟੇ ਸ਼ੁਰੂਆਤ ਵਾਲੇ 6 ਘੰਟੇ ਪ੍ਰਤੀ ਦਿਨ ਕਰਵਾਉਣ, ਕੰਮ ਵਾਲੀ ਜਗ੍ਹਾ ਤੇ ਦੁਰਘਟਨਾ ਦੌਰਾਨ ਪੂਰਨ ਅਪੰਗਤਾ ਜਾਂ ਮੌਤ ਦੀ ਹਾਲਤ ਵਿੱਚ ਦਿੱਤੇ ਜਾਣ ਵਾਲੀ ਐਕਸ-ਗਰੇਸ਼ੀਆ ਗਰਾਂਟ 25 ਹਜ਼ਾਰ ਤੋਂ ਵਧਾ ਕੇ 5 ਲੱਖ ਕਰਵਾਉਣ ਕੀਤੇ, ਕੰਮ ਦੇ ਬਕਾਏ ਦਵਾਉਣ, ਨਰੇਗਾ ਕੰਮ ਦੇ ਦਿਨਾਂ ਦੀ ਗਰੰਟੀ 200 ਦਿਨ ਕਰਵਾਉਣ ਤੇ ਦਿਹਾੜੀ 1000 ਪ੍ਰਤੀ ਦਿਨ ਕਰਵਾਉਣ ਆਦਿ ਮੰਗਾਂ ਲਈ ਮੋਗਾ ਜ਼ਿਲ੍ਹਾ ਦੇ ਨਰੇਗਾ ਕਾਮੇ 25 ਜੁਲਾਈ ਨੂੰ ਡੀ ਸੀ ਦਫ਼ਤਰ ਅੱਗੇ ਮੁਜ਼ਾਹਰਾ ਕਰਨਗੇ।ਮੀਟਿੰਗਾਂ ਵਿੱਚ ਬਲਜਿੰਦਰ ਕੌਰ, ਲਖਵੀਰ ਕੌਰ ਅਤੇ ਸਿਮਰਜੀਤ ਕੌਰ ਨੇ ਵੀ ਸੰਬੋਧਨ ਕੀਤਾ।

## ਪੰਜਾਬੀ ਸੱਭਿਆਚਾਰਕ ਮੰਚ ਤੇ ਲੋਕ ਸਾਹਿਤ ਸੰਗਮ ਨੇ 'ਧੀਆਂ ਨਾਲ ਤੀਆਂ' ਪ੍ਰੋਗਰਾਮ ਕਰਾਇਆ



**ਸ੍ਰੀ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪੰਜਾਬੀ ਸੱਭਿਆਚਾਰਕ ਮੰਚ ਪੰਜਾਬ ਤੇ ਲੋਕ ਸਾਹਿਤ ਸੰਗਮ ਵੱਲੋਂ ਸਰਕਾਰੀ ਹਾਈ ਸਕੂਲ ਬ੍ਰਾਹਮਣ ਮਾਜਰਾ ਤੇ ਸਰਕਾਰੀ ਪ੍ਰਾਇਮਰੀ ਸਕੂਲ ਬ੍ਰਾਹਮਣਮਾਜਰਾ, ਸਰਹਿੰਦ ਦੇ ਸਹਿਯੋਗ ਨਾਲ 'ਧੀਆਂ ਨਾਲ ਤੀਆਂ' ਪ੍ਰੋਗਰਾਮ ਦਾ ਆਯੋਜਨ ਕੀਤਾ।ਪ੍ਰੋਗਰਾਮ ਦੇ ਮੁੱਖ ਮਹਿਮਾਨ ਡਾ. ਗੁਰਵਿੰਦਰ ਸਿੰਘ ਅਮਨ ਚੇਅਰਮੈਨ ਕਲਚਰਲ ਫੈਡਰੇਸ਼ਨ ਆਫ਼ ਇੰਡੀਆ ਸਨ ਤੇ ਵਿਸ਼ੇਸ਼ ਮਹਿਮਾਨ ਡਿਪਟੀ ਡੀ.ਈ.ਓ. ਕਮਲਜੀਤ ਕੌਰ ਦੀਪ ਤੇ ਇੰਸਪੈਕਟਰ ਸ਼ੁਕੰਤ ਚੌਧਰੀ ਸਨ।ਪ੍ਰੋਗਰਾਮ ਦੇ ਸੰਚਾਲਕ ਸੁਰਿੰਦਰ ਕੌਰ ਬਾੜਾ ਸਨ। ਮੁੱਖ ਮਹਿਮਾਨ ਡਾ. ਗੁਰਵਿੰਦਰ ਅਮਨ ਨੇ ਕਿਹਾ ਕਿ ਪੰਜਾਬ ਦੇ ਸੱਭਿਆਚਾਰ ਨੂੰ ਬਚਾਉਣਾ ਸਾਡਾ ਸਾਂਝਾ ਉਪਰਾਲਾ ਹੈ, ਕਿਉਂਕਿ ਬੱਚੀਆਂ ਸਾਡੇ ਦੇਸ਼ ਦਾ ਭਵਿੱਖ ਹਨ। ਇਹ ਤੀਆਂ ਧੀਆਂ ਨਾਲ ਹੀ ਸ਼ੋਭਦੀਆਂ ਹਨ।ਇਸ ਮੌਕੇ ਦੇਵ ਇੰਦਰ ਕੌਰ ਤੇ ਕਰਮਜੀਤ ਕੌਰ ਵੱਲੋਂ ਤਿਆਰ ਕਰਾਇਆ ਸਵਾਗਤੀ ਗਿੱਧਾ ਨੇ ਸਭ ਦਾ ਮਨ ਮੋਹ ਲਿਆ।ਮੁੱਖ ਅਧਿਆਪਕਾ ਪਰਮਜੀਤ ਕੌਰ ਤੇ ਮਨਜੀਤ ਸਿੰਘ ਦੇ ਉਪਰਾਲੇ ਸਦਕਾ ਪ੍ਰੋਗਰਾਮ ਦਾ ਹਾਜ਼ਰ ਮਾਪਿਆਂ ਅਧਿਆਪਕਾਂ ਤੇ ਮਹਿਮਾਨਾਂ ਦੇ ਖ਼ੂਬ ਅਨੰਦ ਮਾਣਿਆ।ਵਿਸ਼ੇਸ਼ ਤੌਰ 'ਤੇ ਉੱਘੀ ਸੂਫ਼ੀ ਸ਼ਾਇਰਾ/ਗਾਇਕ ਸੁਰਿੰਦਰ ਕੌਰ ਬਾੜਾ ਤੇ ਕਿਰਨ ਸਿੰਗਲਾ ਨੇ ਬੋਲੀਆਂ ਪਾ ਕੇ ਮਾਹੌਲ ਨੂੰ ਖੁਸ਼ਨੁਮਾ ਕਰ ਦਿੱਤਾ।ਪੀਂਘ ਚੜ੍ਹਾਉਣੀਆਂ ਕਿਰਨਜੀਤ ਮੌਸਮ ਵਿੱਚ ਪ੍ਰੋਗਰਾਮ ਦਾ ਖੂਬ ਆਨੰਦ ਮਾਣਿਆ।ਇਸ ਮੌਕੇ ਇੰਸਪੈਕਟਰ ਸ਼ੁਕੰਤ ਚੌਧਰੀ, ਪਰਮਜੀਤ ਕੌਰ ਪਟਿਆਲਾ, ਦੇਵ ਇੰਦਰ ਕੌਰ, ਐਡਵੋਕੇਟ ਗੁਰਵਿੰਦਰ ਸਿੰਘ ਸੈਣੀ, ਸਾਹਿਤਕਾਰ ਸੰਤ ਸਿੰਘ ਸੋਹਲ, ਅਮਰਜੀਤ ਕੌਰ ਮੋਰਿੰਡਾ, ਲਖਵਿੰਦਰ ਕੌਰ ਲੁਧਿਆਣਾ, ਮਨਪ੍ਰੀਤ ਕੌਰ ਲੁਧਿਆਣਾ ਤੇ ਹਰਵਿੰਦਰ ਵਰਮਾ ਭਾਰਤ ਵਿਕਾਸ ਪ੍ਰੀਸ਼ਦ ਨੇ ਵਿਸ਼ੇਸ਼ ਸ਼ਿਰਕਤ ਕੀਤੀ।ਮੰਚ ਦਾ ਸੰਚਾਲਨ ਇੰਦਰਜੀਤ ਕੌਰ ਤੇ ਏਕਤਾ ਨੇ ਬਾਖੂਬੀ ਨਾਲ ਕੀਤਾ।

## ਸੀ ਪੀ ਆਈ ਵੱਲੋਂ ਕਾਮਰੇਡ ਅਜ਼ੀਜ਼ੁਲ ਹੱਕ ਦੇ ਦੇਹਾਂਤ 'ਤੇ ਸੋਗ ਪ੍ਰਗਟ



**ਲੁਧਿਆਣਾ (ਐੱਮ ਐੱਸ ਭਾਟੀਆ)**-ਨਵੀਂ ਦਿੱਲੀ ਤੋਂ ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਜਾਰੀ ਬਿਆਨ ਵਿੱਚ ਕਿਹਾ ਹੈ ਕਿ ਪਾਰਟੀ ਕਾਮਰੇਡ ਅਜ਼ੀਜ਼ੁਲ ਹੱਕ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾ ਕਰਦੀ ਹੈ, ਜਿਸ ਨੇ ਆਪਣਾ ਪੂਰਾ ਜੀਵਨ ਦੱਬੇ-ਕੁਚਲੇ ਤੇ ਮਜ਼ਦੂਰ ਵਰਗ ਦੇ ਹਿੱਤਾਂ ਲਈ ਸਮਰਪਤ ਕਰ ਦਿੱਤਾ।ਕਾਮਰੇਡ ਹੱਕ 1959 ਵਿੱਚ ਪਹਿਲੇ ਭੋਜਨ ਅੰਦੋਲਨ ਦੌਰਾਨ ਸੀਪੀਆਈ ਵਿੱਚ ਸ਼ਾਮਲ ਹੋਏ ਤੇ ਇੱਕ ਨਿੱਡਰ ਵਿਦਿਆਰਥੀ ਅਤੇ ਕਿਸਾਨ ਨੇਤਾ ਬਣ ਗਏ।ਸੀਪੀਆਈ ਦੇ ਵਿਭਾਜਨ ਤੋਂ ਬਾਅਦ, ਉਹ ਸੀ ਪੀ ਆਈ (ਐੱਮ) ਤੇ ਬਾਅਦ ਵਿੱਚ ਸੀਪੀਆਈ (ਐੱਮਐੱਲ) ਵਿੱਚ ਸ਼ਾਮਲ ਹੋਏ।ਕਿਸਾਨਾਂ ਨੂੰ ਸੰਗਠਿਤ ਕਰਨ ਤੇ ਸਮਾਜ ਦੇ ਹਾਸ਼ੀਏ 'ਤੇ ਪਏ ਵਰਗਾਂ ਲਈ ਆਪਣੀ ਭੂਮਿਕਾ ਲਈ ਉਹ ਕਈ ਵਾਰ ਜੇਲ੍ਹ ਗਏ ਹਨ।ਜੇਲ੍ਹ ਵਿੱਚ ਉਨ੍ਹਾਂ ਵੱਲੋਂ ਬਿਤਾਏ ਸਾਲ, ਉਨ੍ਹਾਂ ਦਾ ਵਿਚਾਰਧਾਰਕ ਵਿਕਾਸ ਤੇ ਇੱਕ ਵਚਨਬੱਧ ਬੁੱਧੀਜੀਵੀ ਵਜੋਂ ਉਨ੍ਹਾਂ ਦਾ ਨਿਰੰਤਰ ਯੋਗਦਾਨ ਉਨ੍ਹਾਂ ਦੀ ਅਟੁੱਟ ਭਾਵਨਾ ਤੇ ਇਨਕਲਾਬੀ ਇਮਾਨਦਾਰੀ ਦਾ ਪ੍ਰਮਾਣ ਹੈ।ਕਾਮਰੇਡ ਅਜ਼ੀਜ਼ੁਲ ਹੱਕ ਆਪਣੇ ਆਖਰੀ ਸਾਹ ਤੱਕ ਲੋਕਾਂ ਦੇ ਸੰਘਰਸ਼ ਪ੍ਰਤੀ ਆਪਣੀ ਵਚਨਬੱਧਤਾ 'ਤੇ ਅਡੋਲ ਰਹੇ।ਸੀਪੀਆਈ ਉਨ੍ਹਾਂ ਦੀ ਯਾਦ ਤੇ ਵਿਰਾਸਤ ਨੂੰ ਸਲਾਮ ਕਰਦੀ ਹੈ।ਅਸੀਂ ਉਨ੍ਹਾਂ ਦੇ ਪਰਿਵਾਰ, ਸਾਥੀਆਂ ਤੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਿਤ ਸਾਰਿਆਂ ਪ੍ਰਤੀ ਆਪਣੀ ਦਿਲੀ ਸੰਵੇਦਨਾ ਪ੍ਰਗਟ ਕਰਦੇ ਹਾਂ।

## ਅਲਾਇੰਸ ਇੰਟਰਨੈਸ਼ਨਲ ਸਕੂਲ 'ਚ ਸੋਲੋ ਡਾਂਸ ਮੁਕਾਬਲਾ ਕਰਾਇਆ



**ਜੈਤੋ (ਸਤੀਸ਼ ਕੁਮਾਰ ਦੀਪੂ)**-ਅਲਾਇੰਸ ਇੰਟਰਨੈਸ਼ਨਲ ਸਕੂਲ ਨੇ 5ਵੀਂ ਤੋਂ 8ਵੀਂ ਜਮਾਤ ਦੇ ਵਿਦਿਆਰਥੀਆਂ ਲਈ ਸੋਲੋ ਡਾਂਸ ਮੁਕਾਬਲਾ ਕਰਵਾਇਆ।ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੇ ਰਵਾਇਤੀ, ਕਲਾਸੀਕਲ, ਬਾਲੀਵੁੱਡ ਤੇ ਲੋਕ ਨਾਚ ਦੇ ਸੁੰਦਰ ਪ੍ਰਦਰਸ਼ਨ ਕੀਤੇ।ਹਰੇਕ ਭਾਗੀਦਾਰ ਨੇ ਆਪਣੇ ਪ੍ਰਦਰਸ਼ਨ ਨਾਲ ਸਟੇਜ ਨੂੰ ਜੀਵੰਤ ਕਰ ਦਿੱਤਾ।ਉਨ੍ਹਾਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਦਰਸ਼ਕਾਂ ਦਾ ਦਿਲ ਜਿੱਤ ਲਿਆ।ਮੁਕਾਬਲੇ ਨੂੰ ਤਿੰਨ ਸ਼੍ਰੇਣੀਆਂ ਵਿੱਚ ਵੰਡਿਆ ਗਿਆ ਸੀ ਤੇ ਹਰੇਕ ਸ਼੍ਰੇਣੀ ਵਿੱਚ ਪਹਿਲੇ ਅਤੇ ਦੂਜੇ ਸਥਾਨ ਦੇ ਜੇਤੂਆਂ ਦਾ ਐਲਾਨ ਕੀਤਾ ਗਿਆ ਸੀ।ਕਲਾਸ ਪੰਜਵੀਂ ਪਹਿਲਾ ਸਥਾਨ ਦਾਨਿਸ਼, ਦੂਜਾ ਸਥਾਨ ਮਨਰੀਤ ਕੌਰ, ਕਲਾਸ ਛੇਵੀਂ ਪਹਿਲਾ ਸਥਾਨ ਪ੍ਰਤੀਕ ਸਿੰਗਲਾ, ਦੂਜਾ ਸਥਾਨ ਅਸ਼ਲੀਨ, ਕਲਾਸ ਸੱਤਵੀਂ ਤੇ ਅੱਠਵੀਂ (ਸੰਯੁਕਤ ਸ਼੍ਰੇਣੀ) ਪਹਿਲਾ ਸਥਾਨ ਏਕਤਾ, ਦੂਜਾ ਸਥਾਨ ਨਿਮ੍ਰਤ। ਸਕੂਲ ਦੀ ਪ੍ਰਿੰਸੀਪਲ ਮੈਡਮ ਗੁਰਸੇਵਕ ਕੌਰ ਮਾਨ ਤੇ ਅਧਿਆਪਕਾਂ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਭਾਗੀਦਾਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਨਰੇਗਾ ਵਰਕਰ 25 ਨੂੰ ਦੇਣਗੇ ਡੀ ਸੀ ਦਫ਼ਤਰਾਂ ਸਾਹਮਣੇ ਧਰਨੇ




**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਰਜਿਸਟਰਡ ਏਟਕ ਦੇ ਸੱਦੇ 'ਤੇ ਪੰਜਾਬ ਭਰ ਦੇ ਨਰੇਗਾ ਵਰਕਰ 25 ਜੁਲਾਈ ਨੂੰ ਡੀਸੀ ਦਫ਼ਤਰਾਂ ਸਾਹਮਣੇ ਰੋਸ ਧਰਨੇ ਦੇਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਦੇ ਮੀਤ ਸਕੱਤਰ ਕਾਮਰੇਡ ਗੋਰਾ ਸਿੰਘ ਪਿਪਲੀ ਨੇ ਕਾਮਰੇਡ ਅਮੋਲਕ ਸਿੰਘ ਭਵਨ ਵਿਖੇ ਨਰੇਗਾ ਜ਼ਿਲ੍ਹਾ ਕਮੇਟੀ ਫਰੀਦਕੋਟ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਬਲਾਕ ਜੈਤੋ ਦੀ ਪ੍ਰਧਾਨ ਰੇਸ਼ਮ ਸਿੰਘ ਮੱਤਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਵੀਰ ਸਿੰਘ, ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਪੱਪੀ ਸਿੰਘ ਢਿੱਲਵਾਂ ਨੇ ਕਿਹਾ ਪੰਜਾਬ ਤੇ ਕੇਂਦਰ ਸਰਕਾਰ ਦੋਵੇਂ ਮਿਲ ਕੇ ਨਰੇਗਾ ਕਾਨੂੰਨ ਨੂੰ ਹੌਲੀ-ਹੌਲੀ ਖਤਮ ਕਰਨਾ ਚਾਹੁੰਦੀਆਂ ਹਨ, ਪਰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਇਸ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕਰੇਗੀ, ਭਾਵੇਂ ਯੂਨੀਅਨ ਨੂੰ ਕੋਈ ਵੀ ਕੁਰਬਾਨੀ ਕਰਨੀ ਪਵੇ।ਕੇਂਦਰ ਤੇ ਪੰਜਾਬ ਦੀ ਸਰਕਾਰ ਨੇ ਜ਼ਿਲ੍ਹਾ ਕੇਂਦਰਾਂ ਨੂੰ ਇੱਕ ਚਿੱਠੀ ਕੱਢ ਕੇ ਤੇ ਕੰਮਾਂ ਨੂੰ ਬੰਦ ਕਰਨ ਪੰਜ ਸਾਲਾਂ ਵਿੱਚ ਇੱਕ ਵਾਰ ਪ੍ਰੋਜੈਕਟ ਬਣਾਉਣ ਦਾ ਜੋ ਭੱਦਾ ਮਜ਼ਾਕ ਕੀਤਾ ਹੈ, ਇਸ ਨਾਲ ਨਰੇਗਾ ਮਜ਼ਦੂਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪੰਜਾਬ ਭਰ ਦੇ ਨਰੇਗਾ ਮਜ਼ਦੂਰਾਂ ਦੀ ਯੂਨੀਅਨ ਦੀ ਸਟੇਟ ਕਮੇਟੀ ਦੇ ਸੱਦੇ ਅਨੁਸਾਰ ਇਸ ਨਾਦਰਸ਼ਾਹੀ ਫੈਸਲੇ ਦੇ ਵਿਰੋਧ ਵਿੱਚ ਪੰਜਾਬ ਭਰ ਦੇ ਨਰੇਗਾ ਮਜ਼ਦੂਰ ਡੀਸੀ ਦਫ਼ਤਰਾਂ ਸਾਹਮਣੇ ਆਪਣੇ ਰੋਸ ਦਾ ਪ੍ਰਗਟਾਵਾ ਕਰਨਗੇ।

## ਜੈਪਾਲਗੜ੍ਹ ਵਿਖੇ ਵਿਰਾਸਤੀ ਤੀਆਂ 25 ਤੇ 26 ਨੂੰ : ਚਮਕੌਰ ਮਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮਾਲਵੇ ਦੀ ਉੱਘੀ ਸੰਸਥਾ ਮਾਲਵਾ ਹੈਰੀਟੇਜ ਤੇ ਸੱਭਿਆਚਾਰਕ ਫਾਊਂਡੇਸ਼ਨ ਬਠਿੰਡਾ ਵੱਲੋਂ ਸੰਸਥਾ ਦੇ ਪ੍ਰਧਾਨ ਹਰਵਿੰਦਰ ਸਿੰਘ ਖਾਲਸਾ ਦੀ ਸਰਪ੍ਰਸਤੀ ਹੇਠ ਹਰ ਸਾਲ ਦੀ ਤਰ੍ਹਾਂ ਸਾਵਣ ਦੇ ਮਹੀਨੇ ਵੱਖ ਵੱਖ ਵਿਰਾਸਤੀ ਤੀਆਂ ਦਾ ਮੇਲਾ ਸਥਾਨਕ ਪਿੰਡ ਜੈਪਾਲ ਗੜ੍ਹ ਪਿੱਛੇ ਖੇਡ ਸਟੇਡੀਅਮ ਬਠਿੰਡਾ ਵਿਖੇ ਲਗਾਇਆ ਜਾ ਰਿਹਾ ਹੈ।ਸੰਸਥਾ ਦੀ ਮੇਲਾ ਕਮੇਟੀ ਦੇ ਚੇਅਰਮੈਨ ਚਮਕੌਰ ਸਿੰਘ ਮਾਨ, ਸੀਨੀਅਰ ਮੀਤ ਪ੍ਰਧਾਨ ਇੰਦਰਜੀਤ ਸਿੰਘ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਗਰੇਵਾਲ ਨੇ ਦੱਸਿਆ ਕਿ ਸੰਸਥਾ ਵੱਲੋਂ ਹਰ ਸਾਲ ਪੱਛਮੀ ਸੱਭਿਆਚਾਰ ਤੋਂ ਵੱਖਰੀਆਂ ਪੇਂਡੂ ਮਾਹੌਲ ਵਿੱਚ ਵਿਰਾਸਤੀ ਤੀਆਂ ਲਗਾਈਆਂ ਜਾਂਦੀਆਂ ਹਨ ਤੇ ਇਸ ਵਾਰ ਤੀਆਂ 25 ਤੇ 26 ਜੁਲਾਈ ਨੂੰ ਸ਼ਾਮ 4 ਵਜੇ ਤੋਂ 7 ਵਜੇ ਤੱਕ ਲਗਾਈਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਇਨ੍ਹਾਂ ਤੀਆਂ ਵਿੱਚ ਪੱਛਮੀ ਸੱਭਿਆਚਾਰ ਤੇ ਡੀਜੇ ਦੀ ਬਿਲਕੁਲ ਵੀ ਵਰਤੋਂ ਨਹੀਂ ਕੀਤੀ ਜਾਂਦੀ, ਇਹ ਤੀਆਂ ਨਰੋਲ ਪੇਂਡੂ ਤੇ ਮਾਹੌਲ ਅਨੁਸਾਰ ਲਗਾਈਆਂ ਜਾਂਦੀਆਂ ਹਨ।ਉਨ੍ਹਾਂ ਦੱਸਿਆ ਕਿ ਤੀਆਂ ਦੀ ਤਿਆਰੀ ਸਬੰਧੀ ਫਾਊਂਡੇਸ਼ਨ ਦੀ ਜ਼ਰੂਰੀ ਮੀਟਿੰਗ ਹੋਈ, ਜਿਸ ਵਿੱਚ ਸੰਸਥਾ ਦੀ ਮਹਿਲਾ ਮੈਂਬਰਾਨ ਤੇ ਹੋਰ ਸੀਨੀਅਰ ਮੈਂਬਰਾਂ ਨੇ ਭਾਗ ਲਿਆ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਬੀਬੀ ਸੁਰਿੰਦਰ ਕੌਰ ਬਰਾੜ, ਗੁਰਪ੍ਰੀਤ ਕੌਰ ਸਿੱਧੂ, ਬੀਬੀ ਗੁਰਬਖਸ਼ ਕੌਰ, ਬੀਬੀ ਗੁਰਦੀਪ ਕੌਰ, ਬੀਬੀ ਕਮਲਪ੍ਰੀਤ ਕੌਰ ਹਾਜੀ ਰਤਨ, ਬੀਬੀ ਸੁਰਜੀਤ ਕੌਰ ਗੁਰੂ ਕੀ ਨਗਰੀ, ਮੈਡਮ ਗੀਤੂ ਸਵੇਰਾ, ਬੀਬੀ ਬੱਬੂ ਬਰਾੜ, ਬੀਬੀ ਸ਼ਿੰਦਰਪਾਲ ਕੌਰ, ਬੀਬੀ ਸੁਰਿੰਦਰ ਕੌਰ ਖੱਦਰ ਭੰਡਾਰ ਵਾਲੀ ਗਲੀ, ਬੀਬੀ ਸਤਪਾਲ ਕੌਰ, ਬੀਬੀ ਅਨੂਪ ਇੰਦਰ ਕੌਰ, ਬੀਬੀ ਹਰ ਕਿਰਨ ਕੌਰ, ਬੀਬੀ ਵੀਰ ਪਾਲ ਕੌਰ, ਬਲਦੇਵ ਸਿੰਘ ਚਹਿਲ, ਗੁਰਮੀਤ ਸਿੰਘ ਸਿੱਧੂ, ਸਲੀਮ ਮੁਹੰਮਦ, ਜਗਜੀਤ ਸਿੰਘ ਧਨੌਲਾ, ਗੁਰਦੇਵ ਸਿੰਘ ਸਿੱਧੂ, ਮਨਦੀਪ ਸਿੰਘ ਰੂਪੀ, ਮਿੱਠੂ ਸਿੰਘ ਬਰਾੜ, ਮੇਜਰ ਸਿੰਘ ਚਹਿਲ, ਹਰਮੰਦਰ ਸਿੰਘ ਮਾਸਟਰ, ਰੂਪ ਸਿੰਘ ਮਤੀਦਾਸ ਨਗਰ, ਕਰਨ ਗੋਨੇਆਣਾ ਆਦਿ ਹਾਜ਼ਰ ਸਨ।

## ਵਾਤਾਵਰਣ ਦੀ ਸ਼ੁੱਧਤਾ ਲਈ ਹਰ ਵਿਅਕਤੀ ਪੌਦਾ ਲਾਵੇ : ਰੋਹਿਤ ਗੁਡਾਲੀਆ

**ਜਲਾਲਾਬਾਦ (ਜੀਤ ਕੁਮਾਰ)**-ਐੱਸਸੀ/ਐੱਸਟੀ/ਓਬੀਸੀ ਮਹਾਂ ਸੰਘਰਸ਼ ਕਮੇਟੀ ਜਲਾਲਾਬਾਦ ਵੱਲੋਂ ਵਾਤਾਵਰਣ ਦੀ ਸ਼ੁੱਧਤਾ ਲਈ ਹਰੇਕ ਵਿਅਕਤੀ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਦਾ ਸੰਦੇਸ਼ ਦਿੱਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਮੇਟੀ ਪ੍ਰਧਾਨ ਰੋਹਿਤ ਗੁਡਾਲੀਆ ਨੇ ਕਿਹਾ ਕਿ ਪ੍ਰਦੂਸ਼ਤ ਹੋ ਰਹੇ ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਵਾਸਤੇ ਹਰ ਵਿਅਕਤੀ ਨੂੰ ਘੱਟੋਂ ਘੱਟ ਇਕ-ਇਕ ਪੌਦਾ ਲਗਾ ਕੇ ਉਸ ਦੀ ਦੇਖ-ਭਾਲ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਰੁੱਖਾਂ ਦੀ ਹੋ ਰਹੀ ਕਟਾਈ ਕਾਰਨ ਹੀ ਆਕਸੀਜਨ ਦੀ ਘਾਟ ਪੈਦਾ ਹੋਈ ਹੈ ਜੋ ਕਿ ਮਨੁੱਖ ਦੇ ਜੀਉਂਦੇ ਰਹਿਣ ਦਾ ਵੱਡਾ ਸਰੋਤ ਹੈ। ਗੁਡਾਲੀਆ ਨੇ ਦੱਸਿਆ ਕਿ ਪੌਦੇ ਲਗਾਓ ਵਾਤਾਵਰਣ ਬਚਾਓ ਇਕ ਰੁੱਖ ਸੌ ਸੁੱਖ ਲਗਾਤਾਰ ਵੱਧ ਰਹੇ ਤਾਪਮਾਨ ਨੂੰ ਨਿਯੰਤਰ ਵਿੱਚ ਰੱਖਣ ਵਾਸਤੇ ਰੁੱਖਾਂ ਦਾ ਹੋਣਾ ਬਹੁਤ ਜ਼ਰੂਰੀ ਹੈ। ਐਸਸੀ/ਐਸਟੀ/ਓਬੀਸੀ ਮਹਾਂ ਸੰਘਰਸ਼ ਕਮੇਟੀ ਵੱਲੋਂ ਵੀ ਪੌਦੇ ਲਾਏ ਜਾ ਰਹੇ ਹਨ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਡਾਕਟਰ ਕੋਰ ਸਿੰਘ, ਬਲਦੇਵ ਸਿੰਘ ਕੈਸ਼ੀਅਰ ਗੁਰਮੇਜ ਲਾਲ ਸਰਪੰਚ, ਮਾਸਟਰ ਨਿਰਭੈ ਸਿੰਘ, ਪ੍ਰੈੱਸ ਸਕੱਤਰ ਸਤਨਾਮ ਸਿੰਘ ਆਦੀ ਨੇ ਰੁੱਖ ਲਗਾਏ।

## ਬਹਿਲੋਲਪੁਰ 'ਚ ਅਕਾਲੀ ਦਲ ਨੂੰ ਛੱਡ ਕਈ ਪਰਿਵਾਰ ਕਾਂਗਰਸ 'ਚ ਸ਼ਾਮਲ

### ਕਾਂਗਰਸ ਪੰਜਾਬ 'ਚ ਮਜ਼ਬੂਤੀ ਨਾਲ ਸਰਕਾਰ ਬਣਾਵੇਗੀ : ਕੋਟਲੀ, ਲੱਖਾ, ਗਿੱਲ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਬਹਿਲੋਲਪੁਰ ਵਿਖੇ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ, ਜਦੋਂ ਕਈ ਪਰਿਵਾਰਾਂ ਨੇ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।

ਪਿੰਡ ਬਹਿਲੋਲਪੁਰ ਵਿਖੇ ਇੱਕ ਭਰਵੇਂ ਇਕੱਠ ਦੌਰਾਨ ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ, ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਲੱਖਾ ਪਾਇਲ ਤੇ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਆਗੂਆਂ ਤੇ ਵਰਕਰਾਂ ਦਾ ਸਵਾਗਤ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਾ ਗਿੱਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਹੁਣ ਪੰਜਾਬ ਵਿੱਚ ਕੋਈ ਭਵਿੱਖ ਨਹੀਂ ਰਿਹਾ, ਜਦਕਿ 'ਆਪ' ਸਰਕਾਰ ਤੋਂ ਲੋਕਾਂ ਦਾ ਮੂੰਹ ਮੁੜ ਚੁੱਕਾ ਹੈ, ਇਸ ਲਈ ਲੋਕ ਹੁਣ ਕਾਂਗਰਸ ਪਾਰਟੀ ਵਿਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਤੋਂ ਮਿਲ ਰਹੇ ਭਰਵੇਂ ਸਮਰਥਨ ਸਦਕਾ 2027 ਵਿਚ ਕਾਂਗਰਸ ਪਾਰਟੀ ਮਜ਼ਬੂਤੀ ਨਾਲ ਸਰਕਾਰ ਬਣਾਵੇਗੀ। ਰਾਜਾ ਗਿੱਲ ਨੇ ਕਿਹਾ ਕਿ ਜੋ ਵਰਕਰ ਅੱਜ ਕਾਂਗਰਸ ਵਿੱਚ ਸ਼ਾਮਲ ਹੋਏ ਹਨ, ਉਨ੍ਹਾਂ ਨੂੰ ਪਾਰਟੀ ਵਿਚ ਬਣਦਾ ਸਤਿਕਾਰ ਮਿਲੇਗਾ ਤੇ ਜੋ ਮਿਹਨਤੀ ਹੋਣਗੇ, ਉਨ੍ਹਾਂ ਨੂੰ ਯੋਗ ਅਹੁਦੇ ਦਿੱਤੇ ਜਾਣਗੇ।

ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ 'ਚ ਰਮਨਦੀਪ ਸਿੰਘ, ਮਨਜੀਤ ਸਿੰਘ, ਲਖਵੀਰ ਸਿੰਘ (ਤਿੰਨੋ ਸਾਬਕਾ ਸਰਪੰਚ), ਸਾਬਕਾ ਪੰਚ ਦਾਸ ਰਾਮ, ਪ੍ਰਗਟ ਸਿੰਘ ਰਾਏ, ਗੁਰਦੀਪ ਸਿੰਘ ਰਾਏ, ਗੁਰਪ੍ਰੀਤ ਸਿੰਘ, ਰਣਧੀਰ ਸਿੰਘ, ਹਰਪਾਲ ਸਿੰਘ, ਬੂਟਾ ਸਿੰਘ, ਸੋਹਣ ਸਿੰਘ (ਸਾਰੇ ਪੰਚ), ਦਲੇਰ ਸਿੰਘ, ਮਾਸਟਰ ਗੁਰਮੇਲ ਸਿੰਘ, ਊਧਮ ਸਿੰਘ, ਪ੍ਰਧਾਨ ਰਾਮਲੀਲ੍ਹਾ ਕਮੇਟੀ ਅਸ਼ੋਕ ਕੁਮਾਰ, ਪਵਨ ਕੁਮਾਰ, ਨਿਰਮਲ ਸਿੰਘ ਸੈਣੀ, ਰਾਜਵੀਰ ਸਿੰਘ, ਸਾਬਕਾ ਸਰਪੰਚ ਧਰਮਪਾਲ, ਸੰਜੀਵ ਕੁਮਾਰ, ਬੌਬੀ, ਦਰਸ਼ਨ ਸਿੰਘ (ਸਾਰੇ ਸਾਬਕਾ ਪੰਚ), ਸੈਮੀ ਸਿੰਘ, ਹਨੀ ਸਿੰਘ, ਗੁਰਦੀਪ ਸਿੰਘ, ਹੈਪੀ ਸਿੰਘ, ਭੋਲਾ ਸਿੰਘ, ਬੱਬੂ ਸਿੰਘ, ਕਮਲ, ਰਮੇਸ਼ ਭਾਟੀਆ ਦੇ ਨਾਮ ਸ਼ਾਮਲ ਹਨ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 320 ਲੋੜਵੰਦਾਂ ਨੂੰ ਸਹਾਇਤਾ ਰਾਸ਼ੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਡਾ. ਐਸ ਪੀ ਸਿੰਘ ਓਬਰਾਏ ਵਲੋਂ ਅਪਨੀ ਕੁੱਲ ਆਮਦਨ ਵਿੱਚੋਂ 98% ਹਿੱਸਾ ਮਾਨਵਤਾ ਦੀ ਭਲਾਈ ਲਈ ਖਰਚ ਕੀਤਾ ਜਾ ਰਿਹਾ ਹੈ, ਇਸ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਡੇਰਾ ਭਾਈ ਮਸਤਾਨ ਸਿੰਘ ਸ੍ਰੀ ਮੁਕਤਸਰ ਸਾਹਿਬ ਵਿਖੇ ਮਹੰਤ ਕਸ਼ਮੀਰ ਸਿੰਘ ਤੇ ਡਾਕਟਰ ਹਰਪਿੰਦਰ ਸਿੰਘ ਦੀ ਰਹਿਨੁਮਾਈ ਹੇਠ 320 ਲੋੜਵੰਦਾਂ ਨੂੰ ਦੋ ਲੱਖ ਚਾਲੀ ਹਜ਼ਾਰ ਰੁਪਏ ਦੀ ਰਾਸ਼ੀ ਦਿੱਤੀ ਗਈ ਤਾਂ ਜੁ ਇਹ ਲੋੜਵੰਦ ਅਪਨੀਆਂ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰ ਸਕਣ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਹ ਸਹਾਇਤਾ ਰਾਸ਼ੀ ਬੇਸਹਾਰਾ ਬੱਚਿਆਂ, ਬੇਸਹਾਰਾ ਔਰਤਾਂ, ਬੇਸਹਾਰਾ ਬਜ਼ੁਰਗਾਂ, ਇਕੱਲੀਆਂ ਰਹਿ ਰਹੀਆਂ ਬਜ਼ੁਰਗ ਵਿਧਵਾਵਾਂ ਨੂੰ ਦਿੱਤੀ ਗਈ ਤੇ ਤਕਰੀਬਨ ਇਹ ਸਾਰੇ ਕੰਮ ਕਰਨ ਤੋਂ ਵੀ ਅਸਮਰਥ ਹਨ।ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦਾਂ ਵੱਲੋਂ ਡਾ ਓਬਰਾਏ ਦਾ ਧੰਨਵਾਦ ਕੀਤਾ ਗਿਆ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਸ ਤੋਂ ਇਲਾਵਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਵੱਡੀ ਗਿਣਤੀ ਵਿਚ ਸਕੂਲਾਂ ਵਿੱਚ ਬੱਚਿਆਂ ਨੂੰ ਸਾਫ਼ ਪਾਣੀ ਦੇਣ ਲਈ ਵੱਡੀ ਗਿਣਤੀ ਵਿਚ ਆਰ ਓ ਸਿਸਟਮ ਲਗਾਏ ਜਾ ਰਹੇ ਹਨ।ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਅੱਠ ਮੁਫ਼ਤ ਸਿਖਲਾਈ ਸੈਂਟਰ (ਸਿਲਾਈ, ਬਿਊਟੀ ਪਾਰਲਰ, ਕੰਪਿਊਟਰ) ਚੱਲ ਰਹੇ ਹਨ। ਜਿਨ੍ਹਾਂ ਤੋਂ ਮੁਫ਼ਤ ਸਿਖਲਾਈ ਲੈ ਕੇ ਹਜ਼ਾਰਾਂ ਦੀ ਗਿਣਤੀ ਵਿਚ ਲੋਕ ਅਪਣੇ ਪੈਰਾਂ 'ਤੇ ਖੜੇ ਹੋਣ ਦੇ ਸਮਰੱਥ ਹੋਏ ਹਨ।ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ ਨੇ ਦੱਸਿਆ ਕਿ ਪੂਰੀ ਦੁਨੀਆ ਵਿੱਚ ਟਰੱਸਟ ਦੀ ਕੋਈ ਵੀ ਰਸੀਦ ਬੁੱਕ ਨਹੀਂ ਹੈ, ਇਹ ਸਾਰਾ ਖਰਚ ਡਾਕਟਰ ਓਬਰਾਏ ਵਲੋਂ ਅਪਨੀ ਨੇਕ ਕਮਾਈ ਵਿਚੋਂ ਕੀਤਾ ਜਾਂਦਾ ਹੈ।

## ਨਾਇਬ ਕੋਰਟ ਸੀਨੀਅਰ ਕਾਂਸਟੇਬਲ ਹੈਪੀ ਰਾਮ ਸੜਕ ਹਾਦਸੇ 'ਚ ਅਲਵਿਦਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਿੰਡ ਘਨੌਲੀ ਜ਼ਿਲ੍ਹਾ ਰੋਪੜ ਵਿਖੇ ਸੜਕ ਹਾਦਸੇ ਵਿੱਚ ਸੀਨੀਅਰ ਕਾਂਸਟੇਬਲ ਹੈਪੀ ਰਾਮ ਇਸ ਫਾਨੀ ਸੰਸਾਰ ਤੋਂ ਸਦਾ ਲਈ ਅਲਵਿਦਾ ਹੋ ਗਏ। ਉਹ ਜੁਡੀਸ਼ੀਅਲ ਅਦਾਲਤਾਂ ਵਿਖੇ ਬਤੌਰ ਨਾਇਬ ਕੋਰਟ ਸੇਵਾਵਾਂ ਨਿਭਾਅ ਰਹੇ ਸਨ।ਉਹ ਆਪਣੇ ਪਿੱਛੇ ਦੋ ਬੱਚੇ ਤੇ ਪਤਨੀ ਨੂੰ ਛੱਡ ਗਏ।ਮ੍ਰਿਤਕ ਐਸ ਸੀ ਹੈਪੀ ਰਾਮ ਦਾ ਅੰਤਮ ਸੰਸਕਾਰ ਸਰਕਾਰੀ ਸਨਮਾਨਾਂ ਨਾਲ ਉਨ੍ਹਾਂ ਤੇ ਪਿੰਡ ਰਾਜਲਾ ਡੇਰਾ ਗਾਜੀ ਸਲਾਰ ਵਿਖੇ ਕੀਤਾ ਗਿਆ।ਇਸ ਦੁੱਖ ਦੀ ਘੜੀ ਵਿੱਚ ਸਾਰੇ ਜੁਡੀਸ਼ੀਅਲ ਅਫਸਰਾਂ, ਐਸ ਐਸ ਪੀ ਪਟਿਆਲਾ ਸ੍ਰੀ ਵਰੁਣ ਸ਼ਰਮਾ, ਬਾਰ ਐਸੋਸੀਏਸ਼ਨ ਤੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ, ਬਾਹਰ ਐਸੋਸੀਏਸ਼ਨ ਸੰਭਾਵਾਂ ਤੇ ਸਾਬਕਾ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ, ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਐਸ ਡੀ ਐਮ ਰੀਚਾ ਗੋਇਲ, ਡੀ.ਐਸ.ਪੀ ਫ਼ਤਿਹ ਸਿੰਘ ਬਰਾੜ ਸਾਬਕਾ ਵਿਧਾਇਕ ਜਥੇਦਾਰ ਜਗਤਾਰ ਸਿੰਘ ਰਾਜਲਾ, ਸਰਪੰਚ ਸੁਖਵਿੰਦਰ ਸਿੰਘ ਰਾਜਲਾ, ਪੰਜਾਬ ਮਹਿਲਾ ਕਾਂਗਰਸ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਸੀਨੀਅਰ ਕਾਂਗਰਸੀ ਆਗੂ ਰਛਪਾਲ ਸਿੰਘ ਜੌੜਾਮਾਜਰਾ, ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ, ਐਡਵੋਕੇਟ ਦਵਿੰਦਰ ਸਿੰਘ ਢਿੱਲੋਂ, ਬਾਰ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਸੰਦੀਪ ਜਿੰਦਲ, ਸੈਕਟਰੀ ਕਸ਼ਮੀਰ ਸਿੰਘ ਚੁੰਬਰ, ਐਸ ਐਚ ਓ ਸਿਟੀ ਜਸਪ੍ਰੀਤ ਸਿੰਘ, ਐਸ.ਐਚ.ਓ ਸਦਰ ਵਿਜੇ ਕੁਮਾਰ, ਐਸ.ਐਚ.ਓ ਸੀ ਆਈ.ਏ.ਸਟਾਫ਼ ਅੰਕੁਰਦੀਪ ਸਿੰਘ, ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਮਦਨ ਮਿੱਤਲ ਨੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

## ਕੰਬੋਜ ਮਹਾਂਸਭਾ ਵੱਲੋਂ ਕੈਂਸਰ ਸੰਬੰਧੀ ਚੈੱਕਅਪ ਕੈਂਪ 29 ਨੂੰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੰਬੋਜ ਮਹਾਸਭਾ ਬਲਾਕ ਭੁਨਰਹੇੜੀ ਵੱਲੋਂ ਵਰਲਡ ਕੈਂਸਰ ਕੇਅਰ ਸੁਸਾਇਟੀ ਦੇ ਪ੍ਰਧਾਨ ਡਾਕਟਰ ਕੁਲਵੰਤ ਸਿੰਘ ਧਾਲੀਵਾਲ ਦੇ ਸਹਿਯੋਗ ਨਾਲ ਕੈਂਸਰ ਸਬੰਧੀ ਚੈੱਕਅਪ ਕੈਂਪ 29 ਜੁਲਾਈ ਨੂੰ ਸੰਗਮ ਪੈਲੇਸ ਵਿਖੇ ਲਾਇਆ ਜਾ ਰਿਹਾ ਹੈ। ਇਸ ਸਬੰਧੀ ਕੰਬੋਜ ਮਹਾਸਭਾ ਬਲਾਕ ਭੁਨਰਹੇੜੀ ਦੇ ਪ੍ਰਧਾਨ ਸਵਿੰਦਰ ਸਿੰਘ, ਧੰਜੂ ਦਵਿੰਦਰ ਸਿੰਘ ਮਾੜੂ ਜਰਨਲ ਸਕੱਤਰ, ਜੀਤ ਸਿੰਘ ਮੀਰਾਂ ਪੁਰ ਖਜ਼ਾਨਚੀ, ਜਸਵਿੰਦਰ ਸਿੰਘ ਬ੍ਰਹਮਪੁਰ ਪ੍ਰੈੱਸ ਸਕੱਤਰ ਤੇ ਰਾਜਿੰਦਰ ਸਿੰਘ ਥਿੰਦ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ ਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਨੂੰ ਕੈਂਸਰ ਕੇਅਰ ਸੁਸਾਇਟੀ ਵੱਲੋਂ ਲਗਾਏ ਜਾ ਰਹੇ ਜਾਗਰੂਕਤਾ ਕੈਂਪ ਲਈ ਸੱਦਾ ਪੱਤਰ ਦਿੱਤਾ ਗਿਆ। ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਪਬਲਿਕ ਨੂੰ ਅਪੀਲ ਕੀਤੀ ਕਿ ਉਹ ਕੈਂਸਰ ਸਬੰਧੀ ਚੈੱਕਅਪ ਕੈਂਪ ਦੌਰਾਨ ਕੈਂਸਰ ਦੇ ਟੈਸਟ ਜ਼ਰੂਰ ਕਰਵਾਓ ਤਾਂ ਜੋ ਸਮਾਂ ਰਹਿੰਦਿਆਂ ਕੈਂਸਰ ਬਾਰੇ ਜਾਣਕਾਰੀ ਮਿਲ ਸਕੇ।

## ਜੀਵਨ ਕਲੋਨੀ ਵਾਸੀ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ



**ਬੁਢਲਾਡਾ (ਅਸ਼ੋਕ ਲਾਕੜਾ)**-ਵਾਰਡ ਨੰਬਰ 17 ਬਰੇ ਰੋਡ 'ਤੇ ਜੀਵਨ ਕਲੋਨੀ ਦੇ ਵਸਨੀਕ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਜ਼ਾਦ ਵੈੱਲਫੇਅਰ ਕਲੱਬ ਰਜਿਸਟਡ ਬੁਢਲਾਡਾ ਨੇ ਦੱਸਿਆ ਕਿ ਅਸੀਂ 30-35 ਸਾਲਾਂ ਤੋਂ ਇਥੇ ਦੇ ਵਸਨੀਕ ਹਾਂ, ਨਾ ਸਾਡੇ ਗਲੀਆਂ ਤੇ ਸੀਵਰੇਜ ਸਿਸਟਮ ਅਤੇ ਪੀਣ ਵਾਲੇ ਪਾਣੀ ਦਾ ਕੋਈ ਪ੍ਰਬੰਧ ਨਹੀਂ ਹੈ। ਸਾਡੇ ਜੀਵਨ ਕਲੋਨੀ ਵਿੱਚ ਦੋ-ਢਾਈ ਸੌ ਦੇ ਲਗਭਗ ਪਰਿਵਾਰ ਰਹਿੰਦੇ ਹਨ, ਸਾਡੀ ਕੋਈ ਵੀ ਸੁਣਵਾਈ ਨਹੀਂ ਹੁੰਦੀ, ਅਸੀਂ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹਾਂ। ਸਾਡੀ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਹੈ ਕਿ ਸਾਡੀ ਜੀਵਨ ਕਲੋਨੀ ਦਾ ਵਿਕਾਸ ਕੀਤਾ ਜਾਵੇ, ਨਹੀਂ ਤਾਂ ਅਸੀਂ ਇੱਕ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ। ਉਨ੍ਹਾਂ ਕਿਹਾ ਕਿ ਸੀਵਰੇਜ ਸਿਸਟਮ ਦਾ ਪ੍ਰਬੰਧ ਨਹੀਂ ਹੈ, ਸਾਡੀ ਜੀਵਨ ਕਲੋਨੀ ਵਿੱਚ ਸੀਵਰੇਜ ਸਿਸਟਮ ਬਣਾਇਆ ਜਾਵੇ ਤੇ ਗਲੀਆਂ ਦੀ ਮੁਰੰਮਤ ਕੀਤੀ ਜਾਵੇ। ਇਸ ਮੌਕੇ ਗੁਰਦੀਪ ਸਿੰਘ, ਨਛੱਤਰ ਸਿੰਘ, ਤਲਵਿੰਦਰ ਸਿੰਘ, ਬਿੰਦਰ ਸਿੰਘ, ਗੋਪੀ ਸਿੰਘ, ਵਿੰਦਰ ਸਿੰਘ, ਗੁਰਤੇਜ ਸਿੰਘ, ਗੱਗੀ ਸਿੰਘ, ਦਾਸ ਨੀਦੂ, ਯਾਦਵਿੰਦਰ ਸਿੰਘ, ਰਵੀ ਸਿੰਘ, ਬੱਬੂ, ਮਨਪ੍ਰੀਤ, ਆਕਾਸ਼ ਆਦਿ ਤੇ ਜੀਵਨ ਕਲੋਨੀ ਵਾਸੀ ਹਾਜ਼ਰ ਸਨ।

## ਦੇਸ਼ ਭਗਤ ਗਲੋਬਲ ਸਕੂਲ 'ਚ ਇੰਟਰ ਹਾਊਸ ਬੋਰਡ ਸਜਾਵਟ ਮੁਕਾਬਲਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦੇਸ਼ ਭਗਤ ਕੈਂਪਸ ਦੇ ਚੇਅਰਮੈਨ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿੱਚ ਇੰਟਰ ਹਾਊਸ ਡਿਸਪਲੇਅ ਬੋਰਡ ਸਜਾਵਟ ਮੁਕਾਬਲੇ ਦਾ ਆਯੋਜਨ ਕੀਤਾ ਗਿਆ।ਮੁਕਾਬਲੇ ਵਿੱਚ ਸਕੂਲ ਦੇ ਚਾਰਾਂ ਹਾਊਸਾਂ (ਪੈਂਥਰ, ਸਟੈਲੀਅਨ, ਫਾਲਕਨ ਤੇ ਟਸਕਰ) ਨੇ ਭਾਗ ਲਿਆ ਅਤੇ ਯੁੱਧ ਨਸ਼ਿਆਂ ਵਿਰੁੱਧ 'ਤੇ ਆਪਣੀ ਰਚਨਾਤਮਕਤਾ, ਕਲਾ ਤੇ ਗਿਆਨ ਦਾ ਪ੍ਰਦਰਸ਼ਨ ਕੀਤਾ। ਹਰੇਕ ਹਾਊਸ ਨੇ ਆਪਣੇ ਡਿਸਪਲੇਅ ਬੋਰਡ ਨੂੰ ਰੰਗ-ਬਿਰੰਗੇ ਪੋਸਟਰਾਂ, ਕੋਟਸ, ਚਿੱਤਰਾਂ ਤੇ ਤਜਰਬੇ ਨਾਲ ਸਜਾਇਆ।ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲਿਆਂ ਨਾਲ ਬੱਚਿਆਂ ਵਿੱਚ ਮੁਕਾਬਲੇ ਦੀ ਭਾਵਨਾ ਪੈਦਾ ਹੁੰਦੀ ਹੈ ਤੇ ਇਸ ਮੁਕਾਬਲੇ ਦਾ ਮੁੱਖ ਮੰਤਵ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਹੈ। ਉਹਨਾਂ ਦੱਸਿਆ ਕਿ ਮੁਕਾਬਲੇ ਵਿੱਚ ਪੈਂਥਰ ਹਾਊਸ ਨੇ ਪਹਿਲਾ ਸਥਾਨ ਹਾਸਲ ਕੀਤਾ, ਜਿਸ ਨੇ 'ਨਸ਼ਿਆਂ ਨੂੰ ਕਹੋ ਨਾਂਹ' ਥੀਮ 'ਤੇ ਬਹੁਤ ਪ੍ਰਭਾਵਸ਼ਾਲੀ ਬੋਰਡ ਤਿਆਰ ਕੀਤਾ।ਦੂਜਾ ਸਥਾਨ ਸਟੈਲੀਅਨ ਹਾਊਸ ਤੇ ਤੀਜਾ ਸਥਾਨ ਟਸਕਰ ਹਾਊਸ ਨੇ ਜਿੱਤਿਆ।ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ ਨਸ਼ਿਆਂ ਦੇ ਵਧ ਰਹੇ ਰੁਝਾਨ ਨੂੰ ਰੋਕਣ ਲਈ ਇੱਕੋ ਇੱਕ ਪਹਿਲ ਕਦਮੀ ਹੈ ਕਿ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇ।

## ਅਕੇਡੀਆ ਵਰਲਡ ਸਕੂਲ 'ਚ ਕਰਾਏ ਗਏ ਪੰਜਾਬੀ ਭਾਸ਼ਣ ਮੁਕਾਬਲੇ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਅਕੇਡੀਆ ਵਰਲਡ ਸਕੂਲ ਵਿਖੇ ਜਮਾਤ ਤੀਜੀ ਦਾ ਪੰਜਾਬੀ ਭਾਸ਼ਣ ਮੁਕਾਬਲਾ' ਕਰਾਇਆ ਗਿਆ। ਇਹ ਮੁਕਾਬਲਾ ਦੋ ਗਰੁੱਪਾਂ (ਲਾਇਲੈਕ, ਐਸਟਰ) ਵਿਚਕਾਰ ਕਰਾਇਆ ਗਿਆ।ਮੁਕਾਬਲੇ ਦੀ ਤਿਆਰੀ ਪੰਜਾਬੀ ਅਧਿਆਪਕਾ ਮਿਸ ਬਲਦੀਪ ਕੌਰ ਵੱਲੋਂ ਕਰਾਈ ਗਈ।ਇਹ ਮੁਕਾਬਲਾ ਦੋ ਰਾਊਂਡ ਵਿੱਚ ਕਰਾਇਆ ਗਿਆ, ਜਿਸ ਵਿੱਚੋਂ 12 ਵਿਦਿਆਰਥੀਆਂ ਸਰਗੁਣ ਕੌਰ, ਅਰਜ ਕੌਰ, ਅਰਸ਼ਵੀਰ ਕੌਰ, ਸਵੀਤਾਜ ਕੌਰ, ਗੁਨਾਕਸ਼ ਗਰਗ, ਅਗਮਵੀਰ ਸਿੰਘ, ਹਰਸਿਫ਼ਤ ਕੌਰ, ਨਿਮਰਤ ਕੌਰ, ਮਨਕੀਰਤ ਕੌਰ, ਰੂਹਾਨੀਕਾ, ਨਾਯਸ਼ਾ ਤੇ ਭਵਿਆ ਨੂੰ ਫਾਈਨਲ ਮੁਕਾਬਲੇ ਲਈ ਚੁਣਿਆ ਗਿਆ।ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਪੰਜਾਬੀ ਡਿਪਾਰਟਮੈਂਟ ਦੇ ਐੱਚ.ਓ.ਡੀ. ਮਿਸ ਗੁਰਪ੍ਰੀਤ ਕੌਰ ਮੈਮ ਵੱਲੋਂ ਨਿਭਾਈ ਗਈ। ਮੁਕਾਬਲੇ ਦਾ ਮੁਲਾਂਕਣ ਹੇਠ ਲਿਖੇ ਮਾਪਦੰਡਾਂ ਅਨੁਸਾਰ ਕੀਤਾ ਗਿਆ ਸੀ ਬੋਲਣ ਦਾ ਹੁਨਰ, ਵਿਸ਼ੇ ਦੀ ਚੋਣ, ਆਤਮ-ਵਿਸ਼ਵਾਸ, ਰਚਨਾਤਮਕਤਾ ਤੇ ਪੇਸ਼ਕਾਰੀ।ਬੱਚਿਆਂ ਵੱਲੋਂ ਭਾਸ਼ਣ ਦੇ ਵਿਸ਼ੇ ਮੇਰੇ ਮਾਤਾ ਜੀ ਸੁਪਰ ਹੀਰੋ, ਪੰਜਾਬੀ ਸੱਭਿਆਚਾਰ, ਮਿਹਨਤ ਤੇ ਉਮੀਦ, ਸਫ਼ਲਤਾ ਆਦਿ ਸਨ।ਵਿਦਿਆਰਥੀਆਂ ਨੇ ਆਪਣੇ ਵਿਚਾਰਾਂ ਨੂੰ ਬਹੁਤ ਸੋਹਣੇ ਢੰਗ ਨਾਲ਼ ਪੇਸ਼ ਕੀਤਾ।ਉਨ੍ਹਾਂ ਪੂਰੇ ਹੌਸਲੇ ਤੇ ਆਤਮਵਿਸ਼ਵਾਸ ਦੇ ਨਾਲ਼ ਇਸ ਮੁਕਾਬਲੇ ਵਿੱਚ ਹਿੱਸਾ ਲਿਆ।ਮੁਕਾਬਲੇ 'ਚ ਪਹਿਲੇ ਸਥਾਨ 'ਤੇ ਰੂਹਾਨੀਕਾ (ਲਾਇਲੈਕ), ਦੂਜੇ ਸਥਾਨ 'ਤੇ ਸਵੀਤਾਜ ਕੌਰ (ਐਸਟਰ) ਤੀਜੇ ਸਥਾਨ 'ਤੇ ਹਰਸਿਫ਼ਤ ਕੌਰ (ਲਾਇਲੈਕ), ਅਰਸ਼ਵੀਰ ਕੌਰ (ਐਸਟਰ) ਰਹੇ। ਸਕੂਲ ਦੇ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਵੱਲੋਂ ਜੇਤੂ ਬੱਚਿਆਂ ਨੂੰ ਸਰਟੀਫਿਕੇਟ ਦਿੱਤੇ ਗਏ ਤੇ ਉਨ੍ਹਾਂ ਨੇ ਬੱਚਿਆਂ ਨੂੰ ਵਧਾਈ ਦਿੰਦਿਆਂ ਹੌਸਲਾ ਅਫ਼ਜ਼ਾਈ ਕੀਤੀ।

## ਜਾਲ੍ਹੀ ਅਪੰਗਤਾ ਸਰਟੀਫਿਕੇਟ ਮਾਮਲੇ 'ਚ ਸਾਬਕਾ ਪ੍ਰਿੰ. ਸੁਰੇਸ਼ ਕੁਮਾਰ ਗ੍ਰਿਫ਼ਤਾਰ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਬੀਤੇ ਸਮੇਂ ਤੋਂ ਵਿਵਾਦਾਂ ਵਿੱਚ ਰਹੇ ਸਾਬਕਾ ਪ੍ਰਿੰਸੀਪਲ ਸੁਰੇਸ਼ ਕੁਮਾਰ ਵਿਰੁੱਧ ਗੁਰੂ ਹਰਸਹਾਏ ਪੁਲਸ ਵੱਲੋਂ ਕੇਸ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਸੁਰੇਸ਼ ਕੁਮਾਰ ਉੱਪਰ ਜਾਲ੍ਹੀ ਅਪੰਗਤਾ ਸਰਟੀਫਿਕੇਟ ਪੇਸ਼ ਕਰਨ ਦਾ ਦੋਸ਼ ਹੈ।ਇਹ ਮਾਮਲਾ ਅਧਿਆਪਕ ਗੁਰਨਾਮ ਸਿੰਘ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਹੈ।ਥਾਣਾ ਇੰਚਾਰਜ ਜਸਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਸਾਬਕਾ ਪ੍ਰਿੰਸੀਪਲ ਸੁਰੇਸ਼ ਕੁਮਾਰ ਨੇ ਆਪਣੀ ਨੌਕਰੀ ਦੌਰਾਨ ਸਿੱਖਿਆ ਵਿਭਾਗ ਨੂੰ ਆਪਣੀ ਨੌਕਰੀ ਦੀ ਮਿਆਦ ਦੋ ਸਾਲ ਵਧਾਉਣ ਦੀ ਬੇਨਤੀ ਕੀਤੀ ਸੀ, ਜਿਸ ਲਈ ਉਨ੍ਹਾਂ ਨੇ ਇਕ ਅਪਾਹਜ ਸਰਟੀਫਿਕੇਟ ਨੱਥੀ ਕੀਤਾ ਸੀ।ਉਨ੍ਹਾਂ ਕਿਹਾ ਕਿ ਸਰਕਾਰੀ ਅਧਿਆਪਕ ਗੁਰਨਾਮ ਸਿੰਘ ਵੱਲੋਂ ਦਿੱਤੀ ਗਈ ਸ਼ਿਕਾਇਤ ਤੋਂ ਬਾਅਦ ਜਾਂਚ ਕਰਨ 'ਤੇ ਇਹ ਸਾਬਿਤ ਹੋਇਆ ਕਿ ਦਸਤਾਵੇਜ਼ਾਂ ਵਿੱਚ ਛੇੜਛਾੜ ਹੋਈ ਹੈ। ਸ਼ਿਕਾਇਤਕਰਤਾ ਸਰਕਾਰੀ ਅਧਿਆਪਕ ਗੁਰਨਾਮ ਸਿੰਘ ਨੇ ਕਿਹਾ ਕਿ ਜਦੋਂ ਉਨ੍ਹਾਂ ਨੇ ਕੁਝ ਮਹੀਨੇ ਪਹਿਲਾਂ ਇਸ ਮਾਮਲੇ ਬਾਰੇ ਸ਼ਿਕਾਇਤ ਕੀਤੀ ਸੀ, ਪਰ ਉਨ੍ਹਾਂ ਦੀ ਸ਼ਿਕਾਇਤ 'ਤੇ ਕੋਈ ਸੁਣਵਾਈ ਨਹੀਂ ਹੋਈ।ਅਧਿਆਪਕ ਗੁਰਨਾਮ ਸਿੰਘ ਨੇ ਕਿਹਾ ਕਿ ਜਦੋਂ ਥਾਣੇ ਵਿੱਚ ਕੋਈ ਸੁਣਵਾਈ ਨਹੀਂ ਹੋਈ ਤਾਂ ਉਨ੍ਹਾਂ ਨੇ ਮਾਣਯੋਗ ਅਦਾਲਤ ਵਿੱਚ ਸ਼ਿਕਾਇਤ ਕੀਤੀ, ਜਿਸ 'ਤੇ ਅਦਾਲਤ ਨੇ ਪੁਲਸ ਨੂੰ ਧਿਰ ਬਣਾਇਆ ਤੇ ਪੁਲਸ ਨੇ ਅਦਾਲਤ ਵਿੱਚ ਕਿਹਾ ਕਿ ਉਹ ਮਾਮਲੇ ਦੀ ਜਾਂਚ ਕਰਨਗੇ।ਅਧਿਆਪਕ ਗੁਰਨਾਮ ਸਿੰਘ ਨੇ ਕਿਹਾ ਕਿ ਇਸ ਤੋਂ ਬਾਅਦ ਪੁਲਸ ਨੇ ਜਾਂਚ ਸ਼ੁਰੂ ਕੀਤੀ ਤੇ ਇਸ ਮਾਮਲੇ ਵਿੱਚ ਆਪਣੀ ਕਾਰਵਾਈ ਪੂਰੀ ਕਰਨ ਤੋਂ ਬਾਅਦ ਸਾਬਕਾ ਪ੍ਰਿੰਸੀਪਲ ਸੁਰੇਸ਼ ਕੁਮਾਰ ਵਿਰੁੱਧ ਮਾਮਲਾ ਦਰਜ ਕਰ ਕੇ ਉਸ ਨੂੰ ਗਿਰਫ਼ਤਾਰ ਕਰ ਲਿਆ ਹੈ।

## ਸੁਰੇਸ਼ ਰਾਠੀ ਭਾਜਪਾ ਮੂਨਕ ਮੰਡਲ ਦਾ ਪ੍ਰਧਾਨ ਨਿਯੁਕਤ



**ਮੂਨਕ (ਰਾਜਪਾਲ ਸਿੰਗਲਾ)**-ਭਾਰਤੀ ਜਨਤਾ ਪਾਰਟੀ ਵੱਲੋਂ ਮੂਨਕ ਵਿਖੇ ਮੰਡਲ ਪ੍ਰਧਾਨ ਦੀ ਚੋਣ ਕੀਤੀ ਗਈ।ਚੋਣ ਕਰਨ ਲਈ ਜ਼ਿਲ੍ਹਾ ਪ੍ਰਧਾਨ ਅਮ੍ਰਿਤਰਾਜਦੀਪ ਸਿੰਘ ਚੱਠਾ ਪਹੁੰਚੇ, ਜਿਨ੍ਹਾਂ ਸਰਬਸੰਮਤੀ ਦੇ ਨਾਲ ਸੁਰੇਸ਼ ਰਾਠੀ ਨੂੰ ਮੂਨਕ ਮੰਡਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨੇ ਪਹੁੰਚੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਮੂਨਕ ਮੰਡਲ ਪ੍ਰਧਾਨ ਦੀ ਜ਼ਿੰਮੇਵਾਰੀ ਸੁਰੇਸ਼ ਰਾਠੀ ਨੂੰ ਦਿੱਤੀ ਗਈ ਹੈ, ਕਿਉਂਕਿ ਪਿਛਲੇ ਪ੍ਰਧਾਨ ਬਣੇ ਨੂੰ ਤਿੰਨ ਸਾਲ ਤੋਂ ਵੱਧ ਦਾ ਸਮਾਂ ਹੋ ਚੁੱਕਿਆ ਹੈ।ਭਾਰਤੀ ਜਨਤਾ ਪਾਰਟੀ ਵੱਲੋਂ ਹਰ ਤਿੰਨ ਸਾਲ ਬਾਅਦ ਨਵਾਂ ਪ੍ਰਧਾਨ ਨਿਯੁਕਤ ਕੀਤਾ ਜਾਂਦਾ ਹੈ।ਇਸ ਮੌਕੇ ਮੂਨਕ ਦੇ ਨਵੇਂ ਚੁਣੇ ਗਏ ਮੰਡਲ ਪ੍ਰਧਾਨ ਸੁਰੇਸ਼ ਰਾਠੀ ਨੇ ਕਿਹਾ ਕਿ ਬੇਸ਼ੱਕ ਉਹ ਪਾਰਟੀ ਦੇ ਅੰਦਰ ਲੰਮੀ ਸੇਵਾ ਕਰ ਚੁੱਕੇ ਹਨ, ਪਰ ਪੂਰੀ ਮਿਹਨਤ ਨਾਲ ਪਾਰਟੀ ਲਈ ਕੰਮ ਕਰਾਂਗਾ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸੁਵਿਧਾਵਾਂ ਨੂੰ ਲੋਕਾਂ ਤੱਕ ਲੈ ਕੇ ਜਾਵਾਂਗਾ ਤਾਂ ਜੋ ਲੋਕ ਵੱਧ ਤੋਂ ਵੱਧ ਲਾਭ ਲੈ ਸਕਣ ਤੇ ਪਾਰਟੀ ਦੇ ਕੰਮਾਂ ਨੂੰ ਦੇਖਦੇ ਹੋਏ ਪਾਰਟੀ ਦੇ ਨਾਲ ਜੁੜਨ।ਇਸ ਮੌਕੇ ਇਨ੍ਹਾਂ ਨਾਲ ਰਾਜ ਕੁਮਾਰ ਸੈਣੀ ਜ਼ਿਲ੍ਹਾ ਵਾਇਸ ਪ੍ਰਧਾਨ ਓਬੀਸੀ, ਜੋਧਾ ਸਿੰਘ ਬੰਗਾ ਓਬੀਸੀ ਸਕੱਤਰ, ਮੋਹਨ ਸਿੰਘ ਮਕੋਰੜ, ਮਨੀ ਸੁਰਜਨ ਭੈਣੀ, ਸਤੀਸ਼ ਕੁਮਾਰ, ਗੁਰਪ੍ਰੀਤ ਸਿੰਘ, ਤਰਸੇਮ ਸਿੰਘ, ਹਰਪਾਲ ਸਿੰਘ ਸ਼ੇਰਗੜ੍ਹ, ਪ੍ਰਵਾਨਾ ਸਿੰਘ ਬੁਸਹਿਰਾ ਹਾਜ਼ਰ ਸਨ।

## ਕਿੰਡਰ ਗਾਰਟਨ ਸਕੂਲ ਨੇ ਮਨਾਇਆ ਵਾਤਾਵਰਨ ਦਿਵਸ



**ਸਮਰਾਲਾ (ਸੁਰਜੀਤ ਸਿੰਘ)**-ਕਿੰਡਰ ਗਾਰਟਨ ਤੇ ਸੀਨੀਅਰ ਸੈਕੰਡਰੀ ਸਕੂਲ 'ਚ ਛੋਟੇ ਬੱਚਿਆਂ ਸਕੂਲ ਮੈਦਾਨ 'ਚ ਬੂਟੇ ਲਾ ਕੇ ਵਾਤਾਵਰਨ ਦਿਵਸ ਮਨਾਇਆ। ਸਕੂਲ ਵੱਲੋਂ ਬੱਚਿਆਂ ਨੂੰ ਇਸ ਖੁਸ਼ੀ ਦੀ ਘੜੀ 'ਚ ਬੂਟਿਆਂ ਦਾ ਪ੍ਰਸ਼ਾਦ ਵੰਡਿਆ ਗਿਆ ਤੇ ਬੱਚਿਆਂ ਨੂੰ ਪ੍ਰੇਰਿਆ ਗਿਆ ਕਿ ਜਿਹੜਾ ਬੂਟਾ ਤੁਸੀਂ ਆਪਣੇ ਘਰ ਦੇ ਵਿਹੜੇ ਜਾਂ ਬਾਹਰ ਲਾਓਗੇ, ਉਸ ਨੂੰ ਪਾਲਣਾ ਵੀ ਤੁਸੀਂ ਹੀ ਹੈ।ਬੱਚਿਆਂ ਨੇ ਇਕਮਤ ਹੋ ਕੇ ਇਹ ਵਾਅਦਾ ਕੀਤਾ ਕਿ ਉਹ ਇਨ੍ਹਾਂ ਬੂਟਿਆਂ ਦਾ ਆਪ ਖਿਆਲ ਰਖਣਗੇ। ਸਕੂਲ ਦੇ ਪ੍ਰਿੰਸੀਪਲ ਰਣਜੋਤ ਕੌਰ ਨੇ ਬੋਲਦਿਆਂ ਕਿਹਾ ਕਿ ਇਸ ਵਕਤ ਸਾਰੇ ਪੰਜਾਬ ਵਿੱਚ ਹੀ ਦਰੱਖਤਾਂ ਦੀ ਸਖ਼ਤ ਲੋੜ ਹੈ।ਕਿਸਾਨਾਂ ਨੂੰ ਵੀ ਜਿਸ ਕੋਲ ਪੰਜ ਏਕੜ ਜ਼ਮੀਨ ਹੈ, ਉਸ ਨੂੰ ਘੱਟੋ -ਘੱਟ ਇਕ ਕਨਾਲ ਵਿੱਚ ਦਰੱਖ਼ਤ ਲਾਉਣੇ ਚਾਹੀਦੇ ਹਨ।ਇਸ ਨਾਲ ਕੁਦਰਤੀ ਸੰਤੁਲਨ ਬਣਿਆ ਰਹੇਗਾ।ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਨੇ ਦੱਸਿਆ ਕਿ ਰੁੱਖ ਆਕਸੀਜਨ ਪ੍ਰਦਾਨ ਕਰਕੇ ਸਾਨੂੰ ਜੀਵਨ ਦਾਨ ਦਿੰਦੇ ਹਨ ਅਤੇ ਜੇ ਅਸੀਂ ਦਰੱਖ਼ਤ ਲਾਵਾਂਗੇ ਤਾਂ ਬਾਬੇ ਨਾਨਕ ਦੀ ਬਾਣੀ 'ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤ ਮਹਤ' ਦੀ ਪਾਲਣਾ ਕਰ ਰਹੇ ਹੋਵਾਂਗੇ। ਮੈਡਮ ਰਣਜੋਤ ਕੌਰ ਨੇ ਦੱਸਿਆ ਕਿ ਇਸ ਸੰਬੰਧ 'ਚ ਆਉਣ ਵਾਲੇ ਦਿਨਾਂ ਵਿੱਚ ਭਾਸ਼ਣ ਪ੍ਰਤੀਯੋਗਤਾ ਵੀ ਕਰਾਈ ਜਾਵੇਗੀ।ਇਸ ਪ੍ਰੋਗਰਾਮ 'ਚ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਅਧਿਆਪਕ ਵੀ ਸ਼ਾਮਲ ਸਨ।ਪ੍ਰੋਗਰਾਮ ਵਿੱਚ ਛੋਟੇ ਬੱਚਿਆਂ ਨੇ ਗਿੱਧਾ ਪਾ ਕੇ ਖੁਸ਼ੀ ਮਨਾਈ।

## ਅੰਮ੍ਰਿਤਪਾਲ ਸਿੰਘ ਖਾਲਸਾ ਵਿਧਾਇਕ ਲਾਡੀ ਢੋਸ ਵੱਲੋਂ ਸਨਮਾਨਤ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਆਮ ਆਦਮੀ ਪਾਰਟੀ ਵੱਲੋਂ ਸੰਗਠਨ ਦੇ ਵਿਸਥਾਰ ਤਹਿਤ ਕੀਤੀਆਂ ਗਈਆਂ ਨਿਯੁਕਤੀਆਂ 'ਚ ਜ਼ਿਲ੍ਹਾ ਮੋਗਾ ਦੇ ਮੀਡੀਆ ਸੈਕਟਰੀ ਦੀ ਜ਼ਿੰਮੇਵਾਰੀ ਪਾਰਟੀ ਦੇ ਫਾਊਂਡਰ ਮੈਂਬਰ ਤੇ ਮਿਹਨਤੀ ਆਗੂ ਅੰਮ੍ਰਿਤਪਾਲ ਸਿੰਘ ਖਾਲਸਾ ਦੀਨਾ ਸਾਹਿਬ ਨੂੰ ਦਿੱਤੀ ਗਈ ਹੈ।ਮੀਡੀਆ ਸੈਕਟਰੀ ਦੀ ਅਹਿਮ ਜ਼ਿੰਮੇਵਾਰੀ ਮਿਲਣ 'ਤੇ ਖਾਲਸਾ ਨੇ ਸਮੁੱਚੀ ਲੀਡਰਸ਼ਿਪ ਤੇ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਜ਼ਿਲ੍ਹਾ ਪ੍ਰਧਾਨ ਬਰਿੰਦਰ ਕੁਮਾਰ ਮਧੇਕੇ, ਮੀਡੀਆ ਦੇ ਜ਼ੋਨ ਇੰਚਾਰਜ਼ ਅਬਜਿੰਦਰ ਸੰਘਾ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸੇ ਤਹਿਤ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਨੇ ਢੋਸ ਨੇ ਆਪਣੇ ਘਰ ਰਸਮੀ ਤੌਰ 'ਤੇ ਕੀਤੇ ਸਮਾਗਮ 'ਚ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਮੀਡੀਆ ਸੈਕਟਰੀ ਲੱਗਣ 'ਤੇ ਲੋਈ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

## ...ਸ.ਫ਼ਾ 1 ਦੇ ਬਾਕੀ

### ਧਨਖੜ ਜੀ ਦੀ ਉੱਤਮ...

ਦਿੱਤਾ। ਮੌਜੂਦਾ 'ਜੀ-2' ਸਰਕਾਰ ਦੌਰਾਨ ਵੀ, ਉਨ੍ਹਾ ਨੇ ਵਿਰੋਧੀ ਧਿਰ ਨੂੰ ਜਿੰਨਾ ਸੰਭਵ ਹੋ ਸਕੇ ਜਗ੍ਹਾ ਦੇਣ ਦੀ ਕੋਸ਼ਿਸ਼ ਕੀਤੀ। ਧਨਖੜ ਨਿਯਮਾਂ, ਪ੍ਰਕਿਰਿਆਵਾਂ ਅਤੇ ਸ਼ਿਸ਼ਟਾਚਾਰ ਦੇ ਪੱਕੇ ਸਨ, ਪਰ ਉਨ੍ਹਾ ਨੂੰ ਲੱਗਦਾ ਸੀ ਕਿ ਉਨ੍ਹਾ ਦੀ ਭੂਮਿਕਾ ਵਿੱਚ ਇਨ੍ਹਾਂ ਚੀਜ਼ਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਧਨਖੜ ਦਾ ਅਸਤੀਫਾ ਉਨ੍ਹਾ ਬਾਰੇ ਬਹੁਤ ਕੁਝ ਕਹਿੰਦਾ ਹੈ ਅਤੇ ਉਨ੍ਹਾਂ ਲੋਕਾਂ ਦੇ ਇਰਾਦਿਆਂ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦਾ ਹੈ, ਜਿਨ੍ਹਾਂ ਨੇ ਉਨ੍ਹਾ ਨੂੰ ਉਪ ਰਾਸ਼ਟਰਪਤੀ ਦੇ ਅਹੁਦੇ ਤੱਕ ਪਹੁੰਚਾਇਆ ਸੀ।"

### ਮਾਨ ਦੀ ਧਾਮੀ ਨਾਲ...


ਤੋਂ ਧਮਕੀਆਂ ਦੇਣ ਵਾਲਿਆਂ ਦੇ ਆਈ ਪੀ ਐਡਰੈਸ ਪਤਾ ਕੀਤੇ ਜਾ ਰਹੇ ਹਨ ਅਤੇ ਜਿਵੇਂ ਹੀ ਇਹ ਆਈ ਪੀ ਐਡਰੈਸ ਮਿਲਦੇ ਹਨ, ਪੁਲਸ ਵੱਲੋਂ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਜਾਵੇਗਾ। ਉਨ੍ਹਾ ਦੱਸਿਆ ਕਿ ਫਿਲਹਾਲ ਇਨ੍ਹਾਂ ਧਮਕੀਆਂ ਨੂੰ ਮੱਦੇਨਜ਼ਰ ਰੱਖਦੇ ਹੋਏ ਪੁਲਸ ਵੱਲੋਂ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਇਸ ਦੇ ਨਾਲ ਹੀ ਪੁਲਸ ਨੂੰ ਹਦਾਇਤ ਕੀਤੀ ਗਈ ਹੈ ਕਿ ਕਿਸੇ ਯਾਤਰੂ ਨੂੰ ਨਜਾਇਜ਼ ਤੰਗ ਪਰੇਸ਼ਾਨ ਨਾ ਕੀਤਾ ਜਾਵੇ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵੀ ਵੱਖਰੇ ਤੌਰ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਨੂੰ ਸਮੁੱਚੀ ਸਥਿਤੀ ਤੋਂ ਜਾਣੂ ਕਰਵਾਇਆ ਗਿਆ ਹੈ। ਹੁਣ ਤੱਕ ਸ਼੍ਰੋਮਣੀ ਕਮੇਟੀ ਨੂੰ ਅਜਿਹੀਆਂ ਲੱਗਭੱਗ 10 ਧਮਕੀਆਂ ਭਰੇ ਈਮੇਲ ਆ ਚੁੱਕੇ ਹਨ।

## ਗੁਰੂ ਤੇਗ ਬਹਾਦਰ ਸਕੂਲ ਛਾਜਲੀ ਵਿਖੇ ਮੈਡੀਕਲ ਕੈਂਪ ਲਗਾਇਆ



**ਦਿੜ੍ਹਬਾ (ਜਸਵੀਰ ਲਾਡੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੰਜੀ. ਸੁਖਵਿੰਦਰ ਸਿੰਘ ਸਕੱਤਰ ਵਿੱਦਿਆ ਤੇ ਬੀਬੀ ਸਤਵੰਤ ਕੌਰ ਸਹਾਇਕ ਡਾਇਰੈਕਟਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰ ਸਾਲ ਦੀ ਤਰ੍ਹਾਂ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਛਾਜਲੀ ਵਿਖੇ ਸਾਲਾਨਾ ਮੈਡੀਕਲ ਕੈਂਪ ਨੀਲ ਕੰਠ ਮਲਟੀ-ਸਪੈਸ਼ਲਿਸਟ ਹਸਪਤਾਲ ਸੁਨਾਮ ਦੇ ਸਹਿਯੋਗ ਨਾਲ ਲਗਾਇਆ ਗਿਆ।ਨੀਲਕੰਠ ਹਸਪਤਾਲ ਤੋਂ ਡਾਕਟਰ ਪੁਸਵਿੰਦਰ ਸਿੰਘ ਜੋਸ਼ੀ ਨੇ ਕਿਹਾ ਕਿ ਅਸੀਂ ਹਸਪਤਾਲ ਦੀ ਸਮੁੱਚੀ ਟੀਮ ਵੱਲੋਂ ਇਸ ਤਰ੍ਹਾਂ ਦੇ ਫਰੀ ਕੈਂਪ ਪਿੰਡਾਂ ਤੇ ਸਕੂਲਾਂ ਵਿੱਚ ਲਾਉਂਦੇ ਰਹਿੰਦੇ ਹਾਂ ਤੇ ਜਿਸ ਨਾਲ ਲੋੜਵੰਦਾਂ ਦਾ ਭਲਾ ਹੋ ਜਾਂਦਾ ਹੈ।ਇਸ ਮੌਕੇ ਪ੍ਰਿੰਸੀਪਲ ਸ੍ਰ. ਗੁਰਪ੍ਰੀਤ ਸਿੰਘ ਰਟੋਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਲਗਭਗ 200 ਸਕੂਲੀ ਵਿਦਿਆਰਥੀਆਂ ਤੇ 100 ਤੋਂ ਵੱਧ ਇਲਾਕੇ ਦੇ ਲੋੜਵੰਦ ਵਿਅਕਤੀਆਂ ਦਾ ਦੰਦਾਂ, ਅੱਖਾਂ ਤੇ ਮੈਡੀਸਨ ਫਰੀ ਚੈੱਕਅਪ ਕੀਤਾ ਗਿਆ ਤੇ ਜ਼ਰੂਰਤ ਅਨੁਸਾਰ ਦਵਾਈਆਂ ਫਰੀ ਵੰਡੀਆਂ ਗਈਆਂ ਤੇ ਨਾਲ ਹੀ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਲੋਕਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ. ਹਰਨੇਕ ਸਿੰਘ ਪੂੰਨੀਆ, ਨੰਬਰਦਾਰ ਪਰਮਜੀਤ ਸਿੰਘ, ਆਸਾ ਸਿੰਘ, ਗ੍ਰਾਮ ਪੰਚਾਇਤ ਛਾਜਲੀ ਤੋਂ ਸਰਪੰਚ ਗੁਰਬਿਆਸ ਸਿੰਘ, ਕੋ-ਅਪ੍ਰੇਟਿਵ ਸੋਸਾਇਟੀ ਦੇ ਪ੍ਰਧਾਨ ਮੁਖਤਿਆਰ ਸਿੰਘ ਸਿੱਧੂ, ਬਿਕਰਮਜੀਤ ਸਿੰਘ ਵਿੱਕੀ ਅਕਾਲੀ ਆਗੂ, ਸੰਸਾਰ ਸਿੰਘ ਬੋਲਾ, ਹੁਸਨਪ੍ਰੀਤ ਸਿੰਘ ਚਾਹਲ ਪੰਚ, ਭਰਪੂਰ ਸਿੰਘ ਕਾਹਲ, ਨਿਰਮਲ ਸਿੰਘ ਸਹਾਰਨ, ਸਤਨਾਮ ਸਿੰਘ ਨੰਬਰਦਾਰ, ਦਰਸ਼ਨ ਸਿੰਘ ਕੰਬੋਜ, ਸੁਖਬੀਰ ਸਿੰਘ, ਤਰਸੇਮ ਸਿੰਘ, ਸ਼ਿੰਗਾਰਾ ਸਿੰਘ ਗੁੱਜਰਾਂ ਢਾਡੀ ਤੇ ਸਮੂਹ ਪੰਚਾਇਤ ਮੈਂਬਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਲੋਕ ਸੇਵਾ ਕਲੱਬ ਦੇ ਪ੍ਰਧਾਨ ਹਰਪ੍ਰੀਤ ਸਿੰਘ, ਖੁਸ਼ਪ੍ਰੀਤ ਸਿੰਘ ਤੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਰਿਹਾ।

## 25 ਦੀ ਕਿਸਾਨ-ਮਜ਼ਦੂਰ ਰੈਲੀ ਦਾ ਸਮਰਥਨ ਕਰੇਗਾ ਪਿਛੜਾ ਵਰਗ ਮੋਰਚਾ




**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-25 ਜੁਲਾਈ ਨੂੰ ਸੰਗਰੂਰ ਵਿਖੇ ਹੋਣ ਜਾ ਰਹੀ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਵੱਖ-ਵੱਖ ਜਥੇਬੰਦੀਆਂ ਦੀ ਰੈਲੀ ਦਾ ਰਾਸ਼ਟਰੀ ਪਿਛੜਾ ਵਰਗ ਮੋਰਚਾ ਸਮਰਥਨ ਰੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਦੀਪ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਡਾ. ਹਰਗੁਰਪ੍ਰਤਾਪ ਸਿੰਘ, ਸੀਨੀਅਰ ਮੀਤ ਪ੍ਰਧਾਨ ਰਾਸ਼ਟਰੀ ਪਿਛੜਾ ਵਰਗ ਮੋਰਚਾ ਨੇ ਵੱਖ-ਵੱਖ ਸੰਸਥਾਵਾਂ ਦੇ ਰਾਜਨੀਤਕ ਕਾਰਕੁੰਨਾਂ ਦੇ ਨਾਲ ਮੀਟਿੰਗ ਦੌਰਾਨ ਕਹੇ।ਦੀਪ ਹਸਪਤਾਲ ਦੇ ਅੰਬੇਡਕਰ-ਭਗਤ ਸਿੰਘ ਸੈਮੀਨਾਰ ਹਾਲ ਵਿਖੇ 20 ਦੇ ਕਰੀਬ ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦਿਆਂ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਸੰਗਰੂਰ ਇਲਾਕੇ ਵਿੱਚ ਪੰਜਾਬ ਸਰਕਾਰ ਦੁਆਰਾ ਦਲਿਤਾਂ ਦੇ ਹੱਕਾਂ ਵਾਸਤੇ ਸੰਘਰਸ਼ ਕਰ ਰਹੇ ਸੰਗਠਨ 'ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ' ਤੇ ਕਾਰਕੁੰਨਾਂ 'ਤੇ ਹੋ ਰਹੇ ਪੁਲਸੀਆ ਜਬਰ , ਗ੍ਰਿਫ਼ਤਾਰੀਆਂ, ਲਾਠੀਚਾਰਜ ਤੇ ਵਿਸਥਾਰ ਨਾਲ ਗੱਲ ਕੀਤੀ ਗਈ ਤੇ ਇਸ ਬਾਰੇ ਵੱਖ-ਵੱਖ ਜਥੇਬੰਦੀਆਂ ਵੱਲੋਂ ਇਕਜੁਟ ਹੋ ਕੇ 25 ਜੁਲਾਈ ਨੂੰ ਸੰਗਰੂਰ ਵਿੱਚ ਕੀਤੀ ਜਾ ਰਹੀ ਰੈਲੀ ਸਬੰਧੀ ਜਾਗਰੂਕ ਕੀਤਾ ਗਿਆ। ਮੋਰਚੇ ਦੇ ਸੀਨੀਅਰ ਮੀਤ ਪ੍ਰਧਾਨ ਡਾਕਟਰ ਹਰਗੁਰਪ੍ਰਤਾਪ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਹਰ ਜਬਰ ਦਾ ਟਾਕਰਾ ਸੰਗਠਿਤ ਤੇ ਦ੍ਰਿੜ ਇੱਛਾ ਸ਼ਕਤੀ ਵਾਲੀ ਲੋਕ ਤਾਕਤ ਹੀ ਦੇ ਸਕਦੀ ਹੈ ਤੇ ਕਿਸਾਨ, ਮਜ਼ਦੂਰ, ਪਿਛੜਾ ਵਰਗ ਦੀ ਸਾਂਝੀਲੋਕ-ਤਾਕਤ ਦੀ ਦੇ ਸਕਦੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਚੋਰਾਂ ਵੱਲੋਂ ਬਿਜਲੀ ਦੀ ਦੁਕਾਨ ਤੋਂ ਕੀਮਤੀ ਸਾਮਾਨ ਤੇ ਨਕਦੀ ਚੋਰੀ

**ਕਾਦੀਆਂ (ਸਾਵਰਿੰਦਰ ਸਿੰਘ ਮਲੋਤਰਾ)-** ਬੀਤੀ ਰਾਤ ਠੀਕਰੀਵਾਲ ਰੋਡ ਸਥਿਤ ਸਿੱਖ ਨੈਸ਼ਨਲ ਕਾਲਜ ਦੇ ਕੋਲ ਦੁਕਾਨ ਦੇ ਤਾਲੇ ਤੋੜ ਕੇ ਤਿੰਨ ਐੱਲਈਡੀਆਂ, ਦੋ ਜੂਸਰ ਗਰੰਡਰ, ਮੋਬਾਇਲ ਹੈੱਡਫੋਨ ਅਤੇ 25 ਹਜ਼ਾਰ ਰੁਪਏ ਦੀ ਨਗਦੀ ਚੋਰੀ ਕਰਕੇ ਚੋਰ ਫਰਾਰ ਹੋ ਗਏ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰੂ ਰਾਮਦਾਸ ਇਲੈਕਟ੍ਰੀਸ਼ਨ ਇਲੈਕਟ੍ਰਾਨਿਕਸ ਦੇ ਮਾਲਕ ਰਾਜਵਿੰਦਰ ਸਿੰਘ ਨੇ ਦੱਸਿਆ ਕਿ ਉਸ ਦੀ ਠੀਕਰੀਵਾਲ ਰੋਡ ਸਥਿਤ ਦੁਕਾਨ ਹੈ ਜੋ ਕਿ ਰੋਜ਼ਾਨਾ ਦੀ ਤਰ੍ਹਾਂ ਆਪਣੀ ਦੁਕਾਨ ਨੂੰ ਬੰਦ ਕਰਕੇ ਘਰ ਚਲਾ ਗਿਆ। ਸਵੇਰੇ ਦੁਕਾਨਦਾਰ ਸਾਥੀਆਂ ਨੇ ਫੋਨ ਕੀਤਾ ਕਿ ਤੇਰੀ ਦੁਕਾਨ ਦੇ ਤਾਲੇ ਟੁੱਟੇ ਹੋਏ ਹਨ।ਮੈਂ ਤੇ ਆ ਕੇ ਦੇਖਿਆ ਤਾਂ ਦੁਕਾਨ ਦੇ ਤਾਲੇ ਟੁੱਟੇ ਹੋਏ ਸਨ ਅਤੇ ਚੋਰਾਂ ਵੱਲੋਂ ਦੁਕਾਨ ਦੇ ਅੰਦਰੋਂ ਕੀਮਤੀ ਸਾਮਾਨ ਅਤੇ 25 ਹਜ਼ਾਰ ਰੁਪਏ ਦੀ ਨਗਦੀ ਚੋਰੀ ਕੀਤੀ ਗਈ ਸੀ।ਸਾਮਾਨ ਦੀ ਕੀਮਤ 1 ਲੱਖ 10 ਹਜ਼ਾਰ ਰੁਪਏ ਬਣਦੀ ਹੈ।ਦੁਕਾਨਦਾਰ ਨੇ ਦੱਸਿਆ ਕਿ ਇਸ ਸਬੰਧੀ ਉਸ ਨੇ ਕਾਦੀਆਂ ਪੁਲਸ ਨੂੰ ਸੂਚਿਤ ਕਰ ਦਿੱਤਾ ਹੈ। ਕਾਦੀਆਂ ਪੁਲਸ ਦੇ ਵੱਲੋਂ ਘਟਨਾ ਸਥਾਨ ਦਾ ਜਾਇਜ਼ਾ ਲੈਣ ਉਪਰੰਤ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਦੁਕਾਨਦਾਰ ਨੇ ਦੱਸਿਆ ਕਿ ਇਹ ਕਾਦੀਆਂ ਸ਼ਹਿਰ ਦੇ ਵਿੱਚ ਚੋਰਾਂ ਦੇ ਹੌਂਸਲੇ ਬੁਲੰਦ ਹਨ ਅਤੇ ਦੁਕਾਨਦਾਰ ਸੁਰੱਖਿਅਤ ਨਹੀਂ ਹਨ।ਸਮਾਜ ਦੁਕਾਨਦਾਰਾਂ ਨੇ ਪੁਲਸ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਦੇ ਕੋਲੋਂ ਮੰਗ ਕੀਤੀ ਹੈ ਕਿ ਸ਼ਹਿਰ ਵਿੱਚ ਬੇਖੌਫ ਘੁੰਮਦੇ ਅਜਿਹੇ ਚੋਰਾਂ ਨੂੰ ਨਕੇਲ ਕੱਸਣੀ ਚਾਹੀਦੀ ਹੈ ਅਤੇ ਇਨ੍ਹਾਂ ਨੂੰ ਕਾਬੂ ਕਰਕੇ ਇਨ੍ਹਾਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਭਵਿੱਖ ਵਿੱਚ ਕੋਈ ਅਜਿਹੀਆਂ ਘਟਨਾਵਾਂ ਮੁੜ ਨਾ ਵਾਪਰ ਸਕਣ।



## ਵਿਸ਼ਵ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਨੇ ਪੰਜਾਬ ਸਾਹਿਤਕ ਮੰਚ ਜਲੰਧਰ ਦੇ ਸਹਿਯੋਗ ਨਾਲ ਕਰਵਾਇਆ ਸਨਮਾਨ ਸਮਾਰੋਹ/ਕਵੀ ਦਰਬਾਰ



**ਚੋਹਲਾ ਸਾਹਿਬ (ਰਮਨਚੱਢਾ)-** ਐਤਵਾਰ ਵਾਲੇ ਦਿਨ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿੱਚ ਵਿਸ਼ਵ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਵੱਲੋਂ ਪੰਜਾਬ ਸਾਹਿਤਕ ਮੰਚ ਜਲੰਧਰ ਦੇ ਸਹਿਯੋਗ ਨਾਲ ਅਤੇ [illegible] ਅਦਬੀ ਕਿਰਨਾਂ ਸਾਹਿਤਕ ਮੰਚ ਬਠਿੰਡਾ ਦੇ ਸਹਿਯੋਗ ਨਾਲ ਬਹੁਤ ਹੀ ਸ਼ਾਨਦਾਰ ਸਨਮਾਨ ਸਮਾਰੋਹ ਅਤੇ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਭਰ ਤੋਂ ਪਹੁੰਚੀਆਂ ਉੱਘੀਆਂ ਸ਼ਖ਼ਸੀਅਤਾਂ ਨੂੰ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ। ਆਲੋਚਕ ਚਿੰਤਕ ਅਤੇ ਵਾਰਤਕ ਲਿਖਾਰੀ [illegible] ਨੂੰ ਡਾ. ਭੀਮ ਰਾਓ ਅੰਬੇਡਕਰ ਪੁਰਸਕਾਰ ਨਾਲ ਨਿਵਾਜਿਆ ਗਿਆ। ਪ੍ਰਿੰ. ਦਰਸ਼ਨ ਸਿੰਘ ਬਰੇਟਾ ਨੂੰ ਸਾਧੂ ਸਿੰਘ ਹਮਦਰਦ ਯਾਦਗਾਰੀ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ। ਲੋਕ ਗਾਇਕ ਸੁਰਿੰਦਰ ਸ਼ਿੰਦਾ ਦੇ ਸ਼ਾਗਿਰਦ ਕਾਕਾ ਨੂਰ ਨੂੰ ਯਮਲਾ ਜੱਟ ਪੁਰਸਕਾਰ ਨਾਲ ਸਨਮਾਨਿਆ। ਲਾਲੀ ਕਰਤਾਰਪੁਰੀ ਨੂੰ ਸ਼ਾਨ-ਏ-ਮਹਿਫਲ ਪੁਰਸਕਾਰ, ਕੁਲਵਿੰਦਰ ਕੌਰ ਢਿੱਲੋਂ ਰਾਮਪੁਰਾ ਫੂਲ ਦੀ ਪੁਸਤਕ 'ਮਹਿਸੂਸ ਤਾਂ ਕਰ' ਲਈ ਅਰਪਣ ਕੀਤੀ ਗਈ। ਸੁਖਦੇਵ ਸਿੰਘ ਗੰਡਵਾ ਉਪ ਪ੍ਰਧਾਨ ਪੰਜਾਬ ਸਾਹਿਤਕ ਮੰਚ ਜਲੰਧਰ ਨੂੰ ਉਨ੍ਹਾਂ ਦੀ ਪੁਸਤਕ 'ਧਰਤੀ ਪੰਜਾਬ ਦੀਏ' ਲਈ ਸਨਮਾਨਿਤ ਕੀਤਾ। ਪਵਨਜੀਤ ਕੌਰ ਪੰਚਕੂਲਾ ਨੂੰ ਪੁਸਤਕ 'ਮੁਸਕਰਾਉਂਦਾ ਹੋਇਆ ਬਨਮਾਨਸ' ਲਈ ਸਨਮਾਨਿਤ ਕੀਤਾ। ਰਜਨੀਸ਼ ਬਬਲੀ ਨੂੰ ਉਨ੍ਹਾਂ ਦੀ ਪੁਸਤਕ 'ਪ੍ਰਥਮ ਪੁਲਾਂਘ' ਲਈ ਸਨਮਾਨਿਤ ਮਿਲਿਆ। ਲੇਖਕ ਪ੍ਰਕਾਸ਼ ਕੌਰ ਪਾਸ਼ਾ ਨੂੰ ਉਨ੍ਹਾਂ ਦੀ ਪੁਸਤਕ 'ਯਾਦਾਂ ਅਤੇ ਸੁਨੇਹੇ' ਲਈ ਵਿਸ਼ੇਸ਼ ਤੌਰ 'ਤੇ ਪੁਰਸਕਾਰ ਦੇ ਕੇ ਨਿਵਾਜਿਆ ਗਿਆ। ਪੰਜਾਬ ਸਾਹਿਤਕ ਮੰਚ ਜਲੰਧਰ ਦੀ ਪੂਰੀ ਟੀਮ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਪ੍ਰੈੱਸ ਰਿਪੋਰਟਰ ਅਤੇ ਲਿਖਾਰੀ ਧਰਮ ਸਿੰਘ ਪੰਨੂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਵਿਸ਼ਵ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਦੀ ਪੂਰੀ ਟੀਮ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਪੰਜਾਬ ਸਾਹਿਤਕ ਮੰਚ ਜਲੰਧਰ ਵੱਲੋਂ ਵਿਸ਼ਵ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਦੇ ਪ੍ਰਧਾਨ ਹਰਜਸ਼ਨ ਸਿੰਘ ਭਗਰੱਥ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ, ਧਰਮਿੰਦਰ ਔਲਖ ਨੂੰ 'ਮਿੱਤਰ ਪਿਆਰੇ' ਪੁਰਸਕਾਰ ਦੇ ਕੇ ਨਿਵਾਜਿਆ। ਕੁੱਲ ਮਿਲਾ ਕੇ ਸਾਹਿਤ ਜਗਤ ਦੀਆਂ 34 ਮਹਾਨ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਵੱਲੋਂ ਕਰਵਾਇਆ ਗਿਆ ਇਹ ਪ੍ਰੋਗਰਾਮ ਆਪਣੀ ਇੱਕ ਵਿਲੱਖਣ ਪਹਿਚਾਣ ਬਣਾਉਣ ਵਿੱਚ ਪੂਰੀ ਤਰ੍ਹਾਂ ਸਫ਼ਲ ਰਿਹਾ। ਰਘਬੀਰ ਸਿੰਘ ਆਨੰਦ ਚੇਅਰਮੈਨ ਵਿਸ਼ਵ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਰਜੇਸ਼ ਸ਼ਹਿਦੇਵਾ, ਜਨਰਲ ਸੈਕਟਰੀ ਅਵਤਾਰ ਸਿੰਘ ਗੋਇੰਦਵਾਲ, ਉਪ ਪ੍ਰਧਾਨ ਵਰਨ ਸੂਦ, ਵਿੱਤ ਸਕੱਤਰ ਅਤੇ ਗੁਰਮੀਤ ਸਿੰਘ ਜੇਈ ਪ੍ਰੈੱਸ ਅਤੇ ਪ੍ਰਚਾਰ ਸਕੱਤਰ ਨੇ ਆਏ ਹੋਏ ਸਾਹਿਤਕ ਸਾਥੀਆਂ ਨੂੰ ਜੀ ਆਇਆਂ ਕਿਹਾ। ਕੁਲਵਿੰਦਰ ਸਿੰਘ ਗਾਖਲ ਪ੍ਰਧਾਨ ਪੰਜਾਬ ਸਹਿਤਕ ਮੰਚ ਜਲੰਧਰ ਨੇ ਸਟੇਜ ਸੈਕਟਰੀ ਦੀ ਭੂਮਿਕਾ ਬਾਖੂਬੀ ਨਿਭਾਈ।

## ਡੱਲੇਕੇ ਦੀ ਸਮੁੱਚੀ ਪੰਚਾਇਤ 'ਆਪ' ਵਿੱਚ ਸ਼ਾਮਿਲ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)—** ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਪਿੰਡ ਡੱਲੇਕੇ ਤੋਂ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ ਜਦ ਮੌਜੂਦਾ ਸਰਪੰਚ ਸਿਮਰਜੀਤ ਕੌਰ ਅਤੇ ਸਾਬਕਾ ਸਰਪੰਚ ਦਵਿੰਦਰ ਸਿੰਘ, ਪੰਚ ਸੁਰਿੰਦਰ ਕੌਰ, ਪੰਚ ਬਲਵਿੰਦਰ ਸਿੰਘ, ਪੰਚ ਜੱਸਾ ਸਿੰਘ, ਨੰਬਰਦਾਰ ਗੁਰਮਨਜੀਤ ਸਿੰਘ, ਬਾਜ ਸਿੰਘ, ਗੁਰਸੇਵਕ ਸਿੰਘ, ਗੁਰਲਾਲ ਸਿੰਘ ਆਦਿ ਸਮੁੱਚੀ ਪੰਚਾਇਤ ਸਮੇਤ ਆਮ ਆਦਮੀ ਪਾਰਟੀ ਹਲਕਾ ਰਾਜਾਸਾਂਸੀ ਦੇ ਇੰਚਾਰਜ ਮੈਡਮ ਸੋਨੀਆ ਮਾਨ ਦੀ ਅਗਵਾਈ ਹੇਠ ਆਪ ਵਿੱਚ ਸ਼ਾਮਿਲ ਹੋਏ।ਇਸ ਮੌਕੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਵੱਲੋਂ ਸ਼ਾਮਿਲ ਹੋਏ ਵਿਅਕਤੀ ਨੂੰ ਪਾਰਟੀ ਦੇ ਮਫਲਰ ਪਾ ਕੇ ਸਨਮਾਨਿਤ ਕੀਤਾ ਤੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਮੈਡਮ ਸੋਨੀਆ ਮਾਨ ਨੇ ਕਿਹਾ ਕਿ ਆਮ ਆਦਮੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ।

## ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰਥਕ ਨਤੀਜੇ ਆਉਣੇ ਸ਼ੁਰੂ: ਅਮਰਪਾਲ ਸਿੰਘ

**ਸ੍ਰੀ ਹਰਗੋਬਿੰਦਪੁਰ ਸਾਹਿਬ (ਡਾ. ਮਲਵਿੰਦਰ ਸਿੰਘ)-** ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਵੱਲੋਂ ਪਿੰਡ ਬਹਾਦਰਪੁਰ ਹੁਸੈਨ ਵਿਖੇ ਯੁੱਧ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੇ ਦੂਜੇ ਪੜਾਅ ਤਹਿਤ ਲੋਕਾਂ ਨੂੰ ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ 'ਨਸ਼ਾ ਮੁਕਤੀ ਯਾਤਰਾ' ਮੁਹਿੰਮ ਨਾਲ ਜੁੜ ਕੇ ਇਸ ਨੂੰ ਇਕ ਲੋਕ ਲਹਿਰ ਬਣਾਉਣ ਦਾ ਸੱਦਾ ਦਿੱਤਾ ਗਿਆ।'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਸੰਜੀਦਾ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰਥਕ ਨਤੀਜੇ ਆਉਣੇ ਸ਼ੁਰੂ ਹੋ ਗਏ ਹਨ।ਇਸ ਮੌਕੇ ਪੁਲਿਸ ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਵਲੋਂ ਵੀ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂੰ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਪੁਲਸ ਵਿਭਾਗ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਲੋਕਾਂ ਨੂੰ ਕਿਹਾ ਕਿ ਜੇਕਰ ਕੋਈ ਵੀ ਨਸ਼ਿਆ ਸਬੰਧੀ ਗਤੀਵਿਧੀ ਧਿਆਨ ਵਿੱਚ ਆਉਂਦੀ ਹੈ ਤਾਂ ਇਕ ਜ਼ਿੰਮੇਵਾਰ ਨਾਗਰਿਕ ਦੀ ਭੂਮਿਕਾ ਨਿਭਾਉਂਦਿਆਂ ਇਸ ਦੀ ਸੂਚਨਾ ਪੁਲਸ ਵਿਭਾਗ ਨੂੰ ਦਿੱਤੀ ਜਾਵੇ।ਇਸ ਮੌਕੇ ਅਮਰੀਕ ਸਿੰਘ ਗੋਲਡੀ, ਸਰਪੰਚ ਦਿਲਬਾਗ ਸਿੰਘ, ਮਨਜੀਤ ਸਿੰਘ ਹਰਦਾਨ, ਪੀ.ਏ. ਸੁਖਦੇਵ ਸਿੰਘ ਰੋਮੀ, ਪੀ. ਏ. ਰਾਜੂ ਭਿੰਡਰ, ਸਾਬਕਾ ਸਰਪੰਚ ਨਰਿੰਦਰ ਨਿੰਦੀ ਘੁਮਾਣ, ਐਕਸ ਚੇਅਰਮੈਨ ਕੁਲਵੰਤ ਬੀਰ ਘੁਮਾਣ, ਜ਼ਿਲ੍ਹਾ ਸੋਸ਼ਲ ਮੀਡੀਆ ਇੰਚਾਰਜ ਪਰਮਬੀਰ ਰਾਣਾ, ਸੈਕਟਰੀ ਸੋਸ਼ਲ ਮੀਡੀਆ ਜੋਨੀ ਘੁਮਾਣ, ਹਨੀ ਦਿਉਲ, ਜੱਜ ਸੰਦਲਪੁਰ, ਸਰਪੰਚ ਲਾਡੀ ਨੂਰਪੁਰ, ਸਰਪੰਚ ਗੁਰਮੀਤ ਸਿੰਘ ਚੋਲਚੱਕ ਅਤੇ ਮਾਸਟਰ ਸੁਖਦੇਵ ਸਿੰਘ ਅਤੇ ਪਿੰਡ ਵਾਸੀ ਹਾਜ਼ਰ ਸਨ।



## ਪੰਜਾਬ ਵਾਚ ਕੰਪਨੀ ਨਾਂਅ ਦੀ ਦੁਕਾਨ 'ਤੇ ਗੋਲੀਆਂ ਚਲਾਉਣ ਵਾਲਾ ਨੌਜਵਾਨ ਪੁਲਸ ਐਨਕਾਊਂਟਰ 'ਚ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)-** ਗੁਰਦਾਸਪੁਰ ਦੇ ਮੇਨ ਬਾਜ਼ਾਰ ਸਥਿਤ ਪੰਜਾਬ ਵਾਚ ਕੰਪਨੀ ਦੀ ਦੁਕਾਨ 'ਤੇ ਬੀਤੇ ਦਿਨੀਂ ਗੋਲੀਆਂ ਮਾਰ ਕੇ ਫ਼ਰਾਰ ਹੋਣ ਵਾਲੇ ਦੋ ਨੌਜਵਾਨਾਂ ਵਿਚੋਂ ਇਕ ਨੌਜਵਾਨ ਨੂੰ ਐਨਕਾਊਂਟਰ ਕਰਕੇ ਪੁਲਸ ਨੇ ਗ੍ਰਿਫਤਾਰ ਕਰ ਲਿਆ ਹੈ। ਐਨਕਾਊਂਟਰ ਵਾਲੀ ਜਗ੍ਹਾ ਦਾ ਜਾਇਜ਼ਾ ਲੈਣ ਪਹੁੰਚੇ ਐੱਸਐੱਸਪੀ ਗੁਰਦਾਸਪੁਰ ਅਦਿੱਤਯ ਨੇ ਦੱਸਿਆ ਕਿ 17 ਜੁਲਾਈ ਨੂੰ ਪੰਜਾਬ ਵਾਚ ਕੰਪਨੀ ਦੀ ਦੁਕਾਨ ਜੋ ਬਾਟਾ ਚੌਕ ਵਿਚ ਪੈਂਦੀ ਹੈ, ਦੇ ਉਪਰ ਗੋਲੀ ਚਲਾਉਣ ਵਾਲੇ ਦੋ ਨੌਜਵਾਨਾਂ ਵਿਚੋਂ ਇਕ ਨੌਜਵਾਨ ਨੂੰ ਤੜਕਸਕਾਰ ਬੱਬਰੀ ਬਾਈਪਾਸ ਨਾਲੇ ਨਜ਼ਦੀਕ ਪੁਲਸ ਨੇ ਜਦੋਂ ਘੇਰਾ ਪਾਇਆ ਤਾਂ ਉਸ ਨੇ ਪੁਲਸ 'ਤੇ ਗੋਲੀ ਚਲਾ ਦਿੱਤੀ ਅਤੇ ਉਸ ਤੋਂ ਬਾਅਦ ਪੁਲਸ ਨੇ ਵੀ ਜਵਾਬੀ ਕਾਰਵਾਈ ਦੇ ਵਿੱਚ ਨੌਜਵਾਨ ਦੇ ਮੋਟਰਸਾਈਕਲ 'ਤੇ ਫਾਇਰਿੰਗ ਕੀਤੀ ਤੇ ਇਕ ਗੋਲੀ ਨੌਜਵਾਨ ਦੀ ਲੱਤ 'ਤੇ ਵੱਜੀ ਜਿਸ ਤੋਂ ਬਾਅਦ ਉਹ ਜ਼ਖਮੀ ਹੋ ਕੇ ਮੋਟਰਸਾਈਕਲ ਤੋਂ ਡਿਗ ਪਿਆ। ਨੌਜਵਾਨ ਨੂੰ ਪੁਲਸ ਨੇ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਦਾਖਲ ਕਰਵਾਇਆ ਹੈ। ਨੌਜਵਾਨ ਪਾਸੋਂ ਇਕ ਪਿਸਤੌਲ ਵੀ ਬਰਾਮਦ ਕੀਤਾ ਗਿਆ ਹੈ। ਉਕਤ ਨੌਜਵਾਨ ਦੀ ਪਹਿਚਾਣ ਰਾਹੁਲ ਗਿੱਲ ਪੁੱਤਰ ਅਨਿਲ ਵਾਸੀ ਗੀਤਾ ਭਵਨ ਗੁਰਦਾਸਪੁਰ ਵਜੋਂ ਹੋਈ ਹੈ। ਜਾਂਚ ਪੜਤਾਲ ਕਰਨ ਤੋਂ ਬਾਅਦ ਪਤਾ ਲਗਾਇਆ ਜਾਵੇਗਾ ਕਿ ਉਸਨੇ ਗੋਲੀ ਕਿਉਂ ਚਲਾਈ ਸੀ? ਐੱਸਐੱਸਪੀ ਗੁਰਦਾਸਪੁਰ ਅਦਿੱਤਯ ਨੇ ਦੱਸਿਆ ਕਿ ਗੋਲੀ ਚਲਣ ਵਾਲੀ ਘਟਨਾ ਤੋਂ ਬਾਅਦ ਪੂਰੇ ਸ਼ਹਿਰ ਦੀ ਪੁਲਸ ਅਲਰਟ 'ਤੇ ਸੀ ਅਤੇ ਦੋਸ਼ੀਆਂ ਨੂੰ ਲਭਣ ਵਾਸਤੇ ਥਾਂ-ਥਾਂ 'ਤੇ ਨਾਕਾਬੰਦੀ ਕੀਤੀ ਗਈ ਸੀ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਇਸ ਘਟਨਾ ਵਿਚ ਸ਼ਾਮਿਲ ਦੂਸਰੇ ਨੌਜਵਾਨ ਨੂੰ ਵੀ ਜਲਤ ਗ੍ਰਿਫਤਾਰ ਕਰ ਲਿਆ ਜਾਵੇਗਾ।



## ਬਾਬਾ ਸ਼ਾਹੂ ਸ਼ਾਹ ਦਾ ਸਾਲਾਨਾ ਜੋੜ ਮੇਲਾ ਯਾਦਗਾਰੀ ਹੋ ਨਿੱਬੜਿਆ

**ਚੋਹਲਾ ਸਾਹਿਬ (ਰਮਨ ਚੱਢਾ)-** ਸਮੂਹ ਨਗਰ ਨਿਵਾਸੀਆਂ ਅਤੇ ਐੱਨ ਆਰੀ ਆਈ ਸੰਗਤਾਂ ਦੇ ਸਹਿਯੋਗ ਨਾਲ ਚੋਹਲਾ ਸਾਹਿਬ ਵਿਖੇ ਪੀਰ ਬਾਬਾ ਸ਼ਾਹੂ ਸ਼ਾਹ ਜੀ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਬੜ੍ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੇਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਿਸ਼ਾਨ ਸਿੰਘ ਅਤੇ ਥਾਣੇਦਾਰ ਮਨਮੋਹਨ ਸਿੰਘ ਨੇ ਦੱਸਿਆ ਕਿ ਸਵੇਰ ਸਮੇਂ ਸਰਕਾਰ ਸੱਤੇ ਸ਼ਾਹ ਜੀ ਕਾਦਰੀ ਮੰਨਣਾ ਵਾਲਿਆਂ ਵੱਲੋਂ ਪੀਰ ਦੀ ਦਰਗਾਹ ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤਾ ਗਈ। ਉਨ੍ਹਾਂ ਦੱਸਿਆ ਕਿ ਸੈਂਕੜੇ ਸੰਗਤਾਂ ਵੱਲੋਂ ਪੀਰ ਜੀ ਦੀ ਦਰਗਾਹ ਤੇ ਮੱਥਾ ਟੇਕਕੇ ਆਪਣਾ ਜੀਵਨ ਸਫਲਾ ਕੀਤਾ ਗਿਆ। ਉਪਰੰਤ ਬੱਸ ਸਟੈਂਡ ਵਿੱਚ ਲੱਗੇ ਪੰਡਾਲ ਵਿੱਚ ਪੰਜਾਬ ਦੇ ਮਸ਼ਹੂਰ ਗਾਇਕ ਜੋਤੀ ਸ਼ਾਹੀ, ਕੁਲਵਿੰਦਰ, ਗੁਰਮੀਤ ਪੰਜਾਬੀ, ਬੀਬਾ ਕੌਰ ਸੁਖਵੰਤ, ਹੁਸਨਦੀਪ, ਰਜਿੰਦਰ ਹੰਸ, ਲੱਕੀ ਚੋਹਲਾ ਆਦਿ ਨੇ ਆਪਣੇ ਆਪਣੇ ਫਨ ਦਾ ਮੁਜ਼ਾਹਰਾ ਕਰਕੇ ਸਾਰਿਆਂ ਨੂੰ ਮੰਤਰ ਮੁਗਧ ਕਰ ਦਿੱਤਾ। ਇਸ ਤੋਂ ਬਾਅਦ ਸ਼ਾਮ ਵੇਲੇ ਸ੍ਰੀ ਗੁਰੂ ਅਰਜਨ ਦੇਵ ਅੰਤਰ ਰਾਸ਼ਟਰੀ ਖੇਡ ਸਟੇਡੀਅਮ ਚੋਹਲਾ ਸਾਹਿਬ ਵਿਖੇ ਪ੍ਰਸਿੱਧ ਕਬੱਡੀ ਟੀਮਾਂ ਦੀਆਂ ਖੇਡਾਂ ਕਰਵਾਈਆਂ ਗਈਆਂ। ਇਸ ਸਮੇਂ ਸ੍ਰੀ ਗੁਰੂ ਅਰਜਨ ਦੇਵ ਜੀ ਸਪੋਰਟਸ ਟੀਮ ਅਤੇ ਬਾਬਾ ਬਲਵਿੰਦਰ ਸਿੰਘ ਸਪੋਰਟਸ ਟੀਮ ਦੇ ਫਸਵੇਂ ਮੈਚ ਕਰਵਾਏ ਗਏ ਜਿਸ ਵਿੱਚ ਸ੍ਰੀ ਗੁਰੂ ਅਰਜਨ ਦੇਵ ਜੀ ਸਪੋਰਟਸ ਕਬੱਡੀ ਟੀਮ 32 ਨੰਬਰ ਪ੍ਰਾਪਤ ਕਰਕੇ ਜੇਤੂ ਰਹੀ। ਇਸ ਸਮੇਂ ਚੋਹਲਾ ਸਾਹਿਬ ਅਤੇ ਬਿੱਲਿਆਂ ਵਾਲਾ ਦੀਆਂ ਛੋਟੀ ਕਬੱਡੀ ਟੀਮਾਂ ਦੇ ਫਸਵੇਂ ਮੈਚ ਕਰਵਾਏ ਗਏ। ਇਸ ਸਮੇਂ ਡੀ. ਆਰ. ਤਰਲੋਚਨ ਸਿੰਘ, ਕੁਲਵੰਤ ਸਿੰਘ ਘੀਟੋ, ਅਜਮੇਰ ਸਿੰਘ, ਜਗਮੀਤ ਸਿੰਘ, ਮਨਦੀਪ ਸਿੰਘ ਮਨੀ, ਦਿਲਬਾਗ ਸਿੰਘ ਭਿੱਖੀਕੇ, ਜਗਮੀਤ ਸਿੰਘ ਭਿੱਖੀਕੇ, ਗੁਰਬਾਜ ਸਿੰਘ, ਸੁਖਚੈਨ ਸਿੰਘ ਇੰਸਪੈਕਟਰ, ਪ੍ਰਗਟ ਸਿੰਘ ਇੰਸਪੈਕਟਰ, ਸ਼ੰਗਾਰਾ ਸਿੰਘ, ਜੀਵਨਜੋਤ ਸਿੰਘ, ਦਰਸ਼ਨ ਸਿੰਘ, ਬਲਵਿੰਦਰ ਸਿੰਘ, ਸ਼ਿਮਲਾ, ਰਜਿੰਦਰ ਹੰਸ, ਵਿਰਸਾ ਸਿੰਘ ਪ੍ਰਧਾਨ, ਜਗਜੀਤ ਸਿੰਘ ਗੋਲਡੀ, ਦਿਲਬਾਗ ਸਿੰਘ, ਪਰਮਿੰਦਰ ਸਿੰਘ ਵਿੱਕੀ, ਸ਼ਿੰਦਾ ਸ਼ਾਹ, ਸਨਦੀਪ ਕਾਲੀਆ, ਲਾਲੀ ਸੇਵਾਦਾਰ ਆਦਿ ਹਾਜ਼ਰ ਸਨ।



## ਹੰਗਾਮਾ ਓਟੀਟੀ ਵੱਲੋਂ ਕ੍ਰਾਈਮ ਥ੍ਰਿਲਰ 'ਰੋਜ਼ ਗਾਰਡਨ' ਲਾਂਚ

ਚੰਡੀਗੜ੍ਹ : ਹੰਗਾਮਾ ਓਟੀਟੀ ਨੇ ਆਪਣੀ ਨਵੀਂ ਮੂਲ ਲੜੀ ਰੋਜ਼ ਗਾਰਡਨ ਲਾਂਚ ਕੀਤੀ ਹੈ, ਜੋ ਕਿ ਇੱਕ ਸਸਪੈਂਸ ਨਾਲ ਭਰਪੂਰ ਕ੍ਰਾਈਮ ਥ੍ਰਿਲਰ ਹੈ ਜਿਸਦਾ ਪ੍ਰੀਮੀਅਰ 17 ਜੁਲਾਈ 2025 ਨੂੰ ਹੋਇਆ ਸੀ।ਇਸ ਲੜੀ ਵਿੱਚ ਅਕਾਂਕਸ਼ਾ ਪੁਰੀ ਗੀਤ ਦੇ ਰੂਪ ਵਿੱਚ, ਨਿਆਤੀ ਫਤਨਾਨੀ ਸਿਮਰਨ ਦੇ ਰੂਪ ਵਿੱਚ, ਮਾਨਿਨੀ ਡੇ ਉਨ੍ਹਾਂ ਦੀ ਮਾਂ ਹਰਲੀਨ ਕੌਰ ਦੇ ਰੂਪ ਵਿੱਚ ਅਤੇ ਨੀਲ ਸਮਰਥ ਹਨ।ਅਕਾਂਕਸ਼ਾ ਪੁਰੀ ਨੇ ਸਾਂਝਾ ਕੀਤਾ ਕਿ ਆਪਣੇ ਦ੍ਰਿਸ਼ਾਂ ਨੂੰ ਨਿਭਾਉਣਾ ਕਿੰਨਾ ਸ਼ਕਤੀਸ਼ਾਲੀ ਸੀ, ਜਦੋਂਕਿ ਨਿਆਤੀ ਫਤਨਾਨੀ ਨੇ ਸਿਮਰਨ ਨੂੰ ਇੱਕ ਚਲਾਕ ਕਿਰਦਾਰ ਦੱਸਿਆ।ਹੰਗਾਮਾ ਡਿਜੀਟਲ ਮੀਡੀਆ ਦੇ ਸੀਈਓ ਸਿਧਾਰਥ ਰਾਏ ਨੇ ਕਿਹਾ ਕਿ ਰੋਜ਼ ਗਾਰਡਨ ਪਿਆਰ, ਪਰਿਵਾਰ ਅਤੇ ਰਾਜ਼ਾਂ ਨੂੰ ਦਿਲਚਸਪ ਅਤੇ ਭਾਵਨਾਤਮਕ ਤਰੀਕੇ ਨਾਲ ਪੜਚੋਲ ਕਰਦਾ ਹੈ। ਇਹ ਲੜੀ ਹੰਗਾਮਾ ਓਟੀਟੀ ਅਤੇ ਟਾਟਾ ਪਲੇਅ ਬਿੰਜ, ਵਾਚੋ, ਬੀਐੱਸਐੱਨਐੱਲ, ਪਲੇਬਾਕਸਟੀਵੀ, ਰੇਲਵਾਇਰ, ਏਅਰਟੈੱਲ ਐਕਸਸਟ੍ਰੀਮ ਪਲੇਅ ਅਤੇ ਡੋਰ ਟੀਵੀ ਸਮੇਤ ਹੋਰ ਪਲੇਟਫਾਰਮਾਂ 'ਤੇ ਉਪਲਬਧ ਹੈ।

## ਪੰਜਾਬ ਸਟੇਟ ਇੰਟਰ ਡਿਸਟ੍ਰਿਕਟ ਸੀਨੀਅਰ ਵਨ ਡੇ ਕ੍ਰਿਕਟ ਟੂਰਨਾਮੈਂਟ 'ਚ ਜ਼ਿਲਾ ਪਠਾਨਕੋਟ ਦੀ ਜਿੱਤ



**ਪਠਾਨਕੋਟ (ਦਵਿੰਦਰ ਸਿੰਘ)-** ਜ਼ਿਲ੍ਹਾ ਪਠਾਨਕੋਟ ਦੀ ਸੀਨੀਅਰ ਮਰਦ ਕ੍ਰਿਕਟ ਟੀਮ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਆਯੋਜਿਤ ਪੰਜਾਬ ਸਟੇਟ ਇੰਟਰ ਡਿਸਟ੍ਰਿਕਟ ਸੀਨੀਅਰ ਵਨ ਡੇ ਲਿਮਿਟਿਡ ਓਵਰਜ਼ ਟੂਰਨਾਮੈਂਟ ਵਿੱਚ ਤਰਨਤਾਰਨ ਨੂੰ 60 ਦੌੜਾਂ ਦੀ ਸ਼ਾਨਦਾਰ ਜਿੱਤ ਦਰਜ ਕੀਤੀ ਗਈ। ਪਠਾਨਕੋਟ ਟੀਮ ਨੇ ਸ਼ੁਰੂ ਤੋਂ ਹੀ ਵਧੀਆ ਤਾਲਮੇਲ ਅਤੇ ਪ੍ਰਦਰਸ਼ਨ ਨਾਲ ਮੈਚ 'ਤੇ ਆਪਣਾ ਦਬਦਬਾ ਬਣਾਈ ਰੱਖਿਆ। ਦਾਨਿਸ਼ ਨੇ ਆਲਰਾਊਂਡ ਪ੍ਰਦਰਸ਼ਨ ਕਰਦੇ ਹੋਏ ਮਹੱਤਵਪੂਰਨ 41 ਦੌੜਾਂ ਬਣਾਈਆਂ ਅਤੇ ਇੱਕ ਵਿਕਟ ਵੀ ਲਈ, ਜਦਕਿ ਰਾਜੀਵ ਨੇ ਗੇਂਦਬਾਜ਼ੀ ਵਿੱਚ ਪ੍ਰਭਾਵਸ਼ਾਲੀ ਪ੍ਰਦਰਸ਼ਨ ਕਰਦੇ ਹੋਏ 3 ਅਹਿਮ ਵਿਕਟਾਂ ਲਈਆਂ ਅਤੇ ਜਿੱਤ ਦੀ ਨੀਂਹ ਮਜ਼ਬੂਤ ਕੀਤੀ। ਐਸੋਸੀਏਸ਼ਨ ਦੇ ਸਕੱਤਰ ਸੰਨੀ ਮਹਾਜਨ ਨੇ ਟੀਮ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਜਿੱਤ ਸਾਡੇ ਖਿਡਾਰੀਆਂ ਦੀ ਕਠੋਰ ਮਿਹਨਤ ਅਤੇ ਸਮਰਪਣ ਦਾ ਸਬੂਤ ਹੈ। ਅਸੀਂ ਟੀਮ ਵੱਲੋਂ ਦਿਖਾਈ ਗਈ ਅਨੁਸ਼ਾਸਨ ਅਤੇ ਖੇਡ ਭਾਵਨਾ 'ਤੇ ਮਾਣ ਮਹਿਸੂਸ ਕਰਦੇ ਹਾਂ। ਮੈਨੂੰ ਪੂਰਾ ਵਿਸ਼ਵਾਸ ਹੈ ਕਿ ਲਗਾਤਾਰ ਫੋਕਸ ਅਤੇ ਟੀਮ ਵਰਕ ਨਾਲ ਸਾਡੇ ਖਿਡਾਰੀ ਆਉਣ ਵਾਲੇ ਮੈਚਾਂ ਵਿੱਚ ਜ਼ਿਲ੍ਹਾ ਪਠਾਨਕੋਟ ਹੋਰ ਵੀ ਵਧੀਆ ਪ੍ਰਦਰਸ਼ਨ ਕਰੇਗਾ।

## ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰਿੰ. ਸੁਖਵਿੰਦਰ ਕੌਰ ਰੰਧਾਵਾ ਨੇ ਗੁ. ਬੀੜ ਸਾਹਿਬ ਵਿਖੇ ਮੱਥਾ ਟੇਕਿਆ

**ਝਬਾਲ (ਹਰਜਿੰਦਰ ਸਿੰਘ ਸੋਨੀ)-** ਮਾਝੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰਿੰ. ਸੁਖਵਿੰਦਰ ਕੌਰ ਰੰਧਾਵਾ ਆਪਣੇ ਸਮਰਥਕਾਂ ਸਮੇਤ ਨਤਮਸਤਕ ਹੋਏ ਜਿੱਥੇ ਉਨ੍ਹਾਂ ਕੜਾਹ ਪ੍ਰਸ਼ਾਦ ਦੀ ਦੇਗ਼ ਕਰਾਈ ਅਤੇ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਬੈਠ ਕੇ ਸ਼ਬਦ ਕੀਰਤਨ ਸਰਵਣ ਕੀਤਾ ਅਤੇ ਹਲਕਾ ਵਾਸੀਆਂ ਸਮੇਤ ਸਰਬੱਤ ਦੇ ਭਲੇ ਦੀ ਅਰਦਾਸ ਕਰਵਾਈ।ਇਸ ਮੌਕੇ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਦੇ ਮੀਤ ਮੈਨੇਜਰ ਗੁਰਜੀਤ ਸਿੰਘ ਠੱਠਾ, ਸੁਪਰਵਾਈਜ਼ਰ ਪ੍ਰਿਥੀਪਾਲ ਸਿੰਘ, ਮਨਜੀਤ ਸਿੰਘ ਮੰਨਣ ਸਮੇਤ ਸਟਾਫ ਵੱਲੋਂ ਪ੍ਰਿੰ. ਸੁਖਵਿੰਦਰ ਕੌਰ ਰੰਧਾਵਾ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਜਦਕਿ ਸਾਬਕਾ ਸਰਪੰਚ ਪ੍ਰਮਜੀਤ ਸਿੰਘ ਪੰਮਾ ਗੱਗੋਬੂਹਾ, ਸਰਪੰਚ ਮਨਜੀਤ ਕੌਰ ਬਾਠ ਮੀਆਂਪੁਰ, ਸਾਬਕਾ ਡਾਇਰੈਕਟਰ ਦਲਜੀਤ ਸਿੰਘ ਐਮਾ,ਅਕਾਲੀ ਆਗੂ ਜਥੇਦਾਰ ਨਿਸ਼ਾਨ ਸਿੰਘ ਦੋਦੇ, ਪੂਰਨ ਸਿੰਘ ਝਬਾਲ, ਗੁਰਮੁਖ ਸਿੰਘ ਜੱਜ ਖੈਰਦੀ, ਰਾਮ ਸਿੰਘ ਨਾਮਧਾਰੀ, ਸਾਬਕਾ ਸਰਪੰਚ ਮਨਜਿੰਦਰ ਸਿੰਘ ਐਮਾਂ ਕਲਾਂ, ਸਰਪੰਚ ਮਖਤੂਲ ਸਿੰਘ ਲੀਡਰ ਅਤੇ ਸਰਪੰਚ ਜਗਤਾਰ ਸਿੰਘ ਜੱਗਾ ਸਵਰਗਾਪੁਰੀ, ਸਰਪੰਚ ਅਜਮੇਰ ਸਿੰਘ ਕਾਕਾ ਛਾਪਾ, ਸਰਪੰਚ ਸੋਨੂੰ ਬਰਾੜ ਦੋਦੇ, ਸਰਪੰਚ ਸ਼ਾਮ ਸਿੰਘ ਕੋਟ ਸਿਵੀਆਂ, ਸਰਪੰਚ ਵਰਿੰਦਰ ਸਿੰਘ ਹੀਰਾਪੁਰ, ਸਰਪੰਚ ਮੰਗਲ ਸਿੰਘ ਖੈਰਦੀ, ਸਰਪੰਚ ਬਲਵਿੰਦਰ ਸਿੰਘ ਬਾਬਾ ਲੰਗਾਹ, ਸਰਪੰਚ ਲਾਡੀ ਐਮਾ ਖੁਰਦ, ਸਰਪੰਚ ਸਾਹਿਬ ਸਿੰਘ, ਸਾਬਕਾ ਗੁਰਵਿੰਦਰ ਸਿੰਘ ਬਾਬਾ ਲੰਗਾਹ, ਪ੍ਰਧਾਨ ਹਰਜੀਤ ਸਿੰਘ ਮੀਆਂਪੁਰ, ਗੁਰਦੀਪ ਸਿੰਘ ਦੋਦੇ, ਗੁਰਸੇਵਕ ਸਿੰਘ ਐਮਾਂ ਆਦਿ ਸਮੇਤ ਵੱਡੀ ਗਿਣਤੀ 'ਚ ਆਗੂ ਤੇ ਵਰਕਰ ਵੀ ਹਾਜ਼ਰ ਸਨ।



## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਡੀਸੀ ਤੇ ਐੱਸਐੱਸਪੀ ਦਫਤਰ ਅੱਗੇ ਲਾਇਆ ਧਰਨਾ

**ਚੋਹਲਾ ਸਾਹਿਬ (ਰਮਨ ਚੱਢਾ)-** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਜ਼ਿਲ੍ਹਾ ਤਰਨ ਤਾਰਨ ਦੇ ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਨੂਰਦੀ, ਫਤਿਹ ਸਿੰਘ ਪਿੱਦੀ, ਰੇਸ਼ਮ ਸਿੰਘ ਘੁਰਕਵਿੰਡ, ਦਿਆਲ ਸਿੰਘ ਮੀਆਵਿੰਡ ਦੀ ਪ੍ਰਧਾਨਗੀ ਹੇਠ ਤਰਨ ਤਾਰਨ ਦੇ ਡੀਸੀ ਅਤੇ ਐੱਸਐੱਸਪੀ ਦਫ਼ਤਰ ਅੱਗੇ ਧਰਨਾ ਲਾਇਆ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਨੇ ਕਿਹਾ ਕਾਫੀ ਲੰਮੇ ਸਮੇਂ ਤੋਂ ਪੁਲਸ ਪ੍ਰਸ਼ਾਸਨ ਅਤੇ ਸਰਕਾਰ ਨਾਲ ਸੰਬੰਧਿਤ ਮਸਲੇ ਲਟਕਦੇ ਆ ਰਹੇ ਹਨ ਜਿਹੜੇ ਹੁਣ ਤੱਕ ਨਹੀਂ ਨਿਪਟੇ। ਕਈ ਵਾਰ ਇਨ੍ਹਾਂ ਮਸਲਿਆਂ ਨੂੰ ਲੈ ਕੇ ਪ੍ਰਸ਼ਾਸਨ ਨੂੰ ਮੰਗ ਪੱਤਰ ਦਿੱਤੇ ਗਏ ਹਨ ਪਰ ਮਸਲੇ ਜਿਉਂ ਦੀ ਤਿਉਂ ਹੀ ਖੜੇ ਹਨ। ਇਨ੍ਹਾਂ ਸਾਰੀਆਂ ਮੰਗਾਂ ਨੂੰ ਮੰਨਦੇ ਹੋਏ ਐੱਸਪੀ ਹੈੱਡਕੁਆਰਟਰ ਬਲਜੀਤ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਇਹ ਸਾਰੀਆਂ ਮੰਗਾਂ ਨੂੰ ਜਲਦੀ ਹੱਲ ਕੀਤਾ ਜਾਏਗਾ ਤੇ ਜਥੇਬੰਦੀ ਨੇ ਫੈਸਲਾ ਲਿਆ ਕਿ ਮੰਗਾਂ ਮੰਨੇ ਜਾਣ ਤਕ ਧਰਨਾ ਮੁਲਤਵੀ ਕੀਤਾ ਜਾਏਗਾ। ਇਸ ਮੌਕੇ ਕੁਲਵੰਤ ਸਿੰਘ ਭੈਲ, ਮੁਖਤਾਰ ਸਿੰਘ ਬਿਹਾਰੀਪੁਰ, ਸੁਖਵਿੰਦਰ ਸਿੰਘ ਦੁੱਗਲਵਾਲਾ, ਸੁਖਚੈਨ ਸਿੰਘ ਅੱਲੋਵਾਲ ਆਦਿ ਆਗੂ ਹਾਜ਼ਰ ਸਨ ।\



## ਮੰਗਾਂ ਨੂੰ ਲੈ ਕੇ ਕਿਸਾਨ ਆਗੂਆਂ ਨੇ ਖੇਤੀਬਾੜੀ ਦਫ਼ਤਰ ਗੁਰਦਾਸਪੁਰ ਦਾ ਕੀਤਾ ਘਿਰਾਓ

**ਗੁਰਦਾਸਪੁਰ (ਜਨਕ ਮਹਾਜਨ)-** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਜ਼ੋਨ ਬਾਬਾ ਮਸਤੂ, ਜ਼ੋਨ ਬੀਬੀ ਸੁੰਦਰੀ, ਜ਼ੋਨ ਤੇਜਾ ਸਿੰਘ ਸੁਤੰਤਰ ਵੱਲੋਂ ਮੁੱਖ ਖੇਤੀਬਾੜੀ ਅਫ਼ਸਰ ਗੁਰਦਾਸਪੁਰ ਦੇ ਦਫ਼ਤਰ ਦਾ ਘਿਰਾਓ ਕੀਤਾ ਅਤੇ ਧਰਨਾ ਲਗਾਇਆ। ਉਨ੍ਹਾਂ ਮੰਗ ਕੀਤੀ ਗਈ ਕਿਸਾਨ ਨੂੰ ਯੂਰੀਆ ਖਾਦ ਕਿਸਾਨਾਂ ਨੂੰ ਠੀਕ ਤੇ ਯੂਰੀਆ ਖਾਦ ਦਿਵਾਈ ਜਾਵੇ ਕਿਉਂਕਿ ਕਿਸਾਨਾਂ ਨੂੰ ਠੀਕ ਰੇਟ ਤੇ ਖਾਦ ਨਹੀਂ ਮਿਲ ਰਹੀ, ਸਗੋਂ ਦੁਕਾਨਦਾਰਾਂ ਵੱਲੋਂ ਕਿਸਾਨਾਂ ਨੂੰ ਯੂਰੀਆ ਖਾਦ ਦੇ ਨਾਲ ਹੋਰ ਕਈ ਬੇਲੋੜੀਆਂ ਦਵਾਈਆਂ ਅਤੇ ਹੋਰ ਸਾਮਾਨ ਦਿੱਤਾ ਜਾ ਰਿਹਾ ਹੈ ਅਤੇ ਖਾਦ ਦੇ ਰੇਟ ਵੀ ਵੱਧ ਲਗਾਏ ਜਾ ਰਹੇ ਹਨ ਜਿਸ ਨਾਲ ਕਿਸਾਨ ਮਜ਼ਦੂਰ ਦੀ ਬਹੁਤ ਵੱਡੀ ਲੁੱਟ ਹੋ ਰਹੀ ਹੈ। ਇਸ ਉਪਰੰਤ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ 23 ਜੁਲਾਈ ਨੂੰ ਯੂਰੀਆ ਖਾਦ ਦਾ ਰੈਕ ਲੱਗਣਾ ਹੈ ਅਤੇ ਸਾਰੇ ਕਿਸਾਨਾਂ ਨੂੰ ਯੂਰੀਆ ਖਾਦ ਠੀਕ ਰੇਟ 'ਤੇ ਪਹਿਲ ਦੇ ਆਧਾਰ 'ਤੇ ਦਿਵਾਈ ਜਾਵੇਗੀ ਅਤੇ ਖਾਦ ਦੇ ਨਾਲ ਹੋਰ ਕਈ ਬੇਲੋੜੀਆਂ ਚੀਜ਼ਾਂ ਨਹੀਂ ਦਿੱਤੀਆਂ ਜਾਣਗੀਆਂ। ਖੇਤੀਬਾੜੀ ਵਿਭਾਗ ਦੇ ਇਸ ਵਿਸ਼ਵਾਸ ਤੋਂ ਬਾਅਦ ਕਿਸਾਨਾਂ ਵੱਲੋਂ ਧਰਨਾ ਮੁਲਤਵੀ ਕਰ ਦਿੱਤਾ ਗਿਆ ਹੈ ਅਤੇ ਕਿਸਾਨਾਂ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਜੇਕਰ ਕਿਸਾਨ ਮਜ਼ਦੂਰ ਦੀ ਲੁੱਟ ਨਾ ਰੋਕੀ ਗਈ ਤਾਂ ਸਾਡੇ ਵੱਲੋਂ ਕੋਈ ਵੱਡਾ ਐਕਸ਼ਨ ਉਲੀਕਿਆ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦੇਵ ਸਿੰਘ ਅੱਲ੍ਹ ਪਿੰਡੀ, ਸੁਖਜਿੰਦਰ ਸਿੰਘ ਪ੍ਰਧਾਨ, ਜਤਿੰਦਰ ਸਿੰਘ ਚੀਮਾ, ਸੁੱਚਾ ਸਿੰਘ ਬਲੱਗਣ, ਸੁਖਦੇਵ ਸਿੰਘ ਅੱਲੜ ਪਿੰਡੀ, ਗੁਰਪ੍ਰੀਤ ਸਿੰਘ ਕਾਲਾ ਨੰਗਲ, ਵੱਸਣ ਸਿੰਘ ਪੀਰ ਬਾਗ਼, ਅਮਰੀਕ ਸਿੰਘ ਹਯਾਤ ਨਗਰ, ਡਾਕਟਰ ਦਲਜੀਤ ਸਿੰਘ ਆਦਿ ਹਾਜ਼ਰ ਸਨ।



## ਫਤਿਹਪੁਰ ਡਰੇਨ ਦੀ ਸਫਾਈ ਤੇ ਡੂੰਘਾਈ ਨਾ ਹੋਣ ਕਾਰਨ ਕਿਸਾਨ ਪ੍ਰੇਸ਼ਾਨੀ ਦੇ ਆਲਮ 'ਚ

**ਗੁਰਦਾਸਪੁਰ (ਜਨਕ ਮਹਾਜਨ)-** ਗੁਰਦਾਸਪੁਰ-ਮੁਕੇਰੀਆਂ ਸੜਕ ਵਿਚਕਾਰ ਪੈਂਦੀ ਫਤਿਹਪੁਰ ਡਰੇਨ ਜੋ ਪਿੰਡ ਚਾਵਾ ਤੇ ਸ਼ਾਲਾ ਵਿਚਕਾਰ ਵਗਦੀ ਹੈ, ਉਸ ਦੀ ਸਫਾਈ ਤੇ ਡੂੰਘਾਈ ਨਾ ਹੋਣ ਕਾਰਨ ਇਸ ਦੀ ਹਾਲਤ ਤਰਸਯੋਗ ਬਣੀ ਪਈ ਹੈ। ਇੰਝ ਜਾਪਦਾ ਹੈ ਕਿ ਡਰੇਨ ਦੀ ਸਫ਼ਾਈ ਕੇਵਲ ਸੜਕ ਦੀ ਪੁਲੀ ਨੇੜੇ ਨਾਲੇ ਵਿੱਚੋਂ ਥੋੜੀ ਜਿਹੀ ਘਾਹ ਬੂਟੀ ਕੱਢੀ ਗਈ ਹੈ ਪਰ ਜ਼ਿਆਦਾਤਰ ਡਰੇਨ ਦੀ ਸਫ਼ਾਈ ਪੱਖੋਂ ਹਾਲਤ ਖਸਤਾ ਨਜ਼ਰ ਆ ਰਹੀ ਹੈ ਜਿਸ ਨਾਲ ਮੀਂਹ ਦੇ ਪਾਣੀ ਦਾ ਵਹਾਅ ਸਹੀ ਢੰਗ ਨਾਲ ਨਹੀਂ ਹੋ ਰਿਹਾ। ਇਸ ਨਾਲੇ ਕੰਡੇ ਬਣੇ ਕੱਚੇ ਰਸਤੇ ਦੀ ਹਾਲਤ ਵੀ ਕਾਫੀ ਖ਼ਾਬੜ ਬਣੀ ਪਈ ਹੈ ਅਤੇ ਇਸ ਵਿਚ ਇਕ ਫੁੱਟ ਤੋਂ ਜ਼ਿਆਦਾ ਲੰਬੀਆਂ ਲੀਹਾਂ ਵੇਖਣ ਨੂੰ ਮਿਲ ਰਹੀਆਂ ਹਨ ਜਿਨ੍ਹਾਂ ਵਿਚੋਂ ਕਾਰ, ਸਕੂਟਰ ਆਦਿ ਦਾ ਲੰਘਣਾ ਨਾ-ਮੁਮਕਿਨ ਹੋਇਆ ਪਿਆ ਹੈ। ਇਸ ਨਾਲੇ ਕੰਡੇ ਕੱਚੇ ਰਸਤੇ ਤੋਂ ਕਿਸਾਨਾਂ ਆਦਿ ਦਾ ਆਪਣੇ ਵਹੀਕਲ ਲੈ ਕੇ ਲੰਘਣਾ ਵੀ ਔਖਾ ਹੈ। ਲੋਕਾਂ ਨੇ ਦੱਸਿਆ ਕਿ ਫਤਿਹਪੁਰ ਡਰੇਨ ਕਲੀਚਪੁਰ, ਗਾਜ਼ੀਕੋਟ ਆਦਿ ਪਿੰਡਾਂ ਵੱਲੋਂ ਆਉਂਦੀ ਹੈ ਅਤੇ ਇਹ ਸੜਕ ਪਾਰ ਕਰਕੇ ਬੇਟ ਇਲਾਕੇ ਵੱਲ ਚਲੀ ਜਾਂਦੀ ਹੈ। ਇਸ ਨਾਲੇ ਦਾ ਪਾਣੀ ਓਵਰਫਲੋ ਹੋ ਕੇ ਕਿਸਾਨਾਂ ਦੇ ਖੇਤਾਂ ਵਿੱਚ ਦਾਖਲ ਹੋ ਜਾਂਦਾ। ਲੋਕਾਂ ਦੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਸੰਬੰਧਿਤ ਪਾਸੋਂ ਮੰਗ ਹੈ ਵੀ ਨਾਲੇ ਕੰਡੇ ਬਣੀ ਕੱਚੀ ਪਟੜੀ ਵੱਲ ਵੀ ਵਿਸ਼ੇਸ਼ ਧਿਆਨ ਦੇਣ ਤੋਂ ਇਲਾਵਾ ਇਸ ਫਤਿਹਪੁਰ ਡਰੇਨ ਸਫ਼ਾਈ ਤੇ ਡੂੰਘਾਈ ਹਰ ਸਾਲ ਸਮਾਂ ਰਹਿੰਦਿਆਂ ਕਰਵਾਈ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।



## ਅੱਠਵੇਂ ਪਾਤਸ਼ਾਹ ਦੀ ਯਾਦ 'ਚ ਕਰਵਾਇਆ ਅਲੌਕਿਕ ਕੀਰਤਨ ਦਰਬਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਸਿੱਖ ਪੰਥ ਦੀ ਸਿਰਮੌਰ ਸੰਸਥਾ ਚੀਫ਼ ਖ਼ਾਲਸਾ ਦੀਵਾਨ ਅਤੇ ਇਸ ਅਧੀਨ ਚੱਲ ਰਹੇ ਸਮੂਹ ਅਦਾਰਿਆਂ ਵੱਲੋਂ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਅਵਤਾਰ ਪੁਰਬ ਦੇ ਸੰਬੰਧ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ. ਟੀ. ਰੋਡ ਅੰਮ੍ਰਿਤਸਰ ਵਿਖੇ ਅਲੌਕਿਕ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਗਿਆ ।ਕੀਰਤਨ ਦਰਬਾਰ ਦੇ ਸ਼ੁਭ ਅਵਸਰ ਤੇ ਸਕੂਲ ਦੇ ਵਿਹੜੇ ਨੂੰ ਫੁੱਲਾਂ ਅਤੇ ਰੰਗ ਬਿਰੰਗੀ ਰੌਸ਼ਨੀਆਂ ਨਾਲ ਬੜੀ ਖੂਬਸੂਰਤੀ ਨਾਲ ਸ਼ਿੰਗਾਰਿਆ ਗਿਆ । ਪੰਡਾਲ ਵਿੱਚ ਗੁਰਬਾਣੀ ਦੀਆਂ ਧੁਨਾਂ ਦੀ ਗੂੰਜ ਨਾਲ ਰੁਹਾਨੀ ਵਾਤਾਵਰਣ ਸਿਰਜਿਆ ਗਿਆ ।ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਸਿੱਖੀ ਰਿਵਾਇਤਾਂ ਅਤੇ ਪਰੰਪਰਾਵਾਂ ਅਨੁਸਾਰ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ: ਇੰਦਰਬੀਰ ਸਿੰਘ ਨਿੱਜਰ ਵੱਲੋਂ ਫੁੱਲਾਂ ਦੀ ਵਰਖਾ, ਸਕੂਲ ਬੈਂਡ ਅਤੇ ਨਰਸਿੰਘੇ ਦੀ ਗੂੰਜ ਵਿੱਚ ਵਾਤਾਨੁਕੂਲਿਤ ਦੀਵਾਨ ਵਿੱਚ ਬਹੁਤ ਸ਼ਰਧਾ ਅਤੇ ਸਤਿਕਾਰ ਨਾਲ ਸੁਸ਼ੋਭਿਤ ਕੀਤਾ ਗਿਆ ।ਕੀਰਤਨ ਦਰਬਾਰ ਦੀ ਅਰੰਭਤਾ ਭਾਈ ਗੁਰਦੀਪ ਸਿੰਘ ਸਲੂਜਾ ਜੀ ਦੇ ਕੀਰਤਨੀ ਜੱਥੇ ਵੱਲੋਂ ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸੁ ਡਿਠੈ ਸਭਿ ਦੁਖਿ ਜਾਇ ਰਸਭਿੰਨੇ ਸ਼ਬਦ ਨਾਲ ਕੀਤੀ ਗਈ ।ਉਪਰੰਤ ਭਾਈ ਸਤਨਾਮ ਸਿੰਘ ਜੀ ਭੂਰਾ ਸੈਂਟਰਲ ਖ਼ਾਲਸਾ ਯਤੀਮਖਾਨਾ ਦੇ ਰਾਗੀ ਜੱਥੇ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ।ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਜੀ. ਟੀ. ਰੋਡ, ਬਸੰਤ ਐਵੀਨਿਊ, ਪਰਾਗਦਾਸ ਅਤੇ ਸ਼ੁਭਮ ਇਨਕਲੇਵ ਦੀਆਂ ਕੀਰਤਨੀ ਟੀਮਾਂ ਵੱਲੋਂ ਬੀਬੀ ਪ੍ਰਭਜੋਤ ਕੌਰ ਅਤੇ ਹਰਕਮਲ ਸਿੰਘ ਦੀ ਅਗਵਾਈ ਵਿੱਚ ਜਦਕਿ ਰਣਜੀਤ ਐਵੀਨਿਊ, ਮਜੀਠਾ ਬਾਈਪਾਸ, ਲਿੰਕ ਰੋਡ ਅਤੇ ਭਗਤਾਂਵਾਲਾ ਸਕੂਲ ਦੀਆਂ ਟੀਮਾਂ ਵੱਲੋਂ ਸ਼੍ਰੀਮਤੀ ਸੁਮੀਨ ਕੌਰ ਅਤੇ ਸ਼੍ਰੀਮਤੀ ਜਸਮੀਨ ਕੌਰ ਦੀ ਅਗਵਾਈ ਵਿੱਚ ਕੀਰਤਨ ਰਾਹੀਂ ਗੁਰੂ ਚਰਨਾਂ ਵਿੱਚ ਹਾਜ਼ਰੀ ਲਗਵਾਈ ਗਈ । ਇਸ ਅਲੌਕਿਕ ਕੀਰਤਨ ਦਰਬਾਰ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਜੀ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ, ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਬੁੱਢਾ ਦਲ, ਅਤੇ ਪ੍ਰੋ. ਕਰਮਜੀਤ ਸਿੰਘ ਜੀ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਗਿਆਨੀ ਸੁਰਜੀਤ ਸਿੰਘ ਜੀ ਸਬਰਾ ਹੈੱਡ ਗ੍ਰੰਥੀ ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਤੋਂ ਜਥੇ ਦੇ ਸਿੰਘਾਂ ਨੂੰ ਚੀਫ਼ ਖ਼ਾਲਸਾ ਦੀਵਾਨ ਵੱਲੋਂ ਸਨਮਾਨਿਤ ਕੀਤਾ ਗਿਆ ।ਇਨ੍ਹਾਂ ਦੇ ਨਾਲ ਦੀਵਾਨ ਦੇ ਸੀਨੀਅਰ ਮੈਂਬਰਜ਼ ਦਰਸ਼ਨ ਸਿੰਘ ਨਿੱਜਰ, ਧੰਨਰਾਜ ਸਿੰਘ, ਉਜਾਗਰ ਸਿੰਘ ਕਾਨਪੁਰੀ ਅਤੇ ਸਵਰਗਵਾਸੀ ਡਾ: ਸੁਖਵਿੰਦਰ ਸਿੰਘ ਵਾਲੀਆ ਦੇ ਪਰਿਵਾਰ ਨੂੰ ਲੰਬੇ ਸਮੇਂ ਤੋਂ ਦੀਵਾਨ ਪ੍ਰਤੀ ਦਿੱਤੇ ਯੋਗਦਾਨ ਨੂੰ ਮੁੱਖ ਰਖਦਿਆਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ, ਭਾਈ ਰਵਿੰਦਰ ਸਿੰਘ ਸਾਬਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅਤੇ ਭਾਈ ਗਗਨਦੀਪ ਸਿੰਘ ਗੰਗਾਨਗਰ ਵਾਲਿਆਂ ਦੇ ਜਥਿਆਂ ਨੇ ਅੰਮ੍ਰਿਤਮਈ ਰੱਬੀ ਗੁਰਬਾਣੀ ਦੀ ਛਹਿਬਰ ਲਗਾਉਂਦਿਆਂ ਹਜ਼ਾਰਾਂ ਦੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਨੂੰ ਨਿਹਾਲ ਕੀਤਾ ।



## ਜ਼ੋਨ ਪੱਧਰੀ ਖੋ-ਖੋ ਮੁਕਾਬਲਿਆਂ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਦੀ ਝੰਡੀ

**● ਸਕੂਲ ਦੀਆਂ (ਲੜਕੇ ਅਤੇ ਲੜਕੀਆਂ) ਚਾਰੇ ਟੀਮਾਂ ਪਹਿਲੇ ਸਥਾਨ 'ਤੇ ਰਹੀਆਂ**

**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਵਿਖੇ ਪ੍ਰਿੰਸੀਪਲ ਗੱਜਣ ਸਿੰਘ ਦੀ ਅਗਵਾਈ ਹੇਠ ਜ਼ੋਨ ਪੱਧਰੀ ਖੋ-ਖੋ ਟੂਰਨਾਮੈਂਟ ਕਰਵਾਇਆ ਗਿਆ ਜਿਸ ਵਿੱਚ ਜ਼ੋਨ ਤਿੱਬੜ ਦੇ ਵੱਖ-ਵੱਖ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਨੇ ਭਾਗ ਲਿਆ ਗਿਆ। ਇਸ ਟੂਰਨਾਮੈਂਟ ਦੌਰਾਨ ਅੰਡਰ 14 (ਲੜਕੇ) ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਨੇ ਪਹਿਲਾ ਸਥਾਨ, ਕਲਗੀਧਰ ਇੰਟਰਨੈਸ਼ਨਲ ਸਕੂਲ ਪੁਰਾਣਾ ਸ਼ਾਲਾ ਨੇ ਦੂਸਰਾ ਸਥਾਨ, ਅੰਡਰ 14 (ਲੜਕੀਆਂ) ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਨੇ ਪਹਿਲਾ ਸਥਾਨ ਅਤੇ ਕਲਗੀਧਰ ਇੰਟਰਨੈਸਨਲ ਸਕੂਲ ਪੁਰਾਣਾ ਸ਼ਾਲਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਅੰਡਰ 17( ਲੜਕੇ) ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਨੇ ਪਹਿਲਾ ਸਥਾਨ ਅਤੇ ਬਾਬਾ ਫਰੀਦ ਇੰਟਰਨੈਸ਼ਨਲ ਸਕੂਲ ਦਾਰਾਪੁਰ ਨੇ ਦੂਸਰਾ ਸਥਾਨ। ਅੰਡਰ 17 (ਲੜਕੀਆਂ) ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੈਦੋਵਾਲ ਖੁਰਦ ਨੇ ਪਹਿਲਾ ਸਥਾਨ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਧਵਾਂ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਅੰਡਰ 19 (ਲੜਕੇ) ਵਿੱਚ ਕਲਗੀਧਰ ਇੰਟਰਨੈਸ਼ਨਲ ਸਕੂਲ ਪੁਰਾਣਾ ਸ਼ਾਲਾ ਨੇ ਪਹਿਲਾ ਸਥਾਨ ਅਤੇ ਅੰਡਰ 19 (ਲੜਕੀਆਂ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਨੇ ਪਹਿਲਾ ਸਥਾਨ ਅਤੇ ਕਲਗੀਧਰ ਇੰਟਰਨੈਸ਼ਨਲ ਸਕੂਲ ਪੁਰਾਣਾ ਸ਼ਾਲਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਨੇਕੋਟ ਦੇ ਪ੍ਰਿੰਸੀਪਲ ਗੱਜਣ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਸਕੂਲ ਦੀਆਂ ਕੁੱਲ ਚਾਰ ਟੀਮਾਂ ਨੇ ਭਾਗ ਲਿਆ ਅਤੇ ਚਾਰੇ ਟੀਮਾਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਆਲ ਓਵਰ ਟਰਾਫੀ ਪ੍ਰਾਪਤ ਕਰਕੇ ਇਲਾਕੇ ਭਰ ਵਿੱਚ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ। ਇਸ ਸ਼ਾਨਦਾਰ ਜਿੱਤ 'ਤੇ ਪ੍ਰਿੰਸੀਪਲ ਗੱਜਣ ਸਿੰਘ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਕੂਲ ਦੇ ਲੈਕਚਰਾਰ ਕਵਲਜੀਤ ਕੌਰ ਅਤੇ ਡੀਪੀ ਆਈ ਰਜੇਸ਼ ਕੁਮਾਰ ਸਮੇਤ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਸਮੂਹ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵਧੇਰੇ ਭਾਗ ਲੈਣ ਲਈ ਪ੍ਰੇਰਿਤ ਕੀਤਾ।



## ਕੇਂਦਰ ਦੀਆਂ ਜਨ ਹਿਤੈਸ਼ੀ ਯੋਜਨਾਵਾਂ ਬਾਰੇ ਦੱਸਣ ਲਈ ਕੈਂਪ ਲਗਾਇਆ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-** ਵਿਧਾਨ ਸਭਾ ਹਲਕਾ ਦੀਨਾਨਗਰ ਦੇ ਸ਼ਹਿਰੀ ਮੰਡਲ ਦੀਨਾਨਗਰ ਕ੍ਰਿਸ਼ਨਾ ਨਗਰ (ਕੈਂਪ) ਵਿੱਚ ਜ਼ਿਲਾ ਕੋਆਰਡੀਨੇਟਰ ਵਿਨੈ ਚੌਧਰੀ ਅਤੇ ਮੰਡਲ ਪ੍ਰਧਾਨ ਰਾਕੇਸ਼ ਪ੍ਰਧਾਨ ਦੀ ਨਿਗਰਾਨੀ ਹੇਠ ਕੈਂਪ ਲਗਾਇਆ ਗਿਆ।ਕੈਂਪ ਵਿੱਚ ਮੋਦੀ ਸਰਕਾਰ ਦੀਆਂ ਜਨ ਹਿਤੈਸ਼ੀ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ਗਿਆ।ਇਸ ਕੈਂਪ ਵਿੱਚ ਸਥਾਨਕ ਜ਼ਰੂਰਤਮੰਦ ਲੋਕਾਂ ਦੀ ਵੱਖ-ਵੱਖ ਯੋਜਨਾਵਾਂ ਵਿੱਚ ਰਜਿਸਟਰੇਸ਼ਨ ਕੀਤੀ ਗਈ ਅਤੇ ਉਨ੍ਹਾਂ ਨੂੰ ਮੌਕੇ 'ਤੇ ਯੋਜਨਾਵਾਂ ਸਬੰਧੀ ਮੋਦੀ ਕਾਰਡ ਬਣਾ ਕੇ ਦਿੱਤੇ ਗਏ।ਇਸ ਮੌਕੇ ਪਿੰਸੀਪਲ ਰੇਣੂ ਕਸ਼ਯਪ ਪ੍ਰਦੇਸ਼ ਕਾਰਜਕਾਰਨੀ ਮੈਂਬਰ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਪ੍ਰਦੀਪ ਸ਼ਰਮਾ, ਰਾਜੇਸ਼ ਸ਼ਰਮਾ, ਜ਼ਿਲ੍ਹਾ ਲੀਗਲ ਸੈੱਲ ਦੇ ਇੰਚਾਰਜ ਰਾਕੇਸ਼ ਕੁਮਾਰ ਨਡਾਲਾ, ਸਥਾਨਕ ਬੂਥ ਇੰਚਾਰਜ ਸੁਰਿੰਦਰ ਸਿੰਘ ਅਤੇ ਅਸ਼ਵਨੀ ਕੁਮਾਰ, ਮੰਡਲ ਤੋਂ ਭਾਜਪਾ ਦੇ ਸੀਨੀਅਰ ਵਰਕਰ ਸਾਹਿਲ ਭੱਲਾ, ਰਾਜਨ ਭੱਲਾ, ਅੰਕੁਰ ਨਈਅਰ, ਰਮਨ ਠਾਕੁਰ, ਅਜੇ ਧਵਨ, ਅੰਤਰਿਕਸ਼ ਚੌਧਰੀ, ਲਲਿਤ ਕਾਂਸਰਾ, ਡਿੰਪਲ ਖਜੂਰੀਆ, ਮਨੂੰ ਸ਼ਰਮਾ, ਪ੍ਰਹਾਸ ਭਾਰਤ (ਰਿਸ਼ੂ) ਆਦਿ ਕਾਰਜਕਰਤਾ ਦੇ ਨਾਲ ਭੈਣ ਸੋਨੀਆ ਸ਼ਰਮਾ, ਮੀਨੂੰ ਮਹਾਜਨ ਅਤੇ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

## ਬਾਬਾ ਬੰਦਾ ਸਿੰਘ ਬਹਾਦਰ ਸਕੂਲ ਨੇ ਬਾਕਸਿੰਗ 'ਚ ਸੋਨੇ ਅਤੇ ਚਾਂਦੀ ਦੇ ਤਮਗੇ ਜਿੱਤੇ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਵੱਲੋਂ ਸਬ ਜੂਨੀਅਰ ਬਾਕਸਿੰਗ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਵਧੀਆ ਪ੍ਰਦਰਸ਼ਨ ਕਰਕੇ ਸੋਨੇ ਅਤੇ ਚਾਂਦੀ ਦੇ ਤਮਗੇ ਪ੍ਰਾਪਤ ਕੀਤੇ ਅਤੇ ਵਧੀਆ ਪ੍ਰਦਰਸ਼ਨ ਅਤੇ ਅਨੁਸ਼ਾਸਨ ਲਈ ਸਕੂਲ ਨੇ ਰਨਰਅੱਪ ਟਰਾਫੀ ਪ੍ਰਾਪਤ ਕੀਤੀ। ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਦੱਸਿਆ ਕਿ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਕੂਲ ਕਲਾਨੌਰ ਵਿਖੇ ਹੋਏ ਸਬ ਜੂਨੀਅਰ (ਲੜਕੇ) ਬਾਕਸਿੰਗ ਮੁਕਾਬਲਿਆਂ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਹੋਣਹਾਰ ਵਿਦਿਆਰਥੀ ਪਹਿਲਵਾਨਾਂ ਨੇ ਸ਼ਾਨਦਾਰ ਪ੍ਰਦਰਸਨ ਕਰਦੇ ਹੋਏ ਸੋਨੇ ਅਤੇ ਚਾਂਦੀ ਦੇ ਤਮਗੇ ਵੀ ਪ੍ਰਾਪਤ ਕੀਤੇ ਹਨ, ਜਿਸ ਵਿੱਚ ਵਿਦਿਆਰਥੀ ਪਹਿਲਵਾਨ ਜੋਹਨ ਮਸੀਹ ਸਪੁੱਤਰ ਹੈਪੀ ਮਸੀਹ, ਸਿਰਾਜਦੀਪ ਸਿੰਘ ਸਪੁੱਤਰ ਅਮਰੀਕ ਸਿੰਘ, ਏਕਮਜੋਤ ਸਿੰਘ ਸਪੁੱਤਰ ਮੇਜਰ ਸਿੰਘ ਅਤੇ ਗੁਰਕੀਰਤ ਸਿੰਘ ਸਪੁੱਤਰ ਹਰਨੇਕ ਸਿੰਘ (ਅੰਡਰ 14) ਦੁਆਰਾ ਪਹਿਲਾ ਸਥਾਨ ਹਾਸਲ ਕਰਕੇ ਸੋਨ ਤਮਗੇ ਅਤੇ ਰਿਸ਼ਵ ਸਪੁੱਤਰ ਸੁਦਾਮਾ, ਵਰਿੰਦਰ ਸਿੰਘ ਸਪੁੱਤਰ ਕੰਵਲਦੀਪ ਸਿੰਘ (ਅੰਡਰ 14) ਦੁਆਰਾ ਦੂਸਰਾ ਸਥਾਨ ਹਾਸਿਲ ਕਰਕੇ ਚਾਂਦੀ ਦੇ ਤਮਗੇ, ਵੰਸ਼ਦੀਪ ਸਿੰਘ ਸਪੁੱਤਰ ਲਖਵਿੰਦਰ ਸਿੰਘ,ਅਭੀਜੋਤ ਸਿੰਘ ਸਪੁੱਤਰ ਸਤਿੰਦਰਪਾਲ ਸਿੰਘ (ਅੰਡਰ 14), ਗੁਰਵੰਸ਼ ਸਿੰਘ ਸਪੁੱਤਰ ਭਗਵੰਤ ਸਿੰਘ, ਮਾਣਿਕ ਭਗਤ ਸਪੁੱਤਰ ਰਾਜਨਪਾਲ, ਨਵਕੀਰਤ ਸਿੰਘ ਸਪੁੱਤਰ ਜਸਵੰਤ ਸਿੰਘ, ਹਿਤਾਂਸ਼ ਸਪੁੱਤਰ ਅਮਨਦੀਪ (ਅੰਡਰ 12) ਅਗਮਜੋਤ ਸਿੰਘ ਸਪੁੱਤਰ ਅਮਰੀਕ ਸਿੰਘ (ਅੰਡਰ 9) ਨੇ ਤੀਸਰਾ ਸਥਾਨ ਹਾਸਿਲ ਕਰਕੇ ਕਾਂਸੇ ਦੇ ਤਮਗੇ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਇਸ ਸ਼ਾਨਦਾਰ ਪ੍ਰਾਪਤ ਲਈ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਇਸੇ ਤਰ੍ਹਾਂ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਅੱਗੇ ਵਧਣ ਲਈ ਪ੍ਰੇਰਿਤ ਕੀਤਾ।



ਨਵਾਂ ਜ਼ਮਾਨਾ
ਬੁੱਧਵਾਰ, 23 ਜੁਲਾਈ 2025

# ਧਨਖੜ ਦਾ ਅਸਤੀਫ਼ਾ

ਸੰਸਦ ਦੇ ਮੌਨਸੂਨ ਅਜਲਾਸ ਦੇ ਪਹਿਲੇ ਦਿਨ ਦੀ ਸਮਾਪਤੀ ਤੋਂ ਬਾਅਦ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਕੇ ਸਭ ਨੂੰ ਹੈਰਾਨ ਕਰ ਦਿੱਤਾ ਹੈ। ਰਾਸ਼ਟਰਪਤੀ ਦਰੋਪਦੀ ਮੁਰਮੂ ਨੂੰ ਭੇਜੇ ਆਪਣੇ ਅਸਤੀਫ਼ੇ ਵਿੱਚ ਉਨ੍ਹਾ ਲਿਖਿਆ, 'ਸਿਹਤ ਦੀ ਦੇਖਭਾਲ ਨੂੰ ਪਹਿਲ ਦੇਣ ਤੇ ਡਾਕਟਰੀ ਸਲਾਹ ਦੀ ਪਾਲਣਾ ਕਰਦਿਆਂ ਮੈਂ ਭਾਰਤ ਦੇ ਉਪ ਰਾਸ਼ਟਰਪਤੀ ਦੇ ਅਹੁਦੇ ਤੋਂ ਸੰਵਿਧਾਨ ਦੀ ਧਾਰਾ 67 (ਏ) ਅਧੀਨ ਤੁਰੰਤ ਪ੍ਰਭਾਵ ਤੋਂ ਲਾਗੂ ਕੀਤੇ ਜਾਣ ਲਈ ਅਸਤੀਫ਼ਾ ਦੇ ਰਿਹਾ ਹਾਂ।'

ਜਗਦੀਪ ਧਨਖੜ ਨੇ ਅਸਤੀਫ਼ਾ ਦੇਣ ਲਈ ਜਿਹੜਾ ਸਿਹਤ ਠੀਕ ਨਾ ਹੋਣ ਬਾਰੇ ਕਾਰਨ ਲਿਖਿਆ ਹੈ, ਉਹ ਕਿਸੇ ਦੇ ਵੀ ਸੰਘੋਂ ਨਹੀਂ ਉੱਤਰ ਰਿਹਾ। ਅਸਤੀਫ਼ੇ ਤੋਂ ਪਹਿਲਾਂ ਕਦੇ ਵੀ ਇਹ ਗੱਲ ਸਾਹਮਣੇ ਨਹੀਂ ਆਈ ਕਿ ਉਨ੍ਹਾ ਨੂੰ ਕੋਈ ਸੀਰੀਅਸ ਬਿਮਾਰੀ ਹੈ। ਪਿਛਲੇ ਮਾਰਚ ਮਹੀਨੇ ਵਿੱਚ ਦਿਲ ਦੀ ਸਮੱਸਿਆ ਕਾਰਨ ਉਨ੍ਹਾ ਨੂੰ ਹਸਪਤਾਲ ਜਾਣਾ ਪਿਆ ਸੀ, ਪ੍ਰੰਤੂ ਕੁਝ ਸਮੇਂ ਬਾਅਦ ਹੀ ਡਾਕਟਰਾਂ ਨੇ ਤੰਦਰੁਸਤ ਹੋਣ ਦਾ ਕਹਿ ਕੇ ਉਨ੍ਹਾ ਨੂੰ ਘਰ ਭੇਜ ਦਿੱਤਾ ਸੀ। ਸੋਮਵਾਰ ਸੰਸਦ ਅਜਲਾਸ ਦੇ ਪਹਿਲੇ ਦਿਨ ਉਹ ਸਮੇਂ ਸਿਰ ਸੰਸਦ ਭਵਨ ਵਿੱਚ ਪਹੁੰਚੇ ਸਨ। ਉਨ੍ਹਾ ਸਾਰਾ ਦਿਨ ਰਾਜ ਸਭਾ ਦੇ ਚੇਅਰਮੈਨ ਵਜੋਂ ਆਪਣੀ ਡਿਊਟੀ ਨਿਭਾਈ ਸੀ। ਸ਼ਾਮੀਂ ਛੇ ਵਜੇ ਉਹ ਸੰਸਦ ਭਵਨ ਵਿਚਲੇ ਆਪਣੇ ਦਫ਼ਤਰ ਵਿੱਚ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਵੀ ਮਿਲੇ ਸਨ। ਇਸ ਦੌਰਾਨ ਵੀ ਉਨ੍ਹਾ ਕਿਸੇ ਨੂੰ ਵੀ ਇਹ ਇਸ਼ਾਰਾ ਨਹੀਂ ਦਿੱਤਾ ਕਿ ਉਹ ਅਸਤੀਫ਼ਾ ਦੇ ਰਹੇ ਹਨ। ਉਂਜ ਵੀ ਉਪ ਰਾਸ਼ਟਰਪਤੀ ਦੀ ਸਿਹਤ ਦਾ ਖਿਆਲ ਰੱਖਣ ਲਈ ਉਨ੍ਹਾ ਨਾਲ ਇੱਕ ਡਾਕਟਰੀ ਟੀਮ ਤਾਇਨਾਤ ਹੁੰਦੀ ਹੈ। ਜੇਕਰ ਉਨ੍ਹਾ ਨੂੰ ਸਿਹਤ ਸੰਬੰਧੀ ਕੋਈ ਸਮੱਸਿਆ ਸੀ ਤਾਂ ਉਹ ਉਨ੍ਹਾ ਨੂੰ ਸੰਸਦ ਵਿੱਚ ਜਾਣੋਂ ਰੋਕ ਕੇ ਅਰਾਮ ਦੀ ਸਲਾਹ ਦੇ ਸਕਦੀ ਸੀ, ਪਰ ਅਜਿਹਾ ਕੁਝ ਨਹੀਂ ਹੋਇਆ।

ਫਿਰ ਸਵਾਲ ਪੈਦਾ ਹੁੰਦਾ ਹੈ ਕਿ ਸ਼ਾਮੀਂ 6 ਵਜੇ ਤੋਂ 9 ਵਜੇ ਦਰਮਿਆਨ ਕੀ ਵਾਪਰਿਆ, ਜਿਸ ਕਾਰਨ ਧਨਖੜ ਨੂੰ ਅਸਤੀਫ਼ਾ ਦੇਣਾ ਪਿਆ ਜਾਂ ਉਨ੍ਹਾ ਤੋਂ ਅਸਤੀਫ਼ਾ ਲਿਆ ਗਿਆ।

ਸਚਾਈ ਤੱਕ ਪੁੱਜਣ ਲਈ ਸਭ ਤੋਂ ਪਹਿਲਾਂ ਸਾਨੂੰ ਇਹ ਦੇਖਣਾ ਪਵੇਗਾ ਕਿ ਸੰਸਦ ਵਿੱਚ ਸੋਮਵਾਰ ਕੀ ਵਾਪਰਿਆ। ਸੰਸਦ ਸ਼ੁਰੂ ਹੋਣ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਸਦ ਹਾਲ ਦੇ ਬਾਹਰ 10 ਮਿੰਟ ਪੱਤਰਕਾਰਾਂ ਨੂੰ ਸੰਬੋਧਨ ਕਰਕੇ ਉਨ੍ਹਾਂ ਸਭ ਸਵਾਲਾਂ ਦੇ ਜਵਾਬ ਦਿੱਤੇ, ਜਿਨ੍ਹਾਂ ਦੇ ਵਿਰੋਧੀ ਧਿਰਾਂ ਵੱਲੋਂ ਉਠਾਏ ਜਾਣ ਦੀ ਸੰਭਾਵਨਾ ਸੀ। ਸਿੰਧੂਰ ਅਪ੍ਰੇਸ਼ਨ ਬਾਰੇ ਬੋਲਦਿਆਂ ਉਨ੍ਹਾ ਇਥੋਂ ਤੱਕ ਕਹਿ ਦਿੱਤਾ ਕਿ ਇਹ ਸਮਾਂ ਜਿੱਤ ਦਾ ਉਤਸਵ ਮਨਾਉਣ ਦਾ ਹੈ, ਹਾਲਾਂਕਿ ਪਹਿਲਾਂ ਹਿੰਦ-ਪਾਕ ਜੰਗਬੰਦੀ ਨੂੰ ਸੀਜ਼ਫਾਇਰ ਕਿਹਾ ਗਿਆ ਸੀ। ਪ੍ਰਧਾਨ ਮੰਤਰੀ ਸੰਸਦ ਵਿੱਚ ਸਿਰ਼ਫ ਅੱਠ ਮਿੰਟ ਰਹੇ ਤੇ ਮੁੜ ਕੇ ਸੰਸਦ ਭਵਨ ਵਿਚਲੇ ਆਪਣੇ ਦਫ਼ਤਰ ਵਿੱਚ ਆ ਕੇ ਬੈਠ ਗਏ।

ਇਹ ਸਭ ਨੂੰ ਪਤਾ ਸੀ ਕਿ ਵਿਰੋਧੀ ਧਿਰ ਪੂਰੀ ਤਿਆਰੀ ਨਾਲ ਆਈ ਹੈ। ਉਨ੍ਹਾਂ ਵੱਲੋਂ ਪਹਿਲਗਾਮ ਘਟਨਾ ਲਈ ਜ਼ਿੰਮੇਵਾਰੀ ਤੈਅ ਕਰਨ, 5 ਜੈੱਟ ਜਹਾਜ਼ ਡੇਗੇ ਜਾਣ ਦੀ ਸਚਾਈ, ਚਾਣਚੱਕ ਜੰਗਬੰਦੀ ਤੇ ਟਰੰਪ ਵੱਲੋਂ ਜੰਗ ਰੁਕਾਉਣ ਦੇ ਦਾਅਵਿਆਂ ਸੰਬੰਧੀ ਸਵਾਲ ਕਰਕੇ ਸਰਕਾਰ ਨੂੰ ਘੇਰਿਆ ਜਾਣਾ ਸੀ। ਜਦੋਂ ਰਾਹੁਲ ਗਾਂਧੀ ਨੇ ਲੋਕ ਸਭਾ 'ਚ ਆਪਣੀ ਗੱਲ ਕਹਿਣੀ ਚਾਹੀ ਤਾਂ ਉਸ ਨੂੰ ਤੁਰੰਤ ਰੋਕ ਦਿੱਤਾ ਗਿਆ, ਜਿਸ ਤੋਂ ਇਹ ਸਾਬਤ ਹੋ ਗਿਆ ਕਿ ਸਰਕਾਰ ਅਪ੍ਰੇਸ਼ਨ ਸਿੰਧੂਰ ਬਾਰੇ ਕਿਸੇ ਨੂੰ ਵੀ ਗੱਲ ਕਰਨ ਦੀ ਇਜਾਜ਼ਤ ਨਹੀਂ ਦੇਵੇਗੀ। ਦੂਜੇ ਪਾਸੇ ਰਾਜ ਸਭਾ ਵਿੱਚ ਇਸ ਦੇ ਉਲਟ ਹੋਇਆ। ਚੇਅਰਮੈਨ ਜਗਦੀਪ ਧਨਖੜ ਨੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੂੰ ਆਪਣੀ ਗੱਲ ਕਹਿਣ ਲਈ ਖੁੱਲ੍ਹਾ ਸਮਾਂ ਦੇ ਦਿੱਤਾ। ਇਹ ਉਹੋ ਧਨਖੜ ਸਨ, ਜਿਨ੍ਹਾ ਬਾਰੇ ਇਹ ਦੋਸ਼ ਲਗਦੇ ਰਹੇ ਸਨ ਕਿ ਉਹ ਆਪਣੇ ਅਹੁਦੇ ਦੀ ਮਰਿਆਦਾ ਨੂੰ ਭੁਲਾ ਕੇ ਇੰਜ ਵਿਹਾਰ ਕਰਦੇ ਹਨ, ਜਿਵੇਂ ਭਾਜਪਾ ਦੇ ਅਹੁਦੇਦਾਰ ਹੋਣ। ਖੜਗੇ ਨੇ ਆਪਣੇ ਭਾਸ਼ਣ 'ਚ ਅਪ੍ਰੇਸ਼ਨ ਸਿੰਧੂਰ ਨਾਲ ਜੁੜੇ ਸਵਾਲਾਂ ਨੂੰ ਚੁੱਕ ਕੇ ਪ੍ਰਧਾਨ ਮੰਤਰੀ ਵੱਲੋਂ ਪੱਤਰਕਾਰਾਂ ਸਾਹਮਣੇ ਦਿੱਤੇ ਭਾਸ਼ਣ ਦੇ ਇੱਕ-ਇੱਕ ਦਾਅਵੇ ਦੀਆਂ ਧੱਜੀਆਂ ਉਡਾ ਦਿੱਤੀਆਂ। ਖੜਗੇ ਦੇ ਬੋਲਣ ਵਿਚਕਾਰ ਕੇਂਦਰੀ ਮੰਤਰੀ ਜੇ ਪੀ ਨੱਢਾ ਨੇ ਵਿੱਚੋਂ ਟੋਕ ਕੇ ਕਿਹਾ, 'ਸਿਰ਼ਫ ਉਹੀ ਰਿਕਾਰਡ ਹੋਵੇ, ਜੋ ਮੈਂ ਬੋਲਾਂ।' ਇਹ ਸਿੱਧੇ ਤੌਰ 'ਤੇ ਧਨਖੜ ਦੀ ਹੇਠੀ ਸੀ। ਇਸ ਤੋਂ ਬਾਅਦ ਰਾਜ ਸਭਾ ਦਾ ਕੰਮ ਸੁਚਾਰੂ ਰੂਪ ਨਾਲ ਚਲਾਉਣ ਲਈ ਧਨਖੜ ਨੇ ਬਿਜ਼ਨਸ ਐਡਵਾਈਜ਼ਰੀ ਕਮੇਟੀ ਦੀ ਮੀਟਿੰਗ ਸੱਦ ਲਈ, ਪਰ ਸਰਕਾਰੀ ਪੱਖ ਦਾ ਕੋਈ ਨੁਮਾਇੰਦਾ ਨਾ ਗਿਆ। ਕੁਝ ਪੱਤਰਕਾਰਾਂ ਦਾ ਖਿਆਲ ਹੈ ਕਿ ਧਨਖੜ ਵੱਲੋਂ ਖੜਗੇ ਨੂੰ ਬੋਲਣ ਦਾ ਸਮਾਂ ਦੇਣਾ ਹੀ ਉਨ੍ਹਾ ਦੇ ਅਸਤੀਫ਼ੇ ਦਾ ਕਾਰਨ ਬਣਿਆ। ਕੁਝ ਹੋਰ ਪੱਤਰਕਾਰਾਂ ਦਾ ਦਾਅਵਾ ਹੈ ਕਿ ਧਨਖੜ ਨੂੰ ਪਹਿਲਾਂ ਹੀ ਪਤਾ ਲੱਗ ਗਿਆ ਸੀ ਕਿ ਉਸ ਤੋਂ ਅਸਤੀਫ਼ਾ ਲਿਆ ਜਾਣਾ ਹੈ, ਇਸੇ ਲਈ ਉਨ੍ਹਾ ਜਾਣ-ਬੁੱਝ ਕੇ ਖੜਗੇ ਨੂੰ ਬੋਲਣ ਦਾ ਸਮਾਂ ਦਿੱਤਾ ਸੀ। ਇਨ੍ਹਾਂ ਮੁਤਾਬਕ ਅਸਤੀਫ਼ਾ ਵੀ ਇੱਕ ਸ਼ਕਤੀਸ਼ਾਲੀ ਆਗੂ ਵੱਲੋਂ ਲਿਖਿਆ ਗਿਆ ਸੀ, ਧਨਖੜ ਨੇ ਤਾਂ ਸਿਰ਼ਫ ਦਸਤਖਤ ਕੀਤੇ।

ਕਿਆਸਅਰਾਈਆਂ ਇਹ ਵੀ ਹਨ ਕਿ ਧਨਖੜ ਆਰ ਐੱਸ ਐੱਸ ਦੇ ਨੇੜੇ ਹਨ। ਅਗਲੇ ਸਾਲ ਮਈ ਮਹੀਨੇ ਵਿੱਚ ਉਹ 75 ਸਾਲ ਦੇ ਹੋ ਜਾਣਗੇ। ਪ੍ਰਧਾਨ ਮੰਤਰੀ ਮੋਦੀ ਇਸ ਸਾਲ ਸਤੰਬਰ ਵਿੱਚ 75 ਸਾਲ ਦੇ ਹੋ ਜਾਣਗੇ। ਨਰਿੰਦਰ ਮੋਦੀ 'ਤੇ ਅਸਤੀਫ਼ਾ ਦੇਣ ਲਈ ਦਬਾਅ ਬਣਾਉਣ ਵਾਸਤੇ ਹੀ ਆਰ ਐੱਸ ਐੱਸ ਨੇ ਧਨਖੜ ਨੂੰ ਅਸਤੀਫ਼ਾ ਦੇਣ ਲਈ ਮਨਾਇਆ ਹੈ।

ਕੁਝ ਵੀ ਹੋਵੇ, ਇੱਕ ਗੱਲ ਸਾਫ਼ ਹੈ ਕਿ ਭਾਜਪਾ ਤੇ ਆਰ ਐੱਸ ਐੱਸ ਵਿੱਚ ਅੰਦਰੂਨੀ ਜੰਗ ਹੁਣ ਸਿਖਰ ਉੱਤੇ ਪੁੱਜ ਚੁੱਕੀ ਹੈ। ਧਨਖੜ ਇਸ ਜੰਗ ਦੇ ਪਹਿਲੇ 'ਸ਼ਹੀਦ' ਹਨ। ਆਉਣ ਵਾਲੇ ਦਿਨਾਂ 'ਚ ਇਹ ਹੋਰ ਕਿਸ-ਕਿਸ ਦੀ ਬਲੀ ਲਵੇਗੀ, ਇਸ ਦੀ ਉਡੀਕ ਰਹੇਗੀ।

**-ਚੰਦ ਫਤਿਹਪੁਰੀ**

# ਵੋਟਰਾਂ ਦਾ ਸ਼ੁੱਧੀਕਰਨ ਅਤੇ ਨਾਗਰਿਕਤਾ



ਗੁਰਮੀਤ ਸਿੰਘ ਪਲਾਹੀ

2020 ਦੀਆਂ ਬਿਹਾਰ ਵਿਧਾਨ ਸਭਾ ਚੋਣਾਂ ਵਿੱਚ ਇੱਕ ਫ਼ੀਸਦੀ ਵੋਟਾਂ ਦੇ ਫੇਰਬਦਲ ਨਾਲ ਸਰਕਾਰ ਦਾ ਗਣਿਤ ਬਦਲ ਗਿਆ ਸੀ। ਕਈ ਵਿਧਾਨ ਸਭਾ ਸੀਟਾਂ ਉਤੇ ਉਮੀਦਵਾਰਾਂ ਦੀ ਜਿੱਤ ਕੁਝ ਸੈਂਕੜੇ ਵੋਟਾਂ ਤੱਕ ਸੀਮਤ ਸੀ। ਇਸ ਕਰਕੇ ਭਾਰਤੀ ਚੋਣ ਕਮਿਸ਼ਨ ਵੱਲੋਂ ਬਿਹਾਰ ਵਿਧਾਨ ਸਭਾ ਚੋਣਾਂ 'ਚ ਮਹਿਜ਼ 4 ਕੁ ਮਹੀਨੇ ਪਹਿਲਾਂ ਵੋਟਰ ਸੂਚੀਆਂ ਦੀ ਸੁਧਾਈ ਜਾਂ ਪੁਨਰ-ਨਿਰੀਖਣ ਦਾ ਕੰਮ ਵੱਡੇ ਸਵਾਲ ਖੜੇ ਕਰ ਰਿਹਾ ਹੈ। ਚੋਣ ਕਮਿਸ਼ਨ ਦੀ ਇਸ ਕਾਰਵਾਈ ਨਾਲ ਦੇਸ਼ ਭਰ 'ਚ ਬਵਾਲ ਮਚਿਆ ਹੋਇਆ ਹੈ। ਬਿਹਾਰ 'ਚ ਸਿਆਸੀ ਪਾਰਟੀਆਂ ਪ੍ਰੇਸ਼ਾਨ ਹਨ। ਬਿਹਾਰ ਵਿੱਚ ਪੁਨਰ ਨਿਰੀਖਣ ਦੇ ਨਾਂਅ 'ਤੇ ਅੱਧੇ-ਅਧੂਰੇ ਫਾਰਮ ਭਰਵਾ ਕੇ, ਫਾਰਮ ਦੀ ਕਾਪੀ ਪ੍ਰਾਰਥੀ ਨੂੰ ਨਾ ਦੇ ਕੇ, ਮੀਡੀਆ ਵਿੱਚ ਅਪੁਸ਼ਟ ਖ਼ਬਰਾਂ ਲੀਕ ਕਰਕੇ ਭਾਰਤੀ ਚੋਣ ਕਮਿਸ਼ਨ ਅਧਿਕਾਰੀ ਕੀ ਕਾਨੂੰਨ ਨਹੀਂ ਤੋੜ ਰਹੇ? ਕੀ ਇਹ ਵੱਡੇ ਹਾਕਮਾਂ ਵੱਲੋਂ ਮਿਲੇ ਦਿਸ਼ਾ-ਨਿਰਦੇਸ਼ ਤਾਂ ਨਹੀਂ? ਕੀ ਇਹ ਚੋਣ ਜਿੱਤਣ ਲਈ ਨਵੀਂ ਕਿਸਮ ਦੀ ਕਵਾਇਦ ਤਾਂ ਨਹੀਂ?

ਸਾਲ 1952, 1961, 1983, 1992, 2002, ਅਤੇ 2004 ਵਿੱਚ ਵੱਖ-ਵੱਖ ਸੂਬਿਆਂ ਵਿੱਚ ਅਜਿਹੀ ਵੋਟਰ ਸੁਧਾਈ ਹੋਈ ਸੀ। ਬਿਹਾਰ ਵਿੱਚ ਇਹ ਸੁਧਾਈ 2003 ਵਿੱਚ ਹੋਈ, ਪਰ ਹੁਣ ਅਚਾਨਕ ਨਾਗਰਿਕਤਾ ਪਛਾਣ ਦੇ ਨਾਂਅ 'ਤੇ ਪੁਨਰ-ਮੁਲਾਂਕਣ ਕਰਵਾਉਣਾ, ਉਹ ਵੀ ਵੋਟਾਂ 'ਚ ਥੋੜ੍ਹਾ ਸਮਾਂ ਰਹਿਣ 'ਤੇ ਕੀ ਭਾਰਤੀ ਚੋਣ ਕਮਿਸ਼ਨ ਦੀ ਨਿਰਪੱਖਤਾ ਹੈ? ਕੀ ਇਹ ਨਾਗਰਿਕਤਾ ਹੱਕ 'ਚ ਬਿਨ੍ਹਾਂ ਵਜ੍ਹਾ ਦਖ਼ਲ ਨਹੀਂ?

ਭ੍ਰਿਸ਼ਟ ਤਰੀਕੇ ਨਾਲ ਵੋਟਰ ਲਿਸਟ ਵਿੱਚ ਨਾਂਅ ਸ਼ਾਮਲ ਕਰਵਾਉਣਾ ਜਾਂ ਸਹੀ ਵੋਟਰਾਂ ਦਾ ਨਾਂਅ ਕਟਵਾਉਣਾ, ਕੀ ਗਲਤ ਨਹੀਂ ਹੈ? ਜਵਾਬ ਹੋਏਗਾ ਬਿਲਕੁਲ ਗਲਤ ਹੈ। ਬਿਹਾਰ ਦੀ ਵੋਟਰ ਲਿਸਟ ਸੰਬੰਧੀ ਹੰਗਾਮੇ ਦੇ ਦੌਰਾਨ ਚੰਦਰ ਬਾਬੂ ਨਾਇਡੂ ਨੇ ਆਂਧਰਾ ਪ੍ਰਦੇਸ਼ ਅਤੇ ਦੂਜੇ ਰਾਜਾਂ ਵਿੱਚ ਚੋਣਾਂ ਤੋਂ ਕਾਫ਼ੀ ਸਮਾਂ ਪਹਿਲਾਂ ਵਿਗਿਆਨਕ ਤਰੀਕੇ ਨਾਲ ਸਹੀ ਵੋਟਰਾਂ ਦੀ ਪਛਾਣ ਦੀ ਮੰਗ ਕੀਤੀ ਹੈ। ਦੂਜੇ ਪਾਸੇ ਅਸਾਮ ਦੇ ਮੁੱਖ ਮੰਤਰੀ ਹਿੰਮਤ ਵਿਸਵਾ ਸਰਮਾ ਨੇ ਐੱਨ.ਆਰ.ਸੀ. ਦਾ ਰਾਗ ਛੇੜ ਕੇ ਸੰਵਿਧਾਨਿਕ ਮਾਮਲੇ 'ਚ ਪੇਚੀਦਗੀ ਵਧਾ ਦਿੱਤੀ ਹੈ।

ਪੱਛਮੀ ਦੇਸ਼ਾਂ ਵਿੱਚ ਨਾਗਰਿਕਤਾ ਦਾ ਸਖ਼ਤ ਨਿਯਮ ਹੈ, ਪਰ ਭਾਰਤ ਵਿੱਚ ਨਾਗਰਿਕਤਾ ਦਾ ਮਾਮਲਾ ਸੰਸਦੀ ਅਸਫਲਤਾ, ਸੱਤਾ ਦੀ ਸਿਆਸਤ ਅਤੇ ਪ੍ਰਸ਼ਾਸਨਿਕ ਭ੍ਰਿਸ਼ਟਾਚਾਰ ਦੀ ਬਲੀ ਚੜ੍ਹ ਰਿਹਾ ਹੈ। ਇਸ ਰੌਲੇ-ਘਚੋਲੇ ਵਿੱਚ ਨਾਗਰਿਕਤਾ ਸਿੱਧ ਕਰਨ ਦੀ ਜ਼ੁੰਮੇਵਾਰੀ ਕਿਸ ਦੀ ਹੈ, ਬਾਰੇ ਵੀ ਬਹਿਸ ਛਿੜ ਪਈ ਹੈ। ਕੀ ਨਾਗਰਿਕਤਾ ਸਿੱਧ ਕਰਨ ਦੀ ਜ਼ੁੰਮੇਵਾਰੀ ਭਾਰਤੀ ਚੋਣ ਕਮਿਸ਼ਨ ਦੀ ਹੈ?

ਪਿਛਲੇ ਹਫ਼ਤੇ ਸੁਪਰੀਮ ਕੋਰਟ ਵੱਲੋਂ ਬਿਹਾਰ ਵਿੱਚ ਵੋਟਾਂ ਦੀ ਸੁਧਾਈ ਦੀ ਭਾਰਤੀ ਚੋਣ ਕਮਿਸ਼ਨ ਦੇ ਹੁਕਮਾਂ ਨੂੰ ਸੰਵਿਧਾਨਿਕ ਕਰਾਰ ਦਿੱਤਾ ਗਿਆ ਹੈ ਅਤੇ ਇਸ ਨੂੰ ਬਿਹਾਰ ਵਿੱਚ ਅਭਿਆਸ ਜਾਰੀ ਰੱਖਣ ਲਈ ਕਿਹਾ ਹੈ। ਭਾਰਤੀ ਚੋਣ ਕਮਿਸ਼ਨ ਨੇ ਦਾਅਵਾ ਕੀਤਾ ਹੈ ਕਿ ਬਿਹਾਰ ਵਿੱਚ ਵੱਡੀ ਗਿਣਤੀ ਵਿੱਚ ਨੇਪਾਲ, ਬੰਗਲਾਦੇਸ਼ ਅਤੇ ਮਿਆਂਮਾਰ ਦੇ ਨਾਗਰਿਕਾਂ ਦਾ ਪਤਾ ਲੱਗਾ ਹੈ, ਜਿਨ੍ਹਾਂ ਵੋਟਾਂ ਬਣਾਈਆਂ ਸਨ ਤੇ ਹੁਣ ਇਹਨਾ ਦੇ ਨਾਂਅ ਕੱਟੇ ਜਾਣਗੇ। ਚੋਣ ਕਮਿਸ਼ਨ ਨੇ ਇਹ ਐਲਾਨ ਵੀ ਕੀਤਾ ਹੈ ਕਿ ਉਹ ਅੰਤ ਵਿੱਚ ਦੇਸ਼-ਭਰ 'ਚ ਵੋਟਰ ਸੂਚੀਆਂ ਦੀ ਡੂੰਘਾਈ ਨਾਲ ਸਮੀਖਿਆ ਕਰੇਗਾ, ਤਾਂ ਜੋ ਵਿਦੇਸ਼ੀ ਗ਼ੈਰ-ਕਾਨੂੰਨੀ ਪ੍ਰਵਾਸੀਆਂ ਨੂੰ ਉਹਨਾ ਦੇ ਜਨਮ ਸਥਾਨ ਦੀ ਜਾਂਚ ਕਰਕੇ ਵੋਟਰ ਸੂਚੀਆਂ 'ਚੋਂ ਕੱਟਿਆ ਜਾਵੇ।

ਦੇਸ਼ ਦੀਆਂ ਵਿਰੋਧੀ ਪਾਰਟੀਆਂ ਨੇ ਸੁਪਰੀਮ ਕੋਰਟ 'ਚ ਪਟੀਸ਼ਨਾਂ ਦਾਇਰ ਕੀਤੀਆਂ ਹਨ। ਕੇਸਾਂ ਦੀ ਸੁਣਵਾਈ 28 ਜੁਲਾਈ ਸੁਪਰੀਮ ਕੋਰਟ 'ਚ ਨੀਅਤ ਹੈ। ਵਿਰੋਧੀ ਧਿਰ ਦੀਆਂ ਪਟੀਸ਼ਨਾਂ 'ਚ ਦਾਅਵਾ ਕੀਤਾ ਗਿਆ ਕਿ ਇਹ ਪੂਰਾ ਅਮਲ, ਯੋਗ ਨਾਗਰਿਕਾਂ ਨੂੰ ਉਹਨਾ ਦੇ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝਾ ਕਰ ਦੇਵੇਗਾ। ਸੰਵਿਧਾਨ ਦੀ ਧਾਰਾ-5 ਜਨਮ ਅਤੇ ਜਨਮ ਸਥਾਨ ਦੇ ਅਧਾਰ 'ਤੇ ਆਪਣੇ ਆਪ ਨਾਗਰਿਕਤਾ ਦਿੰਦੀ ਹੈ ਅਤੇ ਧਾਰਾ-326 ਇਸ ਦੀ ਲਗਾਤਾਰਤਾ ਪੱਕਿਆਂ ਕਰਦੀ ਹੈ। ਜਨਮ ਅਤੇ ਜਨਮ ਸਥਾਨ ਨੂੰ ਲੈ ਕੇ ਜੇਕਰ ਕੋਈ ਵਿਵਾਦ ਹੈ ਤਾਂ ਇਹ ਸੂਬੇ ਦੀ ਜ਼ੁੰਮੇਵਾਰੀ ਹੈ, ਨਾ ਕਿ ਨਾਗਰਿਕਾਂ ਦੀ ਕਿ ਉਹ ਇਹ ਸਿੱਧ ਕਰੇ ਕਿ ਫਲਾਨਾ ਬੰਦਾ ਭਾਰਤ ਦਾ ਨਾਗਰਿਕ ਹੈ ਕਿ ਨਹੀਂ। ਅਸੀਂ ਨਾਗਰਿਕਤਾ ਦੇ ਲਈ ਸੰਬੰਧਤ ਸੂਬੇ ਦੇ ਸਾਹਮਣੇ ਅਰਜ਼ੀ ਨਹੀਂ ਦੇ ਸਕਦੇ ਅਤੇ ਇਹ ਨਾਗਰਿਕਤਾ ਜੀਵਨ ਭਰ ਰਹਿੰਦੀ ਹੈ। ਫਿਰ ਉਸ ਤੋਂ ਬਾਅਦ ਨਾਗਰਿਕਤਾ ਦੇ ਮਾਮਲੇ 'ਤੇ ਕਿਸੇ ਵੀ ਸੂਬੇ 'ਤੇ ਵਿਵਾਦ ਦੇ ਲਈ ਕੇਂਦਰ ਦਾ ਗ੍ਰਹਿ ਵਿਭਾਗ ਹੈ, ਜਿਸ ਨੂੰ ਦੇਸ਼ ਦੀ ਸੁਪਰੀਮ ਕੋਰਟ ਨੇ ਸਪੱਸ਼ਟ ਰੂਪ 'ਚ ਸਾਰੀਆਂ ਪਟੀਸ਼ਨਾਂ ਦੀ ਸੁਣਵਾਈ ਦੌਰਾਨ ਸਪੱਸ਼ਟ ਕਰ ਦਿੱਤਾ ਹੈ ਕਿ ਅਪਰਾਧ ਨਿਆਂ ਸ਼ਾਸਤਰ ਵਿੱਚ ਅਪਰਾਧ ਸਿੱਧ ਕਰਨ ਦੀ ਜ਼ੁੰਮੇਵਾਰੀ ਆਰੋਪ ਲਾਉਣ ਵਾਲੇ ਦੀ ਹੈ, ਨਾ ਕਿ ਜਿਸ ਉਤੇ ਆਰੋਪ ਲਗਦਾ ਹੈ ਉਸ ਦੀ। ਜੇਕਰ ਕੋਈ ਵਿਅਕਤੀ ਪਿਛਲੀਆਂ ਆਮ ਚੋਣਾਂ ਵਿੱਚ ਵੋਟਰ ਸੀ ਤਾਂ ਉਸ ਨੂੰ ਫਿਰ ਕੁਝ ਚੁਣੇ ਹੋਏ ਸਬੂਤਾਂ, ਕਾਗਜ਼ਾਂ ਪੱਤਰਾਂ ਦੇ ਅਧਾਰ 'ਤੇ ਆਪਣਾ ਵੋਟਰ ਹੋਣ ਦਾ ਅਧਿਕਾਰ ਸਿੱਧ ਕਰਨ ਲਈ ਕਹਿਣਾ ਧਾਰਾ-326 ਦੀ ਉਲੰਘਣਾ ਹੈ।

ਨਾਗਰਿਕਤਾ ਦੇ ਮਾਮਲੇ 'ਚ ਕੁਝ ਬਿੰਦੂਆਂ ਨੂੰ ਸਮਝਣ ਦੀ ਲੋੜ ਹੈ। ਸਾਲ 1951 ਵਿੱਚ ਮਰਦਮਸ਼ੁਮਾਰੀ ਦੇ ਅਨੁਸਾਰ ਪਹਿਲਾ ਰਾਸ਼ਟਰੀ ਨਾਗਰਿਕ ਰਜਿਸਟਰ (ਐੱਨ ਆਰ ਸੀ) ਬਣਿਆ, ਪਰ ਉਸ ਤੋਂ ਬਾਅਦ ਇਹ ਅੱਪਡੇਟ ਨਹੀਂ ਹੋ ਸਕਿਆ। ਨਾਗਰਿਕਤਾ ਕਾਨੂੰਨ ਦੇ ਅਨੁਸਾਰ 2003 ਵਿੱਚ ਐੱਨ ਆਰ ਸੀ ਸੋਧਾਂ ਨੂੰ ਲਾਗੂ ਕਰਨ ਦੀ ਮੁਹਿੰਮ 2019 ਵਿੱਚ ਸੁਪਰੀਮ ਕੋਰਟ ਦੇ ਠੰਢੇ ਬਸਤੇ ਚ ਚਲੀ ਗਈ। ਅਸਾਮ ਸਮਝੌਤਾ ਲਾਗੂ ਕਰਨ ਲਈ ਨਾਗਰਿਕਤਾ ਕਾਨੂੰਨ 'ਚ ਜੋੜੀ ਗਈ ਧਾਰਾ 6-ਏ ਨੂੰ ਸੁਪਰੀਮ ਕੋਰਟ ਦੀ ਸੰਵਿਧਾਨਿਕ ਬੈਂਚ ਨੇ ਪਿਛਲੇ ਸਾਲ ਸਹੀ ਠਹਿਰਾਇਆ, ਪਰ ਸੁਪਰੀਮ ਕੋਰਟ ਵੱਲੋਂ ਨਾਗਰਿਕਤਾ ਨਾਲ ਜੁੜੇ ਅਨੇਕਾਂ ਪੈਂਡਿੰਗ ਪਏ ਮਾਮਲਿਆਂ ਦੀ ਸੁਣਵਾਈ ਅਤੇ ਫ਼ੈਸਲਿਆਂ ਲਈ ਸੁਪਰੀਮ ਕੋਰਟ ਕਈ ਸਾਲਾਂ ਤੋਂ ਸੰਵਿਧਾਨਿਕ ਬੈਂਚ ਹੀ ਨਹੀਂ ਬਣਾ ਸਕੀ, ਭਾਵੇਂ ਕਿ ਹੁਣ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਸੱਚਾਈ ਜਾਨਣ ਲਈ ਚੋਣਾਂ ਤੋਂ ਪਹਿਲਾਂ ਪੁਨਰ ਨਿਰੀਖਣ ਕਰਵਾਉਣ ਲਈ ਚੋਣ ਕਮਿਸ਼ਨ ਨੂੰ ਨਸੀਹਤ ਦਿੱਤੀ ਹੈ।

ਜਨ ਸੰਖਿਆ ਦਾ ਕਾਨੂੰਨ 1948 ਵਿੱਚ ਬਣਿਆ, ਪਰ ਰਾਸ਼ਟਰੀ ਜਨਸੰਖਿਆ ਰਜਿਸਟਰ (ਐੱਨ ਆਰ ਸੀ) ਦੇ ਲਈ 2003 ਵਿੱਚ ਜਾ ਕੇ ਨਿਯਮ ਬਣੇ। ਉਸ ਦੇ ਅਨੁਸਾਰ ਭਾਰਤ ਵਿੱਚ ਸਾਰੇ ਨਿਵਾਸੀਆਂ ਲਈ ਐੱਨ.ਸੀ.ਆਰ. ਵਿੱਚ ਰਜਿਸਟਰੇਸ਼ਨ ਜ਼ਰੂਰੀ ਹੈ। 2010 ਵਿੱਚ ਪਹਿਲਾਂ ਐੱਨ ਸੀ ਆਰ ਤਿਆਰ ਹੋਣ ਦੇ ਪੰਜ ਸਾਲ ਬਾਅਦ ਅੱਪਡੇਟ ਕੀਤਾ ਗਿਆ, ਪਰ ਆਧਾਰ ਕਾਰਡ ਦੇ ਵਾਂਗ ਐੱਨ ਸੀ ਆਰ ਵਿੱਚ ਵੇਰਵਾ ਹੋਣਾ ਨਾਗਰਿਕਤਾ ਦਾ ਅਧਿਕਾਰਤ ਸਬੂਤ ਨਹੀਂ ਹੈ।

ਸੀ ਏ ਏ (ਨਾਗਰਿਕਤਾ ਸੰਸ਼ੋਧਨ ਕਾਨੂੰਨ) ਨੂੰ ਦਸੰਬਰ 2019 ਵਿੱਚ ਮਨਜ਼ੂਰੀ ਮਿਲੀ। ਉਸ ਦੇ ਅਨੁਸਾਰ ਪਾਕਿਸਤਾਨ, ਅਫਗਾਨਿਸਤਾਨ ਅਤੇ ਬੰਗਲਾਦੇਸ਼ ਤੋਂ ਗ਼ੈਰ-ਮੁਸਲਿਮ, ਧਾਰਮਿਕ ਘੱਟ ਗਿਣਤੀ ਸ਼ਰਨਾਰਥੀਆਂ ਨੂੰ ਭਾਰਤ ਵਿੱਚ ਨਾਗਰਿਕਤਾ ਮਿਲ ਸਕਦੀ ਹੈ। ਉਸ ਕਾਨੂੰਨ ਦੇ ਅਨੁਸਾਰ ਸ਼ਰਨਾਰਥੀ ਨੂੰ ਨਾਗਰਿਕਤਾ ਲੈਣ ਲਈ ਭਾਰਤ ਵਿੱਚ ਰਿਹਾਇਸ਼ ਦੇ ਸਬੂਤ ਦੇ ਤੌਰ 'ਤੇ 20 ਕਿਸਮ ਦੇ ਦਸਤਾਵੇਜ਼ਾਂ ਵਿੱਚੋਂ ਇੱਕ ਅਤੇ ਗੁਆਂਢੀ ਦੇਸ਼ਾਂ ਦੇ ਰਿਹਾਇਸ਼ ਦੇ ਸਬੂਤਾਂ ਦੇ ਤੌਰ 'ਤੇ 9 ਵਿੱਚੋਂ ਇੱਕ ਦਸਤਾਵੇਜ਼ ਦੇਣ ਦੀ ਜ਼ਰੂਰਤ ਹੈ।

ਸੀ ਏ ਏ ਅਤੇ ਰੋਹਿੰਗਿਆ ਸ਼ਰਨਾਰਥੀਆਂ ਦੇ ਮਾਮਲੇ ਸੁਪਰੀਮ ਕੋਰਟ ਵਿੱਚ ਲਮਕੇ ਪਏ ਹਨ। ਇਸ ਲਈ ਵੋਟਰ ਲਿਸਟ ਵਿੱਚ ਪਛਾਣ ਦੇ ਬਾਵਜੂਦ ਵਿਦੇਸ਼ੀ ਲੋਕਾਂ ਦੇ ਖਿਲਾਫ਼ ਉਨ੍ਹਾਂ ਨੂੰ ਦੇਸ਼ ਨਿਕਾਲੇ ਦੀ ਕਾਰਵਾਈ ਲਈ ਗ੍ਰਹਿ ਮੰਤਰਾਲਾ ਹੀ ਐਕਸ਼ਨ ਲੈ ਸਕਦਾ ਹੈ।

ਸੁਪਰੀਮ ਕੋਰਟ ਨੇ ਅਗਸਤ 2013 ਵਿੱਚ ਕਿਹਾ ਸੀ ਕਿ ਆਧਾਰ ਕਾਰਡ ਦੇ ਜ਼ਰੂਰੀ ਨਾ ਹੋਣ ਬਾਰੇ ਭਾਰਤ ਸਰਕਾਰ ਮੀਡੀਆ 'ਚ ਪ੍ਰਚਾਰ ਕਰੇ, ਪਰ ਅਦਾਲਤ ਦੇ ਅਨੇਕਾਂ ਹੁਕਮਾਂ ਦੇ ਬਾਵਜੂਦ ਸਰਕਾਰ ਨੇ ਆਧਾਰ ਕਾਰਡ ਨੂੰ ਪਿਛਲੇ ਦਰਵਾਜ਼ੇ ਰਾਹੀਂ ਜ਼ਰੂਰੀ ਬਣਾ ਦਿੱਤਾ। ਜਾਂਚ ਤੋਂ ਬਿਨਾਂ ਨਿੱਜੀ ਏਜੰਸੀਆਂ ਰਾਹੀਂ ਬਣਾਏ ਗਏ ਆਧਾਰ ਕਾਰਡ ਹੁਣ ਸਰਕਾਰ ਤੋਂ ਬਿਨਾਂ ਭਾਰਤੀ ਚੋਣ ਕਮਿਸ਼ਨ ਦੇ ਗਲੇ ਦੀ ਹੱਡੀ ਬਣੇ ਹੋਏ ਹਨ।

ਸੁਪਰੀਮ ਕੋਰਟ ਦੇ ਪੁਰਾਣੇ ਫ਼ੈਸਲੇ ਅਨੁਸਾਰ ਵੋਟਰ ਲਿਸਟ ਦੀ ਆੜ ਵਿੱਚ ਚੋਣ ਕਮਿਸ਼ਨ ਨਾਗਰਿਕਤਾ ਦੀ ਪੜਤਾਲ ਨਹੀਂ ਕਰ ਸਕਦਾ। ਐੱਨ ਆਰ ਸੀ ਅਤੇ ਨਾਗਰਿਕਤਾ ਦਾ ਮਾਮਲਾ ਕੇਂਦਰ ਸਰਕਾਰ ਦੇ ਗ੍ਰਹਿ ਵਿਭਾਗ ਦੇ ਅਧੀਨ ਹੈ। 18 ਸਾਲ ਦੀ ਉਮਰ ਤੋਂ ਉਪਰ ਨਾਗਰਿਕਾਂ ਦੇ ਨਾਂਅ ਵੋਟਰ ਲਿਸਟ ਵਿੱਚ ਸ਼ਾਮਲ ਕਰਨ ਦੇ ਬਾਰੇ ਵਿੱਚ ਚੋਣ ਕਮਿਸ਼ਨ ਨੂੰ ਸੰਵਿਧਾਨ ਅਨੁਸਾਰ ਪੂਰੇ ਹੱਕ ਹਨ।

ਜੇਕਰ ਚੋਣ ਕਮਿਸ਼ਨ ਆਪਣੀ ਇਸ ਸੰਵਿਧਾਨਿਕ ਸੀਮਾ ਦੀ ਉਲੰਘਣਾ ਕਰਦਾ ਹੈ ਤਾਂ ਉਸ ਨੂੰ ਆਪਣੇ ਮਕਸਦ ਨੂੰ ਪੂਰਿਆਂ ਕਰਨ ਲਈ ਕਾਨੂੰਨੀ ਕਦਮ ਚੁਕਣੇ ਪੈ ਸਕਦੇ ਹਨ ਅਤੇ ਸੁਪਰੀਮ ਕੋਰਟ ਨੂੰ ਵੀ ਇਹਨਾ ਸਾਰੀਆਂ ਚੀਜ਼ਾਂ ਦੇ ਨਾਲ ਇਹ ਦੇਖਣਾ ਹੋਏਗਾ ਕਿ ਚੋਣ ਕਮਿਸ਼ਨ ਇਸ ਮਾਮਲੇ ਵਿੱਚ ਆਪਣੀ ਸੀਮਾ ਤੋਂ ਬਾਹਰ ਤਾਂ ਨਹੀਂ ਜਾ ਰਿਹਾ।

ਬਿਹਾਰ ਤੋਂ ਬਾਅਦ ਪੰਜ ਹੋਰ ਰਾਜਾਂ ਅਸਾਮ, ਕੇਰਲ, ਪੁਡੂਚੇਰੀ, ਤਾਮਿਲਨਾਡੂ ਅਤੇ ਪੱਛਮੀ ਬੰਗਾਲ ਵਿੱਚ ਵਿਧਾਨ ਸਭਾ ਚੋਣਾਂ 2026 'ਚ ਹੋਣੀਆਂ ਹਨ। ਇਸ ਸਮੇਂ ਦੌਰਾਨ ਵੋਟਰ ਸੂਚੀਆਂ ਦੇ ਸ਼ੁੱਧੀਕਰਨ ਅਤੇ ਨਾਗਰਿਕਤਾ ਦਾ ਮਸਲਾ ਪੂਰੀ ਤਰ੍ਹਾਂ ਭਖਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਕਿਉਂਕਿ ਚੋਣਾਂ 'ਚ ਜਿੱਤ-ਹਾਰ ਹੁਣ ਕੁਝ ਵੋਟਾਂ ਦੇ ਫ਼ਰਕ ਤੱਕ ਸੀਮਤ ਹੁੰਦੀ ਜਾ ਰਹੀ ਹੈ, ਜਿਵੇਂ ਕਿ ਪਿਛਲੀ ਵਿਧਾਨ ਸਭਾ ਚੋਣਾਂ 'ਚ ਬਿਹਾਰ 'ਚ ਹੋਇਆ ਸੀ।

**# ਸੰਪਰਕ : 98158-02070**

# ਮਨੁੱਖੀ ਜ਼ਿੰਦਗੀ 'ਚ ਨੈਤਿਕ ਕਦਰਾਂ-ਕੀਮਤਾਂ ਦਾ ਅਹਿਮ ਰੋਲ

ਗੁਰਜਤਿੰਦਰਪਾਲ ਸਿੰਘ

ਮਨੁੱਖੀ ਜ਼ਿੰਦਗੀ ਵਿੱਚ ਨੈਤਿਕ ਕਦਰਾਂ-ਕੀਮਤਾਂ ਦਾ ਅਹਿਮ ਰੋਲ ਹੁੰਦਾ ਹੈ। ਨੈਤਿਕ ਕਦਰਾਂ-ਕੀਮਤਾਂ ਵਾਲੇ ਇਨਸਾਨ ਦੀ ਜ਼ਿੰਦਗੀ ਵਧੀਆ, ਸੁਭਾਅ ਖੁਸ਼ਦਿਲ ਤੇ ਚੰਗੇ ਗੁਣਾਂ ਨਾਲ ਭਰਪੂਰ ਹੁੰਦੀ ਹੈ। ਜਿਸ ਵਿਅਕਤੀ ਵਿੱਚ ਇਸ ਤਰ੍ਹਾਂ ਦੇ ਸਾਰੇ ਗੁਣ ਹੁੰਦੇ ਹਨ, ਉਹ ਮਨੁੱਖ ਆਪਣੀ ਜ਼ਿੰਦਗੀ ਦੇ ਹਰ ਪੜਾਅ 'ਤੇ ਵਿਕਾਸ ਕਰਦਾ ਅੱਗੇ ਵਧਦਾ ਰਹਿੰਦਾ ਹੈ। ਹੋਰ ਲੋਕਾਂ ਦਾ ਮਾਰਗ-ਦਰਸ਼ਕ ਵੀ ਬਣਦਾ ਹੈ ਅਤੇ ਲੋਕਾਂ ਦੇ ਮਨਾਂ ਵਿੱਚ ਉਸ ਵਿਅਕਤੀ ਲਈ ਇੱਜ਼ਤ-ਮਾਣ ਵਧੇਰੇ ਹੁੰਦਾ ਹੈ।

ਵਕਤ ਬੀਤਦਾ ਰਹਿੰਦਾ ਹੈ, ਪ੍ਰੰਤੂ ਵਕਤ ਲੰਘੇ ਦਾ ਪਤਾ ਨਹੀਂ ਲੱਗਦਾ ਬਾਅਦ ਵਿੱਚ ਅਸੀਂ ਸਿਰਫ ਪਛਤਾਵਾ ਕਰਦੇ ਹਾਂ, ਪ੍ਰੰਤੂ ਸਮਾਂ ਲੰਘੇ ਤੋਂ ਪਛਤਾਵੇ ਦਾ ਵੀ ਕੋਈ ਮਤਲਬ ਨਹੀਂ ਰਹਿ ਜਾਂਦਾ। ਸਮੇਂ ਨੂੰ ਅਸੀਂ ਰੋਕ ਕੇ ਆਪਣੀ ਇੱਛਾ ਅਨੁਸਾਰ ਨਹੀਂ ਰੱਖ ਸਕਦੇ। ਬਚਪਨ ਮੌਜ-ਮਸਤੀ ਵਾਲਾ ਹੁੰਦਾ ਹੈ। ਨਾ ਫਿਕਰ, ਨਾ ਪਰੇਸ਼ਾਨੀ, ਪ੍ਰੰਤੂ ਸਮਾਂ ਲੰਘਦਾ ਜਾਂਦਾ ਹੈ। ਕਿਸੇ ਦਾ ਸਮਾਂ ਖੇਡ ਕੁੱਦ, ਜਵਾਨੀ ਦੇ ਨਸ਼ੇ, ਚੁਗਲੀਆਂ, ਈਰਖਾ, ਗੀਸਾਂ ਆਦਿ ਵਿੱਚ ਹੀ ਗੁਜ਼ਰ ਜਾਂਦਾ ਹੈ। ਜਦੋਂ ਤੱਕ ਜ਼ਿੰਦਗੀ ਦੀ ਅਸਲ ਸਮਝ ਆਉਂਦੀ ਹੈ ਤਾਂ ਕਾਫੀ ਸਮਾਂ ਬੀਤ ਚੁੱਕਾ ਹੁੰਦਾ ਹੈ। ਕੀਤਾ ਕੁਝ ਨਹੀਂ ਜਾ ਸਕਦਾ। ਦੂਜੇ ਨੂੰ ਤਜਰਬਾ ਜ਼ਰੂਰ ਦੱਸਿਆ ਜਾ ਸਕਦਾ ਹੈ। ਕਈ ਵਾਰ ਅਸੀਂ ਦੇਖਦੇ ਹਾਂ ਕਿ ਸਿਆਣੇ ਬੰਦੇ ਆਪਣਾ ਜਵਾਨੀ ਵਾਲਾ ਕੋਈ ਵੀ ਤਜਰਬਾ ਜਦੋਂ ਬੱਚਿਆਂ ਨਾਲ ਸਾਂਝਾ ਕਰਦੇ ਹਨ ਤਾਂ ਕਈ ਵਾਰ ਉਹਨਾਂ ਦੀਆਂ ਗੱਲਾਂ ਨੂੰ ਅਣਗੌਲਿਆ ਹੀ ਕਰ ਦਿੱਤਾ ਜਾਂਦਾ ਹੈ, ਜਿਵੇਂ ਕਈ ਵਾਰ ਬੱਚੇ ਕਹਿ ਦਿੰਦੇ ਹਨ ਕਿ ਤੁਸੀਂ ਸਾਨੂੰ ਇਹ ਮੱਤਾਂ ਨਾ ਦਿਓ।

ਨੈਤਿਕ ਕਦਰਾਂ-ਕੀਮਤਾਂ ਮਨੁੱਖ ਦੀ ਜ਼ਿੰਦਗੀ ਦਾ ਬਹੁਤ ਵੱਡਾ ਹਿੱਸਾ ਹਨ। ਇਸ ਤਰ੍ਹਾਂ ਦੀ ਸਿੱਖਿਆ ਮਨੁੱਖ ਦੀ ਸ਼ਖਸੀਅਤ ਬਦਲਣ ਵਾਲਾ ਵਿਗਿਆਨ ਹੈ, ਜਿਸ ਨਾਲ ਸਾਡੇ ਵਿਵਹਾਰ ਵਿੱਚ ਤਬਦੀਲੀ ਆਉਂਦੀ ਹੈ। ਇਹ ਤਬਦੀਲੀ ਸਾਡੀ ਸ਼ਖਸੀਅਤ ਵਿੱਚ ਨਿਖਾਰ ਲਿਆਉਂਦੀ ਹੈ। ਬੇਸ਼ੱਕ ਵਿਅਕਤੀ ਜਿੰਨੀ ਮਰਜ਼ੀ ਪੜ੍ਹਾਈ ਕਰਕੇ ਡਿਗਰੀਆਂ ਪ੍ਰਾਪਤ ਕਰ ਸਕਦਾ ਹੈ, ਪਰ ਕਈ ਵਾਰ ਦੇਖਣ ਵਿੱਚ ਆਉਂਦਾ ਹੈ ਕਿ ਜ਼ਿਆਦਾ ਪੜ੍ਹੇ ਲਿਖੇ ਲੋਕਾਂ ਵਿੱਚ ਵੀ ਅਸੀਂ ਵੇਖਦੇ ਹਾਂ ਕਿ ਉਨ੍ਹਾਂ ਦੇ ਸੁਭਾਅ ਵਿੱਚ ਹਮਦਰਦੀ, ਬਜ਼ੁਰਗਾਂ ਲਈ ਸਤਿਕਾਰ, ਸਹਿਣਸ਼ੀਲਤਾ, ਛੋਟਿਆਂ ਲਈ ਪਿਆਰ, ਸੱਚੀ ਕਿਰਤ, ਜ਼ਿੰਮੇਵਾਰੀ ਦੀ ਭਾਵਨਾ, ਤਿਆਗ ਅਤੇ ਨਿਮਰਤਾ ਵਰਗੇ ਗੁਣਾਂ ਦੀ ਕਮੀ ਵੇਖਣ ਨੂੰ ਮਿਲਦੀ ਹੈ, ਕਿਉਂਕਿ ਜ਼ਿਆਦਾਤਰ ਲੋਕਾਂ ਵਿੱਚ ਅੱਜ ਇੱਕ-ਦੂਸਰੇ ਵੱਲ ਵੇਖ ਕੇ ਅੰਨ੍ਹੇ ਅਤੇ ਬੇਲੋੜੇ ਪਦਾਰਥਾਂ ਨੂੰ ਇਕੱਠਾ ਕਰਨ ਦੀ ਦੌੜ ਲੱਗੀ ਹੋਈ ਹੈ, ਜਿਸ ਕਰਕੇ ਇਨਸਾਨ ਕਿਸੇ ਵੀ ਤਰ੍ਹਾਂ ਝੂਠ, ਫਰੇਬ, ਰਿਸ਼ਵਤ, ਨਫਰਤ, ਈਰਖਾ ਆਦਿ ਵਾਲੇ ਪਾਸੇ ਵਧਦਾ ਜਾ ਰਿਹਾ ਹੈ।

ਸਾਡਾ ਸਮਾਜਿਕ ਢਾਂਚਾ ਦਿਨ ਪ੍ਰਤੀ ਦਿਨ ਗੁੰਝਲਦਾਰ ਬਣਦਾ ਜਾ ਰਿਹਾ ਹੈ। ਰਿਸ਼ਤੇ-ਨਾਤੇ ਪਿਆਰ-ਮੁਹੱਬਤ ਤੋਂ ਦੂਰ ਹੁੰਦੇ ਜਾ ਰਹੇ ਹਨ। ਇਸ ਦਾ ਮਤਲਬ ਹੈ ਕਿ ਸਾਡੀਆਂ ਕਦਰਾਂ-ਕੀਮਤਾਂ ਵਿੱਚ ਨਿਘਾਰ ਆ ਰਿਹਾ ਹੈ, ਜਿਨਾਂ ਨੂੰ ਸੰਭਾਲਣ ਦੀ ਲੋੜ ਹੈ। ਅੱਜ ਦੇ ਯੁਗ ਵਿੱਚ ਜੇਕਰ ਪੰਜਾਬ ਦੀ ਗੱਲ ਕਰੀਏ ਤਾਂ ਰੋਜ਼ ਨਵੀਆਂ ਸਮਾਜਿਕ ਬੁਰਾਈਆਂ ਜਨਮ ਲੈ ਰਹੀਆਂ ਹਨ। ਨਸ਼ਿਆਂ ਦਾ ਰੁਝਾਨ, ਕੰਨਿਆ ਭਰੂਣ ਹੱਤਿਆ, ਔਰਤਾਂ ਨਾਲ ਦੁਰ-ਵਿਹਾਰ, ਸੋਸ਼ਲ ਮੀਡੀਆ ਦੀ ਵਰਤੋਂ ਕਾਰਨ ਬੇਰੁਜ਼ਗਾਰ ਅਤੇ ਵਿਹਲਾਪਣ ਵਧਦਾ ਜਾ ਰਿਹਾ ਹੈ ਅਤੇ ਬੱਚਿਆਂ ਵਿੱਚ ਵੀ ਦੇਖਿਆ ਜਾ ਸਕਦਾ ਹੈ ਕਿ ਕਹਿਣਾ ਨਾ ਮੰਨਣ ਦੀ ਆਦਤ ਬਹੁਤ ਵਧ ਗਈ ਹੈ।

ਸਾਡਾ ਪੰਜਾਬ ਕਿਸੇ ਟਾਈਮ ਚੰਗੇ ਖਾਣੇ ਲਈ,ਚੰਗੇ ਵਾਤਾਵਰਨ ਲਈ ਤੇ ਚੰਗੀਆਂ ਕਦਰਾਂ-ਕੀਮਤਾਂ ਵਾਲਾ ਸੂਬਾ ਰਿਹਾ ਹੈ, ਪ੍ਰੰਤੂ ਅੱਜ ਨਵੀਂ ਪੀੜ੍ਹੀ ਸਿਹਤ ਪੱਖੋਂ ਵੀ ਕਮਜ਼ੋਰ ਹੈ ਅਤੇ ਨੈਤਿਕ ਕਦਰਾਂ-ਕੀਮਤਾਂ ਵਿੱਚ ਵੀ ਦੇਖਣ ਨੂੰ ਬਹੁਤ ਗਿਰਾਵਟ ਮਿਲਦੀ ਹੈ, ਜਿਸ ਨੂੰ ਅਸੀਂ ਸਿੱਖਿਆ ਨਾਲ ਵੀ ਜੋੜ ਸਕਦੇ ਹਾਂ। ਨੈਤਿਕ ਕਦਰਾਂ-ਕੀਮਤਾਂ ਅਸੀਂ ਪਰਿਵਾਰਿਕ ਮਾਹੌਲ ਵਿੱਚੋਂ ਸਿੱਖਦੇ ਹਾਂ ਅਤੇ ਬਹੁਤ ਗੁਣ ਅਸੀਂ ਸਕੂਲੀ ਸਿੱਖਿਆ ਰਾਹੀਂ ਵੀ ਸਿੱਖਦੇ ਹਾਂ। ਸੋਸ਼ਲ ਮੀਡੀਆ ਦੀ ਵਧਦੀ ਬੇਲੋੜੀ ਆਦਤ ਨੇ ਬੱਚਿਆਂ ਤੇ ਮਾਤਾ-ਪਿਤਾ, ਪੂਰੇ ਪਰਵਾਰ ਨੂੰ ਤਣਾਅ ਵਿੱਚ ਜਕੜ ਰੱਖਿਆ ਹੈ। ਪਰ ਇੱਥੇ ਸਾਡੀ ਸਭ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਕਿਸ ਤਰੀਕੇ ਨਾਲ ਬੱਚਿਆਂ ਨੂੰ ਨੈਤਿਕ ਕਦਰਾਂ-ਕੀਮਤਾਂ ਅਤੇ ਚੰਗੀ ਜੀਵਨ-ਜਾਚ ਸਿਖਾਈਏ ਤਾਂ ਕਿ ਨਰੋਏ ਸਮਾਜ ਦੀ ਸਿਰਜਣਾ ਹੋ ਸਕੇ। ਨੈਤਿਕ ਕਦਰਾਂ-ਕੀਮਤਾਂ ਚੰਗੀ ਜੀਵਨ-ਜਾਚ ਲਈ ਅਜਿਹੇ ਨਿਯਮ ਪੈਦਾ ਕਰਦੀਆਂ ਹਨ, ਜੋ ਮਨੁੱਖ ਦੀ ਸੋਚ, ਕੰਮ ਅਤੇ ਫੈਸਲੇ, ਚੰਗੇ-ਮਾੜੇ ਦਾ ਅੰਤਰ ਸਮਝਦੇ ਹੋਏ ਜੀਵਨ ਦੇ ਤਿੰਨ ਪਹਿਲੂ- ਆਚਰਣ, ਚੰਗਾ ਗਿਆਨ ਅਤੇ ਵਿਹਾਰ ਨੂੰ ਤਾਕਤ ਪ੍ਰਦਾਨ ਕਰਦੀਆਂ ਹਨ। ਇਸ ਵਿੱਚ ਸਾਡਾ ਸਭ ਦਾ ਯੋਗਦਾਨ ਹੈ। ਵਿਦਿਆਰਥੀਆਂ ਨੂੰ ਸਕੂਲ ਵਿੱਚ ਬਾਕੀ ਹੋਰ ਵਿਸ਼ਿਆਂ ਦੇ ਗਿਆਨ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ ਵਾਲਾ ਪਾਠ ਵੀ ਜ਼ਰੂਰ ਸ਼ਾਮਿਲ ਹੋਣਾ ਚਾਹੀਦਾ ਹੈ, ਤਾਂ ਕਿ ਬੱਚਾ ਆਪਣੇ ਜੀਵਨ ਵਿੱਚ ਬਚਪਨ ਤੋਂ ਹੀ ਇਹ ਸਾਰੀਆਂ ਆਦਤਾਂ ਗ੍ਰਹਿਣ ਕਰ ਸਕੇ, ਕਿਉਂਕਿ ਹਰ ਮਨੁੱਖ ਵਿੱਚ ਅਨੁਸ਼ਾਸਨ ਦੀ ਭਾਵਨਾ ਬਹੁਤ ਜ਼ਰੂਰੀ ਹੈ।

ਅਸੀਂ ਵੇਖਦੇ ਹਾਂ ਕਿ ਅਨਪੜ੍ਹ ਜਾਂ ਸਿੱਖਿਆ ਦੀ ਘਾਟ ਵਾਲੇ ਜ਼ਿਆਦਾਤਰ ਵਿਅਕਤੀ ਧਰਮ ਦੇ ਨਾਂਅ 'ਤੇ ਸ਼ੋਸ਼ਣ ਦਾ ਸ਼ਿਕਾਰ ਹੋ ਰਹੇ ਹਨ, ਆਮ ਤੌਰ 'ਤੇ ਖਬਰਾਂ ਵਿੱਚ ਪੜ੍ਹਦੇ ਹਾਂ। ਬੇਸ਼ੱਕ ਅਸੀਂ ਸਰਬ ਸਿੱਖਿਆ ਅਭਿਆਨ ਦਾ ਨਾਅਰਾ ਮਾਰਦੇ ਹਾਂ। ਸਾਡੀਆਂ ਸਰਕਾਰਾਂ ਵੀ ਇਹੋ ਵਾਅਦਾ ਕਰਦੀਆਂ ਹਨ, ਪਰ ਸਰਕਾਰਾਂ ਨੂੰ ਇੱਥੇ ਇਹ ਵੀ ਚਾਹੀਦਾ ਹੈ ਕਿ ਹਰ ਕਲਾਸ ਵਿੱਚ ਘੱਟੋ ਘੱਟ ਇੱਕ ਪਾਠ ਜਰੂਰ ਨੈਤਿਕ ਕਦਰਾਂ-ਕੀਮਤਾਂ ਦਾ ਸਿਲੇਬਸ ਵਿੱਚ ਪਾਇਆ ਜਾਵੇ, ਤਾਂ ਕਿ ਬੱਚੇ ਇਹਨਾਂ ਗੁਣਾਂ ਨਾਲ ਪਰਪੱਕ ਹੋ ਜਾਣ।

ਨੈਤਿਕ ਕਦਰਾਂ-ਕੀਮਤਾਂ ਤੋਂ ਬਿਨਾਂ ਕਿਸੇ ਵੀ ਮਨੁੱਖ ਵਿੱਚ ਇਨਸਾਨੀਅਤ ਦੀ ਝਲਕ ਨਹੀਂ ਦਿਖਦੀ। ਇਹਨਾਂ ਗੁਣਾਂ ਤੋਂ ਵਾਂਝਾ ਮਨੁੱਖ ਦੁਨੀਆ 'ਤੇ ਆਇਆ ਅਧੂਰਾ ਹੀ ਜਾਪਦਾ ਹੈ। ਇਹ ਸਾਰੇ ਗੁਣ ਸਾਨੂੰ ਪਰਿਵਾਰਿਕ ਮਾਹੌਲ ਤੋਂ ਇਲਾਵਾ ਸਿੱਖਿਆ ਰਾਹੀਂ ਵੀ ਬੱਚਿਆਂ ਨੂੰ ਦੇਣੇ ਪੈਣਗੇ, ਕਿਉਂਕਿ ਬੱਚੇ ਇੱਕ ਕੱਚੀ ਮਿੱਟੀ ਵਾਂਗ ਹੁੰਦੇ ਹਨ, ਜਿਸ ਤਰ੍ਹਾਂ ਮਰਜ਼ੀ ਉਹਨਾਂ ਦੇ ਦਿਮਾਗ ਨੂੰ ਸੇਧ ਦੇ ਸਕਦੇ ਹਾਂ। ਨੈਤਿਕ ਕਦਰਾਂ-ਕੀਮਤਾਂ ਦੀ ਸਿੱਖਿਆ ਸਮੇਂ ਦੀ ਬਹੁਤ ਵੱਡੀ ਲੋੜ ਹੈ, ਜਿਵੇਂ ਅਸੀਂ ਵਾਤਾਵਰਨ ਦੀ ਸੰਭਾਲ ਦੀ ਗੱਲ ਕਰਦੇ ਹਾਂ, ਇਸੇ ਤਰ੍ਹਾਂ ਨੈਤਿਕ ਕਦਰਾਂ-ਕੀਮਤਾਂ ਵੀ ਹਰ ਇਨਸਾਨ ਲਈ ਬਹੁਤ ਜ਼ਰੂਰੀ ਹਨ, ਤਾਂ ਕਿ ਇਸ ਧਰਤੀ 'ਤੇ ਮਨੁੱਖਾ ਜਨਮ ਵਿੱਚ ਆਏ ਹੋਏ ਹਰ ਪ੍ਰਾਣੀ ਮਿਲ ਕੇ ਧਰਤੀ ਨੂੰ ਇੱਕ ਸਵਰਗ ਦੇ ਰੂਪ ਵਿੱਚ ਚੰਗਾ ਸਮਾਜ ਆਪਣੀਆਂ ਆਉਣ ਵਾਲੀਆਂ ਨਸਲਾਂ ਨੂੰ ਦੇ ਕੇ ਜਾਈਏ।

**# ਸੰਪਰਕ : 94631-48284**

# ਕਰਜ਼ੇ ਦੇ ਮੱਕੜ-ਜਾਲ 'ਚ ਫਸਿਆ ਆਮ ਆਦਮੀ

ਜਗਤਾਰ ਸਿੰਘ ਹਿੱਸੋਵਾਲ

ਮੇਰਾ ਇੱਕ ਦੋਸਤ ਗੱਲ ਕਰ ਰਿਹਾ ਸੀ ਕਿ ਏਥੋਂ ਦੇ ਫਾਈਨਾਂਸਰ ਤੋਂ ਇੱਕ ਵਿਅਕਤੀ ਨੇ ਵਿਆਜ 'ਤੇ ਸੱਤ ਹਜ਼ਾਰ ਰੁਪਏ ਲਏ ਸਨ। ਉਹ ਆਦਮੀ ਹੁਣ ਤੱਕ ਵੀਹ ਹਜ਼ਾਰ ਰੁਪਏ ਵਿਆਜ ਦੇ ਚੁੱਕਾ ਹੈ ਤੇ ਮੂਲ ਅਜੇ ਵੀ ਸੱਤ ਹਜ਼ਾਰ ਖੜਾ ਹੈ। ਉਹ ਵਿਅਕਤੀ ਪੱਲੇਦਾਰੀ ਦਾ ਕੰਮ ਕਰਦਾ ਹੈ। ਉਸ ਨੇ ਮੇਰੇ ਦੋਸਤ ਦਾ ਮਿੰਨਤ-ਤਰਲਾ ਕੀਤਾ ਕਿ 'ਮੈਨੂੰ ਇਸ ਕਰਜ਼ ਦੇ ਚੱਕਰਵਿਊ ਵਿੱਚੋਂ ਕੱਢਣ ਲਈ ਫਾਈਨਾਂਸਰ ਨਾਲ ਗੱਲ ਕਰੇ ' ਮੇਰੇ ਦੋਸਤ ਨੇ ਉਸ ਫਾਈਨਾਂਸਰ ਨੂੰ ਉਸ ਵਿਅਕਤੀ ਦੀ ਗਰੀਬੀ ਅਤੇ ਲਾਚਾਰੀ ਦੇ ਵਾਸਤੇ ਪਾ ਕੇ ਮੂਲ ਵਿੱਚੋਂ ਕੁਝ ਰੁਪਏ ਘੱਟ ਕਰਵਾ ਕੇ ਮਾਮੂਲੀ ਜਿਹੇ ਕਰਜ਼ ਦਾ ਵੱਡਾ ਫੰਦਾ ਉਸ ਦੇ ਗਲੋਂ ਲਾਹਿਆ।

ਸਾਡੇ ਸ਼ਹਿਰਾਂ, ਕਸਬਿਆਂ ਵਿੱਚ ਹਜ਼ਾਰਾਂ ਲੱਖਾਂ ਅਜਿਹੇ ਫਾਈਨਾਂਸਰ ਹਨ, ਜੋ ਵਿਆਜ 'ਤੇ ਪੈਸੇ ਦੇ ਚੰਗੀ ਕਮਾਈ ਕਰ ਰਹੇ ਹਨ। ਦੂਜੇ ਪਾਸੇ ਇਹਨਾਂ ਦੇ ਗਾਹਕ ਮਾਮੂਲੀ ਕਰਜ਼ਿਆਂ ਦੀਆਂ ਦੇਣਦਾਰੀਆਂ ਵਿੱਚ ਸਾਲਾਂ ਦੇ ਸਾਲ ਉਲਝੇ ਰਹਿੰਦੇ ਹਨ। ਏਥੇ ਮੈਨੂੰ ਯਾਦ ਆਉਂਦੀ ਹੈ ਤੇਲੰਗਾਨਾ ਦੇ ਬਿਕਰਾਬਾਦ ਦੇ ਪਿੰਡ ਚਿਲਤਮਪੱਲੀ ਦੀ ਪਰਮੇਸ਼ਰੀ, ਜੋ ਆਪਣੇ ਪਤੀ ਦੇ ਆਤਮਹੱਤਿਆ ਕਰਨ ਤੋਂ ਬਾਅਦ ਆਪਣੇ ਪਿੰਡ ਦੇ ਧਨਾਢ ਤੋਂ ਲਿਆ ਗਿਆ ਕਰਜ਼ਾ 13 ਸਾਲਾਂ ਤੋਂ ਉਤਾਰਨ ਲਈ ਸੰਘਰਸ਼ ਕਰ ਰਹੀ ਹੈ। ਹੈਰਾਨੀ ਦੀ ਗੱਲ ਕਿ ਕਰਜ਼ਾ ਵੀ ਉਹ, ਜਿਸ ਦਾ ਕੋਈ ਲਿਖਤੀ ਸਬੂਤ ਵੀ ਨਹੀਂ ਹੈ। ਪੰਜਾਬ ਦੇ ਪਿੰਡ ਹਵੇਲੀਆਂ ਦੀਆਂ ਦਲਿਤ ਔਰਤਾਂ, ਜੋ ਜੱਟ ਸਿੱਖਾਂ ਦੇ ਘਰਾਂ ਦਾ ਗੋਹਾ ਚੁੱਕਣ ਤੇ ਡੰਗਰਾਂ ਦਾ ਵਾੜਾ ਸਾਫ਼ ਕਰਨ ਦਾ ਕੰਮ ਕਰਕੇ ਮਿਲਦੇ ਮਿਹਨਤਾਨੇ ਨਾਲ ਕਰਜ਼ੇ ਦਾ ਭੁਗਤਾਨ ਕਰਦੀਆਂ ਹਨ, ਪਰ ਕਰਜ਼ੇ ਦੀ ਪੰਡ ਸਿਰ ਉੱਤੇ ਜਿਉਂ ਦੀ ਤਿਉਂ ਬਰਕਰਾਰ ਰਹਿੰਦੀ ਹੈ।

ਕਰਜ਼ੇ ਦੇ ਸਬੰਧ ਵਿੱਚ ਬੈਂਕਾਂ ਵਾਲੇ ਵੀ ਘੱਟ ਨਹੀਂ ਕਰਦੇ। ਤਕਰੀਬਨ ਪੰਜਾਹ ਪ੍ਰਤੀਸ਼ਤ ਕਰਮਚਾਰੀਆਂ ਦੇ ਕਰਜ਼ੇ ਉਨ੍ਹਾਂ ਦੀ ਸੇਵਾ-ਮੁਕਤੀ ਤੱਕ ਚਲਦੇ ਰਹਿੰਦੇ ਹਨ। ਹੋਰਨਾਂ ਕਰਮਚਾਰੀਆਂ ਵਾਂਗ ਮੈਂ ਵੀ ਮਕਾਨ ਬਣਾਉਣ ਲਈ ਕਰਜਾ ਲਿਆ ਹੋਇਆ ਹੈ। ਜਦੋਂ ਜਾ ਕੇ ਬੈਂਕ ਵਿੱਚੋਂ ਪਤਾ ਕਰੀਦਾ ਤਾਂ ਪਤਾ ਲੱਗਦਾ ਕਿ ਰਕਮ ਪਹਿਲਾਂ ਵਾਂਗ ਸਰਾਲ਼ ਬਣ ਰਜਿਸਟਰ 'ਤੇ ਪਈ ਹੈ, ਟੱਸ ਤੋਂ ਮੱਸ ਨਹੀਂ ਹੋ ਰਹੀ ਹੈ। ਕਰਜ਼ੇ ਦੀ ਰਕਮ ਮੁੱਢਲੇ ਕਈ ਸਾਲ ਜਿਉਂ ਦੀ ਤਿਉਂ ਹੀ ਰਹਿੰਦੀ ਹੈ। ਇੱਕ ਵਾਰ ਲਿਆ ਗਿਆ ਕਰਜ਼ਾ ਆਮ ਆਦਮੀ ਨੂੰ ਤਾਂ ਸਾਰੀ ਉਮਰ ਸਿਰ ਚੁੱਕਣ ਜੋਗਾ ਨਹੀਂ ਛੱਡਦਾ। ਜਿੰਨਾ ਕੋਲ ਕਰਜ਼ਾ ਮੋੜਨ ਦਾ ਵਿਕਲਪ ਨਹੀਂ ਹੁੰਦਾ ਤਾਂ ਉਹ ਨਿਰਾਸ਼ਾ ਦੇ ਦੌਰ ਵਿੱਚ ਖ਼ੁਦਕੁਸ਼ੀਆਂ ਦੇ ਰਾਹ ਤੁਰਦੇ ਹਨ। ਪਰਵਾਰਾਂ ਦੇ ਪਰਵਾਰ ਖਤਮ ਹੋ ਰਹੇ ਹਨ, ਭਾਵੇਂ ਕਿ ਇਹ ਮਸਲੇ ਦਾ ਹੱਲ ਨਹੀਂ।

ਖ਼ਬਰ ਹੈ ਕਿ ਨੈਸ਼ਨਲ ਕਰਾਇਮ ਰਿਕਾਰਡਜ਼ ਬਿਊਰੋ ਦੇ ਅੰਕੜਿਆਂ ਅਨੁਸਾਰ ਕਰਜ਼ਿਆਂ ਕਾਰਨ 1995 ਤੋਂ 2016 ਦੌਰਾਨ 3 ਲੱਖ ਤੋਂ ਵੱਧ ਕਿਸਾਨਾਂ ਨੇ ਖ਼ੁਦਕੁਸ਼ੀਆਂ ਕੀਤੀਆਂ ਹਨ। ਸਿਰਫ਼ ਪੰਜਾਬ ਵਿੱਚ ਹੀ 2000 ਤੋਂ 2015 ਤੱਕ 16000 ਤੋਂ ਵੱਧ ਕਿਸਾਨਾਂ ਤੇ ਖੇਤ ਮਜ਼ਦੂਰਾਂ ਨੇ ਖੁਦਕੁਸ਼ੀਆਂ ਕੀਤੀਆਂ ਹਨ।

ਕਰਜ਼ੇ ਦੀਆਂ ਦੇਣਦਾਰੀਆਂ ਨਾਲ ਕਿਸਾਨਾਂ ਦੀ ਹਾਲਤ ਹੀ ਗੰਭੀਰ ਨਹੀਂ ਹੈ, ਬਲਕਿ ਖੇਤ ਮਜ਼ਦੂਰਾਂ,ਬੇ ਜ਼ਮੀਨੇ ਕਾਮਿਆਂ ਅਤੇ ਹੋਰ ਨਿੱਕੇ-ਮੋਟੇ ਕੰਮ ਕਰਨ ਵਾਲਿਆਂ ਦੀ ਹਾਲਤ ਬਦਤਰ ਹੈ।

ਡਾ.ਸੁਖਪਾਲ ਸਿੰਘ ਦੇ ਮੁਤਾਬਕ ਪੰਜਾਬ 'ਚ 2014 ਦੀ ਜਨਗਣਨਾ ਅਨੁਸਾਰ 15,88,455 ਖੇਤ ਮਜ਼ਦੂਰ ਹਨ, ਜਿਨ੍ਹਾਂ ਵਿੱਚੋਂ 14,74,732 ਪੇਂਡੂ ਖੇਤਰ 'ਚ ਅਤੇ 1,13,723 ਸ਼ਹਿਰੀ ਖੇਤਰ ਦੇ ਖੇਤ ਮਜ਼ਦੂਰ ਹਨ। ਇੱਕ ਅਨੁਮਾਨ ਅਨੁਸਾਰ ਪੰਜਾਬ ਦੇ ਪੇਂਡੂ ਖੇਤਰ 'ਚ 7 ਲੱਖ ਖੇਤ ਮਜ਼ਦੂਰ ਪਰਵਾਰ ਹਨ। ਇਹਨਾਂ ਪਰਵਾਰਾਂ ਦਾ 70 ਫੀਸਦੀ ਕਰਜ਼ੇ ਥੱਲੇ ਦੱਬਿਆ ਹੋਇਆ ਹੈ। ਪੰਜਾਬ ਦੇ ਕਿਸਾਨਾਂ ਸਿਰ ਜਿੱਥੇ 80 ਹਜ਼ਾਰ ਕਰੋੜ ਰੁਪਏ ਕਰਜ਼ ਹੈ ,ਉੱਥੇ ਖੇਤ ਮਜ਼ਦੂਰਾਂ ਸਿਰ ਇਹ ਕਰਜ਼ਾ ਲਗਭਗ ਚਾਰ ਹਜ਼ਾਰ ਕਰੋੜ ਰੁਪਏ ਬਣਦਾ ਹੈ। ਖੇਤ ਮਜ਼ਦੂਰ ਪਰਵਾਰਾਂ ਸਿਰ ਇਸ ਕਰਜ਼ੇ ਦਾ 90 ਫੀਸਦੀ ਗ਼ੈਰ ਸੰਸਥਾਗਤ ਸਰੋਤਾਂ ਤੋਂ ਅਤੇ ਬਾਕੀ 10 ਫੀਸਦੀ ਸਰਕਾਰੀ ਅਦਾਰਿਆਂ ਤੋਂ ਲਿਆ ਗਿਆ ਹੈ। ਗ਼ੈਰ-ਸਰਕਾਰੀ ਕਰਜੇ 'ਚੋਂ 70 ਫੀਸਦੀ ਕਰਜਾ ਤਾਂ ਜ਼ਿਮੀਦਾਰਾਂ ਦਾ ਹੀ ਹੈ ਅਤੇ ਬਾਕੀ 25 ਫੀਸਦੀ ਛੋਟੇ ਦੁਕਾਨਦਾਰਾਂ/ਸ਼ਾਹੂਕਾਰਾਂ ਦਾ ਅਤੇ 5 ਫੀਸਦੀ ਹਿੱਸਾ ਰਿਸ਼ਤੇਦਾਰਾਂ/ਸੰਬੰਧੀਆਂ ਦਾ ਹੈ। ਖੇਤ ਮਜ਼ਦੂਰ ਪਰਵਾਰਾਂ ਸਿਰ ਲਗਭਗ 60 ਹਜ਼ਾਰ ਪ੍ਰਤੀ ਪਰਵਾਰ ਕਰਜ਼ਾ ਹੈ। ਖੇਤ ਮਜ਼ਦੂਰਾਂ ਨੇ ਸਿਰ਼ਫ ਤੇ ਸਿਰ਼ਫ ਆਪਣੇ ਸਾਹਾਂ ਦੀ ਡੋਰ ਨੂੰ ਜ਼ਿੰਦਗੀ ਨਾਲ ਨੱਥੀ ਕਰੀ ਰੱਖਣ ਲਈ ਲਿਆ ਹੈ।



ਇਹ ਕਰਜ਼ੇ ਦੀ ਤਸਵੀਰ ਦਾ ਇੱਕ ਪਾਸਾ ਹੈ, ਤਸਵੀਰ ਦਾ ਦੂਜਾ ਪਾਸਾ ਦੇਖਿਆ ਜਾਵੇ ਤਾਂ ਅੰਧੇਰ ਨਗਰੀ ਵਾਲਾ ਹਾਲ ਨਜ਼ਰੀਂ ਪੈਂਦਾ ਹੈ।

ਅਖ਼ਬਾਰਾਂ ਦੀਆਂ ਸੁਰਖ਼ੀਆਂ ਮੁਤਾਬਕ ਰਿਜ਼ਰਵ ਬੈਂਕ ਰਾਹੀਂ ਦੇਸ਼ ਦੇ 50 ਸਭ ਤੋਂ ਵੱਡੇ ਬੈਂਕ ਡਿਫਾਲਟਰਾਂ ਦਾ 68607 ਕਰੋੜ ਰੁਪਏ ਤੋਂ ਜ਼ਿਆਦਾ ਦਾ ਕਰਜ਼ਾ ਮਾਫ਼ ਕਰ ਦਿੱਤਾ ਹੈ।

ਇਹ ਵੀ ਖ਼ਬਰ ਹੈ ਪਿਛਲੇ ਅੱਠ ਸਾਲਾਂ ਵਿੱਚ ਸਰਮਾਏਦਾਰਾਂ ਦੇ ਨਾ-ਮੁੜਣਯੋਗ 12.08 ਲੱਖ ਕਰੋੜ ਰੁਪਏ ਦੇ ਕਰਜ਼ਿਆਂ ਨੂੰ ਮਾਫ਼ ਕਰ ਦਿੱਤਾ ਹੈ। ਇਹ ਸਰਮਾਏਦਾਰਾਂ ਦੇ ਨਾ ਮੁੜਣਯੋਗ ਕਰਜ਼ੇ ਉਹ ਹਨ, ਜਿਨ੍ਹਾਂ ਨੂੰ ਧਨਾਢ ਲੋਕਾਂ ਨੇ ਲਿਆ ਅਤੇ ਘਾਟੇ ਦਾ ਹਵਾਲਾ ਦੇ ਕੇ ਕਰਜ਼ਾ ਮੋੜਨ ਤੋਂ ਹੱਥ ਖੜ੍ਹੇ ਕਰਕੇ ਡਿਫਾਲਟਰ ਹੋ ਗਏ ਸਨ।

ਬੈਂਕਾਂ ਦੇ ਵੱਡੇ ਡਿਫਾਲਟਰਾਂ ਵਿੱਚ ਨੀਰਵ ਮੋਦੀ 11,633 ਕਰੋੜ ਦਾ ਡਿਫਾਲਟਰ ਹੈ, ਮੇਹੁਲ ਚੋਕਸੀ 13,500 ਕਰੋੜ ਦਾ ਡਿਫਾਲਟਰ ਹੈ , ਜਤਿਨ ਮਹਿਤਾ ਵਿਨਸਨ ਡਾਇਮੰਡਸ ਦਾ ਮਾਲਕ 700 ਕਰੋੜ ਦਾ ਡਿਫਾਲਟਰ ਹੈ, ਸ਼ਰਾਬ ਕਾਰੋਬਾਰੀ ਤੇ ਕਿੰਗਫਿਸ਼ਰ ਏਅਰਲਾਈਨਜ਼ ਦਾ ਮਾਲਕ ਵਿਜੇ ਮਾਲਿਆ 10,000 ਕਰੋੜ ਰੁਪਏ ਦਾ ਡਿਫਾਲਟਰ ਹੈ।

25 ਕੰਪਨੀਆਂ ਜਿਹੜੀਆਂ ਕਰਜ਼ੇ ਨਾਲ ਮਾਲੋਮਾਲ ਹੋਈਆਂ ਹਨ, ਉਨ੍ਹਾਂ ਵਿੱਚ ਗੀਤਾਂਜਲੀ ਜੈਮਸ, ਐਰਾ ਇਨਫਰਾ, ਕਾਨਕਾਸਟ ਸਟੀਲ ਪਾਵਰ, ਆਰ ਈ ਆਈ ਐਗਰੋ ਲਿਮਟਿਡ ਅਤੇ ਏ ਬੀ ਜੀ ਸ਼ਿਪਯਾਰਡ ਕੰਪਨੀ ਦਾ ਨਾਂਅ ਬੋਲਦਾ ਹੈ, ਜਿਨ੍ਹਾਂ ਨੇ ਦੇਸ਼ ਦੇ 28 ਬੈਂਕਾਂ ਨੂੰ ਕੁੱਲ 23,000 ਕਰੋੜ ਰੁਪਏ ਦਾ ਕਰਜ਼ਾ ਲੈ ਕੇ ਸ਼ਾਨਦਾਰ ਤਰੀਕੇ ਨਾਲ਼ ਹਜ਼ਮ ਕਰ ਲਿਆ ਹੈ।

ਬਜ਼ੁਰਗ ਕਹਿੰਦੇ ਸਨ ਕਿ ਕਰਜ਼ਾ ਭਾਵੇਂ ਕੱਖ ਦਾ ਭਾਵੇਂ ਲੱਖ ਦਾ , ਮਾੜਾ ਹੀ ਮਾੜਾ ਹੈ। ਹੁਣ ਇਹ ਕਥਨ ਸਿਰਫ਼ ਕਿਰਤੀਆਂ, ਕਿਸਾਨਾਂ ਅਤੇ ਮੱਧ ਵਰਗੀ ਲੋਕਾਂ ਲਈ ਰਾਖਵਾਂ ਹੈ, ਜਿਨ੍ਹਾਂ ਦਾ ਕਰਜ਼ਿਆਂ ਕਾਰਨ ਜਿਉਣਾ ਮੁਹਾਲ ਹੋ ਗਿਆ ਹੈ। ਚਾਹੀਦਾ ਇਹ ਵੀ ਹੈ ਕਿ ਜਿਵੇਂ ਸਰਮਾਏਦਾਰ ਲੋਕਾਂ ਵੱਲ ਨਜ਼ਰ ਸਵੱਲੀ ਹੋ ਰਹੀ ਹੈ , ਉਸੇ ਤਰ੍ਹਾਂ ਕਿਰਤੀਆਂ, ਕਿਸਾਨਾਂ, ਨਿੱਕੇ-ਮੋਟੇ ਆਪਣਾ ਕੰਮ ਕਰਨ ਵਾਲਿਆਂ ਅਤੇ ਛੋਟੇ ਦੁਕਾਨਦਾਰਾਂ ਵੱਲ ਵੀ ਧਿਆਨ ਦੇਣਾ ਬਣਦਾ ਹੈ। ਇਹਨਾਂ ਨੂੰ ਕਰਜ਼ੇ ਵਿੱਚੋਂ ਕੱਢਣ ਲਈ ਬਦਲਵੇਂ ਪ੍ਰਬੰਧ ਕੀਤੇ ਜਾਣੇ ਬਣਦੇ ਹਨ।

***# ਸੰਪਰਕ : 98783-30324***

23-JULY-PAGE-5.qxd 7/22/2025 10:29 PM Page 1



# ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਵੱਲੋਂ ਸਨਮਾਨ ਸਮਾਰੋਹ



**ਪਟਿਆਲਾ (ਰਾਜਿੰਦਰ ਥਿੰਦ)**

ਇੱਥੇ ਪੀ.ਆਰ.ਟੀ.ਸੀ. ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਸਬੰਧਤ ਏਟਕ ਵੱਲੋਂ 70 ਸਾਲ ਦੀ ਉਮਰ ਵਾਲੇ ਸੇਵਾ ਮੁਕਤ ਕਰਮਚਾਰੀਆਂ ਨੂੰ ਸਨਮਾਨਤ ਕਰਨ ਲਈ ਵਿਸ਼ੇਸ਼ ਸਨਮਾਨ ਸਮਾਰੋਹ ਪੁਰਾਣੇ ਬਸ ਸਟੈਂਡ ਪਟਿਆਲਾ ਵਿਖੇ ਕੀਤਾ ਗਿਆ। ਸਨਮਾਨ ਸਮਾਰੋਹ ਸਰਵਸ੍ਰੀ ਨਿਰਮਲ ਸਿੰਘ ਧਾਲੀਵਾਲ, ਪ੍ਰੀਤਮ ਸਿੰਘ, ਉੱਤਮ ਸਿੰਘ ਬਾਗੜੀ, ਮੁਹੰਮਦ ਖਲੀਲ, ਰਾਮ ਸਰੂਪ ਅਗਰਵਾਲ, ਰਾਜੇਸ਼ ਕੁਮਾਰੀ ਅਤੇ ਲਾਭ ਸਿੰਘ 'ਤੇ ਅਧਾਰਤ ਪ੍ਰਧਾਨਗੀ ਮੰਡਲ ਦੀ ਦੇਖ ਰੇਖ ਹੇਠ ਹੋਇਆ।

ਸਮਾਰੋਹ 'ਚ ਮੁੱਖ ਤੌਰ 'ਤੇ ਸਰਵਸ੍ਰੀ ਪ੍ਰੀਤਮ ਸਿੰਘ, ਸਤਪਾਲ, ਸੁਖਚੈਨ ਸਿੰਘ, ਸੁਰਜੀਤ ਸਿੰਘ, ਸ਼ਾਮ ਲਾਲ, ਰਮੇਸ਼ ਕੁਮਾਰ, ਮੋਹਨ ਲਾਲ, ਜਗਜੀਤ ਸਿੰਘ, ਹਰਬੰਸ ਸਿੰਘ, ਕਰਮ ਸਿੰਘ ਆਦਿ ਨੂੰ ਲੋਈਆਂ, ਮੋਮੈਂਟੋ ਤੇ ਫੁੱਲਾਂ ਦੇ ਹਾਰਾਂ ਨਾਲ ਸਨਮਾਨਤ ਕੀਤਾ ਗਿਆ।ਸਮਾਰੋਹ ਉਪਰੰਤ ਸ਼ਾਨਦਾਰ ਖਾਣੇ ਦਾ ਪ੍ਰਬੰਧ ਵੀ ਕੀਤਾ ਗਿਆ ਸੀ।ਸਮਾਰੋਹ ਵਿੱਚ 200 ਤੋਂ ਵੱਧ ਸੇਵਾ ਮੁਕਤ ਕਰਮਚਾਰੀ ਬੜੇ ਉਤਸ਼ਾਹ ਨਾਲ ਸ਼ਾਮਲ ਹੋਣ ਲਈ ਪੁੱਜੇ ਹੋਏ ਸਨ।ਇਸ ਮੌਕੇ ਸਰਵਸ੍ਰੀ ਨਿਰਮਲ ਸਿੰਘ ਧਾਲੀਵਾਲ ਸਰਪ੍ਰਸਤ, ਪ੍ਰੀਤਮ ਸਿੰਘ ਮੁੱਖ ਸਲਾਹਕਾਰ ਤੇ ਮੁਹੰਮਤ ਖਲੀਲ ਜਨਰਲ ਸਕੱਤਰ ਭਾਈਚਾਰਾ ਯੂਨੀਅਨ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੈਨਸ਼ਨ ਦੀ ਸੁਵਿਧਾ ਜੋ ਕਿ ਪੀ.ਆਰ.ਟੀ.ਸੀ. ਵਰਕਰਜ਼ ਯੂਨੀਅਨ ਏਟਕ ਦੀ ਮੁੱਖ ਭੂਮਿਕਾ ਦੇ ਸਦਕਾ ਪ੍ਰਾਪਤ ਹੋਈ ਸੀ, ਅੱਜ ਇਹ ਪੈਨਸ਼ਨ ਜਿੱਥੇ ਸਾਡੀ ਆਰਥਕ ਤੌਰ 'ਤੇ ਜ਼ਿੰਦਗੀ ਦਾ ਬੁਢਾਪੇ ਵਿੱਚ ਇੱਕ ਮਜ਼ਬੂਤ ਅਧਾਰ ਹੈ, ਉੱਥੇ ਹੀ ਪੈਨਸ਼ਨ ਸਾਡੇ ਸਮਾਜਿਕ ਤਾਲਮੇਲ ਦਾ ਵੀ ਇੱਕ ਮੁੱਖ ਜ਼ਰੀਆ ਬਣੀ ਹੋਈ ਹੈ।ਪਰ ਸਮੇਂ ਦੀਆਂ ਸਰਕਾਰਾਂ ਨਾਲ ਹਰ ਮਹੀਨੇ ਸੰਘਰਸ਼ ਕਰਕੇ ਹੀ ਪੈਨਸ਼ਨ ਹਾਸਲ ਕੀਤੀ ਜਾਂਦੀ ਹੈ, ਕਿਉਂਕਿ ਪੰਜਾਬ ਸਰਕਾਰ ਮੁਫ਼ਤ ਸਫਰ ਸਹੂਲਤ ਬਦਲੇ ਬਣਦੀ ਰਕਮ ਨਹੀਂ ਦਿੰਦੀ, ਜਿਸਦਾ ਬਕਾਇਆ ਸਰਕਾਰ ਵੱਲੋਂ 700 ਕਰੋੜ ਰੁਪਏ ਤੋਂ ਵੀ ਵੱਧ ਦਾ ਹੋ ਚੁੱਕਾ ਹੈ, ਪਰ ਸਰਕਾਰ ਹਰ ਮਹੀਨੇ ਸਿਰਫ 35 ਕਰੋੜ ਵੀ ਸਮੇਂ ਸਿਰ ਨਹੀਂ ਦਿੰਦੀ।ਉਹ ਵੀ ਉਮਰ ਦੇ ਬੁਢਾਪੇ ਦੇ ਪੜਾਅ 'ਤੇ ਬਜ਼ੁਰਗ ਕਰਮਚਾਰੀ ਹਰ ਵਾਰ ਧਰਨੇ, ਮੁਜ਼ਾਹਰੇ ਕਰਕੇ ਹਾਸਲ ਕਰਦੇ ਹਨ।ਬੁਲਾਰਿਆਂ ਨੇ ਪੀ.ਆਰ.ਟੀ.ਸੀ. ਦੇ ਸਮੁੱਚੇ ਹਾਲਾਤਾਂ ਤੇ ਸਰਕਾਰ ਦੇ ਮੁਲਾਜ਼ਮ ਮਜ਼ਦੂਰ ਵਿਰੋਧੀ ਕਿਰਦਾਰ 'ਤੇ ਖੁੱਲ ਕੇ ਵਿਚਾਰ ਪੇਸ਼ ਕੀਤੇ।ਸਮਾਰੋਹ ਦੇ ਪ੍ਰਬੰਧਾਂ ਦੀ ਮੁੱਖ ਜ਼ਿੰਮੇਵਾਰੀ ਰਮੇਸ਼ ਕੁਮਾਰ, ਉੱਤਮ ਸਿੰਘ ਬਾਗੜੀ, ਲਾਭ ਸਿੰਘ, ਹਰਪਾਲ ਸਿੰਘ ਤੇ ਸੁਖਦੇਵ ਰਾਮ ਸੁੱਖੀ ਨੇ ਨਿਭਾਈ।

# ਕਿਸਾਨਾਂ ਦੀ ਜ਼ਮੀਨ ਹਥਿਆਉਣ ਲਈ ਆਰੰਭੀ ਸਕੀਮ ਨੂੰ ਸਫਲ ਨਹੀਂ ਹੋਣ ਦੇਵਾਂਗੇ : ਸੁਖਬੀਰ

**ਪਾਰਟੀ 28 ਨੂੰ ਮੁਹਾਲੀ ਤੇ 4 ਨੂੰ ਬਠਿੰਡਾ 'ਚ ਧਰਨੇ ਦੇਵੇਗੀ**



**ਲੁਧਿਆਣਾ (ਰੈਕਟਰ ਕਥੂਰੀਆ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍. ਸੁਖਬੀਰ ਸਿੰਘ ਬਾਦਲ ਨੇ ਆਮ ਆਦਮੀ ਪਾਰਟੀ ਵੱਲੋਂ ਜਬਰੀ ਐਕਵਾਇਰ ਕੀਤੀ ਜਾ ਰਹੀ 40 ਹਜ਼ਾਰ ਏਕੜ ਜ਼ਮੀਨ ਤੋਂ ਪ੍ਰਭਾਵਤ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਜ਼ਮੀਨ ਦੇਣ ਤੋਂ ਇਨਕਾਰ ਦੇਣ ਦੇ ਮਤੇ ਪਾਸ ਕਰਨ ਤੇ ਉਨ੍ਹਾਂ ਸਪੱਸ਼ਟ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ ਇੱਕ ਇੰਚ ਵੀ ਜ਼ਮੀਨ ਐਕਵਾਇਰ ਨਹੀਂ ਕਰਨ ਦੇਵੇਗਾ, ਭਾਵੇਂ ਜੋ ਮਰਜ਼ੀ ਹੋ ਜਾਵੇ।ਇਥੇ ਡਿਪਟੀ ਕਮਿਸ਼ਨਰ ਦਫਤਰ ਲੁਧਿਆਣਾ ਦੇ ਬਾਹਰ ਵਿਸ਼ਾਲ ਧਰਨੇ, ਜਿਸ ਵਿੱਚ ਭਾਰੀ ਬਾਰਿਸ਼ ਤੇ ਮੌਸਮ ਖਰਾਬ ਹੋਣ ਦੇ ਬਾਵਜੂਦ ਹਜ਼ਾਰਾਂ ਲੋਕਾਂ ਨੇ ਸ਼ਮੂਲੀਅਤ ਕੀਤੀ ਤੇ ਧੱਕੇ ਨਾਲ ਜ਼ਮੀਨ ਐਕਵਾਇਰ ਕਰਨ ਦਾ ਵਿਰੋਧ ਕੀਤਾ, ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਮੰਗ ਕੀਤੀ ਕਿ 40 ਹਜ਼ਾਰ ਏਕੜ ਜ਼ਮੀਨ ਐਕਵਾਇਰ ਕਰਨ ਦੀ ਇਹ ਯੋਜਨਾ ਖਾਰਜ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲਗਾਤਾਰ ਧਰਨੇ ਲਗਾ ਕੇ ਜ਼ਮੀਨ ਹਥਿਆਉਣ ਦੀ ਸਕੀਮ ਦਾ ਵਿਰੋਧ ਕਰਨ ਲਈ ਸੰਘਰਸ਼ ਤਿੱਖਾ ਕਰੇਗਾ ਤੇ ਇਸ ਲੜੀ ਵਿਚ 28 ਜੁਲਾਈ ਨੂੰ ਮੁਹਾਲੀ ਅਤੇ 4 ਅਗਸਤ ਨੂੰ ਬਠਿੰਡਾ ਵਿਚ ਵੀ ਧਰਨੇ ਦਿੱਤੇ ਜਾਣਗੇ।ਸ੍. ਬਾਦਲ ਨੇ ਕਿਹਾ ਕਿ ਇਸ ਲੁੱਟ ਦੇ ਪਿੱਛੇ ਅਰਵਿੰਦ ਕੇਜਰੀਵਾਲ ਹੈ, ਜੋ ਦਿੱਲੀ ਦੇ ਬਿਲਡਰਾਂ ਨਾਲ ਰਲਿਆ ਹੈ ਤੇ ਉਸ ਨੇ ਬਿਲਡਰਾਂ ਨੂੰ ਵਾਅਦਾ ਕੀਤਾ ਹੈ ਕਿ ਉਨ੍ਹਾਂ ਦੀ ਇੱਛਾ ਮੁਤਾਬਕ ਪੰਜਾਬ ਵਿੱਚ ਜ਼ਮੀਨ ਐਕਵਾਇਰ ਕਰ ਕੇ ਉਨ੍ਹਾਂ ਨੂੰ ਦਿੱਤੀ ਜਾਵੇਗੀ।

ਉਨ੍ਹਾਂ ਮੁੱਖ ਸਕੱਤਰ, ਜਿਸ ਨੂੰ ਸਾਰੀਆਂ ਵਿਕਾਸ ਅਥਾਰਟੀਆਂ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਅਤੇ ਮੈਂਬਰਾਂ ਨੂੰ ਚੇਤਾਵਨੀ ਦਿੱਤੀ ਕਿ ਸੂਬੇ ਵਿੱਚ ਜ਼ਮੀਨ ਐਕਵਾਇਰ ਕਰਨ ਦੀ ਪ੍ਰਕਿਰਿਆ ਵਿੱਚ ਹੋ ਰਹੇ ਸਾਰੇ ਗੈਰ-ਕਾਨੂੰਨੀ ਕੰਮਾਂ ਲਈ ਜ਼ਿੰਮੇਵਾਰ ਠਹਿਰਾਏ ਜਾਣਗੇ।ਇਸ ਮੌਕੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਬੇਅਦਬੀ ਦੇ ਮਾਮਲੇ ਨੂੰ ਅਕਾਲੀ ਦਲ ਨੂੰ ਬਦਨਾਮ ਕਰਨ ਵਾਸਤੇ ਆਪ ਤੇ ਕਾਂਗਰਸ ਦੋਵਾਂ ਨੇ ਵਰਤਿਆ ਤਾਂ ਜੋ ਅਕਾਲੀ ਦਲ ਨੂੰ ਅੱਗੇ ਵਧਣ ਤੋਂ ਰੋਕਿਆ ਜਾ ਸਕੇ, ਕਿਉਂਕਿ ਉਨ੍ਹਾਂ ਨੂੰ ਡਰ ਸੀ ਕਿ 2017 ਵਿੱਚ ਅਕਾਲੀ ਦਲ ਫਿਰ ਤੋਂ ਤੀਜੀ ਵਾਰ ਚੋਣਾਂ ਜਿੱਤ ਜਾਵੇਗਾ।ਉਨ੍ਹਾਂ ਕਿਹਾ ਕਿ ਇਨ੍ਹਾਂ ਅਨਸਰਾਂ ਨੇ ਬੇਅਦਬੀ ਕੇਸਾਂ ਦੀ ਸੂਬਾਈ ਜਾਂਚ ਨਹੀਂ ਹੋਣ ਦਿੱਤੀ ਤੇ ਮੰਗ ਕੀਤੀ ਕਿ ਇਹ ਜਾਂਚ ਸੀ ਬੀ ਆਈ ਹਵਾਲੇ ਕੀਤੀ ਜਾਵੇ।ਅਸੀਂ ਜਾਂਚ ਸੀ ਬੀ ਆਈ ਨੂੰ ਸੌਂਪ ਦਿੱਤੀ, ਪਰ ਕਾਂਗਰਸ ਸਰਕਾਰ ਬਣਨ 'ਤੇ ਇਹ ਜਾਂਚ ਸੀ ਬੀ ਆਈ ਤੋਂ ਵਾਪਸ ਲੈ ਲਈ ਗਈ।ਉਨ੍ਹਾਂ ਕਿਹਾ ਕਿ ਉਦੋਂ ਤੋਂ ਇਸ ਬੇਹੱਦ ਸੰਵੇਦਨਸ਼ੀਲ ਮੁੱਦੇ 'ਤੇ ਆਪ ਤੇ ਕਾਂਗਰਸ ਦੋਵੇਂ ਰਾਜਨੀਤੀ ਕਰਦੀਆਂ ਆ ਰਹੀਆਂ ਹਨ ਤੇ ਦੋਸ਼ੀ ਆਜ਼ਾਦ ਘੁੰਮ ਰਹੇ ਹਨ।ਇਸ ਮੌਕੇ ਸੀਨੀਅਰ ਆਗੂ ਹੀਰਾ ਸਿੰਘ ਗਾਬੜੀਆ, ਮਹੇਸ਼ਇੰਦਰ ਸਿੰਘ ਗਰੇਵਾਲ, ਐਨ ਕੇ ਸ਼ਰਮਾ, ਸ਼ਰਨਜੀਤ ਸਿੰਘ ਢਿੱਲੋਂ, ਰਣਜੀਤ ਸਿੰਘ ਢਿੱਲੋਂ, ਭੁਪਿੰਦਰ ਸਿੰਘ ਭਿੰਦਾ, ਐਸ ਆਰ ਕਲੇਰ, ਪਰਮਜੀਤ ਸਿੰਘ ਢਿੱਲੋਂ ਤੀਰਥ ਸਿੰਘ ਮਾਹਲਾ, ਸੰਨੀ ਗਿੱਲ, ਚੰਦ ਸਿੰਘ ਡੱਲਾ, ਸਰਬਜੀਤ ਸਿੰਘ ਝਿੰਜਰ, ਕਮਲ ਚੇਤਲੀ, ਆਰ ਡੀ ਸ਼ਰਮਾ, ਜਸਪਾਲ ਸਿੰਘ ਗਿਆਸਪੁਰਾ, ਮਨਜੀਤ ਸਿੰਘ ਮਦਨੀਪੁਰ, ਬਲਵਿੰਦਰ ਸਿੰਘ ਸਿੱਧੂ, ਪਰਉਪਕਾਰ ਸਿੰਘ ਘੁੰਮਣ, ਬੌਬੀ ਗਰਚਾ, ਹਿਤੇਸ਼ ਗਰੇਵਾਲ ਤੇ ਜਸਕਰਨ ਦਿਓਲ ਆਦਿ ਹਾਜ਼ਰ ਸਨ।

# ਸਵੀਮਿੰਗ ਚੈਂਪੀਅਨਸ਼ਿਪ 'ਚ ਹਰਸ਼ਿਤਾ ਨੇ ਜਿੱਤੇ ਸੋਨੇ, ਚਾਂਦੀ ਤੇ ਕਾਂਸੇ ਦੇ ਮੈਡਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**


ਦਾਸ ਐਂਡ ਬ੍ਰਾਊਨ ਵਰਲਡ ਸਕੂਲ ਦੀ ਗਿਆਰਵੀਂ ਜਮਾਤ ਦੀ ਵਿਦਿਆਰਥਣ ਹਰਸ਼ਿਤਾ ਨੇ ਲੁਧਿਆਣਾ ਵਿਖੇ ਹੋਈ ਸਵੀਮਿੰਗ ਚੈਂਪੀਅਨਸ਼ਿਪ ਵਿੱਚ ਸੋਨੇ, ਚਾਂਦੀ ਤੇ ਕਾਂਸੇ ਦੇ ਮੈਡਲ ਜਿੱਤ ਕੇ ਨਾ ਸਿਰਫ਼ ਆਪਣੇ ਸਕੂਲ ਸਗੋਂ ਪੂਰੇ ਫਿਰੋਜ਼ਪੁਰ ਜ਼ਿਲ੍ਹੇ ਦਾ ਨਾਂ ਰੌਸ਼ਨ ਕੀਤਾ ਹੈ। ਇਸ ਸ਼ਾਨਦਾਰ ਪ੍ਰਦਰਸ਼ਨ ਨਾਲ ਹਰਸ਼ਿਤਾ ਨੇ ਸਾਬਿਤ ਕਰ ਦਿੱਤਾ ਹੈ ਕਿ ਫਿਰੋਜ਼ਪੁਰ ਦੀਆਂ ਧੀਆਂ ਕਿਸੇ ਵੀ ਖੇਤਰ ਵਿੱਚ ਕਿਸੇ ਤੋਂ ਘੱਟ ਨਹੀਂ ਹਨ। ਸਕੂਲ ਦੀ ਪ੍ਰਿੰਸੀਪਲ ਰੂਚੀ ਪਾਂਡੇ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਸੈਂਕੜਿਆਂ ਖਿਡਾਰੀਆਂ ਵਿਚਕਾਰ ਹਰਸ਼ਿਤਾ ਨੇ ਆਪਣੀ ਅਨੁਪਮ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਸਾਰਿਆਂ ਦਾ ਦਿਲ ਜਿੱਤ ਲਿਆ। ਉਨ੍ਹਾਂ ਕਿਹਾ ਕਿ ਹਰਸ਼ਿਤਾ ਦੀ ਇਸ ਪ੍ਰਾਪਤੀ ਨੇ ਸਕੂਲ ਤੇ ਜ਼ਿਲ੍ਹੇ ਦੇ ਸਾਰੇ ਵਸਨੀਕਾਂ ਨੂੰ ਮਾਣ ਮਹਿਸੂਸ ਕਰਵਾਇਆ ਹੈ। ਹਰਸ਼ਿਤਾ ਨੇ ਚੈਂਪੀਅਨਸ਼ਿਪ ਵਿੱਚ 50 ਮੀਟਰ ਬੈਕਸਟਰੋਕ ਵਿੱਚ ਸੋਨੇ ਦਾ ਮੈਡਲ, 400 ਮੀਟਰ ਫਰੀਸਟਾਈਲ ਸੀਨੀਅਰ ਵਿੱਚ ਚਾਂਦੀ ਦਾ ਮੈਡਲ ਤੇ 100 ਮੀਟਰ ਬੈਕਸਟਰੋਕ ਸੀਨੀਅਰ, 4×100 ਮੀਟਰ ਮੈਡਲੇ ਰਿਲੇਅ, 4×200 ਮੀਟਰ ਫਰੀਸਟਾਈਲ ਰਿਲੇਅ ਤੇ 4×100 ਮੀਟਰ ਫਰੀਸਟਾਈਲ ਰਿਲੇਅ ਸੀਨੀਅਰ ਵਿੱਚ ਕਾਂਸੇ ਦੇ ਮੈਡਲ ਜਿੱਤੇ। ਇਹ ਸਾਰੀਆਂ ਪ੍ਰਾਪਤੀਆਂ ਹਰਸ਼ਿਤਾ ਦੀ ਸਖ਼ਤ ਮਿਹਨਤ, ਸਮਰਪਣ ਤੇ ਅਣਥੱਕ ਲਗਨ ਦਾ ਨਤੀਜਾ ਹਨ। ਪ੍ਰਿੰਸੀਪਲ ਰੂਚੀ ਪਾਂਡੇ ਨੇ ਹਰਸ਼ਿਤਾ ਨੂੰ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਦੱਸਿਆ ਕਿ ਸਕੂਲ ਦੇ ਹੈਬੀਟੇਟ ਸੈਂਟਰ ਵਿੱਚ ਇਕ ਅਤਿ-ਆਧੁਨਿਕ ਐਕਵਾ ਸਟਾਰ ਸਵੀਮਿੰਗ ਪੂਲ ਦੀ ਸਹੂਲਤ ਮੌਜੂਦ ਹੈ, ਜਿੱਥੇ ਅਨੁਭਵੀ ਕੋਚਾਂ ਦੀ ਨਿਗਰਾਨੀ ਹੇਠ ਵਿਦਿਆਰਥੀਆਂ ਨੂੰ ਸਵੀਮਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ। ਇਸ ਸਹੂਲਤ ਦਾ ਲਾਭ ਉਠਾਉਂਦਿਆਂ ਸਕੂਲ ਦੇ ਕਈ ਵਿਦਿਆਰਥੀਆਂ ਨੇ ਰਾਸ਼ਟਰੀ ਪੱਧਰ 'ਤੇ ਸਕੂਲ ਤੇ ਜ਼ਿਲ੍ਹੇ ਦਾ ਨਾਂ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਨੇ ਕਿਹਾ ਕਿ ਹਰਸ਼ਿਤਾ ਦੀ ਇਹ ਸਫਲਤਾ ਹੋਰ ਵਿਦਿਆਰਥੀਆਂ ਲਈ ਵੀ ਇਕ ਪ੍ਰੇਰਨਾ ਸਰੋਤ ਹੈ। ਉਨ੍ਹਾਂ ਨੇ ਕਿਹਾ ਕਿ ਸਕੂਲ ਵੱਲੋਂ ਖੇਡਾਂ ਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਨੂੰ ਉਤਸ਼ਾਹਤ ਕਰਨ ਲਈ ਹਮੇਸ਼ਾ ਯਤਨ ਕੀਤੇ ਜਾਣਗੇ, ਤਾਂ ਜੋ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੋ ਸਕੇ। ਹਰਸ਼ਿਤਾ ਦੀ ਇਸ ਪ੍ਰਾਪਤੀ ਨੇ ਨਾ ਸਿਰਫ਼ ਉਸ ਦੇ ਪਰਿਵਾਰ ਤੇ ਸਕੂਲ ਨੂੰ ਮਾਣ ਮਹਿਸੂਸ ਕਰਵਾਇਆ, ਸਗੋਂ ਸਮੁੱਚੇ ਫਿਰੋਜ਼ਪੁਰ ਜ਼ਿਲ੍ਹੇ ਨੂੰ ਵੀ ਗੌਰਵਮਈ ਪਲ ਪ੍ਰਦਾਨ ਕੀਤੇ ਹਨ।

## ਕਾਤਰਾਂ

### 490 ਰੁਪਏ ਦੜੇ-ਸੱਟੇ ਦੀ ਰਾਸ਼ੀ ਸਮੇਤ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਦੜਾ ਸੱਟਾ ਲਗਾਉਣ ਦੇ ਦੋਸ਼ 'ਚ ਇੱਕ ਵਿਅਕਤੀ ਨੂੰ 490 ਰੁਪਏ ਦੀ ਰਾਸ਼ੀ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਲਕੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਥਾਣਾ ਏਰੀਏ ਵਿੱਚ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੁਰੇਸ਼ ਕੁਮਾਰ ਪੁੱਤਰ ਕੁੰਦਨ ਲਾਲ ਵਾਸੀ ਦਸਮੇਸ਼ ਨਗਰ ਜਲਾਲਾਬਾਦ ਦੜਾ ਸੱਟਾ ਲਿਖਣ ਦਾ ਆਦੀ ਹੈ, ਜੋ ਅੱਜ ਵੀ ਟੀ-ਪੁਆਇੰਟ ਹਿਸਾਨ ਵਾਲਾ ਦੇ ਕੋਲ ਖੜ ਕੇ ਸ਼ਰੇਆਮ ਦੜਾ ਸੱਟਾ ਲਿਖ ਰਿਹਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਸੁਰੇਸ਼ ਕੁਮਾਰ ਨੂੰ ਦੜੇ ਸੱਟੇ ਦੀ ਰਾਸ਼ੀ 490 ਰੁਪਏ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ, ਇਸ ਵਿਅਕਤੀ ਦੇ ਵਿਰੁੱਧ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

### ਮਾਡਰਨ ਕਾਲਜ ਬੀਰ ਕਲਾਂ ਦਾ ਬੀ ਸੀ ਏ ਦਾ ਨਤੀਜਾ ਸ਼ਾਨਦਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਬੀਸੀਏ ਭਾਗ ਪਹਿਲਾ ਸਮੈਸਟਰ ਪਹਿਲਾ ਦਾ ਮਾਡਰਨ ਕਾਲਜ ਬੀਰ ਕਲਾਂ ਦਾ ਨਤੀਜਾ ਸ਼ਾਨਦਾਰ ਰਿਹਾ, ਜਿਸ ਸਬੰਧੀ ਅਸਿਸਟੈਂਟ ਪ੍ਰੋਫੈਸਰ ਵੀਰਪਾਲ ਕੌਰ ਨੇ ਦੱਸਿਆ ਕਿ ਤਨਿਸ਼ ਕੌਰ ਨੇ 79% ਅੰਕ ਪ੍ਰਾਪਤ ਕਰਕੇ ਪਹਿਲਾ, ਅਮਨਦੀਪ ਕੌਰ ਤੇ ਜਸਪ੍ਰੀਤ ਸਿੰਘ ਨੇ 76 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਸਰਾ ਤੇ ਸੁਖਪ੍ਰੀਤ ਕੌਰ ਨੇ 75% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਅਸਿਸਟੈਂਟ ਪ੍ਰੋਫੈਸਰ ਰਜਿੰਦਰ ਕੌਰ, ਪ੍ਰੋਫੈਸਰ ਗੁਰਸੇਵਕ ਸਿੰਘ, ਪ੍ਰੋਫੈਸਰ ਰਾਜਵੀਰ ਕੌਰ, ਅਸਿਸਟੈਂਟ ਪ੍ਰੋਫੈਸਰ ਗੁਰਪ੍ਰੀਤ ਕੌਰ ਸ਼ਾਮਲ ਸਨ।

### ਸਰਚ ਆਪ੍ਰੇਸ਼ਨ ਦੌਰਾਨ ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਦੇ ਅਧੀਨ ਆਉਂਦੇ ਬੀਓਪੀ ਬਾਰੇਕੇ ਖੇਤਰ ਵਿਚ ਬੀਤੇ ਦਿਨ ਬੀਐੱਸਐੱਫ ਦੀ 155ਵੀਂ ਬਟਾਲੀਅਨ ਦੇ ਜਵਾਨਾਂ ਨੇ ਇਕ ਵਿਸ਼ੇਸ਼ ਸਰਚ ਆਪ੍ਰੇਸ਼ਨ ਦੌਰਾਨ ਇਕ ਅਤਿ-ਆਧੁਨਿਕ ਡਰੋਨ ਬਰਾਮਦ ਕੀਤਾ ਹੈ। ਇਸ ਮਾਮਲੇ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਨੇ ਬੀਐੱਸਐੱਫ ਦੇ ਇੱਕ ਅਧਿਕਾਰੀ ਦੇ ਬਿਆਨ ਦੇ ਅਧਾਰ 'ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਥਾਣਾ ਸਦਰ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਐੱਸਐੱਫ ਦੀ ਏ-ਕੰਪਨੀ, 155ਵੀਂ ਬਟਾਲੀਅਨ ਦੇ ਕੰਪਨੀ ਕਮਾਂਡਰ ਨੇ ਆਪਣੇ ਬਿਆਨ ਵਿੱਚ ਦੱਸਿਆ ਕਿ ਬੀਤੇ ਦਿਨ ਬੀਓਪੀ ਬਾਰੇਕੇ ਦੇ ਇਲਾਕੇ ਵਿੱਚ ਡਰੋਨ ਦੀ ਸੰਭਾਵਿਤ ਗਤੀਵਿਧੀ ਨੂੰ ਧਿਆਨ ਵਿੱਚ ਰੱਖਦਿਆਂ ਬੀਐੱਸਐੱਫ ਦੇ ਜਵਾਨਾਂ ਨੇ ਇੱਕ ਵਿਆਪਕ ਸਰਚ ਆਪ੍ਰੇਸ਼ਨ ਚਲਾਇਆ। ਇਸ ਦੌਰਾਨ ਉਨ੍ਹਾਂ ਨੂੰ ਇਕ ਮੈਵਿਕ 3 ਕਲਾਸਿਕ ਡਰੋਨ, ਜੋ ਕਿ ਕਾਲੇ ਰੰਗ ਦਾ ਹੈ, ਬਰਾਮਦ ਹੋਇਆ। ਏਐੱਸਆਈ ਸੁਖਬੀਰ ਸਿੰਘ ਨੇ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਸਿਆਸੀ ਫੈਸਲਿਆਂ 'ਚ ਜੈਲ ਬਰੀਵਾਲਾ ਨੇ ਹਮੇਸ਼ਾ ਅਹਿਮ ਭੂਮਿਕਾ ਨਿਭਾਈ : ਬਿੱਟੂ

**ਡੋਡਾਂਵਾਲੀ ਵਿਖੇ ਸਾਬਕਾ ਚੇਅਰਮੈਨ ਬਿੱਟੂ ਵੱਲੋਂ ਵਰਕਰ ਮੀਟਿੰਗ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਬਰੀਵਾਲਾ ਜੈਲ ਮੇਰਾ ਆਪਣਾ ਪਰਿਵਾਰ ਹੈ ਤੇ ਜੈਲ ਦੇ ਹਰ ਬਸ਼ਿੰਦੇ ਨਾਲ ਮੈਂ ਆਪਣਾ ਰਿਸ਼ਤਾ ਹਮੇਸ਼ਾ ਪਰਿਵਾਰਕ ਮੈਂਬਰ ਵਾਂਗ ਹੀ ਰੱਖਿਆ ਹੈ ਅਤੇ ਫੈਸਲਾਕੁੰਨ ਸਿਆਸੀ ਫੈਸਲਿਆਂ ਵਿੱਚ ਜੈਲ ਬਰੀਵਾਲਾ ਨੇ ਹਮੇਸ਼ਾ ਅਹਿਮ ਭੂਮਿਕਾ ਨਿਭਾਈ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਿੰਡ ਡੋਡਾਂਵਾਲੀ ਵਿਖੇ ਮਨਜਿੰਦਰ ਸਿੰਘ ਬਿੱਟੂ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਬਰੀਵਾਲਾ ਵੱਲੋਂ ਭਵਿੱਖ ਵਿੱਚ ਹੋਣ ਵਾਲੇ ਇਲੈਕਸ਼ਨਾਂ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਪਿੰਡ ਵਾਸੀਆਂ ਨਾਲ ਵਿਚਾਰ-ਵਟਾਂਦਰਾਂ ਕਰਨ ਮੌਕੇ ਕੀਤਾ ਗਿਆ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਜੈਲ ਬਰੀਵਾਲਾ ਦੇ ਹਰੇਕ ਪਿੰਡ ਤੇ ਮੰਡੀ ਬਰੀਵਾਲਾ ਵਿੱਚ ਨੁੱਕੜ ਮੀਟਿੰਗਾਂ ਕਰਕੇ ਨਰੇਗਾ ਵਰਕਰਾਂ, ਕਿਸਾਨ ਪਰਿਵਾਰਾਂ, ਮੱਧ ਵਰਗੀ ਪਰਿਵਾਰਾਂ ਤੇ ਵਰਕਰਾਂ ਨਾਲ ਰਾਬਤਾ ਕਾਇਮ ਕੀਤਾ ਜਾਵੇਗਾ, ਜਿਸ ਵਿੱਚ ਲੋਕ ਹਿੱਤਾਂ ਲਈ ਚਲਾਈਆਂ ਗਈਆਂ ਮੁਫ਼ਤ ਆਟਾ-ਦਾਲ ਸਕੀਮ, ਪੈਨਸ਼ਨ, ਮੁਫਤ ਬਿਜਲੀ, ਸ਼ਗਨ ਸਕੀਮ ਆਦਿ ਸਹੂਲਤਾਂ ਸਬੰਧੀ ਜੇਕਰ ਕਿਸੇ ਨੂੰ ਸਮੱਸਿਆ ਦਰਪੇਸ਼ ਆ ਰਹੀ ਹੈ ਤਾਂ ਉਸ ਦਾ ਹੱਲ ਕਰਵਾਇਆ ਜਾਵੇਗਾ।

ਇਸ ਮੌਕੇ ਸੀਨੀਅਰ ਅਕਾਲੀ ਆਗੂ ਜਗਵੰਤ ਸਿੰਘ ਲੰਬੀਢਾਬ, ਬਲਵਿੰਦਰ ਸਿੰਘ ਬੁੱਢੀਮਾਲ, ਗੁਰਨਾਮ ਸਿੰਘ, ਰਾਮ ਜੀ ਦਾਸ ਸਾਬਕਾ ਸਰਪੰਚ, ਜਗਰੂਪ ਸਿੰਘ, ਜਗਤਾਰ ਸਿੰਘ, ਕੁਲਵੰਤ ਰਾਏ, ਅਸ਼ੋਕ ਕੁਮਾਰ, ਪਰਮਾਨੰਦ, ਗੁਰਵਿੰਦਰ ਸਿੰਘ, ਯੂਥ ਆਗੂ ਗੁਰਭੇਜ ਸਿੰਘ ਬਾਜਾ ਮਰਾੜ੍ਹ, ਗੁਲਾਬ ਸਿੰਘ, ਮਨਦੀਪ ਸ਼ਰਮਾ ਮਨੀ, ਬੇਅੰਤ ਸਿੰਘ ਬਿੰਨੀ ਮਨੇਸ ਕੰਦੂਖੇੜਾ, ਜਸਪਾਲ ਸਿੰਘ ਪੀਏ, ਰਾਜ ਕੁਮਾਰ ਆਦਿ ਹਾਜ਼ਰ ਸਨ।

# ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ 7 ਬੱਕਰੀਆਂ ਦੀ ਮੌਤ



**ਬਰੇਟਾ (ਰੀਤਵਾਲ)**-ਇੱਕ ਮਿਹਨਤ ਮਜ਼ਦੂਰੀ ਕਰਨ ਵਾਲੇ ਪਰਿਵਾਰ ਦੀਆਂ 7 ਬੱਕਰੀਆਂ ਦੀ ਰੇਲ ਗੱਡੀ ਹੇਠ ਆਉਣ ਕਾਰਨ ਮੌਤ ਹੋ ਗਈ।ਇਕੱਤਰ ਕੀਤੀ ਜਾਣਕਾਰੀ ਅਨੁਸਾਰ ਪਿੰਡ ਖੁਡਾਲ ਕਲਾਂ ਦਾ ਵਸਨੀਕ ਪ੍ਰੇਮ ਸਿੰਘ ਬੱਕਰੀਆਂ ਪਾਲ ਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾ ਰਿਹਾ ਸੀ, ਜੋ ਹਰ ਰੋਜ਼ ਦੀ ਤਰ੍ਹਾਂ ਆਪਣੀਆਂ ਬੱਕਰੀਆਂ ਨੂੰ ਬਾਹਰ ਖੇਤਾਂ ਵੱਲ ਚਰਾਉਣ ਲਈ ਲੈ ਕੇ ਜਾਇਆ ਕਰਦਾ ਸੀ।ਬੀਤੀ ਸੋਮਵਾਰ ਦੀ ਦੁਪਹਿਰ ਖੁਡਾਲ ਕਲਾਂ ਦੇ ਰੇਲਵੇ ਫਾਟਕ ਨਜ਼ਦੀਕ ਜਦੋਂ ਉਸ ਦੀਆਂ ਬੱਕਰੀਆਂ ਘਾਹ ਚਰ ਰਹੀਆਂ ਸਨ ਤਾਂ 7 ਬੱਕਰੀਆਂ ਦੀ ਰੇਲ ਗੱਡੀ ਦੀ ਚਪੇਟ 'ਚ ਆਉਣ ਕਾਰਨ ਮੌਤ ਹੋ ਗਈ।ਪ੍ਰੇਮ ਸਿੰਘ ਵੱਲੋਂ ਮਰੀਆਂ ਬੱਕਰੀਆਂ ਦੀ ਕੀਮਤ ਸਵਾ ਲੱਖ ਦੇ ਕਰੀਬ ਦੱਸੀ ਗਈ ਹੈ।ਸਮਾਜਸੇਵੀ ਲੋਕਾਂ ਵੱਲੋਂ ਪੀੜ੍ਹਤ ਪਰਿਵਾਰ ਨੂੰ ਮੁਆਵਜ਼ਾ ਦੇਣ ਦੀ ਮੰਗ ਕੀਤੀ ਗਈ ਹੈ।

# ਨਸ਼ੇ ਤੋਂ ਪੀੜਤ ਲੋਕਾਂ ਦਾ ਸਰਕਾਰ ਵੱਲੋਂ ਕਰਾਇਆ ਜਾ ਰਿਹਾ ਮੁਫ਼ਤ ਇਲਾਜ : ਸਵਨਾ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਵੱਖ-ਵੱਖ ਪਿੰਡਾਂ ਤੇ ਸ਼ਹਿਰ ਦੇ ਵਾਰਡਾਂ ਵਿੱਚ ਸਮਾਗਮ ਕਰਾਏ ਜਾ ਰਹੇ ਹਨ। ਪਿੰਡ ਢਾਣੀ ਮੁਨਸ਼ੀ ਰਾਮ, ਬਹਿਕ ਖਾਸ ਆਦਿ ਪਿੰਡਾਂ ਤੇ ਵਾਰਡ ਨੰਬਰ 13 ਤੇ 14 ਵਿਖੇ 'ਨਸ਼ਾ ਮੁਕਤੀ ਯਾਤਰਾ' ਤਹਿਤ ਸਮਾਗਮ ਕਰਾਇਆ ਗਿਆ, ਜਿਸ ਵਿੱਚ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਵਿਸ਼ੇਸ ਤੌਰ 'ਤੇ ਸ਼ਿਰਕਤ ਕੀਤੀ।ਸ੍ਰੀ ਸਵਨਾ ਨੇ ਕਿਹਾ ਕਿ ਜਿੱਥੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ, ਉਸਦੇ ਨਾਲ-ਨਾਲ ਨਸ਼ਾ ਪੀੜਤਾਂ ਦਾ ਮੁਫ਼ਤ ਇਲਾਜ ਕਰਾਉਣ ਲਈ ਲੋਕਾਂ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਮੂਹਿਕ ਸਹਿਯੋਗ ਨਾਲ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕੀਤਾ ਜਾਵੇਗਾ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ੇ ਵੇਚਣ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਤੇ ਇਸੇ ਦਾ ਹੀ ਨਤੀਜਾ ਹੈ ਕਿ ਹੁਣ ਸਪਲਾਈ ਲਾਈਨ ਟੁੱਟ ਚੁੱਕੀ ਹੈ, ਜਿਸ ਕਾਰਨ ਨਸ਼ੇ ਤੋਂ ਪੀੜਤ ਲੋਕ ਇਲਾਜ ਲਈ ਅੱਗੇ ਆ ਰਹੇ ਹਨ।ਉਨ੍ਹਾਂ ਕਿਹਾ ਕਿ ਨਸ਼ੇ ਤੋਂ ਪੀੜਤ ਲੋਕਾਂ ਦਾ ਸਰਕਾਰ ਵੱਲੋਂ ਮੁਫ਼ਤ ਇਲਾਜ ਕਰਾਇਆ ਜਾ ਰਿਹਾ ਹੈ।

# ਤਲਵੰਡੀ ਸਾਬੋ ਦੀਆਂ ਜ਼ੋਨ ਪੱਧਰੀ ਗਰਮ ਰੁੱਤ ਖੇਡਾਂ 28 ਤੋਂ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਿੱਖਿਆ ਵਿਭਾਗ ਪੰਜਾਬ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਮਮਤਾ ਖੁਰਾਣਾ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਤਲਵੰਡੀ ਸਾਬੋ ਜ਼ੋਨ ਦੀ ਅਹਿਮ ਮੀਟਿੰਗ ਸਰਕਾਰੀ ਹਾਈ ਸਕੂਲ ਲਾਲੇਆਣਾ ਵਿਖੇ ਹੋਈ।ਮੀਟਿੰਗ ਦੀ ਪ੍ਰਧਾਨਗੀ ਜ਼ੋਨਲ ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਅਵਤਾਰ ਸਿੰਘ ਦੀ ਅਗਵਾਈ ਵਿੱਚ ਹੋਈ।ਮੀਟਿੰਗ ਵਿੱਚ ਸਰਬਸੰਮਤੀ ਨਾਲ ਜਨਰਲ ਸਕੱਤਰ ਗੁਰਜੰਟ ਸਿੰਘ ਡੀਪੀਈ ਚੱਠੇਵਾਲਾ, ਵਿੱਤ ਸਕੱਤਰ ਹਰਮੰਦਰ ਸਿੰਘ ਪੀਟੀਆਈ ਲਾਲੇਆਣਾ (ਸਟੇਟ ਅਵਾਰਡੀ), ਲੈਕਚਰਾਰ ਨਿਰਮਲ ਸਿੰਘ, ਗੁਰਤੇਜ ਸਿੰਘ, ਜਸਦੀਪ ਕੌਰ ਤੇ ਕਵਿਤਾ ਰਾਣੀ ਕਮੇਟੀ ਮੈਂਬਰ ਤੇ ਭੁਪਿੰਦਰ ਸਿੰਘ ਪ੍ਰੈੱਸ ਸਕੱਤਰ ਚੁਣੇ ਗਏ।ਜ਼ੋਨਲ ਪ੍ਰਧਾਨ ਅਵਤਾਰ ਸਿੰਘ ਮੁੱਖ ਅਧਿਆਪਕ ਵੱਲੋਂ ਸਾਰੇ ਅਧਿਆਪਕ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਉਣ ਲਈ ਕਿਹਾ।ਜਨਰਲ ਸਕੱਤਰ ਗੁਰਜੰਟ ਸਿੰਘ ਚੱਠੇਵਾਲਾ ਨੇ ਦੱਸਿਆ ਕਿ ਗਰਮ ਰੁੱਤ ਜ਼ੋਨ ਪੱਧਰੀ ਟੂਰਨਾਮੈਂਟ 28 ਜੁਲਾਈ ਤੋਂ ਸ਼ੁਰੂ ਕਰਵਾਏ ਜਾਣਗੇ।ਇਨ੍ਹਾਂ ਗਰਮ ਰੁੱਤ ਖੇਡਾਂ ਲਈ ਲੈਕਚਰਾਰ ਨਿਰਮਲ ਸਿੰਘ, ਲੈਕਚਰਾਰ ਸੁਖਦੇਵ ਸਿੰਘ, ਰਣਜੀਤ ਸਿੰਘ, ਹਰਵਿੰਦਰ ਸਿੰਘ, ਗੁਰਤੇਜ ਸਿੰਘ, ਅਮਨਦੀਪ ਸਿੰਘ, ਤੇਜਿੰਦਰ ਕੁਮਾਰ, ਬਲਜਿੰਦਰ ਸਿੰਘ ਸੁਖਪ੍ਰੀਤ ਸਿੰਘ ਕਨਵੀਨਰ ਲਗਾਏ ਗਏ ਹਨ।ਇਹ ਜ਼ੋਨ ਪੱਧਰੀ ਖੇਡਾਂ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ, ਸਰਕਾਰੀ ਹਾਈ ਸਕੂਲ ਲਾਲੇਆਣਾ ਸਰਕਾਰੀ ਹਾਈ ਸਕੂਲ ਫੁੱਲੋਖਾਰੀ, ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਵਿਖੇ ਕਰਵਾਈਆਂ ਜਾਣਗੀਆਂ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਖ ਵੱਖ ਸਕੂਲਾਂ ਤੋਂ ਸਰੀਰਕ ਸਿੱਖਿਆ ਅਧਿਆਪਕ ਹਾਜ਼ਰ ਸਨ।

# ਫਾਸ਼ੀ ਹਮਲਿਆਂ ਖਿਲਾਫ ਜ਼ਿਲ੍ਹਾ ਕਨਵੈਨਸ਼ਨ ਈਸੜੂ ਭਵਨ ਵਿਖੇ 5 ਨੂੰ




**ਜਗਰਾਉਂ (ਅਮਿਤ ਖੰਨਾ)**-ਫਾਸ਼ੀ ਹਮਲਿਆਂ ਵਿਰੋਧੀ ਫਰੰਟ ਦੇ ਸੱਦੇ 'ਤੇ ਇਸ ਫਰੰਟ 'ਚ ਸ਼ਾਮਲ ਸੰਗਠਨਾਂ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਬੀਬੀ ਅਮਰ ਕੌਰ ਯਾਦਗਾਰੀ ਲਾਇਬ੍ਰੇਰੀ ਵਿਖੇ ਹੋਈ।ਮੀਟਿੰਗ ਵਿੱਚ ਦੇਸ਼ ਅੰਦਰ ਫਾਸ਼ੀਵਾਦ ਦੇ ਤਿੱਖੇ ਹੋ ਰਹੇ ਹਮਲਿਆਂ ਦਾ ਜਨਤਕ ਟਾਕਰਾ ਕਰਨ ਲਈ ਲਾਮਬੰਦੀ ਹਿੱਤ 5 ਅਗਸਤ ਨੂੰ ਈਸੜੂ ਭਵਨ ਲੁਧਿਆਣਾ ਵਿਖੇ ਸਵੇਰੇ 10 ਵਜੇ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਕਰਨ ਤੇ ਅਗਲੀ ਰਣਨੀਤੀ ਘੜਨ ਦਾ ਫੈਸਲਾ ਕੀਤਾ ਗਿਆ।ਮੀਟਿੰਗ 'ਚ ਸੀ ਪੀ ਆਈ ਵੱਲੋਂ ਮਨਿੰਦਰ ਸਿੰਘ ਭਾਟੀਆ, ਏ ਕੇ ਛਿੱਬਰ, ਆਰ ਐੱਮ ਪੀ ਆਈ ਵੱਲੋਂ ਪ੍ਰੋ. ਜੈ ਪਾਲ ਸਿੰਘ, ਇਨਕਲਾਬੀ ਕੇਂਦਰ ਪੰਜਾਬ ਵੱਲੋਂ ਕੰਵਲਜੀਤ ਖੰਨਾ ਤੇ ਕਾ. ਸੁਰਿੰਦਰ ਹਾਜ਼ਰ ਹੋਏ।ਸੀ ਪੀ ਆਈ (ਮਲ) ਨਿਊ ਡੈਮੋਕਰੇਸੀ ਵੱਲੋਂ ਸਾਧੂ ਸਿੰਘ ਅੱਚਰਵਾਲ ਤੇ ਸੀ ਪੀ ਆਈ (ਮਲ) ਲਿਬਰੇਸ਼ਨ ਵੱਲੋਂ ਡਾ. ਗੁਰਚਰਨ ਸਿੰਘ ਰਾਏਕੋਟ ਵਰਚੂਅਲ ਮੀਟਿੰਗ ਰਾਹੀਂ ਮੀਟਿੰਗ 'ਚ ਸ਼ਾਮਲ ਹੋਏ।ਮੀਟਿੰਗ ਵਿੱਚ ਛੇ ਖੱਬੀਆਂ ਧਿਰਾਂ ਵੱਲੋਂ ਨਿਰਮਿਤ ਫਾਸ਼ੀ ਹਮਲਿਆਂ ਵਿਰੋਧੀ ਫਰੰਟ ਦੇ ਆਧਾਰ ਚੌਖਟੇ ਬਾਰੇ ਚਰਚਾ ਕੀਤੀ ਗਈ।ਦੱਸਿਆ ਗਿਆ ਕਿ ਦੇਸ਼ ਪੱਧਰ 'ਤੇ ਆਰ ਐੱਸ ਐੱਸ ਵੱਲੋਂ ਹਿੰਦੂ ਰਾਜ ਬਣਾਉਣ ਲਈ ਭਾਜਪਾ ਰਾਹੀਂ ਲਿਆਂਦੀਆਂ ਜਾ ਰਹੀਆਂ ਫਿਰਕੂ ਫਾਸ਼ੀ ਨੀਤੀਆਂ ਦੇਸ਼ 'ਚ ਧਾਰਮਿਕ ਘੱਟਗਿਣਤੀਆਂ, ਦਲਿਤਾਂ, ਹਰ ਵਿਰੋਧੀ ਆਵਾਜ਼ ਲਈ ਇੱਕ ਚੁਣੌਤੀ ਬਣ ਚੁੱਕੀਆਂ ਹਨ।ਦੇਸ਼ ਦਾ ਮਾੜਾ ਮੋਟਾ ਫੈਡਰਲ ਢਾਂਚਾ ਤਬਾਹ ਕਰਕੇ ਸਮੂਹ ਰਾਜਸੀ ਤੇ ਸੰਵਿਧਾਨਕ ਸ਼ਕਤੀਆਂ ਦਾ ਕੇਂਦਰੀਕਰਨ ਕੀਤਾ ਜਾ ਰਿਹਾ ਹੈ।ਦੇਸ਼ ਭਰ 'ਚ ਕਾਲੇ ਜਾਬਰ ਕਨੂੰਨ ਲਾਗੂ ਕਰਕੇ ਹਰ ਵਿਰੋਧੀ ਆਵਾਜ਼ ਦਾ ਗਲਾ ਘੁੱਟਿਆ ਜਾ ਰਿਹਾ ਹੈ।ਬਿਹਾਰ 'ਚ ਵੋਟਾਂ ਦਾ ਸਰਵੇਖਣ ਕਰਨ ਦੇ ਨਾਂ 'ਤੇ ਨਾਗਰਿਕਤਾ ਸੋਧ ਕਨੂੰਨ ਲਾਗੂ ਕੀਤਾ ਜਾ ਰਿਹਾ ਹੈ, ਜੋ ਕਿ ਆਉਂਦੇ ਸਮੇਂ 'ਚ ਸਾਰੇ ਦੇਸ਼ 'ਚ ਲਾਗੂ ਕਰਕੇ ਤਾਨਾਸ਼ਾਹੀ ਸਥਾਪਤ ਕੀਤੀ ਜਾਵੇਗੀ।ਤਾਜ਼ਾ ਘਟਨਾ 'ਚ ਦਿੱਲੀ 'ਚ ਸ਼ਹੀਦ ਭਗਤ ਸਿੰਘ ਛਾਤਰ ਮੋਰਚਾ ਦੇ ਕਾਰਕੁੰਨਾ ਨੂੰ ਅਗਵਾ ਕਰਕੇ ਅੰਨ੍ਹਾਂ ਤਸ਼ਦਦ ਢਾਹਿਆ ਗਿਆ ਹੈ।ਕਗਾਰ ਉਪਰੇਸ਼ਨ ਦੇ ਨਾਂ 'ਤੇ ਝਾਰਖੰਡ, ਛੱਤੀਸਗੜ੍ਹ ਦੇ ਜੰਗਲਾਂ ਨੂੰ ਦੂਜੀ ਗਜ਼ਾ ਪੱਟੀ ਬਣਾਇਆ ਜਾ ਰਿਹਾ ਹੈ।ਪੰਜਾਬ ਸਰਕਾਰ ਨੇ ਮੋਦੀ ਦੇ ਪੈਰਾਂ 'ਚ ਪੈਰ ਧਰਦਿਆਂ ਪੰਜਾਬ ਨੂੰ ਪੁਲਸ ਰਾਜ ਬਣਾ ਦਿੱਤਾ ਹੈ।ਦੇਸ਼ 'ਚ ਜਿੱਥੇ ਇੱਕ ਪਾਸੇ ਦੇਸ਼ ਨੂੰ ਅਮਰੀਕਾ ਦਾ ਗੁਲਾਮ ਬਣਾਇਆ ਜਾ ਰਿਹਾ ਹੈ, ਉਥੇ ਸੂਬੇ 'ਚ ਲੈਂਡ ਪੂਲਿੰਗ ਨੀਤੀ ਤਹਿਤ ਕਿਸਾਨੀ ਨੂੰ ਉਜਾੜਿਆ ਜਾ ਰਿਹਾ ਹੈ।ਮਨੂੰਵਾਦੀ ਫਾਸ਼ੀ ਹਕੂਮਤ ਦੇ ਇਨ੍ਹਾਂ ਹੱਲਿਆਂ ਦਾ ਟਾਕਰਾ ਲੋਕ ਸ਼ਕਤੀ ਨਾਲ ਹੀ ਕੀਤਾ ਜਾ ਸਕਦਾ ਹੈ।ਮੀਟਿੰਗ 'ਚ ਆਉਂਦੇ ਸਮੇਂ 'ਚ ਫਾਸ਼ੀਵਾਦ ਖਿਲਾਫ ਜ਼ੋਰਦਾਰ ਅੰਦੋਲਨ ਚਲਾਉਣ ਲਈ ਸਮੂਹ ਅਗਾਂਹ ਵਧੂ ਲੋਕਾਂ ਨੂੰ ਕਨਵੈਨਸ਼ਨ 'ਚ ਪੁੱਜਣ ਦਾ ਸੱਦਾ ਦਿੱਤਾ ਗਿਆ ਹੈ।

# ਮਜ਼ਦੂਰ ਦਾ ਘਰ ਢਾਹੁਣ ਆਏ ਪੁਲਸ ਤੇ ਸਿਵਲ ਪ੍ਰਸ਼ਾਸਨ ਨੂੰ ਘੇਰਿਆ




**ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪਿੰਡ ਵੱਟੂ ਵਿੱਚ ਨਹਿਰ ਕਲੋਨੀ ਉੱਪਰ ਮਜ਼ਦੂਰ ਗੁਰਪ੍ਰੀਤ ਸਿੰਘ ਪੁੱਤਰ ਮੇਜਰ ਸਿੰਘ ਦਾ ਉਸਾਰੀ ਕੀਤਾ ਮਕਾਨ, ਜੋ ਛੱਤ ਉੱਪਰ ਚਲਾ ਗਿਆ ਸੀ, ਨਹਿਰੀ ਵਿਭਾਗ ਦੇ ਮੁਲਾਜ਼ਮਾਂ ਤੇ ਪੁਲਸ ਮੁਲਾਜ਼ਮਾਂ ਨੇ ਵੱਡੀ ਫੋਰਸ ਲੈ ਕੇ ਅਤੇ ਜੇ ਸੀ ਬੀ ਦੀਆਂ ਦੋ ਮਸ਼ੀਨਾਂ ਲੈ ਕੇ ਪਿੰਡ ਪਹੁੰਚੇ ਹੋਏ ਅਧਕਾਰੀਆਂ ਨੂੰ ਮਨਰੇਗਾ ਵਰਕਰ ਯੂਨੀਅਨ ਤੇ ਦਿਹਾਤੀ ਮਜ਼ਦੂਰ ਸਭਾ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਇਕੱਠ ਕਰਕੇ ਪ੍ਰਸ਼ਾਸਨ ਦੀਆਂ ਸਾਰੀਆਂ ਕਾਰਵਾਈਆਂ ਨੂੰ ਪਿੰਡ ਵਿੱਚ ਹੀ ਰੋਕ ਦਿੱਤਾ, ਪ੍ਰਸ਼ਾਸਨ ਚਾਹੇ ਕੋਰਟ ਦੇ ਆਰਡਰ ਲੈ ਕੇ ਪਹੁੰਚੇ ਹੋਏ ਸਨ, ਪਰ ਮਜ਼ਦੂਰ ਜਥੇਬੰਦੀਆਂ ਦੇ ਰੋਹ ਸਾਹਮਣੇ ਅਧਿਕਾਰੀਆਂ ਨੂੰ ਬਰੰਗ ਹੀ ਵਾਪਸ ਮੁੜਨਾ ਪਿਆ। ਇਸ ਸਮੇਂ ਮਜ਼ਦੂਰਾਂ ਦੀ ਅਗਵਾਈ ਕਰਦਿਆਂ ਮਨਰੇਗਾ ਵਰਗੇ ਯੂਨੀਅਨ ਦੇ ਸੂਬਾ ਜਸਵਿੰਦਰ ਸਿੰਘ ਵੱਟੂ ਤੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਆਗੂ ਜਗਜੀਤ ਸਿੰਘ ਜਸਿਆਣਾ ਨੇ ਸੰਬੋਧਨ ਕੀਤਾ ਤੇ ਮਜ਼ਦੂਰਾਂ ਨੇ ਪਿੰਡ ਵਿੱਚ ਅਮੀਰ ਸ਼ਿਕਾਇਤ ਕਰਤਾ ਕਿਸਾਨ ਵਿਰੁੱਧ ਤੇ ਸਿਵਲ ਪ੍ਰਸ਼ਾਸਨ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਉਨ੍ਹਾਂ ਕਿਹਾ ਕਿ ਮਜ਼ਦੂਰ ਦੇ ਹੱਕ ਲਈ ਜਥੇਬੰਦੀਆਂ ਸਦਾ ਹੀ ਸਾਥ ਦੇਣਗੀਆਂ ਤੇ ਮਜ਼ਦੂਰ ਪਰਿਵਾਰ ਦਾ ਡੱਟਵਾਂ ਸਾਥ ਦਿੱਤਾ ਜਾਵੇਗਾ।

# ਪਟਿਆਲਾ ਦਿਹਾਤੀ ਪੁਲਸ ਨਸ਼ਿਆਂ ਦੇ ਖਾਤਮੇ ਲਈ ਵਚਨਬੱਧ : ਡੀ ਐੱਸ ਪੀ ਢਿੱਲੋਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਪੰਜਾਬ ਸਰਕਾਰ ਤੇ ਪੰਜਾਬ ਪੁਲਸ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕੀਤੇ ਜਾ ਰਹੇ ਜਾਗਰੂਕਤਾ ਪ੍ਰੋਗਰਾਮਾਂ ਸਬੰਧੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਤੇ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈੱਲ ਨੇ ਡੀ ਐੱਸ ਪੀ ਦਿਹਾਤੀ ਗੁਰਪ੍ਰਤਾਪ ਸਿੰਘ ਢਿੱਲੋਂ ਨਾਲ ਗੱਲਬਾਤ ਕੀਤੀ।ਇਸ ਮੌਕੇ ਡੀ ਐੱਸ ਪੀ ਦਿਹਾਤੀ ਗੁਰਪ੍ਰਤਾਪ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਾਨਯੋਗ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਤੇ ਡਾਇਰੈਕਟਰ ਜਨਰਲ ਆਫ਼ ਪੁਲਸ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਟਿਆਲਾ ਦਿਹਾਤੀ ਪੁਲਸ ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐੱਸ ਐੱਸ ਪੀ ਪਟਿਆਲਾ ਵਰੁਣ ਸ਼ਰਮਾ ਦੀ ਅਗਵਾਈ ਹੇਠ ਨਸ਼ਿਆਂ ਦੇ ਖਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਪਟਿਆਲਾ ਦਿਹਾਤੀ ਪੁਲਸ ਵੱਲੋਂ ਪਿੰਡਾਂ, ਕਸਬਿਆਂ ਸਲੱਮ ਏਰੀਏ ਵਿੱਚ, ਸਕੂਲ ਪੱਧਰ 'ਤੇ ਬੱਚਿਆਂ, ਸਕੂਲ ਦੇ ਸਟਾਫ ਤੇ ਮਾਪਿਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋਂ ਉਨ੍ਹਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਨਸ਼ੇ ਸਾਡੇ ਸਮਾਜ ਨੂੰ ਘੁਣ ਵਾਂਗ ਖੋਖਲਾ ਕਰਦੇ ਜਾ ਰਹੇ ਹਨ ਤੇ ਨੌਜਵਾਨ ਪੀੜ੍ਹੀ ਇਸ ਨਸ਼ਿਆਂ ਦੀ ਦਲਦਲ ਵਿੱਚ ਫਸਦੀ ਜਾ ਰਹੀ ਹੈ, ਇਸ ਲਈ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਤੇ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਨੌਜਵਾਨਾਂ ਤੇ ਪਬਲਿਕ ਦੇ ਸਹਿਯੋਗ ਦੀ ਲੋੜ ਹੈ ਅਤੇ ਸਾਨੂੰ ਸਾਰਿਆਂ ਨੂੰ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਅੱਗੇ ਆ ਕੇ ਪਹਿਲ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਯੂਥ ਫੈਡਰੇਸ਼ਨ ਆਫ ਇੰਡੀਆ ਤੇ ਪਾਵਰ ਹਾਊਸ ਯੂਥ ਕਲੱਬ ਤੇ ਹੋਰ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਨਸ਼ਿਆਂ ਵਿਰੁੱਧ ਰੈਲੀਆਂ, ਨੁੱਕੜ ਨਾਟਕ, ਸੈਮੀਨਾਰ, ਵਿਚਾਰ ਚਰਚਾ ਆਦਿ ਲੜੀਵਾਰ ਪ੍ਰੋਗਰਾਮ ਕੀਤੇ ਜਾਣਗੇ ਤੇ ਪਟਿਆਲਾ ਦਿਹਾਤੀ ਪੁਲਸ ਵੱਲੋਂ ਭਰਪੂਰ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਉਨ੍ਹਾਂ ਦੀ ਟੀਮ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਰਵਾਏ ਜਾ ਰਹੇ ਜਾਗਰੂਕਤਾ ਪ੍ਰੋਗਰਾਮਾਂ ਦੌਰਾਨ ਨੌਜਵਾਨਾਂ ਤੇ ਪਬਲਿਕ ਨੂੰ ਡਰੱਗ ਫਰੀ ਵਲਡ ਕੈਲੈਫੋਰਨੀਆ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਕਿਤਾਬਾਂ ਵੰਡੀਆਂ ਜਾਣਗੀਆਂ।

# 'ਅਦਬੀ ਮੇਲਾ ਲੰਡਨ 2025' ਅਨੇਕ ਰੰਗ ਬਿਖੇਰਦਾ ਹੋਇਆ ਅਮਿੱਟ ਪੈੜਾਂ ਛੱਡ ਗਿਆ

**ਭੀਖੀ (ਗੁਰਿੰਦਰ ਸਿੰਘ ਔਲਖ)**

ਏਸ਼ੀਅਨ ਸਾਹਿਤਕ ਤੇ ਸੱਭਿਆਚਾਰਕ ਫੋਰਮ (ਯੂ. ਕੇ.) ਵੱਲੋਂ ਸਾਊਥਾਲ ਲੰਡਨ ਵਿਖੇ ਕਰਵਾਇਆ ਦੂਜਾ 'ਅਦਬੀ ਮੇਲਾ' ਮਨੁੱਖੀ ਜੀਵਨ ਜਿਉਣ ਦੇ ਬਿਹਤਰੀਨ ਅੰਦਾਜ਼ ਦੀਆਂ ਸੰਭਾਵਨਾਵਾਂ ਨੂੰ ਤਲਾਸ਼ਦਾ ਯਾਦਗਾਰੀ ਪੈੜਾਂ ਪਾਉਂਦਾ ਹੋਇਆ ਮਸਤਕ ਵਿੱਚ ਡੂੰਘੀ ਲਕੀਰ ਛੱਡ ਗਿਆ।ਪ੍ਰੋਗਰਾਮ ਪ੍ਰਬੰਧਕ ਸ਼ਾਇਰ ਰਾਜਿੰਦਰਜੀਤ ਨੇ ਵਿਸ਼ਵ ਭਰ 'ਚੋਂ ਪੁੱਜੇ ਲੇਖਕ, ਵਿਦਵਾਨਾਂ ਤੇ ਚਿੰਤਕਾਂ ਦਾ ਭਰਵਾਂ ਸਵਾਗਤ ਕੀਤਾ।ਮੇਲੇ ਦੇ ਮੁੱਖ ਪ੍ਰਬੰਧਕ ਸ਼ਾਇਰ ਅਜ਼ੀਮ ਸ਼ੇਖਰ ਵੱਲੋਂ ਮੇਲੇ ਦਾ ਮੁੱਖ ਮਕਸਦ ਤੇ ਇਸ ਦੀ ਰੂਪ ਰੇਖਾ ਲੇਖਕਾਂ, ਪਾਠਕਾਂ ਨਾਲ ਸਾਂਝੀ ਕੀਤੀ।


ਮੇਲੇ ਦਾ ਆਗਾਜ਼ ਵਿਸ਼ਵ ਪ੍ਰਸਿੱਧ ਪੰਜਾਬੀ ਚਿੰਤਕ ਤੇ ਨਾਟਕਕਾਰ ਡਾ. ਆਤਮਜੀਤ ਵੱਲੋਂ 'ਮਾਨਵ, ਕੁਦਰਤ, ਮਸ਼ੀਨ ਤੇ ਅਦਬ' ਵਿਸ਼ੇ 'ਤੇ ਦਿੱਤੇ ਭਾਸ਼ਣ ਨਾਲ ਸ਼ੁਰੂ ਹੋਇਆ।ਉਨ੍ਹਾਂ ਕਿਹਾ ਕਿ ਮਸਨੂਈ ਬੁੱਧੀ ਸਾਡੇ ਸਾਹਮਣੇ ਮੁੱਖ ਚੁਣੌਤੀ ਤਾਂ ਹੈ, ਪਰ ਇਸ ਚੁਣੌਤੀ ਨਾਲ ਮਨੁੱਖ ਹੀ ਨਿਪਟ ਸਕਦਾ ਹੈ।ਸੈਸ਼ਨ ਦਾ ਮੰਚ ਸੰਚਾਲਨ ਪ੍ਰਸਿੱਧ ਨਾਵਲਕਾਰ ਮਹਿੰਦਰ ਪਾਲ ਧਾਲੀਵਾਲ ਨੇ ਕੀਤਾ ਤੇ ਧੰਨਵਾਦ ਗੁਰਨਾਮ ਗਰੇਵਾਲ ਵੱਲੋਂ ਕੀਤਾ ਗਿਆ।ਸਮਾਗਮ ਦਾ ਦੂਜਾ ਸੈਸ਼ਨ 'ਚਿੰਤਨ ਸੈਸ਼ਨ' ਸੀ, ਜਿਸ ਵਿੱਚ ਡਾ. ਰਾਜਿੰਦਰਪਾਲ ਸਿੰਘ ਬਰਾੜ ਨੇ 'ਨਿਊ ਮੀਡੀਆ ਦੇ ਦੌਰ ਵਿੱਚ ਸਾਹਿਤ' ਵਿਸ਼ੇ 'ਤੇ ਬੋਲਦਿਆਂ ਕਿਹਾ ਕਿ ਏ ਆਈ ਦੇ ਦੌਰ ਵਿੱਚ ਇਸ ਦੀ ਸੰਭਾਵਨਾ ਤੇ ਸੀਮਾ ਵੱਲ ਬਾਰੀਕੀ ਨਾਲ ਧਿਆਨ ਦੇਣ ਦੀ ਲੋੜ ਹੈ।ਇਸ ਤੋਂ ਬਾਅਦ ਚਿੰਤਕ ਤੇ ਨਾਟਕਕਾਰ ਡਾ. ਕੁਲਦੀਪ ਸਿੰਘ ਦੀਪ ਨੇ 'ਸਾਮਰਾਜੀ ਜੰਗਾਂ ਦੇ ਦੌਰ ਵਿੱਚ ਅਦਬ ਦੀ ਭੂਮਿਕਾ' ਵਿਸ਼ੇ 'ਤੇ ਬੋਲਦਿਆਂ ਕਿਹਾ ਕਿ ਇਤਿਹਾਸ ਸੱਤਾ ਦਾ ਹੁੰਦਾ ਹੈ।ਸਾਹਿਤ ਅਵਾਮ ਦੀ ਆਵਾਜ਼ ਹੁੰਦਾ ਹੈ।ਸਾਹਿਤ ਜੰਗਾਂ ਦੇ ਪ੍ਰਭਾਵਾਂ ਨੂੰ ਸਮਾਜ ਸਾਹਮਣੇ ਬੜੀ ਜ਼ਿੰਮੇਵਾਰੀ ਨਾਲ ਨਾਲ ਪੇਸ਼ ਕਰਦਾ ਹੈ।ਇਸ ਸਮਾਗਮ ਦਾ ਸੰਚਾਲਨ ਨੁਜ਼ਹਤ ਅੱਬਾਸ ਵੱਲੋਂ ਕੀਤਾ ਗਿਆ ਤੇ ਧੰਨਵਾਦ ਪ੍ਰਸਿੱਧ ਕਹਾਣੀਕਾਰ ਜਸਵਿੰਦਰ ਰੱਤੀਆਂ ਵੱਲੋਂ ਕੀਤਾ ਗਿਆ।

'ਰੰਗਮੰਚ ਦੇ ਰੰਗ' ਸੈਸ਼ਨ ਤਹਿਤ ਪੰਜਾਬੀ ਨਾਟਕਕਾਰ ਤੇ ਅਦਾਕਾਰ ਸੋਮਪਾਲ ਹੀਰਾ ਵੱਲੋਂ ਮਰਹੂਮ ਸੁਰਜੀਤ ਪਾਤਰ ਦੀਆਂ ਕਵਿਤਾਵਾਂ 'ਤੇ ਅਧਾਰਤ ਨਾਟਕ 'ਭਾਸ਼ਾ ਵਹਿੰਦਾ ਦਰਿਆ' ਪੇਸ਼ ਕੀਤਾ ਗਿਆ। ਇਹ ਨਾਟਕ ਪੰਜਾਬੀ ਮਾਂ ਬੋਲੀ ਦੀ ਬੇਕਦਰੀ ਤੇ ਇਸ ਦੇ ਪ੍ਰਭਾਵਾਂ ਬਾਰੇ ਯਾਦਗਾਰੀ ਹੋ ਨਿੱਬੜਿਆ। ਦਰਸ਼ਨ ਸਿੰਘ ਢਿੱਲੋਂ ਤੇ ਡਾ. ਕੁਲਦੀਪ ਦੀਪ ਦੀ ਅਗਵਾਈ 'ਚ ਛਪਣ ਵਾਲੇ ਮੈਗਜ਼ੀਨ 'ਕੌਮਾਂਤਰੀ ਚਰਚਾ' ਦਾ ਲੋਕ ਅਰਪਣ ਕੀਤਾ ਗਿਆ।ਦੂਜੇ ਦਿਨ ਦਾ ਪਹਿਲਾ ਸੈਸ਼ਨ ਸੀ 'ਪੰਜਾਬੀ ਭਾਸ਼ਾ ਤੇ ਪ੍ਰਵਾਸ' ਤੇ ਇਸ ਦੇ ਪੈਨਲਿਸਟ ਡਾ. ਆਤਮਜੀਤ, ਰਣਜੀਤ ਧੀਰ, ਕੰਵਲ ਧਾਲੀਵਾਲ ਤੇ ਵਕਾਸ ਬੱਟ ਸਨ।ਇਸ ਨੂੰ ਨਾਟਕਕਾਰ ਤੇ ਆਲੋਚਕ ਡਾ. ਕੁਲਦੀਪ ਸਿੰਘ ਦੀਪ ਨੇ ਮਾਡਰੇਟ ਕੀਤਾ।ਆਤਮਜੀਤ ਹੁਰਾਂ ਕਿਹਾ ਕਿ ਪੰਜਾਬੀ ਸਾਹਿਤ ਨੂੰ ਬਾਕੀ ਭਾਸ਼ਾਵਾਂ ਵਿੱਚ ਅਨੁਵਾਦ ਨਾ ਕਰਨ ਦੇ ਨਾਲ ਨਾਲ ਇਸ ਦੇ ਧਰਮ ਨਾਲ ਜੁੜੇ ਹੋਣ ਕਰਕੇ ਵੀ ਨੁਕਸਾਨ ਹੋਇਆ ਹੈ।ਕੰਵਲ ਧਾਲੀਵਾਲ ਨੇ ਕਿਹਾ ਕਿ ਕਿਸੇ ਭਾਸ਼ਾ ਨੂੰ ਬਚਾਉਣ ਲਈ ਰੋਮਨ ਲਿੱਪੀ ਦੇ ਨਾਲ ਨਾਲ ਮੂਲ ਭਾਸ਼ਾ ਦੇ ਚਿੰਨ੍ਹਾਂ ਦਾ ਹੋਣਾ ਵੀ ਜ਼ਰੂਰੀ ਹੈ ਤਾਂ ਜੋ ਬੱਚੇ ਮੂਲ ਭਾਸ਼ਾ ਸਿੱਖ ਸਕਣ।ਰਣਜੀਤ ਧੀਰ ਨੇ ਕਿਹਾ ਕਿ ਇੰਗਲੈਂਡ ਦੀ ਸਿੱਖਿਆ ਪਾਲਸੀ ਵਿੱਚ ਹੋਰਨਾਂ ਭਾਸ਼ਾਵਾਂ ਨੂੰ ਰੱਖਿਆ ਗਿਆ ਹੈ।ਇਸ ਤਹਿਤ ਬੱਚੇ ਪੰਜਾਬੀ ਪੜ੍ਹ ਸਕਦੇ ਹਨ, ਪਰ ਇਸ ਦਾ ਫ਼ਾਇਦਾ ਨਹੀਂ ਲਿਆ ਗਿਆ।ਵਕਾਸ ਬੱਟ ਨੇ ਘਟ ਰਹੇ ਪੰਜਾਬੀ ਪਾਠਕਾਂ ਬਾਰੇ ਚਿੰਤਾ ਜ਼ਾਹਰ ਕੀਤੀ।

ਡਾ. ਰਿਆਜ਼ ਬਾਬਰ ਨੇ 'ਸੱਭਿਆਚਾਰਕ ਕਲਾਵਾਂ ਵਿੱਚ ਨੌਜਵਾਨਾਂ ਦੀ ਭੂਮਿਕਾ' ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਸ਼ਾਇਰ ਅਧਿਆਪਕ ਪਾਲੀ ਖ਼ਾਦਿਮ ਨੇ ਲੋਕ ਸਾਜ਼ ਅਲਗੋਜ਼ਾ ਵਜਾ ਕੇ ਸਰੋਤਿਆਂ ਨੂੰ ਨਿਹਾਲ ਕੀਤਾ।ਪ੍ਰੋਗਰਾਮ ਦੇ ਦੂਜੇ ਚਿੰਤਨ ਸੈਸ਼ਨ ਦਾ ਵਿਸ਼ਾ ਸੀ 'ਪੰਜਾਬੀ ਗੀਤਕਾਰੀ, ਗਾਇਕੀ ਤੇ ਪ੍ਰਵਾਸ।' ਇਸ ਵਿੱਚ ਸ਼ਾਇਰ ਜਸਵਿੰਦਰ, ਡਾ. ਰਜਿੰਦਰਪਾਲ ਸਿੰਘ ਬਰਾੜ ਤੇ ਡਾ. ਚਰਨਜੀਤ ਕੌਰ ਬਰਾੜ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਤੇ ਪ੍ਰਸਿੱਧ ਨਾਟਕਕਾਰ ਨਿਰਮਲ ਜੌੜਾ ਇਸ ਦੇ ਮਾਡਰੇਟਰ ਸਨ।ਰਜਿੰਦਰਪਾਲ ਸਿੰਘ ਬਰਾੜ ਨੇ ਪੰਜਾਬੀ ਗੀਤਾਂ ਦੇ ਸਮਕਾਲੀ ਸੰਦਰਭ ਤੇ ਉਨ੍ਹਾਂ ਦੀ ਬਣਤਰ ਤੇ ਰਵਾਨੀ ਬਾਰੇ ਗੱਲ ਕੀਤੀ।ਚਰਨਜੀਤ ਕੌਰ ਨੇ ਪੰਜਾਬੀ ਲੋਕ ਗੀਤਾਂ ਦੇ ਸੰਦਰਭ ਵਿੱਚ ਔਰਤ ਮਨ ਦੀਆਂ ਭਾਵਨਾਵਾਂ ਨੂੰ ਲੋਕ ਗੀਤਾਂ ਰਾਹੀਂ ਖੋਲ੍ਹ ਕੇ ਦੱਸਿਆ।ਜਸਵਿੰਦਰ ਨੇ ਕੈਨੇਡਾ ਵਿਚਲੇ ਪੰਜਾਬੀ ਲੋਕਾਂ ਦੀ ਮਾਨਸਿਕ ਸਥਿਤੀ ਬਾਰੇ ਖੁੱਲ੍ਹ ਕੇ ਗੱਲਾਂ ਕੀਤੀਆਂ।ਪ੍ਰੋਗਰਾਮ ਦੇ ਦੋਵੇਂ ਦਿਨ ਕਵੀ ਦਰਬਾਰ ਦੇ ਦੋ ਸ਼ਾਨਦਾਰ ਸੈਸ਼ਨ ਕਰਵਾਏ ਗਏ, ਜਿਨ੍ਹਾਂ ਦੀ ਪ੍ਰਧਾਨਗੀ ਪ੍ਰਸਿੱਧ ਗਜ਼ਲਕਾਰ ਜਸਵਿੰਦਰ (ਕੈਨੇਡਾ) ਨੇ ਕੀਤੀ। ਪਹਿਲੇ ਦਿਨ ਮੰਚ ਸੰਚਾਲਨ ਦੀਪਕ ਧਲੇਵਾਂ ਤੇ ਦਲਵੀਰ ਕੌਰ ਤੇ ਦੂਜੇ ਦਿਨ ਰਾਜਵੰਤ ਰਾਜ ਤੇ ਰੂਹੀ ਸਿੰਘ ਵੱਲੋਂ ਕੀਤਾ ਗਿਆ।ਸ਼ਾਇਰੀ ਦੇ ਜਲੌਅ ਵਿੱਚ ਵਿੱਚ ਭਾਸ਼ੋ (ਭਾਰਤ) ਰਾਜਵੰਤ ਰਾਜ (ਕੈਨੇਡਾ), ਅਜੀਤ ਪਾਲ ਸਿੰਘ (ਭਾਰਤ), ਸਰਬਜੀਤ ਕੌਰ ਜਸ (ਭਾਰਤ), ਨਰਿੰਦਰ ਪਾਲ ਕੌਰ (ਭਾਰਤ), ਰੂਹੀ ਸਿੰਘ (ਭਾਰਤ, ਦੀਪਕ ਧਲੇਵਾਂ (ਭਾਰਤ), ਮਨਜੀਤ ਕੌਰ ਗਿੱਲ (ਅਮਰੀਕਾ), ਨੀਲੂ (ਜਰਮਨੀ), ਗੌਤਮ (ਕੈਨੇਡਾ), ਜੀਤ ਸੁਰਜੀਤ (ਬੈਲਜੀਅਮ), ਅਨੂਬਾਲਾ (ਭਾਰਤ), ਪਾਲੀ ਖ਼ਾਦਿਮ (ਭਾਰਤ), ਇੰਦਰਪਾਲ ਸਿੰਘ (ਸਵੀਡਨ) ਤੇ ਪ੍ਰੋ. ਸ਼ਾਹਿਦ ਗੁਲ ਨੇ ਕਵਿਤਾਵਾਂ ਪੇਸ਼ ਕੀਤੀਆਂ।ਬਰਤਾਨਵੀ ਕਵੀਆਂ ਵਿੱਚੋਂ ਵਰਿੰਦਰ ਪਰਿਹਾਰ, ਸੁਰਿੰਦਰ ਸੀਹਰਾ, ਦਰਸ਼ਨ ਬੁਲੰਦਵੀ, ਨੁਜ਼ਰਤ ਅੱਬਾਸ, ਰਾਜਿੰਦਰਜੀਤ, ਅਜ਼ੀਮ ਸ਼ੇਖ਼ਰ, ਅਬੀਰ ਬੁੱਟਰ, ਦਲਵੀਰ ਕੌਰ, ਪ੍ਰਕਾਸ਼ ਸੋਹਲ, ਕੁਲਵੰਤ ਢਿੱਲੋਂ, ਅਮਨਦੀਪ ਸਿੰਘ, ਭੁਪਿੰਦਰ ਸੱਗੂ, ਸੋਨੀਆ ਪਾਲ, ਗੁਰਸ਼ਰਨ ਸਿੰਘ, ਸੁਰਿੰਦਰਪਾਲ, ਸੰਤੋਖ ਹੇਅਰ, ਰਿਪਜੀਤ ਸੰਧੂ, ਅੰਬਰੀਨ ਜ਼ਫ਼ਰ, ਰੂਪ ਦਵਿੰਦਰ ਕੌਰ, ਮਨਜੀਤ ਪੱਡਾ, ਗੁਰਮੇਲ ਸੰਘਾ, ਰੂਪ ਦਬੁਰਜੀ, ਡਾ. ਮਹਿੰਦਰ ਗਿੱਲ, ਹਰਦੇਸ਼ ਬਸਰਾ, ਕਿੱਟੀ ਬੱਲ, ਮਨਪ੍ਰੀਤ ਸਿੰਘ ਬੱਧਨੀ ਆਦਿ ਨੇ ਖ਼ੂਬਸੂਰਤ ਰੰਗ ਬੰਨ੍ਹਿਆ।ਮੁਸ਼ਾਇਰੇ ਬਾਰੇ ਟਿੱਪਣੀ ਕਰਦਿਆਂ ਸ਼ਾਇਰ ਜਸਵਿੰਦਰ ਨੇ ਕਿਹਾ ਕਿ ਸ਼ਬਦ ਸੰਵੇਦਨਾ ਦਾ ਵਾਹਕ ਹੈ।ਪੰਜਾਬੀ ਸ਼ਾਇਰੀ ਤੇ ਹੁਣ ਨਵੀਂ ਸ਼ਾਇਰੀ ਮਨੁੱਖੀ ਰਿਸ਼ਤਿਆਂ ਦੀ ਖ਼ੂਬਸੂਰਤ ਬਾਤ ਪਾਉਂਦੀ ਹੈ।ਉਨ੍ਹਾ ਪੰਜਾਬੀ ਸ਼ਾਇਰੀ ਦੇ ਰੌਸ਼ਨ ਭਵਿੱਖ ਬਾਰੇ ਤਸੱਲੀ ਪ੍ਰਗਟ ਕੀਤੀ।ਮੋਹ ਭਰੇ ਲਫ਼ਜ਼ਾਂ ਵਿੱਚ ਧੰਨਵਾਦੀ ਸ਼ਬਦ ਅਬੀਰ ਬੁੱਟਰ ਨੇ ਪੇਸ਼ ਕੀਤੇ।ਦੂਜੇ ਤੇ ਆਖਰੀ ਦਿਨ ਪ੍ਰੋਗਰਾਮ ਦਾ ਅਖੀਰਲਾ ਸੈਸ਼ਨ ਪੰਮੀ ਹੰਸਪਾਲ ਦੀ ਗਾਇਕੀ ਨਾਲ ਸਿਖ਼ਰ 'ਤੇ ਚਲਾ ਗਿਆ।ਆਪਣੀ ਖ਼ੂਬਸੂਰਤ ਤੇ ਮੁਗਧ ਕਰਨ ਵਾਲੀ ਆਵਾਜ਼ ਨਾਲ ਉਸ ਨੇ ਸਰੋਤਿਆਂ ਨੂੰ ਕੀਲ ਕੇ ਰੱਖ ਦਿੱਤਾ।ਡਾ. ਆਤਮਜੀਤ ਦੁਆਰਾ, ਡਾ. ਦੀਵਾਨ ਸਿੰਘ ਕਾਲੇਪਾਣੀ ਦੀ ਜ਼ਿੰਦਗੀ 'ਤੇ ਅਧਾਰਤ ਨਾਟਕ 'ਕਿਸ਼ਤੀਆਂ ਵਿੱਚ ਜਹਾਜ਼' ਦਾ ਨਾਟ-ਪਾਠ ਕੀਤਾ ਗਿਆ, ਜਿਸ ਨੂੰ ਸਰੋਤਿਆਂ ਨੇ ਖ਼ੂਬ ਸਲਾਹਿਆ।ਯਕੀਨਨ ਦੂਜਾ 'ਅਦਬੀ ਮੇਲਾ' ਅਨੇਕ ਰੰਗ ਬਿਖੇਰਦਾ ਹੋਇਆ ਅਮਿੱਟ ਪੈੜਾਂ ਛੱਡ ਗਿਆ।



# ਕਾਮਰੇਡ ਵੀ ਐੱਸ ਅਛੂਤਾਨੰਦਨ ਦੇ ਵਿਛੋੜੇ 'ਤੇ ਸੀ ਪੀ ਆਈ ਵੱਲੋਂ ਦੁੱਖ ਪ੍ਰਗਟ



**ਲੁਧਿਆਣਾ (ਐੱਮ ਐੱਸ ਭਾਟੀਆ)**

ਨਵੀਂ ਦਿੱਲੀ ਤੋਂ ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਬਿਆਨ ਜਾਰੀ ਕਰਕੇ ਕਿਹਾ ਹੈ ਕਿ ਪਾਰਟੀ ਬਜ਼ੁਰਗ ਕਮਿਊਨਿਸਟ ਨੇਤਾ ਤੇ ਕੇਰਲ ਦੇ ਸਾਬਕਾ ਮੁੱਖ ਮੰਤਰੀ ਕਾਮਰੇਡ ਵੀ. ਐੱਸ. ਅਛੂਤਾਨੰਦਨ ਦੇ ਦੇਹਾਂਤ 'ਤੇ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕਰਦੀ ਹੈ।101 ਸਾਲ ਦੀ ਉਮਰ ਵਿੱਚ ਉਨ੍ਹਾਂ ਦੇ ਦੇਹਾਂਤ ਨਾਲ ਭਾਰਤ ਦੇ ਖੱਬੇ ਪੱਖੀ ਤੇ ਲੋਕਤੰਤਰੀ ਅੰਦੋਲਨ ਵਿੱਚ ਇੱਕ ਯੁੱਗ ਦਾ ਅੰਤ ਹੋ ਗਿਆ ਹੈ।ਕਾਮਰੇਡ ਅਛੂਤਾਨੰਦਨ ਦਾ ਅੱਠ ਦਹਾਕਿਆਂ ਤੋਂ ਵੱਧ ਸਮੇਂ ਦਾ ਰਾਜਨੀਤਕ ਸਫ਼ਰ ਸਮਾਜਵਾਦ, ਧਰਮ ਨਿਰਪੱਖਤਾ ਤੇ ਲੋਕਾਂ ਦੇ ਅਧਿਕਾਰਾਂ ਦੇ ਆਦਰਸ਼ਾਂ ਪ੍ਰਤੀ ਅਟੁੱਟ ਵਚਨਬੱਧਤਾ ਦਾ ਪ੍ਰਮਾਣ ਹੈ। 1940 ਵਿੱਚ ਕਮਿਊਨਿਸਟ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਲੈ ਕੇ, ਅਲਾਪੁਝਾ ਵਿੱਚ ਖੇਤੀਬਾੜੀ ਮਜ਼ਦੂਰਾਂ ਤੇ ਮਜ਼ਦੂਰਾਂ ਦੇ ਸੰਘਰਸ਼ਾਂ ਤੋਂ ਉੱਠਣ, ਸਖ਼ਤ ਦਮਨ ਵਿੱਚੋਂ ਲੰਘਣ, ਭੂਮੀਗਤ ਹੋਣ ਤੇ ਪੁੰਨਾਪਰਾ- ਵਯਾਲਰ ਵਿਦਰੋਹ ਦੌਰਾਨ ਕੈਦ ਦਾ ਸਾਹਮਣਾ ਕਰਨ ਤੋਂ ਬਾਅਦ ਉਨ੍ਹਾਂ ਨੇ ਕੇਰਲ ਵਿੱਚ ਕਮਿਊਨਿਸਟ ਲਹਿਰ ਦੇ ਨਿਰਮਾਣ ਵਿੱਚ ਮੁੱਖ ਭੂਮਿਕਾਵਾਂ ਨਿਭਾਈਆਂ। ਸੀਪੀਆਈ (ਐੱਮ) ਦੇ ਸੰਸਥਾਪਕ ਮੈਂਬਰਾਂ ਵਿੱਚੋਂ ਇੱਕ, ਉਨ੍ਹਾਂ ਨੇ ਬਾਅਦ ਵਿੱਚ ਸੀਪੀਆਈ (ਐੱਮ) ਕੇਰਲ ਰਾਜ ਸਕੱਤਰ, ਸੀਪੀਆਈ (ਐੱਮ) ਪੋਲਿਟ ਬਿਊਰੋ ਮੈਂਬਰ, ਕੇਰਲ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਤੇ 2006 ਤੋਂ 2011 ਤੱਕ ਕੇਰਲ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ।ਇਸ ਦੌਰਾਨ, ਉਹ ਆਪਣੇ ਸਮਰਪਣ, ਫਿਰਕਾਪ੍ਰਸਤੀ ਤੇ ਭ੍ਰਿਸ਼ਟਾਚਾਰ ਦੇ ਸਖ਼ਤ ਵਿਰੋਧੀ ਵਜੋਂ ਜਾਣੇ ਜਾਂਦੇ ਰਹੇ।ਐੱਲਡੀਐੱਫ ਸਰਕਾਰ ਦੇ ਮੁੱਖ ਮੰਤਰੀ ਵਜੋਂ ਉਨ੍ਹਾਂ ਦਾ ਕਾਰਜਕਾਲ ਜ਼ਮੀਨੀ ਅਧਿਕਾਰਾਂ, ਵਾਤਾਵਰਣ ਮੁੱਦਿਆਂ ਤੇ ਹਾਸ਼ੀਏ 'ਤੇ ਧੱਕੇ ਗਏ ਲੋਕਾਂ ਦੇ ਅਧਿਕਾਰਾਂ 'ਤੇ ਮਜ਼ਬੂਤ ਇਰਾਦਿਆਂ ਦੁਆਰਾ ਦਰਸਾਇਆ ਗਿਆ ਸੀ।

ਕਾਮਰੇਡ ਵੀ ਐੱਸ ਨੂੰ ਪਾਰਟੀ ਲਾਈਨਾਂ ਤੋਂ ਪਾਰ ਤੇ ਕੇਰਲ ਦੇ ਲੋਕਾਂ ਦੁਆਰਾ ਵਿਆਪਕ ਤੌਰ 'ਤੇ ਸਤਿਕਾਰਿਆ ਜਾਂਦਾ ਸੀ।ਸੀਪੀਆਈ ਕਾਮਰੇਡ ਅਛੂਤਾਨੰਦਨ ਦੇ ਘਟਨਾਪੂਰਨ ਜੀਵਨ ਤੇ ਵਿਰਾਸਤ ਨੂੰ ਸ਼ਰਧਾਂਜਲੀ ਦਿੰਦੀ ਹੈ।ਉਨ੍ਹਾਂ ਦਾ ਸਿਧਾਂਤਕ ਜੀਵਨ, ਸਾਦਗੀ ਤੇ ਲੋਕਾਂ ਪ੍ਰਤੀ ਸਮਰਪਣ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਸਰੋਤ ਬਣਿਆ ਰਹੇਗਾ।ਸੀਪੀਆਈ ਉਨ੍ਹਾਂ ਦੇ ਪਰਿਵਾਰ, ਦੋਸਤਾਂ, ਪ੍ਰਸ਼ੰਸਕਾਂ ਤੇ ਸੀਪੀਆਈ (ਐੱਮ) ਪ੍ਰਤੀ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕਰਦੀ ਹੈ।

## ਗੁਰੂ ਰਵਿਦਾਸ ਮੰਦਰ ਵਿਖੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸ੍ਰੀ ਗੁਰੂ ਰਵਿਦਾਸ ਮੰਦਰ ਪਾਤੜਾਂ ਵਿਖੇ ਦਰਬਾਰ ਸਾਹਿਬ ਦੇ ਬਾਹਰ ਵਿਸ਼ਾਲ ਸ਼ੈੱਡ ਪਾਉਣ ਦਾ ਨੀਂਹ ਪੱਥਰ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਦੇ ਸਾਬਕਾ ਹੈੱਡ ਗ੍ਰੰਥੀ ਬਾਬਾ ਗੁਰਦੇਵ ਸਿੰਘ ਗਿਲੀ ਵੱਲੋਂ ਰੱਖਿਆ ਗਿਆ।ਇਸ ਮੌਕੇ ਬਾਬਾ ਗੁਰਦੇਵ ਸਿੰਘ ਗਿਲੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮੰਦਰ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਮੰਦਰ ਪਾਤੜਾਂ ਵਿਖੇ ਸ਼ੈੱਡ ਪਾਉਣ ਦਾ ਜੋ ਕੰਮ ਕੀਤਾ ਗਿਆ ਹੈ, ਸ਼ਲਾਘਾਯੋਗ ਹੈ।ਸ੍ਰੀ ਗੁਰੂ ਰਵਿਦਾਸ ਮੰਦਰ ਕਮੇਟੀ ਪਾਤੜਾਂ ਦੇ ਪ੍ਰਧਾਨ ਮਿਹਰ ਸਿੰਘ ਤੇ ਸੇਵਾ ਮੁਕਤ ਜੇਈ ਰੂਪ ਸਿੰਘ ਨੇ ਕਿਹਾ ਕਿ ਸ਼ੈੱਡ ਪਾਉਣ ਦੀ ਸੇਵਾ ਸਮੂਹ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਦੱਸਿਆ ਕਿ ਸ਼ੈੱਡ ਪਾਉਣ ਨਾਲ ਇੱਥੇ ਸਮਾਗਮਾਂ ਦੌਰਾਨ ਸੰਗਤਾਂ ਨੂੰ ਧੁੱਪ ਤੇ ਮੀਂਹ ਵਿੱਚ ਰਾਹਤ ਮਿਲੇਗੀ।ਉਨ੍ਹਾਂ ਇਲਾਕੇ ਦੀਆਂ ਸਮੂਹ ਸੰਗਤਾਂ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ।ਇਸ ਮੌਕੇ ਇੱਥੇ ਪ੍ਰਧਾਨ ਮਿਹਰ ਸਿੰਘ, ਰੂਪ ਸਿੰਘ, ਮੀਤ ਪ੍ਰਧਾਨ ਗੁਰਪਖਸ਼ ਸਿੰਘ ਪਿੰਡ ਪਾਤੜਾਂ, ਬਘੇਲ ਸਿੰਘ, ਜਸਪਾਲ ਸਿੰਘ ਖਾਲਸਾ, ਸੰਤੋਖ ਸਿੰਘ ਸੈਕਟਰੀ, ਹੈਡ ਗ੍ਰੰਥੀ ਲਵਪ੍ਰੀਤ ਸਿੰਘ, ਗੁਰਮੇਲ ਸਿੰਘ, ਬਲਦੇਵ ਸਿੰਘ, ਲਾਭ ਸਿੰਘ ਸੁੰਦਰ ਬਸਤੀ, ਬੰਤ ਸਿੰਘ ਨੰਬਰਦਾਰ ਪਾਤੜਾਂ, ਪਿਆਰਾ ਸਿੰਘ ਸੁੰਦਰ ਬਸਤੀ, ਅਮਰੀਕ ਸਿੰਘ, ਪਿੰਡ ਪਾਤੜਾਂ ਡਾਲੀ ਸੇਵਾਦਾਰ ਤੇ ਸੰਗਤਾਂ ਹਾਜ਼ਰ ਸਨ।

# ਬਾਬਾ ਫ਼ਰੀਦ ਇੰਸਟੀਚਿਊਸ਼ਨਜ਼ ਵਿਖੇ 'ਕੈਂਪਸ ਕਾਰਨੀਵਲ 2025' ਕਰਵਾਇਆ



ਬਠਿੰਡਾ (ਪਰਵਿੰਦਰ ਜੀਤ ਸਿੰਘ) ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਟਿਊਸ਼ਨਜ਼ (ਬੀ.ਐਫ.ਜੀ.ਆਈ.), ਬਠਿੰਡਾ ਦੇ ਬਿਜ਼ਨੈੱਸ ਸਟੱਡੀਜ਼ ਵਿਭਾਗ ਵੱਲੋਂ ਤਿੰਨ ਦਿਨਾ ਰੰਗੀਨ ਤੇ ਉਤਸ਼ਾਹਪੂਰਨ ਸਮਾਗਮ 'ਕੈਂਪਸ ਕਾਰਨੀਵਲ-25' ਕਰਵਾਇਆ ਗਿਆ।'ਡਬਲ ਰੋਮਾਂਚ, ਦੋਗੁਣਾ ਹੁਨਰ' ਦੀ ਥੀਮ ਹੇਠ ਹੋਏ ਇਸ ਸਮਾਗਮ ਵਿੱਚ ਵੱਖ-ਵੱਖ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲੈ ਕੇ ਆਪਣੇ ਹੁਨਰਾਂ ਨੂੰ ਵਧਾਉਣ, ਰਚਨਾਤਮਕਤਾ ਨੂੰ ਬਾਹਰ ਲਿਆਉਣ, ਰਸੋਈ ਦੀ ਮੁਹਾਰਤ ਨੂੰ ਵਧਾਉਣ ਤੇ ਫ਼ੈਸ਼ਨ ਡਿਜ਼ਾਈਨ ਅਧਾਰਿਤ ਸੋਚ ਨੂੰ ਨਿਖਾਰਿਆ।ਇਨ੍ਹਾਂ ਦਿਨਾਂ ਦੌਰਾਨ ਵਿਦਿਆਰਥੀਆਂ ਦੇ ਪਰਸਨਲ ਤੇ ਪੇਸ਼ੇਵਰ ਵਿਕਾਸ 'ਤੇ ਜ਼ੋਰ ਦਿੱਤਾ ਗਿਆ।ਬਿਜ਼ਨੈੱਸ ਸਟੱਡੀਜ਼ ਵਿਭਾਗ ਦੀ ਫੈਕਲਟੀ ਮੈਂਬਰ ਸ੍ਰੀਮਤੀ ਹਿਮਾਨੀ ਬੈਂਗਾ ਵੱਲੋਂ ਇੱਕ ਮੁਕਾਬਲਾ-ਅਧਾਰਤ ਸੈਸ਼ਨ ਸੰਚਾਲਤ ਕੀਤਾ ਗਿਆ, ਜਿਸ ਦਾ ਉਦੇਸ਼ ਆਤਮਵਿਸ਼ਵਾਸ, ਸੰਚਾਰ ਤੇ ਸ਼ਿੰਗਾਰ ਨੂੰ ਵਧਾਉਣਾ ਸੀ।ਇਸ ਸੈਸ਼ਨ ਦੌਰਾਨ ਖੁਸ਼ੀ ਨੇ ਪਹਿਲਾ ਇਨਾਮ ਜਿੱਤਿਆ ਤੇ 500 ਰੁਪਏ ਦਾ ਨਕਦ ਇਨਾਮ ਪ੍ਰਾਪਤ ਕੀਤਾ।ਸਟਾਕ ਮਾਰਕੀਟ ਜਾਗਰੂਕਤਾ ਵਰਕਸ਼ਾਪ ਵਿੱਚ ਕਾਮਰਸ ਵਿਭਾਗ ਦੇ ਫੈਕਲਟੀ ਮੈਂਬਰ ਦਿਵਾਕਰ ਨੇ ਵਿੱਤੀ ਬਾਜ਼ਾਰਾਂ, ਵਪਾਰਕ ਸੰਕਲਪਾਂ ਤੇ ਨਿਵੇਸ਼ ਦੇ ਬੁਨਿਆਦੀ ਸਿਧਾਂਤਾਂ ਦਾ ਵਿਹਾਰਕ ਅਨੁਭਵ ਪ੍ਰਦਾਨ ਕੀਤਾ।ਕੈਂਪਸ ਟੂਰ ਦੌਰਾਨ ਵਿਦਿਆਰਥੀਆਂ ਨੇ ਬੀ.ਐਫ.ਜੀ.ਆਈ. ਦੇ ਆਧੁਨਿਕ ਬੁਨਿਆਦੀ ਢਾਂਚੇ ਜਿਵੇਂ ਕਿ ਹੁਨਰ ਵਿਕਾਸ ਲੈਬ ਤੇ ਏ.ਆਰ.ਵੀ.ਆਰ. ਜ਼ੋਨ ਦਾ ਦੌਰਾ ਕਰ ਕੇ ਉੱਭਰ ਰਹੀਆਂ ਤਕਨੀਕਾਂ ਤੇ ਭਵਿੱਖਮੁਖੀ ਸਿਖਲਾਈ ਸਾਧਨਾਂ ਦਾ ਅਨੁਭਵ ਕੀਤਾ।ਕੈਂਪਸ ਟੂਰ ਦੌਰਾਨ ਫੈਕਲਟੀ ਮੈਂਬਰਾਂ ਨੇ ਭਾਗੀਦਾਰਾਂ ਨੂੰ ਏ.ਆਈ.ਸੀ.ਟੀ.ਈ. ਤੋਂ ਮਾਨਤਾ ਪ੍ਰਾਪਤ ਨਵੇਂ ਕੋਰਸਾਂ ਜਿਵੇਂ ਬੈਚਲਰ ਆਫ਼ ਹੋਟਲ ਮੈਨੇਜਮੈਂਟ ਐਂਡ ਕੈਟਰਿੰਗ ਟੈਕਨਾਲੋਜੀ ਤੇ ਬੀ.ਐੱਸ.ਸੀ. (ਫੈਸ਼ਨ ਡਿਜ਼ਾਈਨ) ਬਾਰੇ ਜਾਗਰੂਕ ਕੀਤਾ।ਇਸ ਤੋਂ ਇਲਾਵਾ ਲਾਈਵ ਰਸੋਈ ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਘਰ ਵਿੱਚ ਸਿਹਤਮੰਦ ਪਕਵਾਨ ਬਣਾਉਣ ਬਾਰੇ ਸਿੱਖਿਆ।ਇਸ ਸੈਸ਼ਨ ਵਿੱਚ ਸ਼੍ਰੀਮਤੀ ਮੁਸਕਾਨ ਗੁਪਤਾ (ਮਾਲਕ-ਮੈਲਟਿੰਗ ਮੋਰਸਲਜ਼, ਬਠਿੰਡਾ) ਦੇ ਮਾਰਗਦਰਸ਼ਨ ਵਿੱਚ ਵਿਦਿਆਰਥੀਆਂ ਨੇ ਕੱਪ ਕੇਕ, ਸੁੱਕੇ ਕੇਕ ਤੇ ਮੋਜੀਟੋ ਵਰਗੇ ਠੰਢੇ ਗਰਮੀਆਂ ਦੇ ਪੀਣ ਵਾਲੇ ਪਦਾਰਥ ਆਸਾਨ ਤੇ ਸਿਹਤਮੰਦ ਪਕਵਾਨ ਬਣਾਉਣਾ ਸਿੱਖਿਆ।ਆਖ਼ਰੀ ਦਿਨ ਵੱਖ-ਵੱਖ ਰੰਗ-ਬਿਰੰਗੇ ਤੇ ਦਿਲਚਸਪ ਮੁਕਾਬਲੇ ਕਰਵਾਏ ਗਏ।ਪ੍ਰਦਰਸ਼ਨ ਨੇ ਮਹਿਮਾਨਾਂ ਨੂੰ ਮੁਕਾਬਲੇ ਵਿੱਚ 500 ਰੁਪਏ ਦਾ ਇਨਾਮ ਜਿੱਤਿਆ, ਜਦੋਂਕਿ ਫਲੋਰਾ ਨੇ ਨੇਲ ਆਰਟ ਕੰਮ ਲਈ ਭਾਗੀਦਾਰੀ ਸਰਟੀਫਿਕੇਟ ਪ੍ਰਾਪਤ ਕੀਤਾ।ਕਿਚਨ ਬੈਟਲ ਮੁਕਾਬਲੇ ਵਿੱਚ ਮਾਨਿਆ ਨੇ 2100 ਰੁਪਏ ਦਾ ਪਹਿਲਾ, ਜਦੋਂ ਕਿ ਗੁਰਪ੍ਰੀਤ ਸਿੰਘ ਨੇ 1100 ਰੁਪਏ ਦਾ ਦੂਜਾ ਇਨਾਮ ਹਾਸਲ ਕੀਤਾ।ਇਸੇ ਤਰ੍ਹਾਂ ਫ਼ੈਸ਼ਨ ਸ਼ੋਅ ਵਿੱਚ ਸੁਖਪ੍ਰੀਤ ਕੌਰ ਨੂੰ ਸਰਵੋਤਮ ਪ੍ਰਦਰਸ਼ਨਕਾਰੀ ਚੁਣਿਆ ਗਿਆ ਤੇ ਉਸ ਨੂੰ 500 ਰੁਪਏ ਨਕਦ ਇਨਾਮ ਦਿੱਤਾ।ਬਿਜ਼ਨੈੱਸ ਸਟੱਡੀਜ਼ ਵਿਭਾਗ ਦੇ ਮੁਖੀ ਡਾ. ਸਿਮਰਨ ਦੇਵ, ਡੀਨ (ਮੈਨੇਜਮੈਂਟ ਸਟੱਡੀਜ਼) ਡਾ. ਨੀਤੂ ਸਿੰਘ ਤੇ ਇਸ ਸਮਾਗਮ ਦੀ ਕੋਆਰਡੀਨੇਟਰ ਮਿਸ ਭਾਵਨਾ ਬੰਸਲ ਨੇ ਪ੍ਰਬੰਧਕਾਂ ਨੂੰ ਉਤਸ਼ਾਹਤ ਕੀਤਾ।ਬਿਜ਼ਨੈੱਸ ਸਟੱਡੀਜ਼ ਵਿਭਾਗ ਦੇ ਫੈਕਲਟੀ ਮੈਂਬਰਾਂ ਵੱਲੋਂ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਤੇ ਕੈਂਪਸ ਡਾਇਰੈਕਟਰ ਪ੍ਰੋ. (ਡਾ.) ਐੱਮ. ਪੀ. ਪੂਨੀਆ ਨੇ ਇਸ ਸ਼ਾਨਦਾਰ ਉੱਦਮ ਲਈ ਬਿਜ਼ਨੈੱਸ ਸਟੱਡੀਜ਼ ਵਿਭਾਗ ਦੇ ਫੈਕਲਟੀ ਮੈਂਬਰਾਂ ਨੂੰ ਵਧਾਈ ਦਿੱਤੀ ਤੇ ਅਜਿਹੇ ਸਾਰਥਕ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।

# ਸੰਯੁਕਤ ਕਿਸਾਨ ਮੋਰਚਾ ਦੇ ਦਿਸ਼ਾ-ਨਿਰਦੇਸ਼ ਅਨੁਸਾਰ 30 ਨੂੰ ਹੋਵੇਗਾ ਟਰੈਕਟਰ ਮਾਰਚ : ਲੱਖੋਵਾਲ ਆਗੂ

## ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਸੀ ਤਾਨਾਸ਼ਾਹੀ ਫਰਮਾਨ : ਮਨਾਵਾਂ



ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਆਗੂਆਂ ਨੇ ਵਿਚਾਰ ਚਰਚਾ ਕੀਤੀ ਵਿਚਾਰ ਦੀ ਜਾਣਕਾਰੀ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਦਿੰਦੇ ਹੋਏ ਕਿਹਾ ਹੈ ਕਿ ਜੋ ਪੰਜਾਬ ਸਰਕਾਰ ਨੇ ਪੰਜਾਬ ਦੇ ਕਿਸਾਨ ਲਈ ਤਾਨਾਸ਼ਾਹੀ ਰਵੱਈਆ ਅਪਣਾਉਂਦੇ ਹੋਏ ਲੈਂਡ ਪੂਲਿੰਗ ਪਾਲਿਸੀ ਰਾਹੀਂ ਜ਼ਮੀਨ ਰਿਕੁਆਇਰ ਕਰਨ ਲਈ ਫਰਮਾਨ ਜਾਰੀ ਕੀਤਾ ਹੈ।ਉਸ ਨੂੰ ਮੰਤਰਾਲ ਰੱਦ ਕਰਾਉਣ ਲਈ ਸੰਯੁਕਤ ਕਿਸਾਨ ਮੋਰਚੇ ਵੱਲੋਂ ਸੰਘਰਸ਼ ਵਿੱਢਿਆ ਗਿਆ ਹੈ, ਕਿਸਾਨ ਤੇ ਕਿਸਾਨੀ ਨੂੰ ਬਚਾਉਣ ਲਈ ਸੰਯੁਕਤ ਕਿਸਾਨ ਮੋਰਚਾ ਤੇ ਆਪਣੇ ਕਾਰੋਬਾਰਾਂ ਨੂੰ ਬਚਾਉਣ ਲਈ ਵਿੱਢੇ ਜਾ ਰਹੇ ਸੰਘਰਸ਼ ਨਾਲ ਜੁੜਨ ਦਾ, ਕਿਉਂਕਿ ਕਾਰਪੋਰੇਟ ਘਰਾਣਿਆਂ ਨੇ ਪੰਜਾਬ ਸਰਕਾਰ ਰਾਹੀਂ ਕਿਸਾਨੀ ਦੇ ਬਿਲਕੁਲ ਲੱਕ ਨੂੰ ਹੱਥ ਪਾ ਲਿਆ ਹੈ। ਲੈਂਡ ਪੂਲਿੰਗ ਪੌਲਸੀ ਰਾਹੀਂ ਜੇ ਅੱਜ ਕਿਸਾਨ ਦੀ ਜ਼ਮੀਨ ਰਿਕੁਆਇਰ ਹੁੰਦੀ ਹੈ ਤਾਂ ਇਸ ਦੇ ਨਾਲ ਇਕੱਲਾ ਕਿਸਾਨ ਹੀ ਨਹੀਂ ਮਜ਼ਦੂਰ, ਆਮ ਕਾਰੋਬਾਰੀ, ਆੜ੍ਹਤੀਆ ਦੇ ਬਿਜ਼ਨੈੱਸ ਉੱਪਰ ਵੱਡੀ ਮਾਰ ਵੱਜੇਗੀ, ਜੋ ਕਿ ਪੰਜਾਬ ਤੇ ਪੰਜਾਬੀਅਤ ਲਈ ਘਾਤਕ ਸਾਬਿਤ ਹੋਵੇਗੀ। 30 ਜੁਲਾਈ ਨੂੰ ਜ਼ਮੀਨ ਰਿਕੁਆਇਰ ਹੋਣ ਵਾਲੇ ਪਿੰਡਾਂ 'ਚ ਹੋਣ ਵਾਲੇ ਟਰੈਕਟਰ ਮਾਰਚ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਸੰਯੁਕਤ ਮੋਰਚੇ ਦੇ ਦਿਸ਼ਾ ਨਿਰਦੇਸ਼ ਅਨੁਸਾਰ ਵੱਧ ਚੜ੍ਹ ਕੇ ਹਿੱਸਾ ਲਵੇਗੀ ਟਰੈਕਟਰ ਮਾਰਚ ਵਿੱਚ ਹਿੱਸਾ ਲਵੇਗੀ। ਇਸ ਸਮੇਂ ਹਰਨੇਕ ਸਿੰਘ ਫਤਿਹਗੜ੍ਹ ਐਗਜ਼ੈਕਟਿਵ ਮੈਂਬਰ ਪੰਜਾਬ, ਸੂਬਾ ਆਗੂ ਮੰਦਰਜੀਤ ਸਿੰਘ ਮਨਾਵਾਂ, ਜ਼ਿਲ੍ਹਾ ਆਗੂ ਲਖਬੀਰ ਸਿੰਘ ਸੰਧੂਆਣਾ, ਜ਼ਿਲ੍ਹਾ ਆਗੂ ਗੁਰਮੇਲ ਸਿੰਘ ਡਰੋਲੀ, ਗੁਰਮੀਤ ਸਿੰਘ ਸੰਧੂਆਣਾ, ਜਸਵਿੰਦਰ ਸਿੰਘ ਸਰਾਵਾਂ, ਪ੍ਰਕਾਸ਼ ਸਿੰਘ ਦਫਤਰ ਇੰਚਾਰਜ, ਬਿੱਕਰ ਸਿੰਘ ਦਾਤਾ ਮੋਗਾ ਹਾਜ਼ਰ ਸਨ।

## ਕ੍ਰਿਸ਼ਨਾ ਕਾਲਜ ਰੱਲੀ ਦਾ ਐੱਮ ਏ ਹਿਸਟਰੀ ਦਾ ਨਤੀਜਾ ਸ਼ਾਨਦਾਰ



ਬਰੇਟਾ (ਰੀਤਵਾਲ)-ਕ੍ਰਿਸ਼ਨਾ ਕਾਲਜ ਆਫ਼ ਹਾਇਰ ਐਜੂਕੇਸ਼ਨ ਰੱਲੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਨਤੀਜਾ ਹਾਸਲ ਕਰਦਿਆਂ ਆਪਣਾ ਹੀ ਨਹੀਂ ਬਲਕਿ ਆਪਣੇ ਕਾਲਜ ਤੇ ਆਪਣੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ।ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਐੱਮ ਏ ਹਿਸਟਰੀ ਸਮੈਸਟਰ ਤੀਜਾ ਦੇ ਨਤੀਜਿਆਂ ਵਿੱਚ ਵਿਦਿਆਰਥਣ ਦੀਪਅਮਨਪ੍ਰੀਤ ਕੌਰ ਨੇ 9.0 ਨਾਲ ਪਹਿਲਾ ਤੇ ਅਮਰਜੀਤ ਕੌਰ, ਸਤਨਾਮ ਸਿੰਘ, ਗੁਰਤਾਜ ਸਿੰਘ ਨੇ 8.5 ਨਾਲ ਦੂਜਾ ਸਥਾਨ ਅਤੇ ਅੱਠ ਵਿਦਿਆਰਥੀਆਂ ਨੇ 8.0 ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਇਸ ਸ਼ਾਨਦਾਰ ਨਤੀਜੇ 'ਤੇ ਪ੍ਰਿੰਸੀਪਲ ਡਾ. ਪ੍ਰਕਾਸ਼ ਕੌਰ ਢਿੱਲੋਂ ਨੇ ਵਿਦਿਆਰਥੀਆਂ ਦਾ ਸਨਮਾਨ ਕਰਦਿਆਂ ਵਿਭਾਗ ਦੇ ਅਧਿਆਪਕਾਂ ਨੂੰ ਜਿੱਥੇ ਵਧਾਈਆਂ ਦਿਤੀਆਂ, ਉੱਥੇ ਹੀ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਬਹੁਤ ਮਾਣ ਮਹਿਸੂਸ ਕਰ ਰਹੇ ਹਾਂ ਕਿ ਇਸ ਸੰਸਥਾ ਦੇ ਵਿਦਿਆਰਥੀਆਂ ਨੇ ਜੋ ਮਿਹਨਤ ਤੇ ਲਗਨ ਨਾਲ ਪੜ੍ਹਾਈ ਕੀਤੀ ਹੈ, ਦੇ ਨਤੀਜੇ ਕਾਰਨ ਹੀ ਅੱਜ ਇਹ ਸੰਸਥਾ ਇਲਾਕੇ ਵਿੱਚ ਆਪਣਾ ਇੱਕ ਉੱਚਾ ਸਥਾਨ ਬਣਾ ਚੁੱਕੀ ਹੈ।ਹਿਸਟਰੀ ਵਿਭਾਗ ਦੇ ਮੁਖੀ ਪ੍ਰੋਫੈਸਰ ਸਾਹਿਬਾਨ ਪ੍ਰੋ. ਸੁਨੈਨਾ, ਪ੍ਰੋ. ਪ੍ਰਕਾਸ਼ ਸਿੰਘ, ਪ੍ਰੋ. ਰਾਜਨਦੀਪ ਕੌਰ ਤੇ ਪ੍ਰੋ. ਮਨਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਇਸ ਮੌਕੇ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਕਮਲ ਸਿੰਗਲਾ, ਚੇਅਰਮੈਨ ਸੁਖਵਿੰਦਰ ਸਿੰਘ ਚਹਿਲ, ਸਕੱਤਰ ਸਤਪਾਲ ਸਿੰਘ ਚਹਿਲ ਤੇ ਪ੍ਰਧਾਨ ਡਾ. ਵਿਜੈ ਸਿੰਗਲਾ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਮੁਬਾਰਕਾਂ ਦਿੱਤੀਆਂ।

## ਸਿਵ ਸ਼ੰਕਰ ਯੂਥ ਸੇਵਾ ਕਲੱਬ ਵੱਲੋਂ ਪੌਦੇ ਲਗਾਉਣ ਦੀ ਮੁਹਿੰਮ ਸ਼ੁਰੂ




ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਮਾਣਾ ਸ਼ਹਿਰ ਵਿੱਚ ਪੌਦੇ ਲਾਉਣ ਦੀ ਮੁਹਿੰਮ ਚਲਾਈ ਗਈ, ਜਿਸ ਦੀ ਸ਼ੁਰੂਆਤ ਬਲਾਕ ਸਿੱਖਿਆ ਅਫ਼ਸਰ ਪ੍ਰਾਇਮਰੀ ਵਿੱਚ ਪੌਦੇ ਲਗਾ ਕੇ ਕੀਤੀ ਗਈ।ਸੰਸਥਾ ਦੇ ਪ੍ਰਧਾਨ ਰਮਨ ਮਹਿੰਦਰਾ ਨੇ ਦੱਸਿਆ ਕਿ ਦਰੱਖ਼ਤ ਸਾਨੂੰ ਜੀਵਨ ਦਿੰਦੇ ਹਨ, ਉਥੇ ਸਾਨੂੰ ਸਾਹ ਲੈਣ ਲਈ ਆਕਸੀਜ਼ਨ ਵੀ ਦਿੰਦੇ ਹਨ, ਜਿਹੜੀ ਕਿ ਹਰ ਇੱਕ ਦੇ ਜੀਵਨ ਦਾ ਆਧਾਰ ਹੈ। ਇਸ ਲਈ ਸਾਨੂੰ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ। ਇਸ ਲਈ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਸ਼ਹਿਰ ਵਿੱਚ ਵੱਧ ਤੋਂ ਵੱਧ ਛਾਂਦਾਰ ਪੌਦੇ ਲਗਾਏ ਜਾਣਗੇ ਤੇ ਪੌਦਿਆਂ ਦੀ ਦੇਖ ਭਾਲ ਦਾ ਵੀ ਪੂਰਾ ਇੰਤਜ਼ਾਮ ਕੀਤਾ ਜਾਵੇਗਾ ਤਾਂ ਕਿ ਵਾਤਵਰਨ ਨੂੰ ਸ਼ੁੱਧ ਰੱਖਿਆ ਜਾ ਸਕੇ।ਇਸ ਮੌਕੇ ਬਲਾਕ ਸਿੱਖਿਆ ਅਫ਼ਸਰ ਪ੍ਰਾਇਮਰੀ ਗੁਰਪ੍ਰੀਤ ਸਿੰਘ ਗੋਲਡੀ ਨੇ ਸ਼ਿਵ ਸ਼ੰਕਰ ਯੂਥ ਸੇਵਾ ਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਇਨ੍ਹਾਂ ਪੌਦਿਆਂ ਦੀ ਪੂਰੀ ਤਰ੍ਹਾਂ ਦੇਖਭਾਲ ਕੀਤੀ ਜਾਏਗੀ।ਉਨ੍ਹਾਂ ਕਿਹਾ ਕਿ ਮਨੁੱਖ ਦਾ ਰੁੱਖਾਂ ਨਾਲ ਅਟੁੱਟ ਰਿਸ਼ਤਾ ਹੈ, ਸਾਨੂੰ ਆਪਣੇ ਜਨਮ ਦਿਨ ਤੇ ਵਿਆਹ ਦੀ ਵਰ੍ਹੇਗੰਢ ਦੇ ਮੌਕੇ 'ਤੇ ਘੱਟੋ ਘੱਟ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ।ਇਸ ਮੌਕੇ ਕਰਨ ਧੀਮਾਨ ਨੇ ਅਪਣੇ ਜਨਮ ਦਿਨ ਦੇ ਮੌਕੇ 'ਤੇ ਪੌਦਾ ਲਗਾਇਆ। ਇਸ ਮੌਕੇ ਕਮਲ ਸ਼ਰਮਾ, ਸਨੀ ਪੋਪਲੀ, ਅਮਨ ਵਰਮਾ, ਅਮਿਤ ਧੀਮਾਨ, ਸੀ ਏ ਅਮਨ ਕਾਂਸਲ, ਮਨੋਜ ਰਹੇਜਾ, ਮੋਹਨ ਚਾਵਲਾ, ਕਰਨ ਬਜਾਜ ਤੇ ਉਮਾ ਸ਼ੰਕਰ ਮਜੂਦ ਸਨ।

## ਸਰਕਾਰੀ ਹਾਈ ਸਕੂਲ ਸੂਰੇਵਾਲਾ ਵਿਖੇ ਆਰ.ਓ. ਸਿਸਟਮ ਲਗਾਇਆ



ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ/ਜਸਵੰਤ ਗਿੱਲ)-ਸਿੱਖਿਆ ਕ੍ਰਾਂਤੀ ਤਹਿਤ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਰਕਾਰੀ ਸਕੂਲਾਂ 'ਚ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਵਚਨਬੱਧ ਹੈ। ਇਹ ਪ੍ਰਗਟਾਵਾ ਚੇਅਰਮੈਨ, ਜ਼ਿਲ੍ਹਾ ਯੋਜਨਾ ਕਮੇਟੀ, ਸ੍ਰੀ ਮੁਕਤਸਰ ਸਾਹਿਬ ਸ੍ਰੀ ਸੁਖਜਿੰਦਰ ਸਿੰਘ ਕਾਉਣੀ ਨੇ ਆਪਣੇ ਅਖ਼ਤਿਆਰੀ ਕੋਟੇ ਵਿੱਚੋਂ ਜਾਰੀ ਰਾਸ਼ੀ ਨਾਲ ਸਰਕਾਰੀ ਹਾਈ ਸਕੂਲ ਸੂਰੇਵਾਲਾ ਵਿਖੇ ਬੱਚਿਆਂ ਦੇ ਲਈ ਪੀਣ ਯੋਗ ਸਾਫ਼ ਪਾਣੀ ਦੇ ਪ੍ਰਬੰਧ ਲਈ ਆਰ. ਓ. ਸਿਸਟਮ ਲਗਾਉਣ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਲਗਾਤਾਰ ਨੁਹਾਰ ਬਦਲੀ ਜਾ ਰਹੀ ਹੈ।ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਨੂੰ ਸੁਖ-ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਬੱਚਿਆਂ ਨੂੰ ਸਕੂਲਾਂ ਵਿੱਚ ਵੀ ਘਰਾਂ ਵਰਗਾ ਸੁਖਾਵਾਂ ਮਾਹੌਲ ਮਿਲਦਾ ਰਹੇ।ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਬੱਚਿਆਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਨਾ ਹੀ ਫੰਡਾਂ ਦੀ ਘਾਟ ਮਹਿਸੂਸ ਹੋਣ ਦਿੱਤੀ ਜਾਵੇਗੀ।ਇਸ ਮੌਕੇ ਪਿੰਡ ਦੀ ਪੰਚਾਇਤ, ਸਰਪੰਚ ਰਾਣੀ ਕੌਰ, ਸਕੂਲ ਮੁੱਖੀ ਅਤੁੱਲ ਕੁਮਾਰ, ਸਕੂਲ ਸਟਾਫ, ਬੱਚੇ ਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।

## ਦੇਸ਼ ਦੇ ਲੋਕਾਂ ਤੋਂ ਵੋਟ ਪਾਉਣ ਦਾ ਅਧਿਕਾਰ ਖੋਹਿਆ ਜਾ ਰਿਹੈ : ਰਜਿੰਦਰ ਪ੍ਰਸ਼ਾਦ ਸਿੰਘ



ਮਾਨਸਾ (ਆਤਮਾ ਸਿੰਘ ਪਮਾਰ)-ਸੀ.ਪੀ.ਆਈ. ਐੱਮ.ਐੱਲ. ਮਾਸ ਲਾਈਨ ਦੀ ਇੱਕ ਜ਼ਰੂਰੀ ਮੀਟਿੰਗ ਜਾਗਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਜ਼ਿਲ੍ਹਾ ਸਕੱਤਰ ਕਾ. ਸ਼ਿਵਚਰਨ ਸੂਚਨ ਨੇ ਪਾਰਟੀ ਦੀਆਂ ਗਤੀਵਿਧੀਆਂ 'ਤੇ ਚਾਨਣਾ ਪਾਉਂਦੇ ਕਿਹਾ ਕਿ ਪੰਜਾਬ ਤੇ ਰਾਜ ਕਰਨ ਲਈ ਸਾਰੀਆਂ ਹੀ ਰਾਜਨੀਤਕ ਪਾਰਟੀਆਂ ਤਰਲੋਮੱਛੀ ਹੋ ਰਹੀਆਂ ਹਨ, ਜਿਨ੍ਹਾਂ ਕੋਲ ਇੱਕ ਦੂਜੇ ਦੀ ਆਲੋਚਨਾ ਕਰਨ ਤੋਂ ਇਲਾਵਾ ਕੋਈ ਵੀ ਰਾਜਨੀਤਕ ਪ੍ਰੋਗਰਾਮ ਨਹੀਂ ਹੈ।ਕਮਿਊਨਿਸਟ ਪਾਰਟੀਆਂ ਇਸ ਦਾ ਬਦਲ ਪੇਸ਼ ਕਰਨ 'ਚ ਨਾਕਾਮ ਹੋ ਰਹੀਆਂ ਹਨ, ਜਦੋਂਕਿ ਲੋਕਾਂ ਨੂੰ ਇਸ ਸਮੇਂ ਇੱਕ ਲੋਕਪੱਖੀ ਬਦਲ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅੱਜ ਆਮ ਸੇਵਾਵਾਂ ਤੇ ਇਲਾਜ ਕਰਵਾਉਣੇ ਮਹਿੰਗੇ ਹੋ ਗਏ ਹਨ।ਇਸ ਲਈ ਪਾਰਟੀ ਦਾ ਮੰਨਣਾ ਹੈ ਕਿ ਹਰ ਜ਼ਿਲ੍ਹਾ ਪੱਧਰ 'ਤੇ ਇੱਕ ਮੈਡੀਕਲ ਕਾਲਜ ਖੋਲ੍ਹਿਆ ਜਾਵੇ।ਮਾਨਸਾ 'ਚ ਇੰਜੀਨੀਅਰਿੰਗ ਕਾਲਜ ਵੀ ਹੋਣਾ ਚਾਹੀਦਾ ਹੈ ਤਾਂ ਜੋ ਇੱਥੋਂ ਦੇ ਬੱਚਿਆਂ ਨੂੰ ਪੜ੍ਹਨ ਲਈ ਬਾਹਰ ਨਾ ਜਾਣਾ ਪਵੇ।ਜ਼ਿਲ੍ਹੇ 'ਚ ਇਕਲੌਤਾ ਸਰਕਾਰੀ ਕਾਲਜ ਹੈ, ਪਰ ਅੱਜ ਸਕਿੱਲ ਦੇ ਕੰਮ ਦੀ ਬਹੁਤ ਵੱਡੀ ਜ਼ਰੂਰਤ ਹੈ।ਮਜ਼ਦੂਰ ਜਮਾਤ ਦੇ ਪੱਕੇ ਰੁਜ਼ਗਾਰ ਦਾ ਕੋਈ ਪ੍ਰਬੰਧ ਨਾ ਹੋਣ ਕਰਕੇ ਉਹ ਕੁਪੋਸ਼ਣ ਦਾ ਸ਼ਿਕਾਰ ਹੋ ਰਹੇ ਹਨ।ਇਸ ਲਈ ਸਰਕਾਰ ਵੱਲੋਂ ਇਨ੍ਹਾਂ ਨੂੰ ਗੁਜ਼ਾਰੇ ਜੋਗੀ ਜ਼ਮੀਨ ਦਿੱਤੀ ਜਾਵੇ।ਨੌਜਵਾਨ ਅੱਜ ਬੇਰੁਜ਼ਗਾਰੀ ਦੀ ਚੱਕੀ ਵਿਚ ਪਿਸ ਰਿਹਾ ਹੈ।ਬੇਰੁਜ਼ਗਾਰੀ ਹੀ ਨਸ਼ੇ ਦਾ ਮੁੱਖ ਕਾਰਨ ਹੈ।ਸੂਬਾ ਸਰਕਾਰਾਂ ਵੱਲੋਂ ਨੌਜਵਾਨਾਂ ਨੂੰ ਘੱਟੋ ਘੱਟ 15 ਹਜ਼ਾਰ ਰੁਪਏ ਪ੍ਰਤੀ ਮਹੀਨਾ ਬੇਰੁਜ਼ਗਾਰੀ ਭੱਤਾ ਦੇਣਾ ਚਾਹੀਦਾ ਹੈ।ਬੁਢਾਪਾ ਪੈਨਸ਼ਨ ਦੀ ਰਾਸ਼ੀ ਵਧਾਉਣ ਤੇ ਮਿਆਦ ਉਮਰ 65 ਤੋਂ 58 ਸਾਲ ਕਰਨ ਦੀ ਲੋੜ ਹੈ।ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਕਾ. ਓਮਾ ਕਾਂਤ, ਰਜਿੰਦਰ ਪ੍ਰਸ਼ਾਦ ਸਿੰਘ ਨੇ ਕਿਹਾ ਕਿ ਦੇਸ਼ ਵਿੱਚ ਵੱਡੀ ਪੱਧਰ ਤੇ ਗਰੀਬ ਲੋਕਾਂ ਤੋਂ ਵੋਟ ਪਾਉਣ ਦਾ ਹੱਕ ਹੀ ਖੋਹਿਆ ਜਾ ਰਿਹਾ ਹੈ ਤੇ ਲੋਕਤੰਤਰ ਦੀ ਹੱਤਿਆ ਕੀਤੀ ਜਾ ਰਹੀ ਹੈ।ਇਸ ਮੌਕੇ ਕਾ. ਮਲਕੀਤ ਸਿੰਘ, ਖੇਤ ਮਜ਼ਦੂਰ ਯੂਨੀਅਨ ਆਗੂ ਰੁਲਦੂ ਸਿੰਘ, ਰਾਜ ਕੁਮਾਰ, ਰਜਿੰਦਰ ਭੰਮਾ, ਈ ਰਿਕਸ਼ਾ ਯੂਨੀਅਨ ਦੇ ਰੋਹੀ ਰਾਮ, ਜਲੌਰ ਸਿੰਘ ਆਦਿ ਹਾਜ਼ਰ ਸਨ।

## ਸੰਧਵਾਂ ਕੈਂਪ 'ਚ 553 ਮਰੀਜ਼ਾਂ ਦਾ ਚੈੱਕਅੱਪ



ਕੋਟਕਪੂਰਾ (ਰਛਪਾਲ ਭੁੱਲਰ)-ਪੰਜਾਬ ਸਰਕਾਰ ਵੱਲੋਂ ਆਯੁਰਵੈਦਿਕ ਤੇ ਹੋਮਿਓਪੈਥਿਕ ਵਿਭਾਗ ਵੱਲੋਂ ਮਾਤਾ ਦਇਆ ਕੌਰ ਗੁਰੂਘਰ ਸੰਧਵਾਂ ਵਿੱਚ ਫਰੀ ਚੈੱਕਅਪ ਕੈਂਪ ਤੇ ਫਰੀ ਦਵਾਈ ਦਾ ਕੈਂਪ ਲਾਇਆ ਗਿਆ।ਕੈਂਪ ਦਾ ਉਦਘਾਟਨ ਸਪੀਕਰ ਹਲਕਾ ਐਮ ਐਲ ਏ ਦੇ ਭਰਾਤਾ ਬੀਰਇੰਦਰ ਸਿੰਘ ਐਡਵੋਕੇਟ ਨੇ ਕੀਤਾ ਤੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਕੈਂਪ ਵਿੱਚ ਲਗਭਗ 553 ਮਰੀਜ਼ਾਂ ਦਾ ਡਾਕਟਰ ਰੋਹਿਤ ਮੋਗਾ, ਡਾਕਟਰ ਅਨੀਤਾ ਗੁਪਤਾ, ਡਾਕਟਰ ਭਗਵੰਤ ਕੌਰ ਤੇ ਡਾਕਟਰ ਦਿਨੇਸ਼ ਸੇਠੀ ਵੱਲੋਂ ਚੈੱਕਅਪ ਕੀਤਾ ਗਿਆ ਤੇ ਲੋੜੀਂਦੀ ਦਵਾਈ ਫਰੀ ਦਿੱਤੀ ਗਈ।ਕੈਂਪ ਨੂੰ ਕਾਮਯਾਬ ਕਰਨ ਲਈ ਕੋਟਕਪੂਰਾ ਵਿਸ਼ਵਾਸ਼ ਲਾਇਨਜ਼ ਕਲੱਬ ਤੇ ਹੀਰੇ ਵੈਲਫੇਅਰ ਕਲੱਬ ਕੋਟਕਪੂਰਾ ਦਾ ਵਿਸ਼ੇਸ਼ ਸਹਿਯੋਗ ਰਿਹਾ।ਗੁਰੂਘਰ ਦੀ ਕਮੇਟੀ ਤੇ ਪ੍ਰਧਾਨ ਅਮਰਜੀਤ ਸਿੰਘ ਬਰਾੜ ਵੱਲੋਂ ਵੀ ਭਰਪੂਰ ਸਹਿਯੋਗ ਕੀਤਾ ਗਿਆ।

# ਆਬਕਾਰੀ ਵਿਭਾਗ ਦੀ ਜਗਰਾਉਂ ਪੁਲ ਸਪੇਅਰ ਪਾਰਟਸ ਮਾਰਕੀਟ ਵਪਾਰੀਆਂ ਨਾਲ ਮੀਟਿੰਗ

## ਵਪਾਰੀ ਗੌਰਮਿੰਟ ਸਰਵਿਸ ਟੈਕਸ ਦਾ ਸਹੀ ਤੇ ਪੂਰਾ ਲਾਭ ਲੈਣ : ਈਟੀਓ



ਲੁਧਿਆਣਾ (ਰਾਜ ਸਿੰਗਲਾ)-ਪੰਜਾਬ ਰਾਜ ਕਰ ਤੇ ਆਬਕਾਰੀ ਵਿਭਾਗ ਵੱਲੋਂ ਟੈਕਸ ਭਰਨ ਵਿੱਚ ਵਪਾਰੀਆਂ ਨੂੰ ਆ ਰਹੀਆਂ ਵੱਖ-ਵੱਖ ਮੁਸ਼ਕਲਾਂ ਨੂੰ ਲੈ ਕੇ ਲੁਧਿਆਣਾ ਕਰ ਵਿਭਾਗ ਦੇ ਕਮਿਸ਼ਨਰ ਦੇ ਆਦੇਸ਼ਾਂ ਅਨੁਸਾਰ ਟੈਕਸੇਸ਼ਨ ਅਫਸਰ ਰਾਕੇਸ਼ ਸਹੋਤਾ, ਅਸ਼ਵਨੀ ਗੋਇਲ, ਭੱਲਾ ਤੇ ਸਿਮਰਨਪ੍ਰੀਤ ਸਿੰਘ ਵੱਲੋਂ ਜਗਰਾਉਂ ਪੁਲ ਰੇਲਵੇ ਸਟੇਸ਼ਨ ਦੀ ਮਾਰਕੀਟ ਦੇ ਸਮੂਹ ਵਪਾਰੀਆਂ ਨਾਲ ਇੱਕ ਮੀਟਿੰਗ ਕੀਤੀ ਗਈ। ਮੀਟਿੰਗ ਅੰਦਰ ਵਪਾਰੀ ਵਰਗ ਨੂੰ ਜੀਐੱਸਟੀ ਨੂੰ ਲੈ ਕੇ ਵਪਾਰੀਆਂ ਦੀਆਂ ਔਕੜਾਂ ਸਬੰਧੀ ਕਮਲਜੀਤ ਸਿੰਘ ਵੱਲੋਂ ਹਾਜ਼ਰ ਅਧਿਕਾਰੀਆਂ ਨੂੰ ਜਾਣੂ ਕਰਵਾਇਆ। ਇਸ ਮੌਕੇ ਅਸ਼ਵਨੀ ਗੋਇਲ ਨੇ ਵਪਾਰੀ ਭਰਾਵਾਂ ਨੂੰ ਦੁਕਾਨ ਦਾ ਕਰਾਇਆ ਤੇ ਟਰਾਂਸਪੋਰਟ ਦੇ ਜੀਐੱਸਟੀ ਸਬੰਧੀ ਪੂਰੀ ਪੂਰੀ ਜਾਣਕਾਰੀ ਦਿੱਤੀ ਗਈ। ਈਟੀਓ ਰਾਕੇਸ਼ ਸਹੋਤਾ ਨੇ ਵਿਭਾਗ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਕਰ ਵਿਭਾਗ ਦਾ ਬਣਦਾ ਟੈਕਸ ਵਪਾਰੀ ਵਰਗ ਸਹੀ ਸਮੇਂ 'ਤੇ ਉਤਾਰੇ ਅਤੇ ਆਪਣੇ ਵਪਾਰ ਵਿੱਚ ਵਾਧਾ ਕਰੇ। ਉਨ੍ਹਾਂ ਕਿਹਾ ਕਿ ਅਸੀਂ ਹਮੇਸ਼ਾ ਵਪਾਰੀ ਵਰਗ ਦੀਆਂ ਆ ਰਹੀਆਂ ਔਕੜਾਂ ਨੂੰ ਦੂਰ ਕਰਨ ਲਈ ਤਤਪਰ ਹਾਂ ਤੇ ਵਪਾਰੀ ਵਰਗ ਨੂੰ ਸਮੇਂ ਸਮੇਂ ਲੋੜੀਂਦੀ ਜਾਣਕਾਰੀ ਦਿੰਦੇ ਰਹਾਂਗੇ। ਇਸ ਮੌਕੇ ਸਮੂਹ ਵਪਾਰੀਆਂ ਵੱਲੋਂ ਅਧਿਕਾਰੀਆਂ ਵੱਲੋਂ ਦਿੱਤੀ ਜਾਣਕਾਰੀ 'ਤੇ ਖੁਸ਼ੀ ਦਾ ਪ੍ਰਗਵਾਵਾ ਕੀਤਾ ਗਿਆ ਤੇ ਕਿਹਾ ਕਿ ਜੋ ਜਾਣਕਾਰੀ ਉਨ੍ਹਾਂ ਨੂੰ ਵਿਭਾਗ ਵੱਲੋਂ ਦਿੱਤੀ ਗਈ ਹੈ, ਉਹ ਉਨ੍ਹਾਂ ਵਪਾਰ ਕਰਨ ਵਿੱਚ ਬਹੁਤ ਕੰਮ ਆਵੇਗੀ।

# ਭੇਦਭਰੀ ਹਾਲਤ 'ਚ ਲਾਪਤਾ ਨੌਜਵਾਨ ਦੀ ਲਾਸ਼ ਬਰਾਮਦ

## ਮਹੀਨਾ ਪਹਿਲਾਂ ਹੀ ਕੈਨੇਡਾ ਤੋਂ ਪਰਤਿਆ ਸੀ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਵਾਸੀ ਗੁਰਦੀਪ ਸਿੰਘ ਦਾ ਨੌਜਵਾਨ ਲੜਕਾ ਜਗਤਾਜ਼ ਪ੍ਰੀਤ ਸਿੰਘ (20) ਜੋ ਕਿ ਇੱਕ ਮਹੀਨਾ ਪਹਿਲਾਂ ਹੀ ਕੈਨੇਡਾ ਤੋਂ ਪਰਤਿਆ ਸੀ ਅਤੇ ਭੇਦਭਰੇ ਢੰਗ ਨਾਲ ਲਾਪਤਾ ਹੋ ਗਿਆ ਸੀ, ਅੱਜ ਉਸ ਦੀ ਲਾਸ਼ ਗੁਰਦੁਆਰਾ ਸ੍ਰੀ ਕਟਾਣਾ ਸਾਹਿਬ ਨੇੜੇ ਸਰਹਿੰਦ ਨਹਿਰ 'ਚੋਂ ਬਰਾਮਦ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਪਰਿਵਾਰਕ ਮੈਂਬਰਾਂ ਨੇ ਪੁਲਸ ਕੋਲ ਜਗਤਾਜ਼ ਪ੍ਰੀਤ ਸਿੰਘ ਦੀ ਗੁੰਮਸ਼ੁਦਗੀ ਰਿਪੋਰਟ ਦਰਜ ਕਰਵਾਈ ਸੀ ਕਿ ਉਹ 19 ਜੁਲਾਈ ਨੂੰ 12 ਵਜੇ ਘਰੋਂ ਆਪਣੇ ਹੀਰੋ ਹੋਂਡਾ ਮੋਟਰਸਾਈਕਲ ਰਾਹੀਂ ਬਜ਼ਾਰ ਵਿੱਚੋਂ ਸਾਮਾਨ ਲੈਣ ਲਈ ਗਿਆ, ਪਰ ਵਾਪਸ ਨਹੀਂ ਪਰਤਿਆ। ਮਾਪਿਆਂ ਅਨੁਸਾਰ ਉਹ ਕੁਝ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਦਿਖਾਈ ਦੇ ਰਿਹਾ ਸੀ, ਜਿਸ ਦੀ ਆਲੇ-ਦੁਆਲੇ ਕਾਫ਼ੀ ਤਲਾਸ਼ ਕੀਤੀ ਗਈ, ਪਰ ਕੋਈ ਥਹੁ ਪਤਾ ਨਾ ਲੱਗਾ। ਉਨ੍ਹਾਂ ਦੱਸਿਆ ਕਿ ਜਗਤਾਜ਼ ਪ੍ਰੀਤ ਸਿੰਘ ਦੇ ਨੀਲੇ ਰੰਗ ਦੀ ਟੀ-ਸ਼ਰਟ ਤੇ ਚਿੱਟੀ ਟੋਪੀ ਪਹਿਨੀ ਹੋਈ ਸੀ। ਜਦੋਂ ਪਰਿਵਾਰਕ ਮੈਂਬਰਾਂ ਵੱਲੋਂ ਉਸ ਦੀ ਤਲਾਸ਼ ਕੀਤੀ ਜਾ ਰਹੀ ਸੀ ਤਾਂ ਉਸ ਦਾ ਮੋਟਰਸਾਈਕਲ ਤੇ ਟੋਪੀ ਸਰਹਿੰਦ ਨਹਿਰ ਕਿਨਾਰਿਓਂ ਮਿਲੀ। ਪਰਿਵਾਰਕ ਮੈਂਬਰਾਂ ਵੱਲੋਂ ਗੋਤਾਖੋਰਾਂ ਦੀ ਮੱਦਦ ਨਾਲ ਸਰਹਿੰਦ ਨਹਿਰ ਤੇ ਆਸ-ਪਾਸ ਇਲਾਕਿਆਂ ਵਿੱਚ ਜਗਤਾਜ਼ ਪ੍ਰੀਤ ਸਿੰਘ ਦੀ ਤਲਾਸ਼ ਕੀਤੀ ਜਾ ਰਹੀ ਸੀ ਤਾਂ ਅੱਜ ਉਸ ਦੀ ਲਾਸ਼ ਗੁਰਦੁਆਰਾ ਸ੍ਰੀ ਕਟਾਣਾ ਸਾਹਿਬ ਨੇੜੇ ਸਰਹਿੰਦ ਨਹਿਰ ਵਿੱਚੋਂ ਬਰਾਮਦ ਹੋਈ। ਪਰਿਵਾਰ ਵੱਲੋਂ ਮ੍ਰਿਤਕ ਜਗਤਾਜ਼ ਪ੍ਰੀਤ ਸਿੰਘ ਦਾ ਮਾਛੀਵਾੜਾ ਦੇ ਸਮਸ਼ਾਨ ਘਾਟ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

# ਸਰਕਾਰ ਪੈਨਸ਼ਨਰਾਂ ਦਾ ਬਣਦਾ ਬਕਾਇਆ ਤੁਰੰਤ ਜਾਰੀ ਕਰੇ : ਚਾਵਲਾ

## ਸੂਬਾ ਕਮੇਟੀ ਦੀ ਜਲੰਧਰ ਵਿਖੇ ਮੀਟਿੰਗ ਭਲਕੇ

ਕੋਟਕਪੂਰਾ (ਰਛਪਾਲ ਭੁੱਲਰ)-ਪੰਜਾਬ ਪੈਨਸ਼ਨਰਜ਼ ਯੂਨੀਅਨ (ਸਬੰਧਤ ਏਟਕ ਤੇ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ) ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਪ੍ਰਮੁੱਖ ਸਕੱਤਰ, ਵਿੱਤ ਵਿਭਾਗ ਪੰਜਾਬ ਸਰਕਾਰ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ 18 ਫਰਵਰੀ 2025 ਨੂੰ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਦੀ ਪਾਲਣਾ ਕਰਦੇ ਹੋਏ ਪੰਜਾਬ ਦੇ ਵੱਖ ਵੱਖ ਵਿਭਾਗਾਂ ਵਿੱਚੋਂ 1 ਜਨਵਰੀ 2016 ਤੋਂ 30 ਜੂਨ 2021 ਦਰਮਿਆਨ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਸਾਲ 2016 ਤੇ ਸਾਲ 2017 ਦੇ ਬਣਦੇ ਬਕਾਏ ਦੀ ਅਦਾਇਗੀ ਤੁਰੰਤ ਸ਼ੁਰੂ ਕਰਨੀ ਯਕੀਨੀ ਬਣਾਈ ਜਾਵੇ।ਉਨ੍ਹਾਂ ਅਫਸੋਸ ਪ੍ਰਗਟ ਕੀਤਾ ਕਿ ਨੋਟੀਫਿਕੇਸ਼ਨ ਜਾਰੀ ਹੋਣ ਦੇ ਪੰਜ ਮਹੀਨੇ ਬੀਤ ਜਾਣ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਅਜੇ ਤੱਕ ਨਾ ਤਾਂ ਇਹ ਬਕਾਇਆ ਕਢਵਾਉਣ ਲਈ ਆਈ ਐੱਚ ਆਰ ਐੱਮ ਐੱਸ ਪੋਰਟਲ 'ਤੇ ਕੋਈ ਵਿਵਸਥਾ ਕੀਤੀ ਹੈ ਤੇ ਨਾ ਹੀ ਵੱਖ ਵੱਖ ਵਿਭਾਗਾਂ ਦੇ ਡੀ ਡੀ ਓ ਨੂੰ ਕੋਈ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਜਥੇਬੰਦੀ ਦੇ ਸੂਬਾ ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾਈ ਵਰਕਿੰਗ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਤੇ ਗੁਰਜੀਤ ਸਿੰਘ ਘੋੜੇਵਾਹ, ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਮੁੱਖ ਜੱਥੇਬੰਦਕ ਸਕੱਤਰ ਅਵਤਾਰ ਸਿੰਘ ਤਾਗੀ ਨੇ ਕਿਹਾ ਕਿ ਇਸ ਸਮੇਂ ਦੌਰਾਨ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਸੋਧੀ ਹੋਈ ਲੀਵ ਇਨਕੈਸ਼ਮੈਂਟ ਦੇ ਬਣਦੇ ਬਕਾਏ ਨੋਟੀਫਿਕੇਸ਼ਨ ਅਨੁਸਾਰ ਪਹਿਲੀ ਕਿਸ਼ਤ ਵਜੋਂ 25 ਫੀਸਦੀ ਦੀ ਅਦਾਇਗੀ ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ 3 ਜੁਲਾਈ ਨੂੰ ਪੰਜਾਬ ਦੇ ਸਾਰੇ ਖਜ਼ਾਨਾ ਦਫਤਰਾਂ ਸਾਹਮਣੇ ਵਿੱਤ ਮੰਤਰੀ ਪੰਜਾਬ ਦੇ ਪੁਤਲੇ ਫੂਕਣ ਦੇ ਐਕਸ਼ਨ ਕਰਨ ਤੋਂ ਬਾਅਦ ਮਿਲਣੀ ਸੰਭਵ ਹੋਈ ਹੈ।ਆਗੂਆਂ ਨੇ ਦੱਸਿਆ ਕਿ 24 ਜੁਲਾਈ ਨੂੰ ਸਵੇਰੇ 11 ਵਜੇ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਜਲੰਧਰ ਵਿਖੇ ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਸੂਬਾ ਕਾਰਜਕਾਰਨੀਂ ਕਮੇਟੀ ਦੀ ਹੋ ਰਹੀ ਮੀਟਿੰਗ ਦੌਰਾਨ ਅਗਲਾ ਐਕਸ਼ਨ ਪ੍ਰੋਗਰਾਮ ਉਲੀਕਿਆ ਜਾਵੇਗਾ।

# ਪਹਿਲੇ ਮੀਂਹ ਨੇ ਖੋਲ੍ਹੀ ਨਗਰ ਨਿਗਮ ਦੇ ਪ੍ਰਬੰਧਾਂ ਦੀ ਪੋਲ



ਮੋਗਾ (ਇਕਬਾਲ ਸਿੰਘ ਖਹਿਰਾ) ਪਹਿਲੀ ਬਰਸਾਤ ਨੇ ਨਗਰ ਨਿਗਮ ਦੇ ਪ੍ਰਬੰਧਾਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ।ਉਧਰ ਸ਼ਹਿਰ ਵਾਸੀਆਂ ਦਾ ਕਹਿਣਾ ਸੀ ਕਿ ਸਮਾਂ ਰਹਿੰਦੇ ਨਗਰ ਨਿਗਮ ਵੱਲੋਂ ਸੀਵਰੇਜ ਦੀ ਸਫਾਈ ਨਾ ਹੋਣ ਕਾਰਨ ਮੁੱਖ ਬਾਜ਼ਾਰਾਂ ਅਤੇ ਮਹੱਲਿਆਂ ਦੀਆਂ ਸੜਕਾਂ ਨੇ ਨਹਿਰਾਂ ਦਾ ਰੂਪ ਧਾਰ ਲਿਆ।ਸ਼ਹਿਰ ਦੀ ਆਵਾਜਾਈ ਇਸ ਕਦਰ ਪ੍ਰਭਾਵਤ ਹੋਈ ਕਿ ਪਾਣੀ ਭਰਨ ਕਾਰਨ ਕਈ ਆਟੋ ਰਿਕਸ਼ੇ ਸਵਾਰੀਆਂ ਸਮੇਤ ਪਲਟੇ ਦਿਖਾਈ ਦਿੱਤੇ।ਹਾਲਾਤ ਵਿਗੜਦੇ ਵੇਖ ਮੋਗਾ ਟ੍ਰੈਫ਼ਿਕ ਪੁਲਸ ਨੇ ਸੜਕਾਂ 'ਤੇ ਆਵਾਜਾਈ ਸੁਚਾਰੂ ਢੰਗ ਨਾਲ ਚਲਾਉਣ ਦਾ ਬੀੜਾ ਚੁੱਕਿਆ।ਜਦੋਂ ਇਸ ਸਬੰਧੀ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਨਗਰ ਨਿਗਮ ਵੱਲੋਂ ਸਮੁੱਚੇ ਪ੍ਰਬੰਧ ਮੁਕੰਮਲ ਸਨ, ਪਰ ਕੁਦਰਤ ਅੱਗੇ ਕਿਸੇ ਦਾ ਜ਼ੋਰ ਨਹੀਂ।

## ਮਸ਼ੀਨੀ ਬੁੱਧੀ ਬਾਰੇ ਪ੍ਰਦਰਸ਼ਨੀ ਮੇਲਾ ਲਾਇਆ

ਬੋਹਾ (ਨਿਰੰਜਣ ਬੋਹਾ)-ਨਰਸੀ ਰਾਮ ਮੈਮੋਰੀਅਲ ਹੋਲੀ ਹਾਰਟ ਕੌਨਵੈਂਟ ਸਕੂਲ ਬੋਹਾ ਵੱਲੋਂ ਮਸ਼ੀਨੀ ਬੌਧਿਕਤਾ ਬਾਰੇ ਇਕ ਵਿਸ਼ੇਸ਼ ਪ੍ਰਦਰਸ਼ਨੀ ਮੇਲਾ ਲਾਇਆ ਗਿਆ।ਇਸ ਮੇਲੇ ਵਿੱਚ ਸਕੂਲ ਵਿਦਿਆਰਥੀਆਂ ਨੇ ਮਸ਼ੀਨੀ ਬੁੱਧੀ ਰਾਹੀਂ ਕੀਤੇ ਜਾ ਸਕਦੇ ਵੱਖ ਵੱਖ ਬੌਧਿਕ ਕਾਰਜਾਂ ਬਾਰੇ ਆਪਣੀ ਯੋਗਤਾ ਦਾ ਪ੍ਰਦਰਸ਼ਨ ਕੀਤਾ।ਇਸ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਥਾਣਾ ਬੋਹਾ ਦੇ ਮੁਖੀ ਇੰਸਪੈਕਰ ਅਮਰੀਕ ਸਿੰਘ ਤੇ ਜਗਸੀਰ ਸਿੰਘ ਸਕੂਲ ਆਫ ਐਮੀਨੈਂਸ ਦੇ ਪ੍ਰਿੰਸੀਪਲ ਹਰਵਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਆਉਣ ਵਾਲਾ ਸਮਾਂ ਮਸ਼ੀਨੀ ਬੌਧਿਕਤਾ ਦਾ ਹੈ, ਇਸ ਲਈ ਦੇਸ਼ ਦੀ ਨੌਜਵਾਨ ਪੀੜ੍ਹੀ ਨੂੰ ਇਸ ਬੌਧਿਕਤਾ ਰਾਹੀਂ ਕੀਤੇ ਜਾ ਸਕਦੇ ਕਾਰਜਜਾਂ ਬਾਰੇ ਵੱਧ ਤੋਂ ਵੱਧ ਜਾਣਕਾਰੀ ਲੈਣੀ ਚਾਹੀਦੀ ਹੈ।ਪ੍ਰਿੰਸੀਪਲ ਭੁੱਲਰ ਨੇ ਕਿਹਾ ਕਿ ਆਧੁਨਿਕ ਸਿੱਖਿਆਂ ਪ੍ਰਨਾਲੀ ਵਿੱਚ ਕੰਪਿਊਟਰ ਸਿੱਖਿਆ ਤੇ ਮਸ਼ੀਨੀ ਬੌਧਿਕਤਾ ਨੂੰ ਵਿਸ਼ੇਸ਼ ਮਹੱਤਤਾ ਦਿੱਤੀ ਜਾ ਰਹੀ ਹੈ।ਸਕੂਲ ਚੇਅਰਮੈਨ ਸੰਜੀਵ ਕੁਮਾਰ ਸਿੰਗਲਾ ਤੇ ਪ੍ਰਿੰਸੀਪਲ ਸੰਤ ਰਾਮ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਦਾ ਸਕੂਲ ਆਪਣੇ ਵਿਦਿਆਰਥੀਆਂ ਨੂੰ ਮਸ਼ੀਨੀ ਬੌਧਿਕਤਾ ਦੇ ਹਰ ਪੱਖ ਬਾਰੇ ਜਾਣੂ ਕਰਵਾ ਕੇ ਉਨ੍ਹਾਂ ਨੂੰ ਸਮੇਂ ਦਾ ਹਾਣੀ ਬਣਾਉਣਾ ਚਾਹੁੰਦਾ ਹੈ।ਸਕੂਲ ਵੱਲੋਂ ਆਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ।


**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਨੰ. 433-ਸਿਗ- ਟੀ-19-25-26

ਬੰਦ ਹੋਣ ਦੀ ਮਿਤੀ/ਸਮਾਂ: 13.08.2025 ਨੂੰ 15:00 ਵਜੇ ਮਿਤੀ: 22.07.2025

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-19/25-26 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 13.08.2025 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ.ਆਈ.ਟੀ

ਕੰਮ ਦਾ ਨਾਮ : ਜਲੰਧਰ-ਸਾਹਨੇਵਾਲ ਜੰਕਸ਼ਨ ਸੈਕਸ਼ਨ ਉਤੇ ਬੀਐਚ-01 ਦਾ ਆਈਬੀਐਚ ਤੋਂ ਆਈਬੀਐਸ ਵਿਚ ਪਰਿਵਰਤਨ ਦਾ ਕੰਮ।

| | | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 13/08/2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 22/07/2025 16:25 |
| ਅੰਦਾਜਨ ਕੀਮਤ | 22153539.48 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | 30/07/2025 |
| ਬਿਆਨਾ ਰਾਸ਼ੀ (ਰੁ) | 260800.00 | ਕੰਮ ਪੂਰਾ ਕਰਨ ਦਾ ਸਮਾਂ | 12 ਮਹੀਨੇ |

ਨੋਟ: ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸ਼ੁਧੀਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ। 2220/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਭਗਤ ਪੂਰਨ ਸਿੰਘ ਦੀ 33ਵੀਂ ਬਰਸੀ ਸਮਾਗਮ ਸੰਬੰਧੀ ਸਲਾਹਕਾਰ ਕਮੇਟੀ ਦੀ ਮੀਟਿੰਗ

## 1 ਤੋਂ 5 ਅਗਸਤ ਤੱਕ ਸ੍ਰੀ ਅੰਮ੍ਰਿਤਸਰ ਵਿਖੇ ਹੋਣਗੇ ਸਮਾਗਮ

ਸੰਗਰੂਰ (ਪ੍ਰਵੀਨ ਸਿੰਘ)-ਸਥਾਨਕ ਪਿੰਗਲਵਾੜਾ ਸ਼ਾਖਾ ਵਿਖੇ ਪਿੰਗਲਵਾੜਾ ਦੇ ਬਾਨੀ ਭਗਤ ਪੂਰਨ ਸਿੰਘ ਜੀ ਦੀ 33ਵੀਂ ਬਰਸੀ ਸਮਾਗਮ ਸ੍ਰੀ ਅੰਮ੍ਰਿਤਸਰ ਵਿਖੇ ਸ਼ਮੂਲੀਅਤ ਕਰਨ ਸਬੰਧੀ ਸਲਾਹਕਾਰ ਕਮੇਟੀ ਦੀ ਮੀਟਿੰਗ ਡਾ: ਇੰਦਰਜੀਤ ਕੌਰ ਪ੍ਰਧਾਨ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਟਰੱਸਟ ਦੀ ਪ੍ਰਧਾਨਗੀ ਤੇ ਤਰਲੋਚਨ ਸਿੰਘ ਚੀਮਾ ਮੁੱਖ ਪ੍ਰਬੰਧਕ ਤੇ ਹਰਜੀਤ ਸਿੰਘ ਅਰੋੜਾ ਵਧੀਕ ਪ੍ਰਬੰਧਕ ਦੀ ਰਹਿਨੁਮਾਈ ਹੇਠ ਹੋਈ।ਸੁਰਿੰਦਰ ਪਾਲ ਸਿੰਘ ਸਿਦਕੀ ਪੀ. ਆਰ. ਓ. ਦੇ ਸਟੇਜ ਸੰਚਾਲਨ ਅਧੀਨ ਸਭ ਤੋਂ ਪਹਿਲਾਂ ਜੋਰਾ ਸਿੰਘ ਜੈਨਪੁਰ, ਬਜ਼ੁਰਗ ਦੌੜਾਕ ਫੌਜਾ ਸਿੰਘ ਤੇ ਸ਼ਾਖਾ ਸਲਾਹਕਾਰ ਕਮੇਟੀ ਮੈਂਬਰ ਰਾਮਪ੍ਰਕਾਸ਼ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਮੋਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਉਪਰੰਤ ਆਪ ਨੇ ਸਭ ਨੂੰ ਜੀ ਆਇਆਂ ਕਿਹਾ ਤੇ ਪਿੰਗਲਵਾੜਾ ਸ਼ਾਖਾ ਸੰਗਰੂਰ ਵਿੱਚ ਕੀਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਦੱਸਿਆ।ਸਵਾਗਤੀ ਸ਼ਬਦ 'ਚ ਡਾਕਟਰ ਬੀਬੀ ਇੰਦਰਜੀਤ ਕੌਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਭਗਤ ਪੂਰਨ ਸਿੰਘ ਜੀ ਦੀ 33ਵੀਂ ਬਰਸੀ ਸਬੰਧੀ ਸ੍ਰੀ ਅੰਮ੍ਰਿਤਸਰ ਵਿਖੇ 01 ਤੋਂ 05 ਅਗਸਤ ਤੱਕ ਸਮਾਗਮ ਹੋ ਰਹੇ ਹਨ, ਜਿਨ੍ਹਾਂ ਵਿੱਚ ਪਿੰਗਲਵਾੜੇ ਦੇ ਸਕੂਲ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ, ਪਿੰਗਲਵਾੜਾ ਮਰੀਜ਼ਾਂ ਦੀਆਂ ਕਲਾ ਕਿਰਤਾਂ ਦੀ ਪ੍ਰਦਰਸ਼ਨੀ, ਸੱਭਿਆਚਾਰ ਤੇ ਆਚਰਨ ਦੇ ਸੰਦਰਭ ਵਿੱਚ ਸੈਮੀਨਾਰ ਹੋਵੇਗਾ, ਜਿਸ ਵਿੱਚ ਹਰਵਿੰਦਰ ਸਿੰਘ ਭੱਟੀ, ਸਵਰਾਜਬੀਰ ਸਿੰਘ, ਡਾ ਪਿਆਰਾ ਲਾਲ ਗਰਗ, ਹਮੀਰ ਸਿੰਘ, ਸੁਮੇਲ ਸਿੰਘ ਆਦਿ ਵਿਦਵਾਨ ਹਾਜ਼ਰੀ ਭਰਨਗੇ।ਖ਼ੂਨਦਾਨ ਕੈਂਪ ਤੇ ਮੁੱਖ ਸਮਾਗਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਾਕਟਰ ਅਮਰਜੀਤ ਸਿੰਘ ਮਾਨ, ਸਤਵੰਤ ਸਿੰਘ ਪੂਨੀਆ, ਪ੍ਰੀਤਮ ਸਿੰਘ ਬੱਡਬਰ ਆਦਿ ਨੇ ਵੀ ਡਾ. ਸਾਹਿਬਾਂ ਦੇ ਵਿਚਾਰਾਂ ਦੀ ਪ੍ਰੋੜਤਾ ਕੀਤੀ ਤੇ ਸਮਾਜ ਦੀ ਵਿਗੜ ਰਹੀ ਦਸ਼ਾ 'ਤੇ ਚਿੰਤਾ ਜ਼ਾਹਰ ਕਰਦਿਆਂ ਪਿੰਗਲਵਾੜਾ ਦੀਆਂ ਪ੍ਰਾਪਤੀਆਂ ਤੇ ਹੋਰ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਸੰਗਤਾਂ ਨੂੰ ਬਰਸੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਕਿਹਾ।ਇਸ ਮੌਕੇ ਮਾਸਟਰ ਸਤਪਾਲ ਸ਼ਰਮਾ, ਜਰਨੈਲ ਸਿੰਘ, ਪ੍ਰਿੰਸੀਪਲ ਸੁਖਦਰਸ਼ਨ ਸਿੰਘ ਢਿੱਲੋਂ, ਗੁਰਸੇਵਕ ਸਿੰਘ, ਨਿੱਕਾ ਸਿੰਘ, ਡਾਕਟਰ ਉਪਾਸਨਾ, ਬੀਰਪਾਲ ਕੌਰ ਤੇ ਮਨਦੀਪ ਕੌਰ ਚੱਠਾ ਆਦਿ ਨੇ ਵਿਸ਼ੇਸ਼ ਸੇਵਾਵਾਂ ਨਿਭਾਈਆਂ।ਹਰਜੀਤ ਸਿੰਘ ਅਰੋੜਾ ਨੇ ਦੱਸਿਆ ਕਿ ਸਮਾਗਮ ਵਿੱਚ ਸ਼ਾਮਲ ਹੋਣ ਲਈ ਪਿੰਗਲਵਾੜਾ ਸ਼ਾਖਾ ਤੋਂ 4 ਅਗਸਤ ਨੂੰ ਸਵੇਰੇ 7 ਵਜੇ ਬੱਸਾਂ ਰਾਹੀਂ ਸੰਗਤਾਂ ਰਵਾਨਾ ਹੋਣਗੀਆਂ, ਜਿਸ ਦਾ ਪ੍ਰਬੰਧ ਹੋ ਰਿਹਾ ਹੈ।ਸਰਪੰਚ ਮੇਜਰ ਸਿੰਘ ਮਸਾਣੀ ਨੇ ਧੰਨਵਾਦ ਕਰਦੇ ਹੋਏ ਸਮਾਗਮ ਵਿੱਚ ਸ਼ਾਮਲ ਹੋਣ ਲਈ ਨਾਮ ਜਲਦੀ ਲਿਖਵਾਉਣ ਲਈ ਕਿਹਾ ਤਾਂ ਜੋ ਬੱਸਾਂ ਦਾ ਪ੍ਰਬੰਧ ਸਮੇਂ ਸਿਰ ਹੋ ਸਕੇ।

# ਮਾਊਂਟ ਲਿਟਰਾ ਜ਼ੀ ਸਕੂਲ 'ਚ ਵਿਦਿਆਰਥੀਆਂ ਦੀ ਮਾਡਲ ਨਿਰਮਾਣ ਪ੍ਰਦਰਸ਼ਨੀ ਦਾ ਆਯੋਜਨ



ਬਾਘਾ ਪੁਰਾਣਾ (ਮਨੀ ਸਿੰਗਲਾ)-ਮਾਊਂਟ ਲਿਟਰਾ ਜ਼ੀ ਸਕੂਲ ਵਿੱਚ 17 ਜੁਲਾਈ ਨੂੰ ਪ੍ਰਭਾਵਸ਼ਾਲੀ ਪ੍ਰਦਰਸ਼ਨੀ ਦਾ ਆਯੋਜਨ ਹੋਇਆ, ਜਿਸ ਵਿੱਚ ਗ਼ਰਮੀ ਦੀਆਂ ਛੁੱਟੀਆਂ ਦੌਰਾਨ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਮਾਡਲਾਂ ਨੂੰ ਪ੍ਰਦਰਸ਼ਤ ਕੀਤਾ ਗਿਆ।ਅਧਿਆਪਕਾਂ ਨੇ ਛੁੱਟੀਆਂ ਦੌਰਾਨ ਬੱਚਿਆਂ ਨੂੰ ਵਿਭਿੰਨ ਵਿਸ਼ਿਆਂ 'ਤੇ ਮਾਡਲ ਬਣਾਉਣ ਦਾ ਹੋਮਵਰਕ ਦਿੱਤਾ ਸੀ, ਜਿਨ੍ਹਾਂ ਵਿੱਚ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਤੇ ਮਿਹਨਤ ਸਾਫ ਝਲਕਦੀ ਸੀ।ਪ੍ਰਦਰਸ਼ਨੀ ਤੋਂ ਪਹਿਲਾਂ ਅਧਿਆਪਕਾਂ ਨੇ ਬੱਚਿਆਂ ਨੂੰ ਉਨ੍ਹਾਂ ਦੇ ਮਾਡਲ ਪ੍ਰਤੀ ਪੂਰੀ ਤਰ੍ਹਾਂ ਜਾਗਰੂਕ ਕਰਾਇਆ।ਪ੍ਰਦਰਸ਼ਨੀ ਦੀ ਸ਼ੁਰੂਆਤ ਸਕੂਲ ਦੇ ਪ੍ਰਿੰਸੀਪਲ ਗੁਰਦੇਵ ਸਿੰਘ ਤੇ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ, ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਮਾਊਂਟ ਲਿਟਰਾ ਜ਼ੀ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਤੇ ਪੰਜਾਬ ਕੋ ਐਜੂਕੇਸ਼ਨ ਦੇ ਕੋਆਰਡੀਨੇਟਰ ਸ੍ਰੀ ਮੁਕੇਸ਼ ਅਰੋੜਾ ਨੇ ਕੀਤੀ। ਵਿਦਿਆਰਥੀਆਂ ਨੇ ਵਿਗਿਆਨ, ਤਕਨਾਲੋਜੀ, ਵਾਤਾਵਰਣ ਅਤੇ ਸੱਭਿਆਚਾਰਕ ਵਿਸ਼ਿਆਂ ਨਾਲ ਸੰਬੰਧਿਤ ਮਾਡਲ ਪੇਸ਼ ਕੀਤੇ, ਜੋ ਖਿੱਚ ਦਾ ਕੇਂਦਰ ਬਣੇ।ਇਸ ਮੌਕੇ ਪੰਜਾਬ ਕੋ ਐਜੂਕੇਸ਼ਨ ਸਕੂਲ ਦੇ ਕੋਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ ਤੇ ਮੈਡਮ ਰਿਚਾ ਨੇ ਜੱਜ ਦੇ ਤੌਰ 'ਤੇ ਸ਼ਿਰਕਤ ਕੀਤੀ।ਪ੍ਰਿੰਸੀਪਲ ਗੁਰਦੇਵ ਸਿੰਘ ਨੇ ਬੱਚਿਆਂ ਦੀ ਸਿਰਜਣਾਤਮਕਤਾ ਦੀ ਬਹੁਤ ਪ੍ਰਸ਼ੰਸਾ ਕੀਤੀ।ਪ੍ਰਿੰਸੀਪਲ ਤੇ ਡਾਇਰੈਕਟਰ ਸ੍ਰੀ ਸੰਦੀਪ ਮਹਿਤਾ ਨੇ ਆਪਣੇ ਸੰਬੋਧਨ ਵਿੱਚ ਬੱਚਿਆਂ ਦੀ ਸਿਰਜਣਾਤਮਕਤਾ ਤੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਆਯੋਜਨ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਮੈਡਮ ਪਰਮਿੰਦਰ ਕੌਰ ਬੱਚਿਆਂ ਦੇ ਮਾਡਲ ਦੇਖ ਕੇ ਬਹੁਤ ਖੁਸ਼ ਹੋਏ।

ਪ੍ਰਦਰਸ਼ਨੀ ਵਿੱਚੋਂ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀ ਛੇਵੀਂ ਜਮਾਤ ਵਿੱਚੋਂ ਪਹਿਲੀ ਪੁਜੀਸ਼ਨ ਕਰਮਜੋਤ ਸਿੰਗਲਾ ਤੇ ਕਾਵਿਆ ਸੋਨੀ ਦੂਜੀ ਪੁਜੀਸ਼ਨ ਵਰਨੀਤ ਕੌਰ ਤੀਜੀ ਪੁਜੀਸ਼ਨ ਮਯੰਕ ਨੇ ਹਾਸਲ ਕੀਤੀ। ਪੰਜਵੀਂ ਜਮਾਤ ਵਿੱਚੋਂ ਪਹਿਲੀ ਪੁਜੀਸ਼ਨ ਸ਼੍ਰੇਆ ਮਹਿਤਾ, ਦਰਸ਼ਪ੍ਰੀਤ ਕੌਰ ਦੂਜੀ, ਅਵਨੀ ਤੀਜੀ ਪੁਜੀਸ਼ਨ ਦਮਨਪ੍ਰੀਤ ਕੌਰ ਨੇ ਹਾਸਲ ਕੀਤੀ।ਚੌਥੀ ਜਮਾਤ ਵਿੱਚੋਂ ਪਹਿਲੀ ਪੁਜੀਸ਼ਨ ਅਬੀਰ ਪ੍ਰਤਾਪ ਸਿੰਘ, ਸ਼ਾਈਨਪ੍ਰੀਤ ਕੌਰ, ਦੀਪਤੀ ਦੂਜੀ ਪੁਜੀਸ਼ਨ ਸਹਿਜਪ੍ਰੀਤ ਸਿੰਘ ਤੀਜੀ ਪੁਜੀਸ਼ਨ ਅਵਨੀਤ ਸਿੰਘ, ਐਸ਼ਵੀਰ ਸਿੰਘ ਨੇ ਹਾਸਲ ਕੀਤੀ।ਤੀਜੀ ਜਮਾਤ ਵਿੱਚੋਂ ਪਹਿਲੀ ਪੁਜੀਸ਼ਨ ਹਰਗੁਣ ਕੌਰ ਦੂਜੀ ਪੁਜੀਸ਼ਨ ਅਨਰੂਪ ਕੌਰ ਬਰਾੜ, ਤੀਜੀ ਪੁਜੀਸ਼ਨ ਸੁਖਰਾਜਪ੍ਰੀਤ ਸਿੰਘ, ਸਹਿਜਪ੍ਰੀਤ ਕੌਰ ਤੇ ਅਮਨੀਤ ਕੌਰ ਸੋਢੀ ਨੇ ਪ੍ਰਾਪਤ ਕੀਤੀ।ਦੂਜੀ ਜਮਾਤ ਵਿੱਚੋਂ ਪਹਿਲੀ ਪੁਜੀਸ਼ਨ ਪਨਵੀ, ਕਾਸ਼ਵੀ ਗੁਪਤਾ ਦੂਜੀ ਪੁਜੀਸ਼ਨ ਮਾਨਿਆ ਵਰਮਾਠ ਤੀਜੀ ਪੁਜੀਸ਼ਨ ਗੁਰਬਾਣੀ ਕੌਰ ਅਤੇ ਅਨੁਕ੍ਰਿਤੀ ਗਰਗ ਨੇ ਹਾਸਿਲ ਕੀਤੀ।ਅੰਤ ਵਿੱਚ ਮਾਊਂਟ ਲਿਟਰਾ ਜ਼ੀ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਪ੍ਰੇਰਤ ਕਰਦੇ ਹੋਏ ਕਿਹਾ ਕਿ ਇਹ ਆਯੋਜਨ ਸਾਰਿਆਂ ਲਈ ਹੀ ਪ੍ਰੇਰਨਾਦਾਇਕ ਅਤੇ ਯਾਦਗਾਰ ਸਾਬਤ ਹੋਏਗਾ।


SBI BRANCH: HLC SANGRUR DISTRICT : SANGRUR (PB) email : sbi.64793@sbi.co.in

**ਰੂਲ (8-1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਸ਼ਾਖਾ ਦਫ਼ਤਰ ਐੱਚ ਐੱਲ ਸੀ ਸੰਗਰੂਰ, ਜ਼ਿਲ੍ਹਾ ਸੰਗਰੂਰ ਪੰਜਾਬ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਅਤੇ ਗਰੰਟਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਹੇਠਾਂ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਸ਼ਾਖਾ ਦਫ਼ਤਰ ਐੱਚ ਐੱਲ ਸੀ ਸੰਗਰੂਰ, ਜ਼ਿਲ੍ਹਾ ਸੰਗਰੂਰ, ਪੰਜਾਬ ਦੇ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਅਚੱਲ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) ਸ੍ਰੀ ਅਵਤਾਰ ਸਿੰਘ ਪੁੱਤਰ ਸ੍ਰੀ ਦਰਸ਼ਨ ਸਿੰਘ, ਵਾਸੀ ਮਕਾਨ ਨੰ. 95, ਪਾਰਟ 1, ਪਿੰਡ ਤੇ ਡਾਕਖਾਨਾ ਆਈ ਐੱਨ ਏ ਬਾਜਵਾ ਸ਼ੇਰਪੁਰ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ (ਪੰਜਾਬ) 148025 | ਜ਼ਮੀਨ ਰਕਬਾ 0ਕੇ-8.1/2 ਐੱਮ 'ਤੇ ਨਿਰਮਤ ਰਿਹਾਇਸ਼ੀ ਮਕਾਨ, ਜਲੂਰ ਰੋਡ, ਪਿੰਡ ਆਈ ਐੱਨ ਏ ਬਾਜਵਾ ਬਲਾਕ ਸ਼ੇਰਪੁਰ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ 148025 ਹੱਦਾਂ :- ਪੂਰਬ : ਭੋਲਾ ਸਿੰਘ ਦਾ ਮਕਾਨ, ਪੱਛਮ : ਸੜਕ, ਉੱਤਰ : ਜਗਤਾਰ ਸਿੰਘ ਦਾ ਮਕਾਨ, ਦੱਖਣ : ਲਾਭ ਕੌਰ ਦਾ ਮਕਾਨ, ਮਾਲੀਆ ਰਿਕਾਰਡ 'ਚ ਇਹ ਜਾਇਦਾਦ ਰਕਬਾ 0ਕੇ-8.1/2 ਐੱਮ ਹੈ-ਜੋ ਕਿ ਕੁਲ ਜ਼ਮੀਨ ਰਕਬਾ 11 ਕੇ-16 ਐੱਮ ਦਾ 17/472 ਹਿੱਸਾ ਹੈ, ਖੇਵਟ ਨੰ. 353, ਖਤੌਨੀ ਨੰ. 484, ਖਸਰਾ ਨੰ. 21/12/3-16, 21/13/8-0, ਪਿੰਡ ਆਈ ਐੱਨ ਏ ਬਾਜਵਾ, ਬਲਾਕ ਸ਼ੇਰਪੁਰ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ 148025, ਜਮ੍ਹਾਂਬੰਦੀ ਸਾਲ 2016-17 ਹੈ। | 07.05.2025 | 17.07.2025 | ਸੰਕੇਤਕ ਕਬਜ਼ਾ / ਰੁ. 2,16,441.00/- (ਦੋ ਲੱਖ ਸੋਲਾਂ ਹਜ਼ਾਰ ਚਾਰ ਸੌ ਇਕਤਾਲੀ ਰੁਪਏ ਕੇਵਲ) 07.05.2025 ਨੂੰ, ਜਮ੍ਹਾਂ ਇਸ ਉਪਰ ਵਿਆਜ ਅਤੇ ਹੋਰ ਚਾਰਜਿਜ਼ ਸਮੇਤ ਅਚਨਚੇਤੀ ਖਰਚੇ, ਲਾਗਤ। |

ਮਿਤੀ : 22.07.2025 ਸਥਾਨ : ਸੰਗਰੂਰ ਅਧਿਕਾਰਤ ਅਫਸਰ



YES BANK ਰਜਿਸਟਰਡ ਅਤੇ ਕਾਰਪੋਰੇਟ ਦਫਤਰ : ਯੈੱਸ ਬੈਂਕ ਹਾਊਸ, ਆਫ ਵੈੱਸਟਰਨ ਐੱਕਸਪ੍ਰੈੱਸ ਹਾਈਵੇ, ਸਾਂਤਾਕਰੂਜ਼ (ਈਸਟ), ਮੁੰਬਈ-400055 ਭਾਰਤ www.yesbank.in Email : comminications@yesbank.in CIN: L65190MH2003PLC143249

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ/ਕਰਜ਼ਦਾਰਾਂ, ਗਰੰਟਰ/(ਗਰੰਟਰਾਂ)/ਗਿਰਵੀਕਾਰ (ਗਿਰਵੀਕਾਰਾਂ), ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ, ਜੋ ਬਿਨਾਂ ਤਾਮੀਲ ਵਾਪਸ ਆ ਗਏ, ਅਜਿਹੇ 'ਚ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਜਾਣਕਾਰੀ ਦਿੱਤੀ ਗਈ ਹੈ।

| ਕਰਜ਼ਦਾਰਾਂ, ਸਹਿ-ਕਰਜ਼ਦਾਰਾਂ/ਰਹਿਣਕਾਰਾਂ ਦਾ ਨਾਂਅ ਖਾਤਾ ਨੰ. | ਸਕਿਉਰਡ ਐੱਸਟ ਦੇ ਵੇਰਵੇ | ਐੱਨ ਪੀ ਏ ਦੀ ਮਿਤੀ / ਨੋਟਿਸ ਮਿਤੀ / 13 (2) ਨੋਟਿਸ ਅਨੁਸਾਰ ਬਕਾਇਆ |
|---|---|---|
| 1. ਬਾਂਸਲ ਟੈਕਸਫੈਬ ਪ੍ਰਾਈਵੇਟ ਲਿਮਿਟਿਡ ਰਾਹੀਂ ਇਸ ਦੇ ਡਾਇਰੈਕਟਰਾਂ ("ਕਰਜ਼ਦਾਰ") ਪਤਾ : ਪਲਾਟ ਨੰ. 02, ਭਗਤ ਐਕਸਪੋਰਟ, ਪਿੰਡ ਭੱਟੀਆਂ, ਜ਼ਿਲ੍ਹਾ ਲੁਧਿਆਣਾ, ਪੰਜਾਬ-141008 2. ਸ੍ਰੀਮਤੀ ਇਸ਼ਿਤਾ ਬਾਂਸਲ ਪਤਨੀ ਸ੍ਰੀ ਲਵੀਸ਼ ਬਾਂਸਲ ("ਸਹਿ-ਕਰਜ਼ਦਾਰ ਤੇ ਗਰੰਟਰ") ਪਤਾ : ਮਕਾਨ ਨੰ. 5 ਏ, ਬੜੇਵਾਲ ਰੋਡ, ਮਧੂਬਨ ਇਨਕਲੇਵ ਜ਼ਿਲ੍ਹਾ ਲੁਧਿਆਣਾ, ਪੰਜਾਬ-141001 3. ਸ੍ਰੀ ਅਨਿਲ ਬਾਂਸਲ ਪੁੱਤਰ ਜਗਦੀਸ਼ ਪ੍ਰਸਾਦ ("ਸਹਿ-ਕਰਜ਼ਦਾਰ, ਰਹਿਣਕਾਰ ਤੇ ਗਰੰਟਰ"), ਪਤਾ : ਮਕਾਨ ਨੰ. 5 ਏ, ਬੜੇਵਾਲ ਰੋਡ, ਮਧੂਬਨ ਇਨਕਲੇਵ ਜ਼ਿਲ੍ਹਾ ਲੁਧਿਆਣਾ, ਪੰਜਾਬ-141001 4. ਸ੍ਰੀਮਤੀ ਸੁਰੇਸ਼ ਰਾਣੀ ਪਤਨੀ ਸ੍ਰੀ ਅਨਿਲ ਬਾਂਸਲ ("ਸਹਿ-ਕਰਜ਼ਦਾਰ, ਰਹਿਣਕਾਰ ਤੇ ਗਰੰਟਰ") ਪਤਾ : ਮਕਾਨ ਨੰ. 5 ਏ, ਬੜੇਵਾਲ ਰੋਡ, ਮਧੂਬਨ ਇਨਕਲੇਵ ਜ਼ਿਲ੍ਹਾ ਲੁਧਿਆਣਾ, ਪੰਜਾਬ-141001 5 ਸ੍ਰੀ ਲਵੀਸ਼ ਬਾਂਸਲ ਪੁੱਤਰ ਸ੍ਰੀ ਅਨਿਲ ਬਾਂਸਲ ("ਸਹਿ-ਕਰਜ਼ਦਾਰ ਅਤੇ ਗਰੰਟਰ) ਪਤਾ : ਮਕਾਨ ਨੰ. 5 ਏ, ਬੜੇਵਾਲ ਰੋਡ, ਮਧੂਬਨ ਇਨਕਲੇਵ ਜ਼ਿਲ੍ਹਾ ਲੁਧਿਆਣਾ, ਪੰਜਾਬ-141001 ਕਰਜ਼ੇ ਦੀ ਕਿਸਮ, ਓਵਰਡ੍ਰਾਫਟ ਸਹੂਲਤ, ਟਰਮ ਲੋਨ ਸਹੂਲਤ ਅਤੇ ਵਰਕਿੰਗ ਕੈਪੀਟਲ ਟਰਮ ਲੋਨ (ਈ ਸੀ ਐੱਲ ਜੀ ਐੱਸ) ਸਹੂਲਤ। ਖਾਤਾ ਨੰ. 000238460003851 (ਓ ਡੀ) ਅਤੇ 023 ਐੱਲ ਏ 40223200001 (ਈ ਸੀ ਐੱਲ ਜੀ ਐੱਸ) | ਬੈਨਾਮਾ ਨੰ. 9670 ਅਤੇ 9676 ਮਿਤੀ 18.11.2020 ਅਨੁਸਾਰ ਗੈਰ ਖੇਤੀਬਾੜੀ ਵਾਲੀ ਜਾਇਦਾਦ, ਪਲਾਟ ਰਕਬਾ 429 ਵਰਗ ਗਜ਼, ਮਧੂਬਨ ਇਨਕਲੇਵ ਲੁਧਿਆਣਾ, ਖੱਤਾ ਨੰ. 1666/2056, ਖਸਰਾ ਨੰ. 907/11, ਜਮ੍ਹਾਂਬੰਦੀ ਸਾਲ 2006-07, ਪਿੰਡ ਬੜੇਵਾਲ ਅਵਾਣਾ, ਹੱਦਬਸਤ ਨੰ. 157, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗੁਆਂਢ 40'0" ਤੱਕ, ਪੱਛਮ : ਸੜਕ 40'0", ਉੱਤਰ : ਸ੍ਰੀਮਤੀ ਕਪੂਰ ਅਤੇ ਸ੍ਰੀਮਤੀ ਹਾਂਡਾ 96'6" ਤੱਕ, ਦੱਖਣ ਡੀ ਐੱਸ ਪੀ ਸੂਰੀ ਸਾਹਿਬ 96'6" ਤੱਕ ਅਨਿਲ ਬਾਂਸਲ ਅਤੇ ਸੁਰੇਸ਼ ਰਾਣੀ ਦੀ ਮਾਲਕੀ | 11 ਮਈ 2025 / 16 ਜੁਲਾਈ 2025 / ਆਈ ਐੱਨ ਆਰ 2,46,87,215.00 (ਦੋ ਕਰੋੜ ਛਿਆਲੀ ਲੱਖ ਸਤਾਸੀ ਹਜ਼ਾਰ ਦੋ ਸੌ ਪੰਦਰਾਂ ਰੁਪਏ ਕੇਵਲ) 10 ਜੁਲਾਈ 2025 ਨੂੰ |

ਉਪਰੋਕਤ ਕਰਜ਼ਦਾਰ ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 23.07.2025, ਸਥਾਨ : ਪੰਜਾਬ ਸਹੀ/- (ਅਧਿਕਾਰਤ ਅਫਸਰ) ਯੈੱਸ ਬੈਂਕ ਲਿਮਟਿਡ

## Lost and Found

I, Harpreet S/o Lakhbir Kumar R/o Village Rawal Gadarian PO Khojepur Tehsil Dinanagar Distt Gurdaspur have lost my 10th class ICSE Certificates (DMC, TC, Migration, Character Certificate). If anybody found please return on above said address.

ਮੈਂ ਬਲਦੇਵ ਸਿੰਘ ਪੁੱਤਰ ਭਗਵਾਨ ਸਿੰਘ ਵਾਸੀ ਜੇਲ੍ਹ ਰੋਡ, ਮੀਰਪੁਰ ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰੀ ਇੱਕ ਰਜਿਸਟਰੀ ਜੋ ਅਸੀਂ ਰੋਹਿਤ ਪੁਰੀ ਪੁੱਤਰ ਪਰੇਮ ਗੋਪਾਲ ਵਾਸੀ ਪਿੰਡ ਪਠਾਨਕੋਟ ਪਾਸੋਂ ਰਕਬਾ (0-5) ਖਰੀਦ ਕੀਤੀ ਸੀ ਜਿਸ ਦੀ ਅਸਲ ਰਜਿਸਟਰੀ ਗੁੰਮ ਹੋ ਚੁੱਕੀ ਹੈ । ਉਕਤ ਰਕਬੇ ਦਾ ਮਾਲਕ ਮੈਂ ਹਾਂ । ਇਹ ਕਿ ਪੁਰਾਣੀ ਰਜਿਸਟਰੀ ਦਾ ਹਵਾਲਾ ਇਸ ਪ੍ਰਕਾਰ ਨਿਰਮਲ ਕੁਮਾਰ ਪਤਨੀ ਕ੍ਰਿਸ਼ਨ ਨਿਵਾਸ ਪੁੱਤਰ ਸੰਤ ਰਾਮ ਜੋ ਕਿ ਬਾਹੱਕ ਸਤਵੀਰ ਸਿੰਘ ਪੁੱਤਰ ਗੁਰਬਾਜ ਸਿੰਘ ਪੁੱਤਰ ਸੂਬਾ ਸਿੰਘ ਜਿਸ ਦਾ ਖਸਰਾ ਨੰਬਰ 15 ਆਰ ਦਾ 27(11-7), ਵਾ 15 ਆਰ ਦਾ 28 (1-0), ਕਿੱਤੇ 2 ਰਕਬਾ (12-7), ਦਾ 5/247 ਹਿੱਸਾ ਜਿਸ ਦੀ ਅਸਲ ਰਜਿਸਟਰੀ ਸਾਡੇ ਪਾਸੋਂ ਗੁੰਮ ਹੋ ਚੁੱਕੀ ਹੈ । ਕਿਸੇ ਨੂੰ ਮਿਲੇ ਤਾਂ ਉਕਤ ਪਤੇ ਤੇ ਸੂਚਿਤ ਕਰੇ ।

## ਅਦਾਲਤੀ ਇਸ਼ਤਿਹਾਰ

ਅਦਾਲਤ ਮਿਸ ਸ਼ਾਨੂੰ ਸੈਨੀ ਨਾਇਬ ਤਹਿਸੀਲਦਾਰ ਕਮ-ਸਬ-ਰਜਿਸਟਰਾਰ, ਜਲਾਲਾਬਾਦ।

ਵਿਸ਼ਾ : ਅਣ-ਰਜਿਸਟਰਡ ਵਸੀਅਤ ਵੱਲੋਂ ਭਗਵਾਨ ਸਿੰਘ ਪੁੱਤਰ ਬੱਗੂ ਸਿੰਘ ਪੁੱਤਰ ਪਠਾਣਾ ਸਿੰਘ ਵਾਸੀ ਰੁਕਨਾ ਕਾਸਮਠ ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਜ਼ੇਰ ਧਾਰਾ 40-41 ਰਜਿਸਟ੍ਰੇਸ਼ਨ ਐਕਟ ਅਧੀਨ ਰਜਿਸਟਰਡ ਕਰਨ ਸਬੰਧੀ।

ਨੋਟਿਸ ਬਨਾਮ ਜਨਰਲ ਪਬਲਿਕ

ਹਰ ਆਮ ਵਾ ਖਾਸ ਨੂੰ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀਮਤੀ ਮਨਜੀਤ ਕੌਰ ਵਿਧਵਾ ਭਗਵਾਨ ਸਿੰਘ ਪੁੱਤਰ ਸ੍ਰੀ ਬੱਗੂ ਸਿੰਘ ਵਾਸੀ ਰੁਕਨਾ ਕਾਸਮ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਨੇ ਇੱਕ ਅਣ-ਰਜਿਸਟਰਡ ਵਸੀਅਤ ਉਸ ਦੇ ਸ੍ਰੀ ਭਗਵਾਨ ਸਿੰਘ ਪੁੱਤਰ ਬੱਗੂ ਸਿੰਘ ਪੁੱਤਰ ਪਠਾਣਾ ਸਿੰਘ ਵਾਸੀ ਰੁਕਨਾ ਕਾਸਮ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਬਹੱਕ ਮੇਰੇ ਯਾਨੀ ਮਨਜੀਤ ਕੌਰ ਦੇ ਹੱਕ ਵਿੱਚ ਮਿਤੀ: 05/03/2024 ਦੀ ਲਿਖੀ ਹੋਈ ਅਣ-ਰਜਿਸਟਰਡ ਵਸੀਅਤ ਭਾਰਤੀ ਸਟੈਂਪ ਐਕਟ ਦੀ ਧਾਰਾ 40-41 ਅਧੀਨ ਰਜਿਸਟਰਡ ਕਰਨ ਲਈ ਪੇਸ਼ ਕੀਤੀ ਹੈ। ਭਗਵਾਨ ਸਿੰਘ ਦੀ ਮੌਤ ਮਿਤੀ 06/02/2025 ਨੂੰ ਹੋ ਚੁੱਕੀ ਹੈ। ਅਗਰ ਇਸ ਵਸੀਅਤ ਦੇ ਰਜਿਸਟਰਡ ਕਰਨ ਵਿੱਚ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਅਸਾਲਤਨ / ਵਕਾਲਤਨ ਜਾਂ ਡਾਕ ਰਾਹੀਂ ਇਸ ਅਦਾਲਤ ਵਿੱਚ ਇਸ਼ਤਿਹਾਰ ਛਪਣ ਤੋਂ 15 ਦਿਨ ਦੇ ਅੰਦਰ -ਅੰਦਰ ਆਪਣਾ ਉਜ਼ਰ ਪੇਸ਼ ਕਰ ਸਕਦਾ ਹੈ।ਜੇਕਰ ਨਿਸ਼ਚਿਤ ਸਮੇਂ ਤੱਕ ਕੋਈ ਉਜ਼ਰ ਪੇਸ਼ ਨਾ ਹੋਇਆ ਤਾਂ ਇਹ ਵਸੀਅਤ ਭਾਰਤੀ ਰਜਿਸਟ੍ਰੇਸ਼ਨ ਐਕਟ ਦੀ ਧਾਰਾ 40-41 ਅਧੀਨ ਰਜਿਸਟਰਡ ਕਰਨ ਲਈ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਨੋਟਿਸ ਅੱਜ ਮਿਤੀ 22-7-2025 ਨੂੰ ਦਫਤਰ ਮੋਹਰ ਅਤੇ ਮੇਰੇ ਦਸਤਖਤਾਂ ਹੇਠ ਜਾਰੀ ਕੀਤਾ ਗਿਆ ।

ਸਹੀ/-ਤਹਿਸੀਲਦਾਰ-ਕਮ-ਸਬ-ਰਜਿਸਟਰਾਰ, ਜਲਾਲਾਬਾਦ

ਪਿੱਠ ਅੰਕਣ ਨੰਬਰ 159/ਆਰ. ਸੀ ਮਿਤੀ : 22.07.2025

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਗੜ੍ਹਦੀਵਾਲਾ ਜ਼ਿਲ੍ਹਾ ਹੁਸ਼ਿਆਰਪੁਰ।
naib.gardiwala@gmail.com

ਵਿਸ਼ਾ - ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ।

ਨੋਟਿਸ ਬਨਾਮ ਜਨਰਲ ਪਬਲਿਕ ਰਾਹੀਂ ਅਖਬਾਰ ਹੁਕਮ

ਪ੍ਰਾਰਥੀ ਸ੍ਰੀ ਤਰਨਜੀਤ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਪਿੰਡ ਮਿਰਜ਼ਾਪੁਰ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਨੇ ਲਿਖਿਆ ਹੈ ਕਿ ਮਾਲ ਰਿਕਾਰਡ ਵਾਕਿਆ ਰਕਬਾ ਮਿਰਜ਼ਾਪੁਰ/17 ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਉਸ ਦਾ ਨਾਂਅ ਅਮਨਪ੍ਰੀਤ ਸਿੰਘ ਪੁੱਤਰ ਗੁਰਦੀਪ ਸਿੰਘ ਪੁੱਤਰ ਲਸ਼ਮਣ ਸਿੰਘ ਗਲਤ ਚੱਲਿਆ ਆ ਰਿਹਾ ਹੈ, ਜਦਕਿ ਉਸ ਦਾ ਨਾਂਅ ਅਮਨਪ੍ਰੀਤ ਸਿੰਘ ਉਰਫ ਤਰਨਜੀਤ ਸਿੰਘ ਪੁੱਤਰ ਗੁਰਦੀਪ ਸਿੰਘ ਪੁੱਤਰ ਲਸ਼ਮਣ ਸਿੰਘ ਅਸਲ ਹੈ। ਪ੍ਰਾਰਥੀ ਨੇ ਇਸ ਨਾਂਅ ਦੀ ਦਰੁਸਤੀ ਲਈ ਦਰਖਾਸਤ ਪੇਸ਼ ਕੀਤੀ ਹੈ। ਪ੍ਰਾਰਥੀ ਵੱਲੋਂ ਦਰਖਾਸਤ ਨਾਲ ਆਪਣੇ ਆਧਾਰ ਕਾਰਡ, ਅੰਗਹੀਣ ਦਾ ਆਈ ਕਾਰਡ, ਪੈਨ ਕਾਰਡ, ਪਾਸਪੋਰਟ, ਵੋਟਰ ਕਾਰਡ ਦੀਆਂ ਫੋਟੋ ਕਾਪੀਆਂ ਸਬੂਤ ਵਜੋਂ ਪੇਸ਼ ਕੀਤੀਆਂ ਹਨ, ਇਸ ਤੋਂ ਇਲਾਵਾ ਦੋ ਅਖਬਾਰਾਂ ਨਵਾਂ ਜ਼ਮਾਨਾ (ਮਿਤੀ 04.06.2025) ਅਤੇ ਪੰਜਾਬ ਐਕਸਪ੍ਰੈੱਸ (ਮਿਤੀ 04.06.2025) ਦੀ ਅਖਬਾਰ ਦੀ ਕਟਿੰਗ ਪੇਸ਼ ਕੀਤੀ ਹੈ। ਇਸ ਨਾਂਅ ਦੀ ਸੋਧ ਦੇ ਸੰਬੰਧ ਵਿੱਚ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਮੇਰੇ ਦਫਤਰ/ਅਦਾਲਤ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ਼ ਨੋਟਿਸ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਇਤਰਾਜ਼ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਨਾਂਅ ਦੀ ਸੋਧ ਕਰ ਦਿੱਤੀ ਜਾਵੇਗੀ।

ਅੱਜ ਮਿਤੀ 16.7.2025 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਦੇ ਨਾਲ ਜਾਰੀ ਹੋਇਆ।

ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਗੜ੍ਹਦੀਵਾਲਾ

No. 202/Reader 16/7/25

## PUBLIC NOTICE

This is to inform and seek objection, if any, from the general public that our client Sh. Narinder Kumar son of Joginder Lal is purchasing property House No. 12, Wakia rakba Sultanwind suburban taraf bheniwal patti balol, Amritsar from Smt. Savita wife of Narinder Kumar. HDFC Bank Limited, Ranjit Avenue, Amritsar has sanctioned a loan for the purchase of the same. The original transfer deed of Savita wife of Narinder Kumar executed by Gyan Devi, was registered on 04/01/2018 as Doc. No. 8104, Behi No. 1, Jild No. 14969, page 9899. The said copy has been lost and is not available with the sellers.

That in case any person has any claim, right, title, or interest in the above said property in any manner whatsoever by way of sale, gift, lease, inheritance, exchange, mortgage, charge, lien, trust, position, easement, attachment, or otherwise whatsoever, they shall bring the same to the notice of the undersigned in writing with supporting documents/evidence within a period of 15 days from the date of this notice. Failing which, such claim, if any, shall be considered to be waived, abandoned, and it shall be presumed that no person has any claim or any nature with respect to the above said land, and any subsequent claim shall not bind our client or their successors/nominee/assignee in any manner whatsoever.

**Vivek Vermani (Advocate)**
69, Green Avenue, Amritsar (M) 9814080528

AXIS BANK **Axis Bank Ltd.,** Retail Asset Centre, Sco- 390, IInd Floor, Sector - 20, Panchkula, 134117
**Registered Office:** 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

### ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮਟਿਡ, ਰਿਟੇਲ ਐਸੇਟ ਸੈਂਟਰ, ਐੱਸ ਸੀ ਓ 367-368, ਤੀਜੀ ਮੰਜ਼ਲ, ਸੈਕਟਰ 34-ਏ, ਚੰਡੀਗੜ੍ਹ-160022 ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 22 ਜਨਵਰੀ 2024 ਨੂੰ ਡਿਮਾਂਡ ਨੋਟਿਸ ਜਾਰੀ ਕਰਦਿਆਂ ਮੈਸ: ਸੀ ਕੇ ਇੰਟਰਪ੍ਰਾਈਜਜ਼ ਰਾਹੀਂ ਇਸ ਦੇ ਪ੍ਰੋਪਰਾਈਟਰ ਸ੍ਰੀ ਚੰਚਲ ਕੁਮਾਰ 920030070112858 ਨੂੰ 29 ਜਨਵਰੀ 2023 ਨੂੰ ਨੋਟਿਸ 'ਚ ਦਰਸਾਈ ਬਕਾਇਆ ਰਕਮ ਰੁਪਏ 56,98,046/- (ਛਪੰਜਾ ਲੱਖ ਅਠਾਨਵੇਂ ਹਜ਼ਾਰ ਛਿਆਲੀ ਰੁਪਏ ਕੇਵਲ), ਰਕਮ ਦੀ ਅਦਾਇਗੀ ਦੀ ਮਿਤੀ ਤੱਕ, ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ। ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਿਹਾ ਹੈ। ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 16 ਜੁਲਾਈ 2025 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ, ਰਿਟੇਲ ਐਸੇਟ ਸੈਂਟਰ, ਐੱਸ ਸੀ ਓ 390, ਦੂਜੀ ਮੰਜ਼ਲ, ਸੈਕਟਰ-20, ਪੰਚਕੂਲਾ 134117 ਦੀ 29 ਜਨਵਰੀ 2023 ਨੂੰ ਬਕਾਇਆ ਰਕਮ ਰੁਪਏ 56,98,046/- (ਛਪੰਜਾ ਲੱਖ ਅਠਾਨਵੇਂ ਹਜ਼ਾਰ ਛਿਆਲੀ ਰੁਪਏ ਕੇਵਲ) ਦੀ ਵਸੂਲੀ ਹੇਠ ਹੋਵੇਗੀ। ਤੁਸੀਂ 29 ਜਨਵਰੀ 2023 ਤੋਂ ਭਵਿੱਖੀ ਵਿਆਜ ਅਤੇ ਇਸ ਉਪਰ ਹੋਰ ਚਾਰਜਿਜ਼/ਖਰਚੇ ਦੇਣ ਲਈ ਜਵਾਬਦੇਹ ਹੋਵੋਗੇ।

ਉਪਲੱਬਧ ਸਮੇਂ 'ਚ ਸਕਿਉਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

ਰਜਿਸਟਰਡ ਬੈਨਾਮਾ ਦਸਤਾਵੇਜ਼ ਨੰ. 2020-21/77/1/897 ਮਿਤੀ 29.07.2020 ਅਨੁਸਾਰ ਚੰਚਲ ਕੁਮਾਰ ਪੁੱਤਰ ਗੋਪਾਲ ਦਾਸ ਦੇ ਨਾਂਅ 'ਤੇ ਰਿਹਾਇਸ਼ੀ ਜਾਇਦਾਦ ਡਿਫੈਂਸ ਕਾਲੋਨੀ ਅਲੋਹਰਾਂ, ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ, ਜਮ੍ਹਾਂਬੰਦੀ ਸਾਲ 2015-16 ਖੇਵਟ ਨੰ. 526/541, ਖਤੌਨੀ ਨੰ. 618, ਖਸਰਾ ਨੰ. 545 (6-2), 556 (4-3), 535/1/3 (3-3), 535/2/1 (0-1), 543/1/3 (0-9), 543 /2/2 (0-5), 544/2 (8-18), 546/1/3 (2-19), 546/2/2 (0-13), 555/1 (0-15), 555/2 (4-18), 555/3/3 (0-6), 557/1 (6-8) ਕਿੱਤੇ 13 ਕੁੱਲ ਖੇਤਰ ਰਕਬਾ 39 ਬੀ-6 ਬਿਸਵੇ ਵਿੱਚੋਂ 4/786 ਹਿੱਸਾ ਰਕਬਾ 0 ਬੀ-4 ਬਿਸਵਾ ਹੈ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਪਰਮਜੀਤ ਸਿੰਘ ਬਾਹੀ 75', ਪੱਛਮ : ਸੁਨੀਲ ਅਹੂਜਾ ਬਾਹੀ 75', ਉੱਤਰ : ਗਲੀ ਬਾਹੀ 23'-2'', ਦੱਖਣ : ਸੰਜੀਵ ਜਿੰਦਲ ਬਾਹੀ 23'-2''

ਮਿਤੀ : 16.07.2025
ਸਥਾਨ : ਨਾਭਾ

ਅਧਿਕਾਰਤ ਅਫਸਰ
ਐਕਸਿਸ ਬੈਂਕ ਲਿਮਟਿਡ

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀਮਤੀ ਸੁਖਵਿੰਦਰ ਕੌਰ ਪਤਨੀ ਜਸਵੀਰ ਸਿੰਘ ਵਾਸੀ ਬਾਬਾ ਦੀਪ ਸਿੰਘ ਨਗਰ ਢੁੱਡੀਆਂਵਾਲਾ, ਭੁਲਾਨਾ, ਕਪੂਰਥਲਾ, ਪੰਜਾਬ-144620 (2) ਸ੍ਰੀ ਜਸਵੀਰ ਸਿੰਘ ਪੁੱਤਰ ਜੀਤ ਸਿੰਘ ਵਾਸੀ ਮਕਾਨ ਨੰ. 261, ਬਾਬਾ ਦੀਪ ਸਿੰਘ ਨਗਰ, ਢੁੱਡੀਆਂਵਾਲਾ, ਭੁਲਾਨਾ, ਕਪੂਰਥਲਾ, ਪੰਜਾਬ-144620 (ਸਵਰਗੀ) ਰਾਹੀਂ ਇਸ ਦੇ ਕਾਨੂੰਨੀ ਵਾਰਸਾਂ (ਏ) ਸੁਖਮਨਪ੍ਰੀਤ ਸਿੰਘ ਪੁੱਤਰ ਜਸਵੀਰ ਸਿੰਘ ਵਾਸੀ ਬਾਬਾ ਦੀਪ ਸਿੰਘ ਨਗਰ, ਢੁੱਡੀਆਂਵਾਲਾ, ਭੁਲਾਨਾ, ਕਪੂਰਥਲਾ ਪੰਜਾਬ-144620 (ਬੀ) ਲਵਪ੍ਰੀਤ ਸਿੰਘ ਪੁੱਤਰ ਜਸਵੀਰ ਸਿੰਘ ਵਾਸੀ ਬਾਬਾ ਦੀਪ ਸਿੰਘ ਨਗਰ, ਢੁੱਡੀਆਂਵਾਲਾ, ਜ਼ਿਲ੍ਹਾ ਕਪੂਰਥਲਾ, ਪੰਜਾਬ-144620 (ਸੀ) ਸੁਖਵਿੰਦਰ ਕੌਰ ਪਤਨੀ ਜਸਵੀਰ ਸਿੰਘ ਵਾਸੀ ਬਾਬਾ ਦੀਪ ਸਿੰਘ ਨਗਰ, ਢੁੱਡੀਆਂਵਾਲਾ, ਜ਼ਿਲ੍ਹਾ ਕਪੂਰਥਲਾ, ਪੰਜਾਬ-144620 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਮਨਜੀਤ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਮਕਾਨ ਨੰ. 53, ਗਲੀ ਨੰ. 1-ਏ, ਬਾਬਾ ਦੀਪ ਸਿੰਘ ਨਗਰ, ਢੁੱਡੀਆਂਵਾਲਾ, ਰੇਲ ਕੋਚ ਫੈਕਟਰੀ, ਕਪੂਰਥਲਾ, ਪੰਜਾਬ-144602 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਐੱਚ ਐੱਲ/049611000031 'ਚ ਰੁਪਏ 25, 32,440.10 ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ 'ਚ ਮੋੜਨ ਲਈ ਮਿਤੀ 27-02-2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੀ ਐੱਚ ਐੱਲ/049611000031 'ਚ ਬਕਾਇਆ ਰਕਮ ਰੁਪਏ 25,32,440.10 ਸਮੇਤ 01.02.2025 ਤੋਂ ਭਵਿੱਖੀ ਵਿਆਜ ਦੇ ਵਸੂਲ ਕੀਤੀ ਜਾਵੇਗੀ।

### ਅਚੱਲ ਜਾਇਦਾਦ ਦਾ ਵੇਰਵਾ

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2020-21/30/1/1470 ਮਿਤੀ 12.10.2020 ਅਨੁਸਾਰ ਸ੍ਰੀਮਤੀ ਸੁਖਵਿੰਦਰ ਕੌਰ ਪਤਨੀ ਜਸਵੀਰ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 5 ਮਰਲੇ (151.25 ਵਰਗ ਗਜ਼), ਲੋਧੀ ਭੁਲਾਨਾ, ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁਝ।

ਮਿਤੀ : 22-07-2025 (ਅਧਿਕਾਰਤ ਅਫਸਰ)

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਦੋਂਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 31.05.2024 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ (1) ਮੈਸ : ਗਹਿਰੀ ਮੰਡੀ ਬ੍ਰਿਕਸ ਉਦਯੋਗ ਸੰਮਤੀ ਪਿੰਡ ਠੱਠੀਆਂ ਬਾਬਾ ਬਕਾਲਾ, ਅੰਮ੍ਰਿਤਸਰ ਰਾਹੀਂ ਇਸ ਦੇ ਭਾਈਵਾਲ ਸ੍ਰੀ ਬਲਵਿੰਦਰ ਸਿੰਘ ਪੁੱਤਰ ਟਹਿਲ ਸਿੰਘ, ਵਾਸੀ 371, ਚੜ੍ਹਦੀ ਪੱਤੀ, ਨੇੜੇ ਗੁਰਦੁਆਰਾ, ਗਹਿਰੀ, ਅੰਮ੍ਰਿਤਸਰ, ਜੰਡਿਆਲਾ, ਆਰ ਐੱਸ ਪੰਜਾਬ-143149 (ਸਵਰਗੀ) ਰਾਹੀਂ ਇਸ ਦੇ ਕਾਨੂੰਨੀ ਵਾਰਸਾਂ (ਏ) ਜਸਬੀਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ 371, ਚੜ੍ਹਦੀ ਪੱਤੀ, ਨੇੜੇ ਗੁਰਦੁਆਰਾ, ਗਹਿਰੀ, ਅੰਮ੍ਰਿਤਸਰ, ਜੰਡਿਆਲਾ, ਆਰ ਐੱਸ ਪੰਜਾਬ-143149 (ਬੀ) ਗੁਰਵਿੰਦਰ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ 371, ਚੜ੍ਹਦੀ ਪੱਤੀ, ਨੇੜੇ ਗੁਰਦੁਆਰਾ, ਗਹਿਰੀ, ਅੰਮ੍ਰਿਤਸਰ, ਜੰਡਿਆਲਾ, ਆਰ ਐੱਸ ਪੰਜਾਬ-143149 (ਸੀ) ਪਰਮਪਾਲ ਸਿੰਘ ਪੁੱਤਰ ਬਲਵਿੰਦਰ ਸਿੰਘ, ਵਾਸੀ 371, ਚੜ੍ਹਦੀ ਪੱਤੀ, ਨੇੜੇ ਗੁਰਦੁਆਰਾ, ਗਹਿਰੀ, ਅੰਮ੍ਰਿਤਸਰ, ਜੰਡਿਆਲਾ, ਆਰ ਐੱਸ ਪੰਜਾਬ-143149 (2) ਸ੍ਰੀ ਕੁਲਵਿੰਦਰ ਸਿੰਘ ਪੁੱਤਰ ਸਰਬਜੀਤ ਸਿੰਘ, ਵਾਸੀ ਰੇਲਵੇ ਫਾਟਕ ਰੋਡ, ਚੜ੍ਹਦੀ ਪੱਤੀ, ਗਹਿਰੀ ਮੰਡੀ, ਗਹਿਰੀ, ਅੰਮ੍ਰਿਤਸਰ, ਜੰਡਿਆਲਾ ਆਰ ਐੱਸ ਪੰਜਾਬ 143149 (ਸਵਰਗੀ) ਰਾਹੀਂ ਇਸ ਦੇ ਕਾਨੂੰਨੀ ਵਾਰਸਾਂ (ਏ) ਸ੍ਰੀਮਤੀ ਰੂਪਕਵਲ ਕੌਰ ਪਤਨੀ ਸ੍ਰੀ ਕੁਲਵਿੰਦਰ ਸਿੰਘ, ਵਾਸੀ ਰੇਲਵੇ ਫਾਟਕ ਰੋਡ, ਚੜ੍ਹਦੀ ਪੱਤੀ, ਗਹਿਰੀ ਮੰਡੀ, ਗਹਿਰੀ, ਅੰਮ੍ਰਿਤਸਰ, ਜੰਡਿਆਲਾ ਆਰ ਐੱਸ ਪੰਜਾਬ 143149 (ਬੀ) ਏਕਮਪ੍ਰੀਤ ਕੌਰ ਪੁੱਤਰੀ ਸ੍ਰੀ ਕੁਲਵਿੰਦਰ ਸਿੰਘ ਵਾਸੀ ਰੇਲਵੇ ਫਾਟਕ ਰੋਡ, ਚੜ੍ਹਦੀ ਪੱਤੀ, ਗਹਿਰੀ ਮੰਡੀ, ਗਹਿਰੀ, ਅੰਮ੍ਰਿਤਸਰ, ਜੰਡਿਆਲਾ ਆਰ ਐੱਸ ਪੰਜਾਬ 143149 (ਸੀ) ਗੁਰਸੀਰਤ ਕੌਰ ਪੁੱਤਰੀ ਸ੍ਰੀ ਕੁਲਵਿੰਦਰ ਸਿੰਘ, ਵਾਸੀ ਰੇਲਵੇ ਫਾਟਕ ਰੋਡ, ਚੜ੍ਹਦੀ ਪੱਤੀ, ਗਹਿਰੀ ਮੰਡੀ, ਗਹਿਰੀ, ਅੰਮ੍ਰਿਤਸਰ, ਜੰਡਿਆਲਾ ਆਰ ਐੱਸ ਪੰਜਾਬ 143149 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਕੁਲਵੰਤ ਸਿੰਘ ਪੁੱਤਰ ਟਹਿਲ ਸਿੰਘ, ਵਾਸੀ 371, ਫਾਟਕ ਰੋਡ, ਚੜ੍ਹਦੀ ਪੱਤੀ, ਗਹਿਰੀ, ਅੰਮ੍ਰਿਤਸਰ, ਜੰਡਿਆਲਾ ਆਰ ਐੱਸ ਪੰਜਾਬ 143149 (4) ਰਜਵਿੰਦਰ ਕੌਰ ਪਤਨੀ ਬੁੱਧ ਸਿੰਘ, ਵਾਸੀ 279, ਚੜ੍ਹਦੀ ਪੱਤੀ, ਫਾਟਕ ਰੋਡ, ਸਾਹਮਣੇ ਗੁਰਦੁਆਰਾ ਸਾਹਿਬ, ਗਹਿਰੀ, ਅੰਮ੍ਰਿਤਸਰ, ਜੰਡਿਆਲਾ ਆਰ ਐੱਸ ਪੰਜਾਬ 143149 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ 'ਚ ਦਰਸਾਈ ਮਿਤੀ 'ਤੇ ਓ ਡੀ/045400000007 'ਚ ਰੁ. 19,30,753.40 ਅਤੇ ਡਬਲਯੂ ਸੀ ਟੀ ਐੱਲ- ਈ ਸੀ ਐੱਲ ਜੀ ਐੱਸ/045612000008 'ਚ ਰੁ. 1,42,214.78 ਨਿਕਲਦੀ ਬਕਾਇਆ ਰਕਮ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਓ ਡੀ/045400000007 'ਚ ਰੁ. 19,30,753.40 ਅਤੇ ਡਬਲਯੂ ਸੀ ਟੀ ਐੱਲ- ਈ ਸੀ ਐੱਲ ਜੀ ਐੱਸ/045612000008 'ਚ ਰੁ. 1,42,214.78 ਨਿਕਲਦੀ ਬਕਾਇਆ ਰਕਮ ਮਿਤੀ 01.05.2024 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

### ਅਚੱਲ ਜਾਇਦਾਦ ਦਾ ਵੇਰਵਾ

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 7495 ਮਿਤੀ 22.11.2006 ਅਨੁਸਾਰ ਸ੍ਰੀ ਕੁਲਵੰਤ ਸਿੰਘ ਪੁੱਤਰ ਟਹਿਲ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 12 ਮਰਲੇ ਅੰਦਰ ਅਬਾਦੀ (ਲਾਲ ਲਕੀਰ) ਪਿੰਡ ਗਹਿਰੀ, ਤਹਿਸੀਲ ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ।

ਮਿਤੀ : 21.07.2025, ਸਥਾਨ : ਜੰਡਿਆਲਾ ਗੁਰੂ (ਅਧਿਕਾਰਤ ਅਫਸਰ)

## ਦਰੱਖਤਾਂ ਦੀ ਬੋਲੀ

ਸੂਚਿਤ ਕੀਤਾ ਜਾਂਦਾ ਹੈ ਕਿ ਗ੍ਰਾਮ ਪੰਚਾਇਤ ਪਿੰਡ ਕਲੇਰ ਕਲਾਂ (ਬਲਾਕ ਧਾਰੀਵਾਲ, ਜ਼ਿਲ੍ਹਾ ਗੁਰਦਾਸਪੁਰ) ਵਲੋਂ ਸਮਸ਼ਾਨਘਾਟ ਵਿੱਚੋਂ 23 ਰੁੱਖਾਂ (ਸਫੈਦੇ) ਦੀ ਨਿਲਾਮੀ 25 ਜੁਲਾਈ 2025 ਨੂੰ ਸਵੇਰੇ 10 ਵਜੇ ਕੀਤੀ ਜਾਵੇਗੀ। ਚਾਹਵਾਨ ਬੋਲੀਕਾਰ ਸਮੇਂ ਸਿਰ ਪਹੁੰਚਣ। ਨਿਲਾਮੀ ਦੀਆਂ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆਂ।

### LOST AND FOUND

I, Sumeet Sehgal S/o Harsh Sehgal R/o Mota Singh Nagar Jalandhar City declared that Original Property Documents Original GPA No 1115 Date 03/07/2003 Original Sale Deed No 7765 Date 01/03/1989 Original Gpa No 760 Date 08/08/1984 Original SPA No 1638 Date 08/01/1985 Original Gpa No 1659 Date 11/01/1985 Original Sale Deed No 3768 Date 12/12/1984. That on 22.07.2025, I above said Sale deed was missing near house 410 new Jawahar Nagar while going for photo copy After that I tried hard to find but it has not been found. If anyone finds the document or has any information, kindly contact me or the nearest police station.

## COURT NOTICE

In The Court of
Ms. Rana Kanwardeep Kaur Chahal
Principal Judge Family Court, Kapurthala
CNR No. PBKP01-001712-2023
Next Date:- 26-08-2025
Seema
Vs.
Kapil Kumar

Detail of offence :-
Publication Issued To:
Kapil Kumar
Father : Vijay Kumar R/o House No. 4418, Street No. 1, Daba Colony, Gobind Nagar, Millerganj, Ludhiana

In above titled case, the accused could not be served. It is ordered that accused should appear in person or through counsel on 26-08-2025 at 10:00 a.m.

For details logon to https://highcourtchd.gov.in/?mod=district_notice&district=Kapurthala

Principal Judge Family Court, Kapurthala
Dated, this day of 21-07-2025

## COURT NOTICE

(U/o 5 Rule 20 CPC)
In The Court of
Sh. Vineet Kumar Narang
Additional Principal Judge Family Court, Nakodar
CNR No. PBJLF2-000270-2025
Next Date:- 28-07-2025
DMC/111/2025
Sandeep Kaur
Vs.
Harbhajan Singh

Publication Issued To:
Harbhajan Singh
Father : Chanan Singh R/o Village Sanghowal, Tehsil Dhilwan , District Kapurthala

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 28-07-2025 at 10:00 a.m.

For details logon to https://highcourtchd.gov.in/?mod=district_notice&district=Jalandhar

Additional Principal Judge Family Court Nakodar
Dated, this day of 19-07-2025

## COURT NOTICE

(U/O 5 Rule 20 CPC)
(Succession Case)
In The Court of
Ms. Ekta Sahota
Additional Civil Judge
Senior Division - 1, Patiala
CNR No. PBPT02-001685-2025
Next Date:- 05-08-2025
Lalit Kumar
Vs.
General Public

Notice To :
1. General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 05-08-2025 at 10:00 a.m.

For details logon to https://highcourtchd.gov.in/?mod=district_notice&district=Patiala

Additional Civil Judge Senior Division - 1, Patiala
Dated, this day of 15-07-2025

## ਪਬਲਿਕ ਨੋਟਿਸ

ਦਫਤਰ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ (ਜ਼ਿਲ੍ਹਾ ਗੁਰਦਾਸਪੁਰ)

ਹਰ ਆਮ ਅਤੇ ਖਾਸ ਨੂੰ ਪਬਲਿਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਦਫਤਰ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਵਿਖੇ ਸ੍ਰੀ ਪਰਸ਼ੋਤਮ ਦਾਸ ਪੁੱਤਰ ਲੇਟ ਸ੍ਰੀ ਸਾਂਈ ਦਾਸ ਵਾਸੀ ਵਾਰਡ ਨੰ 9, ਫਤਿਹਗੜ੍ਹ ਚੂੜੀਆਂ, ਤਹਿਸੀਲ ਫਤਿਹਗੜ੍ਹ ਚੂੜੀਆਂ, ਜ਼ਿਲ੍ਹਾ ਗੁਰਦਾਸਪੁਰ ਵੱਲੋਂ ਇਕ ਜਾਇਦਾਦ/ਮਕਾਨ ਦੀ ਤਬਦੀਲੀ ਵਾਸਤੇ ਬਿਨੈ ਕੀਤੀ ਗਈ ਹੈ। ਪ੍ਰਾਰਥਕ ਵੱਲੋਂ ਦਰਖਾਸਤ ਨਾਲ ਲਗਾਏ ਦਸਤਾਵੇਜ਼ ਅਨੁਸਾਰ ਇਹ ਜਾਇਦਾਦ (ਇਕ ਮਕਾਨ) ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਦੇ ਅਸੈਸਮੈਂਟ ਰਜਿਸਟਰ ਸਾਲ 1987-88, ਦੇ ਲੜੀ ਨੰ: 1612 ਤੇ ਪੁਰਾਣੀ ਵਾਰਡ ਨੰ: 7, ਨਵੀਂ ਵਾਰਡ ਨੰ: 9 ਤੇ ਪ੍ਰਾਰਥਕ ਦੇ ਪਿਤਾ ਸ੍ਰੀ ਸਾਂਈ ਦਾਸ ਪੁੱਤਰ ਸ੍ਰੀ ਦੀਵਾਨ ਚੰਦ ਦੇ ਨਾਂਅ ਪਰ ਦਰਜ ਹੈ ਪਰ ਮਿਤੀ 26-05-2007 ਨੂੰ ਸ੍ਰੀ ਸਾਂਈ ਦਾਸ ਪੁੱਤਰ ਸ੍ਰੀ ਦੀਵਾਨ ਚੰਦ ਦੀ ਮੌਤ ਹੋ ਚੁੱਕੀ ਹੈ ਅਤੇ ਉਨ੍ਹਾਂ ਦੀ ਮੌਤ ਤੋਂ ਬਾਅਦ ਉਨ੍ਹਾਂ ਦੀ ਪਤਨੀ ਸ੍ਰੀਮਤੀ ਸੱਤਿਆ ਵੰਤੀ ਦੀ ਵੀ ਮੌਤ ਮਿਤੀ 03-09-2013 ਨੂੰ ਹੋ ਚੁੱਕੀ ਹੈ। ਲੇਟ ਸ੍ਰੀ ਸਾਂਈ ਦਾਸ ਦੀ ਮੌਤ ਤੋਂ ਬਾਅਦ ਉਨ੍ਹਾਂ ਦੇ ਹੁਣ ਕਾਨੂੰਨੀ ਉੱਤਰਾਧਿਕਾਰੀ ਇਸ ਪ੍ਰਕਾਰ ਹਨ:- ਪਿਆਰਾ ਲਾਲ ਪਰਸ਼ੋਤਮ ਦਾਸ ਅਸ਼ੋਕ ਕੁਮਾਰ (ਪੁੱਤਰਾਨ) ਵਾ ਚੰਚਲ, ਦਰਸ਼ਨਾ ਸੋਈ, ਨੀਨਾ ਮਹਿਤਾ (ਪੁੱਤਰੀਆਂ) ਹਨ। ਇਨ੍ਹਾਂ ਤੋਂ ਇਲਾਵਾ ਲੇਟ ਸ੍ਰੀ ਸਾਂਈ ਦਾਸ ਦਾ ਹੋਰ ਕੋਈ ਵੀ ਕਾਨੂੰਨੀ ਵਾਰਸ ਨਹੀਂ ਹੈ। ਇਸ ਦੇ ਨਾਲ ਹੀ ਪ੍ਰਾਰਥਕ ਤੋਂ ਇਲਾਵਾ ਲੇਟ ਸ੍ਰੀ ਸਾਂਈ ਦਾਸ ਦੇ ਬਾਕੀ ਵਾਰਸਾਂ ਪਾਸੋਂ ਇਤਰਾਜ਼ਹੀਣਤਾ ਦੇ ਹਲਫੀਆ ਬਿਆਨ ਲਿਖਵਾ ਲਏ ਹਨ ਅਤੇ ਮੌਜੂਦਾ ਵਾਰਡ ਨੰ. 9 ਦੀ ਕੌਂਸਲਰ ਸ੍ਰੀਮਤੀ ਕਵਿਤਾ ਵੱਲੋਂ ਹਲਫੀਆ ਬਿਆਨ ਦਿੱਤਾ ਗਿਆ ਹੈ ਕਿ ਉਹ ਪ੍ਰਾਰਥਕ ਪਰਸ਼ੋਤਮ ਦਾਸ ਪੁੱਤਰ ਲੇਟ ਸ੍ਰੀ ਸਾਂਈ ਦਾਸ ਨੂੰ ਪੱਕੇ/ਜ਼ਾਤੀ ਤੌਰ 'ਤੇ ਜਾਣਦੀ ਹੈ। ਅਗਰ ਕਿਸੇ ਨੂੰ ਇਸ ਤਬਦੀਲੀ 'ਤੇ ਕੋਈ ਇਤਰਾਜ਼ ਹੈ ਜਾਂ ਨੋਟਿਸ ਪ੍ਰਕਾਸ਼ਿਤ ਹੋਣ 'ਤੇ 15 ਦਿਨਾਂ ਦੇ ਅੰਦਰ-ਅੰਦਰ ਦਫਤਰ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਦੀ ਟੈਕਸ ਸ਼ਾਖਾ ਵਿਚ ਖੁਦ ਹਾਜ਼ਰ ਹੋ ਕੇ ਆਪਣਾ ਦਾਅਵਾ/ਇਤਰਾਜ਼ ਦਰਜ ਕਰਵਾ ਸਕਦਾ ਹੈ। ਮਿਆਦ ਗੁਜ਼ਰਨ ਉਪਰੰਤ ਕਿਸੇ ਵੀ ਦਾਅਵੇ, ਇਤਰਾਜ਼ 'ਤੇ ਗੌਰ ਨਹੀਂ ਕੀਤਾ ਜਾਵੇਗਾ ਅਤੇ ਇਹ ਜਾਇਦਾਦ ਪ੍ਰਾਰਥਕ ਪਰਸ਼ੋਤਮ ਦਾਸ ਪੁੱਤਰ ਲੇਟ ਸ੍ਰੀ ਸਾਂਈ ਦਾਸ ਦੇ ਨਾਂਅ 'ਤੇ ਹਾਊਸ ਟੈਕਸ/ਪ੍ਰਾਪਰਟੀ ਟੈਕਸ ਮੰਤਵ ਲਈ ਨਗਰ ਕੌਂਸਲ ਦੇ ਕੰਮਕਾਜ ਵਾਸਤੇ ਤਬਦੀਲ ਕਰ ਦਿੱਤੀ ਜਾਵੇਗੀ।

ਸਹੀ/-ਕਾਰਜ ਸਾਧਕ ਅਫਸਰ, ਨਗਰ ਕੌਂਸਲ, ਫਤਿਹਗੜ੍ਹ ਚੂੜੀਆਂ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Kamal Kumar Kumra S/o Sh. Shiv Kumar Kumra R/o 1088/4, Shivshant Sadan, Opp. Little Flower School, Near Gautam Nagar, Una Road, Distt. Hoshiarpur Punjab I have changed my name from Kamal Kumar Kumra to Kamal Kumra. Concerned Note.

I, Jagdish S/O Karma Vill. Masitan, PO Tibba, Tehsil Sultanpur Lodhi, District. Kapurthala Punjab, have changed my name from Jagdish to Jagdish Gill. Concerned note.

I Gurvinder Singh S/o Ranjit Singh Village Harike Tehsil Patti District Tarn Taran Have Changed my Name From Gurvinder Singh to Surname as Singh and my Given name is Gurvinder plz note it.

I, Pawan Kumar son of Bachan Lal resident of H.No. 32, Multani Mohalla, Ohri Chowk, Batala, District Gurdaspur changed my minor daughter's name from Gurjot to Gurjot Kaur. Please concerned note.

I, Harnoor Kaur Bath W/o.Tejpal Singh, R/o. Rakh Sheron, District Tarn Taran, have changed my name from Harnoor Kaur Bath to Harnoor Kaur. Concerned note.

I, Parveen Chawla W/o Inder Pal Singh R/o 719/14, Near Railway Shop Raj Wala Khoo Amritsar inform that Parveen Chawla & Parveen Kaur both names are mine which is one and same person. Concerned Note.

I Inderjeet Singh s/o sampuran Singh S/o Raunak Singh residence of village Manak Majra tahsil Khanna district Ludhiana my name some documents Ghola Singh and some documents my Name Indrajeet Singh and Ghola Singh and Indrajeet Singh is one person . All noted .

I Gursimrandeep Singh S/o Amandeep Singh R/o H.No 150/9 Patti Tehsil Patti District Tarn Taran Have Changed my Name From Gursimrandeep Singh to Gursimrandeep Singh Sandhu Pl note it.

I kuldeep singh s/o Bhajan lal r/o muridpur po sadana distt jalandhar have changed my name from Kuldip Singh to Kuldeep Singh.

I,Munish Chouhan S/O Satish Chauhan R/O 168-C,Shastri Nagar, Lawrence Road, Amritsar, Punjab have changed my name from Munish Chouhan to Manish Chauhan. Concerned note.

I Sital Parshad S/o Amar Chand R/o Khalwara Road Near Arora Hospital Sabhjada Ajit Singh Nagar Phagwara Distt Kapurthala have changed my name from Sital Parshad to Sital Ram.

I, Amritpal S/o Gurdev Singh R/o H. No. 64, Mohalla Jaimal Nagar Near Ravidass Road, P.O. Chaugitti, Jalandhar have changed my name from Amritpal to Amritpal Singh. Please note. (12300)

I, Sharanjit Pal Singh S/o Joginder Singh R/o H.No.1765, Gali No.16, Guru Nanak Pura, Islamabad, District Amritsar have changed my name from Sharanjit Pal Singh to Sharanjit Singh.

I, Rajinder Pal Singh S/o Swaran Singh R/o H.No.1505, Akash Avenue Fatehgarh Churian Road, Amritsar have declare that Rajinder Pal is my Given name and Singh is my Surname.

I, Bhupinder Pal Kaur W/o Rajinder Pal Singh R/o H.No.1505, Akash Avenue Fatehgarh Churian Road, Amritsar have declare that Bhupinder Pal is my Given name and Kaur is my Surname.

I, Sakshi D/o Subash Chand R/o 772, Gali Rolan Wali Bazar Ghumiara, Kalu Da Akhara, Amritsar have declare that my father was known by two names Subash Chand and Subhas Chand one and same person.

I, Shammi alias summi Rani W/o Narinder Kumar R/o Raja Sansi, Amritsar have changed my name from Shammi alias Summi Rani to Shammi.

I, Paramjit Kaur W/o Davinder Singh R/o Dhotian Dhotian Tarn Taran have changed my name from Paramjit Kaur to Parmjit Kaur.

I, Ranjit Kaur and Ranjeet Kaur W/o Amandeep Singh R/o H.No.L1/653, Gurnam Nagar, Akali Colony, Sultanwind Road, Amritsar have declare that above both names are mine one and same person.

I, Satnam Singh Khinda S/o Joginder Singh R/o 76, G.T Road, Dream City, Near Best Price, Manawala Kalan District Amritsar have changed my name from Satnam Singh Khinda to Satnam Singh.

I, Harvinder Kaur Khinda W/o Satnam Singh R/o 76, G.T Road, Dream City, Near Best Price, Manawala Kalan District Amritsar have changed my name from Harvinder Kaur Khinda to Harvinder Kaur.

I, Gurdev Singh S/o Mejar Singh R/o Vpo Jallu Pur Khera, Tehsil Baba Bakala, Distt Amritsar have declare that Gurdev is my Given name and Singh is my Surname.

I, Sandeep Singh S/o Gurdeep Singh R/o 4571/18, Street No. 8, Rajinder Nagar, Batala Road, Amrirtsar, Punjab have changed my name from Sandeep Singh to Singh is my surname and Sandeep is my given name.

I, Sarabjit Kaur W/o Sunny Dasika R/o VPO Talwandi Dasondha Singh, Tehsil & Distt. Amritsar, Punjab-143502 have changed my name from Sarabjit Kaur to Sarbjit Kaur.

I, Hardeep Singh S/o Gurdial Singh R/o A-226(A), G.T Road, Partap Nagar, Amritsar, Punjab have changed my name from Hardip Singh to Hardeep Singh. All concerns should note.

I, Kuldeep Singh S/o Rattan Singh R/o.V.P.O. Kathunangal, Tehsil Majitha, Distt Amritsar Punjab have Changed my name from Kuldip Singh To Kuldeep Singh.

I Jagdish Kumar S/o Ram Kishan R/o 71, Radha Nukunj, Ambika Colony , Jalandhar, Punjab, have changed my name from Jagdish Kumar to Jagdish Kumar Handa, in which given name Jagdish Kumar and Handa is my surname . All concerned please note.

I, Mandeep Singh s/o Surjit Singh r/o Vill. Rawan, Po. Jhingar Kalan,Tehsil Dasuya, Hoshiarpur have changed my name to Singh Mandeep. All Please Note.

## Change of Name

I, Ankush Sharma S/O Kuldeep Kumar Sharma, R/o in Front of 41, Deep Nagar, Shiv Enclave, Jalandhar Cantt, Jalandhar, Punjab- 144005, I have changed the name of my minor daughter Aaveera aged about 3 Years and She shall hereafter be known as Aaveera Sharma.

I, Jiya D/O Bunty, R/o 81, Ward No 30, Sunder Nagar, Dhangu Road, Pathankot, Punjab- 145001. Declare that Name of My Father has been wrongly written as Bunty in my 10th class certificate and 12th class certificate. The actual name of My Father is Bunty, which may be amended accordingly.

I, Ravinder S/o Sh. Karam Chand Sharma R/o H.No. 478, Street No. 06, Near Dhillon Palace, Sainik Vihar, Rama Mandi, Jalandhar, Punjab have changed my name from Ravinder to Ravinder Nath Vashisht. All concerned please note.

I, Satpaul Sharma S/o Chaman Lal R/o H.No. 1, Mohalla New Prithvi Nagar, Jalandhar, Punjab have changed my name from Satpaul Sharma to Satpal Sharma. All concerned please note.

I, Barinder Pal Singh s/o Balwant Singh r/o Vill.Bagol, Po. Kurala Kalan, Tehsil Dasuya, Distt. Hoshiarpur have changed my name from Singh Barinder Pal. All Please Note.

I, hitherto known as Sanjay Kumar S/o Ashok Kumar R/o H.No. N.A.220, Kishan Pura, Jalandhar, Punjab-144205, have changed my name and shall hereafter be known as Sanjay Verma.

I, Ramesh Aggarwal S/o Om Parkash R/o H. No. 93-B, Adarsh Nagar, Jalandhar have changed my name from Ramesh Aggarwal to Ramesh Kumar. All Please Note.

I, Gurpreet Singh S/o Piara Singh R/o Narangshahpura, Hadiabad, Po. Phagwara, Distt. Kapurthala (Punjab) have changed my name to Gurpreet Singh Ghag. All Please Note.

I, Himanshu Jalota w/o Shivi Parbhakar R/o H.No.77, Old Post Office Road, New Dana Mandi, Phagwara, Distt.Kapurthala, Punjab have changed my name Himanshu Jalota to Himanshu Parbhakar, after marriage. All Please Note.

I, Sonia W/o Rajesh Padam R/o H.No.82-A, Gali No.3, New Harbans Nagar, Jalandhar have changed my name from Sonia to Sonia Padam. All Please Note.

I, Harjinder Singh Khalsa S/o Nirmal Singh R/o H.No. 380, Street Makhan Singh Aare Wali Basti Mithu, Guru Nanak Nagar, Jalandhar, Punjab have changed my name from Harjinder Singh to Harjinder Singh Khalsa. All Please Note.

## PUBLIC NOTICE

I, Bachano Devi W/o Late. Sain Dass R/o H.No. 38/10, Bhargo Nagar, Jalandhar, Punjab declare that my son Prince and his wife Suman are out of my control. I disinherit them from my moveable and immovable properties. I and my family shall not be held responsible for any of their acts, deeds and things. All please note.

## ਆਮ ਸੂਚਨਾ

ਮੈਂ ਜਸਵੀਰ ਸਿੰਘ ਪੁੱਤਰ ਭਜਨ ਸਿੰਘ ਵਾਸੀ ਬਨਵਾਲੀਪੁਰ, ਜ਼ਿਲ੍ਹਾ ਕਪੂਰਥਲਾ ਸੂਚਿਤ ਕਰਦਾ ਹਾਂ ਕਿ ਮੈਂ ਜਸਵੀਰ ਸਿੰਘ ਅਤੇ ਕਸ਼ਮੀਰ ਸਿੰਘ ਦੋ ਨਾਂਵਾਂ ਨਾਲ ਜਾਣਿਆ ਜਾਂਦਾ ਹਾਂ। ਜਸਵੀਰ ਸਿੰਘ ਅਤੇ ਕਸ਼ਮੀਰ ਸਿੰਘ ਇੱਕੋ ਵਿਅਕਤੀ ਦੇ ਦੋ ਨਾਂਅ ਹਨ। ਸਬੰਧਿਤ ਨੋਟ ਕਰਨ।

ਮੈ, ਜੋਗਿੰਦਰ ਪਾਲ ਪੁੱਤਰ ਸੋਹਣ ਲਾਲ ਵਾਸੀ ਪਿੰਡ ਨੰਗਲ ਫੀਦਾ ਡਾਕਘਰ ਸਲਾਲਾ ਜ਼ਿਲਾ ਜਲੰਧਰ ਬਿਆਨੀ ਹਾਂ ਕਿ ਮੇਰਾ ਸਹੀ ਨਾਮ ਜੋਗਿੰਦਰ ਪਾਲ ਹੈ। ਮਹਿਕਮਾ ਮਾਲ ਵਿੱਚ ਮੇਰੀ ਮਾਲਕੀ ਮੇਰੇ ਨਾਮ ਸ਼ਿੰਦਰ ਪਾਲ ਜਾਂ ਸ਼ਿੰਦਰਪਾਲ ਸਿੰਘ ਪੁੱਤਰ ਸੋਹਣ ਲਾਲ ਨਾਲ ਦਰਜ ਹੈ। ਜੋ ਮੈ ਆਪਣਾ ਨਾਮ ਮਹਿਕਮਾ ਮਾਲ ਵਿੱਚ ਠੀਕ ਕਰਕੇ ਜੋਗਿੰਦਰ ਪਾਲ ਕਰਨ ਲਈ ਬੇਨਤੀ ਕੀਤੀ ਹੈ।

ਮੈਂ ਇੰਦਰਜੀਤ ਸਿੰਘ ਪੁੱਤਰ ਸੰਪੂਰਨ ਸਿੰਘ ਪੁੱਤਰ ਰੌਣਕ ਸਿੰਘ ਪਿੰਡ ਮਾਣਕ ਮਾਜਰਾ ਤਹਿਸੀਲ ਖੰਨਾ ਜ਼ਿਲਾ ਲੁਧਿਆਣਾ ਦਾ ਰਹਿਣ ਵਾਲਾ ਹਾਂ। ਮੇਰੇ ਕੁਝ ਕਾਗਜ਼ਾਂ ਤੇ ਮੇਰਾ ਨਾਮ ਘੋਲਾ ਸਿੰਘ ਹੈ ਅਤੇ ਕੁਝ ਕਾਗਜ਼ਾਂ ਤੇ ਮੇਰਾ ਨਾਮ ਇੰਦਰਜੀਤ ਸਿੰਘ ਹੈ। ਮੈਂ ਦੋਵਾਂ ਨਾਮਾ ਨਾਲ ਜਾਣਿਆ ਜਾਣ ਵਾਲਾ ਇੱਕੋ ਵਿਅਕਤੀ ਹਾਂ ਸਬੰਧਤ ਨੋਟ ਕਰਨ।

ਗੁਲਾਬ ਸਿੰਘ ਪੁੱਤਰ ਗੁਰਦੇਵ ਸਿੰਘ ਸ਼ੇਰਗੜ੍ਹ ਏਪੀ23-101 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਪਾਜਵਿੰਦਰ ਸਿੰਘ ਪੁੱਤਰ ਲਖਵੀਰ ਸਿੰਘ ਸ਼ੇਰਗੜ੍ਹ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ 15 ਦਿਨਾ ਵਿੱਚ ਕਰ ਸਕਦਾ ਹੈ। ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ।

ਜਗਦੇਵ ਸਿੰਘ ਪੁੱਤਰ ਭਾਗ ਸਿੰਘ ਖੇੜੀ ਰਕਬਾ ਭੁਟਾਲ ਖੁਰਦ ਏਪੀ04-1116 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਕਿਰਨਪਾਲ ਕੌਰ ਪਤਨੀ ਇਕਬਾਲ ਸਿੰਘ ਭੁਤਗੜ੍ਹ ਰਕਬਾ ਭੁਟਾਲ ਖੁਰਦ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ 15 ਦਿਨਾ ਵਿੱਚ ਕਰ ਸਕਦਾ ਹੈ।ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ.ਪੀ 22/78 ਜੋ ਕਿ ਕੁਲਵੰਤ ਸਿੰਘ ਪੁੱਤਰ ਕੇਸਰ ਸਿੰਘ ਵਾਸੀ ਫੁਲੂਵਾਲਾ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਮਨਦੀਪ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਫੁਲੂਵਾਲਾ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ।ਇਸ ਸਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ. ਐਸ. ਪੀ. ਸੀ. ਐਲ. ਦਫਤਰ ਬੋਹਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ-66/182 ਜੋ ਕਿ ਮਨਜੀਤ ਸਿੰਘ ਪੁੱਤਰ ਰਛਪਾਲ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਰਜਿੰਦਰ ਕੌਰ ਪਤਨੀ ਮਨਜੀਤ ਸਿੰਘ ਰਕਬਾ ਪਿੰਡ ਆਲੇ ਵਾਲਾ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰਨ।

ਮੈਂ, ਪਰਮਜੀਤ ਸਿੰਘ ਪੁੱਤਰ ਭਿੰਦਰ ਸਿੰਘ ਵਾਸੀ ਲੇਹਲ ਤਹਿ: ਫਿਲੌਰ ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰੇ ਨਾਮ ਤੇ ਇੱਕ ਮੋਟਰ ਕੁਨੈਕਸ਼ਨ ਜਿਸਦਾ ਖਾਤਾ ਨੰਬਰ AP08/9233 ਜਿਸ ਦਾ ਲੋਡ 10BHP ਜੋਕਿ ਦੁਸਾਂਝ ਕਲਾਂ ਤਹਿ: ਫਿਲੌਰ ਵਿਖੇ ਚੱਲਦਾ ਹੈ। ਜਿਸ ਜ਼ਮੀਨ ਵਿੱਚ ਉਕਤ ਮੋਟਰ ਕੁਨੈਕਸ਼ਨ ਚੱਲਦਾ ਹੈ, ਮੈਨੇ ਉਕਤ ਜਮੀਨ ਸਮੇਤ ਮੋਟਰ ਕੁਨੈਕਸ਼ਨ ਸਰਦੂਲ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਰੱਤਾ ਖੇੜਾ, ਡਾਕ. ਡਸਕਾ ਜ਼ਿਲ੍ਹਾ ਸੰਗਰੂਰ ਨੂੰ ਵੇਚ ਦਿੱਤੀ ਹੈ। ਉਕਤ ਮੋਟਰ ਕੁਨੈਕਸ਼ਨ ਸਰਦੂਲ ਸਿੰਘ ਦੇ ਨਾਮ ਪਰ ਸਮੇਤ ਸਕਿਓਰਿਟੀ ਟਰਾਂਸਫਰ ਕਰ ਦਿੱਤਾ ਜਾਵੇ ਤਾਂ ਮੈਨੂੰ ਕੋਈ ਇਤਰਾਜ਼ ਨਹੀ ਹੈ।

## ਨਾਂਅ ਦੀ ਬਦਲੀ

ਮੈਂ ਅੰਮ੍ਰਿਤਪਾਲ ਕੌਰ ਗਿੱਲ ਪਤਨੀ ਸੁਖਵਿੰਦਰ ਸਿੰਘ, ਪਿੰਡ ਬਨਭੌਰਾ, ਤਹਿਸੀਲ ਅਮਰਗੜ੍ਹ, ਜ਼ਿਲ੍ਹਾ ਮਾਲੇਰਕੋਟਲਾ ਨੇ ਆਪਣਾ ਨਾਮ ਬਦਲ ਕੇ ਅੰਮ੍ਰਿਤਪਾਲ ਕੌਰ ਰੱਖ ਲਿਆ ਹੈ।

ਮੈ ਜਗਦੀਸ਼ ਰਾਮ ਪੁੱਤਰ ਰਾਮ ਆਸਰਾ , ਪਿੰਡ ਤੇ ਡਾਕਖਾਨਾ ਜੱਸੋਵਾਲ , ਤਹਿਸੀਲ - ਗੜ੍ਹਸ਼ੰਕਰ , ਜ਼ਿਲ੍ਹਾ - ਹੁਸ਼ਿਆਰਪੁਰ , ਪੰਜਾਬ, ਨੇ ਆਪਣੇ ਨਾਬਾਲਗ ਲੜਕੇ ਗਗਨਪ੍ਰੀਤ ਦਾ ਨਾਮ ਬਦਲ ਕੇ ਗਗਨਪ੍ਰੀਤ ਖੁੱਤਣ ਰੱਖ ਲਿਆ ਹੈ ।ਸਬੰਧਿਤ ਨੋਟ ਕਰਨ।

ਮੈਂ, ਹਿਮਾਨੀ ਭੰਡਾਰੀ ਪੁੱਤਰੀ ਗਗਨਦੀਪ ਸਿੰਘ ਭੰਡਾਰੀ ਵਾਸੀ ਮਕਾਨ ਨੰ: 3-ਏ, ਅਜੀਤ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ, ਪੰਜਾਬ ਨੇ ਆਪਣਾ ਨਾਂਅ ਹਿਮਾਨੀ ਭੰਡਾਰੀ ਤੋਂ ਬਦਲ ਕੇ ਹਿਮਾਨੀ ਕੌਰ ਭੰਡਾਰੀ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।

ਮੈਂ ਸੁਨੇਹਾ ਪੁੱਤਰੀ ਜਗਵੀਰ ਕੁਮਾਰ ਵਾਸੀ ਮੁਹੱਲਾ ਪ੍ਰੀਤ ਨਗਰ, ਸਾਹਮਣੇ ਝੰਡਾ ਮੱਲ ਸਕੂਲ ਕਪੂਰਥਲਾ, ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਮ ਸਨੇਹਾ ਤੋਂ ਬਦਲ ਕੇ ਸੁਨੇਹਾ ਰਾਣਾ ਕਰ ਲਿਆ ਹੈ। ਸਾਰੇ ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਸੁਰਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਹਵੇਲੀਆਂ, ਵਾਰਡ ਨੰਬਰ 01, ਫਤਿਹਗੜ੍ਹ ਚੂੜੀਆਂ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਮਨਦੀਪ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ।

ਮੈਂ, ਵੀਨਾ ਰਾਣੀ ਪਤਨੀ ਹਰਭਜਨ ਲਾਲ ਵਾਸੀ ਪਿੰਡ ਸਗਰਾਂਵਾਲੀ ਡਾਕਖਾਨਾ ਭਟਨੂਰਾ ਲੁਬਾਣਾ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਮਨੀਸ਼ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਸ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਵਿਜੇ ਕੁਮਾਰ ਪੁੱਤਰ ਸ੍ਰੀ ਰੋਸ਼ਨ ਲਾਲ ਵਾਸੀ ਵਾਰਡ ਨੰਬਰ 11, ਨਵੀਂ ਅਬਾਦੀ, ਭੋਗਪੁਰ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਹਰਸ਼ ਕੁਮਾਰ ਭੱਟੀ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਸ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਅਸੀਂ, ਸ਼ਾਮ ਲਾਲ ਪੁੱਤਰ ਨੱਥਾ ਰਾਮ ਅਤੇ ਗੀਨਾ ਪਤਨੀ ਸ਼ਾਮ ਲਾਲ ਵਾਸੀ ਮਕਾਨ ਨੰਬਰ 677, ਵਾਰਡ 23 ਮੱਟਾਂ ਵਾਲਾ ਵੇਹੜਾ ਮੋਗਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਦੇਵੀ ਦਿਆਲ ਅਤੇ ਉਸ ਦੀ ਪਤਨੀ (ਸਾਡੀ ਨੂੰਹ) ਰੁਕੂ ਤੇ ਪੋਤਰਾ ਯੁਵਰਾਜ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਕੁਸ਼ਲਾ ਰਾਣੀ ਪਤਨੀ ਗਗਨ ਡੋਗਰਾ ਵਾਸੀ ਗਲੀ ਨੰਬਰ 12, ਉਂਕਾਰ ਨਗਰ, ਫਗਵਾੜਾ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਕਾਸ ਡੋਗਰਾ ਅਤੇ ਉਸ ਦੀ ਪਤਨੀ ਜੀਵਨਜੋਤੀ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸੁਭਾਸ਼ ਚੰਦ ਪੁੱਤਰ ਆਗਿਆ ਰਾਮ ਪਿੰਡ ਤੇ ਡਾਕਖਾਨਾ ਕੋਈ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਜੇ ਕੁਮਾਰ ਅਤੇ ਉਸ ਦੀ ਪਤਨੀ ਪ੍ਰਿਅੰਕਾ ਸਿੰਘ ਮੇਰੀ ਤੇ ਮੇਰੀ ਪਤਨੀ ਸੁਨੀਤਾ ਦੇਵੀ ਦੀ ਬੁਢਾਪੇ ਵਿਚ ਦੇਖਭਾਲ ਨਹੀਂ ਕਰਦੇ। ਸਾਨੂੰ ਦੋਵਾਂ ਨੂੰ ਮਾਰਕੁਟ ਕਰਦੇ ਹਨ ਅਤੇ ਜਾਇਦਾਦ ਜਬਰਨ ਲਿਖਾਉਣਾ ਚਾਹੁੰਦੇ ਹਨ। ਅਸੀਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੇ ਜ਼ਿੰਮੇਵਾਰ ਨਹੀਂ ਹਾਂ। ਉਹ ਆਪਣੇ ਕੀਤੇ ਦੇ ਖੁਦ ਜ਼ਿੰਮੇਵਾਰ ਹੋਣਗੇ। ਸੰਬੰਧਤ ਨੋਟ ਕਰਨ। (ਡੋਗਰਾ)

ਅਸੀਂ ਹਰੀਸ਼ ਕੁਮਾਰ ਪੁੱਤਰ ਤਾਰਾ ਚੰਦ, ਸੀਮਾ ਰਾਣੀ ਪਤਨੀ ਹਰੀਸ਼ ਕੁਮਾਰ ਵਾਸੀ ਮਕਾਨ ਨੰ 348, ਲਕਸ਼ਮੀ ਵਾਟਿਕਾ ਮਾਰਕਿਟ, ਕਟੜਾ ਸੁਫੇਦ ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਮੀਤ ਸਦਾਨਾ ਅਤੇ ਉਸਦੀ ਪਤਨੀ ਸੋਨਮ ਸਦਾਨਾ ਜੋ ਕਿ ਸਾਡੇ ਕਹਿਣੇ ਤੋ ਬਾਹਰ ਹਨ । ਇਹਨਾਂ ਨੂੰ ਅਸੀਂ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਇਹਨਾਂ ਨਾਲ ਸਾਡਾ ਅਤੇ ਸਾਡੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀ ਹੋਵੇਗਾ।ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈਂ ਅਨੀਤਾ ਤਾਨ ਪਤਨੀ ਜਸਬੀਰ ਸਿੰਘ ਵਾਸੀ ਨੇੜੇ ਭੀਮ ਸੈਨ, ਕਟੜਾ ਸ਼ੇਰ ਸਿੰਘ,ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਰਨ ਤਾਨ ਜੋ ਕਿ ਸਾਡੇ ਕਹਿਣੇ ਸੁਨਣੇ ਤੋਂ ਬਾਹਰ ਹਨ, ਆਪਣੀ ਮਨ ਮਰਜੀ ਕਰਦਾ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਮੈਂ ਉਸਨੂੰ ਅਤੇ ਉਸਦੇ ਪਰਿਵਾਰ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਸਤਨਾਮ ਸਿੰਘ ਪੁੱਤਰ ਸਗਲੀ ਰਾਮ ਵਾਸੀ ਪਿੰਡ ਤੇ ਡਾਕ ਕੁੱਕੜਾ , ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਨਰਿੰਦਰ ਸਿੰਘ ਉਮਰ ਕਰੀਬ 25 ਸਾਲ ਮੇਰੇ ਕਹਿਣੇ ਤੋ ਬਾਹਰ ਹੈ ਅਤੇ ਮੈਂ ਇਸ ਨੂੰ ਆਪਣੀ ਚਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਨਿੰਦਰਜੀਤ ਕੌਰ ਪਤਨੀ ਜੰਗਪਾਲ ਵਾਸੀ ਪਿੰਡ ਅੰਬੀਆਂ ਤੋਹਫਾ, ਜ਼ਿਲ੍ਹਾ ਜਲੰਧਰ ਦੀ ਰਹਿਣ ਵਾਲੀ ਹਾਂ। ਇਹ ਕਿ ਮੇਰਾ ਪੁੱਤਰ ਸੂਰਜ ਅਤੇ ਉਸ ਦੀ ਪਤਨੀ ਪੂਜਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕਿਸੇ ਕਿਸਮ ਦਾ ਕੋਈ ਸੰਬੰਧ-ਵਾਸਤਾ ਨਹੀਂ।

ਮੈਂ ਮੋਹਰ ਸਿੰਘ ਪੁੱਤਰ ਵਿਰਸਾ ਸਿੰਘ ਵਾਸੀ ਪਿੰਡ ਦਲੇਲਪੁਰ ਤਹਿਸੀਲ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ ਬਿਆਨ ਹਲਫ਼ੀਆ ਕਰਦਾ ਹਾਂ ਕਿ ਮੇਰਾ ਪੁੱਤਰ ਨਿਸ਼ਾਨ ਸਿੰਘ ਮੇਰੇ ਕਹਿਣੇ ਤੋ ਬਾਹਰ ਹੈ,ਤੇ ਮੇਰੇ ਨਾਲ ਲੜਾਈ ਝਗੜਾ ਕਰਦਾ ਹੈ । ਮੈਂ ਆਪਣੇ ਪੁੱਤਰ ਨਿਸ਼ਾਨ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ,ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਲਖਵਿੰਦਰ ਸਿੰਘ ਪੁੱਤਰ ਸੱਜਣ ਸਿੰਘ ਵਾਸੀ ਪਿੰਡ ਖਾਨ ਕੋਟ ਜੰਡਿਆਲਾ ਗੁਰੂ ਜ਼ਿਲ੍ਹਾ ਅੰਮ੍ਰਿਤਸਰ ਦਾ ਰਹਿਣ ਵਾਲਾ ਹਾਂ,ਹੇਠ ਲਿਖਿਆ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਗਪ੍ਰੀਤ ਸਿੰਘ ਉਸ ਪਤਨੀ ਦਲਜੀਤ ਕੌਰ ਮੇਰੇ ਕਹਿਣੇ ਸੁਨਣੇ ਤੋਂ ਬਾਹਰ ਹਨ। ਮੈਂ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹਾਂ।ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਤ ਨੋਟ ਕਰਨ।

ਮੈਂ ਸੁਰੇਸ਼ ਕੁਮਾਰ ਪੁੱਤਰ ਸ਼੍ਰੀ ਅਮਰਨਾਥ ਵਾਸੀ ਮਕਾਨ ਨੰ 1077, ਗਲੀ ਲੋਹਾਰਾਂ ਵਾਲੀ ਕਟੜਾ ਸ਼ੇਰ ਸਿੰਘ ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਸ਼ਾਲ ਮਹਾਜਨ ਅਤੇ ਉਸਦੀ ਪਤਨੀ ਆਸ਼ਨਾ ਜੋ ਕਿ ਮੇਰੇ ਕਹਿਣੇ ਤੋ ਬਾਹਰ ਹਨ । ਇਹਨਾਂ ਨੂੰ ਮੈਂ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਇਹਨਾਂ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀ ਹੋਵੇਗਾ।ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈਂ, ਮੋਹਿੰਦਰ ਕੌਰ ਪਤਨੀ ਲੇਟ ਸ. ਫੁਲ ਸਿੰਘ ਵਾਸੀ ਮਕਾਨ ਨੰਬਰ 26, ਮੁੱਹਲਾ ਨੰਬਰ 21, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਪਰਮਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਮੈਂ ਆਪਣੇ ਲੜਕੇ ਪਰਮਜੀਤ ਸਿੰਘ ਵਾ ਉਸਦੀ ਪਤਨੀ ਵੀਨਾ ਅਤੇ ਉਸਦੇ ਪੁੱਤਰ ਅਕਾਸ਼ ਬਸਰਾ ਵਾ ਅਰਸ਼ ਬਸਰਾ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਅਮਰਜੀਤ ਸਿੰਘ ਪੁੱਤਰ ਸ. ਰਘੁਵੀਰ ਸਿੰਘ ਵਾਸੀ ਮਕਾਨ ਨੰ: 733/39, ਨਿਊ ਸੰਤੋਖ ਪੁਰਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਰਪਾਲ ਸਿੰਘ ਵਾ ਉਸਦੀ ਪਤਨੀ ਭੁਪਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਨਰੇਸ਼ ਕੁਮਾਰੀ ਪਤਨੀ ਲੇਟ ਸ੍ਰੀ ਰਾਮ ਪ੍ਰਕਾਸ਼ ਵਾਸੀ ਮਕਾਨ ਨੰਬਰ 26, ਗਲੀ ਬਾਂਕੇ ਬਿਹਾਰੀ, ਨਿਊ ਜਵਾਹਰ ਨਗਰ, ਫੇਜ਼-2, ਬਟਾਲਾ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਜੇਸ਼ ਕੁਮਾਰ (ਕੁਆਰਾ) ਅਤੇ ਲੜਕੀਆਂ ਮੀਨੂੰ ਤੇ ਸੁਰੇਖਾ (ਸ਼ਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਸਤਾ ਨਹੀਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਬਲਵਿੰਦਰ ਸਿੰਘ ਪੁੱਤਰ ਸਵਰਨ ਸਿੰਘ ਅਤੇ ਰਾਜਵਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ 82, ਦਸਮੇਸ਼ ਐਵੀਨਿਊ, ਨਿਊ ਗੁਰਨਾਮ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ-2, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੰਦੀਪ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਅਤੇ ਸਾਡੀ ਕੋਈ ਗੱਲ ਨਹੀਂ ਮੰਨਦਾ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੇ ਹਾਂ। ਸਾਡੇ ਪਰਵਾਰਕ ਮੈਂਬਰਾਂ ਨਾਲ ਇਸ ਦਾ ਕੋਈ ਤਲਕ-ਵਸਤਾ ਨਹੀਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਬਾਲ ਮਜ਼ਦੂਰੀ ਤੇ ਬਾਲ ਭਿੱਖਿਆ ਨੂੰ ਰੋਕਣ ਲਈ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਦੀ ਮੀਟਿੰਗ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਪੰਜਾਬ ਸਰਕਾਰ ਚਲਾਏ ਜਾ ਰਹੇ ਪ੍ਰੋਜੈਕਟ ਜੀਵਨਜੀਤ-2 ਤਹਿਤ ਜ਼ਿਲ੍ਹੇ ਵਿੱਚ ਬਾਲ ਮਜ਼ਦੂਰੀ ਅਤੇ ਬਾਲ ਭਿੱਖਿਆ ਨੂੰ ਰੋਕਣ ਲਈ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਦੀ ਮੀਟਿੰਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਹਰਪ੍ਰੀਤ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਜਸਮੀਤ ਕੌਰ ਤੇ ਜ਼ਿਲ੍ਹਾ ਬਾਲ ਭਲਾਈ ਕਮੇਟੀ ਦੇ ਮੈਂਬਰ ਹਾਜ਼ਰ ਸਨ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਾਲ ਮਜ਼ਦੂਰੀ, ਬਾਲ ਭਿੱਖਿਆ ਅਤੇ ਭੀਖ ਮੰਗਦੇ ਬੱਚਿਆਂ ਉਪਰ ਹੁੰਦੇ ਅੱਤਿਆਚਾਰਾਂ ਨੂੰ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਪ੍ਰੋਜੈਕਟ ਜੀਵਨਜੀਤ-2 ਨੂੰ ਪੂਰੇ ਜ਼ਿਲ੍ਹੇ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਵੱਖ-ਵੱਖ ਸ਼ਹਿਰਾਂ ਵਿੱਚ ਬੱਸ ਸਟੈਂਡਾਂ, ਰੇਲਵੇ ਸਟੇਸ਼ਨਾਂ ਅਤੇ ਚੌਕਾਂ ਵਿੱਚ ਬਾਲ ਭਿੱਖਿਆ ਨੂੰ ਰੋਕਣ ਲਈ ਵਿਸ਼ੇਸ਼ ਤੌਰ 'ਤੇ ਛਾਪੇਮਾਰੀ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਵੱਲੋਂ ਜੋ ਭੀਖ ਮੰਗਦੇ ਬੱਚੇ ਫੜੇ ਗਏ ਹਨ ਜਾਂ ਫੜੇ ਜਾਣਗੇ, ਉਨ੍ਹਾਂ ਦੇ ਮਾਤਾ ਪਿਤਾ ਨੂੰ ਸੂਚਿਤ ਕਰਕੇ ਉਨ੍ਹਾਂ ਦੇ ਆਉਣ 'ਤੇ ਬੱਚਿਆਂ ਨੂੰ ਉਨ੍ਹਾਂ ਦੇ ਹਵਾਲੇ ਕੀਤਾ ਜਾਵੇਗਾ।ਜਦੋਂ ਤੱਕ ਬੱਚਿਆਂ ਦੇ ਮਾਪੇ ਨਹੀਂ ਆਉਂਦੇ, ਉਦੋਂ ਤੱਕ ਇਨ੍ਹਾਂ ਬੱਚਿਆਂ ਨੂੰ ਸ਼ੈਲਟਰ ਹੋਮ ਵਿੱਚ ਰੱਖਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਭੀਖ ਮੰਗਦੇ ਫੜੇ ਗਏ ਬੱਚਿਆਂ ਦੇ ਡੀਐੱਨਏ ਟੈਸਟ ਕੀਤੇ ਜਾਣਗੇ ਤਾਂ ਜੋ ਬੱਚਿਆਂ ਦੇ ਪਰਿਵਾਰਕ ਸਬੰਧਾਂ ਦੀ ਪੁਸ਼ਟੀ ਕੀਤੀ ਜਾ ਸਕੇ।ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਜ਼ਿਲ੍ਹੇ ਵਿੱਚੋਂ ਬਾਲ ਮਜ਼ਦੂਰੀ ਤੇ ਬਾਲ ਭਿੱਖਿਆ ਨੂੰ ਰੋਕਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ।

# ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਨ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਅੱਜ

ਬਟਾਲਾ, (ਡਾ. ਮਲਵਿੰਦਰ ਸਿੰਘ)- ਪੰਜਾਬ ਦੇ ਸਿਰਮੌਰ ਕਵੀ ਸ਼ਿਵ ਕੁਮਾਰ ਬਟਾਲਵੀ ਦੇ 89ਵੇਂ ਜਨਮ ਦਿਵਸ ਨੂੰ ਸਮਰਪਿਤ 'ਰਾਜ ਪੱਧਰੀ ਸਮਾਗਮ' 23 ਜੁਲਾਈ ਨੂੰ ਬਟਾਲਾ ਵਿਖੇ ਕਰਵਾਇਆ ਜਾਵੇਗਾ। ਪ੍ਰੋ. ਰਾਜ ਕੁਮਾਰ ਸ਼ਰਮਾ, ਜਨਰਲ ਸੈਕਟਰੀ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਹੈਰੀਟੇਜ ਅਤੇ ਵਣ ਮੰਡਲ ਗੁਰਦਾਸਪੁਰ ਵਲੋਂ ਬਿਰਹਾ ਦੇ ਸੁਲਤਾਨ ਸ਼ਿਵ ਕੁਮਾਰ ਬਟਾਲਵੀ ਦਾ ਜਨਮ ਦਿਨ ਪੂਰੇ ਉਤਸ਼ਾਹ ਨਾਲ ਸ਼ਿਵ ਕੁਮਾਰ ਬਟਾਲਵੀ ਸੱਭਿਆਚਾਰਕ ਕੇਂਦਰ, ਜਲੰਧਰ ਰੋਡ ਬਟਾਲਾ ਵਿਖੇ ਮਨਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਲਾਲ ਚੰਦ ਕਟਾਰੂਚੱਕ, ਕੈਬਨਿਟ ਮੰਤਰੀ ਵਣ ਅਤੇ ਜੰਗਲੀ ਜੀਵ ਵਿਭਾਗ, ਖੁਰਾਕ ਸਪਲਾਈ ਅਤੇ ਖਪਤਕਾਰ ਮਾਮਲੇ ਪੰਜਾਬ ਮੁੱਖ ਮਹਿਮਾਨ ਅਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

ਉਨ੍ਹਾਂ ਦੱਸਿਆ ਕਿ ਵਾਤਾਵਰਣ ਦੀ ਸੁਰੱਖਿਆ ਅਤੇ ਰੁੱਖਾਂ ਦੀ ਮਹੱਤਤਾ ਸਬੰਧੀ ਇੱਕ ਮਹੀਨਾ ਚੱਲਣ ਵਾਲੇ ਭਾਸ਼ਣ ਅਤੇ ਕਵਿਤਾ ਮੁਕਾਬਲੇ ਨੂੰ ਸਮਰਪਿਤ ਇਹ ਸਮਾਗਮ ਪੰਜਾਬ ਦੇ ਸਿਰਮੌਰ ਕਵੀ ਸ਼ਿਵ ਕੁਮਾਰ ਬਟਾਲਵੀ ਦੇ 89ਵੇਂ ਜਨਮ ਦਿਵਸ ਮੌਕੇ ਸ਼ੁਰੂ ਕੀਤਾ ਜਾ ਰਿਹਾ ਹੈ, ਜੋ ਇੱਕ ਮਹੀਨਾ ਚੱਲੇਗਾ।ਸਮਾਗਮ ਦੀ ਸ਼ੁਰੂਆਰ ਸਵੇਰੇ 9.30 ਵਜੇ ਹੋਵੇਗੀ।

# ਦਰਸ਼ਪ੍ਰੀਤ ਸਿੰਘ ਨੇ ਜ਼ਿਲ੍ਹਾ ਪੱਧਰੀ ਸ਼ੂਟਿੰਗ ਮੁਕਾਬਲੇ 'ਚ 3 ਸੋਨ ਤ.ਗਮੇ ਜਿੱਤੇ



ਡੇਰਾਬੱਸੀ (ਵਿਨੈ ਕੁਮਾਰ ਜੈਨ)- ਸਰਕਾਰੀ ਕਾਲਜ ਡੇਰਾਬੱਸੀ ਦੇ ਵਿਦਿਆਰਥੀ ਨੇ ਜ਼ਿਲ੍ਹਾ ਸ਼ੂਟਿੰਗ ਕੰਪੀਟੀਸ਼ਨ 2025 ਵਿੱਚ 18 ਜੁਲਾਈ ਤੋਂ 19 ਜੁਲਾਈ ਨੂੰ ਹੋਏ ਜ਼ਿਲ੍ਹਾ ਪੱਧਰੀ ਸ਼ੂਟਿੰਗ ਦੇ ਮੁਕਾਬਲਿਆਂ ਵਿਚ ਸਰਕਾਰੀ ਕਾਲਜ ਡੇਰਾਬੱਸੀ ਦੇ ਵਿਦਿਆਰਥੀ ਦਰਸ਼ਪ੍ਰੀਤ ਸਿੰਘ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਦਰਸ਼ਪ੍ਰੀਤ ਸਿੰਘ ਨੇ ਸ਼ੂਟਿੰਗ ਦੇ 10 ਮੀਟਰ ਏਅਰ ਰਾਈਫਲ ਦੇ ਮੁਕਾਬਲੇ (ਯੂਥ, ਜੂਨੀਅਰ ਅਤੇ ਸੀਨੀਅਰ) ਵਿੱਚ 3 ਸੋਨ ਤਗਮੇ ਹਾਸਲ ਕਰਕੇ ਕਾਲਜ ਦਾ ਨਾਂਅ ਰੋਸ਼ਨ ਕੀਤਾ। ਪ੍ਰਿੰਸੀਪਲ ਸ੍ਰੀਮਤੀ ਗੀਤਾਂਜਲੀ ਕਾਲੜਾ ਅਤੇ ਵਾਈਸ ਪ੍ਰਿੰਸੀਪਲ ਪ੍ਰੋ. ਆਮੀ ਭੱਲਾ ਨੇ ਜੇਤੂ ਵਿਦਿਆਰਥੀ ਨੂੰ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਨਿਰਮਲ ਸਿੰਘ ਵੀ ਹਾਜ਼ਰ ਸਨ।

# ਨੌਜਵਾਨਾਂ 'ਤੇ ਝੂਠੇ ਪਰਚੇ ਬਣਾਉਣ 'ਤੇ ਪੁਲਸ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਜਨਤਕ ਜਥੇਬੰਦੀਆਂ ਦੀ ਭਰਵੀਂ ਮੀਟਿੰਗ ਸਮਾਜ ਸੇਵਕ ਸਾਬਕਾ ਸਰਪੰਚ ਮਹਿੰਗਾ ਸਿੰਘ ਪੁੰਗਾ ਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਮੀਤ ਪ੍ਰਧਾਨ ਸ਼ਮਸ਼ੇਰ ਸਿੰਘ ਡੱਲਾ ਦੀ ਪ੍ਰਧਾਨਗੀ ਹੇਠ ਹੋਈ, ਜਿੱਥੇ ਪਿੰਡ ਪੁੰਗਾ ਦੇ 7 ਨੌਜਵਾਨਾਂ ਵਿਰੁੱਧ ਐੱਸਐੱਚਓ ਅਜਨਾਲਾ ਮੁਖਤਿਆਰ ਸਿੰਘ ਵੱਲੋਂ ਝੂਠਾ ਕੇਸ 179/2025 ਬਣਾਉਣ ਵਿਰੁੱਧ ਪੁਲਸ ਪ੍ਰਸ਼ਾਸਨ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਮੀਟਿੰਗ 'ਚ ਇਹ ਫੈਸਲਾ ਕੀਤੇ ਗਿਆ ਕਿ ਇਕ ਵੱਡਾ ਵਫ਼ਦ ਝੂਠੇ ਕੇਸ ਰੱਦ ਕਰਵਾਉਣ ਲਈ ਕਹੇਗਾ। ਜੇ ਕੇਸ ਰੱਦ ਨਾ ਕੀਤਾ ਗਿਆ ਤਾਂ 28 ਜੁਲਾਈ ਨੂੰ ਥਾਣਾ ਅਜਨਾਲਾ ਸਾਹਮਣੇ ਜਨਤਕ ਜਥੇਬੰਦੀਆਂ ਵੱਲੋਂ ਜ਼ਬਰਦਸਤ ਧਰਨਾ ਦਿੱਤਾ ਜਾਵੇਗਾ, ਜਿਸ ਵਿਚ ਇਲਾਕੇ ਭਰ ਵਿੱਚੋਂ ਸੈਂਕੜੇ ਨੌਜਵਾਨ, ਕਿਸਾਨ, ਮਜ਼ਦੂਰ ਤੇ ਔਰਤਾਂ ਵੀ ਸ਼ਾਮਲ ਹੋਣਗੀਆਂ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਬਾਕਾ ਮੈਂਬਰ ਦਲੀਪ ਸਿੰਘ ਪੁੰਗਾ, ਕਾਲਾ ਸਿੰਘ, ਸੰਯੁਕਤ ਕਿਸਾਨ ਮੋਰਚੇ ਦੇ ਆਗੂ ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਤਹਿਸੀਲ ਪ੍ਰਧਾਨ ਜੱਗਾ ਸਿੰਘ ਡੱਲਾ ਰਾਜਪੂਤਾਂ, ਉੱਘੇ ਸਮਾਜ ਸੇਵਕ ਪ੍ਰੋ. ਮਲਿਕ ਸਿੰਘ ਗੁਰਾਲਾ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਰਾਣਾ ਸਿੰਘ ਪੁੰਗਾ, ਲਾਭ ਸਿੰਘ, ਗੁਰਨਾਮ ਸਿੰਘ, ਗੁਰਮੇਜ ਸਿੰਘ, ਮੇਜਰ ਸਿੰਘ, ਕਾਲਾ ਸਿੰਘ ਆਦਿ ਹਾਜ਼ਰ ਸਨ।

# ਪਾਕਿ ਨਾਗਰਿਕ ਭਾਰਤੀ ਸਰਹੱਦ 'ਚ ਘੁਸਪੈਠ ਕਰਦਾ ਫੜਿਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਸਦਰ ਫਿਰੋਜ਼ਪੁਰ ਦੇ ਅਧੀਨ ਆਉਂਦੇ ਖੇਤਰ ਵਿਚ ਸਥਿਤ ਭਾਰਤ-ਪਾਕਿ ਸਰਹੱਦ 'ਤੇ ਬੀਤੇ ਦਿਨ ਬਾਰਡਰ ਸਿਕਿਉਰਿਟੀ ਫੋਰਸ (ਬੀਐੱਸਐੱਫ) ਦੀ 155ਵੀਂ ਬਟਾਲੀਅਨ ਦੇ ਜਵਾਨਾਂ ਨੇ ਇਕ ਪਾਕਿਸਤਾਨੀ ਨਾਗਰਿਕ ਨੂੰ ਭਾਰਤੀ ਸਰਹੱਦ ਵਿਚ ਘੁਸਪੈਠ ਕਰਦਿਆਂ ਫੜ ਲਿਆ। ਫੜੇ ਗਏ ਵਿਅਕਤੀ ਦੀ ਪਛਾਣ ਮੁਜਾਮਿਲ ਹੁਸੈਨ ਪੁੱਤਰ ਮੁਹੰਮਦ ਹੁਸੈਨ ਵਾਸੀ ਪਿੰਡ ਮਚਾਨੂ ਹੁਸੈਨਾਬਾਦ ਜ਼ਿਲ੍ਹਾ ਕਾਹਨੇਵਾਲ (ਪਾਕਿਸਤਾਨ) ਵਜੋਂ ਹੋਈ ਹੈ। ਉਸ ਦੇ ਕਬਜ਼ੇ ਵਿੱਚੋਂ 20 ਰੁਪਏ ਦੀ ਪਾਕਿਸਤਾਨੀ ਮੁਦਰਾ ਵੀ ਬਰਾਮਦ ਕੀਤੀ ਗਈ ਹੈ। ਇਸ ਮਾਮਲੇ ਵਿੱਚ ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਨੇ ਬੀਐੱਸਐੱਫ ਦੇ ਅਧਿਕਾਰੀ ਦੇ ਬਿਆਨ ਦੇ ਆਧਾਰ 'ਤੇ ਪਾਸਪੋਰਟ ਐਕਟ ਦੀਆਂ ਧਾਰਾਵਾਂ ਅਧੀਨ ਮੁਜਾਮਿਲ ਹੁਸੈਨ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਹੈ। ਥਾਣਾ ਸਦਰ ਦੇ ਸਹਾਇਕ ਐਸਆਈ ਜਸਪਾਲ ਸਿੰਘ ਨੇ ਦੱਸਿਆ ਕਿ ਬੀਐੱਸਐੱਫ ਦੀ ਏ-ਕੰਪਨੀ, 155ਵੀਂ ਬਟਾਲੀਅਨ ਬੀਓਪੀ ਬਾਰੇਕੇ ਫਿਰੋਜ਼ਪੁਰ ਦੇ ਕੰਪਨੀ ਕਮਾਂਡਰ ਨੇ ਆਪਣੇ ਬਿਆਨ ਵਿਚ ਦੱਸਿਆ ਕਿ ਬੀਤੇ ਦਿਨ ਜਵਾਨਾਂ ਨੇ ਮੁਜਾਮਿਲ ਹੁਸੈਨ ਨੂੰ ਸਰਹੱਦੀ ਚੌਕੀ (ਬੀਓਪੀ) ਦੀ ਬੁਰਜੀ ਨੰਬਰ 190/4 ਤੋਂ ਭਾਰਤੀ ਸਰਹੱਦ ਵਿਚ ਗੈਰ-ਕਾਨੂੰਨੀ ਤਰੀਕੇ ਨਾਲ ਦਾਖਲ ਹੁੰਦਿਆ ਫੜਿਆ। ਏਐੱਸਆਈ ਜਸਪਾਲ ਸਿੰਘ ਨੇ ਅੱਗੇ ਦੱਸਿਆ ਕਿ ਪੁਲਿਸ ਨੇ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਅਗਲੀ ਕਾਰਵਾਈ ਜਾਰੀ ਹੈ। ਉਨ੍ਹਾਂ ਅਨੁਸਾਰ ਇਹ ਘਟਨਾ ਸਰਹੱਦੀ ਸੁਰੱਖਿਆ ਦੇ ਮੱਦੇਨਜ਼ਰ ਗੰਭੀਰ ਹੈ ਅਤੇ ਪੁਲਸ ਤੇ ਬੀਐਸਐਫ ਮਿਲ ਕੇ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕਰ ਰਹੇ ਹਨ। ਪੁਲਸ ਨੇ ਇਹ ਵੀ ਸਪੱਸ਼ਟ ਕੀਤਾ ਕਿ ਘੁਸਪੈਠ ਦੀਆਂ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਰਹੱਦ 'ਤੇ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ ਤੇ ਅਜਿਹੇ ਮਾਮਲਿਆਂ ਵਿੱਚ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਬੇਦਖਲੀ ਨੋਟਿਸ

ਮੈਂ, ਸੰਗਤ ਰਾਮ ਪੁੱਤਰ ਸੁਰਿੰਦਰ ਪਾਲ ਵਾਸੀ ਪਿੰਡ ਭੋਡੇ ਸਪਰਾਏ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਜੇ ਕੁਮਾਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਮੁਨੀਸ਼ ਕੁਮਾਰ ਪੁੱਤਰ ਕੁਲਦੀਪ ਕੁਮਾਰ ਅਤੇ ਮਨਜੀਤ ਪਤਨੀ ਮੁਨੀਸ਼ ਕੁਮਾਰ ਵਾਸੀਆਨ ਨੇੜੇ ਸਿੰਘ ਸਭਾ ਗੁਰਦੁਆਰਾ, ਕੰਗਣੀਵਾਲ, ਤਹਿਸੀਲ ਵਾ ਜਿਲਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਮੀਤ ਤੇਜੀ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਸੁਖਵਿੰਦਰ ਕੌਰ ਪਤਨੀ ਲੇਟ ਗੁਰਬਚਨ ਸਿੰਘ ਵਾਸੀ ਪ੍ਰੇਮ ਨਗਰ ਹਰਦੋ ਛੰਨੀਆ ਰੋਡ ਨੇੜੇ ਗੈਸ ਏਜੰਸੀ ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰੀ ਲੜਕੀ ਨਵਜੋਤ ਕੌਰ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅੱਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜਗਤਾਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਵਾਰਡ ਨੰ 6 ਪੱਟੀ ਤਹਿਸੀਲ ਪੱਟੀ ਜ਼ਿਲਾ ਤਰਨ ਤਾਰਨ ਦਾ ਰਹਿਣ ਵਾਲਾ ਹਾ । ਮੇਰਾ ਲੜਕਾ ਗੁਰਪ੍ਰੀਤ ਸਿੰਘ ਉਰਫ ਕਾਲੂ ਮੇਰੇ ਕਹਿਣੇ ਤੋ ਬਾਹਰ ਹੈ।ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋ ਵਿੱਚੋ ਬੇਦਖਲ ਕਰਦਾ ਹਾ। ਇਸ ਨਾਲ ਲੈਣ ਦੇਣ ਵਾਲਾ ਖੁਦ ਜਿੰਮੇਵਾਰ ਹੋਵੇਗਾ।

23 July Page 8.qxd 7/22/2025 10:40 PM Page 1



# 22,772 ਨਸ਼ਾ ਤਸਕਰ ਗ੍ਰਿਫ਼ਤਾਰ; 940 ਕਿਲੋ ਹੈਰੋਇਨ, 337 ਕਿਲੋ ਅਫੀਮ, 11.84 ਕਰੋੜ ਦੀ ਡਰੱਗ ਮਨੀ ਜ਼ਬਤ : ਡੀ ਜੀ ਪੀ

**ਫਿਲੌਰ (ਨਿਰਮਲ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਨਾਲ-ਨਾਲ ਪੰਜਾਬ ਪੁਲਿਸ ਦੇ 'ਸੇਫ ਪੰਜਾਬ' ਵਟਸਐਪ ਚੈਟਬੋਟ ਪੋਰਟਲ— 9779100200— ਨੇ ਸਫਲਤਾਪੂਰਵਕ 30 ਫੀਸਦ ਟਿਪ ਕਨਵਰਜ਼ਨ ਰੇਟ ਹਾਸਲ ਕੀਤਾ ਹੈ। ਲੋਕਾਂ ਤੋਂ ਪ੍ਰਾਪਤ ਹੋਈ ਜਾਣਕਾਰੀ ਨਾਲ 1 ਮਾਰਚ, 2025 ਤੋਂ ਹੁਣ ਤੱਕ 3671 ਐਫਆਈਆਰਜ਼ ਦਰਜ ਕੀਤੀਆਂ ਗਈਆਂ ਅਤੇ 4872 ਗ੍ਰਿਫ਼ਤਾਰੀਆਂ ਹੋਈਆਂ ਹਨ। ਇਹ ਜਾਣਕਾਰੀ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ। ਜ਼ਿਕਰਯੋਗ ਹੈ ਕਿ 'ਸੇਫ ਪੰਜਾਬ' ਨਸ਼ਾ ਵਿਰੋਧੀ ਹੈਲਪਲਾਈਨ 97791-00200 ਪੰਜਾਬ ਸਰਕਾਰ ਦੀ ਇੱਕ ਪ੍ਰਮੁੱਖ ਪਹਿਲਕਦਮੀ ਹੈ, ਜਿਸਦਾ ਉਦੇਸ਼ ਨਸ਼ਿਆਂ ਨਾਲ ਸਬੰਧਤ ਮਸਲਿਆਂ ਨਾਲ ਜੂਝ ਰਹੇ ਵਿਅਕਤੀਆਂ ਨੂੰ ਗੁਪਤ, ਆਸਾਨੀ ਨਾਲ ਉਪਲਬਧ ਅਤੇ ਭਰੋਸੇਯੋਗ ਸਹਾਇਤਾ ਪ੍ਰਦਾਨ ਕਰਨਾ ਹੈ। ਡੀਜੀਪੀ ਨੇ ਕਿਹਾ ਕਿ 'ਸੇਫ ਪੰਜਾਬ' ਚੈਟਬੋਟ ਇੱਕ ਮਹੱਤਵਪੂਰਨ ਉਪਰਾਲੇ ਵਜੋਂ ਉੱਭਰੀ ਹੈ ਕਿਉਂਕਿ ਇਸਨੂੰ ਆਪਣੀ ਗੁਪਤਤਾ ਵਾਲੀ ਵਿਸ਼ੇਸ਼ਤਾ ਲਈ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ, ਇਹ ਲੋਕਾਂ ਨੂੰ ਤਸਕਰਾਂ, ਨਸ਼ਾ ਪੀੜਤਾਂ ਦੀ ਰਿਪੋਰਟ ਕਰਨ ਅਤੇ ਸੁਝਾਅ ਦੇਣ ਲਈ ਉਤਸ਼ਾਹਿਤ ਕਰਦੀ ਹੈ। ਲੋਕਾਂ ਨੂੰ ਇਸ ਚੈਟਬੋਟ 'ਤੇ ਬਿਨਾਂ ਕਿਸੇ ਡਰ ਤੋਂ ਗੁਪਤ ਰੂਪ ਵਿੱਚ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਪ੍ਰੇਰਿਆ ਜਾ ਰਿਹਾ ਹੈ।ਡੀਜੀਪੀ ਪੰਜਾਬ, ਮਹਾਰਾਜਾ ਰਣਜੀਤ ਸਿੰਘ-ਪੰਜਾਬ ਪੁਲਿਸ ਅਕੈਡਮੀ (ਐਮਆਰਐਸ-ਪੀਪੀਏ), ਫਿਲੌਰ ਵਿਖੇ ਸਾਰੇ ਰੇਂਜ ਡੀਆਈਜੀ, ਐਸਐਸਪੀ ਅਤੇ ਸੀ.ਪੀ. ਨਾਲ ਰਾਜ ਪੱਧਰੀ ਕਾਨੂੰਨ ਵਿਵਸਥਾ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ, ਜਿਸ ਵਿੱਚ ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਡਰੱਗ ਕਾਨੂੰਨ ਲਾਗੂ ਕਰਨ, ਰਾਜ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਅਤੇ ਅੰਦਰੂਨੀ ਸੁਰੱਖਿਆ ਦੀ ਸਮੀਖਿਆ ਕੀਤੀ ਗਈ। ਵਿਸ਼ੇਸ਼ ਡੀਜੀਪੀ ਕਾਨੂੰਨ ਵਿਵਸਥਾ ਅਰਪਿਤ ਸ਼ੁਕਲਾ, ਵਿਸ਼ੇਸ਼ ਡੀਜੀਪੀ (ਇੰਟੈਲੀਜੈਂਸ) ਪ੍ਰਵੀਨ ਸਿਨਹਾ, ਡਾਇਰੈਕਟਰ (ਪੀਪੀਏ) ਫਿਲੌਰ ਅਨੀਤਾ ਪੁੰਜ, ਏਡੀਜੀਪੀ (ਏਐਨਟੀਐਫ) ਨੀਲਭ ਕਿਸ਼ੋਰ, ਏਡੀਜੀਪੀ (ਏ.ਜੀ.ਟੀ.ਐਫ.) ਪ੍ਰਮੋਦ ਬਾਨ ਅਤੇ ਏਡੀਜੀਪੀ ਕਾਊਂਟਰ ਇੰਟੈਲੀਜੈਂਸ (ਸੀਆਈ) ਅਮਿਤ ਪ੍ਰਸਾਦ ਅਤੇ ਆਈਜੀਪੀ (ਹੈੱਡਕੁਆਟਰ) ਡਾ. ਸੁਖਚੈਨ ਸਿੰਘ ਗਿੱਲ ਨੇ ਵੀ ਮੀਟਿੰਗ ਵਿੱਚ ਸ਼ਿਰਕਤ ਕੀਤੀ।'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਨਤੀਜੇ ਸਾਂਝੇ



ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਿਸ ਨੇ 1 ਮਾਰਚ, 2025 ਤੋਂ ਹੁਣ ਤੱਕ 14,281 ਐਫਆਈਆਰਜ਼ ਦਰਜ ਕਰਕੇ 22,772 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 940 ਕਿਲੋ ਹੈਰੋਇਨ, 337 ਕਿਲੋ ਅਫੀਮ, 18 ਟਨ ਭੁੱਕੀ, 14 ਕਿਲੋ ਚਰਸ, 325 ਕਿਲੋ ਗਾਂਜਾ, 6 ਕਿਲੋ ਆਈਸੀਈ, 3.3 ਕਿਲੋ ਕੋਕੀਨ, 29.63 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 11.84 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਮੁਹਿੰਮ ਦੌਰਾਨ ਕਾਨੂੰਨੀ ਨਿਯਮਾਂ ਅਨੁਸਾਰ ਨਸ਼ਾ ਤਸਕਰਾਂ ਦੀਆਂ 162 (ਗੈਰ-ਕਾਨੂੰਨੀ ਢੰਗ ਨਾਲ ਬਣਾਈਆਂ) ਜਾਇਦਾਦਾਂ ਨੂੰ ਢਹਿ-ਢੇਰੀ ਕਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਪੁਲਸ ਨੇ 1 ਮਾਰਚ, 2025 ਤੋਂ ਐਨਡੀਪੀਐਸ ਐਕਟ ਦੇ 90 ਫ਼ੀਸਦ ਮਾਮਲਿਆਂ ਵਿੱਚ ਅਪਰਾਧੀਆਂ ਨੂੰ ਸਜ਼ਾ ਦਵਾ ਕੇ ਮਹੱਤਵਪੂਰਨ ਸਫਲਤਾ ਪ੍ਰਾਪਤ ਕੀਤੀ ਹੈ।ਡੀਜੀਪੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਚੱਲ ਰਹੀ ਫੈਸਲਾਕੁੰਨ ਜੰਗ ਤੋਂ ਇਲਾਵਾ, ਸੰਗਠਿਤ ਅਪਰਾਧ, ਗੈਂਗਸਟਰਾਂ ਅਤੇ ਪਾਕਿਸਤਾਨ-ਅਧਾਰਤ ਅੱਤਵਾਦੀ ਗਤੀਵਿਧੀਆਂ ਵਿਰੁੱਧ ਕਾਰਵਾਈ ਕਰਨਾ ਪੰਜਾਬ ਪੁਲਿਸ ਦੀ ਸਭ ਤੋਂ ਵੱਡੀ ਤਰਜੀਹ ਰਹੀ ਹੈ ਅਤੇ ਸਾਰੇ ਵੱਡੇ ਮਾਮਲਿਆਂ ਵਿੱਚ ਦੋਸ਼ੀਆਂ ਦੀ ਪਛਾਣ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਸਾਰੇ ਵੱਡੇ ਸੰਗਠਿਤ ਅਪਰਾਧ ਅਤੇ ਗੈਂਗਸਟਰ ਨਾਲ ਸਬੰਧਤ ਮਾਮਲਿਆਂ ਦਾ ਪਤਾ ਲਗਾਇਆ ਗਿਆ ਹੈ ਅਤੇ 100 ਫ਼ੀਸਦੀ ਅੱਤਵਾਦੀ ਮਾਮਲਿਆਂ ਦਾ ਨਿਪਟਾਰਾ ਕੀਤਾ ਗਿਆ ਹੈ।ਇਸ ਮੌਕੇ ਵਿਸ਼ੇਸ਼ ਡੀਜੀਪੀ ਕਾਨੂੰਨ ਵਿਵਸਥਾ ਅਰਪਿਤ ਸ਼ੁਕਲਾ, ਵਿਸ਼ੇਸ਼ ਡੀਜੀਪੀ ਇੰਟੈਲੀਜੈਂਸ ਪ੍ਰਵੀਨ ਸਿਨਹਾ, ਏਡੀਜੀਪੀ (ਏਐਨਟੀਐਫ) ਨੀਲਭ ਕਿਸ਼ੋਰ, ਏਡੀਜੀਪੀ (ਏਜੀਟੀਐਫ) ਪ੍ਰਮੋਦ ਬਾਨ ਅਤੇ ਏਡੀਜੀਪੀ (ਸੀਆਈ) ਅਮਿਤ ਪ੍ਰਸਾਦ ਨੇ ਫੀਲਡ ਅਧਿਕਾਰੀਆਂ ਨੂੰ ਨਸ਼ਾ ਤਸਕਰੀ, ਪਾਕਿ-ਅਧਾਰਤ ਅੱਤਵਾਦ, ਸੰਗਠਿਤ ਅਪਰਾਧ ਅਤੇ ਰਾਜ ਵਿੱਚ ਕਾਨੂੰਨ ਵਿਵਸਥਾ ਨੂੰ ਪ੍ਰਭਾਵਿਤ ਕਰਨ ਵਾਲੇ ਮਹੱਤਵਪੂਰਨ ਮੁੱਦਿਆਂ ਦੇ ਨਵੀਨਤਮ ਰੁਝਾਨਾਂ ਤੋਂ ਜਾਣੂ ਕਰਵਾਇਆ।

# ਛੱਤੀਸਗੜ੍ਹ ਦੀ ਸਰਕਾਰ ਦਾ ਪੁਰਾਣੀ ਪੈਨਸ਼ਨ ਨੂੰ ਬੰਦ ਕਰਨ ਦਾ ਫੈਸਲਾ ਮੰਦਭਾਗਾ



**ਮੋਹਨਿਆਣਾ (ਜਤਰਾਜ ਸਿੰਘ ਭੁੱਗਰਨੀ)**- ਬਲਾਕ ਕੋਟ ਫ਼ਤੂਹੀ ਦੀ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਦੀ ਇੱਕ ਵਿਸ਼ੇਸ਼ ਮੀਟਿੰਗ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਉਂਕਾਰ ਸਿੰਘ ਅਤੇ ਹਰਮਨੋਜ ਕੁਮਾਰ ਦੀ ਅਗਵਾਈ ਵਿੱਚ ਕੋਟ ਫ਼ਤੂਹੀ ਵਿਖੇ ਹੋਈ।ਇਸ ਮੀਟਿੰਗ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਆਗੂ ਪਵਨ ਗੋਇਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਆਪਣੇ ਸੰਬੋਧਨ ਵਿੱਚ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਦਬਾਅ ਹੇਠ ਛੱਤੀਸਗੜ੍ਹ ਸਰਕਾਰ ਦਾ ਪੁਰਾਣੀ ਪੈਨਸ਼ਨ ਬੰਦ ਕਰਨ ਦਾ ਫ਼ੈਸਲਾ ਬਹੁਤ ਮੰਦਭਾਗਾ ਹੈ।ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਰਾਜਾਂ 'ਤੇ ਯੂਨੀਫਾਈਡ ਪੈਨਸ਼ਨ ਸਕੀਮ ਜਬਰੀ ਥੋਪ ਰਹੀ ਹੈ, ਜੋ ਕਿ ਮੁਲਾਜ਼ਮਾਂ ਨਾਲ ਧੱਕਾ ਹੈ, ਜਿਸ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਸਭ ਦਾ ਸਾਥ, ਸਭ ਦਾ ਵਿਕਾਸ ਦਾ ਨਾਅਰਾ ਸਿਰਫ਼ ਦਵਾਈ ਵਾਂਗ ਹੀ ਸਾਬਤ ਹੋਇਆ ਹੈ।ਆਗੂਆਂ ਕਿਹਾ ਕਿ ਸਰਕਾਰ ਆਪ ਪੁਰਾਣੀ ਪੈਨਸ਼ਨ ਲੈ ਕੇ ਸਿਰਫ਼ ਆਪਣਾ ਵਿਕਾਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਰਾਜਾਂ ਨੂੰ ਯੂਨੀਫਾਈਡ ਪੈਨਸ਼ਨ ਸਕੀਮ ਲਾਗੂ ਕਰਨ ਲਈ ਧਮਕਾਉਣਾ ਬੰਦ ਕਰੇ ਅਤੇ ਯੂਨੀਫਾਈਡ ਪੈਨਸ਼ਨ ਸਕੀਮ ਨੂੰ ਬੰਦ ਕਰਕੇ ਮੋਦੀ ਸਰਕਾਰ ਪੂਰੇ ਦੇਸ਼ ਵਿੱਚ ਅਤੇ ਪੰਜਾਬ ਸਰਕਾਰ ਪੰਜਾਬ ਦੇ ਦੋ ਲੱਖ ਐਨ.ਪੀ.ਐਸ ਮੁਲਾਜ਼ਮਾਂ ਲਈ 1972 ਨਿਯਮ ਅਨੁਸਾਰ ਪੁਰਾਣੀ ਪੈਨਸ਼ਨ ਲਾਗੂ ਕਰੇ। ਇਸ ਮੌਕੇ ਸੁਖਜੀਵਨ ਸਿੰਘ, ਅਜੇ ਕੁਮਾਰ, ਦਵਿੰਦਰ ਡਾਨਸੀਵਾਲ, ਰਾਜ ਕੁਮਾਰ, ਜਾਨਕੀ ਦਾਸ, ਗਗਨਦੀਪ ਸਿੰਘ, ਉਂਕਾਰ ਤਨੂੰਲੀ, ਪਵਨ ਸਿੰਘ, ਪੰਕਜ ਕੁਮਾਰ, ਪਵਨਦੀਪ ਸਿੰਘ, ਸਤਗੁਰੂ ਸਿੰਘ, ਨਰੇਸ਼ ਕੁਮਾਰ, ਇੰਦਰਜੀਤ ਸਿੰਘ, ਸੰਦੀਪ ਕੁਮਾਰ ਹਾਜ਼ਰ ਸਨ।

# ਸਖਤ ਸਜ਼ਾਵਾਂ ਬੇਅਦਬੀ ਦੇ ਅਪਰਾਧ ਖਤਮ ਕਰਨ ਦੀ ਗਾਰੰਟੀ ਨਹੀਂ : ਤਰਕਸ਼ੀਲ ਸੁਸਾਇਟੀ

**ਮੋਹਾਲੀ (ਗੁਰਜੀਤ ਬਿੱਲਾ)**- ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪੰਜਾਬ ਸਰਕਾਰ ਵੱਲੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਉਮਰ ਕੈਦ ਦੀ ਸਖਤ ਸਜ਼ਾ ਦੇਣ ਲਈ ਲਿਆਂਦੇ ਜਾ ਰਹੇ ਸਖਤ ਕਾਨੂੰਨ ਨੂੰ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਾੜੇ ਅਮਨ ਕਾਨੂੰਨ ਦੇ ਹਾਲਾਤ ਸਮੇਤ ਆਪਣੀਆਂ ਨਾਕਾਮੀਆਂ ਛੁਪਾਉਣ ਅਤੇ ਆਮ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾਉਣ ਦੀ ਮੌਕਾਪ੍ਰਸਤ ਫਿਰਕੂ ਸਿਆਸਤ ਕਰਾਰ ਦਿੰਦਿਆਂ ਇਸ ਕਾਨੂੰਨ ਤਹਿਤ ਉਮਰ ਕੈਦ ਦੀ ਸਖਤ ਸਜ਼ਾ ਦੇਣ ਦੀ ਤਜਵੀਜ਼ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ।ਇਸ ਸਬੰਧੀ ਸੁਸਾਇਟੀ ਦੇ ਸੂਬਾ ਆਗੂ ਜਸਵੰਤ ਮੋਹਾਲੀ, ਇਕਾਈ ਮੁਖੀ ਸੁਰਜੀਤ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਤਤਕਾਲੀ ਅਕਾਲੀ-ਭਾਜਪਾ, ਕਾਂਗਰਸ ਅਤੇ ਮੌਜੂਦਾ ਪੰਜਾਬ ਸਰਕਾਰ ਵੱਲੋਂ ਬੀਤੇ ਸਮੇਂ ਵਿੱਚ ਵਾਪਰੀਆਂ ਧਾਰਮਿਕ ਬੇਅਦਬੀਆਂ ਦੀਆਂ ਘਟਨਾਵਾਂ ਦੀ ਕੋਈ ਠੋਸ ਜਾਂਚ ਪੜਤਾਲ ਕਰਕੇ ਅਸਲ ਸਚਾਈ ਸਾਹਮਣੇ ਨਹੀਂ ਲਿਆਂਦੀ ਗਈ ਅਤੇ ਨਾ ਹੀ ਮੌਕੇ 'ਤੇ ਕਾਬੂ ਦੋਸ਼ੀਆਂ ਦੇ ਕਤਲ ਕਰਕੇ ਸਬੂਤ ਮਿਟਾਉਣ ਵਾਲਿਆਂ ਨੂੰ ਕੋਈ ਸਜ਼ਾ ਦਿਵਾਈ ਗਈ ਹੈ ਜੋ ਕਿ ਸਰਕਾਰ ਦੀ ਗੈਰ ਸੰਜੀਦਗੀ ਅਤੇ ਫਿਰਕੂ ਤਾਕਤਾਂ ਨਾਲ ਮਿਲੀਭੁਗਤ ਨੂੰ ਸਾਬਤ ਕਰਦਾ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਕੰਮ ਕਰਦੇ ਕਾਰਨਾਂ ਅਤੇ ਫਿਰਕੂ ਤਾਕਤਾਂ ਦਾ ਪਰਦਾਫਾਸ਼ ਕਰਕੇ ਹੀ ਅਜਿਹੇ ਅਪਰਾਧਾਂ ਨੂੰ ਖਤਮ ਕੀਤਾ ਜਾ ਸਕਦਾ ਹੈ ਸਖਤ ਸਜ਼ਾਵਾਂ ਦੇ ਕੇ ਨਹੀਂ।ਇਕਾਈ ਮੋਹਾਲੀ ਦੇ ਮੀਡੀਆ ਮੁਖੀ ਡਾ. ਮਜੀਦ ਅਜ਼ਾਦ ਅਤੇ ਗੁਰਪਿਆਰ ਸਿੰਘ ਨੇ ਸਪੱਸ਼ਟ ਕੀਤਾ ਕਿ ਸਰਕਾਰਾਂ ਵੱਲੋਂ ਕੋਈ ਸਖਤ ਸਜ਼ਾ ਦੇਣ ਦਾ ਕਾਨੂੰਨ ਬਣਾ ਕੇ ਲਾਗੂ ਕਰਨਾ ਕਿਸੇ



ਅਪਰਾਧ ਨੂੰ ਖਤਮ ਕਰਨ ਦੀ ਗਾਰੰਟੀ ਨਹੀਂ ਹੋ ਸਕਦਾ ਕਿਉਂਕਿ ਭਾਰਤੀ ਨਿਆਂ ਪ੍ਰਣਾਲੀ ਵਿੱਚ ਕਤਲ ਅਤੇ ਬਲਾਤਕਾਰ ਦੇ ਦੋਸ਼ੀਆਂ ਲਈ ਮੌਤ ਦੀ ਸਖਤ ਸਜ਼ਾ ਹੋਣ ਦੇ ਬਾਵਜੂਦ ਦੇਸ਼ ਵਿੱਚ ਕਤਲ ਅਤੇ ਬਲਾਤਕਾਰ ਦੇ ਅਪਰਾਧਾਂ ਵਿੱਚ ਕੋਈ ਕਮੀ ਨਹੀਂ ਆਈ।ਸੂਬਾ ਆਗੂ ਜਸਵੰਤ ਮੁਹਾਲੀ ਨੇ ਇਸ ਕਾਨੂੰਨ ਦੀ ਦੁਰਵਰਤੋਂ ਹੋਣ ਦਾ ਖਦਸ਼ਾ ਜ਼ਾਹਰ ਕਰਦਿਆਂ ਦੋਸ਼ ਲਾਇਆ ਕਿ ਜਿਵੇਂ ਸਾਮਰਾਜ ਪੱਖੀ ਹਕੂਮਤਾਂ ਵੱਲੋਂ ਯੂਏਪੀਏ ਅਤੇ ਐਨਐਸਏ ਵਰਗੇ ਲੋਕ ਵਿਰੋਧੀ ਸਖਤ ਕਾਨੂੰਨਾਂ ਦੀ ਆਪਣੇ ਸਿਆਸੀ ਅਤੇ ਵਿਚਾਰਧਾਰਕ ਵਿਰੋਧੀਆਂ ਦੇ ਖਿਲਾਫ ਦੁਰਵਰਤੋਂ ਕਰਕੇ ਉਨ੍ਹਾਂ ਨੂੰ ਕਈ ਕਈ ਸਾਲਾਂ ਤੱਕ ਜੇਲ੍ਹਾਂ ਵਿੱਚ ਨਜ਼ਰਬੰਦ ਕੀਤਾ ਗਿਆ ਹੈ, ਉਵੇਂ ਹੀ ਧਾਰਮਿਕ ਬੇਅਦਬੀ ਵਿਰੋਧੀ ਕਾਨੂੰਨ ਹੇਠ ਸਿਆਸੀ ਵਿਰੋਧੀਆਂ ਅਤੇ ਵਿਗਿਆਨਕ ਸੋਚ ਦੇ ਧਾਰਨੀਆਂ ਨੂੰ ਧਾਰਮਿਕ ਬੇਅਦਬੀ ਦੇ ਝੂਠੇ ਕੇਸਾਂ ਵਿੱਚ ਫਸਾ ਕੇ ਉਨ੍ਹਾਂ ਦੀ ਜ਼ਬਾਨਬੰਦੀ ਕੀਤੀ ਜਾਵੇਗੀ। ਇਸ ਮੌਕੇ ਸਥਾਨਕ ਕਮੇਟੀ ਦੇ ਆਗੂਆਂ ਜਰਨੈਲ ਕ੍ਰਾਂਤੀ, ਗੁਰਤੇਜ ਸਿੰਘ, ਇਕਬਾਲ ਸਿੰਘ, ਗੋਰਾ ਹੁਸ਼ਿਆਰਪੁਰ ਨੇ ਕਿਹਾ ਕਿ ਦੇਸ਼ ਵਿੱਚ ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕਰਨ ਦੇ ਨਤੀਜੇ ਵਜੋਂ ਬੇਰੁਜ਼ਗਾਰੀ, ਮਹਿੰਗਾਈ, ਭੁੱਖਮਰੀ, ਖੁਦਕੁਸ਼ੀਆਂ, ਬਾਲ ਮਜ਼ਦੂਰੀ ਵਰਗੀਆਂ ਗੰਭੀਰ ਸਮੱਸਿਆਵਾਂ ਨੇ ਕਰੋੜਾਂ ਆਮ ਲੋਕਾਂ ਦੀ ਜ਼ਿੰਦਗੀ ਅਤੇ ਪਰਵਾਰ ਹੀ ਬਰਬਾਦ ਕਰ ਦਿੱਤੇ ਹਨ ਜਿਨ੍ਹਾਂ ਤੋਂ ਧਿਆਨ ਲਾਂਭੇ ਹਟਾਉਣ ਅਤੇ ਲੋਕਾਂ ਦੇ ਧਾਰਮਿਕ ਜਜ਼ਬਾਤ ਭੜਕਾਉਣ ਲਈ ਹੀ ਮੌਜੂਦਾ ਸਰਕਾਰ ਵੱਲੋਂ ਅਜਿਹੇ ਸਖਤ ਕਾਨੂੰਨ ਲਾਗੂ ਕੀਤੇ ਜਾ ਰਹੇ ਹਨ।ਤਰਕਸ਼ੀਲ ਆਗੂਆਂ ਨੇ ਅਜਿਹੇ ਫਾਸ਼ੀਵਾਦੀ ਕਾਨੂੰਨ ਅਤੇ ਸਖਤ ਸਜ਼ਾ ਦੀ ਤਜਵੀਜ਼ ਨੂੰ ਸੰਵਿਧਾਨ ਦੀ ਧਾਰਾ 51- ਏ (ਐੱਚ) ਦੀ ਉਲੰਘਣਾ ਅਤੇ ਅਗਾਂਹਵਧੂ ਸਮਾਜ ਅਤੇ ਨਾਗਰਿਕਾਂ ਦੇ ਜਮਹੂਰੀ ਹੱਕਾਂ ਦਾ ਵਿਰੋਧੀ ਦੱਸਦਿਆਂ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਕਾਨੂੰਨ ਦੇ ਖਰੜੇ ਵਿੱਚ ਸ਼ਾਮਿਲ ਹੋਰ ਧਾਰਮਿਕ ਗ੍ਰੰਥਾਂ ਦੇ ਨੁਕਤੇ ਬਾਰੇ ਸਪੱਸ਼ਟ ਵਿਆਖਿਆ ਕਰਨ ਦੀ ਵੀ ਮੰਗ ਕੀਤੀ।

# ਅੱਡਾ ਸਰਾਂ 'ਚ ਮੈਗਾ ਮੁਫ਼ਤ ਮੈਡੀਕਲ ਜਾਂਚ ਕੈਂਪ 26 ਨੂੰ

**ਟਾਂਡਾ ਉੜਮੜ (ਕਾਜਲ)**- ਪ੍ਰਿੰਸੀਪਲ ਡਾ. ਹਰਿੰਦਰਪਾਲ ਕੌਰ ਹੁੰਦਲ ਮੈਮੋਰੀਅਲ ਸੋਸ਼ਲ ਵੈੱਲਫੇਅਰ ਸੋਸਾਇਟੀ ਅੱਡਾ ਸਰਾਂ ਦੇ ਸਹਿਯੋਗ ਨਾਲ ਕਰਤਾਰ ਮੈਮੋਰੀਅਲ ਹਸਪਤਾਲ ਤੱਗੜ ਬਡਾਲਾ ਵੱਲੋਂ ਅੱਡਾ ਸਰਾਂ ਦੇ ਲੰਗਰ ਹਾਲ ਵਿਚ 26 ਜੁਲਾਈ ਨੂੰ ਮੈਗਾ ਮੁਫਤ ਮੈਡੀਕਲ ਜਾਂਚ ਕੈਂਪ ਲਾਇਆ



ਜਾਵੇਗਾ । ਸੰਸਥਾ ਦੇ ਕਾਨੂੰਨੀ ਸਲਾਹਕਾਰ ਐਡਵੋਕੇਟ ਗੁਰਵੀਰ ਸਿੰਘ ਚੌਟਾਲਾ ਨੇ ਦੱਸਿਆ ਕਿ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਲੱਗਣ ਵਾਲੇ ਇਸ ਕੈਂਪ ਵਿੱਚ ਮਾਹਰ, ਐੱਮ. ਡੀ. ਡਾਕਟਰ ਮਰੀਜ਼ਾਂ ਦੀ ਜਾਂਚ ਕਰਨਗੇ ਅਤੇ ਵੱਖ-ਵੱਖ ਤਰ੍ਹਾਂ ਦੇ ਮੈਡੀਕਲ ਟੈਸਟ ਅਤੇ ਦਵਾਈਆਂ ਵੀ ਮੁਫਤ ਦਿੱਤੀਆਂ ਜਾਣਗੀਆਂ। ਇਸ ਕੈਂਪ ਨੂੰ ਲੈ ਕੇ ਸੰਸਥਾ ਦੇ ਪ੍ਰਧਾਨ ਜਸਵੰਤ ਸਿੰਘ ਚੌਟਾਲਾ, ਹਸਪਤਾਲ ਦੇ ਐੱਮ. ਡੀ. ਦਵਿੰਦਰ ਸਿੰਘ ਜਗਤ ਦੀ ਦੇਖ ਰੇਖ ਵਿਚ ਹੋਈ ਮੀਟਿੰਗ ਦੌਰਾਨ ਕੈਂਪ ਦੀ ਸਫਲਤਾ ਲਈ ਵੱਖ-ਵੱਖ ਮੈਂਬਰਾਂ ਦੀਆਂ ਡਿਊਟੀਆਂ ਲਾਈਆਂ ਗਈਆਂ । ਇਸ ਦੇ ਨਾਲ ਹੀ ਸੋਸਾਇਟੀ ਵੱਲੋਂ ਇਲਾਕੇ ਵਿਚ ਕੀਤੇ ਜਾਣ ਵਾਲੇ ਹੋਰ ਸਮਾਜਿਕ ਵਿਕਾਸ ਦੇ ਕਾਰਜਾਂ ਦੀ ਰੂਪ ਰੇਖਾ ਤਿਆਰ ਕੀਤੀ ਗਈ । ਇਸ ਮੌਕੇ ਸਤਨਾਮ ਸਿੰਘ ਢਿੱਲੋਂ, ਜਸਵੀਰ ਸਿੰਘ ਤੱਗੜ, ਹਰਦੇਵ ਸਿੰਘ ਧੂਤ , ਕਰਨੈਲ ਸਿੰਘ ਢੋਲੋਵਾਲ, ਜਸਵਿੰਦਰ ਸਿੰਘ ਹੁੰਦਲ, ਮਨਜੀਤ ਸਿੰਘ ਸੈਕਟਰੀ ਕੰਧਾਲਾ ਜੱਟਾਂ, ਬਲਬੀਰ ਸਿੰਘ ਧਾਲੀਵਾਲ, ਜਥੇਦਾਰ ਅਵਤਾਰ ਸਿੰਘ ਕੰਧਾਲਾ ਜੱਟਾਂ, ਬਲਬੀਰ ਸਿੰਘ ਢੱਟਾਂ, ਸੰਦੀਪ ਸਿੰਘ ਢੱਟ, ਤਰਨ ਕੌਸ਼ਲ ਡਿੰਪੀ, ਮਣੀ ਕੌਸ਼ਲ, ਸਰਪੰਚ ਸਤਨਾਮ ਸਿੰਘ ਬੈਂਚਾਂ, ਹਰਜੀਤ ਸਿੰਘ ਬੜੈਚ, ਸੁਖਬੀਰ ਸਿੰਘ ਬੈਂਚਾ, ਸਰਪੰਚ ਹਰਜੀਤ ਸਿੰਘ ਸੰਧਰਾ, ਸਰਪੰਚ ਰਮਿੰਦਰ ਸਿੰਘ ਮਿਰਜਾਪੁਰ, ਨਵਜੋਤ ਸਿੰਘ ਮਿਰਜਾਪੁਰ, ਪ੍ਰਿੰਸੀਪਲ ਭੁਪਿੰਦਰ ਸਿੰਘ ਕੰਧਾਲੀ ਨਰੰਗਪੁਰ, ਡਾ.ਐਸ. ਪੀ. ਸਿੰਘ ਸੀ.ਐੱਮ.ਓ. ਏਅਰਪੋਰਟ, ਸਾਬਕਾ ਸਰਪੰਚ ਮੁੰਦਰੀ ਰਾਮ , ਸੰਸਥਾ ਦੇ ਸਮੂਹ ਮੈਂਬਰ ਅਤੇ ਕਰਤਾਰ ਮੈਮੋਰੀਅਲ ਹਸਪਤਾਲ ਦੇ ਦੀ ਟੀਮ ਮੌਜੂਦ ਰਹੀ ।

# ਐੱਮ ਐੱਸ ਸੀ ਆਈ ਟੀ 'ਚ ਮੈਡਲ ਪ੍ਰਾਪਤ ਅਮਨਦੀਪ ਸਿੰਘ ਦਾ ਸਨਮਾਨ



**ਮਾਹਿਲਪੁਰ (ਸ਼ਫ਼ਰੀ)**- ਇੱਥੋਂ ਦੇ ਸ਼੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿੱਚ ਚਲਦੇ ਕੋਰਸ ਐੱਮਐੱਸਸੀ (ਆਈਟੀ) ਦੇ ਸੈਸ਼ਨ 2020 -2021 ਦੇ ਨਤੀਜੇ ਵਿੱਚ ਅੱਵਲ ਪੁਜ਼ੀਸ਼ਨ ਹਾਸਲ ਕਰਨ 'ਤੇ ਯੂਨੀਵਰਸਿਟੀ ਮੈਡਲ ਪ੍ਰਾਪਤ ਕਰਨ ਵਾਲੇ ਖਾਲਸਾ ਕਾਲਜ ਮਾਹਿਲਪੁਰ ਦੇ ਵਿਦਿਆਰਥੀ ਅਮਨਦੀਪ ਸਿੰਘ ਨੂੰ ਪੰਜਾਬ ਯੂਨੀਵਰਸਿਟੀ ਦੇ ਵੀਸੀ ਪ੍ਰੋਫੈਸਰ ਰੇਨੂੰ ਵਿੱਜ ਦੀ ਅਗਵਾਈ ਹੇਠ ਯੂਨੀਵਰਸਿਟੀ ਦੇ ਪ੍ਰਬੰਧਕਾਂ ਵੱਲੋਂ ਕਰਵਾਏ ਵਿਸ਼ੇਸ਼ ਸਮਾਰੋਹ ਮੌਕੇ ਸਨਮਾਨਿਤ ਕੀਤਾ ਗਿਆ।ਕਾਲਜ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਅਤੇ ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋਫੈਸਰ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਵਿਦਿਆਰਥੀ ਅਮਨਦੀਪ ਸਿੰਘ ਨੇ ਪੰਜਾਬ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਅੱਵਲ ਪੁਜੀਸ਼ਨ ਹਾਸਲ ਕਰਨ 'ਤੇ ਯੂਨੀਵਰਸਿਟੀ ਮੈਡਲ ਪ੍ਰਾਪਤ ਕਰਕੇ ਇਸ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਵੱਲੋਂ ਵਿਸ਼ੇਸ਼ ਮੈਡਲ ਪ੍ਰਾਪਤ ਕਰਨ 'ਤੇ ਵਿਦਿਆਰਥੀ ਅਮਨਦੀਪ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਅਤੇ ਸਰਟੀਫਿਕੇਟ ਪ੍ਰਦਾਨ ਕੀਤਾ ਗਿਆ।

# ਦੇਸ਼ ਦਾ ਨਾਂਅ ਰੋਸ਼ਨ ਕਰਨ ਵਾਲੀ ਰਜਨੀ ਦਾ ਡਿਪਟੀ ਸਪੀਕਰ ਰੋੜੀ ਵੱਲੋਂ ਵਿਸ਼ੇਸ਼ ਸਨਮਾਨ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਵਰਲਡ ਪੁਲਸ ਐਂਡ ਫਾਇਰ ਗੇਮਜ਼ 'ਚ ਸੋਨੇ, ਚਾਂਦੀ ਅਤੇ ਕਾਂਸੇ ਦੇ ਤਗਮੇ ਜਿੱਤ ਕੇ ਦੇਸ਼ ਅਤੇ ਪੰਜਾਬ ਦਾ ਨਾਂਅ ਰੋਸ਼ਨ ਕਰਨ ਵਾਲੀ ਰਜਨੀ ਨੂੰ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਅਤੇ ਹਲਕਾ ਵਿਧਾਇਕ ਗੜ੍ਹਸ਼ੰਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਰਜਨੀ ਨੇ ਅਮਰੀਕਾ ਦੇ ਬਰਮਿੰਘਮ ਵਿਚ ਹੋਈਆਂ ਇਨ੍ਹਾਂ ਖੇਡਾਂ ਵਿਚ 100 ਮੀਟਰ



ਹਰਡਲਜ਼, 400 ਮੀਟਰ ਰੀਲੇਅ, 800 ਮੀਟਰ ਫਲੈਟ ਅਤੇ 100 ਮੀਟਰ ਰੀਲੇਅ ਵਿਚ ਸੋਨੇ ਦੇ ਤਗਮੇ ਜਿੱਤੇ। ਇਸ ਦੇ ਨਾਲ ਹੀ 400 ਮੀਟਰ ਹਰਡਲਜ਼ ਵਿਚ ਚਾਂਦੀ ਅਤੇ 100 ਮੀਟਰ ਤੇ 400 ਮੀਟਰ ਫਲੈਟ ਵਿਚ ਕਾਂਸੇ ਦੇ ਤਗਮੇ ਜਿੱਤ ਕੇ ਪੰਜਾਬ ਪੁਲਸ ਵਿਚ ਸੇਵਾ ਦੇ ਨਾਲ ਦੇਸ਼ ਦਾ ਨਾਂਅ ਰੋਸ਼ਨ ਕੀਤਾ।ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਇਹ ਸਾਡੇ ਲਈ ਮਾਣ ਦੀ ਗੱਲ ਹੈ ਕਿ ਪੰਜਾਬ ਦੀ ਧੀ ਰਜਨੀ ਨੇ ਨਾ ਸਿਰਫ ਆਪਣੇ ਮਾਪਿਆਂ ਅਤੇ ਭੈਣ-ਭਰਾ ਦਾ ਨਾਂਅ ਰੋਸ਼ਨ ਕੀਤਾ, ਸਗੋਂ ਪੂਰੇ ਗੜ੍ਹਸ਼ੰਕਰ ਹਲਕੇ ਅਤੇ ਪੰਜਾਬ ਦਾ ਵੀ ਸਿਰ ਉੱਚਾ ਕੀਤਾ। ਉਨ੍ਹਾਂ ਕਿਹਾ ਕਿ ਰਜਨੀ ਵਾਂਗ ਹੋਰ ਧੀਆਂ ਅਤੇ ਨੌਜਵਾਨ ਵੀ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵੱਲ ਧਿਆਨ ਦੇਣ ਅਤੇ ਦੇਸ਼ ਦਾ ਨਾਂਅ ਰੋਸ਼ਨ ਕਰਨ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਖਿਡਾਰੀਆਂ ਨਾਲ ਖੜ੍ਹੀ ਹੈ ਅਤੇ ਹਰ ਪੱਧਰ 'ਤੇ ਉਨ੍ਹਾਂ ਨੂੰ ਸਹਿਯੋਗ ਦਿੱਤਾ ਜਾਵੇਗਾ।ਡਿਪਟੀ ਸਪੀਕਰ ਨੇ ਕਿਹਾ ਕਿ ਰਜਨੀ ਵਾਂਗ ਜਿਹੜੇ ਬੱਚੇ ਖੇਡਾਂ ਰਾਹੀਂ ਆਪਣੀ ਕਾਬਲੀਅਤ ਦਾ ਪ੍ਰਮਾਣ ਦੇ ਰਹੇ ਹਨ, ਉਨ੍ਹਾਂ ਲਈ ਪੰਜਾਬ ਸਰਕਾਰ ਹਮੇਸ਼ਾ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਰਹੇਗੀ ਤਾਂ ਜੋ ਉਹ ਅੱਗੇ ਵੱਧ ਕੇ ਪੰਜਾਬ ਅਤੇ ਦੇਸ਼ ਦਾ ਨਾਂਅ ਵਿਸ਼ਵ ਪੱਧਰ 'ਤੇ ਰੋਸ਼ਨ ਕਰ ਸਕਣ।

# ਐੱਸ ਸੀ/ਬੀ ਸੀ ਅਧਿਆਪਕ ਜਥੇਬੰਦੀ ਦੀ ਨਵੀਂ ਸੂਬਾ ਕਮੇਟੀ ਦੀ ਚੋਣ



**ਸ਼ਾਹਕੋਟ (ਗਿਆਨ ਸੈਦਪੁਰੀ)**- ਐਸ. ਸੀ/ਬੀ.ਸੀ ਅਧਿਆਪਕ ਜਥੇਬੰਦੀ ਪੰਜਾਬ ਦੀ ਭਰਵੀਂ ਇਕੱਤਰਤਾ ਡਾ.ਬੀ.ਆਰ.ਅੰਬੇਡਕਰ ਭਵਨ ਜਲੰਧਰ ਵਿਖੇ ਹੋਈ। ਜਿਸ ਵਿਚ ਵੱਖ ਵੱਖ ਜ਼ਿਲ੍ਹਿਆਂ ਦੇ ਜ਼ਿਲ੍ਹਾ ਪ੍ਰਧਾਨ ਅਤੇ ਉਨ੍ਹਾਂ ਦੇ ਮੈਂਬਰ ਸਾਥੀਆਂ ਨੇ ਹਿੱਸਾ ਲਿਆ। ਸੰਘਰਸ਼ੀ ਵਿਚਾਰਾਂ ਤੋਂ ਬਾਅਦ ਬਲਜੀਤ ਸਿੰਘ ਸਲਾਣਾ ਸਾਬਕਾ ਸੂਬਾ ਪ੍ਰਧਾਨ ਨੂੰ ਵਿਦਾਇਗੀ ਦਿੱਤੀ। ਪਰਮਿੰਦਰ ਸਿੰਘ ਗੁਰਦਾਸਪੁਰ, ਚੀਫ਼ ਆਰਗੇਨਾਈਜ਼ਰ ਦੀ ਅਗਵਾਈ ਵਿੱਚ ਪੰਜ ਮੈਂਬਰੀ ਕਮੇਟੀ ਜਿਸ ਵਿਚ ਕ੍ਰਿਸ਼ਨ ਸਿੰਘ ਦੁੱਗਾ, ਹਰਬੰਸ ਪਰਜੀਆਂ, ਬਲਵਿੰਦਰ ਸਿੰਘ ਲਤਾਲਾ ਅਤੇ ਲਛਮਣ ਸਿੰਘ ਨਬੀਪੁਰ ਨੇ ਆਪਣੀ ਸੂਝਬੂਝ ਅਤੇ ਦੂਰਅੰਦੇਸ਼ੀ ਸੋਚ ਸਦਕਾ ਸਾਰਿਆਂ ਦੀ ਸਹਿਮਤੀ ਨਾਲ ਕ੍ਰਿਸ਼ਨ ਸਿੰਘ ਦੁੱਗਾ ਨੂੰ ਸਰਬਸੰਮਤੀ ਨਾਲ ਸੂਬਾ ਪ੍ਰਧਾਨ ਪੰਜਾਬ ਨਿਯੁਕਤ ਕੀਤਾ। ਪਰਵਿੰਦਰ ਭਾਰਤੀ ਅਤੇ ਗੁਰਸੇਵਕ ਕਲੇਰ ਨੂੰ ਸੀਨੀਅਰ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਗੁਰੂ ਅਤੇ ਬੇਅੰਤ ਸਿੰਘ ਭਾਂਬਰੀ ਨੂੰ ਵਿੱਤ ਸਕੱਤਰ, ਲੈਕ. ਦੇਵਰਾਜ ਸ਼ਾਹਕੋਟ ਅਤੇ ਸੁਨੀਲ ਕੁਮਾਰ ਆਦਮਪੁਰ ਨੂੰ ਮੀਤ ਪ੍ਰਧਾਨ, ਪ੍ਰੈਸ ਸਕੱਤਰ ਦੇਸਰਾਜ ਜਲੰਧਰ ਲਗਾਇਆ ਗਿਆ।ਇਸ ਮੌਕੇ ਸਤਿਕਾਰਯੋਗ ਸਾਥੀਆਂ ਨੂੰ ਜੀ ਆਇਆਂ ਨੂੰ ਗੁਰਮੇਜ ਲਾਲ ਹੀਰ ਸਰਪ੍ਰਸਤ ਨੇ ਆਖਿਆ। ਪ੍ਰਬੰਧ ਸੁਖਚਰਨ ਵਿੱਤ ਸਕੱਤਰ ਜਲੰਧਰ ਅਤੇ ਧੰਨਵਾਦ ਜ਼ਿਲ੍ਹਾ ਪ੍ਰਧਾਨ ਹਰਬੰਸ ਲਾਲ ਜਲੰਧਰ ਨੇ ਕੀਤਾ।ਇਸ ਸਮੇਂ ਦੀਪਕ ਕੁਮਾਰ, ਰਵਿੰਦਰ ਕੁਮਾਰ, ਅਮਰੀਕ ਸਿੰਘ, ਰਕੇਸ਼ ਕੁਮਾਰ ਆਦਿ ਹਾਜ਼ਰ ਸਨ।

# ਸੰਤ ਬਾਬਾ ਭਾਗ ਸਿੰਘ 'ਵਰਸਿਟੀ ਖਿਆਲਾ 'ਚ ਇੰਡਕਸ਼ਨ ਪ੍ਰੋਗਰਾਮ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਿਰਸਿਟੀ ਖਿਆਲਾ ਦੇ ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਅਤੇ ਉਪ-ਕੁਲਪਤੀ ਡਾ: ਧਰਮਜੀਤ ਸਿੰਘ ਪਰਮਾਰ, ਹਰਦਮਨ ਸਿੰਘ ਮਿਨਹਾਸ (ਸਕੱਤਰ,) ਦੇ ਦਿਸ਼ਾ ਨਿਰਦੇਸ਼ ਤਹਿਤ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ ਵਿਚ ਇੰਡਕਸ਼ਨ ਪ੍ਰੋਗਰਾਮ ਕਰਵਾਇਆ ਗਿਆ। ਇਸ ਰਾਹੀਂ ਨਵੇਂ ਵਿਦਿਆਰਥੀਆਂ ਦਾ ਸਵਾਗਤ ਕੀਤਾ ਗਿਆ। ਵਿਦਿਆਰਥੀਆਂ ਨੂੰ ਭਗਤਪੁਰਾ ਸਾਹਿਬ ਡੇਰੇ ਲਿਜਾਇਆ ਗਿਆ ਜਿੱਥੇ ਅਖੰਡ ਪਾਠ ਕਰਵਾਇਆ ਗਿਆ। ਇਸ ਉਪਰੰਤ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਲਈ ਵੱਖ-ਵੱਖ ਵਿਭਾਗਾਂ ਵੱਲੋਂ ਊਰਜਾ ਭਰਪੂਰ ਲੈਕਚਰ ਦਿੱਤੇ ਗਏ। ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਕੈਂਪਸ ਦੇ ਨਿਯਮਾਂ, ਕੋਰਸ ਦੇ ਸਿਲੇਬਸ, ਪੜ੍ਹਾਈ ਦੇ ਤਰੀਕੇ, ਕੈਰੀਅਰ ਕੌਂਸਲਿੰਗ ਆਦਿ ਅਤੇ ਭਿੰਨ-ਭਿੰਨ ਸਹੂਲਤਾਂ ਬਾਰੇ ਦੱਸਿਆ ਗਿਆ। ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਧਰਮਜੀਤ ਸਿੰਘ ਪਰਮਾਰ ਨੇ ਨਵੇਂ ਵਿਦਿਆਰਥੀਆਂ ਨੂੰ ਜੀ ਆਇਆਂ ਆਖਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਨਾਲ ਵਿਦਿਆਰਥੀ ਯੂਨੀਵਰਸਿਟੀ ਦੇ ਮਹੌਲ ਨਾਲ ਅਡਜਸਟ ਹੋ ਸਕਣਗੇ ਅਤੇ ਅਕਾਦਮਿਕ ਤੇ ਨਿੱਜੀ ਜੀਵਨ ਵਿਚ ਬਿਹਤਰ ਤਰੀਕੇ ਨਾਲ ਅੱਗੇ ਵਧ ਸਕਣਗੇ। ਉਨ੍ਹਾਂ ਨੇ ਇੰਡਕਸ਼ਨ ਪ੍ਰੋਗਰਾਮ ਨੂੰ ਇਕ ਅਹਿਮ ਮਾਰਗਦਰਸ਼ਕ ਦੌਰ ਵਜੋਂ ਦਰਸਾਇਆ ਜੋ ਵਿਦਿਆਰਥੀਆਂ ਨੂੰ ਅਕਾਦਮਿਕ ਯਾਤਰਾ ਦੀਆਂ ਅਹਿਮ ਚੁਣੌਤੀਆਂ ਤੇ ਰਣਨੀਤੀਆਂ ਨਾਲ ਜਾਣੂ ਕਰਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਇਤਿਹਾਸਕ ਅਤੇ ਸਭਿਆਚਾਰਕ ਪਿਛੋਕੜ ਨਾਲ ਵੀ ਜਾਣੂ ਕਰਵਾਇਆ। ਇਸ ਤੋਂ ਬਾਅਦ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ, ਲਾਇਬ੍ਰੇਰੀ, ਲੈਬੋਰਟਰੀਆਂ, ਹੋਸਟਲਾਂ, ਆਦਿ ਦਾ ਦੌਰਾ ਕਰਵਾਇਆ ਗਿਆ।ਇਸ ਮੌਕੇ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਰਜਿੰਦਰ ਕੁਮਾਰ, ਡਾ. ਵਿਜੈ ਧੀਰ, ਡੀਨ ਅਕਾਦਮਿਕਸ, ਰੂਪ ਸਿੰਘ, ਡਿਪਟੀ ਰਜਿਸਟਰਾਰ ਵੱਖ-ਵੱਖ ਵਿਭਾਗਾਂ ਦੇ ਪ੍ਰੋਫੈਸਰ ਆਦਿ ਵੀ ਹਾਜ਼ਰ ਸਨ।



# ਪਾਰਟੀ ਦੇ ਸੰਸਥਾਪਕ ਦੀ ਯਾਦ 'ਚ ਸਤਿਸੰਗ ਕਰਵਾਇਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਡੀ ਪੀ ਆਈ ਪਾਰਟੀ ਦੇ ਸੰਸਥਾਪਕ ਸਾਹਿਬ ਪ੍ਰਸ਼ੋਤਮ ਲਾਲ ਚੱਡਾ ਦੀ ਯਾਦ 'ਚ ਸਤਸੰਗ ਡੀ ਪੀ ਆਈ ਪਾਰਟੀ ਦੇ ਪ੍ਰਧਾਨ ਰੋਹਨ ਚੱਡਾ ਦੀ ਅਗਵਾਈ ਵਿਚ ਭਗਵਾਨ ਬਾਲਮੀਕ ਜੀ ਦੇ ਮੰਦਰ ਕਮਿਊਨਿਟੀ ਹਾਲ ਵਿਚ ਤੀਜੀ ਬਰਸੀ ਮੌਕੇ ਕਾਰਵਾਇਆ ਗਿਆ। ਇਸ ਮੌਕੇ ਮੁੱਖ ਤੌਰ 'ਤੇ ਸੰਤ ਬਾਬਾ ਬਾਲਜੋਗੀ ਬਾਬਾ ਪ੍ਰਗਟ ਨਾਥ ਸ਼ਾਮਿਲ ਹੋਏ। ਓਹਨਾ ਨਾਲ ਬੁੱਢਾ ਦਲ ਜਥੇਦਾਰ ਮਲਕੀਤ ਸਿੰਘ ਗੜ੍ਹਸ਼ੰਕਰ, ਜਥੇਦਾਰ ਬਾਬਾ ਫਤਿਹ ਸਿੰਘ ਬੁੱਢਾ ਦਲ ਜ਼ਿਲ੍ਹਾ ਸਿੰਘ ਅਰੁਨ ਘਾਈ ਬੰਗਾ ਸ਼ਾਮਿਲ ਹੋਏ। ਇਸ ਮੌਕੇ ਵਿਸ਼ੇਸ ਤੌਰ 'ਤੇ ਬੰਗਾ ਤੋਂ ਐੱਮ ਐੱਲ ਏ ਡਾ. ਸੁਖਵਿੰਦਰ ਕੁਮਾਰ ਸੁੱਖੀ ਅਤੇ ਲਾਰੈਂਸ ਚੌਧਰੀ, ਚਰਨਜੀਤ ਸਿੰਘ ਅਟਵਾਲ ਸਾਬਕਾ ਡਿਪਟੀ ਸਪੀਕਰ ਅਤੇ ਮੋਹਿੰਦਰ ਪਾਲ ਗਿੱਲ ਭਾਰਤੀਆ ਵਾਲਮੀਕਿ ਧਰਮ ਸਮਾਜ ਦੇ ਸੈਕਟਰੀਜ਼ ਅਤੇ ਡੀ ਪੀ ਆਈ ਪਾਰਟੀ ਕੋਰ ਕਮੇਟੀ ਦੇ ਪ੍ਰਧਾਨ ਸੰਜੇ ਕੁਮਾਰ, ਚੰਦ ਜੀ ਅਤੇ ਮਾਝਾ ਜ਼ੋਨ ਦੇ ਪ੍ਰਧਾਨ ਸਤਨਾਮ ਸਿੰਘ ਰੰਗੇਟਾ ਅਤੇ ਪਰਵਿੰਦਰ ਸਿੰਘ ਪੇਰੀ, ਬਿੱਟਾ ਸੱਭਰਵਾਲ, ਯਸ਼ਪਾਲ ਦ੍ਰਵਿੜ, ਮੇਜਰ ਘਾਈ, ਅਮਰਚੰਦ ਭੱਦੀ, ਤਾਰਾ ਚੰਦ ਭੀਲ, ਕੇਵਲ ਕ੍ਰਿਸ਼ਨ ਬੈਂਸ , ਸੰਜੇ ਮੰਡੇਰਾ ਤੋਂ ਸ਼ਾਮਲ ਹੋਏ।

# 350ਵੀਂ ਸ਼ਹੀਦੀ ਸ਼ਤਾਬਦੀ ਬੜੀ ਸ਼ਰਧਾ ਨਾਲ ਵੱਡੇ ਪੱਧਰ 'ਤੇ ਮਨਾਈ ਜਾਵੇਗੀ



**ਮੋਹਾਲੀ (ਗੁਰਜੀਤ ਬਿੱਲਾ)** ਗੁਰਦੁਆਰਾ ਤਾਲਮੇਲ ਕਮੇਟੀ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੋਹਾਲੀ ਵੱਲੋਂ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਜੋ ਇਸ ਸਾਲ 25 ਨਵੰਬਰ ਨੂੰ ਆ ਰਹੀ ਹੈ, ਨੂੰ ਵੱਡੇ ਪੱਧਰ 'ਤੇ ਮੋਹਾਲੀ ਦੇ ਸਾਰਿਆਂ ਗੁਰਦੁਆਰਿਆਂ ਵਿੱਚ ਬੜੀ ਸ਼ਰਧਾ, ਪਿਆਰ ਅਤੇ ਉਲਾਸ ਨਾਲ ਮਨਾਉਣ ਲਈ ਇੱਕ ਵਿਸ਼ੇਸ਼ ਮੀਟਿੰਗ ਪਧਾਨ ਜੋਗਿੰਦਰ ਸਿੰਘ ਸੋਂਧੀ ਦੀ ਪਧਾਨਗੀ ਹੇਠ ਲੋਕ ਕਲਿਆਣ ਕੇਂਦਰ ਰਾਮਗੜ੍ਹੀਆ ਸਭਾ ਫੇਜ਼ 3ਬੀ1 ਮੁਹਾਲੀ ਵਿੱਖੇ ਹੋਈ ।ਮੂਲ ਮੰਤਰ ਦੇ ਪਾਠ ਕਰਨ ਤੋਂ ਬਾਅਦ ਮੀਟਿੰਗ ਦੀ ਸ਼ੁਰੂਆਤ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਮੈਂਬਰਾਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਮਾਨ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਵਿਸ਼ਵ ਇਤਿਹਾਸ ਇੱਕ ਵਿਲੱਖਣ ਸਥਾਨ ਰੱਖਦੀ ਹੈ। ਇਸ ਕਰਕੇ ਇਸ ਵਾਰ ਇਸ ਸ਼ਹਾਦਤ ਨੂੰ ਵਿਲੱਖਣ ਤਰੀਕੇ ਨਾਲ ਮਨਾ ਕੇ ਕੁਝ ਨਵਾਂ ਪੇਸ਼ ਕੀਤਾ ਜਾਵੇ। ਸੀਨੀਅਰ ਮੀਤ ਪ੍ਰਧਾਨ ਕਰਮ ਸਿੰਘ ਬਬਰਾਂ ਨੇ ਕਿਹਾ ਕਿ ਇਸ ਮੌਕੇ ਅੰਮ੍ਰਿਤ ਸੰਚਾਰ ਕਰਕੇ ਵੱਧ ਤੋਂ ਵੱਧ ਸੰਗਤ ਨੂੰ ਸਿੱਖੀ ਅਤੇ ਗੁਰੂ ਘਰ ਨਾਲ ਜੋੜਿਆ ਜਾਵੇ। ਸੀਨੀਅਰ ਮੀਤ ਪਧਾਨ ਅਮਰਜੀਤ ਸਿੰਘ ਪਾਹਵਾ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਉਹਨਾਂ ਵਿੱਚ ਅੰਮ੍ਰਿਤ ਸੰਚਾਰ ਕਰਨਾ ਇੱਕ ਵਧੀਆ ਉਪਰਾਲਾ ਹੋਵੇਗਾ। ਪ੍ਰਧਾਨ ਜੋਗਿੰਦਰ ਸਿੰਘ ਸੋਂਧੀ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਵਿਲੱਖਣ ਅਤੇ ਯਾਦਗਾਰੀ ਬਣਾਉਣ ਲਈ ਸਾਰੇ ਗੁਰਦੁਆਰਾ ਸਾਹਿਬ ਦੇ ਸਮੂਹ ਪ੍ਰਧਾਨਾਂ ਅਤੇ ਤਾਲਮੇਲ ਕਮੇਟੀ ਦੀ ਕੋਰ ਕਮੇਟੀ ਵਲੋਂ ਵਿਸ਼ੇਸ਼ ਉਪਰਾਲਾ ਕੀਤਾ ਜਾਵੇਗਾ। ਇਸ ਸੰਬੰਧ 'ਚ ਜਲਦੀ ਹੀ ਕੋਰ ਕਮੇਟੀ ਦੀ ਮੀਟਿੰਗ ਬੁਲਾਈ ਜਾਵੇਗੀ ।ਕੀਰਤਨ ਦਰਬਾਰ, ਕਥਾ ਤੋਂ ਇਲਾਵਾ ਸਕੂਲੀ ਬਚਿਆਂ ਦੇ ਭਾਸ਼ਣ ਵਾਸਤੇ ਸਕੂਲਾਂ ਦੇ ਪ੍ਰਬੰਧਕਾਂ ਨਾਲ ਇਸ ਸਬੰਧ ਵਿਚ ਜਲਦੀ ਹੀ ਸੰਪਰਕ ਕੀਤਾ ਜਾਵੇ।ਮੀਟਿੰਗ ਵਿਚ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਪ੍ਰਧਾਨ, ਸਕੱਤਰ ਅਤੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦੇ ਹਾਜ਼ਰ ਹੋਏ ।

# ਲੁਧਿਆਣਾ ਬਿਵਰੇਜਿਜ਼ ਵੱਲੋਂ ਰੈੱਡ ਕ੍ਰਾਸ ਨੂੰ ਪੰਜ ਵਾਟਰ ਕੂਲਰ ਭੇਟ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਲੁਧਿਆਣਾ ਬਿਵਰੇਜਿਜ਼ ਕੋਕਾ ਕੋਲਾ ਹੁਸ਼ਿਆਰਪੁਰ ਵੱਲੋਂ ਲੋਕ ਭਲਾਈ ਲਈ ਇਕ ਮਹੱਤਵਪੂਰਨ ਯੋਗਦਾਨ ਦਿੰਦਿਆਂ 5 ਵਾਟਰ ਕੂਲਰ, ਜੋ ਰਿਵਰਸ ਆਸਮੋਸਿਸ (ਆਰ. ਓ) ਸਿਸਟਮ ਨਾਲ ਲੈਸ ਹਨ, ਉਨ੍ਹਾਂ ਥਾਵਾਂ 'ਤੇ ਲਗਾਉਣ ਲਈ ਦਾਨ




ਕੀਤੇ ਗਏ ਹਨ ਜਿਥੇ ਲੋਕਾਂ ਦੀ ਆਵਾਜਾਈ ਵੱਧ ਹੈ ਅਤੇ ਸਾਫ ਪੀਣ ਵਾਲੇ ਪਾਣੀ ਦੀ ਲੋੜ ਹੈ। ਵਧੀਕ ਡਿਪਟੀ ਕਮਿਸ਼ਨਰ ਅਮਰਬੀਰ ਕੌਰ ਭੁੱਲਰ ਨੇ ਦੱਸਿਆ ਕਿ ਆਪਣੀ ਕਾਰਪੋਰੇਟ ਸੋਸ਼ਲ ਰਿਸਪਾਂਸਬਿਲਟੀ (ਸੀ.ਐਸ.ਆਰ) ਤਹਿਤ ਕੋਕਾ ਕੋਲਾ ਨੇ ਵਿੰਗਜ਼ ਪ੍ਰਾਜੈਕਟ ਲਈ ਵੀ ਵਿੱਤੀ ਸਹਾਇਤਾ ਦਿੱਤੀ ਹੈ, ਜਿਸ ਦਾ ਉਦੇਸ਼ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਸਸ਼ਕਤ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਇਹ ਪ੍ਰੋਜੈਕਟ ਲਗਭਗ ਪਿਛਲੇ 2 ਸਾਲਾਂ ਤੋਂ ਬਹੁਤ ਵਧੀਆ ਕੰਮ ਕਰ ਰਿਹਾ ਹੈ ਅਤੇ 9 ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਅਤੇ 3 ਮਹਿਲਾ ਹੈਲਪਰਾਂ ਦੇ ਸਟਾਫ਼ ਨਾਲ 9000 ਤੋਂ ਵੱਧ ਵਿਦਿਆਰਥੀਆਂ ਨੂੰ ਸਰਵਿਸ ਦੇ ਰਹੇ ਹਨ ਅਤੇ ਇਸ ਪ੍ਰੋਜੈਕਟ ਨੂੰ ਸਟੇਟ ਐਵਾਰਡ ਵੀ ਮਿਲ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਕਦੀ ਕੁਦਰਤੀ ਆਫ਼ਤ ਦੌਰਾਨ ਮਦਦ ਦੀ ਲੋੜ ਪੈਂਦੀ ਰਹੀ ਹੈ ਤਾਂ ਕੰਪਨੀ ਵਲੋਂ ਪਾਣੀ, ਜੂਸ ਅਤੇ ਹੋਰ ਜ਼ਰੂਰੀ ਰਾਹਤ ਸਮੱਗਰੀ ਮੁਹੱਈਆ ਕਰਾਈ ਗਈ ਅਤੇ ਪ੍ਰਸ਼ਾਸਨ ਨਾਲ ਮਿਲ ਕੇ ਆਮ ਲੋਕਾਂ ਦੀ ਮਦਦ ਕੀਤੀ ਗਈ।ਸਕੱਤਰ ਜ਼ਿਲ੍ਹਾ ਰੈਡ ਕ੍ਰਾਸ ਮੰਗੇਸ਼ ਸੂਦ ਨੇ ਦੱਸਿਆ ਕਿ ਕੰਪਨੀ ਨੇ ਮੁਸ਼ਕਲ ਸਮਿਆਂ ਵਿਚ ਪ੍ਰਸ਼ਾਸਨ ਅਤੇ ਰੈੱਡ ਕ੍ਰਾਸ ਸੁਸਾਇਟੀ ਦੀ ਸਹਾਇਤਾ ਕਰਨ ਦੀ ਆਪਣੀ ਲਗਾਤਾਰ ਇੱਛਾ ਦਿਖਾਈ ਹੈ।ਲੁਧਿਆਣਾ ਬਿਵਰੇਜਿਜ਼ ਕੋਕਾ ਕੋਲਾ ਹੁਸ਼ਿਆਰਪੁਰ ਦੇ ਐਮ.ਡੀ ਉਪਿੰਦਰ ਗੋਇੰਕਾ ਨੇ ਕਿਹਾ ਕਿ ਸਾਨੂੰ ਇਸ ਪਹਿਲ ਰਾਹੀਂ ਲੋਕਾਂ ਦੀ ਸਹਾਇਤਾ ਕਰਕੇ ਮਾਣ ਮਹਿਸੂਸ ਹੋ ਰਿਹਾ ਹੈ। ਇਸ ਮੌਕੇ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ ਅਤੇ ਰੈੱਡ ਕ੍ਰਾਸ ਦੇ ਜੁਆਇੰਟ ਸਕੱਤਰ ਅਦਿੱਤਿਆ ਰਾਣਾ ਵੀ ਮੌਜੂਦ ਸਨ।

# ਨਸ਼ਾ ਛੁਡਾਊ ਕੇਂਦਰ ਲਈ ਸੰਗੀਤ ਸਾਜ਼ ਤੇ ਕਿਤਾਬਾਂ ਦਾਨ ਕਰਨ ਦੀ ਅਪੀਲ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹਾ ਨਸ਼ਾ ਮੁਕਤੀ ਕੇਂਦਰ, ਸੈਕਟਰ 66, ਮੋਹਾਲੀ ਵਿਖੇ ਇਲਾਜ ਅਧੀਨ ਨੌਜਵਾਨਾਂ ਦੇ ਪੁਨਰਵਾਸ ਯਤਨਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇੱਕ ਵਿਲੱਖਣ ਪਹਿਲਕਦਮੀ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੇ ਜਨਤਾ ਨੂੰ ਵਰਤੇ ਹੋਏ ਸੰਗੀਤ ਸਾਜ਼ ਅਤੇ ਕਿਤਾਬਾਂ ਦਾਨ ਕਰਨ ਦੀ ਅਪੀਲ ਕੀਤੀ ਹੈ। ਇਸ ਪਹਿਲ ਦਾ ਉਦੇਸ਼ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਤੋਂ ਪ੍ਰਭਾਵਿਤ ਲੋਕਾਂ ਦੀ ਰਿਕਵਰੀ ਅਤੇ ਪੁਨਰਵਸੇਬੇ ਦੀ ਯਾਤਰਾ ਵਿੱਚ ਨਾਗਰਿਕਾਂ ਨੂੰ ਵੀ ਸ਼ਾਮਲ ਕਰਨਾ ਹੈ। ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਜੋ ਕਿ ਜ਼ਿਲ੍ਹਾ ਨਸ਼ਾ ਛੁਡਾਊ ਅਤੇ ਪੁਨਰਵਾਸ ਸੋਸਾਇਟੀ ਦੇ ਚੇਅਰਪਰਸਨ ਵਜੋਂ ਵੀ ਸੇਵਾ ਨਿਭਾਉਂਦੇ ਹਨ, ਨੇ ਕਿਹਾ ਕਿ ਇਹ ਕਦਮ ਪੜ੍ਹਨ ਦੀਆਂ ਆਦਤਾਂ ਨੂੰ ਉਤਸ਼ਾਹਿਤ ਕਰਨ ਅਤੇ ਠੀਕ ਹੋਣ ਵਾਲੇ ਪੀੜਤਾਂ ਵਿੱਚ ਸੰਗੀਤ ਵਿੱਚ ਦਿਲਚਸਪੀ ਪੈਦਾ ਕਰਨ ਲਈ ਚੁੱਕਿਆ ਗਿਆ ਹੈ। ਇਹ ਵਸਤਾਂ ਨਸ਼ਾ ਛੁਡਾਊ ਕੇਂਦਰ ਦੇ ਅੰਦਰ ਇੱਕ ਸਕਾਰਾਤਮਕ ਊਰਜਾ ਅਤੇ ਇਲਾਜ ਵਾਲਾ ਵਾਤਾਵਰਣ ਬਣਾਉਣ ਵਿੱਚ ਮਦਦ ਕਰਨਗੀਆਂ।ਉਨ੍ਹਾਂ ਕਿਹਾ ਕਿ ਲੋਕ ਪੁਰਾਣੇ ਪਰ ਕਾਰਜਸ਼ੀਲ ਸੰਗੀਤ ਸਾਜ਼ਾਂ ਦੇ ਨਾਲ-ਨਾਲ ਅਧਿਆਤਮਿਕ ਕਿਤਾਬਾਂ, ਪ੍ਰੇਰਨਾਦਾਇਕ ਨਾਵਲਾਂ, ਸਵੈ-ਸਹਾਇਤਾ ਗਾਈਡਾਂ, ਪੰਜਾਬੀ ਕਵਿਤਾ, ਵਿਦਿਅਕ ਸਮੱਗਰੀ, ਅਤੇ ਕਲਾ ਸਪਲਾਈ ਜਿਵੇਂ ਕਿ ਕ੍ਰੇਅਨ, ਪੇਸਟਲ, ਸਕੈਚ ਪੈੱਨ, ਐਕ੍ਰੀਲਿਕ ਪੇਂਟ, ਵਾਟਰ ਕਲਰ, ਪੋਸਟਰ ਕਲਰ ਅਤੇ ਪੇਂਟਿੰਗ ਬੁਰਸ਼ਾਂ ਦਾ ਯੋਗਦਾਨ ਦੇ ਸਕਦੇ ਹਨ।ਡਿਪਟੀ ਕਮਿਸ਼ਨਰ ਨੇ ਕਿਹਾ, ਇਹ ਚੀਜ਼ਾਂ ਨਸ਼ੇ ਨੂੰ ਦੂਰ ਕਰਨ ਲਈ ਯਤਨਸ਼ੀਲ ਨੌਜਵਾਨਾਂ ਦੇ ਜੀਵਨ ਵਿੱਚ ਰੰਗ ਭਰਨ ਦੇ ਨਾਲ ਨਾਲ ਰਚਨਾਤਮਕਤਾ ਲਿਆ ਸਕਦੀਆਂ ਹਨ। ਉਨ੍ਹਾਂ ਕਿਹਾ, ਅਸੀਂ ਸੰਗੀਤ ਅਧਿਆਪਕਾਂ ਦਾ ਵੀ ਸਵਾਗਤ ਕਰਦੇ ਹਾਂ ਜੋ ਨੌਜਵਾਨਾਂ ਨੂੰ ਸੰਗੀਤ ਯੰਤਰ ਸਿਖਾਉਣ ਲਈ ਕੁਝ ਸਮਾਂ ਕੱਢ ਸਕਦੇ ਹਨ ਜੋ ਉਨ੍ਹਾਂ ਨੂੰ ਇਲਾਜ ਵਿੱਚ ਸਹਿਯੋਗ ਪ੍ਰਦਾਨ ਕਰੇਗਾ। ਵਸਤੂਆਂ ਦਾਨ ਕਰਨ ਜਾਂ ਆਪਣਾ ਸਮਾਂ ਸਵੈ-ਇੱਛਾ ਨਾਲ ਦੇਣ ਦੇ ਇੱਛੁਕ ਨਾਗਰਿਕ ਜ਼ਿਲ੍ਹਾ ਨਸ਼ਾ ਮੁਕਤੀ ਕੇਂਦਰ, ਸੈਕਟਰ 66, ਮੋਹਾਲੀ ਨਾਲ ਸੰਪਰਕ ਕਰ ਸਕਦੇ ਹਨ।




# ਸਰਕਾਰੀ ਆਰਟਸ ਤੇ ਸਪੋਰਟਸ ਕਾਲਜ ਵਿਖੇ ਅਗਨੀਵੀਰ ਵਾਯੂ ਲਈ ਭਰਤੀ ਰੈਲੀ 24 ਤੋਂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਅਗਨੀਵੀਰ ਵਾਯੂ ਇਨਟੇਕ-01/2026 ਲਈ ਜਲੰਧਰ ਵਿਖੇ 24 ਅਗਸਤ ਤੋਂ 6 ਸਤੰਬਰ ਤੱਕ ਹੋਣ ਵਾਲੀ ਭਰਤੀ ਰੈਲੀ ਲਈ ਅਧਿਕਾਰੀਆਂ ਨੂੰ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਾਲ-ਨਾਲ ਲੋੜੀਂਦੀ ਸਹਾਇਤਾ ਤੇ ਸਹਿਯੋਗ ਮੁਹੱਈਆ ਕਰਵਾਉਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ।ਡਾ. ਅਗਰਵਾਲ ਨੇ ਦੱਸਿਆ ਕਿ 1 ਏਅਰਮੈਨ ਚੋਣ ਕੇਂਦਰ ਅੰਬਾਲਾ ਵੱਲੋਂ ਇਹ ਭਰਤੀ ਰੈਲੀ ਸਥਾਨਕ ਸਰਕਾਰੀ ਆਰਟਸ ਅਤੇ ਸਪੋਰਟਸ ਕਾਲਜ ਵਿਖੇ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਰੈਲੀ ਦੀਆਂ ਤਿਆਰੀਆਂ ਅਤੇ ਸੁਚਾਰੂ ਸੰਚਾਲਨ ਲਈ ਕਾਲਜ ਵਿਖੇ ਸਟੇਡੀਅਮ ਦੇ ਨਾਲ-ਨਾਲ ਇਨਡੋਰ ਸਹੂਲਤਾਂ 20 ਅਗਸਤ ਤੋਂ 8 ਸਤੰਬਰ ਤੱਕ ਮੁਹੱਈਆ ਕਰਵਾਈਆਂ ਜਾਣਗੀਆਂ। ਡਿਪਟੀ ਕਮਿਸ਼ਨਰ ਵੱਲੋਂ ਭਰਤੀ ਰੈਲੀ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਬਿਹਤਰ ਤਾਲਮੇਲ ਤੇ ਨਿਗਰਾਨੀ ਲਈ ਐਸ.ਡੀ.ਐਮ. ਆਦਮਪੁਰ ਨੂੰ ਨੋਡਲ ਅਫ਼ਸਰ ਨਿਯੁਕਤ ਕਰਨ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਡਿਪਟੀ ਕਮਿਸ਼ਨਰ ਨੇ ਭਰਤੀ ਰੈਲੀ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਤਾਲਮੇਲ ਤੇ ਸਹਿਯੋਗ ਪ੍ਰਦਾਨ ਕਰਨ ਦੀਆਂ ਹਦਾਇਤਾਂ ਕੀਤੀਆਂ।



# ਕਾਮਰੇਡ ਵੀ ਐੱਸ ਅਛੂਤਾਨੰਦਨ ਨੂੰ ਸ਼ਰਧਾਂਜਲੀ



**ਨੰਗਲ** : ਪ੍ਰਸਿੱਧ ਕਮਿਊਨਿਸਟ ਆਗੂ, ਕੇਰਲਾ ਦੇ ਸਾਬਕਾ ਮੁੱਖ ਮੰਤਰੀ ਵੇਲੀਕਾਕਾਥੂ ਸੰਕਰਨ ਅਛੂਤਾਨੰਦਨ 101 ਦੀ ਮੌਤ 'ਤੇ ਸਥਾਨਕ ਭੜੋਲੀਆਂ ਭਵਨ ਵਿਖੇ ਸ਼ੋਕ ਸਭਾ ਕੀਤੀ ਗਈ। ਜਿਸ ਵਿੱਚ ਕਾਮਰੇਡ ਅਛੂਤਾਨੰਦਨ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ। ਉਹ ਕੇਰਲਾ ਰਾਜ ਦੇ ਵਸਨੀਕ ਸਨ। ਬੀਤੇ ਕੱਲ੍ਹ ਸਦੀਵੀ ਵਿਛੋੜਾ ਦੇ ਗਏ ਸਨ।ਇਸ ਮੌਕੇ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਸਤਨਾਮ ਸਿੰਘ ਸ਼ੇਰਾ ਨੇ ਕਿਹਾ ਕਿ ਕਾਮਰੇਡ ਨੇ ਆਪਣੀ ਜ਼ਿੰਦਗੀ ਦੀ ਪੂਰੀ ਸਦੀ ਕਮਿਊਨਿਸਟ ਲਹਿਰ ਦੇ ਲੇਖੇ ਲਗਾ ਦਿੱਤੀ। ਪਾਰਟੀ ਦੇ ਪੁਰਾਣੇ ਸਾਥੀਆਂ ਵਿਚੋਂ ਇਕੋ ਇਕ ਸਾਥੀ ਕਾਮਰੇਡ ਅਛੂਤਾਨੰਦਨ ਸਨ। ਅੱਜ ਸਾਨੂੰ ਉਨ੍ਹਾਂ ਦੇ ਰਹਿੰਦੇ ਕਾਜ ਨੂੰ ਪੂਰਾ ਕਰਨਾ ਚਾਹੀਦਾ ਹੈ। ਉਹ ਪਾਰਟੀ ਦੇ ਵੱਖ ਵੱਖ ਅਹੁਦਿਆਂ 'ਤੇ ਰਹੇ ਤੇ ਕੇਰਲਾ ਸਰਕਾਰ ਦੇ 2006 ਤੋਂ 2011 ਤੱਕ ਮੁੱਖ ਮੰਤਰੀ ਰਹੇ। ਉਨ੍ਹਾਂ ਦੇ ਸੋਗ ਵਜੋਂ ਪਾਰਟੀ ਦਫਤਰ ਲੱਗਿਆ ਝੰਡਾ ਨੀਵਾਂ ਕਰ ਦਿੱਤਾ ਗਿਆ। ਇਸ ਮੌਕੇ ਟਰੇਡ ਯੂਨੀਅਨ ਆਗੂ ਗੁਰਨਾਮ ਸਿੰਘ ਔਲਖ, ਰਕੇਸ਼ ਬਾਲੀ ਕਲਸੇੜਾ, ਮੁਖਤਿਆਰ ਸਿੰਘ, ਜਨਮੀਤ ਸਿੰਘ ਸੰਧੂ, ਨਸੀਬ ਸਿੰਘ, ਜਤਿੰਦਰ ਸੋਹਲ, ਰਣਜੀਤ ਸਿੰਘ, ਲਖਵਿੰਦਰ ਸਿੰਘ ਬਾਬਾ, ਅਮਨਦੀਪ ਸਿੰਘ, ਹਰਿੰਦਰਜੀਤ ਸਿੰਘ, ਸੇਵਾ ਸਿੰਘ, ਰਾਜ ਕੁਮਾਰ ਅਤੇ ਗਿਆਨ ਸਿੰਘ ਵੀ ਹਾਜ਼ਰ ਸਨ।

# ਡਾਕਟਰ ਕਹਿਲ ਦੇ ਦਾਦੀ ਮਾਤਾ ਸ਼ੀਤਲ ਕੌਰ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

**ਨੰਗਲ** : ਹੱਡੀਆਂ ਦੇ ਰੋਗਾਂ ਦੇ ਮਾਹਿਰ ਡਾਕਟਰ ਜਸਸਿਮਰਨ ਸਿੰਘ ਕਹਿਲ ਦੇ ਦਾਦੀ ਜੀ ਮਾਤਾ ਸ਼ੀਤਲ ਕੌਰ 103 ਦੇ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਡਾਕਟਰ ਕੇਹਲ ਦੇ ਪਰਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਵੱਖ ਵੱਖ ਪਾਰਟੀਆਂ ਦੇ ਆਗੂਆਂ, ਸਮਾਜ ਸੇਵੀ, ਧਾਰਮਿਕ ਸ਼ਖਸੀਅਤਾਂ ਨੇ ਦੁੱਖ ਸਾਂਝਾ ਕੀਤਾ।ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੇ ਜ਼ਿਲ੍ਹਾ ਸਕੱਤਰ ਬਜਿੰਦਰ ਪੰਡਤ, ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਨੰਗਲੀ, ਗੁਰਨਾਮ ਸਿੰਘ ਔਲਖ, ਸਤਨਾਮ ਸਿੰਘ, ਜਸਵਿੰਦਰ ਸਿੰਘ ਭੰਗਲ, ਡਾਕਟਰ ਰਵਿੰਦਰ ਨਾਥ, ਮਨਜਿੰਦਰ ਸਿੰਘ ਬਰਾੜ, ਜਥੇਦਾਰ ਸੰਦੀਪ ਸਿੰਘ ਕਲੋਤਾ, ਹਕੀਮ ਹਰਮਿੰਦਰਪਾਲ ਸਿੰਘ ਮਿਨਹਾਸ, ਸੁਖਦੇਵ ਸਿੰਘ ਡਿਗਵਾ, ਕੁਲਦੀਪ ਚੰਦ ਦੋਬੇਟਾ, ਡਾਕਟਰ ਵਿਵੇਕਾਨੰਦ, ਡਾਕਟਰ ਹਰਵਿਵੇਕ ਗੌਤਮ, ਡਾਕਟਰ ਸੰਜੀਵ ਗੌਤਮ, ਸਰਪੰਚ ਜਸਪਾਲ ਸਿੰਘ ਢਾਹੇ, ਰਕੇਸ਼ ਕੁਮਾਰ ਬਾਲੀ ਕਲਸੇੜਾ, ਰਜੇਸ਼ ਕੁਮਾਰ, ਪ੍ਰਿੰਸੀਪਲ ਰਾਜੀਵ ਮੇਜਰ, ਵਿਜੇ ਸ਼ਰਮਾ, ਕੁਲਵੰਤ ਪਾਠਕ ਠੇਕੇਦਾਰ ਮਨਜੀਤ ਸਿੰਘ ਬਾਸੋਵਾਲ, ਕੇਵਲ ਕ੍ਰਿਸ਼ਨ ਦੁਬੇਟਾ, ਰਘਵੀਰ ਸਿੰਘ ਦਰਸ਼ੀ ਨੇ ਕੇਹਲ ਪਰਵਾਰ ਨਾਲ ਦੁੱਖ ਸਾਂਝਾ ਕੀਤਾ।



23 July Page 9.qxd 7/22/2025 10:39 PM Page 1



# ਬਾਬੂ ਲਾਭ ਸਿੰਘ ਸਿਵਲ ਹਸਪਤਾਲ ਵਿਖੇ ਡੇ ਕੇਅਰ ਕੈਂਸਰ ਕੀਮੋਥੈਰੇਪੀ ਸੈਂਟਰ ਦੀ ਸ਼ੁਰੂਆਤ



ਜਲੰਧਰ (ਸ਼ੈਲੀ ਐਲਬਰਟ) ਕੈਂਸਰ ਦੇ ਮਰੀਜ਼ਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਅਤੇ ਮੁਫ਼ਤ ਕੀਮੋਥੈਰੇਪੀ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਇੱਥੇ ਸ਼ਹੀਦ ਬਾਬੂ ਲਾਭ ਸਿੰਘ ਸਿਵਲ ਹਸਪਤਾਲ ਵਿਖੇ ਡੇ ਕੇਅਰ ਕੈਂਸਰ ਕੀਮੋਥੈਰੇਪੀ ਸੈਂਟਰ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਸਿਵਲ ਹਸਪਤਾਲ ਵਿੱਚ ਇਸ ਸਹੂਲਤ ਦੇ ਸ਼ੁਰੂ ਹੋਣ ਨਾਲ ਕੈਂਸਰ ਦੇ ਮਰੀਜ਼ਾਂ ਨੂੰ ਬਹੁਤ ਫਾਇਦਾ ਹੋਵੇਗਾ, ਜਿਨ੍ਹਾਂ ਨੂੰ ਪਹਿਲਾਂ ਇਲਾਜ ਲਈ ਚੰਡੀਗੜ੍ਹ ਅਤੇ ਅੰਮ੍ਰਿਤਸਰ ਜਾਣਾ ਪੈਂਦਾ ਸੀ।ਉਨ੍ਹਾਂ ਕਿਹਾ ਕਿ ਇਸ ਸੈਂਟਰ ਦੇ ਖੁੱਲ੍ਹਣ ਨਾਲ ਕੈਂਸਰ ਦੇ ਮਰੀਜ਼ਾਂ ਦੀਆਂ ਸਿਹਤ ਦੇ ਨਾਲ-ਨਾਲ ਵਿੱਤੀ ਮੁਸ਼ਕਲਾਂ ਵੀ ਘਟਣਗੀਆਂ।ਇਸ ਮੌਕੇ ਉਨ੍ਹਾਂ ਨਾਲ ਹਲਕਾ ਇੰਚਾਰਜ ਨਿਤਿਨ ਕੋਹਲੀ ਅਤੇ ਸਿਵਲ ਸਰਜਨ ਡਾ. ਗੁਰਮੀਤ ਲਾਲ ਵੀ ਮੌਜੂਦ ਸਨ।ਸ੍ਰੀ ਭਗਤ ਨੇ ਦੱਸਿਆ ਕਿ 8 ਬਿਸਤਰਿਆਂ ਵਾਲੇ ਇਸ ਡੇ ਕੇਅਰ ਕੈਂਸਰ ਕੀਮੋਥੈਰੇਪੀ ਸੈਂਟਰ ਵਿੱਚ ਦਵਾਈਆਂ, ਆਕਸੀਜ਼ਨ ਸਮੇਤ ਸਮੁੱਚੀਆਂ ਲੋੜੀਂਦੀਆਂ ਸਹੂਲਤਾਂ ਮੌਜੂਦ ਹਨ ਅਤੇ ਕੈਂਸਰ ਦੇ ਮਰੀਜ਼ ਹੁਣ ਓਨਕੋਲੋਜੀ ਮਾਹਰ ਡਾਕਟਰ ਦੀ ਨਿਗਰਾਨੀ ਹੇਠ ਸਿਵਲ ਹਸਪਤਾਲ ਵਿਖੇ ਕੀਮੋਥੈਰੇਪੀ ਦੀ ਸਹੂਲਤ ਮੁਫ਼ਤ ਪ੍ਰਾਪਤ ਕਰ ਸਕਦੇ ਹਨ। ਇਸ ਮੌਕੇ ਮੈਡੀਕਲ ਸੁਪਰਡੈਂਟ ਡਾ. ਰਾਜਕੁਮਾਰ, ਡਾ. ਜਸਵਿੰਦਰ ਸਿੰਘ, ਡਾ. ਰਮਨ ਗੁਪਤਾ, ਐਸ.ਐਮ.ਓ. ਡਾ. ਸੁਰਜੀਤ ਸਿੰਘ, ਡਾ. ਸਤਿੰਦਰ ਬਜਾਜ, ਡਾ. ਪ੍ਰਭਸ਼ਰਨ ਕੌਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸਮਿਤੀ ਦੇ ਮੈਂਬਰ ਮੌਜੂਦ ਸਨ।

# ਸਕੂਲਾਂ 'ਚ ਭੋਜਨ ਦੀ ਬਜਾਏ ਬੱਚਿਆਂ ਨੂੰ ਮਿਆਰੀ ਸਿੱਖਿਆ ਦਿੱਤੀ ਜਾਵੇ : ਬੰਟੀ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਸਰਕਾਰਾਂ ਨੇ ਗਰੀਬਾਂ ਦੇ ਬੱਚਿਆਂ ਨੂੰ ਸਕੂਲਾਂ ਵਿੱਚ ਰੋਟੀਆਂ ਖਾਣ ਜੋਗੇ ਹੀ ਬਣਾ ਦਿੱਤਾ ਹੈ, ਜਦ ਕਿ ਸਕੂਲ ਵਿਦਿਆਰਥੀਆਂ ਨੂੰ ਸਿੱਖਿਆ ਦੇਣ ਲਈ ਬਣਾਏ ਗਏ ਹਨ, ਪਰ ਸਾਡੀਆਂ ਸਰਕਾਰਾਂ ਤਾਂ ਸਰਕਾਰੀ ਸਕੂਲਾਂ ਦੇ ਟੀਚਰਾਂ ਨੂੰ ਆਪਣੇ ਹੀ ਕੰਮਾਂ ਤੋਂ ਲਾਈ ਰੱਖਦੇ ਹਨ ਜਿਸ ਕਰਕੇ ਵਿਦਿਆਰਥੀਆਂ ਦੀ ਪੜ੍ਹਾਈ ਬਹੁਤ ਪਿੱਛੇ ਪੈ ਜਾਂਦੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹੁਸ਼ਿਆਰਪੁਰ ਤੋਂ ਕਾਂਗਰਸੀ ਆਗੂ ਵਿਸ਼ਵਨਾਥ ਬੰਟੀ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਗਰੀਬਾਂ ਦੇ ਬੱਚਿਆਂ ਨੂੰ ਭੋਜਨ ਦੀ ਬਜਾਏ ਮਿਆਰੀ ਸਿੱਖਿਆ ਦੇਣ ਦੀ ਲੋੜ ਹੈ। ਉਹਨਾਂ ਕਿਹਾ ਕਿ ਸਕੂਲਾਂ 'ਚ ਢਾਬਿਆਂ ਵਾਂਗ ਮੀਨੂ ਦੇ ਬੋਰਡ ਲਗਾਏ ਗਏ ਹਨ, ਜੋ ਕਿ ਬਹੁਤ ਹੀ ਨਿੰਦਣਯੋਗ ਹਨ। ਉਹਨਾਂ ਕਿਹਾ ਕਿ ਅੱਜ ਵੀ ਪੰਜਾਬ ਦੇ ਲੋਕ ਆਪਣੇ ਬੱਚਿਆਂ ਨੂੰ ਵਧੀਆ ਭੋਜਨ ਖਵਾ ਕੇ ਹੀ ਸਕੂਲਾਂ ਨੂੰ ਤੋਰਦੇ ਹਨ। ਅੱਜ ਦੇ ਪਦਾਰਥਵਾਦੀ ਯੁੱਗ 'ਚ ਕੋਈ ਵੀ ਪਰਵਾਰ ਰੋਟੀ ਤੋਂ ਵਾਂਝਾ ਨਹੀਂ ਹੈ। ਉਹਨਾਂ ਕਿਹਾ ਕਿ ਸਰਕਾਰੀ ਸਕੂਲਾਂ 'ਚ ਜਿਆਦਾਤਰ ਗਰੀਬ ਪ੍ਰੀਵਾਰਾਂ ਦੇ ਬੱਚੇ ਹੀ ਪੜ੍ਹਦੇ ਹਨ। ਇਸ ਲਈ ਉਹਨਾਂ ਨੂੰ ਕੇਵਲ ਰੋਟੀਆਂ ਖਾਣ ਤੱਕ ਹੀ ਸੀਮਤ ਰੱਖਿਆ ਜਾ ਰਿਹਾ ਹੈ। ਸਰਕਾਰਾਂ ਕਰੋੜਾਂ ਰੁਪਏ ਬੱਚਿਆਂ ਨੂੰ ਸਕੂਲਾਂ 'ਚ ਖਾਣਾ ਖਿਲਾਉਣ ਲਈ ਖਰਚ ਰਹੀਆਂ ਹਨ, ਜਦਕਿ ਸਕੂਲ ਅਧਿਆਪਕਾਂ ਤੋਂ ਸੱਖਣੇ ਹਨ। ਸਰਕਾਰ ਨੂੰ ਸਕੂਲਾਂ 'ਚ ਵੱਧ ਤੋਂ ਵੱਧ ਰੈਗੂਲਰ ਪੱਕੇ ਅਧਿਆਪਕ ਭਰਤੀ ਕਰਨੇ ਚਾਹੀਦੇ ਹਨ ਤਾਂ ਜੋ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦਿੱਤੀ ਜਾ ਸਕੇ।

# ਸਰਕਾਰ ਤੋਂ ਲੋਹੀਆਂ ਖਾਸ ਦੇ ਸ਼ਹਿਰ ਵਾਸੀਆਂ ਤੇ ਖੇਡ ਪ੍ਰੇਮੀਆਂ ਵੱਲੋਂ ਸਟੇਡੀਅਮ ਬਣਾਉਣ ਦੀ ਮੰਗ



ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ) ਸਥਾਨਕ ਸ਼ਹਿਰ ਲੋਹੀਆਂ ਖਾਸ ਦੇ ਨੌਜਵਾਨਾਂ ਵੱਲੋਂ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਸ਼ਹਿਰ 'ਚ ਨੌਜਵਾਨਾਂ ਅਤੇ ਬੱਚਿਆਂ ਦੇ ਖੇਡਣ ਵਾਸਤੇ ਗਰਾਊਂਡ ਤੇ ਸਟੇਡੀਅਮ ਬਣਾਇਆਜਾਵੇ ਕਿਉਂਕਿ ਉਨ੍ਹਾਂ ਨੂੰ ਸ਼ਹਿਰ ਦੇ ਖਾਲੀ ਪਏ ਰਿਹਾਇਸ਼ੀ ਪਲਾਟਾਂ 'ਚ ਖੇਡਣ ਲਈ ਮਜਬੂਰ ਹੋਣ ਪੈ ਰਿਹਾ। ਇਸ ਮੌਕੇ ਲੋਹੀਆਂ ਖਾਸ ਦੇ ਨੌਜਵਾਨ ਖਿਡਾਰੀਆਂ ਨੇ ਇਕ ਵੱਡਾ ਇਕੱਠ ਕਰ ਕੇ ਸਟੇਡੀਅਮ ਬਣਾਉਣ ਦੀ ਮੰਗ ਕਰਦੇ ਹੋਏ ਕਿਹਾ ਕਿ ਪਲਾਟਾਂ 'ਚ ਖੇਡਣ ਕਾਰਨ ਕਈ ਵਾਰ ਪਲਾਟਾਂ ਦੇ ਮਾਲਕ ਉਨ੍ਹਾਂ ਨਾਲ ਲੜਦੇ-ਝਗੜਦੇ ਹਨ ਤੇ ਕਈ ਵਾਰ ਉਨ੍ਹਾਂ ਨੂੰ ਨੇੜਲੇ ਪਿੰਡਾਂ 'ਚ ਬਣੇ ਸਟੇਡੀਅਮ 'ਚ ਖੇਡਣ ਜਾਣਾ ਪੈਂਦਾ ਹੈ, ਜਿੱਥੇ ਕਈ ਵਾਰ ਉਨ੍ਹਾਂ ਤੋਂ ਫ਼ੀਸ ਵੀ ਵਸੂਲੀ ਜਾਂਦੀ ਹੈ।ਇਸ ਮੌਕੇ ਮੌਜੂਦ ਕਈ ਖਿਡਾਰੀਆਂ ਨੇ ਦੱਸਿਆ ਕਿ ਨੇੜਲੇ ਪਿੰਡਾਂ 'ਚ ਵੱਡੇ ਤੇ ਵਧੀਆ ਸਟੇਡੀਅਮ ਬਣੇ ਹੋਏ ਹਨ ਜਦਕਿ ਲੋਹੀਆਂ ਖਾਸ ਸ਼ਹਿਰ 'ਚ ਆਮ ਲੋਕਾਂ, ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡਣ ਦੀ ਕੋਈ ਸਹੂਲਤ ਨਹੀਂ ਹੈ ਜਦਕਿ ਕੁਝ ਨੌਜਵਾਨਾਂ ਨੇ ਦੱਸਿਆ ਕਿ ਸਰਕਾਰ ਵੱਲੋਂ ਬੀਤੇ ਦਿਨ ਉਨ੍ਹਾਂ ਪਿੰਡਾਂ ਦੀ ਲਿਸਟ ਜਾਰੀ ਕੀਤੀ ਗਈ ਸੀ ਜਿੱਥੇ ਸਰਕਾਰ ਨਵੇਂ ਸਟੇਡੀਅਮ ਬਣਾ ਰਹੀ ਹੈ ਤੇ ਉਹ ਉਸ ਲਿਸਟ 'ਚ ਆਪਣੇ ਸ਼ਹਿਰ ਲੋਹੀਆਂ ਦਾ ਨਾਮ ਵੀ ਲੱਭਦੇ ਰਹੇ ਲੇਕਿਨ ਉਨ੍ਹਾਂ ਹੱਥ ਨਿਰਾਸ਼ਾ ਹੀ ਲੱਗੀ।ਖਿਡਾਰੀਆਂ ਨੇ ਮੰਗ ਕੀਤੀ ਕਿ ਖੇਡਾਂ ਦੇ ਵਿਕਾਸ ਤੇ ਬੱਚਿਆਂ 'ਚ ਖੇਡਾਂ ਪ੍ਰਤੀ ਉਤਸ਼ਾਹ ਪੈਦਾ ਕਰਨ ਲਈ ਲੋਹੀਆਂ ਖਾਸ 'ਚ ਖੇਡ ਗਰਾਊਂਡ ਉਸਾਰੀ ਜਾਵੇ।ਇਸ ਮੌਕੇ ਪ੍ਰਿੰਸੀਪਲ ਕਰਮ ਚੰਦ ਸ਼ਰਮਾ, ਪ੍ਰਿੰਸੀਪਲ ਧਰਮਪਾਲ ਵਰਮਾ ਨੇ ਉਕਤ ਸਾਰੇ ਨੌਜਵਾਨਾਂ ਨੂੰ ਦੱਸਿਆ ਕਿ ਸਰਕਾਰ ਵੱਲੋਂ ਸ਼ਹਿਰ ਦੀ ਕੁਟੀਆ ਗਰਾਊਂਡ ਨੂੰ ਉਲੀਕਣ ਦੀ ਤਜਵੀਜ਼ ਹੈ, ਜਿਸ ਲਈ ਫਾਇਲ ਡਿਪਟੀ ਕਮਿਸ਼ਨਰ ਜਲੰਧਰ ਵੱਲੋਂ ਪਾਸ ਕੀਤੀ ਜਾ ਚੁੱਕੀ ਹੈ ਲੇਕਿਨ ਨੌਜਵਾਨ ਖਿਡਾਰੀਆਂ ਦਾ ਕਹਿਣਾ ਸੀ ਇਸ ਵੇਲੇ ਜ਼ਰੂਰਤ ਹੈ ਕਿ ਵੱਡੀ ਗਰਾਊਂਡ ਉਸਾਰੀ ਜਾਵੇ।ਇਸ ਮੌਕੇ ਸਤਿੰਦਰ ਸਿੰਘ ਖ਼ਾਲਸਾ, ਸੁਖਵਿੰਦਰ ਜੀਤ ਸਿੰਘ, ਹਰਜੀਤ ਸਿੰਘ ਪੂਨੀ, ਸੰਤੋਖ ਸਿੰਘ ਪੂਨੀ, ਦਲਬੀਰ ਸਿੰਘ ਕੰਗ, ਵਿਸ਼ਾਂਤ ਸਰਦਾਨਾ, ਨਿੰਦਰ ਕਾਲੀਆ, ਜਸਬੀਰ ਸਿੰਘ, ਜਸਪ੍ਰੀਤ ਸਿੰਘ, ਸਾਇਮਨ ਦੀਪ ਪੂਨੀ, ਚਾਹਤਬੀਰ ਸਿੰਘ, ਆਰੀਅਨ ਛਾਬੜਾ, ਗੁਰਜੋਤ ਸਿੰਘ, ਗੁਰਸ਼ਾਨ ਸਿੰਘ, ਹਰਦੀਪ ਸਿੰਘ ਗਗਨਦੀਪ ਸਿੰਘ, ਤਰਨਪ੍ਰੀਤ ਸਿੰਘ, ਹਰੀਸ਼, ਨਵਦੀਪ ਸਿੰਘ, ਈਸ਼ਵਰ ਸਿੰਘ ਕੰਗ, ਵਿਕਾਸ ਸ਼ਰਮਾ, ਸਾਹਬ ਜੋਤ ਸਿੰਘ, ਰੋਹਨ ਸ਼ਰਮਾ, ਅਰਸ਼ਦੀਪ ਸਿੰਘ, ਕੰਵਰਪ੍ਰਤਾਪ ਸਿੰਘ, ਯੁਵਰਾਜ ਸਿੰਘ ਤੋਂ ਇਲਾਵਾ ਹੋਰ ਨੌਜਵਾਨ ਮੌਜੂਦ ਸਨ।

# ਕੁਦਰਤੀ ਸਰੋਤਾਂ ਨੂੰ ਹੜੱਪਣ ਲਈ ਸਰਕਾਰ ਵਿਕਾਸ ਦਾ ਮਖੌਟਾ ਪਾ ਆਦਿਵਾਸੀਆਂ ਦਾ ਕਰ ਰਹੀ ਵਿਨਾਸ਼ : ਮਹਿਮੂਦਪੁਰ



ਮਾਹਿਲਪੁਰ (ਸ਼ਫ਼ਰੀ)- ਦੇਸੀ-ਵਿਦੇਸ਼ੀ ਸਰਮਾਏਦਾਰਾਂ ਨਾਲ ਖਣਨ ਪ੍ਰੋਜੈਕਟਾਂ ਦੇ ਇਕਰਾਰਨਾਮੇ ਕਰਨ ਵਾਲੀ ਨਿਕੰਮੀ ਸਰਕਾਰ ਸਰਾਸਰ ਝੂਠੇ ਬਿਰਤਾਂਤ ਸਿਰਜ ਕੇ ਆਦਿਵਾਸੀਆਂ ਨੂੰ ਦਿਨ ਦਿਹਾੜੇ ਗੈਰ ਕਾਨੂੰਨੀ ਤੌਰ 'ਤੇ ਕਤਲ ਕਰ ਰਹੀ ਹੈ।ਸਰਕਾਰ ਦਾ ਅਸਲ ਮਨੋਰਥ ਜਲ, ਜੰਗਲ, ਜ਼ਮੀਨਾਂ ਹਥਿਆਉਣਾਂ ਤੇ ਸਰਮਾਏਦਾਰਾਂ ਨੂੰ ਲੁਟਾਉਣਾ ਹੈ। ਕੁਦਰਤੀ ਸਰੋਤਾਂ ਦੇ ਰਖਵਾਲੇ ਆਦਿਵਾਸੀਆਂ ਨੂੰ ਬੇਵਜ੍ਹਾ ਬਦਨਾਮ ਕਰਕੇ ਕੋਹ ਕੋਹ ਕੇ ਮਾਰਿਆ ਜਾ ਰਿਹਾ ਹੈ ਜਿਸ ਦਾ ਵਿਰੋਧ ਕਰਨ ਲਈ ਜਮਹੂਰੀ ਅਧਿਕਾਰ ਸਭਾ ਵਲੋਂ ਸਾਰੀਆਂ ਲੋਕ ਪੱਖੀ ਇਨਸਾਫ਼ ਪਸੰਦ ਸੰਸਥਾਵਾਂ ਨਾਲ ਮਿਲ ਕੇ ਆਵਾਜ਼ ਬੁਲੰਦ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ ਅਤੇ ਸਾਨੂੰ ਪੂਰਨ ਭਰੋਸਾ ਹੈ ਪੰਜਾਬ ਦੇ ਅਣਖੀਲੇ ਸੂਝਵਾਨ ਲੋਕ ਹਰ ਤਰ੍ਹਾਂ ਦਾ ਜ਼ਬਰ ਜ਼ੁਲਮ ਦਾ ਡੱਟ ਕੇ ਵਿਰੋਧ ਕਰਨ ਲਈ ਅੱਗੇ ਆਉਣਗੇ ਤੇ ਦੇਸ਼ 'ਚ ਚਲ ਰਹੇ ਪੁਲਸ ਤੇ ਨੀਮ ਫੌਜੀ ਬਲਾਂ ਦੇ ਗੁੰਡਾਰਾਜ ਨੂੰ ਠੱਲ੍ਹ ਪਾ ਕੇ ਮਨੁੱਖਤਾ ਤੇ ਸੰਵਿਧਾਨ ਦੀ ਰਖਵਾਲੀ ਕਰਨਗੇ।ਇਹ ਵਿਚਾਰ ਮਾਹਿਲਪੁਰ ਪਹੁੰਚੇ ਉੱਘੇ ਚਿੰਤਕ, ਅਨੁਵਾਦਕ ਤੇ ਲੇਖਕ ਬੂਟਾ ਸਿੰਘ ਮਹਿਮੂਦਪੁਰ ਨੇ ਪ੍ਰਗਟ ਕੀਤੇ। ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਨੇ ਸਾਰੀਆਂ ਲੋਕ ਪੱਖੀ ਦੇਸ਼ ਭਗਤ ਜਥੇਬੰਦੀਆਂ ਨੂੰ ਸਿਰ ਜੋੜ ਕੇ ਬੈਠਣ ਵਿਚਾਰ ਕਰਨ ਤੇ ਦਰਪੇਸ਼ ਮਸਲਿਆਂ ਦੇ ਹੱਲ ਲੱਭਣ ਲਈ ਅਪੀਲ ਕਰਦਿਆਂ ਦੇਸ਼ ਦੇ ਜ਼ਿੰਮੇਵਾਰ ਨਾਗਰਿਕਾਂ ਨੂੰ ਸਰਕਾਰਾਂ ਵਲੋਂ ਫੈਲਾਏ ਜਾ ਰਹੇ ਗੁੰਮਰਾਹਕੁੰਨ ਕੂੜ ਪ੍ਰਚਾਰ ਤੋਂ ਬਚਣ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਉੱਘੇ ਵਿਦਵਾਨ ਵਿਜੇ ਬੰਬੇਲੀ ਨੇ ਦੇਸ਼ ਨੂੰ ਦਰਪੇਸ਼ ਸਮੱਸਿਆਵਾਂ 'ਤੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਵਿਦਵਾਨਾਂ ਤੇ ਕਲਮਕਾਰਾਂ ਨੂੰ ਸਰਕਾਰੀ ਵਹਿਸ਼ੀਪੁਣੇ ਵਿਰੁੱਧ ਖੁੱਲ੍ਹ ਕੇ ਵਿਚਾਰ ਪ੍ਰਗਟ ਕਰਨ ਲਈ ਬੇਨਤੀ ਕੀਤੀ। ਤਰਕਸ਼ੀਲ ਆਗੂ ਜੁਗਿੰਦਰ ਕੁੱਲੇਵਾਲ,ਆਰ ਟੀ ਆਈ ਕਾਰਕੁੰਨ ਪਰਮਿੰਦਰ ਕਿੱਤਣਾਂ ਤੇ ਮੁਲਾਜ਼ਮ ਆਗੂ ਨਰਿੰਦਰ ਅਜਨੋਹਾ ਨੇ ਸਾਰੀਆਂ ਲੋਕ ਪੱਖੀ ਸੰਸਥਾਵਾਂ ਦੀ ਏਕਤਾ 'ਤੇ ਜ਼ੋਰ ਦੇ ਕੇ ਹੰਕਾਰੇ ਹਾਕਮਾਂ ਤੇ ਲੁਟੇਰੇ ਸਰਮਾਏਦਾਰਾਂ ਵਿਰੁੱਧ ਬਿਨਾਂ ਦੇਰੀ ਸਾਂਝੇ ਸੰਘਰਸ਼ ਵਿੱਢਣ ਦਾ ਸੱਦਾ ਦਿੱਤਾ ।ਇਸ ਮੌਕੇ ਤੇ ਮੁਲਾਜ਼ਮ ਆਗੂ ਮਲਕੀਤ ਸਿੰਘ ਬਾਹੋਵਾਲ, ਐਡਵੋਕੇਟ ਰਣਜੀਤ ਸਿੰਘ ਕਲਸੀ, ਇਕਬਾਲ ਸਿੰਘ ਜੱਸੋਵਾਲ, ਜਗਤਾਰ ਬਾਹੋਵਾਲ, ਅਮਰਜੀਤ ਸਿੰਘ, ਰਘੁਵੀਰ ਸਿੰਘ ਕਲੋਆ, ਰਾਮ ਆਸਰਾ, ਜੈ ਰਾਮ, ਕਪਿਲ ਸ਼ਰਮਾ, ਮਹਿੰਦਰਪਾਲ, ਜਰਨੈਲ ਸਿੰਘ, ਜਤਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਦੇ ਲੋਕ ਪੱਖੀ ਆਗੂਆਂ ਨੇ ਸ਼ਮੂਲੀਅਤ ਕੀਤੀ ਤੇ ਆਪਣੇ ਸੁਝਾਅ ਦਿੰਦਿਆਂ ਦੇਸ਼ ਦੁਨੀਆਂ ਵਿੱਚ ਹੋ ਰਹੇ ਮਨੁੱਖਤਾ ਵਿਰੋਧੀ ਕਾਰਿਆਂ ਦਾ ਵਿਰੋਧ ਕਰਨ ਤੇ ਗ਼ਦਰੀ ਬੀਬੀ ਗੁਲਾਬ ਕੌਰ ਦੇ ਵਿਛੋੜੇ ਦੇ ਸ਼ਤਾਬਦੀ ਸਮਾਗਮ 'ਚ ਸ਼ਮੂਲੀਅਤ ਕਰਨ ਭਰੋਸਾ ਦਿਵਾਇਆ।

# 'ਹਰ-ਹਰ ਮਹਾਂਦੇਵ ਲੰਗਰ ਕਮੇਟੀ' ਵੱਲੋਂ ਪੰਜਵਾਂ ਸਾਲਾਨਾ ਭੰਡਾਰਾ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਹਰ ਹਰ ਮਹਾਦੇਵ ਲੰਗਰ ਕਮੇਟੀ, ਸੂਰਜ ਇਨਕਲੇਵ ਹੁਸ਼ਿਆਰਪੁਰ ਵੱਲੋਂ ਹਰਿਆਨਾ ਰੋਡ ਵਿਖੇ ਪੰਜਵੇਂ ਸਾਲਾਨਾ ਭੰਡਾਰੇ ਦਾ ਵਿਸ਼ਾਲ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਦੌਰਾਨ ਭਗਤੀ ਭਾਵਨਾ ਨਾਲ ਭਰਿਆ ਹੋਇਆ ਮਾਹੌਲ ਦੇਖਣ ਨੂੰ ਮਿਲਿਆ। ਹਜ਼ਾਰਾਂ ਦੀ ਗਿਣਤੀ 'ਚ ਸ਼ਰਧਾਲੂਆਂ ਨੇ ਭੰਡਾਰੇ ਦਾ ਪਰਸਾਦ ਛਕਿਆ ਅਤੇ 'ਹਰ ਹਰ ਮਹਾਦੇਵ' ਦੇ ਜੈਘੋਸ ਨਾਲ ਪੂਰਾ ਇਲਾਕਾ ਗੂੰਜ ਉਠਿਆ। ਭੰਡਾਰੇ ਦੀ ਸ਼ੁਰੂਆਤ ਕਮੇਟੀ ਦੇ ਪ੍ਰਧਾਨ ਧਰਮਿੰਦਰ ਖਿੰਦੜੀ ਵੱਲੋਂ ਵਿੱਦੀ ਰੂਪ 'ਚ ਪੂਜਾ ਅਰਚਨਾ ਕਰਕੇ ਕੀਤੀ ਗਈ। ਇਸ ਮੌਕੇ ਮਸ਼ਹੂਰ ਸਮਾਜ ਸੇਵੀ ਦੀਪਕ ਕਤਨਾ ਅਤੇ ਪੰਕਜ ਮਲਿਕ ਨੇ ਵੀ ਖਾਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਸ਼ਰਧਾਲੂਆਂ ਨੂੰ ਕਰੀ-ਚੌਲ, ਛੋਲੇ-ਭਟੂਰੇ, ਪੂੜੀ-ਸਬਜੀ, ਹਲਵਾ, ਖੀਰ, ਪਕੌੜੇ, ਮਾਲਪੂਆ ਆਦਿ ਵਿਅੰਜਨ ਭਰਪੂਰ ਪਿਆਰ ਨਾਲ ਪਰੋਸੇ ਗਏ। ਇਸ ਮੌਕੇ ਰਜਨੀਸ਼ ਕੁਮਾਰ ਗੁਲਿਆਣੀ, ਮਨੋਜ ਕੁਮਾਰ, ਪ੍ਰਵੀਣ ਕੁਮਾਰ, ਨੀਰਜ ਧੀਮਾਨ, ਸਸੀ ਕੁਮਾਰ ਡੱਡਵਾਲ, ਡਾ. ਜਸਵਿੰਦਰ ਕੁਮਾਰ, ਪੰਕਜ ਬੰਸਲ, ਨਵੀਨ ਪ੍ਰੈਸਰ, ਮੁਕੇਸ ਸਰਮਾ, ਓਮ ਪ੍ਰਕਾਸ, ਕਮਲ ਦੇਵ, ਮੋਹਨਲਾਲ ਭਾਟੀਆ, ਸੁਰਿੰਦਰ ਸਿੰਘ, ਕਰਨਲ ਗੁਰਮੀਤ ਸਿੰਘ, ਰਾਜੀਵ ਪ੍ਰੈਸਰ, ਅਨਿਲ ਮਹੇਤਾ, ਠਾਕੁਰ ਰਣਜੀਤ, ਕਮਾਂਡੈਂਟ ਦਰਸਨ ਲਾਲ, ਅਰਵਿੰਦ ਧੀਮਾਨ। ਕਮੇਟੀ ਵੱਲੋਂ ਸਫਾਈ, ਸੇਵਾ ਅਤੇ ਅਨੁਸਾਸਨ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ।

# ਸ਼ਹਿਰ ਦੀ ਸਫਾਈ ਦੇ ਕੰਮ 'ਚ ਸ਼ਹਿਰ ਵਾਸੀ ਸਹਿਯੋਗ ਕਰਨ : ਗੁਲਜ਼ਾਰ ਸਿੰਘ ਥਿੰਦ



ਸ਼ਾਹਕੋਟ (ਗਿਆਨ ਸੈਦਪੁਰੀ) ਸੀਵਰੇਜ ਦੇ ਕੰਮ ਵਿੱਚ ਪਿਛਲੇ ਅਤੇ ਪਿਛਲੇਰੇ ਸਾਲਾਂ ਵਿੱਚ ਜਾਣੇ ਅਣਜਾਣੇ ਹੋਈਆਂ ਉਕਾਈਆ, ਸਫਾਈ ਕਰਨ ਵਾਲੇ ਕੁਝ ਉਪਕਰਨਾ ਵਿੱਚ ਆਈ ਖਰਾਬੀ ਅਤੇ ਕੁਝ ਆਮ ਲੋਕਾਂ ਵੱਲੋਂ ਆਪਣੀ ਜ਼ਿੰਮੇਵਾਰੀ ਤੋਂ ਲਾਪਰਵਾਹੀ ਦੇ ਕਾਰਨ ਸ਼ਹਿਰ ਦੇ ਕੁਝ ਥਾਵਾਂ 'ਤੇ ਗੰਦੇ ਪਾਣੀ ਦੀ ਨਿਕਾਸੀ ਦੀ ਮੁਸ਼ਕਲ ਆਈ ਹੈ, ਜੋ ਜਲਦੀ ਹੱਲ ਕਰਨ ਦੇ ਹੀਲੇ ਕੀਤੇ ਜਾ ਰਹੇ ਹਨ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜਾਰ ਸਿੰਘ ਥਿੰਦ ਨੇ ਕੀਤਾ। ਉਹ ਸਬਜ਼ੀ ਮੰਡੀ ਵਿੱਚ ਸੀਵਰੇਜ ਦੇ ਚੱਲ ਰਹੇ ਕੰਮ ਦੀ ਖੁਦ ਨਿਗਰਾਨੀ ਕਰ ਰਹੇ ਸਨ। ਉਹਨਾਂ ਕਿਹਾ ਕਿ ਜਿੱਥੇ ਉਹ ਖੁਦ, ਈਓ ਤੇ ਹੋਰ ਕਰਮਚਾਰੀ ਲਗਾਤਾਰ ਯਤਨਸ਼ੀਲ ਹਨ, ਉਥੇ ਸ਼ਹਿਰ ਦੇ ਲੋਕਾਂ ਨੂੰ ਵੀ ਅਪੀਲ ਕਰਦੇ ਹਨ ਕਿ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਪਲਾਸਟਿਕ ਲਿਫਾਫੇ ਵਗੈਰਾ ਨਾਲੀਆਂ ਵਿੱਚ ਨਾ ਸੁੱਟਣ। ਉਹਨਾਂ ਕਿਹਾ ਕਿ ਪਿਛਲੇ ਦਿਨਾਂ ਤੋਂ ਮੌਸਮ ਦੇ ਵਿਗੜੇ ਮਿਜਾਜ਼ ਨੇ ਵੀ ਸੀਵਰੇਜ ਦੇ ਕੰਮ ਵਿੱਚ ਮੁਸ਼ਕਿਲ ਪੈਦਾ ਕੀਤੀ ਹੈ। ਥਿੰਦ ਨੇ ਕਿਹਾ ਕਿ ਉਨ੍ਹਾਂ ਨੇ ਨਗਰ ਪੰਚਾਇਤ ਦੇ ਸਮੁੱਚੇ ਸਟਾਫ ਨੂੰ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਦੀ ਹਦਾਇਤ ਕੀਤੀ ਹੈ। ਉਹਨਾਂ ਆਸ ਪ੍ਰਗਟ ਕੀਤੀ ਹੈ ਕਿ ਸ਼ਹਿਰ ਨਿਵਾਸੀ ਸਫਾਈ ਦੇ ਕੰਮ ਵਿੱਚ ਕਰਮਚਾਰੀਆਂ ਦਾ ਸਾਥ ਦੇਣਗੇ। ਇੱਥੇ ਹੀ ਮੌਜੂਦ ਈ ਓ ਸ਼ਾਹਕੋਟ ਸੁਨੀਲ ਕੁਮਾਰ ਨੇ ਦੱਸਿਆ ਕਿ ਇੱਕ ਮਸ਼ੀਨ ਵਿੱਚ ਆਈ ਖਰਾਬੀ ਕੰਮ ਵਿੱਚ ਰੁਕਾਵਟ ਬਣੀ ਸੀ ਪਰ ਹੁਣ ਕੰਮ ਵਿੱਚ ਤੇਜ਼ੀ ਲਿਆਂਦੀ ਗਈ ਹੈ। ਇਸ ਇਸ ਮੌਕੇ ਸੋਨੂ ਕੰਗ ਪੀਏ ਹਲਕਾ ਵਿਧਾਇਕ, ਇੰਸਪੈਕਟਰ ਨਿਰਦੋਸ਼ ਕੁਮਾਰ, ਮਨਦੀਪ ਸਿੰਘ ਕਲਰਕ, ਰਕੇਸ਼ ਬੰਟੀ ਬਠਲਾ ਪ੍ਰਧਾਨ ਵਾਤਾਵਰਨ ਸੁਧਾਰ ਸੋਸਾਇਟੀ, ਰੋਮੀ ਗਿੱਲ ਸਾਬਕਾ ਐਮਸੀ, ਅਮਨਦੀਪ ਸੈਦਪੁਰੀ ਸੀਨੀਅਰ ਵਾਈਸ ਪ੍ਰਧਾਨ ਵਾਤਾਵਰਨ ਸੁਧਾਰ ਸੋਸਾਇਟੀ ਆਦਿ ਮੌਜੂਦ ਸਨ।

# ਫਾਇਰ ਆਰਮਜ਼ ਤੇ ਹਥਿਆਰ ਜਨਤਕ ਤੌਰ 'ਤੇ ਲਿਜਾਣ 'ਤੇ ਪਾਬੰਦੀ ਦੇ ਹੁਕਮ

ਫਿਲੌਰ (ਡਾ. ਰਮਨ) ਜ਼ਿਲ੍ਹਾ ਮੈਜਿਸਟਰੇਟ, ਕਪੂਰਥਲਾ ਅਮਿਤ ਕੁਮਾਰ ਪੰਚਾਲ ਵੱਲੋਂ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ-2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ, ਜ਼ਿਲ੍ਹਾ ਕਪੂਰਥਲਾ ਵਿੱਚ ਜਿਥੇ ਵੀ ਸਰਪੰਚਾਂ ਅਤੇ ਪੰਚਾਂ ਦੀਆਂ ਖਾਲੀ ਪੋਸਟਾਂ ਲਈ ਚੋਣਾਂ ਹੋ ਰਹੀਆਂ ਹਨ, ਉਨ੍ਹਾਂ ਪਿੰਡਾਂ ਦੀ ਹੱਦੂਦ ਅੰਦਰ ਕਿਸੇ ਵੀ ਕਿਸਮ ਦੇ ਫਾਇਰ ਆਰਮਜ਼ ਜਾਂ ਹੋਰ ਹਥਿਆਰਾਂ ਨੂੰ ਜਨਤਕ ਤੌਰ 'ਤੇ ਲਿਜਾਣ 'ਤੇ ਪੂਰੀ ਤਰ੍ਹਾਂ ਪਾਬੰਦੀ ਦੇ ਹੁਕਮ ਜਾਰੀ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਹ ਪਾਬੰਦੀ ਚੋਣਾਂ ਦੇ ਸੁਚਾਰੂ, ਨਿਪੱਖ ਅਤੇ ਸ਼ਾਂਤੀਪੂਰਕ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਲਾਈ ਗਈ ਹੈ।ਕਿਸੇ ਵੀ ਵਿਅਕਤੀ ਵੱਲੋਂ ਉਕਤ ਨਿਰਦੇਸ਼ ਦੀ ਉਲੰਘਣਾ ਕਰਨ ਦੀ ਸੂਰਤ ਵਿੱਚ ਉਸ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾ ਦੱਸਿਆ ਕਿ ਇਹ ਹੁਕਮ ਆਰਮੀ ਪਰਸੋਨਲ, ਪੈਰਾ ਮਿਲਟਰੀ ਫੋਰਸ, ਪੁਲਿਸ ਕਰਮਚਾਰੀਆਂ, ਬੈਂਕ ਸੁਰੱਖਿਆ ਗਾਰਡ, ਫੈਕਟਰੀਜ਼ ਦੇ ਸਕਿਊਰਿਟੀ ਗਾਰਡ, ਮਨੀ ਐਕਸਚੇਂਜ ਦੇ ਮਾਲਕਾਂ ਅਤੇ ਸਪੋਰਟਸਪਰਨ (ਉਹ ਸਟੋਰ ਜੋ ਨੈਸ਼ਨਲ ਰਾਈਫਲ ਐਸੋਸੀਏਸ਼ਨ ਦੇ ਮੈਂਬਰ ਹੋਣ ਅਤੇ ਕਿਸੇ ਇਵੈਂਟ ਵਿੱਚ ਭਾਗ ਲੈ ਰਹੇ ਹੋਣ) ਤੇ ਲਾਗੂ ਨਹੀ ਹੋਣਗੇ। ਇਹ ਹੁਕਮ ਮਿਤੀ 27 ਜੁਲਾਈ ਚੋਣ ਪ੍ਰਕਿਰਿਆ ਖਤਮ ਹੋਣ ਤੱਕ ਲਾਗੂ ਰਹੇਗਾ।

# ਨਸ਼ਾ ਮੁਕਤੀ ਯਾਤਰਾ ਦੇ ਨਿਕਲ ਰਹੇ ਹਨ ਸਾਕਾਰਾਤਮਕ ਨਤੀਜੇ : ਕੁਲਵੰਤ ਸਿੰਘ



ਮੋਹਾਲੀ (ਗੁਰਜੀਤ ਬਿੱਲਾ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਭਰ ਵਿੱਚ ਨਸ਼ਾ ਤਸਕਰਾਂ ਖਿਲਾਫ ਚਲਾਈ ਗਈ ਮੁਹਿੰਮ ਦੇ ਤਹਿਤ ਮੋਹਾਲੀ ਵਿਧਾਨ ਸਭਾ ਹਲਕੇ ਵਿੱਚ ਨਸ਼ਿਆਂ ਵਿਰੁੱਧ ਆਮ ਲੋਕਾਂ ਨੂੰ ਜਾਗਰੂਕ ਕਰਨ ਦੇ ਲਈ ਪ੍ਰੋਗਰਾਮ ਕੀਤੇ ਜਾ ਰਹੇ ਹਨ, ਇਸੇ ਲੜੀ ਦੇ ਤਹਿਤ ਫੇਸ-6 ਵਿਖੇ ਸਾਬਕਾ ਕੌਂਸਲਰ ਆਰ ਪੀ ਸ਼ਰਮਾ ਦੀ ਅਗਵਾਈ ਹੇਠ ਜਦਕਿ ਵਾਰਡ ਨੰਬਰ -50 ਵਿਖੇ ਕੌਂਸਲਰ ਗੁਰਮੀਤ ਕੌਰ ਦੀ ਅਗਵਾਈ ਦੇ ਵਿੱਚ ਅਤੇ ਸੈਕਟਰ 57 ਵਿਖੇ ਹਰਪਾਲ ਸਿੰਘ ਬਰਾੜ ਪ੍ਰਧਾਨ ਰੈਜੀਡੈਂਟ ਵੈਲਫੇਅਰ ਐਸੋਸੀਏਸ਼ਨ, ਵਿਜੇ ਡੋਗਰਾ-ਪ੍ਰਧਾਨ ਮੰਦਰ ਕਮੇਟੀ ਵੀ ਮੌਜੂਦ ਰਹੇ, ਯੁੱਧ ਨਸ਼ਿਆ ਵਿਰੁੱਧ ਮੁਹਿੰਮ ਦੇ ਤਹਿਤ ਇਹਨਾਂ ਸਮਾਗਮਾਂ ਦੇ ਵਿੱਚ ਪਹੁੰਚੇ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਚੋਣਾਂ ਦੇ ਦੌਰਾਨ ਲੋਕਾਂ ਦੀ ਕਚਹਿਰੀ ਦੇ ਵਿੱਚ ਇੱਕ ਤੰਦਰੁਸਤ ਪੰਜਾਬ ਦੀ ਸਿਰਜਣਾ ਦਾ ਹੋਕਾ ਦਿੱਤਾ ਸੀ ਅਤੇ ਵੱਡੀ ਗਿਣਤੀ ਦੇ ਵਿੱਚ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਉਣ ਦੇ ਲਈ ਨਸ਼ਾ ਮੁਕਤੀ ਯਾਤਰਾ ਦੀ ਸ਼ੁਰੂਆਤ ਕੀਤੇ ਜਾਣ ਦਾ ਭਰੋਸਾ ਵੀ ਦਿਵਾਇਆ ਸੀ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪੰਜਾਬ ਦੇ ਲੋਕਾਂ ਵੱਲੋਂ ਵੀ ਭਰਮਾ ਸਹਿਯੋਗ ਮਿਲ ਰਿਹਾ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਹਨਾਂ ਪ੍ਰੋਗਰਾਮਾਂ ਦੇ ਵਿੱਚ ਵੱਡੀ ਗਿਣਤੀ ਦੇ ਵਿੱਚ ਨੌਜਵਾਨ ਅਤੇ ਉਹਨਾਂ ਦੇ ਮਾਪਿਆਂ ਦੀ ਹਾਜ਼ਰੀ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ ਸ਼ੁਰੂ ਕੀਤੀ ਗਈ ਇਸ ਮੁਹਿੰਮ ਨਾਲ ਨਸ਼ਾ ਰੂਪੀ ਕੋਹੜ ਨੂੰ ਜਲਦੀ ਹੀ ਪੰਜਾਬ ਤੋਂ ਪੱਕੇ ਤੌਰ 'ਤੇ ਦੂਰ ਭਜਾ ਦਿੱਤਾ ਜਾਵੇਗਾ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਲਗਾਤਾਰ ਪੰਜਾਬ ਦੇ ਵਿਕਾਸ ਲਈ ਵੀ ਸਕੀਮਾਂ ਨੂੰ ਅੰਤਿਮ ਛੋਹ ਦਿੱਤੀ ਜਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਵਿਕਾਸ ਦੀ ਗਤੀ ਹੋਰ ਤੇਜ਼ ਹੋਵੇਗੀ। ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁਲਦੀਪ ਸਿੰਘ ਸਮਾਣਾ , ਹਰਮੀਤ ਸਿੰਘ, ਹਰਵਿੰਦਰ ਸਿੰਘ ਸੈਣੀ ਹਰਮੇਸ਼ ਸਿੰਘ ਕੁੰਭੜਾ, ਇਕਬਾਲ ਸਿੰਘ ਸਰਪੰਚ, ਫੁੱਲਜਿੰਦਰ ਸਿੰਘ, ਹਰਬੰਸ ਸਿੰਘ, ਗਗਨਿੰਦਰ ਸਿੰਘ ਵੀ ਹਾਜ਼ਰ ਸਨ।

# ਐੱਮ ਆਰ ਸਿਟੀ ਸਕੂਲ ਦੀ ਵਾਲੀਬਾਲ ਟੀਮ ਨੇ ਦਿਖਾਇਆ ਜ਼ਬਰਦਸਤ ਪ੍ਰਦਰਸ਼ਨ



ਬਲਾਚੌਰ (ਜਸਵਿੰਦਰ ਬੈਂਸ) ਐਮ ਆਰ ਸਿਟੀ ਪਬਲਿਕ ਸਕੂਲ, ਬਲਾਚੌਰ ਦੀ ਅੰਡਰ-19 ਲੜਕਿਆਂ ਦੀ ਵਾਲੀਬਾਲ ਟੀਮ ਨੇ ਸੀ ਬੀ ਐਸ ਈ ਕਲੱਸਟਰ XVIII ਟੂਰਨਾਮੈਂਟ ਵਿੱਚ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਟੂਰਨਾਮੈਂਟ ਵਿੱਚ ਕੁੱਲ 42 ਟੀਮਾਂ ਨੇ ਭਾਗ ਲਿਆ।ਪਹਿਲੇ ਮੈਚ ਵਿੱਚ ਟੀਮ ਨੇ ਆਕਸਫੋਰਡ ਇੰਟਰਨੈਸ਼ਨਲ ਸਕੂਲ, ਬੇਗੋਵਾਲ ਨੂੰ 25-11, 25-6 ਦੇ ਸਕੋਰ ਨਾਲ ਹਰਾਇਆ।ਫਿਰ ਪ੍ਰੀ-ਕਵਾਟਰ ਮੈਚ ਵਿੱਚ ਕੈਂਬਰਿਜ ਇੰਟਰਨੈਸ਼ਨਲ ਸਕੂਲ, ਜਲੰਧਰ ਨੂੰ 25-9, 25-11 ਨਾਲ ਹਰਾਇਆ।ਕਵਾਟਰ ਫਾਈਨਲ ਵਿੱਚ ਬੀ ਬੀ ਐਸ ਵਿਦਿਆ ਪੀਠ, ਉਧਮਪੁਰ (ਜੰਮੂ) ਨੂੰ 25-21, 25-16 ਨਾਲ ਹਰਾ ਕੇ ਅੱਗੇ ਵਧੇ। ਸੈਮੀਫਾਈਨਲ ਵਿੱਚ ਸੇਂਟ ਸੋਲਜਰ ਇਲਾਈਟ ਕਾਨਵੈਂਟ ਸਕੂਲ, ਜੰਡਿਆਲਾ ਨੂੰ 25-21, 25-19 ਨਾਲ ਹਰਾਇਆ। ਫਾਈਨਲ ਮੈਚ ਵਿੱਚ ਆਰਮੀ ਪਬਲਿਕ ਸਕੂਲ, ਜੰਮੂ ਵਿਰੁੱਧ ਟੀਮ ਨੇ ਜ਼ਬਰਦਸਤ ਮੁਕਾਬਲਾ ਕੀਤਾ, ਪਰ 17-25, 24-26, 19-25 ਦੇ ਨਤੀਜੇ ਨਾਲ ਕੁਝ ਅੰਤਰ ਨਾਲ ਹਾਰ ਗਏ ਅਤੇ ਦੂਜਾ ਸਥਾਨ ਹਾਸਲ ਕੀਤਾ। ਟੀਮ ਆਪਣੇ ਪੂਲ (ਲੋਅਰ ਹਾਫ) ਵਿੱਚ ਪਹਿਲੇ ਸਥਾਨ 'ਤੇ ਰਹੀ ਅਤੇ ਫਾਈਨਲ ਤੋਂ ਪਹਿਲਾਂ ਤੱਕ ਅਜੇਤੂ ਰਹੀ। ਸਕੂਲ ਚੇਅਰਮੈਨ ਰਾਮਜੀ ਦਾਸ ਅਤੇ ਪ੍ਰਿੰਸੀਪਲ ਸ੍ਰੀਮਤੀ ਰਿਤੂ ਬਤਰਾ ਨੇ ਟੀਮ ਅਤੇ ਕੋਚ ਦੀ ਤਾਰੀਫ਼ ਕਰਦੇ ਹੋਏ ਉਨ੍ਹਾਂ ਨੂੰ ਦਿਲੋਂ ਵਧਾਈਆਂ ਦਿੱਤੀਆਂ।ਕੋਚ ਰੋਹਿਤ ਕੁਮਾਰ ਨੂੰ ਖਿਡਾਰੀਆਂ ਦੀ ਟਰੇਨਿੰਗ, ਰਣਨੀਤੀ ਅਤੇ ਉਤਸ਼ਾਹਵਰਧਨ ਲਈ ਖਾਸ ਤੌਰ 'ਤੇ ਸ਼ਲਾਘਾ ਕੀਤੀ ਗਈ।

# ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

ਨਵਾਂਸ਼ਹਿਰ (ਮਨੋਜ ਲਾਡੀ)- ਨਵਾਂਸ਼ਹਿਰ ਦੀ ਪੁਲਸ ਵੱਲੋਂ ਨਸ਼ੇ ਦੇ ਤੌਰ 'ਤੇ ਵਰਤੀਆਂ ਜਾਣ ਵਾਲੀਆਂ 30 ਨਸ਼ੀਲੀਆਂ ਗੋਲੀਆਂ ਸਮੇਤ 1 ਨੌਜਵਾਨ ਨੂੰ ਗ੍ਰਿਫਤਾਰ ਕੀਤਾ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਦੇ ਐੱਸ ਆਈ ਬਲਵੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨ ਗਸ਼ਤ ਸ਼ੱਕੀ ਪੁਰਸ਼ਾਂ ਤੇ ਵਾਹਨਾਂ ਦੀ ਭਾਲ ਵਿਚ ਬੇਗਮਪੁਰ ਗੇਟ ਤੋਂ ਕੁਝ ਅੱਗੇ ਲੋਕ ਬਿਹਾਰ ਕਾਲੋਨੀ ਦੇ ਸਾਹਮਣੇ ਸਾਈਡ 'ਤੇ ਪੈਂਦੇ ਟੀ-ਪੁਆਇੰਟ ਦੇ ਨਜ਼ਦੀਕ ਪੁੱਜੀ ਤਾਂ ਦੂਸਰੀ ਸਾਈਡ ਤੋਂ ਪੈਦਲ ਆਉਂਦਾ ਇਕ ਵਿਅਕਤੀ ਦਿਖਾਈ ਦਿੱਤਾ ਜਿਹੜਾ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਅਤੇ ਜੇਬ 'ਚੋਂ ਲਿਫਾਫਾ ਕੱਢ ਕੇ ਸੁੱਟ ਦਿੱਤਾ। ਐੱਸ ਆਈ ਨੇ ਦੱਸਿਆ ਕਿ ਪੁਲਸ ਮੁਲਾਜ਼ਮਾਂ ਦੀ ਮਦਦ ਨਾਲ ਉਪਰੋਕਤ ਨੌਜਵਾਨ ਨੂੰ ਕਾਬੂ ਕਰ ਕੇ ਸੁੱਟੇ ਗਏ ਲਿਫਾਫੇ ਦੀ ਜਾਂਚ ਕੀਤੀ ਤਾਂ ਉਸ 'ਚੋਂ ਨਸ਼ੇ ਦੇ ਤੌਰ 'ਤੇ ਵਰਤੀਆਂ ਜਾਣ ਵਾਲੀਆਂ 30 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਗ੍ਰਿਫਤਾਰ ਕੀਤੇ ਮੁਲਜ਼ਮ ਦੀ ਪਛਾਣ ਰਮਨ ਕੁਮਾਰ ਵਾਸੀ ਪੰਨੂ ਮਜਾਰਾ ਥਾਣਾ ਸਿਟੀ ਨਵਾਂਸ਼ਹਿਰ ਦੇ ਤੌਰ 'ਤੇ ਹੋਈ ਹੈ। ਐੱਸ ਆਈ ਨੇ ਦੱਸਿਆ ਕਿ ਗ੍ਰਿਫਤਾਰ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# 'ਯੁੱਧ ਨਸ਼ੇ ਵਿਰੁੱਧ' ਮੁਹਿੰਮ ਦੀ ਸਭ ਤੋਂ ਮਜ਼ਬੂਤ ਨੀਂਹ ਬਣਨਗੇ ਸਕੂਲ : ਰੰਧਾਵਾ



ਡੇਰਾਬੱਸੀ (ਵਿਨੈ ਕੁਮਾਰ ਜੈਨ) ਡੇਰਾਬੱਸੀ ਦੇ ਐਮ ਐਲ ਏ ਕੁਲਜੀਤ ਸਿੰਘ ਰੰਧਾਵਾ ਵੱਲੋਂ ਏ ਏ ਆਰ ਜੈਨ ਪਬਲਿਕ ਸਕੂਲ ਡੇਰਾਬੱਸੀ 'ਚ ਇੱਕ ਸੱਭਿਆਚਾਰਕ ਸਮਾਗਮ ਦੌਰਾਨ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਚਲਾਈ ਗਈ।ਸਮਾਗਮ ਵਿੱਚ ਸ਼ਹਿਰ ਦੇ 1500 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ।ਵਿਧਾਇਕ ਨੇ ਬੱਚਿਆਂ ਰਾਹੀਂ ਇਹ ਸੁਨੇਹਾ 2000 ਤੋਂ ਵੱਧ ਪਰਿਵਾਰਾਂ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਅਤੇ ਮਾਪਿਆਂ ਨੂੰ ਸਰਕਾਰ ਅਤੇ ਪ੍ਰਸ਼ਾਸਨ ਨਾਲ ਸਹਿਯੋਗ ਦੇਣ ਦੀ ਅਪੀਲ ਕੀਤੀ।ਆਪਣੇ ਸੰਬੋਧਨ ਵਿੱਚ ਵਿਧਾਇਕ ਰੰਧਾਵਾ ਨੇ ਕਿਹਾ, ਤੁਹਾਡੇ ਮਾਤਾ-ਪਿਤਾ ਤੇ ਦਾਦਾ-ਦਾਦੀ ਨੇ ਮੈਨੂੰ ਵੋਟ ਪਾ ਕੇ ਇਲਾਕੇ ਦੀ ਜ਼ਿੰਮੇਵਾਰੀ ਦਿੱਤੀ ਹੈ।ਮੈਂ ਇਸ ਜ਼ਿੰਮੇਵਾਰੀ ਨੂੰ ਪੂਰਾ ਕਰਨ ਲਈ ਤੁਹਾਡੇ ਵਿੱਚ ਆਇਆ ਹਾਂ। ਇਹ ਮੇਰਾ ਫਰਜ਼ ਹੈ ਕਿ ਮੈਂ ਤੁਹਾਨੂੰ ਨਸ਼ਿਆਂ ਤੋਂ ਬਚਾਵਾਂ।ਵਿਧਾਇਕ ਨੇ ਸਕੂਲ ਮੈਨੇਜਮੈਂਟ ਅਤੇ ਜੈਨ ਪਰਿਵਾਰ ਦੀ ਵਧਾਈ ਕਰਦਿਆਂ ਕਿਹਾ ਕਿ ਥੋੜੇ ਸਮੇਂ ਵਿੱਚ ਇੰਨਾ ਵਧੀਆ ਅਤੇ ਸੁਚੱਜਾ ਪ੍ਰੋਗਰਾਮ ਕਰਕੇ ਉਨ੍ਹਾਂ ਨੇ ਇਲਾਕੇ ਦਾ ਮਾਣ ਵਧਾਇਆ ਹੈ। ਡੀ ਐਸ ਪੀ ਬਿਕਰਮ ਬਰਾੜ ਦੀ ਵੀ ਖੂਬ ਸਰਾਹਣਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਨੇ ਨਸ਼ਿਆਂ ਖ਼ਿਲਾਫ਼ ਚੱਲ ਰਹੀ ਲੜਾਈ ਵਿੱਚ ਉਨ੍ਹਾਂ ਨਾਲ ਮੋਢਾ ਮਿਲਾ ਕੇ ਕੰਮ ਕੀਤਾ ਹੈ ਅਤੇ ਨਸ਼ਿਆਂ ਦਾ ਲੱਕ ਤੋੜ ਕੇ ਰੱਖ ਦਿੱਤੀ ਹੈ।ਉਨ੍ਹਾਂ ਨੇ ਅਧਿਆਪਕਾਂ ਦੀ ਭੂਮਿਕਾ ਨੂੰ ਵੀ ਸਲਾਹਿਆ ਅਤੇ ਕਿਹਾ ਜਿਵੇਂ ਫੌਜੀ ਬਾਰਡਰ ਤੇ ਪਹਿਰਾ ਦਿੰਦੇ ਹਨ, ਓਸੇ ਤਰ੍ਹਾਂ ਅਧਿਆਪਕ ਵੀ ਨਸ਼ਿਆਂ ਖ਼ਿਲਾਫ਼ ਯੁੱਧ ਵਿੱਚ ਆਪਣੀ ਡਿਊਟੀ ਨਿਭਾ ਰਹੇ ਹਨ।

# ਕੈਬਨਿਟ ਸਬ-ਕਮੇਟੀ ਵੱਲੋਂ ਨਗਰ ਨਿਗਮਾਂ ਦੀਆਂ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਸਰਕਾਰ ਦੇ ਮੁਲਾਜਮਾਂ ਦੇ ਮੁੱਦਿਆਂ ਨੂੰ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਵੱਲੋਂ ਨਗਰ ਨਿਗਮਾਂ ਦੀਆਂ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ, ਜਿਸ ਵਿੱਚ ਉਨ੍ਹਾਂ ਦੀਆਂ ਮੰਗਾਂ ਅਤੇ ਮੁੱਦਿਆਂ ਬਾਰੇ ਵਿਆਪਕ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਕੈਬਨਿਟ ਸਬ-ਕਮੇਟੀ ਨੇ ਸਥਾਨਕ ਸਰਕਾਰਾਂ ਵਿਭਾਗ ਨੂੰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਲਈ ਵਿਵਹਾਰਕ ਹੱਲ ਪੇਸ਼ ਕਰਨ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।ਮੀਟਿੰਗ ਦੀ ਪ੍ਰਧਾਨਗੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਕੀਤੀ।ਉਨ੍ਹਾਂ ਨਾਲ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ, ਸਾਬਕਾ ਮੰਤਰੀ ਅਤੇ ਹੁਸ਼ਿਆਰਪੁਰ ਦੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ, ਸਾਬਕਾ ਮੰਤਰੀ ਅਤੇ ਕਰਤਾਰਪੁਰ ਦੇ ਵਿਧਾਇਕ ਬਲਕਾਰ ਸਿੰਘ ਵੀ ਹਾਜ਼ਰ ਸਨ।ਇਸ ਮੌਕੇ ਵਧੀਕ ਮੁੱਖ ਸਕੱਤਰ ਸਥਾਨਕ ਸਰਕਾਰਾਂ ਤੇਜਵੀਰ ਸਿੰਘ ਅਤੇ ਨਗਰ ਨਿਗਮ ਹੁਸ਼ਿਆਰਪੁਰ ਦੇ ਕਮਿਸ਼ਨਰ ਜੋਤੀ ਬਾਲਾ ਮੱਟੂ ਵੀ ਮੌਜੂਦ ਸਨ।ਪੰਜਾਬ ਸਫਾਈ ਮਜ਼ਦੂਰ ਫੈਡਰੇਸ਼ਨ ਅਤੇ ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਨੁਮਾਇੰਦਿਆਂ ਨੇ ਸੈਸ਼ਨ ਦੌਰਾਨ ਆਪਣੀਆਂ ਮੰਗਾਂ ਪੇਸ਼ ਕੀਤੀਆਂ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਥਾਨਕ ਸਰਕਾਰਾਂ ਵਿਭਾਗ ਤੋਂ ਪਿਛਲੀ ਮੀਟਿੰਗ ਤੋਂ ਬਾਅਦ ਯੂਨੀਅਨਾਂ ਦੇ ਮੁੱਦਿਆਂ ਨੂੰ ਹੱਲ ਕਰਨ ਦੀ ਦਿਸ਼ਾ ਵਿੱਚ ਹੋਈ ਪ੍ਰਗਤੀ ਬਾਰੇ ਜਾਣਕਾਰੀ ਲਈ ਗਈ। ਉਨ੍ਹਾਂ ਯੂਨੀਅਨ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਹਮਦਰਦੀ ਨਾਲ ਵਿਚਾਰ ਕੀਤਾ ਜਾ ਰਿਹਾ ਹੈ ਅਤੇ ਜਾਇਜ ਮੰਗਾਂ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਨਗਰ ਨਿਗਮਾਂ ਦੇ ਮੁਲਾਜ਼ਮਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਮੰਗਾਂ ਤੇ ਮਸਲਿਆਂ ਨੂੰ ਸਮੇਂ ਸਿਰ ਹੱਲ ਕਰਨ ਲਈ ਵਚਨਬੱਧ ਹੈ।ਇਨ੍ਹਾਂ ਮੀਟਿੰਗਾਂ ਦੌਰਾਨ ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੀ ਨੁਮਾਇੰਦਗੀ ਰਮੇਸ਼ ਕੁਮਾਰ (ਕਨਵੀਨਰ), ਕੁਲਵੰਤ ਸਿੰਘ ਸੈਣੀ (ਸਰਪ੍ਰਸਤ), ਗੋਪਾਲ ਥਾਪਰ (ਸਹਿ-ਕਨਵੀਨਰ), ਅਤੇ ਅਸ਼ੋਕ ਤਾਰਵਾਨ (ਸਹਿ-ਕਨਵੀਨਰ) ਨੇ ਕੀਤੀ।ਪੰਜਾਬ ਸਫਾਈ ਮਜ਼ਦੂਰ ਫੈਡਰੇਸ਼ਨ ਦੀ ਨੁਮਾਇੰਦਗੀ ਨਰੇਸ਼ ਕੁਮਾਰ (ਪ੍ਰਧਾਨ), ਜੁਗਿੰਦਰਪਾਲ (ਉਪ ਪ੍ਰਧਾਨ), ਗੋਪਾਲ ਕ੍ਰਿਸ਼ਨ (ਚੇਅਰਮੈਨ), ਰਾਕੇਸ਼ ਅਤੇ ਰਾਜ ਹੰਸ ਨੇ ਕੀਤੀ।

# ਜਦੋਂ ਨੈਣਾਂ ਦੇ ਪਿਆਲੇ ਭਰ-ਭਰ ਛਲਕੇ



ਸ਼ਾਹਕੋਟ (ਗਿਆਨ ਸੈਦਪੁਰੀ) ਇਕਲੌਤੇ ਪੁੱਤਰ ਨੂੰ ਗਵਾ ਚੁੱਕੀ ਮਾਂ ਦੀਆਂ ਅੱਖਾਂ ਵਿੱਚੋਂ ਪਰਲ ਪਰਲ ਵਗ ਰਹੇ ਅੱਥਰੂ ਵੇਖ ਕੇ ਹਾਜ਼ਰ ਹੋਰ ਸੰਵੇਦਨਸ਼ੀਲ ਲੋਕਾਂ ਦੀਆਂ ਅੱਖਾਂ ਵੀ ਨਮ ਹੋ ਗਈਆਂ, ਇਹ ਉਹ ਮੰਜ਼ਰ ਹੈ, ਜਦੋਂ ਸ੍ਰੀਮਤੀ ਪ੍ਰੇਮ ਲਤਾ ਭਾਟੀਆ ਆਪਣੇ ਪੁੱਤਰ ਨਿਖਿਲ ਭਾਟੀਆ ਦੀ ਯਾਦ ਵਿੱਚ ਸ਼ਹਿਰ ਦੇ ਸਵਰਗ ਆਸ਼ਰਮ ਨੂੰ ਸਾਢੇ ਦਸ ਲੱਖ ਦੀ ਗੱਡੀ ਭੇਟ ਕਰ ਰਹੀ ਸੀ ਤੇ ਸ਼ਾਹਕੋਟ ਸਵਰਗ ਆਸ਼ਰਮ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅੰਮ੍ਰਿਤ ਲਾਲ ਕਾਕਾ ਸੇਵਾ ਦੀ ਵਿਆਖਿਆ ਕਰਦਿਆਂ ਦੁਖਿਆਰੀ ਮਾਂ ਦਾ ਦਰਦ ਵੀ ਬਿਆਨ ਕਰਨ ਲੱਗੇ। ਦੱਸਣ ਯੋਗ ਹੈ ਕਿ ਪਿਛਲੇ ਦਿਨੀ ਸ਼੍ਰੀਮਤੀ ਪ੍ਰੇਮ ਲਤਾ ਭਾਟੀਆ ਦੇ ਇਕਲੌਤੇ ਨੌਜਵਾਨ ਪੁੱਤਰ ਨਿਖਿਲ ਭਾਟੀਆ ਦੀ ਅਚਾਨਕ ਮੌਤ ਹੋ ਗਈ ਸੀ।ਆਪਣੇ ਪੁੱਤਰ ਦੀ ਯਾਦ ਨੂੰ ਸਦੀਵੀ ਰੱਖਣ ਲਈ ਪ੍ਰੇਮ ਲਤਾ ਨੇ ਫੈਸਲਾ ਕੀਤਾ ਕਿ ਉਹ ਸ਼ਮਸ਼ਾਨ ਘਾਟ ਸ਼ਾਹਕੋਟ ਵਿੱਚ ਮ੍ਰਿਤਕ ਸਰੀਰ ਪੁੱਜਦਾ ਕਰਨ ਦੇ ਮੰਤਵ ਲਈ ਇੱਕ ਗੱਡੀ ਭੇਂਟ ਕਰੇਗੀ। ਇਸ ਸਬੰਧ ਵਿੱਚ ਇੱਕ ਸਾਦਾ ਸਮਾਗਮ ਸ਼ਮਸ਼ਾਨ ਘਾਟ ਵਿੱਚ ਕਰਵਾਇਆ ਗਿਆ। ਇਸ ਸਮਾਗਮ ਵਿੱਚ ਪਹਿਲਾਂ ਹਿੰਦੂ ਧਰਮ ਦੀਆਂ ਰਹੁ ਰੀਤਾਂ ਅਨੁਸਾਰ ਪੂਜਾ ਕਰਵਾਈ ਗਈ ਅਤੇ ਬਾਅਦ ਵਿੱਚ ਸਿੱਖ ਧਰਮ ਦੀਆਂ ਧਾਰਮਿਕ ਰਸਮਾਂ ਅਨੁਸਾਰ ਗ੍ਰੰਥੀ ਨੇ ਅਰਦਾਸ ਕੀਤੀ। ਧਾਰਮਿਕ ਰਸਮਾਂ ਉਪਰੰਤ ਸ੍ਰੀਮਤੀ ਪ੍ਰੇਮ ਲਤਾ ਨੇ ਗੱਡੀ ਦੀ ਚਾਬੀ ਅੰਮ੍ਰਿਤ ਲਾਲ ਕਾਕਾ ਨੂੰ ਸੌਂਪੀ।ਇਸ ਸਮਾਗਮ ਵਿੱਚ ਇਨਫੋ ਟੈਕ ਦੇ ਡਾਇਰੈਕਟਰ ਬੀਬੀ ਰਣਜੀਤ ਕੌਰ ਕਾਕੜ ਕਲਾ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜਾਰ ਸਿੰਘ ਥਿੰਦ, ਸੁਖਦੀਪ ਸਿੰਘ ਕੰਗ ਪੀਏ, ਆਪ ਹਲਕਾ ਸ਼ਾਹਕੋਟ ਦੇ ਮੈਡੀਕਲ ਵਿੰਗ ਦੇ ਕੋਆਰਡੀਨੇਟਰ ਰਮੇਸ਼ ਹੰਸ, ਆਪ ਮਹਿਲਾ ਵਿੰਗ ਦੀ ਕੋਆਰਡੀਨੇਟਰ ਸ਼੍ਰੀਮਤੀ ਬਲਵਿੰਦਰ ਕੌਰ ਹੰਸ ਨੇ ਸਮਾਗਮ ਵਿੱਚ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਇਸੇ ਦੌਰਾਨ ਦੱਸਿਆ ਗਿਆ ਕਿ ਬੀਬੀ ਪ੍ਰੇਮ ਲਤਾ ਵੱਲੋਂ ਸ਼ਮਸ਼ਾਨ ਘਾਟ ਵਿੱਚ ਅੰਤਿਮ ਸੰਸਕਾਰ ਵਾਲੀ ਥਾਂ 'ਤੇ ਟਾਈਲਾਂ ਲਵਾਉਣ ਲਈ 50,000 ਦੀ ਰਾਸ਼ੀ ਵੀ ਦਾਨ ਕੀਤੀ ਗਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚੌਧਰੀ ਵਰਿੰਦਰ ਕੁਮਾਰ, ਜਸਵਿੰਦਰ ਗਿੱਲ ਐਮਸੀ, ਵਿਵੇਕ ਨੰਦ ਸ਼ਰਮਾ, ਸ਼ਿਵ ਗੁਪਤਾ, ਰਕੇਸ਼ ਕੁਮਾਰ ਬੰਟੀ ਬਠਲਾ ਪ੍ਰਧਾਨ ਵਾਤਾਵਰਨ ਸੁਧਾਰ ਸੁਸਾਇਟੀ, ਕੰਵਲਜੀਤ ਸਿੰਘ ਸਿੰਧੜ, ਮਨਦੀਪ ਸਿੰਘ ਝੀਤਾ, ਬੈਜਨਾਥ ਅਗਰਵਾਲ, ਹਰਪਾਲ ਸਿੰਘ ਮੈਸਨ, ਟਿੰਪੀ ਕੁਮਰਾ, ਰੋਮੀ ਗਿੱਲ ਸਾਬਕਾ ਐਮਸੀ, ਅਮਨਦੀਪ ਸੈਦਪੁਰੀ ਸੀਨੀਅਰ ਵਾਈਸ ਪ੍ਰਧਾਨ ਵਾਤਾਵਰਨ ਸੁਧਾਰ ਸੁਸਾਇਟੀ ਆਦਿ ਮੌਜੂਦ ਸਨ।

# ਜੰਗ-ਏ-ਆਜ਼ਾਦੀ ਮੈਮੋਰੀਅਲ ਦੀ ਸਿੱਖਿਆਤਮਕ ਤੇ ਪ੍ਰੇਰਨਾਦਾਇਕ ਯਾਤਰਾ



ਜਲੰਧਰ (ਸ਼ੈਲੀ ਐਲਬਰਟ) ਇੰਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼, ਲੋਹਾਰਾਂ ਵੱਲੋਂ ਵਿਦਿਆਰਥੀਆਂ ਲਈ ਇੱਕ ਸਿੱਖਿਆਤਮਕ ਯਾਤਰਾ ਦਾ ਆਯੋਜਨ ਕੀਤਾ ਗਿਆ, ਜਿਸ ਦੇ ਤਹਿਤ ਵਿਦਿਆਰਥੀਆਂ ਨੇ ਕਰਤਾਰਪੁਰ ਸਥਿਤ ਜੰਗ-ਏ-ਆਜ਼ਾਦੀ ਮੈਮੋਰੀਅਲ ਦਾ ਦੌਰਾ ਕੀਤਾ।ਇਸ ਯਾਤਰਾ ਦਾ ਮਕਸਦ ਵਿਦਿਆਰਥੀਆਂ ਵਿੱਚ ਦੇਸ਼ਭਗਤੀ ਦੀ ਭਾਵਨਾ ਜਾਗਰੂਕ ਕਰਨਾ ਤੇ ਉਨ੍ਹਾਂ ਨੂੰ ਭਾਰਤ ਦੇ ਆਜ਼ਾਦੀ ਸੰਘਰਸ਼ ਨਾਲ ਅਨੁਭਵਾਤਮਕ ਤੌਰ 'ਤੇ ਜੋੜਨਾ ਸੀ। ਵਿਦਿਆਰਥੀ ਇੱਕ ਵਿਚਾਰ ਉਤੇਜਕ ਡੌਕਯੂਮੈਂਟਰੀ ਦੇਖ ਕੇ ਬਹੁਤ ਪ੍ਰਭਾਵਿਤ ਹੋਏ, ਜੋ ਗੁੰਮਨਾਮ ਨਾਇਕਾਂ ਦੀ ਬਹਾਦੁਰੀ ਅਤੇ ਬਲਿਦਾਨ 'ਤੇ ਆਧਾਰਿਤ ਸੀ।ਇਸ ਤੋਂ ਬਾਅਦ ਉਨ੍ਹਾਂ ਨੇ ਮਿਊਜ਼ੀਅਮ ਦੀਆਂ ਇਤਿਹਾਸਕ ਗੈਲਰੀਆਂ ਅਤੇ ਪ੍ਰਦਰਸ਼ਨੀਆਂ ਦਾ ਦੌਰਾ ਕੀਤਾ, ਜਿੱਥੇ ਭਾਰਤ ਦੀ ਆਜ਼ਾਦੀ ਦੀ ਕਹਾਣੀ ਨੂੰ ਜੀਵੰਤ ਰੂਪ ਵਿੱਚ ਦਰਸਾਇਆ ਗਿਆ। ਇਸ ਦੌਰੇ ਨੇ ਵਿਦਿਆਰਥੀਆਂ ਵਿੱਚ ਰਾਸ਼ਟਰ ਭਗਤੀ ਦੀ ਭਾਵਨਾ ਤੇ ਸ਼ਹੀਦਾਂ ਦੇ ਬਲਿਦਾਨ ਲਈ ਗਹਿਰੀ ਸ਼ਰਧਾ ਪੈਦਾ ਕੀਤੀ। ਦਿਨ ਦੀ ਸ਼ੁਰੂਆਤ ਉਤਸ਼ਾਹ ਨਾਲ ਹੋਈ ਅਤੇ ਤਾਜਗੀ ਭਰਪੂਰ ਲੰਚ ਨਾਲ ਸਮਾਪਤ ਹੋਈ, ਜਿਸ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਵਿਚਕਾਰ ਗੈਰ-ਆਧਿਕਾਰਿਕ ਗੱਲਬਾਤ ਅਤੇ ਆਤਮ-ਚਿੰਤਨ ਦਾ ਮੌਕਾ ਮਿਲਿਆ।ਇਸ ਤਰ੍ਹਾਂ ਦੀਆਂ ਸਿੱਖਿਆਤਮਕ ਯਾਤਰਾਂ ਪਾਠ ਪੁਸਤਕਾਂ ਤੋਂ ਪਰ੍ਹੇ ਜਾ ਕੇ ਵਿਦਿਆਰਥੀਆਂ ਨੂੰ ਇਤਿਹਾਸਕ ਦ੍ਰਿਸ਼ਟੀਕੋਣ, ਭਾਵਨਾਤਮਕ ਬੁੱਧੀਮਤਾ ਅਤੇ ਵਿਦਿਆਰਥੀ-ਅਧਿਆਪਕ ਸੰਬੰਧ ਮਜ਼ਬੂਤ ਕਰਨ ਦੇ ਮੌਕੇ ਪ੍ਰਦਾਨ ਕਰਦੀਆਂ ਹਨ।ਸਾਰੀ ਯਾਤਰਾ ਅਧਿਆਪਕਾਂ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਸੰਚਾਲਿਤ ਕੀਤੀ ਗਈ, ਜਿਸ ਕਾਰਨ ਇਹ ਦਿਨ ਸਾਰੇ ਲਈ ਸੁਰੱਖਿਅਤ, ਸਾਰਥਕ ਅਤੇ ਯਾਦਗਾਰ ਸਾਬਤ ਹੋਇਆ।

# ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਹਫਤਾਵਰੀ ਗੁਰਮਤਿ ਸਮਾਗਮ



ਫਗਵਾੜਾ (ਜਸਵਿੰਦਰ ਢੱਡਾ)- ਗੁਰਦੁਆਰਾ ਸੁਖਚੈਨਆਣਾ ਸਾਹਿਬ ਵਲੋਂ ਸਮੂਹ ਸਾਧ ਸੰਗਤ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾੜਾ ਦੇ ਭਰਪੂਰ ਸਹਿਯੋਗ ਨਾਲ ਹਫਤਾਵਰੀ ਗੁਰਮਤਿ ਸਮਾਗਮ ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਗਿਆ ।ਇਸ ਸਮਾਗਮ ਵਿੱਚ ਭਾਈ ਜਤਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ, ਬੀਬੀ ਅਮਨਦੀਪ ਕੌਰ ਖਾਲਸਾ ਹੁਸ਼ਿਆਰਪੁਰ ਵਾਲਿਆਂ ਦੇ ਜਥੇ, ਭਾਈ ਕੇਵਲ ਸਿੰਘ ਕਥਾਵਾਚਕ, ਭਾਈ ਸਤਿੰਦਰਜੀਤ ਸਿੰਘ ਖਾਲਸਾ, ਭਾਈ ਸ਼ਮਸ਼ੇਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸੁਖਚੈਨਆਣਾ ਸਾਹਿਬ ਆਦਿ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਨਿਹਾਲ ਕੀਤਾ ।ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਹਿਰ ਅਤੇ ਇਲਾਕੇ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰਬਾਣੀ ਕੀਰਤਨ ਦਾ ਅਨੰਦ ਮਾਣਿਆ। ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਸਟੇਜ ਸਕੱਤਰ ਦੀ ਸੇਵਾ ਭਾਈ ਬਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸੁਖਚੈਨਆਣਾ ਸਾਹਿਬ ਨੇ ਨਿਭਾਈ । ਇਸ ਮੌਕੇ ਨਰਿੰਦਰ ਸਿੰਘ ਮੈਨੇਜਰ ਗੁਰਦੁਆਰਾ ਸੁਖਚੈਨਆਣਾ ਸਾਹਿਬ, ਗੁਰਪ੍ਰੀਤ ਸਿੰਘ ਅਕਾਊਂਟੈਂਟ, ਭਾਈ ਹਰਜਿੰਦਰ ਸਿੰਘ ਸਟੋਰ ਕੀਪਰ, ਅਵਤਾਰ ਸਿੰਘ ਮੰਗੀ, ਮੋਹਣ ਸਿੰਘ ਸ਼ਾਹੀ, ਜਤਿੰਦਰ ਸਿੰਘ ਖਾਲਸਾ, ਪ੍ਰਧਾਨ ਬਾਬਾ ਜ਼ੋਰਾਵਰ ਸਿੰਘ-ਬਾਬਾ ਫਤਿਹ ਸਿੰਘ ਵੈਲਫੇਅਰ ਸੁਸਾਇਟੀ (ਰਜਿ) ਫਗਵਾੜਾ, ਭਾਈ ਬਲਵਿੰਦਰ ਸਿੰਘ ਹੈਡ ਗ੍ਰੰਥੀ, ਭਾਈ ਅੰਮਿਤਪਾਲ ਸਿੰਘ ਹੈਡ ਗ੍ਰੰਥੀ, ਭਾਈ ਜਸਵੀਰ ਸਿੰਘ ਸੱਗੂ, ਹਰਵਿੰਦਰ ਸਿੰਘ ਬਾਵਾ, ਤਰਸੇਮ ਸਿੰਘ ਸੇਮੀ, ਜਸਵਿੰਦਰ ਸਿੰਘ ਘੁੰਮਣ, ਸਤਨਾਮ ਸਿੰਘ ਅਰਸ਼ੀ, ਗੁਰਮੀਤ ਸਿੰਘ ਰਾਵਲਪਿੰਡੀ, ਭਾਈ ਬਲਵਿੰਦਰ ਸਿੰਘ ਹੈਡ ਗ੍ਰੰਥੀ, ਭਾਈ ਅੰਮ੍ਰਿਤਪਾਲ ਸਿੰਘ, ਜਸਵੀਰ ਸਿੰਘ ਢਿੱਲੋਂ, ਕੁਲਵਿੰਦਰ ਸਿੰਘ ਕਿੰਦਾ, ਅਮਰਜੀਤ ਸਿੰਘ ਬੱਬਲੀ, ਅਰਵਿੰਦਰ ਸਿੰਘ ਨੀਟਾ,ਆਦਿ ਹਾਜ਼ਰ ਸਨ ।

# ਜਨਵਾਦੀ ਇਸਤਰੀ ਸਭਾ ਜ਼ਿਲ੍ਹਾ ਨਵਾਂਸ਼ਹਿਰ ਦਾ ਅਜਲਾਸ ਸੰਪੰਨ



ਬੰਗਾ (ਅਵਤਾਰ ਕਲੇਰ)- ਬੱਬਰਾਂ ਦੇ ਮਸ਼ਹੂਰ ਕਸਬਾ ਦੌਲਤਪੁਰ ਵਿਖੇ ਜਨਵਾਦੀ ਇਸਤਰੀ ਸਭਾ ਐਡਵਾ ਦਾ ਜ਼ਿਲ੍ਹਾ ਅਜਲਾਸ ਬੀਬੀ ਸਤਨਾਮ ਕੌਰ ਅਤੇ ਈਸ਼ਾ ਦੀ ਪ੍ਰਧਾਨਗੀ ਹੇਠ ਹੋਇਆ।ਸਭ ਤੋਂ ਪਹਿਲਾਂ ਜਥੇਬੰਦੀ ਦਾ ਝੰਡਾ ਝੁਲਾਇਆ ਗਿਆ ਉਪਰੰਤ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਸੂਬਾਈ ਆਗੂ ਕ੍ਰਿਸ਼ਨਾ ਕੁਮਾਰੀ ਨੇ ਅਜਲਾਸ ਦਾ ਉਦਘਾਟਨ ਕੀਤਾ। ਆਪਣੇ ਉਦਘਾਟਨੀ ਭਾਸ਼ਣ ਵਿਚ ਉਨ੍ਹਾਂ ਨੇ ਇਸਤਰੀਆਂ ਨੂੰ ਦਰਪੇਸ਼ ਮਸਲਿਆਂ ਅਤੇ ਔਰਤ ਦੀ ਮੌਜੂਦਾ ਸਥਿਤੀ ਬਾਰੇ ਵਿਚਾਰ ਪੇਸ਼ ਕੀਤੇ ਕਿ ਕਿਵੇਂ ਸਰਕਾਰਾਂ ਔਰਤ ਨੂੰ ਲਾਰਿਆਂ ਵਿੱਚ ਦਿਨ ਟਪਾਈ ਕਰਨ ਲਈ ਮਜਬੂਰ ਕਰਦੀਆਂ ਹਨ। ਭੈਣ ਕ੍ਰਿਸ਼ਨਾ ਵਲੋਂ 9 ਮੈਂਬਰੀ ਕਮੇਟੀ ਦਾ ਪੈਨਲ ਪੇਸ਼ ਕੀਤਾ ਗਿਆ ਜਿਸ ਵਿੱਚ ਗੀਟਾ ਰਾਣੀ ਦੌਲਤਪੁਰ ਪ੍ਰਧਾਨ, ਈਸ਼ਾ ਜਨਰਲ ਸਕੱਤਰ ਅਤੇ ਹਰਵਿੰਦਰ ਕੌਰ ਗਰਚਾ ਖ਼ਜ਼ਾਨਚੀ ਚੁਣੇ ਗਏ। ਜਥੇਬੰਦੀ ਦੇ ਪਹਿਲੇ ਸਕੱਤਰ ਸੁਨੀਤਾ ਤਲਵੰਡੀ ਨੂੰ ਜਥੇਬੰਦੀ ਵਿਚੋਂ ਰਿਲੀਫ਼ ਕਰਕੇ ਉਨ੍ਹਾਂ ਦੀ ਡਿਊਟੀ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਵਿੱਚ ਲਗਾਏ ਜਾਣ ਤੇ ਉਨ੍ਹਾਂ ਨੂੰ ਜਥੇਬੰਦੀ ਵਲੋਂ ਸਨਮਾਨਤ ਕੀਤਾ ਗਿਆ।ਅੰਤ ਵਿੱਚ ਪ੍ਰਧਾਨ ਨੇ ਵੱਖ ਵੱਖ ਪਿੰਡਾਂ ਤੋਂ ਆਏ ਹੋਏ ਡੈਲੀਗੇਟਾਂ ਦਾ ਧੰਨਵਾਦ ਕੀਤਾ।

23-JULY-PAGE-10.qxd 7/22/2025 10:26 PM Page 1



# ਅਕਾਲ ਅਕੈਡਮੀ ਵਿਖੇ ਇਨਵੈਸਟਿਚਰ ਸਮਾਰੋਹ ਉਤਸ਼ਾਹ ਨਾਲ ਮਨਾਇਆ




**ਚੀਮਾ ਮੰਡੀ (ਰਵਿੰਦਰ ਚੀਮਾ)**-ਕਲਗੀਧਰ ਟਰੱਸਟ ਬੜੂ ਸਾਹਿਬ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਚੀਮਾ ਸਾਹਿਬ ਵਿਖੇ ਇਨਵੈਸਟਿਚਰ ਸਮਾਰੋਹ ਬੜੀ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਸਮਾਰੋਹ ਦਾ ਉਦੇਸ਼ ਵਿਦਿਆਰਥੀਆਂ ਵਿੱਚ ਜ਼ਿੰਮੇਵਾਰੀ ਤੇ ਸੇਵਾ-ਭਾਵਨਾ ਨੂੰ ਉਤਸ਼ਾਹਤ ਕਰਨਾ ਸੀ।ਇਹ ਸਮਾਰੋਹ ਤਿੰਨ ਚਰਨਾਂ ਵਿੱਚ ਸੰਪੰਨ ਹੋਇਆ। ਪਹਿਲੇ ਚਰਨ ਵਿੱਚ ਸਕੂਲ ਦੀਆਂ ਵੱਖ-ਵੱਖ ਕਲੱਬਾਂ (ਈਕੋ ਕਲੱਬ, ਹੈਰੀਟੇਜ ਕਲੱਬ, ਰੀਡਿੰਗ ਕਲੱਬ, ਸਪੋਰਟਸ ਕਲੱਬ, ਡਿਵਾਈਨ ਕਲੱਬ) ਦੇ ਨਵੇਂ ਚੁਣੇ ਗਏ ਪ੍ਰਧਾਨ, ਉਪ-ਪ੍ਰਧਾਨ ਤੇ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ।ਉਨ੍ਹਾਂ ਨੂੰ ਆਪਣੀ-ਆਪਣੀ ਕਲੱਬ ਦੀ ਅਗਵਾਈ ਕਰਦੇ ਹੋਏ ਹੋਰ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਦੀ ਜ਼ਿੰਮੇਵਾਰੀ ਦਿੱਤੀ ਗਈ।ਦੂਜੇ ਚਰਨ ਵਿੱਚ ਅਜੈ, ਅਭੈ, ਅਮੁਲ ਤੇ ਅਤੁਲ ਹਾਊਸ ਦੇ ਨਵੇਂ ਕੈਪਟਨ ਅਤੇ ਵਾਈਸ-ਕੈਪਟਨ ਨੂੰ ਹਾਊਸ ਬੈਚ ਅਤੇ ਸੈਸ਼ੇ ਦੇ ਕੇ ਸਨਮਾਨਤ ਕੀਤਾ ਗਿਆ।ਉਨ੍ਹਾਂ ਨੂੰ ਹਾਊਸ ਦੀ ਅਗਵਾਈ ਕਰਕੇ ਸਹਿਕਾਰੀ ਭਾਵਨਾ ਤੇ ਅਨੁਸ਼ਾਸਨ ਦੇਣ ਦੀ ਪ੍ਰੇਰਨਾ ਦਿੱਤੀ ਗਈ।ਤੀਜੇ ਚਰਨ ਵਿੱਚ ਬੈਲਟ ਪੇਪਰ ਰਾਹੀਂ ਹੋਈ ਚੋਣਾਂ ਦੇ ਨਤੀਜੇ ਦੀ ਘੋਸ਼ਣਾ ਕੀਤੀ ਗਈ।ਨਵੇਂ ਹੈੱਡ ਬੌਏ ਤੇ ਹੈੱਡ ਗਰਲ ਨੂੰ ਮੰਚ 'ਤੇ ਸਨਮਾਨਤ ਕੀਤਾ ਗਿਆ।ਇਹ ਮੌਕਾ ਉਨ੍ਹਾਂ ਲਈ ਮਾਣ, ਜ਼ਿੰਮੇਵਾਰੀ ਤੇ ਆਤਮ-ਨਿਰਭਰਤਾ ਦਾ ਸੰਕੇਤ ਸੀ।ਇਸ ਸਮਾਰੋਹ ਦੌਰਾਨ ਪ੍ਰਿੰਸੀਪਲ ਨੀਨਾ ਸ਼ਰਮਾ ਨੇ ਚੁਣੇ ਗਏ ਨਵੇਂ ਵਿਦਿਆਰਥੀ ਨੇਤਾਵਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਆਪਣੇ ਅੰਦਰ ਗੁਣਾਂ ਨੂੰ ਵਿਕਸਤ ਕਰਕੇ ਸਕੂਲ ਦੇ ਵਾਤਾਵਰਨ ਨੂੰ ਹੋਰ ਵੀ ਚੰਗਾ ਬਣਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਇਹ ਜ਼ਿੰਮੇਵਾਰੀ ਤੁਹਾਡੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰੇਗੀ ਤੇ ਤੁਹਾਨੂੰ ਭਵਿੱਖ ਵਿੱਚ ਇੱਕ ਜ਼ਿੰਮੇਵਾਰ ਨਾਗਰਿਕ ਬਣਨ ਵੱਲ ਲੈ ਜਾਏਗੀ।ਇਹ ਇਨਵੈਸਟਿਚਰ ਸਮਾਰੋਹ ਵਿਦਿਆਰਥੀਆਂ ਲਈ ਨਾ ਸਿਰਫ਼ ਇੱਕ ਯਾਦਗਾਰ ਅਨੁਭਵ ਸੀ, ਸਗੋਂ ਉਨ੍ਹਾਂ ਦੇ ਅੰਦਰ ਲੀਡਰਸ਼ਿਪ ਤੇ ਸੇਵਾ-ਭਾਵਨਾ ਨੂੰ ਨਿਖਾਰਨ ਵਾਲਾ ਵੀ ਸਾਬਿਤ ਹੋਇਆ।

# ਰੋਡਵੇਜ਼ ਮੁਲਾਜ਼ਮ ਜਥੇਬੰਦੀਆਂ ਵੱਲੋਂ ਮੁੱਖ ਦਫ਼ਤਰ ਵੱਲੋਂ ਜਾਰੀ ਹੁਕਮਾਂ 'ਤੇ ਸਖ਼ਤ ਇਤਰਾਜ਼



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਰੋਡਵੇਜ਼ ਮੋਗਾ ਵਿੱਚ ਕੰਮ ਕਰਦੀਆਂ ਸਮੂਹ ਮੁਲਾਜ਼ਮ ਜਥੇਬੰਦੀਆਂ ਨੇ ਮੁੱਖ ਦਫ਼ਤਰ ਵੱਲੋਂ ਕੀਤੇ ਉਨ੍ਹਾਂ ਹੁਕਮਾਂ 'ਤੇ ਸਖ਼ਤ ਇਤਰਾਜ਼ ਪ੍ਰਗਟ ਕੀਤਾ, ਜਿਸ ਵਿੱਚ ਸਰਕਾਰੀ ਬੱਸਾਂ ਦਾ ਬਣਦਾ ਕਾਊਂਟਰ ਟਾਈਮ ਕੇਵਲ ਸਬੰਧਤ ਡਿੱਪੂ ਦੀ ਬੱਸ ਹੀ ਲਗਾ ਸਕੇਗੀ, ਜਦੋਂਕਿ ਵਿਭਾਗ ਇੱਕ ਹੈ ਤੇ ਸਮੂਹ ਡਿੱਪੂਆਂ ਦਾ ਓਪਰੇਟਰ ਵੀ ਇੱਕ ਹੈ।ਨਿੱਜੀ ਟਰਾਂਸਪੋਰਟ ਵੱਲੋਂ ਇੱਕ ਪਟੀਸ਼ਨ ਦੇ ਅਧਾਰ 'ਤੇ ਹੋਈ ਕਾਰਵਾਈ ਦੇ ਸਬੰਧ ਵਿੱਚ ਇਹ ਹੁਕਮ ਕੀਤੇ ਗਏ ਹਨ, ਪਰ ਸਵਾਲ ਇਹ ਹੈ ਕਿ ਪਹਿਲੀ ਵਿਭਾਗੀ ਚਿੱਠੀ, ਜਿਸ ਵਿੱਚ ਸਰਕਾਰੀ ਬੱਸ ਕਿਸੇ ਵੀ ਡਿੱਪੂ ਦਾ ਸਰਕਾਰੀ ਟਾਈਮ ਕਵਰ ਕਰ ਸਕਦੀ, ਦੇ ਸਖ਼ਤ ਹੁਕਮ ਜਾਰੀ ਕੀਤੇ ਗਏ ਸਨ।ਉਸ ਚਿੱਠੀ ਦਾ ਆਧਾਰ ਕੀ ਸੀ ? ਜਾਪਦਾ ਹੈ ਕਿ ਮੁੱਖ ਦਫ਼ਤਰ ਵੱਲੋਂ ਕਾਨੂੰਨੀ ਪੱਖ ਤੋਂ ਵਿਭਾਗ ਦੇ ਹੱਕ ਵਿੱਚ ਕਿਸੇ ਕਿਸਮ ਦੀ ਜਿਰਾਹ ਨਹੀਂ ਕੀਤੀ ਗਈ।ਸਗੋਂ ਆਪਣੇ ਵੱਲੋਂ ਹੀ ਕੀਤੇ ਹੋਏ ਹੁਕਮ ਤੁਰੰਤ ਵਾਪਸ ਲੈ ਲਏ ਗਏ, ਜਦੋਂਕਿ ਮੋਟਰ ਵਹੀਕਲ ਐਕਟ 1988 ਦੇ ਜਿਸ ਸੈਕਸ਼ਨ ਦੀ ਉਲੰਘਣਾ ਦਾ ਹਵਾਲਾ ਦੇ ਕੇ ਹੁਣ ਵਾਲੇ ਹੁਕਮ ਕੀਤੇ ਗਏ ਹਨ। ਉਸ ਐਕਟ ਵਿੱਚ ਬੱਸਾਂ ਦੇ ਕਾਊਂਟਰ ਟਾਈਮ ਦਾ ਕੋਈ ਜ਼ਿਕਰ ਹੀ ਨਹੀਂ ਹੈ।ਬਹੁਤ ਸਾਰੀਆਂ ਨਿੱਜੀ ਟਰਾਂਸਪੋਰਟ ਦੀਆਂ ਬੱਸਾਂ ਵੀ ਕਿਸੇ ਇੱਕ ਪਰਮਿਟ ਜਾਂ ਮਾਲਕ ਕੋਲ ਨਹੀਂ, ਬਲਕਿ ਬਹੁਤ ਸਾਰੀਆਂ ਘੁਣਤਰਾਂ ਨਾਲ ਵੱਡੀ ਪੱਧਰ 'ਤੇ ਟੈਕਸ ਬਚਾਉਣ ਤੇ ਪਰਮਿਟ ਦੀ ਦੁਰਵਰਤੋਂ ਕਰਕੇ ਚੱਲ ਰਹੀਆਂ ਹਨ, ਜਿਸ ਉਪਰ ਨਜ਼ਰਸਾਨੀ ਕਰਨ ਦੀ ਲੋੜ ਹੈ।ਆਗੂਆਂ ਨੇ ਸਰਕਾਰ ਦੀਆਂ ਮਾੜੀਆਂ ਨੀਤਾਂ ਤੇ ਨੀਤੀਆਂ ਦੀ ਵੀ ਜ਼ੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਬਦਲਾਅ ਦੇ ਨਾਮ ਤੇ ਆਈ ਮੌਜੂਦਾ ਸਰਕਾਰ ਨੇ ਹਜੇ ਤੱਕ ਇੱਕ ਵੀ ਨਵੀਂ ਬੱਸ ਰੋਡਵੇਜ਼ ਵਿੱਚ ਨਹੀਂ ਪਾਈ।ਜੇਕਰ ਬੱਸਾਂ ਦਾ ਫ਼ਲੀਟ ਪੂਰਾ ਹੋਵੇ ਤੇ ਟਾਈਮ ਵੀ ਮਿੱਸ ਨਾਂ ਹੋਣ ਤਾਂ ਹੀ ਲੋਕਾਂ ਨੂੰ ਰਿਆਇਤੀ ਸਫ਼ਰ ਦੀਆਂ ਸਹੂਲਤਾਂ ਖਾਸ ਕਰ ਔਰਤਾਂ ਨੂੰ ਮੁਫ਼ਤ ਸਫ਼ਰ ਸਹੂਲਤ ਸੁਚੱਜੇ ਢੰਗ ਨਾਲ ਦਿੱਤੀਆਂ ਜਾ ਸਕਦੀਆਂ ਹਨ।ਇਸ ਲਈ ਜ਼ਰੂਰੀ ਹੈ ਕਿ ਵਿਭਾਗ ਇਨ੍ਹਾਂ ਹੁਕਮਾਂ ਤੇ ਗੰਭੀਰ ਵਿਚਾਰ ਕਰੇ ਤੇ ਸਰਕਾਰ ਤੁਰੰਤ ਸਰਕਾਰੀ ਬੇੜੇ ਵਿੱਚ ਨਵੀਆਂ ਬੱਸਾਂ ਸ਼ਾਮਲ ਕਰੇ। ਜਥੇਬੰਦੀਆਂ ਇਹ ਗੱਲ ਬਿਲਕੁਲ ਬਰਦਾਸ਼ਤ ਨਹੀਂ ਕਰਨਗੀਆਂ ਕਿ ਸਰਕਾਰੀ ਕਾਊਂਟਰ ਟਾਈਮ ਕਿਸੇ ਪ੍ਰਾਈਵੇਟ ਓਪਰੇਟਰ ਨੂੰ ਲਵਾਇਆ ਜਾਵੇ।ਜੇਕਰ ਆਉਣ ਵਾਲੇ ਦਿਨਾਂ ਵਿੱਚ ਉੱਚ ਅਧਿਕਾਰੀ ਅਤੇ ਸਰਕਾਰ ਇਸ ਮੁਆਮਲੇ ਤੇ ਗ਼ੌਰ ਨਹੀਂ ਕਰਦੇ ਤਾਂ ਸਮੂਹ ਜਥੇਬੰਦੀਆਂ ਇਕਜੁੱਟ ਹੋਕੇ ਸੰਘਰਸ਼ ਦੇ ਰਾਹ ਪੈਣ ਲਈ ਮਜਬੂਰ ਹੋਣਗੀਆ, ਜਿਸ ਦੀ ਪੂਰੀ ਜ਼ਿੰਮੇਵਾਰੀ ਉੱਚ ਅਧਿਕਾਰੀਆਂ ਤੇ ਸਰਕਾਰ ਦੀ ਹੋਵੇਗੀ।

ਇਸ ਮੌਕੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਵੱਲੋਂ ਗੁਰਜੰਟ ਕੋਕਰੀ, ਮਨਦੀਪ ਮੱਖੂ, ਪੰਜਾਬ ਰੋਡਵੇਜ਼/ਪਨਬਸ ਕੰਟਰੈਕਟ ਜਥੇਬੰਦੀ ਦੇ ਸੂਬਾ ਸਿੰਘ, ਗੁਰਪ੍ਰੀਤ ਸਿੰਘ, ਕਰਮਚਾਰੀ ਦਲ ਵੱਲੋਂ ਪਲਵਿੰਦਰ ਸਿੰਘ, ਪਨਬਸ ਸਟੇਟ ਟਰਾਂਸਪੋਰਟ ਜਥੇਬੰਦੀ ਵੱਲੋਂ ਆਗੂ ਚਾਨਣ ਸਿੰਘ, ਗੁਰਪ੍ਰੀਤ ਸਿੰਘ ਤੇ ਸਾਥੀ ਹਾਜ਼ਰ ਸਨ।

# ਕੋਟ ਈਸੇ ਖਾਂ ਨੂੰ ਸਫ਼ਾਈ ਪੱਖੋਂ ਮੋਹਰੀ ਕਸਬਾ ਬਣਾਇਆ ਜਾਵੇਗਾ : ਰਾਜਪੂਤ, ਮਲਹੋਤਰਾ



**ਕੋਟ ਈਸੇ ਖਾਂ (ਅਰੋੜਾ)**-ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਤੇ ਕਾਰਜ ਸਾਧਕ ਅਫ਼ਸਰ ਅਮਰਇੰਦਰ ਸਿੰਘ ਤੇ ਪ੍ਰਧਾਨ ਸ੍ਰੀਮਤੀ ਸਿੰਦਰ ਕੌਰ ਰਾਜਪੂਤ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਸਬਾ ਕੋਟ ਈਸੇ ਖਾਂ ਨੂੰ ਸਾਫ ਸਫਾਈ ਪੱਖੋਂ ਨੰਬਰ ਵਨ ਕਸਬਾ ਬਣਾਇਆ ਜਾਵੇਗਾ ਤੇ ਹਰੇਕ ਵਾਰਡ ਵਿੱਚ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਪੰਚਾਇਤ ਕੋਟ ਈਸੇ ਖਾਂ ਦੇ ਪ੍ਰਧਾਨ ਸ੍ਰੀਮਤੀ ਸਿੰਦਰ ਕੌਰ ਰਾਜਪੂਤ ਦੇ ਪਤੀ ਪ੍ਰਕਾਸ਼ ਸਿੰਘ ਰਾਜਪੂਤ ਬਲਾਕ ਪ੍ਰਧਾਨ, ਉਪ ਪ੍ਰਧਾਨ ਸੁਮਿਤ ਕੁਮਾਰ ਬਿੱਟੂ ਮਲਹੋਤਰਾ ਤੇ ਸਮੁੱਚੀ ਟੀਮ ਕੌਂਸਲਰਾਂ ਨੇ ਪ੍ਰੈੱਸ ਨਾਲ ਸਾਂਝਾ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਹਿਰ ਦੇ ਸਾਰੇ ਵਾਰਡਾਂ ਵਿੱਚ ਸਾਫ ਸਫਾਈ ਸ਼ੁਰੂ ਕਰਵਾਈ ਗਈ ਹੈ ਜਿਸ ਦੇ ਤਹਿਤ ਸਫਾਈ ਸੇਵਕ ਹਰ ਇੱਕ ਵਾਰਡ ਦੇ ਮੁਹੱਲੇ ਗਲੀਆਂ ਵਿੱਚ ਸਾਫ ਸਫਾਈ ਰੱਖਣਗੇ ਤੇ ਉੱਥੇ ਜੋ ਵੀ ਸਹੂਲਤਾਂ ਦੀ ਘਾਟ ਹੋਈ, ਉਨ੍ਹਾਂ ਨੂੰ ਪੂਰਾ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਹਲਕਾ ਵਿਧਾਇਕ ਦੀ ਲਾਡੀ ਢੋਸ ਦੀ ਅਗਵਾਈ ਹੇਠ ਪਹਿਲਾਂ ਹੀ ਸ਼ਹਿਰ ਵਿੱਚ ਵੱਡੇ ਪ੍ਰੋਜੈਕਟ ਜਿਵੇਂ ਸੀਵਰੇਜ ਬੱਸ ਸਟੈਂਡ ਵਗੈਰਾ ਦਾ ਕੰਮ ਚੱਲ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਸ਼ਹਿਰ ਲਈ ਬਹੁਤ ਵਧੀਆ ਕੰਮ ਕੀਤਾ ਜਾਵੇਗਾ ਤੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਆਪ ਆਗੂ ਬਿਕਰਮਜੀਤ ਬਿੱਲਾ ਸ਼ਰਮਾ, ਕੌਂਸਲਰ ਸੁਰਿੰਦਰ ਸੱਚਦੇਵਾ, ਕੌਂਸਲਰ ਬਗੜ ਸਿੰਘ, ਸੈਨਟਰੀ ਇੰਸਪੈਕਟਰ ਅਨਿਲ ਕੁਮਾਰ, ਰਵੀ ਕੁਮਾਰ ਤੇ ਸਮੂਹ ਸਫਾਈ ਸੇਵਕ ਕਰਮਚਾਰੀ ਹਾਜ਼ਰ ਸਨ।

# ਲੋਕ ਸਭਾ ਇੰਚਾਰਜ ਬਲਜਿੰਦਰ ਢਿੱਲੋਂ ਦਾ ਜੌੜਾਮਾਜਰਾ ਵੱਲੋਂ ਸਨਮਾਨ



**ਪਟਿਆਲਾ (ਰਜਿੰਦਰ ਸਿੰਘ)**-ਆਮ ਆਦਮੀ ਪਾਰਟੀ ਹਲਕਾ ਸਮਾਣਾ ਦੇ ਵਿਧਾਇਕ ਤੇ ਸਾਬਕਾ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਨਵਨਿਯੁਕਤ ਲੋਕ ਸਭਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਦਾ ਆਪਣੇ ਦਫਤਰ ਵਿਖੇ ਸਨਮਾਨਤ ਕੀਤਾ ਗਿਆ। ਇਸ ਮੌਕੇ ਨਵਨਿਯੁਕਤ ਬਲਜਿੰਦਰ ਸਿੰਘ ਢਿੱਲੋਂ ਨੂੰ ਲੋਕ ਸਭਾ ਇੰਚਾਰਜ ਦੀ ਜ਼ਿੰਮੇਵਾਰੀ ਮਿਲਣ 'ਤੇ ਉਨ੍ਹਾਂ ਪਾਰਟੀ ਹਾਈ ਕਮਾਨ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਪਾਰਟੀ ਵਿੱਚ ਵਰਕਰਾਂ ਨੂੰ ਲਗਾਤਾਰ ਜ਼ਿੰਮੇਵਾਰੀਆਂ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਸੰਗਠਨ ਤੇ ਪਾਰਟੀ ਦੀ ਮਜ਼ਬੂਤੀ ਹੋਵੇਗੀ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਇਆ ਜਾਵੇਗਾ, ਜਿਸ ਨਾਲ 2027 ਦੀਆਂ ਵਿਧਾਨ ਸਭਾ ਚੋਣਾਂ ਜਿੱਤ ਕੇ ਦੁਬਾਰਾ ਸਰਕਾਰ ਬਣੇਗੀ। ਇਸ ਮੌਕੇ ਬਲਕਾਰ ਸਿੰਘ ਗੱਜੂ ਮਾਜਰਾ ਚੇਅਰਮੈਨ ਮਾਰਕੀਟ ਕਮੇਟੀ ਸਮਾਣਾ, ਪਾਰਸ ਸ਼ਰਮਾ ਡਾਇਰੈਕਟਰ ਯੂਥ ਡਿਵੈਲਪਮੈਂਟ ਬੋਰਡ, ਅਨੀਲ ਗੋਇਲ, ਵਿਕਾਸ ਵਰਮਾ, ਮਨਦੀਪ ਸਿੰਘ ਜੌਲਾ ਜ਼ਿਲ੍ਹਾ ਸੈਕਟਰੀ, ਸੁਨੈਨਾ ਮਿੱਤਲ, ਗੁਰਮੇਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੀਡਰ ਸਾਹਿਬਾਨ ਤੇ ਵਲੰਟੀਅਰ ਆਦਿ ਮੌਜੂਦ ਸਨ।

# ਬਾਪੂ ਸੇਵਾ ਸਿੰਘ ਸੋਢਾ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਮ ਆਦਮੀ ਪਾਰਟੀ ਬਲਾਕ ਪ੍ਰਧਾਨ ਸਰਪੰਚ ਗੁਰਦੀਪ ਸਿੰਘ ਬਾਬਾ ਛਾਪਾ ਦੇ ਸਤਿਕਾਰਯੋਗ ਦਾਦਾ ਸ: ਸੇਵਾ ਸਿੰਘ ਛਾਪਾ ਨੂੰ ਵੱਡੀ ਗਿਣਤੀ ਵਿੱਚ ਪਹੁੰਚੇ ਵੱਖ ਵੱਖ ਆਗੂਆਂ, ਮੁਹਤਬਰਾਂ, ਰਿਸ਼ਤੇਦਾਰਾਂ ਨੇ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਚੇਅਰਮੈਨ ਸੁਖਵਿੰਦਰ ਦਾਸ ਬਾਵਾ, ਜਥੇ: ਨਾਥ ਸਿੰਘ ਹਮੀਦੀ ਸਮੇਤ ਵੱਖ-ਵੱਖ ਆਗੂਆਂ ਨੇ ਫੁੱਲਾਂ ਦੇ ਭੇਂਟ ਕਰਕੇ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਭਾਈ ਜਸਵੀਰ ਸਿੰਘ ਕਾਲਾਮਾਲਾ ਸਾਹਿਬ, ਅਵਤਾਰ ਸਿੰਘ ਅਣਖੀ, ਪ੍ਰਿੰਸੀਪਲ ਬਲਜੀਤ ਸਿੰਘ ਸੋਢਾ, ਅਰੁਣ ਕੁਮਾਰ ਬਾਂਸਲ, ਸਰਪੰਚ ਹਰਪਾਲ ਸਿੰਘ ਮਹਿਲ ਖੁਰਦ, ਮੋਹਣ ਸਿੰਘ ਲੋਹਗੜ੍ਹ, ਰਾਗੀ ਭਾਈ ਜਗਸੀਰ ਸਿੰਘ ਖਾਲਸਾ, ਗੁਰਦੀਪ ਸਿੰਘ ਕਰਮਾ, ਸੈਕਟਰੀ ਸੁਖਦੇਵ ਸਿੰਘ ਛਾਪਾ, ਜਥੇ: ਮੁਖਤਿਆਰ ਸਿੰਘ ਛਾਪਾ, ਅਮਨਦੀਪ ਸਿੰਘ ਛਾਪਾ, ਰਣਧੀਰ ਸਿੰਘ ਧੀਰਾ, ਭਾਈ ਜਸਪਾਲ ਸਿੰਘ ਹੈੱਡ ਗਰੰਥੀ, ਡਾ: ਜਗਰਾਜ ਸਿੰਘ ਹੈਪੀ ਮੈਡੀਕਲ, ਹਰਨੇਕ ਸਿੰਘ ਛਾਪਾ, ਕਰਮਜੀਤ ਸਿੰਘ ਕਰਮਾ, ਪ੍ਰਿਥੀ ਸਿੰਘ ਦਿਉਲ, ਹਰਜਿੰਦਰ ਸਿੰਘ ਫੀਡ ਵਾਲੇ, ਦਰਸ਼ਨ ਸਿੰਘ ਛਾਪਾ, ਸੁਰਜੀਤ ਸਿੰਘ ਬਾਪਲਾ, ਡਾ: ਅਜੈਬ ਸਿੰਘ, ਹਰਜੰਟ ਸਿੰਘ ਫੌਜੀ, ਡਾ: ਅੰਮ੍ਰਿਤ ਸਿੰਘ, ਭੁਪਿੰਦਰ ਸਿੰਘ ਨਾਮਧਾਰੀ ਆਦਿ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਅਫ਼ੀਮ ਤੇ ਨਸ਼ੇ ਦੀਆਂ ਗੋਲੀਆਂ ਸਮੇਤ ਤਿੰਨ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੋ ਵੱਖ-ਵੱਖ ਮਾਮਲਿਆਂ 'ਚ ਪੁਲਸ ਵੱਲੋਂ ਤਿੰਨ ਵਿਅਕਤੀਆਂ ਨੂੰ ਅਫ਼ੀਮ ਤੇ ਨਸ਼ੇ ਦੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ।ਬਸੀ ਪਠਾਣਾਂ ਦੀ ਚੀਮਾ ਗੈਸ ਏਜੰਸੀ ਨਜ਼ਦੀਕ ਮੌਜੂਦ ਬਸੀ ਪਠਾਣਾ ਸਿਟੀ ਪੁਲਸ ਚੌਕੀ ਦੀ ਇੱਕ ਟੀਮ ਨੇ ਸਰਹਿੰਦ ਵੱਲੋਂ ਸਪਲੈਂਡਰ ਮੋਟਰਸਾਈਕਲ 'ਤੇ ਆ ਰਹੇ ਵਿਕਾਸ ਛਾਬੜਾ ਵਾਸੀ ਬਸੀ ਪਠਾਣਾ ਨੂੰ ਚੈਕਿੰਗ ਲਈ ਰੋਕਿਆ।ਤਲਾਸ਼ੀ ਦੌਰਾਨ ਉਸ ਦੇ ਕਬਜ਼ੇ 'ਚੋਂ 150 ਗ੍ਰਾਮ ਅਫ਼ੀਮ ਬਰਾਮਦ ਹੋਣ 'ਤੇ ਇਸ ਸਬੰਧੀ ਥਾਣਾ ਬਸੀ ਪਠਾਣਾਂ ਵਿਖੇ ਦਰਜ ਕਰਾਏ ਗਏ ਮੁਕੱਦਮੇ ਵਿੱਚ ਵਿਕਾਸ ਛਾਬੜਾ ਨੂੰ ਗ੍ਰਿਫ਼ਤਾਰ ਕਰਕੇ ਬਸੀ ਪਠਾਣਾ ਸਿਟੀ ਚੌਕੀ ਦੇ ਇੰਚਾਰਜ ਥਾਣੇਦਾਰ ਅਰਜਨੀਤ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।ਇਸ ਤੋਂ ਇਲਾਵਾ ਇੱਕ ਹੋਰ ਮਾਮਲੇ ਵਿੱਚ ਥਾਣਾ ਅਮਲੋਹ ਦੀ ਪੁਲਸ ਪਾਰਟੀ ਵੱਲੋਂ ਅਮਲੋਹ ਦੇ ਪਸ਼ੂ ਹਸਪਤਾਲ ਨਜ਼ਦੀਕ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਸੁਖਵਿੰਦਰ ਸਿੰਘ ਉਰਫ ਸੁੱਖੀ ਵਾਸੀ ਪਿੰਡ ਭੱਦਲਥੂਹਾ ਤੇ ਅਜੀਤ ਸਿੰਘ ਉਰਫ ਸੰਜੂ ਵਾਸੀ ਮੰਡੀ ਗੋਬਿੰਦਗੜ੍ਹ ਦੀ ਤਲਾਸ਼ੀ ਲਈ ਗਈ ਤਾਂ ਉਕਤ ਦੇ ਕਬਜ਼ੇ ਵਿੱਚੋਂ ਨਸ਼ੇ ਦੀਆਂ 90 ਗੋਲੀਆਂ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਅਮਲੋਹ ਵਿਖੇ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਦੋਵਾਂ ਨੂੰ ਗ੍ਰਿਫ਼ਤਾਰ ਕਰਕੇ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ 25 ਨੂੰ ਡੀ ਸੀ ਦਫ਼ਤਰ ਅੱਗੇ ਧਰਨਾ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ 25 ਜੁਲਾਈ ਨੂੰ ਨਰੇਗਾ ਦੀ ਪਾਰਦਰਸ਼ੀ ਬਹਾਲੀ ਰੱਖਣ ਤੇ ਆਪਣੀਆਂ ਹੱਕੀ ਮੰਗਾਂ ਸਬੰਧੀ ਜ਼ਿਲ੍ਹਾ ਪ੍ਰੋਗਰਾਮ ਅਫਸਰ ਸਰਕਾਰਾਂ ਤੇ ਅਫਸਰਸ਼ਾਹੀ ਵੱਲੋਂ ਨਰੇਗਾ ਹੱਕ ਖੋਹਣ ਵਿਰੁੱਧ ਰੋਸ ਜ਼ਾਹਰ ਕਰਨ ਲਈ ਡੀ ਸੀ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਧਰਨਾ ਦਿੱਤਾ ਜਾ ਰਿਹਾ ਹੈ। ਇਸ ਧਰਨੇ ਸਬੰਧੀ ਨਰੇਗਾ ਆਗੂ ਕਾਮਰੇਡ ਬੋਹੜ ਸਿੰਘ ਸੁਖਨਾ ਦੀ ਪ੍ਰਧਾਨਗੀ ਹੇਠ ਗੱਡੀ ਤੇ ਪਿੰਡ ਪਿੰਡ ਜਾ ਕੇ ਨਰੇਗਾ ਕਾਮਿਓ 25 ਜੁਲਾਈ ਨੂੰ ਮੁਕਤਸਰ ਪੁੱਜੋ ਦਾ ਹੋਕਾ ਦਿੱਤਾ ਜਾ ਰਿਹਾ ਹੈ। ਨਰੇਗਾ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਬਾਰੇ ਕਾਮਰੇਡ ਬੋਹੜ ਸਿੰਘ ਸੁਖਨਾ ਤੇ ਸਾਥੀਆਂ ਨੇ ਦੱਸਿਆ ਕਿ ਨਰੇਗਾ ਕਨੂੰਨ ਬਣੇ ਨੂੰ ਤਕਰੀਬਨ ਵੀਹ ਵਰ੍ਹੇ ਹੋ ਗਏ, ਪਰ ਅਜੇ ਤੱਕ ਨਰੇਗਾ ਕੰਮ ਪਾਰਦਰਸ਼ੀ ਢੰਗ ਨਾਲ ਨਹੀ ਚਲਾਇਆ ਗਿਆ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਔਸਤ ਅੰਕੜਿਆਂ ਮੁਤਾਬਕ ਇੱਕ ਨਰੇਗਾ ਮਜ਼ਦੂਰ ਨੂੰ ਸਾਲ ਵਿੱਚ ਸਿਰਫ ਇੱਕੀ ਦਿਨ ਹੀ ਕੰਮ ਮਿਲਿਆ ਹੈ ਅਤੇ ਨਾ ਹੀ ਸਮੇਂ ਸਿਰ ਪੈਸੇ ਮਿਲੇ ਹਨ। ਇਸ ਲਈ ਨਰੇਗਾ ਕਾਮਿਆਂ ਵੱਲੋਂ ਪੁਰਜ਼ੋਰ ਮੰਗ ਕੀਤੀ ਜਾਂਦੀ ਹੈ ਕਿ ਨਰੇਗਾ ਮਜ਼ਦੂਰਾਂ ਨੂੰ ਇੱਕ ਸਾਲ ਵਿੱਚ ਦੋ ਸੌ ਦਿਨ ਕੰਮ ਦਿੱਤਾ ਜਾਵੇ, ਸਮੇਂ ਸਿਰ ਪੈਸੇ ਦਿੱਤੇ ਜਾਣ ਤੇ ਉਜ਼ਰਤ ਰੇਟ ਬਿਨਾਂ ਰੋਟੀ ਖੇਤੀਬਾੜੀ ਵਾਲਾ ਮਿਲਣਾ ਯਕੀਨੀ ਬਣਾਇਆ ਜਾਵੇ ਤੇ ਉਜ਼ਰਤ ਦਾ ਵਾਧਾ ਇੱਕ ਹਜ਼ਾਰ ਰੁਪਏ ਪ੍ਰਤੀ ਦਿਨ ਯਾਨੀ ਛੱਬੀ ਹਜ਼ਾਰ ਪ੍ਰਤੀ ਮਹੀਨਾ ਕੀਤਾ ਜਾਵੇ। ਜੌਬ ਕਾਰਡ ਨਵੇਂ ਬਣਾਏ ਜਾਣ ਤੇ ਹਾਜ਼ਰੀ ਜੌਬ ਕਾਰਡ 'ਤੇ ਲਾਈ ਜਾਵੇ। ਕੰਮ ਮੰਗ ਵਾਲੀ ਅਰਜ਼ੀ ਦੀ ਰਸੀਦ ਨਾ ਦੇਣ ਵਾਲੇ ਵਿਰੁੱਧ ਸਖਤ ਕਨੂੰਨੀ ਕਾਰਵਾਈ ਕੀਤੀ ਜਾਵੇ, ਨਿਯਮਾਂ ਅਨੁਸਾਰ ਉਜਰਤ ਪੰਦਰਾਂ ਦਿਨਾਂ 'ਚ ਦੇਣਾ ਯਕੀਨੀ ਬਣਾਇਆ ਜਾਵੇ। ਨਰੇਗਾ ਕੰਮ ਨਾ ਦੇਣ ਵਿਰੁੱਧ ਕਿਰਤ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇ।ਆਗੂਆਂ ਨੇ ਕਿਹਾ ਕਿ ਨਰੇਗਾ ਵਿੱਚ ਪੂਰੀ ਪਾਰਦਰਸ਼ਤਾ ਲਿਆਂਦੀ ਜਾਵੇ ਤਾਂ ਜੋ ਨਰੇਗਾ ਮਜ਼ਦੂਰਾਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਨਾ ਆਵੇ। ਨਰੇਗਾ ਆਗੂਆਂ ਨੇ ਦੱਸਿਆ ਕਿ ਉਪਰੋਕਤ ਮੰਗਾਂ ਸਬੰਧੀ 25 ਜੁਲਾਈ ਨੂੰ ਕਾਫਲੇ ਬਣਾ ਕੇ ਮੁਕਤਸਰ ਸਾਹਿਬ ਪਹੁੰਚਣ ਦੀ ਮਿਹਰਬਾਨੀ ਕਰੋ। ਇਸ ਮੌਕੇ ਕਾਮਰੇਡ ਗੁਰਬਚਨ ਸਿੰਘ ਛੱਤਿਆਣਾ, ਮੰਦਰ ਸਿੰਘ, ਪ੍ਰਕਾਸਾ ਸਿੰਘ, ਦੁਨੀ ਚੰਦ, ਜਗਮੀਤ ਸਿੰਘ, ਨੇਤਾ ਬਿੰਦਰ ਸਿੰਘ, ਚਰਨਜੀਤ ਸਿੰਘ, ਨਿਰਮਲ ਸਿੰਘ ਆਦਿ ਹਾਜ਼ਰ ਸਨ।

# ਰਿਸ਼ੂ ਸਿੰਗਲਾ ਬਣੇ ਕਾਂਗਰਸ ਪਾਰਟੀ ਬਲਾਕ ਸਮਾਣਾ ਦੇ ਪ੍ਰਧਾਨ, ਸਾਬਕਾ ਵਿਧਾਇਕ ਰਜਿੰਦਰ ਸਿੰਘ ਨੇ ਸੌਂਪਿਆ ਨਿਯੁਕਤੀ ਪੱਤਰ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਸਮਾਣਾ ਤੋਂ ਕਾਂਗਰਸ ਪਾਰਟੀ ਦੇ ਬਹੁਤ ਹੀ ਮਿਹਨਤੀ ਤੇ ਜੁਝਾਰੂ ਆਗੂ ਰਿਸ਼ੂ ਸਿੰਗਲਾ ਕਰਹਾਲੀ ਨੂੰ ਕਾਂਗਰਸ ਹਾਈਕਮਾਂਡ ਵੱਲੋਂ ਬਲਾਕ ਕਾਂਗਰਸ ਸਮਾਣਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਸਾਬਕਾ ਵਿਧਾਇਕ ਰਜਿੰਦਰ ਸਿੰਘ ਵੱਲੋਂ ਰਿਸ਼ੂ ਸਿੰਗਲਾ ਨੂੰ ਇਹ ਨਿਯੁਕਤੀ ਪੱਤਰ ਸੌਂਪਿਆ ਗਿਆ ਤੇ ਮੂੰਹ ਮਿੱਠਾ ਕਰਵਾ ਕੇ ਮੁਬਾਰਕਬਾਦ ਦਿੱਤੀ ਗਈ ਅਤੇ ਉਮੀਦ ਜਤਾਈ ਕਿ ਰਿਸ਼ੂ ਸਿੰਗਲਾ ਨੌਜਵਾਨਾਂ ਦੀ ਆਵਾਜ਼ ਨੂੰ ਅੱਗੇ ਲੈ ਕੇ ਜਾਣਗੇ ਤੇ ਸਮਾਣਾ ਖੇਤਰ ਵਿੱਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨਗੇ।ਇਸ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਰਿਸ਼ੂ ਸਿੰਗਲਾ ਨੇ ਸ ਰਜਿੰਦਰ ਸਿੰਘ, ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਆਦਿ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਆਪਣੀ ਪੂਰੀ ਮਿਹਨਤ ਤੇ ਤਨਦੇਹੀ ਨਾਲ ਪਾਰਟੀ ਦੀ ਸੇਵਾ ਕਰਨਗੇ ਅਤੇ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਹਾਜ਼ਰ ਰਹਿਣਗੇ।ਇਸ ਮੌਕੇ ਸ਼ਿਵ ਕੁਮਾਰ ਘੱਗਾ, ਯਤਿਨ ਵਰਮਾ ਕੌਂਸਲਰ, ਸੁਮਿਤ ਸੈਂਟੀ, ਦਰਸ਼ਨ ਮਿੱਤਲ ਕੌਂਸਲਰ, ਸ਼ੈਲ ਸੰਦੜ, ਰਜਿੰਦਰ ਬੱਲੀ, ਵਿਸ਼ਾਲ ਵਰਮਾ, ਜੱਸ ਬੱਬੂ ਕੌਂਸਲਰ, ਜੀਵਨ ਗਰਗ, ਅਸ਼ਵਨੀ ਦਿਆਲਗੜ੍ਹੀਆ, ਕੁਲਦੀਪ ਦੀਪਾ, ਅਭਿਸ਼ੇਕ ਮਿੱਤਲ, ਪਵਨ ਖੁਰਾਨਾ, ਮਦਨ, ਹਰੀਚੰਦ ਵਰਮਾ, ਭਗਵਾਨ ਦਾਸ, ਗਗਨ ਸਿੰਗਲਾ, ਹਨੀ ਕਾਂਸਲ, ਦੀਪਕ ਅਨੇਜਾ ਤੇ ਨੋਨੂ ਸ਼ਰਮਾ ਆਦਿ ਮੌਜੂਦ ਰਹੇ।

# ਐੱਨ ਐੱਸ ਐੱਸ ਕੈਂਪ ਦੌਰਾਨ 'ਏਕ ਪੇਡ ਮਾਂ ਕੇ ਨਾਮ' ਮੁਹਿੰਮ ਤਹਿਤ ਪੌਦੇ ਲਗਾਏ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਭਾਰਤ ਸਰਕਾਰ, ਪੰਜਾਬ ਸਰਕਾਰ ਐੱਨ ਐੱਸ ਐੱਸ ਵਿਭਾਗ, ਕੋਆਰਡੀਨੇਟਰ ਐੱਨ.ਐੱਸ.ਐੱਸ. ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਯੁਵਕ ਸੇਵਾਵਾਂ ਕਲੱਬ ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਵਿਖੇ ਐੱਨ.ਐੱਨ.ਐੱਸ. ਵਿਭਾਗ ਦੀਆਂ ਯੂਨਿਟਾਂ ਵੱਲੋਂ ਏਕ ਪੇਡ ਮਾਂ ਕੇ ਨਾਮ ਮੁਹਿੰਮ ਤਹਿਤ ਇੱਕ ਰੋਜ਼ਾ ਐੱਨ.ਐੱਸ.ਐੱਸ. ਕੈਂਪ ਲਾਇਆ ਗਿਆ।ਇਸ ਕੈਂਪ ਦਾ ਉਦਘਾਟਨ ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਐੱਮ. ਡੀ. ਗੁਰਵਿੰਦਰ ਸਿੰਘ, ਡਾਇਰੈਕਟਰ ਐਡਮਿਨਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇੱਕ ਪੌਦਾ ਲਗਾ ਕੇ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਏਕ ਪੇਡ ਮਾਂ ਕੇ ਨਾਮ ਮੁਹਿੰਮ ਨਾਲ ਵਾਤਾਵਰਨ ਸਾਫ਼-ਸੁਥਰਾ ਤੇ ਹਰਿਆ-ਭਰਿਆ ਹੋਵੇਗਾ।ਇਸ ਮੌਕੇ ਪ੍ਰਿੰਸੀਪਲ-ਕਮ-ਪ੍ਰੋਗਰਾਮ ਅਫਸਰ ਰਾਜ ਸਿੰਘ ਬਾਘਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਲਜ ਦੇ ਸਾਰੇ ਹੀ ਵਿਦਿਆਰਥੀਆਂ ਨੂੰ ਪੌਦੇ ਵੰਡੇ ਜਾਣਗੇ।ਕਾਲਜ ਦਾ ਹਰੇਕ ਵਿਦਿਆਰਥੀ ਆਪਣੇ ਘਰ, ਖੇਤ, ਗਲੀ, ਮੁਹੱਲਾ ਜਾਂ ਪਿੰਡ ਦੇ ਪਾਰਕ ਵਿੱਚ ਇੱਕ ਪੇਡ ਮਾਂ ਕੇ ਨਾਮ ਲਾਵੇਗਾ ਤੇ ਇਸ ਦੇ ਪਾਲਣ-ਪੋਸ਼ਣ ਕਰਨ ਦਾ ਅਹਿਦ ਲਿਆ।ਇਸ ਮੌਕੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਇਸ ਤੋਂ ਇਲਾਵਾ ਦੀ ਪੋਲਰ ਸਟਾਰ ਸਕੂਲ ਢੱਡੇ ਦੇ ਪ੍ਰਿੰਸੀਪਲ ਕੰਵਰਦੀਪ ਸਿੰਘ ਦਾ ਵਿਸ਼ੇਸ਼ ਸਹਿਯੋਗ ਰਿਹਾ।ਇਸ ਮੌਕੇ ਕਾਲਜ ਦੇ ਸੀਨੀਅਰ ਪ੍ਰੋ. ਜਸਵਿੰਦਰ ਸਿੰਘ, ਪ੍ਰੋਗਰਾਮ ਅਫਸਰ ਰੁਪਿੰਦਰ ਕੌਰ, ਪ੍ਰੋਗਰਾਮ ਅਫਸਰ ਪ੍ਰੋ. ਮਨਿੰਦਰਪ੍ਰੀਤ ਕੌਰ, ਪ੍ਰੋਗਰਾਮ ਅਫਸਰ ਪ੍ਰੋ. ਵੀਰਇੰਦਰ ਕੌਰ, ਸੀਨੀਅਰ ਪ੍ਰੋ. ਰਵਿੰਦਰ ਸ਼ਰਮਾ, ਸੀਨੀਅਰ ਪ੍ਰੋ. ਰਾਜਵਿੰਦਰ ਸਿੰਘ, ਪ੍ਰੋ. ਕਰਨਵੀਰ ਸਿੰਘ, ਪ੍ਰੋ. ਜਗਜੀਤ ਸਿੰਘ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਰਾਜਵਿੰਦਰ ਕੌਰ, ਪ੍ਰੋ. ਹਰਸ਼ ਰਾਣੀ, ਸੀਨੀਅਰ ਪ੍ਰੋ. ਰਣਜੀਤ ਕੌਰ, ਪ੍ਰੋ. ਅਮਨਦੀਪ ਸ਼ਰਮਾ, ਪ੍ਰੋ. ਅਮਨਦੀਪ ਕੌਰ ਫੈਸ਼ਨ ਡਿਜ਼ਾਇਨਿੰਗ, ਪ੍ਰੋ. ਕਿਰਨ ਖਾਂਨ, ਪ੍ਰੋ. ਕਿਰਨਜੀਤ ਕੌਰ, ਪ੍ਰੋ. ਅਮਨਦੀਪ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ ਅਮਨਦੀਪ ਕੌਰ ਕੰਪਿਊਟਰ ਸਾਇੰਸ, ਪ੍ਰੋ. ਰਾਜਵੀਰ ਕੌਰ, ਪ੍ਰੋ.ਸਿਮਲਾ, ਪ੍ਰੋ. ਸੰਦੀਪ ਕੌਰ, ਪ੍ਰੋ. ਸੁਖਵੀਰ ਕੌਰ, ਪ੍ਰੋ. ਪੁਸਪਿੰਦਰ ਕੌਰ, ਪ੍ਰੋ. ਹਰਕਿਰਨ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਕਿਰਨਦੀਪ ਕੌਰ, ਹਰਦੀਪ ਸਿੰਘ ਇੰਚਾਰਜ ਆਈ. ਟੀ. ਸੈੱਲ ਆਦਿ ਹਾਜ਼ਰ ਸਨ।

# ਬੀ ਕੇ ਯੂ ਏਕਤਾ ਉਗਰਾਹਾਂ ਸ਼ੇਰੋਂ ਦੀ ਸਰਬਸੰਮਤੀ ਨਾਲ ਚੋਣ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਸੰਗਰੂਰ ਦੇ ਪਿੰਡ ਸ਼ੇਰੋਂ ਵਿੱਚ ਸਰਬਸੰਮਤੀ ਨਾਲ ਚੋਣ ਕਰਵਾਈ ਗਈ ਪਿੰਡਾਂ ਵਿੱਚ ਚੋਣਾਂ ਦੀ ਮੁਹਿੰਮ ਚੱਲ ਰਹੀ ਹੈ। ਬਲਾਕ ਸੰਗਰੂਰ ਦੇ ਜਨਰਲ ਸਕੱਤਰ ਜਗਤਾਰ ਸਿੰਘ ਲੱਡੀ, ਖਜ਼ਾਨਚੀ ਕਰਮਜੀਤ ਸਿੰਘ ਮੰਗਵਾਲ, ਪ੍ਰੈੱਸ ਸਕੱਤਰ ਕਰਮਜੀਤ ਮੰਡੇਰ ਲਗਾਤਾਰ ਪਿੰਡਾਂ ਦੀਆਂ ਇਕਾਈਆਂ ਦੀਆਂ ਚੋਣਾਂ ਕਰਵਾਉਣ ਲੱਗੇ ਹੋਏ ਹਨ, ਜਿਸ ਸਬੰਧੀ ਲਗਭਗ ਸਾਰੇ ਪਿੰਡਾਂ ਵਿੱਚੋਂ ਵੱਡਾ ਹੁੰਗਾਰਾ ਮਿਲ ਰਿਹਾ ਹੈ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਤੇ ਸੂਬੇ ਦੇ ਆਗੂ ਜਗਤਾਰ ਸਿੰਘ ਕਾਲਾਝਾੜ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਲਗਾਤਾਰ ਪਿੰਡਾਂ ਵਿੱਚ ਔਰਤ-ਭੈਣਾਂ ਦੀਆਂ ਇਕਾਈਆਂ ਵੀ ਬਣ ਰਹੀਆਂ ਹਨ ਅਤੇ ਸਰਕਾਰ ਦੇ ਜ਼ੁਲਮ ਨੂੰ ਦੇਖ ਕੇ ਪਿੰਡਾਂ ਵਿੱਚ ਵੱਡੀ ਪੱਧਰ 'ਤੇ ਲੋਕ ਇਕੱਠ ਕਰਕੇ ਇਕਾਈਆਂ ਵਿੱਚ ਹਿੱਸਾ ਲੈ ਰਹੇ ਹਨ ਤੇ ਵੱਡੀ ਪੱਧਰ 'ਤੇ ਇਕਾਈਆਂ ਦੀ ਚੋਣ ਕੀਤੀ ਜਾ ਰਹੀ ਹੈ, ਕਿਉਂਕਿ ਸਰਕਾਰ ਦਾ ਜੋ ਹਮਲਾ ਜ਼ਮੀਨਾਂ ਉੱਪਰ ਜਿਵੇਂ ਕਿ ਲੁਧਿਆਣਾ ਵਿੱਚ 243.11 ਏਕੜ ਜ਼ਮੀਨ 'ਤੇ ਹਮਲਾ ਹੈ ਜਿਵੇਂ ਕਿ ਸੋਹੀਆਂ ਵਾਲੀ ਜ਼ਮੀਨ 'ਤੇ ਹਮਲਾ ਹੈ ਅਤੇ ਲੋਕ ਸਮਝ ਚੁੱਕੇ ਹਨ, ਜੇ ਸਰਕਾਰ ਇਸ ਤਰ੍ਹਾਂ ਜ਼ਮੀਨਾਂ ਉੱਪਰ ਹਮਲਾ ਕਰੇਗੀ ਤਾਂ ਪਿੰਡਾਂ ਦੇ ਪਿੰਡ ਵਿਹਲੇ ਹੋ ਜਾਣਗੇ, ਇਸ ਲਈ ਲੋਕਾਂ ਨੇ ਜਥੇਬੰਦੀਆਂ ਦਾ ਰਾਹ ਅਪਣਾ ਲਿਆ ਹੈ ਤੇ ਸਰਕਾਰ ਕਿਸਾਨਾਂ ਤੇ ਮਜ਼ਦੂਰਾਂ ਉੱਪਰ ਮੁਲਾਜ਼ਮਾਂ ਉੱਪਰ ਹਮਲਾ ਕਰਨ 'ਤੇ ਲੱਗੀ ਹੋਈ ਹੈ, ਇਸ ਨੂੰ ਮੋੜਨ ਲਈ ਲੋਕਾਂ ਨੂੰ ਜਾਗਰੂਕ ਕਰਨ ਲਈ ਇਹ ਮੁਹਿੰਮ ਚੱਲ ਰਹੀ ਹੈ, ਜਿਹੜਾ ਕਿ ਮਜ਼ਦੂਰ ਜਥੇਬੰਦੀਆਂ ਉੱਪਰ ਵੀ ਵੱਡਾ ਅਟੈਕ ਹੋ ਰਿਹਾ ਹੈ ਅਤੇ ਜੇਲ੍ਹਾਂ ਵਿੱਚ ਬੰਦ ਕੀਤੇ ਜਾ ਰਹੇ ਆਗੂਆਂ ਨੂੰ ਰਿਹਾਅ ਕਰਵਾਉਣ ਲਈ ਵੀ ਲੋਕ ਮੈਦਾਨ ਵਿੱਚ ਵੱਡੀ ਪੱਧਰ 'ਤੇ ਆਉਣ ਲਈ ਹੁੰਗਾਰਾ ਦੇ ਰਹੇ ਹਨ। ਇਸ ਦੌਰਾਨ ਪਿੰਡ ਸ਼ੇਰੋਂ ਦਾ ਜਸਪਾਲ ਸਿੰਘ ਮੱਖਣ ਨੂੰ ਪ੍ਰਧਾਨ ਬਣਾਇਆ ਗਿਆ ਤੇ ਬਾਕੀ ਪਿੰਡਾਂ ਦੀ ਚੋਣ ਚੱਲ ਰਹੀ ਹੈ।

# ਸਖ਼ਤ ਸਜ਼ਾਵਾਂ ਬੇਅਦਬੀ ਦੇ ਅਪਰਾਧ ਨੂੰ ਖ਼ਤਮ ਕਰਨ ਦੀ ਗਾਰੰਟੀ ਨਹੀਂ : ਤਰਕਸ਼ੀਲ ਸੁਸਾਇਟੀ

## ਬੇਅਦਬੀ ਦੀਆਂ ਘਟਨਾਵਾਂ ਪਿੱਛੇ ਸਰਕਾਰਾਂ ਦੀ ਨਾਕਾਮੀ ਜ਼ਿੰਮੇਵਾਰ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪੰਜਾਬ ਸਰਕਾਰ ਵੱਲੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਉਮਰ ਕੈਦ ਦੀ ਸਖ਼ਤ ਸਜ਼ਾ ਦੇਣ ਲਈ ਲਿਆਂਦੇ ਜਾ ਰਹੇ ਸਖ਼ਤ ਕਾਨੂੰਨ ਨੂੰ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਾੜੇ ਅਮਨ ਕਾਨੂੰਨ ਦੇ ਹਾਲਾਤ ਸਮੇਤ ਆਪਣੀਆਂ ਨਾਕਾਮੀਆਂ ਛੁਪਾਉਣ ਤੇ ਆਮ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾਉਣ ਦੀ ਮੌਕਾਪ੍ਰਸਤ ਫਿਰਕੂ ਸਿਆਸਤ ਕਰਾਰ ਦਿੰਦਿਆਂ ਇਸ ਕਾਨੂੰਨ ਤਹਿਤ ਉਮਰ ਕੈਦ ਦੀ ਸਖ਼ਤ ਸਜ਼ਾ ਦੇਣ ਦੀ ਤਜਵੀਜ਼ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ।ਇਸ ਸਬੰਧੀ ਸੁਸਾਇਟੀ ਦੇ ਜ਼ੋਨ ਕਮੇਟੀ ਆਗੂਆਂ ਬਲਰਾਜ ਮੌੜ ਜਥੇਬੰਦਕ ਮੁਖੀ, ਮਾਸਟਰ ਅਜਾਇਬ ਸਿੰਘ ਜਲਾਲਾਣਾ, ਡਾ. ਚੰਨਣ ਵਾਂਦਰ, ਵਿੱਤ ਵਿਭਾਗ ਮੁਖੀ ਮਾ. ਗਿਆਨ ਸਿੰਘ ਤੇ ਮੀਡੀਆ ਮੁਖੀ ਰਾਮ ਸਿੰਘ ਨਿਰਮਾਣ, ਰਣਧੀਰ ਗਿੱਲਪੱਤੀ ਤੇ ਹਾਕਮ ਸਿੰਘ ਮੁਖੀ ਇਕਾਈ ਬਠਿੰਡਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਤਤਕਾਲੀ ਅਕਾਲੀ-ਭਾਜਪਾ, ਕਾਂਗਰਸ ਤੇ ਮੌਜੂਦਾ ਪੰਜਾਬ ਸਰਕਾਰ ਵੱਲੋਂ ਬੀਤੇ ਸਮੇਂ ਵਿੱਚ ਵਾਪਰੀਆਂ ਧਾਰਮਿਕ ਬੇਅਦਬੀਆਂ ਦੀਆਂ ਘਟਨਾਵਾਂ ਦੀ ਕੋਈ ਠੋਸ ਜਾਂਚ ਪੜਤਾਲ ਕਰਕੇ ਅਸਲ ਸੱਚਾਈ ਸਾਹਮਣੇ ਨਹੀਂ ਲਿਆਂਦੀ ਗਈ ਅਤੇ ਨਾ ਹੀ ਮੌਕੇ 'ਤੇ ਕਾਬੂ ਦੋਸ਼ੀਆਂ ਦੇ ਕਤਲ ਕਰਕੇ ਸਬੂਤ ਮਿਟਾਉਣ ਵਾਲਿਆਂ ਨੂੰ ਕੋਈ ਸਜ਼ਾ ਦਿਵਾਈ ਗਈ ਹੈ, ਜੋ ਕਿ ਸਰਕਾਰ ਦੀ ਗ਼ੈਰ-ਸੰਜੀਦਗੀ ਤੇ ਫਿਰਕੂ ਤਾਕਤਾਂ ਨਾਲ ਮਿਲੀਭੁਗਤ ਨੂੰ ਸਾਬਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਕੰਮ ਕਰਦੇ ਕਾਰਨਾਂ ਤੇ ਫ਼ਿਰਕੂ ਤਾਕਤਾਂ ਦਾ ਪਰਦਾਫਾਸ਼ ਕਰਕੇ ਹੀ ਅਜਿਹੇ ਅਪਰਾਧਾਂ ਨੂੰ ਖ਼ਤਮ ਕੀਤਾ ਜਾ ਸਕਦਾ ਹੈ, ਸਖ਼ਤ ਸਜ਼ਾਵਾਂ ਦੇ ਕੇ ਨਹੀਂ।ਤਰਕਸ਼ੀਲ ਆਗੂਆਂ ਨੇ ਸਪੱਸ਼ਟ ਕੀਤਾ ਕਿ ਸਰਕਾਰਾਂ ਵੱਲੋਂ ਕੋਈ ਸਖ਼ਤ ਸਜ਼ਾ ਦੇਣ ਦਾ ਕਾਨੂੰਨ ਬਣਾ ਕੇ ਲਾਗੂ ਕਰਨਾ ਕਿਸੇ ਅਪਰਾਧ ਨੂੰ ਖਤਮ ਕਰਨ ਦੀ ਗਾਰੰਟੀ ਨਹੀਂ ਹੋ ਸਕਦਾ, ਕਿਉਂਕਿ ਭਾਰਤੀ ਨਿਆਂ ਪ੍ਰਣਾਲੀ ਵਿੱਚ ਕਤਲ ਤੇ ਬਲਾਤਕਾਰ ਦੇ ਦੋਸ਼ੀਆਂ ਲਈ ਮੌਤ ਦੀ ਸਖ਼ਤ ਸਜ਼ਾ ਹੋਣ ਦੇ ਬਾਵਜੂਦ ਦੇਸ਼ ਵਿੱਚ ਕਤਲ ਤੇ ਬਲਾਤਕਾਰ ਦੇ ਅਪਰਾਧਾਂ ਵਿੱਚ ਕੋਈ ਕਮੀਂ ਨਹੀਂ ਆਈ, ਉਲਟਾ ਸਗੋਂ ਵਾਧਾ ਹੋਇਆ ਹੈ।


ਜ਼ੋਨ ਕਮੇਟੀ ਆਗੂਆਂ ਨੇ ਇਸ ਕਾਨੂੰਨ ਦੀ ਦੁਰਵਰਤੋਂ ਹੋਣ ਦਾ ਖਦਸ਼ਾ ਜ਼ਾਹਰ ਕਰਦਿਆਂ ਦੋਸ਼ ਲਾਇਆ ਕਿ ਜਿਵੇਂ ਸਾਮਰਾਜ ਪੱਖੀ ਹਕੂਮਤਾਂ ਵੱਲੋਂ ਯੂ ਏ ਪੀ ਏ ਤੇ ਐੱਨ ਐੱਸ ਏ ਵਰਗੇ ਲੋਕ ਵਿਰੋਧੀ ਸਖ਼ਤ ਕਾਨੂੰਨਾਂ ਦੀ ਆਪਣੇ ਸਿਆਸੀ ਤੇ ਵਿਚਾਰਧਾਰਕ ਵਿਰੋਧੀਆਂ ਦੇ ਖ਼ਿਲਾਫ਼ ਦੁਰਵਰਤੋਂ ਕਰਕੇ ਉਨ੍ਹਾਂ ਨੂੰ ਕਈ ਕਈ ਸਾਲਾਂ ਤੱਕ ਜੇਲ੍ਹਾਂ ਵਿੱਚ ਨਜ਼ਰਬੰਦ ਕੀਤਾ ਗਿਆ ਹੈ, ਉਵੇਂ ਹੀ ਧਾਰਮਿਕ ਬੇਅਦਬੀ ਵਿਰੋਧੀ ਕਾਨੂੰਨ ਹੇਠ ਸਿਆਸੀ ਵਿਰੋਧੀਆਂ ਤੇ ਵਿਗਿਆਨਕ ਸੋਚ ਦੇ ਧਾਰਨੀਆਂ ਨੂੰ ਧਾਰਮਿਕ ਬੇਅਦਬੀ ਦੇ ਝੂਠੇ ਕੇਸਾਂ ਵਿੱਚ ਫਸਾ ਕੇ ਉਨ੍ਹਾਂ ਦੀ ਜ਼ਬਾਨਬੰਦੀ ਕੀਤੀ ਜਾਵੇਗੀ।ਤਰਕਸ਼ੀਲ ਆਗੂਆਂ ਨੇ ਅਜਿਹੇ ਫਾਸ਼ੀਵਾਦੀ ਕਾਨੂੰਨ ਤੇ ਸਖ਼ਤ ਸਜ਼ਾ ਦੀ ਤਜਵੀਜ਼ ਨੂੰ ਸੰਵਿਧਾਨ ਦੀ ਧਾਰਾ 51- ਏ (ਐੱਚ) ਦੀ ਉਲੰਘਣਾ ਤੇ ਅਗਾਂਹਵਧੂ ਸਮਾਜ ਤੇ ਨਾਗਰਿਕਾਂ ਦੇ ਜਮਹੂਰੀ ਹੱਕਾਂ ਦਾ ਵਿਰੋਧੀ ਦੱਸਦਿਆਂ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਕਾਨੂੰਨ ਦੇ ਖਰੜੇ ਵਿੱਚ ਸ਼ਾਮਲ ਹੋਰ ਧਾਰਮਿਕ ਗ੍ਰੰਥਾਂ ਦੇ ਨੁਕਤੇ ਬਾਰੇ ਸਪੱਸ਼ਟ ਵਿਆਖਿਆ ਕਰਨ ਦੀ ਵੀ ਮੰਗ ਕੀਤੀ ।

# ਵਿਦਿਆਰਥੀਆਂ ਵੱਲੋਂ ਮਾਤਾ ਗੁਜਰੀ ਕਾਲਜ ਦਾ ਦੌਰਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਓਣਾ ਦੇ ਵਿਦਿਆਰਥੀਆਂ ਨੇ ਮਾਤਾ ਗੁਜਰੀ ਕਾਲਜ ਦਾ ਵਿੱਦਿਅਕ ਦੌਰਾ ਕੀਤਾ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਕਾਲਜ ਦੇ ਕੰਪਿਊਟਰ ਸਾਇੰਸ ਬਲਾਕ, ਕਾਮਰਸ ਬਲਾਕ, ਕਾਲਜ ਲਾਇਬ੍ਰੇਰੀ ਤੇ ਆਧੁਨਿਕ ਕੰਪਿਊਟਰਾਂ ਨਾਲ ਲੈਸ ਲੈਬਾਂ ਵੇਖ ਕੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ।ਪ੍ਰਿੰਸੀਪਲ ਗੰਗਾ ਰਾਣੀ ਨੇ ਕਾਲਜ ਪ੍ਰਿੰਸੀਪਲ ਤੇ ਸਟਾਫ਼ ਦਾ ਵਿਦਿਆਰਥੀਆਂ ਨੂੰ ਉਚੇਰੀ ਵਿੱਦਿਆ ਲਈ ਸਹੀ ਮਾਰਗਦਰਸ਼ਨ ਪ੍ਰਦਾਨ ਕਰਨ 'ਤੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਕਾਲਜ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਸਕੂਲ ਅਧਿਆਪਕਾਂ ਨੂੰ ਜੀ ਆਇਆਂ ਨੂੰ ਕਹਿੰਦਿਆਂ ਸਕੂਲ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਕਾਲਜ ਵਿਖੇ ਉਚੇਰੀ ਵਿੱਦਿਆ ਲਈ ਉਪਲੱਬਧ ਵੱਖ-ਵੱਖ ਕੋਰਸਾਂ ਸਬੰਧੀ ਵੱਡਮੁੱਲੀ ਜਾਣਕਾਰੀ ਪ੍ਰਦਾਨ ਕੀਤੀ।

# ਪੰਜਾਬ ਨੰਬਰਦਾਰ ਯੂਨੀਅਨ ਜ਼ਿਲ੍ਹਾ ਮਾਨਸਾ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਨੰਬਰਦਾਰ ਯੂਨੀਅਨ ਰਜਿ. 643 ਜ਼ਿਲ੍ਹਾ ਮਾਨਸਾ ਦੀ ਮੀਟਿੰਗ ਪ੍ਰਧਾਨ ਅਮ੍ਰਿਤਪਾਲ ਸਿੰਘ ਗੁਰਨੇ ਕਲਾਂ ਦੀ ਪ੍ਰਧਾਨਗੀ ਹੇਠ ਸਥਾਨਕ ਨੰਬਰਦਾਰ ਭਵਨ ਵਿਖੇ ਹੋਈ। ਮੀਟਿੰਗ 'ਚ ਨੰਬਰਦਾਰਾਂ ਨੇ ਪੰਜਾਬ ਸਰਕਾਰ ਦੇ ਸੇਵਾ ਕੇਂਦਰ ਵਿੱਚ ਨੰਬਰਦਾਰਾਂ ਦੀਆਂ ਆਈ. ਡੀਜ਼ ਤੇ ਆਨਲਾਈਨ ਕੰਮ ਦੀ ਪ੍ਰਸੰਸਾ ਕੀਤੀ, ਜਿਸ ਕਾਰਨ ਲੋਕਾਂ ਨੂੰ ਸਮੇਂ ਸਿਰ ਸਹੀ ਕੰਮ ਮਿਲ ਸਕਦਾ ਹੈ, ਜਿਸ ਵਿੱਚ ਨੰਬਰਦਾਰਾਂ ਦਾ ਕੰਮ ਆਸਾਨ ਹੋ ਗਿਆ ਹੈ, ਪ੍ਰੰਤੂ ਸੇਵਾ ਕੇਂਦਰਾਂ ਵਿੱਚ ਭਰੇ ਜਾਣ ਵਾਲੇ ਫਾਰਮਾਂ ਵਿੱਚ ਜਾਤੀ ਲਿਖਣੀ ਲਾਜਮੀ ਕੀਤੀ ਜਾਵੇ, ਤਾਂ ਕਿ ਉਨ੍ਹਾਂ ਦੀ ਤਸਦੀਕ ਸਹੀ ਹੋ ਸਕੇ। ਇਸ ਸਮੇਂ ਨੰਬਰਦਾਰਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ 15 ਅਗਸਤ ਤੇ 26 ਜਨਵਰੀ ਮੌਕੇ ਸਮਾਜ ਸੇਵਾ ਵਿੱਚ ਕੰਮ ਕਰਨ ਵਾਲੇ ਨੰਬਰਦਾਰਾਂ ਨੂੰ ਵੀ ਸਨਮਾਨਤ ਕੀਤਾ ਜਾਵੇ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਵੀ ਕੀਤੀ ਕਿ ਨੰਬਰਦਾਰਾਂ ਦੀ ਪਿਛਲੇ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਵੱਲ ਵੀ ਧਿਆਨ ਦਿੱਤਾ ਜਾਵੇ। ਇਸ ਮੌਕੇ ਵੱਖ ਵੱਖ ਤਹਿਸੀਲਾਂ ਦੇ ਪ੍ਰਧਾਨਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨੰਬਰਦਾਰ ਹਾਜ਼ਰ ਸਨ। ਮੀਟਿੰਗ ਦੌਰਾਨ ਤਹਿਸੀਲ ਬੁਢਲਾਡਾ ਦੇ ਪ੍ਰਧਾਨ ਗੁਰਵਰਨ ਸਿੰਘ ਕੁਲਾਣਾ, ਸੁਰਜੀਤ ਸਿੰਘ ਖੀਵਾ, ਹਰਬੰਸ ਸਿੰਘ ਭੂਪਾਲ, ਧਰਮਿੰਦਰ ਸਿੰਘ ਬਰਨਾਲਾ, ਗੁਰਤੇਜ ਸਿੰਘ ਭੈਣੀਬਾਘਾ, ਕਰਮਜੀਤ ਸਿੰਘ ਭੀਖੀ, ਨਿਰਮਲਜੀਤ ਸਿੰਘ ਚੱਕ ਭਾਈਕੇ, ਸਤਗੁਰ ਸਿੰਘ, ਅਵਤਾਰ ਸਿੰਘ, ਬਲਦੇਵ ਸਿੰਘ, ਦਰਸ਼ਨ ਸਿੰਘ ਜੋਈਆਂ, ਸੁਖਰਾਜ ਫਫੜੇ, ਗੁਰਜੀਵਨ ਮਾਖਾ, ਦਰਸ਼ਨ ਸਿੰਘ ਚਹਿਲਾ, ਗੁਰਮੀਤ ਸਿੰਘ ਹੀਰੋ ਖੁਰਦ ਆਦਿ ਨੰਬਰਦਾਰ ਹਾਜ਼ਰ ਸਨ।

# ਫਤਿਹ ਕਾਲਜ ਦੇ ਬੀ ਐੱਸ ਸੀ (ਨਾਨ-ਮੈਡੀਕਲ) ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫਤਿਹ ਕਾਲਜ ਰਾਮਪੁਰਾ ਫੂਲ ਦੇ ਬੀ.ਐੱਸਸੀ. (ਨਾਨ-ਮੈਡੀਕਲ) ਤੀਜੇ ਸਮੈਸਟਰ, ਸੈਸ਼ਨ 2024-2025 ਦੇ ਨਤੀਜੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਹਨ, ਜੋ ਕਿ ਅਤਿ ਸ਼ਾਨਦਾਰ ਰਹੇ ਹਨ।ਇਨ੍ਹਾਂ ਨਤੀਜਿਆਂ 'ਚ ਮਨਪ੍ਰੀਤ ਕੌਰ ਨੇ ਪਹਿਲੀ, ਮੁਸਕਾਨਪ੍ਰੀਤ ਕੌਰ ਨੇ ਦੂਜੀ, ਮਨੂੰਪ੍ਰਿਆ ਨੇ ਤੀਜੀ ਤੇ ਜਸਪ੍ਰੀਤ ਕੌਰ ਨੇ ਚੌਥੀ ਪੁਜ਼ੀਸ਼ਨ ਹਾਸਲ ਕੀਤੀ। ਫਤਿਹ ਕਾਲਜ ਦੇ ਚੇਅਰਮੈਨ ਸ੍ਰ. ਐੱਸ. ਐੱਸ. ਚੱਠਾ ਨੇ ਸਾਇੰਸ ਵਿਭਾਗ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਸਾਡੇ ਵਿਦਿਆਰਥੀਆਂ ਦੀ ਇਹ ਸਫਲਤਾ ਸਾਡੇ ਸਾਇੰਸ ਵਿਭਾਗ ਦੀ ਮਿਹਨਤ, ਸਮਰਪਣ ਤੇ ਉੱਤਮ ਅਧਿਆਪਨ ਦਾ ਨਤੀਜਾ ਹੈ।ਅਸੀਂ ਵਿਦਿਆਰਥੀਆਂ ਨੂੰ ਨਵੀਆਂ ਉਚਾਈਆਂ ਛੂਹਣ ਲਈ ਪ੍ਰੇਰਿਤ ਕਰਦੇ ਹਾਂ ਅਤੇ ਸਾਡਾ ਵਿਭਾਗ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹੈ।ਸਹਾਇਕ ਡਾਇਰੈਕਟਰ ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਕਰਮਜੀਤ ਕੌਰ, ਪ੍ਰੋ. ਬੰਧਨ ਸ਼ਰਮਾ, ਪ੍ਰੋ. ਪ੍ਰਨੀਤ ਕੌਰ, ਪ੍ਰੋ. ਸੁਖਪ੍ਰੀਤ ਕੌਰ, ਪ੍ਰੋ. ਅਨਿਕਾ ਤੇ ਪ੍ਰੋ. ਜਸਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੀ ਸਫਲਤਾ ਵਿੱਚ ਅਹਿਮ ਭੂਮਿਕਾ ਨਿਭਾਈ।ਸੰਸਥਾ ਦੇ ਐੱਮ ਡੀ ਮਨਜੀਤ ਕੌਰ ਚੱਠਾ, ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਸਿੱਧੂ, ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ, ਪ੍ਰਿੰਸੀਪਲ ਬਘੇਲ ਸਿੰਘ, ਪ੍ਰੋ. ਕੁਮਾਰੀ ਸ਼ੈਲਜਾ, ਪ੍ਰੋ. ਸੋਨਵਿੰਦਰ ਸਿੰਘ, ਪ੍ਰੋ. ਸੰਦੀਪ ਕੌਰ ਤੋਂ ਇਲਾਵਾ ਸਮੂਹ ਸਟਾਫ ਨੇ ਉਕਤ ਪ੍ਰਾਪਤੀ 'ਤੇ ਮੁਬਾਰਕਬਾਦ ਦਿੱਤੀ।ਫਤਿਹ ਕਾਲਜ ਦੀ ਇਸ ਪ੍ਰਾਪਤੀ ਨੇ ਇੱਕ ਵਾਰ ਫਿਰ ਸਾਬਿਤ ਕਰ ਦਿੱਤਾ ਹੈ ਕਿ ਸਮਰਪਤ ਅਧਿਆਪਨ ਤੇ ਵਿਦਿਆਰਥੀਆਂ ਦੀ ਮਿਹਨਤ ਨਾਲ ਸ਼ਾਨਦਾਰ ਨਤੀਜੇ ਹਾਸਲ ਕੀਤੇ ਜਾ ਸਕਦੇ ਹਨ।

# ਰੋਟਰੀ ਕਲੱਬ ਫ਼ਿਰੋਜ਼ਪੁਰ ਰਾਇਲ ਨੇ ਇੰਸੂਲੇਟਿਡ ਪਾਣੀ ਦੀਆਂ ਬੋਤਲਾਂ ਵੰਡੀਆਂ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਰੋਟਰੀ ਕਲੱਬ ਫ਼ਿਰੋਜ਼ਪੁਰ ਰਾਇਲ ਨੇ ਸਮਾਜ ਦੀ ਸੇਵਾ ਲਈ ਇਕ ਹੋਰ ਪ੍ਰਸ਼ੰਸਾਯੋਗ ਕਦਮ ਚੁੱਕਦਿਆਂ ਫਿਰੋਜ਼ਪੁਰ ਕੈਂਟ ਰੇਲਵੇ ਸਟੇਸ਼ਨ ਦੇ ਆਲੇ-ਦੁਆਲੇ ਆਟੋ ਰਿਕਸ਼ਾ ਚਾਲਕਾਂ, ਰਿਕਸ਼ਾ ਚਾਲਕਾਂ ਤੇ ਹੋਰ ਲੋੜਵੰਦ ਲੋਕਾਂ ਵਿੱਚ ਲਗਭਗ 100 ਇੰਸੂਲੇਟਿਡ ਪਾਣੀ ਦੀਆਂ ਬੋਤਲਾਂ ਵੰਡੀਆਂ।ਇਹ ਪਹਿਲਕਦਮੀ ਗਰਮ ਅਤੇ ਨਮੀ ਵਾਲੇ ਮੌਸਮ ਵਿਚ ਮਿਹਨਤਕਸ਼ ਲੋਕਾਂ ਨੂੰ ਠੰਡਾ ਤੇ ਸਾਫ਼ ਪਾਣੀ ਮੁਹੱਈਆ ਰਵਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਸੀ।

ਇਸ ਪ੍ਰੋਜੈਕਟ ਦਾ ਮੁੱਖ ਮਕਸਦ ਸਮਾਜ ਦੇ ਉਨ੍ਹਾਂ ਮਿਹਨਤੀ ਵਰਗਾਂ ਨੂੰ ਰਾਹਤ ਪ੍ਰਦਾਨ ਕਰਨਾ ਸੀ, ਜਿਨ੍ਹਾਂ ਕੋਲ ਗ਼ਰਮੀ ਦੇ ਮੌਸਮ 'ਚ ਠੰਡੇ ਪਾਣੀ ਦੀ ਸਹੂਲਤ ਨਹੀਂ ਹੁੰਦੀ।ਇਸ ਮੌਕੇ ਰੋਟਰੀ ਕਲੱਬ ਦੇ ਪ੍ਰਮੁੱਖ ਮੈਂਬਰ ਜਿਵੇਂ ਪ੍ਰਧਾਨ ਕੁਨਾਲ ਪੁਰੀ, ਕੈਸ਼ੀਅਰ ਵਿਪਨ ਅਰੋੜਾ, ਸੰਦੀਪ ਅਗਰਵਾਲ ਤੇ ਸੰਦੀਪ ਤਿਵਾੜੀ ਸਮੇਤ ਹੋਰ ਰਾਇਲ ਰੋਟੇਰੀਅਨ ਮੌਜੂਦ ਸਨ।

# ਮਾਤਾ ਨੈਣਾਂ ਦੇਵੀ ਦੇ ਦਰਸ਼ਨਾਂ ਲਈ ਸਮਾਣਾ ਤੋਂ ਪੈਦਲ ਯਾਤਰਾ ਰਵਾਨਾ

## ਜਗਰਾਤੇ 'ਚ ਵਿਧਾਇਕ ਜੌੜਾਮਾਜਰਾ, ਮੈਡਮ ਰੰਧਾਵਾ, ਰਵਿੰਦਰ ਕੌਰ, ਰਮੇਸ਼ ਗਰਗ ਤੇ ਸੰਦੀਪ ਸਿੰਗਲਾ ਆਦਿ ਨੇ ਭਰੀ ਹਾਜ਼ਰੀ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਸ੍ਰੀ ਨੈਣਾ ਦੇਵੀ ਪੈਦਲ ਯਾਤਰਾ ਦਲ ਵੱਲੋਂ ਐਤਵਾਰ ਸਵੇਰੇ ਸੰਸਥਾ ਦੇ ਪ੍ਰਧਾਨ ਵਿਜੇ ਮਿੱਤਲ ਬੰਟੀ ਦੀ ਅਗਵਾਈ 'ਚ 200 ਵਿਅਕਤੀਆਂ ਦਾ ਦਲ ਸ੍ਰੀ ਨੈਣਾ ਦੇਵੀ ਦੇ ਦਰਸ਼ਨਾਂ ਲਈ ਰਵਾਨਾ ਹੋਇਆ।ਇਹ ਯਾਤਰਾ ਸਰਾਂ ਪੱਤੀ ਚੌਕ ਤੋਂ ਬੱਬੀ ਇਲੈਕਟ੍ਰੀਸ਼ਨ ਦੇ ਘਰੋਂ ਮਾਤਾ ਰਾਣੀ ਦੇ ਸਰੂਪ ਨੂੰ ਹਿੰਡੋਲੇ ਵਿੱਚ ਸਜਾ ਕੇ ਜੋਤ ਜਗਾ ਕੇ ਸ਼ੁਰੂ ਕੀਤ।ਇਹ ਚਾਰ ਦਿਨਾਂ ਵਿੱਚ ਪਹੁੰਚਣ ਵਾਲੀ ਇਹ ਦਲ ਦੀ 37ਵੀਂ ਯਾਤਰਾ ਹੈ। ਬੀਤੀ ਰਾਤ ਮਾਤਾ ਨੈਣਾਂ ਆਰੀਆ ਧਰਮਸ਼ਾਲਾ ਵਿੱਚ ਮਹਾਂਮਾਈ ਦੀ ਮਹਿਮਾ ਦਾ ਵਿਸ਼ਾਲ ਗੁਣ ਗਾਇਨ ਸਮਾਗਮ ਕੀਤਾ ਗਿਆ, ਜਿਸ ਵਿਚ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਦੇ ਪ੍ਰਧਾਨ ਬੀਬਾ ਗੁਰਸ਼ਰਨ ਕੌਰ ਰੰਧਾਵਾ, ਸਾਬਕਾ ਵਿਧਾਇਕ ਰਜਿੰਦਰ ਸਿੰਘ ਦੀ ਧਰਮਪਤਨੀ ਬੀਬੀ ਰਵਿੰਦਰ ਕੌਰ, ਕਾਂਗਰਸੀ ਆਗੂ ਸੰਦੀਪ ਸਿੰਗਲਾ, ਰਛਪਾਲ ਸਿੰਘ ਜੌੜਾਮਾਜਰਾ, ਉਦਯੋਗਪਤੀ ਰਮੇਸ਼ ਗਰਗ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ, ਠੇਕੇਦਾਰ ਪ੍ਰਮੋਦ ਸਿੰਗਲਾ, ਪ੍ਰਧਾਨ ਜੀਵਨ ਗਰਗ, ਟੋਨੀ ਆਲਮਪੁਰ, ਡਾ. ਧਰਮਪਾਲ ਗਰਗ, ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ, ਕਿੱਟੀ ਗਰਗ, ਸਚਿਨ ਕੰਬੋਜ, ਗੋਪਾਲ ਕ੍ਰਿਸ਼ਨ ਗਰਗ ਅਤੇ ਸਨੈਣਾ ਮਾਤਾ ਨੈਣਾ ਆਰੀਆ ਧਰਮਸ਼ਾਲਾ ਸਮਾਣਾ ਵਿਖੇ ਸ੍ਰੀ ਨੈਣਾ ਦੇਵੀ ਪੈਦਲ ਯਾਤਰਾ ਦਲ ਦੇ ਪ੍ਰਧਾਨ ਵਿਜੇ ਮਿੱਤਲ ਬੰਟੀ ਸਣੇ ਦਲ ਦੇ ਅਹੁਦੇਦਾਰ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦਾ ਸਨਮਾਨ ਕਰਦੇ ਹੋਏ। ਮਿੱਤਲ ਸਮੇਤ ਸ਼ਹਿਰ ਦੀਆਂ ਪ੍ਰਮੁੱਖ ਹਸਤੀਆਂ ਨੇ ਸ਼ਿਰਕਤ ਕੀਤੀ।ਮਹਿਮਾਨਾਂ ਦਾ ਪ੍ਰਧਾਨ ਵਿਜੇ ਮਿੱਤਲ ਬੰਟੀ, ਪ੍ਰੈੱਸ ਸਕੱਤਰ ਵਿਜੇ ਗਰਗ, ਨਿਸ਼ਾਂਤ ਸਿੰਗਲਾ, ਸੰਜੀਵ ਸੰਜੂ, ਰਜਿੰਦਰ ਕੁਮਾਰ, ਟੀਨੂ ਜੈਨ, ਹੇਮੰਤ ਮੰਨ, ਗੁਰਪ੍ਰੀਤ ਵਿੱਕੀ ਅਤੇ ਗਗਨਦੀਪ ਸਿੰਘ ਨਾਗੀ ਨੇ ਸਨਮਾਨ ਕੀਤਾ। ਇਸ ਮੌਕੇ ਜਰਨਲਿਸਟ ਪ੍ਰੈੱਸ ਕਲੱਬ ਦੇ ਪ੍ਰਧਾਨ ਪ੍ਰੀਤਮ ਸਿੰਘ ਨਾਗੀ,ਜਰਨਲ ਸਕੱਤਰ ਇਕਬਾਲ ਸਿੰਘ, ਹਰਜਿੰਦਰ ਸਿੰਘ ਜਵੰਧਾ, ਦੀਵਾਨ ਥਰੇਜਾ, ਰਜਿੰਦਰ ਸਿੰਘ ਫਤਿਹਪੁਰ, ਹਰਵਿੰਦਰ ਸਿੰਘ ਟੋਨੀ ਨਾਗੀ, ਸਮੇਤ ਇਕ ਦਰਜਨ ਪੱਤਰਕਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਵਿਧਾਇਕ ਜੌੜਾਮਾਜਰਾ ਨੇ ਸ੍ਰੀ ਨੈਣਾ ਦੇਵੀ ਪੈਦਲ ਯਾਤਰਾ ਦਲ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦੇਵੀ-ਦੇਵਤੇ ਪੂਜਣਯੋਗ ਹਨ, ਜਿਨ੍ਹਾਂ ਨੇ ਮਨੁੱਖਤਾ ਨੂੰ ਸਾਰਥਿਕ ਜ਼ਿੰਦਗੀ ਦਾ ਰਾਹ ਵਿਖਾਇਆ ਹੈ।

# ਸਟੱਡੀ ਸਰਕਲ ਨੇ ਸੇਵਾ ਦਿਵਸ ਨੂੰ ਬਿਰਧ ਆਸ਼ਰਮ, ਸਿਵਲ ਹਸਪਤਾਲ ਤੇ ਪਿੰਗਲਵਾੜਾ ਵਿਖੇ ਮਨਾਇਆ

## ਬਜ਼ੁਰਗਾਂ ਤੇ ਮਰੀਜ਼ਾਂ ਦੀ ਸਿਹਤ ਤੰਦਰੁਸਤੀ ਦੀ ਕੀਤੀ ਅਰਦਾਸ




**ਸੰਗਰੂਰ (ਪ੍ਰਵੀਨ ਸਿੰਘ)**-ਹਰ ਸਾਲ ਦੀ ਤਰ੍ਹਾਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਸੰਗਰੂਰ ਜ਼ੋਨ ਵੱਲੋਂ ਅੱਠਵੇਂ ਪਾਤਿਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦੇ ਆਗਮਨ ਪੁਰਬ ਨੂੰ ਸੇਵਾ ਦਿਵਸ ਵਜੋਂ ਮਨਾਇਆ ਗਿਆ।ਇਸ ਸਬੰਧੀ ਸ਼ੁਰੂਆਤ ਸ਼ਿਵ ਸ਼ੰਕਰ ਬਿਰਧ ਆਸ਼ਰਮ ਸੰਗਰੂਰ ਤੋਂ ਕੀਤੀ ਗਈ। ਇਸ ਮੌਕੇ ਸਟੱਡੀ ਸਰਕਲ ਦੇ ਜ਼ੋਨਲ ਸਕੱਤਰ ਅਜਮੇਰ ਸਿੰਘ, ਕੁਲਵੰਤ ਸਿੰਘ ਨਾਗਰੀ ਜ਼ੋਨਲ ਪ੍ਰਧਾਨ ਦੀ ਅਗਵਾਈ ਵਿੱਚ ਕਾਫਲੇ ਰੂਪ ਵਿੱਚ ਪਹੁੰਚੇ ਮੈਂਬਰਾਂ ਦਾ ਆਸ਼ਰਮ ਦੇ ਪ੍ਰਧਾਨ ਮੋਹਨ ਸ਼ਰਮਾ ਤੇ ਏ ਪੀ ਸਿੰਘ ਬਾਬਾ ਟਰਸੱਟੀ ਅਤੇ ਕ੍ਰਿਸ਼ਨ ਅਰੋੜਾ ਨੇ ਸਵਾਗਤ ਕੀਤਾ।ਸੁਰਿੰਦਰ ਪਾਲ ਸਿੰਘ ਸਿਦਕੀ ਸੇਵਾ ਦਿਵਸ ਦੀ ਸ਼ੁਰੂਆਤ ਲਈ ਅਰਦਾਸ ਕੀਤੀ ਤੇ ਬਜ਼ੁਰਗਾਂ ਦੀ ਸਿਹਤ ਤੰਦਰੁਸਤੀ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ।ਸਟੱਡੀ ਸਰਕਲ ਦੇ ਮੈਂਬਰਾਂ ਗੁਰਮੇਲ ਸਿੰਘ, ਗੁਲਜ਼ਾਰ ਸਿੰਘ, ਬਲਵੰਤ ਸਿੰਘ ਭਿੱਖੀ, ਬਲਵਿੰਦਰ ਸਿੰਘ ਨੇ ਬਜ਼ੁਰਗਾਂ ਨੂੰ ਫਲ ਤੇ ਲਿਟਰੇਚਰ ਦਿੱਤਾ।ਮੋਹਨ ਸ਼ਰਮਾ ਤੇ ਏ ਪੀ ਸਿੰਘ ਬਾਬਾ ਨੇ ਗੁਰੂ ਸਾਹਿਬ ਦੇ ਜਨਮ ਦਿਨ ਨੂੰ ਸੇਵਾ ਭਾਵ ਨਾਲ ਸਾਰਥਿਕ ਰੂਪ ਵਿੱਚ ਮਨਾਉਣ ਲਈ ਸਟੱਡੀ ਸਰਕਲ ਦੀ ਸ਼ਲਾਘਾ ਕੀਤੀ।ਸਟੱਡੀ ਸਰਕਲ ਵੱਲੋਂ ਉਪਰੋਕਤ ਪ੍ਰਬੰਧਕਾਂ ਨੂੰ ਸਨਮਾਨਤ ਕੀਤਾ ਗਿਆ।

ਇਸ ਤੋਂ ਬਾਅਦ ਇਹ ਕਾਫਲਾ ਸਿਵਲ ਹਸਪਤਾਲ ਵਿਖੇ ਪਹੁੰਚਿਆ, ਜਿੱਥੇ ਡਾ. ਵਿਨੋਦ ਕੁਮਾਰ ਸੀਨੀਅਰ ਮੈਡੀਕਲ ਅਫ਼ਸਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾ. ਦਿਨੇਸ਼ ਕੁਮਾਰ ਗਲਾ, ਨੱਕ, ਕੰਨ ਵਿਭਾਗ ਤੇ ਡਾਕਟਰ ਰਮਨਬੀਰ ਕੌਰ ਗਾਇਨੀ ਮਾਹਿਰ ਦੀ ਅਗਵਾਈ ਵਿੱਚ ਹਸਪਤਾਲ ਦੇ ਵੱਖ ਵੱਖ ਵਾਰਡਾਂ ਵਿੱਚ ਜਾ ਕੇ ਹਰਵਿੰਦਰ ਕੌਰ, ਅਮਨਦੀਪ ਕੌਰ, ਹਰਭਜਨ ਸਿੰਘ ਭੱਟੀ ਤੇ ਸੁਰਿੰਦਰ ਪਾਲ ਸਿੰਘ ਸਿਦਕੀ ਨੇ ਗੁਰੂ ਸਾਹਿਬ ਜੀਵਨ ਤੋਂ ਮਿਲਦੇ ਸੇਵਾ ਸਿਧਾਂਤ ਬਾਰੇ ਦਸਦੇ ਹੋਏ ਮਰੀਜ਼ਾਂ ਦੇ ਜਲਦੀ ਦੇਹ ਤੰਦਰੁਸਤੀ ਦੀ ਅਰਦਾਸ ਕੀਤੀ ਤੇ ਉਨ੍ਹਾਂ ਨੂੰ ਫਲ ਫਰੂਟ ਧਾਰਮਿਕ ਸਾਹਿਤ ਆਦਿ ਦੀ ਵੰਡ ਕੀਤੀ।

ਇਸ ਮੌਕੇ ਰਾਵਿੰਦਰ ਸਿੰਘ ਵਾਰਡ ਅਟੈਂਡੈਂਟ, ਯਾਦਵਿੰਦਰ ਸਿੰਘ, ਅਮਨਦੀਪ ਸਿੰਘ ਦੀ ਹਾਜ਼ਰੀ ਵਿੱਚ ਸਟੱਡੀ ਸਰਕਲ ਵੱਲੋਂ ਲਾਭ ਸਿੰਘ, ਕੁਲਵੰਤ ਸਿੰਘ ਨਾਗਰੀ, ਅਜਮੇਰ ਸਿੰਘ ਨੇ ਡਾ ਦਿਨੇਸ਼ ਤੇ ਰਮਨਬੀਰ ਕੌਰ ਨੂੰ ਸਨਮਾਨ ਨਿਸ਼ਾਨੀ ਦੇ ਕੇ ਸਨਮਾਨਤ ਕੀਤਾ।ਹਰਪ੍ਰੀਤ ਕੌਰ ਪ੍ਰਧਾਨ ਬੇਬੇ ਨਾਨਕੀ ਸਿਲਾਈ ਕੇਂਦਰ, ਹਰਜਿੰਦਰ ਕੌਰ ਫਤਿਹਗੜ੍ਹ ਛੰਨਾ, ਬਲਜੀਤ ਕੌਰ ਪਟਿਆਲਾ, ਗੁਰਵਿੰਦਰ ਸਿੰਘ, ਵਤਨਨਦੀਪ ਸਿੰਘ, ਸੁਖਵੀਰ ਸਿੰਘ, ਪ੍ਰੇਮ ਆਦਿ ਸਮੇਤ ਨਰਸਿੰਗ ਸਟਾਫ਼ ਨੇ ਇਸ ਮੌਕੇ ਵਿਸ਼ੇਸ਼ ਸਹਿਯੋਗ ਦਿੱਤਾ।ਪਿੰਗਲਵਾੜਾ ਸ਼ਾਖਾ ਸੰਗਰੂਰ ਵਿਖੇ ਪਹੁੰਚਣ 'ਤੇ ਹਰਜੀਤ ਸਿੰਘ ਅਰੋੜਾ ਤੇ ਮਾਸਟਰ ਸਤਪਾਲ ਸ਼ਰਮਾ ਨੇ ਸਟੱਡੀ ਸਰਕਲ ਦੇ ਮੈਂਬਰਾਂ ਦਾ ਸਵਾਗਤ ਤੇ ਸੇਵਾ ਉਪਰਾਲੇ ਦੀ ਸ਼ਲਾਘਾ ਕੀਤੀ।ਸਟੱਡੀ ਸਰਕਲ ਵੱਲੋਂ ਮਰੀਜ਼ਾਂ ਨੂੰ ਫਲ ਫਰੂਟ ਦੇਣ ਨਾਲ ਉਨ੍ਹਾਂ ਦੀ ਸਿਹਤਯਾਬੀ ਦੀ ਕਾਮਨਾ ਕੀਤੀ ਗਈ।

# ਲੜਕੀ ਮਾਪਿਆਂ ਲਈ ਬੋਝ ਨਹੀਂ, ਸਗੋਂ ਇੱਕ ਵਰਦਾਨ ਹੈ : ਡਾ. ਰਮਨਦੀਪ ਕੌਰ



**ਸਮਰਾਲਾ (ਸੁਰਜੀਤ ਸਿੰਘ)**-ਭਾਵੇਂ ਕਿ ਆਧੁਨਿਕ ਯੁੱਗ ਵਿੱਚ ਸਮਾਜ ਨੇ ਕਈ ਖੇਤਰਾਂ ਵਿੱਚ ਉੱਨਤੀ ਹਾਸਲ ਕਰ ਲਈ ਹੈ, ਪਰ ਅੱਜ ਵੀ ਕੁਝ ਅਜਿਹੀਆਂ ਸਮਾਜਿਕ ਕੁਰੀਤੀਆਂ ਹਨ, ਜੋ ਮਾਨਵਤਾ 'ਤੇ ਧੱਬਾ ਹਨ।ਇਨ੍ਹਾਂ ਵਿੱਚੋਂ ਮਾਦਾ ਭਰੂਣ ਹੱਤਿਆ ਸਭ ਤੋਂ ਗੰਭੀਰ ਤੇ ਚਿੰਤਾਜਨਕ ਸਮੱਸਿਆ ਹੈ।ਇਹ ਨਾ ਸਿਰਫ਼ ਕਾਨੂੰਨਨ ਅਪਰਾਧ ਹੈ, ਸਗੋਂ ਨੈਤਿਕ ਪਾਪ ਤੇ ਸਮਾਜਿਕ ਅਨਿਆਂ ਵੀ ਹੈ।ਇਹ ਵਿਚਾਰ ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਨੇ ਪ੍ਰਗਟ ਕਰਦਿਆਂ ਜ਼ਿਲ੍ਹੇ ਭਰ ਵਿੱਚ ਮਾਦਾ ਭਰੂਣ ਹੱਤਿਆ ਵਿਰੁੱਧ ਜ਼ਬਰਦਸਤ ਜਾਗਰੂਕਤਾ ਮੁਹਿੰਮ ਚਲਾਉਣ ਦੇ ਆਦੇਸ਼ ਜਾਰੀ ਕੀਤੇ।ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਅਮਨਪ੍ਰੀਤ ਕੌਰ ਨੇ ਦੱਸਿਆ ਕਿ ਲੜਕੀਆਂ ਤੇ ਲੜਕਿਆਂ ਵਿੱਚ ਸਮਾਨਤਾ ਲਈ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਭਰ ਵਿੱਚ ਚੱਲ ਰਹੇ ਅਲਟਰਾਸਾਊਂਡ ਸਕੈਨ ਸੈਂਟਰਾਂ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਐਕਟ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਪਰਮਿੰਦਰ ਸਿੰਘ ਅਤੇ ਜ਼ਿਲ੍ਹਾ ਬੀਸੀਸੀ ਕੋਆਰਡੀਨੇਟਰ ਬਰਜਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਲੜਕੀਆਂ ਤੇ ਲੜਕਿਆਂ ਦੇ ਲਿੰਗ ਅਨੁਪਾਤ ਵਿੱਚ ਅੰਤਰ ਸਮਾਜਿਕ ਸੰਤੁਲਨ ਨੂੰ ਖਤਰੇ ਵਿੱਚ ਪਾ ਰਿਹਾ ਹੈ।ਭਵਿੱਖ ਵਿੱਚ ਲੜਕੇ ਤੇ ਲੜਕੀ ਦੇ ਅਨੁਪਾਤ ਵਿੱਚ ਅੰਤਰ ਖ਼ਤਰਾ ਹੈ।ਉਨ੍ਹਾਂ ਕਿਹਾ ਕਿ ਭਾਵੇਂ ਭਰੂਣ ਹੱਤਿਆ ਰੋਕਣ ਲਈ ਸਖ਼ਤ ਕਾਨੂੰਨ ਬਣੇ ਹੋਏ ਹਨ, ਪਰ ਇਸ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕਰਨਾ ਵੀ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਦੇ ਤਹਿਤ ਲੜਕੀਆਂ ਦੀ ਸਿੱਖਿਆ, ਪੋਸ਼ਣ ਤੇ ਸੁਰੱਖਿਆ ਲਈ ਕਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ।ਲੜਕੀਆਂ ਨੂੰ ਉੱਚੀ ਸਿੱਖਿਆ, ਸਕੂਲ ਵਿੱਚ ਦਾਖਲਾ ਤੇ ਆਤਮ ਨਿਰਭਰ ਬਣਾਉਣ ਲਈ ਸਭ ਨੂੰ ਮਿਲ ਕੇ ਇਹ ਸੋਚਣਾ ਚਾਹੀਦਾ ਹੈ ਕਿ ਲੜਕੀ ਇਕ ਭਾਰ ਨਹੀਂ, ਸਗੋਂ ਇਕ ਵਰਦਾਨ ਹੈ।

# ਵਿਧਾਇਕ ਰੰਧਾਵਾ ਵੱਲੋਂ ਹਲਕਾ ਵਾਸੀਆਂ ਨੂੰ ਡੇਰਾ ਬਾਬਾ ਨਾਨਕ ਨੂੰ ਨਸ਼ਾ ਮੁਕਤ ਕਰਨ ਦਾ ਸੱਦਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਯਾਤਰਾ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਅਲੀਨੰਗਲ ਤੇ ਜੀਵਨ ਨੰਗਲ ਵਿਖੇ ਪਹੁੰਚੀ।ਇਸ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਵੱਲੋਂ ਕੀਤੀ ਗਈ।ਇਸ ਮੌਕੇ ਉਨ੍ਹਾਂ ਵਿਲੇਜ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਅਤੇ ਆਮ ਲੋਕਾਂ ਨੂੰ ਨਸ਼ਾ ਮੁਕਤ ਡੇਰਾ ਬਾਬਾ ਨਾਨਕ ਅਤੇ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਅਹਿਦ ਚੁਕਾਇਆ।ਇਸ ਮੌਕੇ ਵੱਡੀਆਂ ਜਾਗਰੂਕਤਾ ਸਭਾਵਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਸੂਬਾ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਮੁਕਤੀ ਯਾਤਰਾ ਨੂੰ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਪਿੰਡਾਂ ਦੀਆਂ ਵਿਲੇਜ ਡਿਫੈਂਸ ਕਮੇਟੀਆਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਲਿਆਂਦਾ ਜਾਵੇ, ਜਿੱਥੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਦਾ ਪੰਜਾਬ ਸਰਕਾਰ ਵੱਲੋਂ ਮੁਫ਼ਤ ਅਤੇ ਢੁੱਕਵਾਂ ਇਲਾਜ ਕੀਤਾ ਜਾਂਦਾ ਹੈ।ਸ. ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੁਲਸ ਵਿਭਾਗ ਅਤੇ ਹੋਰ ਸਬੰਧਿਤ ਵਿਭਾਗਾਂ ਨੂੰ ਇਹ ਸਖ਼ਤ ਹਦਾਇਤ ਦਿੱਤੀ ਹੈ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਸੂਰਤ ਵਿੱਚ ਬਖ਼ਸ਼ਿਆ ਨਾ ਜਾਵੇ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨਸ਼ਿਆਂ ਖ਼ਿਲਾਫ਼ ਇਹ ਫ਼ੈਸਲਾਕੁਨ ਯੁੱਧ ਅਵਾਮ ਦੇ ਸਹਿਯੋਗ ਨਾਲ ਜ਼ਰੂਰ ਜਿੱਤੇਗੀ।ਇਸ ਮੌਕੇ ਐਸਡੀਐੱਮ ਗੁਰਮੇਹਰ ਸਿੰਘ, ਚੇਅਰਮੈਨ ਬਲਵਿੰਦਰ ਸਿੰਘ ਹੁੰਦਲ, ਬੀਡੀਪੀਓ. ਅਮਨਦੀਪ ਕੌਰ, ਪੀਏ ਲਵਪ੍ਰੀਤ ਸਿੰਘ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਹਲਕਾ ਕੋਆਰਡੀਨੇਟਰ ਪਲਵਿੰਦਰ ਸਿੰਘ ਘਣੀਆ, ਰਾਜਾ ਮੱਲ੍ਹੀ, ਮੇਜਰ ਸਿੰਘ ਠੇਠਰਕੇ, ਸਰਪੰਚ ਹਰਪ੍ਰੀਤ ਸਿੰਘ, ਹੈਪੀ ਬਹਿਲੋਲਪੁਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰ, ਪੰਚ ਸਰਪੰਚ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।



# ਕਾਮਰੇਡ ਸਵਰਨ ਸੋਹਲ ਤੇ ਹੋਰ ਕਮਿਊਨਿਸਟ ਸ਼ਹੀਦਾਂ ਦੀ ਯਾਦ 'ਚ ਸਮਾਗਮ

## * ਮਿਹਨਤਕਸ਼ ਲੋਕਾਂ ਦੇ ਹੱਕਾਂ ਦੀ ਲੜਾਈ ਫਿਰਕੂ ਤਾਕਤਾਂ ਨੂੰ ਹਰਾਵੇਗੀ: ਆਗੂ



ਝਬਾਲ (ਹਰਜਿੰਦਰ ਸਿੰਘ ਸੋਨੀ)-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਅੱਤਵਾਦੀਆਂ ਹੱਥੋਂ ਸ਼ਹੀਦ ਹੋਏ ਕਾਮਰੇਡ ਸਵਰਨ ਸਿੰਘ ਤੇ ਉਨ੍ਹਾਂ ਦੀ ਮਾਤਾ, ਪਤਨੀ ਤੇ ਧੀ, ਹੀਰਾ ਸਿੰਘ ਸੋਹਲ, ਕਾਮਰੇਡ ਇੰਦਰਜੀਤ ਕੁਮਾਰ ਸਰਾਂ ਅਤੇ ਕਸ਼ਮੀਰ ਸਿੰਘ ਸੋਹਲ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਇੱਕ ਰਾਜਨੀਤਕ ਸਮਾਗਮ ਆਯੋਜਿਤ ਕੀਤਾ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਦਵਿੰਦਰ ਸੋਹਲ, ਮਨਜੀਤ ਸਿੰਘ ਢੰਡ ਤੇ ਸੁਰਿੰਦਰ ਸਿੰਘ ਬਿੱਲਾ ਨੇ ਕੀਤੀ।ਇਸ ਮੌਕੇ ਕਮਿਊਨਿਸਟ ਆਗੂ ਕਾਮਰੇਡ ਦਵਿੰਦਰ ਸੋਹਲ, ਰਾਜਿੰਦਰ ਪਾਲ ਕੌਰ, ਨਰਿੰਦਰ ਪਾਲੀ, ਨਰਿੰਦਰ ਕੌਰ ਸੋਹਲ ਤੇ ਸੁਖਦੇਵ ਸਿੰਘ, ਗੁਰਦਿਆਲ ਸਿੰਘ ਖਡੂਰ ਸਾਹਿਬ ਉਚੇਚੇ ਤੌਰ 'ਤੇ ਪਹੁੰਚੇ।ਆਗੂਆਂ ਨੇ ਕਿਹਾ ਕਿ ਅੱਜ ਇੱਕ ਪਾਸੇ ਮਜ਼ਦੂਰਾਂ ਤੇ ਕਿਸਾਨਾਂ ਸਮੇਤ ਸਮੁੱਚਾ ਮਿਹਨਤਕਸ਼ ਵਰਗ ਬੇਰੁਜ਼ਗਾਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ ਦੀ ਚੱਕੀ ਵਿੱਚ ਪਿਸ ਰਿਹਾ ਹੈ।ਦੂਜੇ ਪਾਸੇ ਕੇਂਦਰ ਦੀ ਭਾਜਪਾ ਸਰਕਾਰ ਲੋਕਾਂ ਵਿਚ ਫਿਰਕੂ ਵੰਡੀਆਂ ਪਾ ਕੇ ਆਪਣੀ ਸਰਕਾਰ ਚਲਾ ਰਹੀ ਹੈ।ਮਿਹਨਤਕਸ਼ ਲੋਕਾਂ ਦੀ ਆਰਥਿਕ ਲੁੱਟ ਕਰਕੇ ਅੰਡਾਨੀ ਅੰਬਾਨੀ ਦੇ ਘਰ ਭਰ ਰਹੀ ਹੈ।ਇਸ ਲਈ ਲੋਕਾਂ ਨੂੰ ਕਾਮਰੇਡ ਸਵਰਨ ਸਿੰਘ ਸੋਹਲ, ਇੰਦਰਜੀਤ ਸਰਾਂ ਅਤੇ ਕਸ਼ਮੀਰ ਸਿੰਘ ਦੇ ਜੀਵਨ ਤੋਂ ਸੇਧ ਲੈਂਦਿਆਂ ਬੇਰੁਜ਼ਗਾਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ ਵਿਰੁੱਧ ਸੰਘਰਸ਼ ਸ਼ੀਲ ਰਹਿਣ ਦੀ ਲੋੜ ਹੈ।ਅੱਜ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਵਿੱਚ ਅਤੇ ਗੈਂਗਸਟਰ ਪੁਣੇ ਵਿੱਚ ਧੱਕ ਕੇ ਜਵਾਨੀ ਨੂੰ ਲੁੱਟ ਖੋਹਾਂ, ਮਾਰ ਧਾੜ, ਡਿਗਰੀਆਂ ਤੇ ਕਤਲੋਗਾਰਤ ਵੱਲ ਧੱਕਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦੀ ਸਥਾਪਨਾ ਦੀ ਸੌਵੀਂ ਵਰ੍ਹੇਗੰਢ ਵੀ ਇਸ ਸਾਲ ਹੈ ਅਤੇ ਕੌਮੀ ਮਹਾਂ ਸੰਮੇਲਨ ਵੀ 21 ਸਤੰਬਰ ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋ ਰਿਹਾ ਜਿਸਨੂੰ ਪੰਜਾਬ ਦੀ ਕਮਿਊਨਿਸਟ ਪਾਰਟੀ ਪੂਰੀ ਸ਼ਾਨੋ ਸ਼ੌਕਤ ਨਾਲ ਨਿਭਾਵੇਗੀ।ਇਸ ਮੌਕੇ ਗੁਰਬਿੰਦਰ ਸਿੰਘ ਸੋਹਲ, ਪੂਰਨ ਸਿੰਘ ਮਾੜੀਮੇਘਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਬਲਕਾਰ ਸਿੰਘ ਵਲਟੋਹਾ, ਕਸ਼ਮੀਰ ਸਿੰਘ ਛੀਨਾ, ਕੁਲਬੀਰ ਸਿੰਘ ਕਸੇਲ, ਹਰਬਿੰਦਰ ਸਿੰਘ ਕਸੇਲ, ਮੋਤਾ ਸਿੰਘ ਸੋਹਲ, ਬਲਵਿੰਦਰ ਸਿੰਘ ਮੂਸੇ, ਧਰਮ ਸਿੰਘ ਛਿਛਰੇਵਾਲ, ਗੁਲਜ਼ਾਰ ਸਿੰਘ ਕੋਟ, ਸੁਲੱਖਣ ਸਿੰਘ ਗੰਡੀਵਿੰਡ, ਸੁਰਜੀਤ ਸਿੰਘ ਠੱਠੀ, ਪਲਵਿੰਦਰ ਸਿੰਘ ਝਬਾਲ, ਅਸ਼ੋਕ ਸੋਹਲ, ਬਲਜੀਤ ਸਿੰਘ ਸੋਹਲ, ਤਰਲੋਕ ਸਿੰਘ ਪੱਧਰੀ ਵੀ ਹਾਜ਼ਰ ਸਨ।

# ਸੈਂਕੜੇ ਹਮਾਇਤੀਆਂ ਵੱਲੋਂ ਐਡਵੋਕੇਟ ਕੋਮਲਪ੍ਰੀਤ ਸਿੰਘ ਨੂੰ 'ਆਪ' ਦਾ ਉਮੀਦਵਾਰ ਐਲਾਨੇ ਜਾਣ ਦੀ ਮੰਗ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਹਲਕਾ ਤਰਨਤਾਰਨ ਦੇ ਮਰਹੂਮ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦੇ ਨਜ਼ਦੀਕੀ ਰਿਸ਼ਤੇਦਾਰ ਤੇ ਉਨ੍ਹਾਂ ਦਾ ਕੰਮ ਕਾਜ ਸੰਭਾਲਦੇ ਆ ਰਹੇ ਐਡਵੋਕੇਟ ਕੋਮਲਪ੍ਰੀਤ ਸਿੰਘ ਨੇ ਇਕ ਵਾਰ ਫਿਰ ਆਪਣੇ ਸਾਥੀਆਂ ਸਮੇਤ ਸ਼ਕਤੀ ਪ੍ਰਦਰਸ਼ਨ ਕਰਦਿਆਂ ਜਿੱਥੇ ਜ਼ਿਮਨੀ ਚੋਣ ਦੌਰਾਨ ਆਮ ਆਦਮੀ ਪਾਰਟੀ ਦੇ ਮਜ਼ਬੂਤ ਹੋਣ ਦੀ ਗੱਲ ਕਹੀ ਹੈ ਉੱਥੇ ਹੀ ਇਸ ਚੋਣ ਦੌਰਾਨ ਪਾਰਟੀ ਦੀ ਟਿਕਟ 'ਤੇ ਦਾਅਵਾ ਵੀ ਜਤਾਇਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਵੱਲੋਂ ਬਣਾਈਆਂ ਗਈਆਂ ਪੰਚਾਇਤਾਂ ਦੀ ਬਹੁਗਿਣਤੀ ਉਨ੍ਹਾਂ ਦੇ ਨਾਲ ਹੈ।ਐਡਵੋਕੇਟ ਕੋਮਲਪ੍ਰੀਤ ਸਿੰਘ ਨੇ ਇਸ ਮੌਕੇ ਕਿਹਾ ਕਿ ਡਾ. ਸੋਹਲ ਦੇ ਨਾਲ ਉਨ੍ਹਾਂ ਨੂੰ ਇਸ ਹਲਕੇ ਵਿਚ ਕੰਮ ਕਰਨ ਦਾ ਮੌਕਾ ਮਿਲਿਆ ਤੇ ਹਲਕੇ ਦੀਆਂ ਬਾਰੀਕੀਆਂ ਨੂੰ ਵੀ ਉਨ੍ਹਾਂ ਨੇ ਚੰਗੇ ਢੰਗ ਨਾਲ ਸਮਝਿਆ। ਐਡਵੋਕੇਟ ਕੋਮਲਪ੍ਰੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਡਾ. ਕਸ਼ਮੀਰ ਸਿੰਘ ਸੋਹਲ ਦੇ ਪਰਿਵਾਰ ਦਾ ਹਿੱਸਾ ਹੋਣ ਵਜੋਂ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਤੱਕ ਆਪਣੀ ਗੱਲ ਰੱਖ ਦਿੱਤੀ ਹੈ।ਇਸ ਦੌਰਾਨ ਐਡਵੋਕੇਟ ਕੋਮਲਪ੍ਰੀਤ ਸਿੰਘ ਦੇ ਹੱਕ ਵਿਚ ਜੁੜੇ ਵੱਡੀ ਗਿਣਤੀ ਸਰਪੰਚਾਂ, ਪੰਚਾਂ, ਮੋਹਤਬਰਾਂ ਤੇ ਕੌਂਸਲਰਾਂ ਸਮੇਤ ਨੌਜਵਾਨਾਂ ਨੇ ਪਾਰਟੀ ਹਾਈਕਮਾਂਡ ਕੋਲੋਂ ਮੰਗ ਕੀਤੀ ਕਿ ਜ਼ਿਮਨੀ ਚੋਣ ਦੌਰਾਨ ਆਮ ਆਦਮੀ ਪਾਰਟੀ ਐਡਵੋਕੇਟ ਕੋਮਲਪ੍ਰੀਤ ਸਿੰਘ ਨੂੰ ਉਮੀਦਵਾਰ ਐਲਾਨੇ।

# ਜੀ. ਜੀ. ਐੱਸ. ਮਾਡਰਨ ਸਕੂਲ ਬਖਤਪੁਰ ਵਿਖੇ ਬੱਚਿਆਂ ਦੇ ਕਰਾਫਟ ਵਰਕ ਦੇ ਮੁਕਾਬਲੇ ਕਰਵਾਏ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗੁਰੂ ਗੋਬਿੰਦ ਸਿੰਘ (ਜੀ. ਜੀ. ਐੱਸ.) ਮਾਡਰਨ ਸਕੂਲ ਬਖਤਪੁਰ ਵਿਖੇ ਸਕੂਲ ਦੇ ਲੀਗਲ ਲਿਟਰੇਸੀ ਕਲੱਬ ਅਤੇ ਈਕੋ ਕਲੱਬ ਵੱਲੋਂ ਬਾਲਾ ਪ੍ਰੀਤਮ ਧੰਨ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਾਫਟ ਮੁਕਾਬਲੇ ਕਰਵਾਏ ਗਏ। ਇਸ ਸਬੰਧੀ ਸਕੂਲ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਅਸੀਂ ਘਰਾਂ ਵਿੱਚ ਅਕਸਰ ਵਾਧੂ ਘਾਟੂ ਸਾਮਾਨ ਨੂੰ ਕਚਰੇ ਵਿੱਚ ਸੁੱਟ ਦਿੰਦੇ ਹਾਂ, ਜਦਕਿ ਉਨ੍ਹਾਂ ਵਿੱਚੋਂ ਬਹੁਤਾ ਸਾਮਾਨ ਦੁਬਾਰਾ ਵਰਤੋਂ ਦੇ ਯੋਗ ਬਣਾਇਆ ਜਾ ਸਕਦਾ ਹੈ। ਇਸੇ ਸੋਚ 'ਤੇ ਪਹਿਰਾ ਦਿੰਦੇ ਹੋਏ ਸੰਸਥਾ ਵਿਖੇ ਐਸੇ ਸਾਮਾਨ ਨੂੰ ਇਕੱਠਾ ਕਰਕੇ ਅਲੱਗ ਅਲੱਗ ਮਟੀਰੀਅਲ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਬੱਚਿਆਂ ਵੱਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ ਅਤੇ ਵੱਖੋ-ਵੱਖ ਕਲਾ ਕਿਰਤਾਂ ਤਿਆਰ ਕਰਕੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ। ਬੱਚਿਆਂ ਵੱਲੋਂ ਪੈੱਨ ਸਟੈਂਡ, ਟੇਬਲ ਲੈਂਪਸ, ਮੋਬਾਈਲ ਸਟੈਂਡ, ਸੀਨਰੀਆਂ, ਫੋਟੋ ਫਰੇਮ, ਪੱਖੇ, ਚਾਕ ਬੌਕਸ, ਗੁਲਦਸਤੇ, ਵੱਖੋ-ਵੱਖ ਪੰਛੀਆਂ ਦੇ ਮਾਡਲ, ਥੈਲੇ, ਅਟੈਚੀ, ਸੋਫਾ ਆਦਿ ਬਣਾ ਕੇ ਆਪੋ ਆਪਣੀ ਯੋਗਤਾ ਦਾ ਮੁਜ਼ਾਹਰਾ ਕੀਤਾ ਗਿਆ। ਇਸ ਮੁਕਾਬਲੇ ਵਿੱਚ ਸਬ-ਜੂਨੀਅਰ ਗਰੁੱਪ ਵਿੱਚੋਂ ਮਨਰਾਜ ਸਿੰਘ ਨੇ ਪਹਿਲਾ, ਵੰਸਦੀਪ ਸਿੰਘ ਨੇ ਦੂਜਾ, ਗੁਰਅੰਮ੍ਰਿਤਪਾਲ ਸਿੰਘ ਤੇ ਆਰਵ ਪਰਾਸ਼ਰ ਨੇ ਤੀਜਾ ਸਥਾਨ। ਜੂਨੀਅਰ ਗਰੁੱਪ ਵਿੱਚੋਂ ਮਿਰਨਜੀਤ ਕੌਰ ਨੇ ਪਹਿਲਾ, ਸੁਪਰੀਤ ਕੌਰ, ਨਵਨੀਤ ਕੌਰ ਭੁੰਬਲੀ ਤੇ ਸੀਰਤ ਨੇ ਦੂਜਾ ਅਤੇ ਨਵਨੀਤ ਕੌਰ ਪਸਨਾਵਾਲ ਨੇ ਤੀਜਾ ਸਥਾਨ। ਸੀਨੀਅਰ ਗਰੁੱਪ ਵਿੱਚੋਂ ਬਲਜਿੰਦਰ ਸਿੰਘ, ਹਰਸਿਮਰਨਜੀਤ ਕੌਰ ਤੇ ਹਰਨੀਤ ਕੌਰ ਨੇ ਪਹਿਲਾ, ਪਲਕ ਰਾਏ ਨੇ ਦੂਜਾ ਅਤੇ ਸੁਖਮਨੀਜਪਜੀਤ ਕੌਰ ਤੇ ਮਹਿਕਦੀਪ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਡਾਇਰੈਕਟਰ ਮਹਿੰਦਰਪਾਲ ਸਿੰਘ ਕਲੇਰ ਨੇ ਕਿਹਾ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਸਹਿ-ਕਿਰਿਆਵਾਂ ਵਿੱਚ ਵੀ ਭਾਗ ਲੈਣਾ ਚਾਹੀਦਾ ਹੈ। ਇਸ ਮੌਕੇ ਪ੍ਰਧਾਨ ਮੈਡਮ ਰਣਜੀਤ ਕੌਰ ਅਤੇ ਸਕੂਲ ਅਧਿਆਪਕਾਂ ਨੇ ਇਨ੍ਹਾਂ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ।

# ਡਾ. ਅਮਰਜੀਤ ਸਿੰਘ ਡਬਲਯੂਐੱਸਸੀਸੀ ਅੰਮ੍ਰਿਤਸਰ ਚੈਪਟਰ ਦੇ ਡਾਇਰੈਕਟਰ ਨਿਯੁਕਤ



ਅੰਮ੍ਰਿਤਸਰ (ਅਰੋੜਾ): ਪੰਜਾਬ ਰਾਜ ਦੇ ਗਲੋਬਲ ਚੇਅਰਮੈਨ ਡਾ. ਪਰਮੀਤ ਸਿੰਘ ਚੱਢਾ ਅਤੇ ਪੰਜਾਬ ਦੇ ਪ੍ਰਧਾਨ ਰਜਿੰਦਰ ਸਿੰਘ ਮਰਵਾਹਾ ਵੱਲੋਂ ਰੋਟਰੀ ਕੈਂਟ ਦੇ ਸਾਬਕਾ ਪ੍ਰਧਾਨ ਸਮਾਜ ਸੇਵਕ ਚਮੜੀ ਰੋਗਾਂ ਦੇ ਮਾਹਿਰ ਗੋਲਡ ਮੈਡਲਿਸਟ ਡਾ. ਅਮਰਜੀਤ ਸਿੰਘ ਸਚਦੇਵਾ ਨੂੰ ਡਬਲਯੂ. ਐੱਸ. ਸੀ. ਸੀ. ਅੰਮ੍ਰਿਤਸਰ ਚੈਪਟਰ ਦਾ ਮੈਡੀਕਲ ਡਾਇਰੈਕਟਰ ਨਿਯੁਕਤ ਕੀਤਾ ਗਿਆ।ਇਸ ਮੌਕੇ ਇੱਕ ਸਾਦਾ ਸਮਾਗਮ ਦਾ ਆਯੋਜਨ ਕਰਕੇ ਡਾ. ਸਚਦੇਵਾ ਨੂੰ ਨਿਯੁਕਤੀ ਪੱਤਰ ਦੇ ਕੇ ਉਨ੍ਹਾਂ ਨੂੰ ਸਮਾਜ ਪ੍ਰਤੀ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਦੇ ਚੱਲਦੇ ਇਸ ਅਹੁਦੇ ਤੇ ਸੁਸ਼ੋਭਿਤ ਕੀਤਾ ਗਿਆ।ਗਲੋਬਲ ਚੇਅਰਮੈਨ ਪਰਮੀਤ ਸਿੰਘ ਅਤੇ ਰਾਜ ਦੇ ਪ੍ਰਧਾਨ ਰਜਿੰਦਰ ਮਰਵਾਹਾ ਨੇ ਕਿਹਾ ਕਿ ਡਾ. ਅਮਰਜੀਤ ਸਿੰਘ ਨੇ ਜਿਸ ਤਰ੍ਹਾਂ ਜਗ੍ਹਾ ਜਗ੍ਹਾ ਮੁਫ਼ਤ ਮੈਡੀਕਲ ਕੈਂਪ ਲਗਾ ਕੇ ਲੋੜਵੰਦ ਰੋਗੀਆਂ ਦੀ ਸਹਾਇਤਾ ਲਈ ਕੰਮ ਕੀਤੇ ਹਨ ਇਸ ਦੇ ਲਈ ਉਹ ਸ਼ਲਾਘਾ ਦੇ ਪਾਤਰ ਹਨ।ਉਨ੍ਹਾਂ ਦੀ ਸਮਾਜ ਪ੍ਰਤੀ ਸੇਵਾ ਨੂੰ ਦੇਖਦੇ ਇਹ ਅਹੁਦਾ ਦਿੱਤਾ ਹੈ।ਡਾ. ਅਮਰਜੀਤ ਸਿੰਘ ਨੇ ਸਾਰੇ ਮੈਂਬਰਾਂ ਨੂੰ ਸੰਬੋਧਨ ਕਰਦੇ ਕਿਹਾ ਕਿ ਮੈਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਭਵਿੱਖ ਵਿੱਚ ਵੀ ਮੇਰੇ ਵੱਲੋਂ ਮੈਡੀਕਲ ਸੇਵਾਵਾਂ ਨਿਰੰਤਰ ਜਾਰੀ ਰਹਿਣਗੀਆਂ। ਇਸ ਮੌਕੇ ਕੁਲਵੰਤ ਸਿੰਘ ਅਣਖੀ, ਐਡਵੋਕੇਟ ਰਵਿੰਦਰ ਸਿੰਘ ਭੱਟੀ, ਸਾਬਕਾ ਸਿਵਲ ਸਰਜਨ ਡਾ. ਚਰਨਜੀਤ ਸਿੰਘ, ਰੋਟਰੀ ਦੇ ਸਾਬਕਾ ਸਕੱਤਰ ਉਪਕਾਰ ਸਿੰਘ ਛਾਬੜਾ, ਚਰਨਜੀਤ ਸਿੰਘ, ਅੰਮ੍ਰਿਤਸਰ ਧਾਰਮਿਕ ਮੰਚ ਦੇ ਪ੍ਰਧਾਨ ਅਮਰਜੀਤ ਸਿੰਘ ਨਾਰੰਗ, ਰੁਪਿੰਦਰ ਕਟਾਰੀਆ, ਜਸਵਿੰਦਰ ਸਿੰਘ ਸੋਹਲ, ਡਾ. ਅਮਿਤੇਸ਼ਵਰ ਸਿੰਘ ਸਮੇਤ ਭਾਰੀ ਗਿਣਤੀ ਵਿੱਚ ਨਗਰ ਦੇ ਪਤਵੰਤੇ ਅਤੇ ਰੋਟਰੀ ਮੈਂਬਰ ਮੌਜੂਦ ਸਨ।

# ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਵੱਖ-ਵੱਖ ਪਿੰਡਾਂ 'ਚ ਨਸ਼ਿਆਂ ਵਿਰੁੱਧ ਲਾਮਬੰਦੀ ਦਾ ਹੋਕਾ

ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ)—ਪੰਜਾਬ ਨੂੰ ਨਸ਼ਾ ਮੁਕਤ ਕਰਕੇ ਸਿਹਤਮੰਦ ਅਤੇ ਰੰਗਲਾ ਪੰਜਾਬ ਬਣਾਉਣ ਲਈ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਸਫਲ ਬਣਾਉਣ ਲਈ ਦੀਨਾਨਗਰ ਹਲਕੇ ਦੇ ਲੋਕਾਂ ਦਾ ਪੂਰਨ ਸਹਿਯੋਗ ਮਿਲ ਰਿਹਾ ਹੈ ਅਤੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਇਸ ਜੰਗ ਵਿੱਚ ਸਰਕਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ।ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਬੀਤੀ ਸ਼ਾਮ ਨਸ਼ਾ ਮੁਕਤੀ ਯਾਤਰਾ ਮੌਕੇ ਹਲਕੇ ਦੇ ਪਿੰਡਾਂ ਕੋਹਲੀਆਂ, ਇਸਮੈਲਪੁਰ, ਡੀਡਾ ਸੈਣੀਆਂ, ਕੋਠੇ ਇਲਾਹੀ ਬਖਸ਼ ਅਤੇ ਝੰਗੀ ਸਰੂਪ ਦਾਸ ਵਿਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਕਰਵਾਏ ਗਏ ਜਨਤਕ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਨਸ਼ਾ ਇੱਕ ਸਮਾਜਿਕ ਬੁਰਾਈ ਹੈ ਅਤੇ ਇਸ ਬੁਰਾਈ ਦੇ ਖਾਤਮੇ ਲਈ ਸਮਾਜ ਦੇ ਹਰ ਵਰਗ ਨੂੰ ਆਪਣਾ ਸਹਿਯੋਗ ਦੇਣ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਖ਼ਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ। ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖਲ ਕਰਵਾਇਆ ਜਾਵੇ।ਇਸ ਮੌਕੇ ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਵੀ ਚੁਕਵਾਈ।ਇਸ ਮੌਕੇ ਉਨ੍ਹਾਂ ਨਾਲ ਡੀਐਸਪੀ ਡੇਰਾ ਬਾਬਾ ਨਾਨਕ ਜੋਗਾ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਤੇ ਇਲਾਕੇ ਦੇ ਪੰਚ-ਸਰਪੰਚ ਤੇ ਮੁਹਤਬਰ ਹਾਜ਼ਰ ਸਨ।




# ਸਕੂਲੀ ਵਿਦਿਆਰਥਣਾਂ ਨੂੰ ਪੁਲਸ ਸਾਂਝ ਕੇਂਦਰ ਤੇ ਥਾਣੇ ਦਾ ਦੌਰਾ ਕਰਵਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਮਾਣਯੋਗ ਸਪੈਸ਼ਲ ਡਾਇਰੈਕਟਰ ਜਨਰਲ ਪੁਲਸ ਕਮਿਊਨਿਟੀ ਅਫੇਅਰ ਡਵੀਜ਼ਨ ਪੰਜਾਬ ਚੰਡੀਗੜ੍ਹ ਦੀਆਂ ਹਦਾਇਤਾਂ 'ਤੇ ਪੁਲਸ ਜ਼ਿਲ੍ਹਾ ਬਟਾਲਾ ਦੇ ਐੱਸਐੱਸਪੀ ਸੁਹੇਲ ਕਾਸਮ ਮੀਰ, ਡੀਸੀਪੀਓ-ਕਮ-ਐੱਸਪੀ, ਸਥਾਨਕ ਬਟਾਲਾ ਅਤੇ ਐੱਸਆਈ.ਰੁਪਿੰਦਰਜੀਤ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਬਟਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਂਝ ਕੇਂਦਰ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਇੰਚਾਰਜ ਸਬ ਇੰਸਪੈਕਟਰ ਓਂਕਾਰ ਸਿੰਘ ਵੱਲੋਂ ਡੇਰਾ ਬਾਬਾ ਨਾਨਕ ਦੇ ਪੀਐੱਮਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲੜਕੀਆਂ ਦੀਆਂ ਵਿਦਿਆਰਥਣਾਂ ਨੂੰ ਦਫਤਰ ਸਬ-ਡਵੀਜ਼ਨ ਸਾਂਝ ਕੇਂਦਰ ਡੇਰਾ ਬਾਬਾ ਨਾਨਕ ਅਤੇ ਪੁਲਸ ਥਾਣਾ ਡੇਰਾ ਬਾਬਾ ਨਾਨਕ ਵਿਖੇ ਦੌਰਾ ਕਰਵਾਇਆ ਗਿਆ ।ਵਿਦਿਆਰਥਣਾਂ ਨੂੰ ਪੁਲਸ ਥਾਣਾ ਅਤੇ ਸਾਂਝ ਕੇਂਦਰ ਦੇ ਕੰਮਕਾਰ ਤੋਂ ਜਾਣੂ ਕਰਵਾਇਆ ਗਿਆ ਅਤੇ ਸਾਂਝ ਕੇਂਦਰ ਵਿੱਚ ਲੋਕਾਂ ਨੂੰ ਦਿੱਤੀਆਂ ਜਾ ਰਹੀਆ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ।ਇਸ ਮੌਕੇ ਸਾਂਝ ਕੇਂਦਰ ਵਿਖੇ ਤਾਇਨਾਤ ਏਐੱਸਆਈ ਕੁਲਦੀਪ ਸਿੰਘ ਵੱਲੋਂ ਵਿਦਿਆਰਥਣਾਂ ਨੂੰ ਪੁਲਸ ਹੈਲਪਲਾਈਨ ਨੰਬਰ 112 ,181 ਹੈਲਪਲਾਈਨ ਨੰਬਰ 9779100200 ਅਤੇ 1930 ਨੰਬਰਾਂ ਅਤੇ ਆਨਲਾਈਨ ਫਰਾਡ ਸਬੰਧੀ ਜਾਗਰੂਕ ਕੀਤਾ ਗਿਆ।ਇਸ ਮੌਕੇ ਸਾਂਝ ਕੇਂਦਰ ਸਟਾਫ ਦੇ ਏਐੱਸਆਈ ਕੁਲਦੀਪ ਸਿੰਘ, ਹੌਲਦਾਰ ਤੇਜਬੀਰ ਸਿੰਘ, ਮਹਿਲਾ ਕਰਮਚਾਰੀ ਅਰਵਿੰਦਰ ਕੌਰ ਆਦਿ ਹਾਜ਼ਰ ਸਨ।



# ਪ੍ਰਤਾਪ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਵਣ-ਮਹਾਉਤਸਵ ਸਮਾਰੋਹ 'ਚ ਕੀਤੀ ਸ਼ਿਰਕਤ

ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ ਵਿਦਿਆਰਥੀਆਂ ਨੇ ਵਣ ਵਿਭਾਗ, ਪਠਾਨਕੋਟ ਦੁਆਰਾ ਆਯੋਜਿਤ ਵਣ ਮਹੋਤਸਵ ਕਾਰਜਕ੍ਰਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਹ ਸਮਾਗਮ ਧਰਮਵੀਰ ਡੈਹਰੂ ਡੀਐਫਓ ਪਠਾਨਕੋਟ ਦੀ ਅਗਵਾਈ ਹੇਠ ਸੰਪੰਨ ਹੋਇਆ। ਵਿਦਿਆਰਥੀਆਂ ਨੇ ਰਚਨਾਤਮਕ ਨਾਅਰੇ, ਪ੍ਰੇਰਨਾਦਾਇਕ ਪੋਸਟਰਾਂ ਅਤੇ ਰੁੱਖ ਲਗਾਉਣ ਦੀਆਂ ਗਤੀਵਿਧੀਆਂ ਰਾਹੀਂ ਵਾਤਾਵਰਨ ਪ੍ਰਤੀ ਜਾਗਰੂਕਤਾ ਫੈਲਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਡੀਐੱਫਓ ਧਰਮਵੀਰ ਡੈਹਰੂ ਨੇ ਵਿਦਿਆਰਥੀਆਂ ਦੇ ਜੋਸ਼ ਅਤੇ ਵਾਤਾਵਰਨ ਮੁੱਦਿਆਂ ਪ੍ਰਤੀ ਉਨ੍ਹਾਂ ਦੀ ਪ੍ਰਤੀਬਧਤਾ ਦੀ ਸ਼ਲਾਘਾ ਕੀਤੀ। ਨਿਰਦੇਸ਼ਕ ਸੰਨੀ ਮਹਾਜਨ ਨੇ ਕਿਹਾ ਕਿ ਅਸੀਂ ਵਿਦਿਆਰਥੀਆਂ ਨੂੰ ਕਿਤਾਬੀ ਜਾਣਕਾਰੀ ਤੋਂ ਪਰ੍ਹੇ ਜਾ ਕੇ ਸਿੱਖਿਆ ਦੇਣ ਵਿੱਚ ਵਿਸ਼ਵਾਸ ਰੱਖਦੇ ਹਾਂ। ਇਸ ਕਿਸਮ ਦੀਆਂ ਪਹਿਲਕਦਮੀਆਂ ਵਿਦਿਆਰਥੀਆਂ ਨੂੰ ਕੁਦਰਤ ਨਾਲ ਡੂੰਘਾ ਜੁੜਾਅ ਸਿਖਾਉਂਦੀਆਂ ਹਨ ਅਤੇ ਸੁਰੱਖਿਆ ਦਾ ਅਸਲ ਮਹੱਤਵ ਸਮਝਾਉਂਦੀਆਂ ਹਨ। ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਇਹ ਦੇਖ ਕੇ ਮਾਣ ਮਹਿਸੂਸ ਹੋਇਆ ਕਿ ਸਾਡੇ ਵਿਦਿਆਰਥੀ ਵਾਤਾਵਰਨ ਸੁਰੱਖਿਆ ਪ੍ਰਤੀ ਇੰਨੇ ਭਾਵੁਕ ਅਤੇ ਸਰਗਰਮ ਹਨ। ਇਸ ਕਿਸਮ ਦੇ ਅਨੁਭਵ ਉਨ੍ਹਾਂ ਨੂੰ ਇੱਕ ਜ਼ਿੰਮੇਵਾਰ ਅਤੇ ਜਾਗਰੂਕ ਨਾਗਰਿਕ ਬਣਨ ਵਿੱਚ ਮਦਦ ਕਰਦੇ ਹਨ।



# ਪੰਜਾਬ ਸਰਕਾਰ ਸੂਬੇ 'ਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ: ਰਮਨ ਬਹਿਲ



ਗੁਰਦਾਸਪੁਰ, (ਦਿਨੇਸ਼ ਕੁਮਾਰ)-17 ਜੁਲਾਈ ਨੂੰ ਗੁਰਦਾਸਪੁਰ ਸ਼ਹਿਰ ਦੇ ਮੇਨ ਬਜ਼ਾਰ ਵਿੱਚ ਪੰਜਾਬ ਵਾਚ ਹਾਊਸ ਨਾਮਕ ਸ਼ੋਰੂਮ 'ਤੇ ਗੋਲੀਆਂ ਚਲਾਉਣ ਵਾਲੇ ਦੋ ਦੋਸ਼ੀਆਂ ਵਿੱਚੋਂ ਇੱਕ ਦੋਸ਼ੀ ਨੂੰ ਗੁਰਦਾਸਪੁਰ ਪੁਲਸ ਵੱਲੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਗੁਰਦਾਸਪੁਰ ਪੁਲਸ ਵੱਲੋਂ ਕੀਤੀ ਇਸ ਕਾਰਵਾਈ ਦੀ ਸ਼ਲਾਘਾ ਕਰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਗੋਲੀ ਕਾਂਡ ਦੇ ਦੋਸ਼ੀ ਨੂੰ ਫੜਨ ਵਿੱਚ ਜੋ ਬਹਾਦਰੀ ਤੇ ਪੇਸ਼ੇਵਾਰਾਨਾ ਪਹੁੰਚ ਗੁਰਦਾਸਪੁਰ ਪੁਲਸ ਵੱਲੋਂ ਦਿਖਾਈ ਗਈ ਹੈ ਉਸ ਦੀ ਤਾਰੀਫ ਕਰਨੀ ਬਣਦੀ ਹੈ।ਇਸ ਕਾਰਵਾਈ ਲਈ ਡੀਸੀ ਦਲਵਿੰਦਰਜੀਤ ਸਿੰਘ, ਡੀਆਈਜੀ. ਬਾਰਡਰ ਰੇਂਜ ਨਾਨਕ ਸਿੰਘ ਅਤੇ ਐੱਸਐੱਸਪੀ ਆਦਿੱਤਯ ਦਾ ਧੰਨਵਾਦ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਪੁਲਸ ਦੀ ਇਸ ਕਾਰਵਾਈ ਨਾਲ ਸਮਾਜ ਵਿਰੋਧੀ ਅਨਸਰਾਂ ਨੂੰ ਇਹ ਸਖ਼ਤ ਸੁਨੇਹਾ ਮਿਲੇਗਾ ਕਿ ਕ੍ਰਾਈਮ ਕਰਨ ਵਾਲੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਚੇਅਰਮੈਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਆਮਨ-ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਸ਼ਾਂਤੀ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਉਨ੍ਹਾਂ ਨੇ ਵਪਾਰ ਮੰਡਲ ਗੁਰਦਾਸਪੁਰ ਅਤੇ ਸਮੂਹ ਦੁਕਾਨਦਾਰਾਂ ਨੂੰ ਨਾਲ ਲੈ ਕੇ ਡਿਪਟੀ ਕਮਿਸ਼ਨਰ ਅਤੇ ਐੱਸਐੱਸਪੀ ਗੁਰਦਾਸਪੁਰ ਨਾਲ ਮੁਲਾਕਾਤ ਕੀਤੀ ਸੀ ਅਤੇ ਦੁਕਾਨਦਾਰਾਂ ਅਤੇ ਵਪਾਰੀਆਂ ਦੀ ਸੁਰੱਖਿਆ ਸਬੰਧੀ ਚਿੰਤਾਵਾਂ ਤੋਂ ਜਾਣੂ ਕਰਵਾਇਆ ਸੀ। ਉਨ੍ਹਾਂ ਕਿਹਾ ਕਿ ਬਹੁਤ ਜਲਦ ਦੂਸਰਾ ਦੋਸ਼ੀ ਵੀ ਪੁਲਸ ਦੀ ਹਿਰਾਸਤ ਵਿੱਚ ਹੋਵੇਗਾ।ਉਨ੍ਹਾਂ ਕਿਹਾ ਕਿ ਕਾਨੂੰਨ ਵਿਵਸਥਾ ਨੂੰ ਬਹਾਲ ਰੱਖਣ ਲਈ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵਚਨਬੱਧ ਹੈ।

# ਕਲੱਸਟਰ ਪੱਧਰੀ ਦੋ ਰੋਜ਼ਾ ਖੋ-ਖੋ ਦੇ ਟਰਾਇਲ ਕਰਵਾਏ




ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਪੀ. ਐੱਮ. ਐੱਸ. ਐੱਸ. ਜਵਾਹਰ ਨਵੋਦਿਆ ਵਿਦਿਆਲਿਆ, ਦਬੁਰੀ, ਗੁਰਦਾਸਪੁਰ ਵੱਲੋਂ ਦੋ ਰੋਜ਼ਾ ਕਲੱਸਟਰ ਪੱਧਰ ਦੇ ਖੋ-ਖੋ ਟਰਾਇਲਾਂ ਦੀ ਮੇਜ਼ਬਾਨੀ ਕੀਤੀ ਗਈ।ਇਸ ਪ੍ਰੋਗਰਾਮ ਵਿੱਚ ਕਲੱਸਟਰ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹਜਨਕ ਹੁਨਰ, ਟੀਮ ਵਰਕ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ।

ਪ੍ਰਿੰ. ਸੁਸ਼ੀਲ ਕੁਮਾਰ ਦੀ ਗਤੀਸ਼ੀਲ ਅਗਵਾਈ ਹੇਠ ਅਤੇ ਪੂਰੇ ਸਕੂਲ ਸਟਾਫ ਦੇ ਅਟੁੱਟ ਸਮਰਥਨ ਅਤੇ ਪ੍ਰੇਰਣਾ ਨਾਲ ਟਰਾਇਲ ਸੁਚਾਰੂ ਅਤੇ ਕੁਸ਼ਲਤਾ ਨਾਲ ਕਰਵਾਏ ਗਏ।ਉਭਰਦੇ ਐਥਲੀਟਾਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਉਚ-ਪੱਧਰੀ ਮੁਕਾਬਲਿਆਂ ਲਈ ਆਪਣਾ ਸਥਾਨ ਸੁਰੱਖਿਅਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ ਗਿਆ।ਪ੍ਰਿੰਸੀਪਲ ਨੇ ਦੱਸਿਆ ਕਿ ਇਨ੍ਹਾਂ ਟਰਾਇਲਾਂ ਵਿੱਚੋਂ ਚੁਣੇ ਗਏ ਵਿਦਿਆਰਥੀ ਹੁਣ ਆਉਣ ਵਾਲੀਆਂ ਖੇਤਰੀ ਪੱਧਰੀ ਖੋ-ਖੋ ਖੇਡਾਂ ਵਿੱਚ ਕਲੱਸਟਰ ਦੀ ਨੁਮਾਇੰਦਗੀ ਕਰਨਗੇ, ਜੋ ਕਿ ਰਾਸ਼ਟਰੀ ਪੱਧਰ ਦੀ ਮਾਨਤਾ ਦੇ ਇੱਕ ਕਦਮ ਦੇ ਨੇੜੇ ਹੈ।ਉਨ੍ਹਾਂ ਕਿਹਾ ਕਿ ਵਿਦਿਆਲਾ ਨੌਜਵਾਨਾਂ ਦੀ ਪ੍ਰਤਿਭਾ ਨੂੰ ਪਾਲਣ ਅਤੇ ਵਿਦਿਆਰਥੀਆਂ ਵਿੱਚ ਖੇਡਾਂ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ।ਟਰਾਇਲਾਂ ਦਾ ਸਫਲ ਸੰਗਠਨ ਇਸ ਵਚਨਬੱਧਤਾ ਦਾ ਪ੍ਰਮਾਣ ਹੈ।

# ਬਿਧੀਪੁਰ ਵਿਖੇ ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਦੇ ਲੋਕਾਂ ਨੂੰ ਨਸ਼ਿਆਂ ਖਿਲਾਫ ਸਹੁੰ ਚੁਕਾਈ



ਬਟਾਲਾ, (ਡਾ. ਮਲਵਿੰਦਰ ਸਿੰਘ)-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਪਿੰਡਾਂ ਦੀਆਂ ਪੰਚਾਇਤਾਂ, ਪਿੰਡ ਤੇ ਵਾਰਡ ਪੱਧਰੀ ਰੱਖਿਆ ਕਮੇਟੀਆਂ ਅਤੇ ਆਮ ਲੋਕ ਪੂਰਨ ਸਹਿਯੋਗ ਦੇ ਰਹੇ ਹਨ ਅਤੇ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਮੁਕੰਮਲ ਤੌਰ ਤੇ ਨਸ਼ਾ ਮੁਕਤ ਹੋ ਜਾਵੇਗਾ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਪਿੰਡ ਬਿਧੀਪੁਰ ਵਿਖੇ 'ਨਸ਼ਾ ਮੁਕਤੀ ਯਾਤਰਾ' ਦੌਰਾਨ ਪਿੰਡ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ।

ਇਸ ਮੌਕੇ ਪਿੰਡ ਵਾਸੀਆਂ ਨੂੰ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਹੁੰ ਵੀ ਚੁਕਾਈ ਗਈ।ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਖ਼ਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਤਾਂ ਜੋ ਇਸ ਮੁਹਿੰਮ ਨੂੰ ਸਫਲ ਬਣਾਇਆ ਜਾ ਸਕੇ। ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖਲ ਕਰਵਾਇਆ ਜਾਵੇ।

ਇਸ ਮੌਕੇ ਮਨਦੀਪ ਸਿੰਘ ਗਿੱਲ, ਜ਼ਿਲ੍ਹਾ ਯੂਥ ਆਗੂ ਗੁਰਦਾਸਪੁਰ, ਸਰਪੰਚ ਗੁਰਨਾਮ ਸਿੰਘ, ਮਨਜੀਤ ਸਿੰਘ ਬੁਮਰਾਹ ਵਾਇਸ ਕੋਆਰਡੀਨੇਟਰ ਨਸ਼ਾ ਮੁਕਤੀ ਯਾਤਰਾ, ਭੁਪਿੰਦਰ ਸਿੰਘ, ਵੀਨੂੰ ਕਾਹਲੋਂ, ਸਰਪੰਚ ਅੰਗਰੇਜ਼ ਸਿੰਘ ਅਤੇ ਪਿੰਡ ਵਾਸੀ ਮੌਜੂਦ ਸਨ।

# ਝੋਨੇ ਦੀ ਫ਼ਸਲ ਵਿੱਚ ਵਧੇਰੇ ਯੂਰੀਆ ਦੀ ਵਰਤੋਂ ਨੁਕਸਾਨਦਾਇਕ- ਡਾ. ਤੇਜਪਾਲ ਸਿੰਘ

ਬਟਾਲਾ ( ਡਾ. ਮਲਵਿੰਦਰ ਸਿੰਘ)-ਕਿਸਾਨਾਂ ਵੱਲੋਂ ਸਾਉਣੀ ਦੀਆਂ ਫਸਲਾਂ ਖਾਸ ਕਰਕੇ ਝੋਨੇ ਦੀ ਫ਼ਸਲ ਵਿਚ ਯੂਰੀਆ ਦੀ ਵਰਤੋਂ ਕੀਤੀ ਜਾ ਰਹੀ ਹੈ, ਜਿਸ ਕਾਰਨ ਯੂਰੀਆ ਖਾਦ ਦੀ ਮੰਗ ਵੀ ਵਧ ਗਈ ਹੈ ।ਜ਼ਿਲ੍ਹੇ ਗੁਰਦਾਸਪੁਰ ਵਿੱਚ ਯੂਰੀਆ ਖਾਦ ਦੀ ਵੰਡ ਦਾ ਜਾਇਜ਼ਾ ਲੈਣ ਲਈ ਵਿਸ਼ੇਸ਼ ਦੌਰੇ ਤੇ ਆਏ ਸੰਯੁਕਤ ਨਿਰਦੇਸ਼ਕ (ਨਕਦੀ ਫ਼ਸਲਾਂ) ਡਾ. ਤੇਜਪਾਲ ਸਿੰਘ ਬਟਾਲਾ ਸਮੇਤ ਵੱਖ-ਵੱਖ ਜ਼ਿਲ੍ਹੇ ਦੇ ਥੋਕ ਖਾਦ ਵਿਕਰੇਤਾਵਾਂ ਦੇ ਕਾਰੋਬਾਰੀ ਅਦਾਰਿਆਂ ਨਾਲ ਸਬੰਧਤ ਕਾਗਜ਼ਾਤ ਅਤੇ ਗੋਦਾਮਾਂ ਦੀ ਚੈਕਿੰਗ ਕੀਤੀ ਗਈ।ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ, ਡਾ. ਪਰਮਬੀਰ ਸਿੰਘ ਕਾਹਲੋਂ ਖੇਤੀਬਾੜੀ ਅਫ਼ਸਰ, ਤਿਲਕ ਰਾਜ, ਅਮਿਤ ਕੁਮਾਰ ਤੇ ਪਰਵੀਨ ਕੁਮਾਰ ਵੀ ਮੌਜੂਦ ਸਨ।ਚੈਕਿੰਗ ਦਾ ਮੁੱਖ ਮਕਸਦ ਜ਼ਿਲ੍ਹੇ ਅੰਦਰ ਥੋਕ ਖਾਦ ਵਿਕਰੇਤਾਵਾਂ ਵੱਲੋਂ ਖੁਦਰਾ ਖਾਦ ਵਿਕਰੇਤਾਵਾਂ ਨੂੰ ਕੀਤੀ ਜਾਂਦੀ ਯੂਰੀਆ ਖਾਦ ਸਪਲਾਈ ਜਾਇਜ਼ਾ ਲੈਣਾ ਸੀ ਤਾਂ ਜੋ ਕਿਸਾਨਾਂ ਤੱਕ ਯੂਰੀਆ ਖਾਦ ਪਹੁੰਚਣ ਵਿਚ ਕੋਈ ਮੁਸ਼ਕਲ ਨਾ ਆਵੇ।

# ਬਲਾਕ ਪ੍ਰਧਾਨ ਨਵਜੋਤ ਸਿੰਘ ਅਤੇ ਸਕੱਤਰ ਕੰਵਰਬੀਰ ਸਿੰਘ ਦਾ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ



ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਾਲਾ ਨੰਗਲ ਦੇ ਸੀਨੀਅਰ ਲੈਕਚਰਾਰ ਸੰਜੀਵ ਕੁਮਾਰ, ਸਟਾਫ਼, ਮਾਸਟਰ ਕੇਡਰ ਯੂਨੀਅਨ ਪੰਜਾਬ ਵੱਲੋਂ ਜ਼ਿਲ੍ਹਾ ਪ੍ਰਧਾਨ ਇੰਦਰਪਾਲ ਸਿੰਘ ਅਤੇ ਜ਼ਿਲ੍ਹਾ ਜਨਰਲ ਸਕੱਤਰ ਅਮਰਬੀਰ ਸਿੰਘ ਰੰਧਾਵਾ ਮੁਰੀਦਕੇ ਵੱਲੋਂ ਬਲਾਕ ਫ਼ਤਿਹਗੜ੍ਹ ਚੂੜੀਆਂ ਦੇ ਬਲਾਕ ਪ੍ਰਧਾਨ ਨਵਜੋਤ ਸਿੰਘ ਕਾਲਾ ਅਫਗਾਨਾ ਅਤੇ ਸਕੱਤਰ ਕੰਵਰਬੀਰ ਸਿੰਘ ਲੋਧੀਨੰਗਲ ਦਾ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਨਵਜੋਤ ਸਿੰਘ ਰੰਧਾਵਾ ਨੇ ਕਿਹਾ ਕਿ ਜਥੇਬੰਦੀ ਅਤੇ ਸਾਥੀਆਂ ਲਈ ਉਹ ਦਿਨ ਰਾਤ ਇੱਕ ਕਰਕੇ ਮਿਹਨਤ ਕਰਨਗੇ। ਉਨ੍ਹਾਂ ਕਿਹਾ ਕਿ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਾਇਆ ਜਾਵੇਗਾ, ਡੀਏ, ਭੱਤੇ ਅਤੇ ਏਸੀਪੀ ਜੋ ਮੁਲਾਜ਼ਮਾਂ ਦੇ ਸਰਕਾਰ ਵੱਲੋਂ ਬੰਦ ਕਰ ਦਿੱਤੇ ਗਏ ਹਨ, ਦਿਵਾਏ ਜਾਣਗੇ। ਸਰਕਾਰ ਵੱਲੋਂ ਜੋ ਸਕੂਲ ਕਮੇਟੀਆਂ ਵਿੱਚ ਰਾਜਨੀਤਿਕ ਨੁਮਾਇੰਦਿਆਂ ਰਾਹੀਂ ਬੇਲੋੜਾ ਦਖ਼ਲ ਦਿੱਤਾ ਜਾ ਰਿਹਾ ਹੈ, ਉਸਦਾ ਵੀ ਯੂਨੀਅਨ ਵੱਲੋਂ ਸਖ਼ਤ ਵਿਰੋਧ ਕੀਤਾ ਗਿਆ। ਇਸ ਮੌਕੇ ਰਾਜਬੀਰ ਸਿੰਘ, ਪ੍ਰਦੀਪ ਕੁਮਾਰ, ਸੂਰਜ ਪ੍ਰਕਾਸ਼, ਗੁਰਮੁੱਖ ਸਿੰਘ, ਜਤਿੰਦਰ ਸਿੰਘ, ਤੇਜਿੰਦਰਪਾਲ ਸਿੰਘ, ਸਰਬਜੀਤ ਸਿੰਘ, ਜਗਜੀਤ ਸਿੰਘ, ਸੁਖਦੇਵ ਸਿੰਘ, ਸੁਖਵਿੰਦਰ ਸਿੰਘ, ਸਤਨਾਮ ਸਿੰਘ, ਸਰਦੂਲ ਮਸੀਹ, ਕੁਲਦੀਪ ਕੌਰ, ਨਰੇਸ਼ ਬਾਲਾ, ਰਜਨੀ ਬਾਲਾ, ਸੋਨੀਆ ਸਾਹਨੀ, ਸ਼ਿਫਾਲੀ, ਅਮਨਦੀਪ ਕੌਰ, ਭੁਪਿੰਦਰ ਕੌਰ, ਨੀਲਮ ਕੌਰ, ਸਰਬਜੀਤ ਕੌਰ ਅਤੇ ਸਮੂਹ ਸਟਾਫ਼ ਹਾਜ਼ਰ ਸੀ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀਨਾਨਗਰ ਵੱਲੋਂ ਬੀ ਪੀ ਈ ਓ ਨਾਲ ਮੀਟਿੰਗ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀਨਾਨਗਰ ਦੀ ਵਿਸ਼ੇਸ਼ ਇਕੱਤਰਤਾ ਬੀਪੀਈਓ ਦੀਨਾਨਗਰ ਜਸਵਿੰਦਰ ਸਿੰਘ ਨਾਲ ਪ੍ਰਧਾਨ ਮੰਗਤ ਚੰਚਲ ਦੀ ਅਗਵਾਈ ਹੇਠ ਹੋਈ।ਏਜੰਡੇ 'ਤੇ ਗੱਲ ਕਰਦਿਆਂ ਪਧਾਨ ਮੰਗਤ ਚੰਚਲ ਵੱਲੋਂ ਪੈਨਸ਼ਨਰ ਸਾਥੀਆਂ ਦੇ ਮੈਡੀਕਲ ਕਲੇਮ ਦੇ ਕੇਸਾਂ ਦੇ ਸਟੇਟਸ, ਲੀਵ ਇਨ-ਕੈਸ਼ਮੈਂਟ ਦਾ ਬਕਾਇਆ, ਸੁਸ਼ਮਾ ਕੁਮਾਰੀ ਸੀਐੱਚਟੀ ਡੀਡਾ ਸੈਣੀਆਂ ਦਾ ਜੀਆਈਐੱਸ ਅਤੇ 6% ਡੀਏ ਦੀ ਕਿਸ਼ਤ ਦਾ ਬਕਾਇਆ ਅਤੇ ਕੁਝ ਹੋਰ ਮਸਲਿਆਂ ਦੇ ਹੱਲ ਅਤੇ ਪੇਮੈਂਟਾਂ ਕਢਵਾਉਣ ਵਿੱਚ ਹੋ ਰਹੀ ਬੇਲੋੜੀ ਦੇਰੀ ਸਬੰਧੀ ਜਾਣਕਾਰੀ ਮੰਗੀ ਗਈ।ਇਸ ਸਬੰਧੀ ਬੀਪੀਈਓ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਨੇ ਕੁਝ ਕੰਮਾਂ ਦਾ ਨਿਪਟਾਰਾ ਕਰਵਾਇਆ ਹੈ ਪਰ ਫਿਰ ਵੀ ਬਹੁਤ ਸਾਰੇ ਕੰਮ ਅਜੇ ਪੈਂਡਿੰਗ ਹਨ ਜੋ ਕੁਝ ਦਿਨਾਂ ਵਿੱਚ ਹੀ ਪੂਰੇ ਕਰਨ ਲਈ ਵਚਨਬੱਧ ਹਨ।ਪੈਨਸ਼ਨਰ ਆਗੂਆਂ ਵਿੱਚ ਜੋਗਿੰਦਰ ਪਾਲ ਸੈਣੀ, ਪ੍ਰਿੰਸ. ਬੂਟੀ ਰਾਮ, ਸੁਭਾਸ਼ ਚੰਦਰ, ਕਰਮ ਸਿੰਘ ਜੱਗੀ, ਜੋਗਿੰਦਰ ਪਾਲ ਕਲੀਚਪੁਰ, ਪ੍ਰਬੋਧ ਕੁਮਾਰ, ਜਗਦੀਸ਼ ਰਾਜ ਚੱਕ, ਕਮਲ ਸਿੰਘ, ਨਰਿੰਦਰ ਕੁਮਾਰ ਸੈਣੀ, ਮਹਿੰਦਰ ਪਾਲ ਅਤੇ ਕੇਵਲ ਕ੍ਰਿਸ਼ਨ ਦੇ ਨਾਂ ਸ਼ਾਮਿਲ ਹਨ।



# ਸ਼੍ਰੀ ਭੈਰੋਂ ਬਾਬਾ ਦਾ ਪਲੇਠਾ ਮੂਰਤੀ ਸਥਾਪਨਾ ਦਿਵਸ ਮਨਾਇਆ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ):ਧਰਮਸ਼ਾਲਾ ਸ਼੍ਰੀ ਸਨਾਤਨ ਧਰਮ ਮਹਾਵੀਰ ਦਲ ਮੇਨ ਬਾਜ਼ਾਰ ਕਾਦੀਆਂ ਵੱਲੋਂ ਸ਼੍ਰੀ ਭੈਰੋਂ ਬਾਬਾ ਦਾ ਪਹਿਲਾ ਮੂਰਤੀ ਸਥਾਪਨਾ ਦਿਵਸ ਬੜੀ ਧੂਮਧਾਮ ਅਤੇ ਸ਼ਰਧਾਪੂਰਵਕ ਸਮੂਹ ਕਮੇਟੀ ਮੈਂਬਰਾਂ ਅਤੇ ਕਾਦੀਆਂ ਨਿਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ।ਇਸ ਮੌਕੇ ਪ੍ਰਧਾਨ ਪਵਨ ਕੁਮਾਰ ਵਿੱਕੀ ਭਾਮੜੀ, ਵਾਈਸ ਪ੍ਰਧਾਨ ਅਮਿਤ ਭਾਟੀਆ, ਸਲਾਹਕਾਰ ਪਵਨ ਕੁਮਾਰ ਭਾਟੀਆ, ਚੇਅਰਮੈਨ ਰਜਿੰਦਰ ਭਾਟੀਆ, ਡਾਕਟਰ ਤਿਲਕ ਰਾਜ ਘੁੰਮਣ, ਬੱਬਲ ਮਹਾਜਨ, ਅਸ਼ੋਕ ਨਈਅਰ, ਸੁਰਿੰਦਰ ਭਾਟੀਆ, ਬਾਲ ਕ੍ਰਿਸ਼ਨ ਗੁਪਤਾ, ਵੀਰੂ ਸੇਠ, ਡਿਪਲ ਵਰਮਾ, ਸ਼ਾਮ ਲਾਲ ਸ਼ਰਮਾ, ਮੋਨੂ ਮਹਾਜਨ, ਮੰਗਾ ਭਾਟੀਆ, ਪੂਰਨ ਚੰਦ ਪੂਰੀ, ਮਿੰਦਰ ਪਾਲ, ਲੇਡੀ ਸੇਵਕ ਸਭਾ ਵਲੋਂ ਪ੍ਰੀਆ ਭਾਟੀਆ, ਸਤਨਾਮ ਸਿੰਘ, ਅਵਤਾਰ ਸਿੰਘ, ਬੱਬਲੂ ਭਾਮੜੀ, ਅਰਸ਼ ਭਾਟੀਆ, ਪੰਕਜ ਸਿੰਘ, ਗਗਨ ਜੋਜਰਾ, ਸ਼ੁਬਮ ਮਹਾਜਨ, ਜੁਵਰਾਜ ਸਲਹੋਤਰਾ, ਹਨੀ ਭਨੋਟ, ਰੋਹਿਤ ਮਹਾਜਨ, ਦੀਪਕ ਸ਼ਰਮਾਂ, ਨੀਟਾ ਜੀ, ਮੋਹਿਤ ਵਿੱਜ, ਅਮਿਤ ਸ਼ਰਮਾਂ, ਸੋਨੂੰ, ਵਿਸ਼ਾਲ ਬਲੱਗਣ ਆਦਿ ਹਾਜ਼ਰ ਸਨ।



# ਐਡਵੋਕੇਟ ਧਾਮੀ ਵੱਲੋਂ ਪੰਜਾਬ ਸਰਕਾਰ ਦੇ ਵੱਖਰੇ ਤੌਰ 'ਤੇ ਸ਼ਤਾਬਦੀ ਸਮਾਗਮ ਮਨਾਉਣ ਦੇ ਐਲਾਨ 'ਤੇ ਇਤਰਾਜ਼ ਪ੍ਰਗਟ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਵੱਖਰੇ ਤੌਰ 'ਤੇ ਸਰਕਾਰੀ ਪੱਧਰ 'ਤੇ ਸਮਾਗਮ ਕਰਵਾਏ ਜਾਣ ਦੇ ਐਲਾਨ 'ਤੇ ਸਖਤ ਇਤਰਾਜ਼ ਪ੍ਰਗਟ ਕੀਤਾ ਹੈ।ਪੰਜਾਬ ਸਰਕਾਰ ਦੇ ਮੰਤਰੀਆਂ ਵਲੋਂ ਸ਼ਤਾਬਦੀ ਸਮਾਗਮ ਕੌਮੀ ਸੰਸਥਾ ਤੋਂ ਵੱਖਰੇ ਮਨਾਉਣ ਦੇ ਬਿਆਨ ਤੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਦੀ ਸਿਰਮੌਰ ਧਾਰਮਿਕ ਸੰਸਥਾ ਹੁੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੀ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਤਿਹਾਸਕ ਸ਼ਤਾਬਦੀਆਂ ਦੇ ਸਮਾਗਮ ਆਯੋਜਿਤ ਕਰਨ ਦੀ ਹੱਕਦਾਰ ਹੈ।ਉਨ੍ਹਾਂ ਕਿਹਾ ਕਿ ਸਰਕਾਰਾਂ ਦਾ ਮੁੱਖ ਕੰਮ ਸੰਗਤਾਂ ਦੀ ਸਹੂਲਤ ਲਈ ਪ੍ਰਬੰਧ ਕਰਨਾ ਹੈ, ਨਾ ਕਿ ਧਾਰਮਿਕ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਕਰਨੀ। ਧਾਰਮਿਕ ਪੱਖੋਂ ਅਜਿਹੇ ਸਮਾਗਮ ਸਿਰਫ਼ ਉਹੀ ਸੰਸਥਾਵਾਂ ਕਰ ਸਕਦੀਆਂ ਹਨ ਜੋ ਸਿੱਖ ਮਰਯਾਦਾ ਅਤੇ ਇਤਿਹਾਸਕ ਸੰਵੇਦਨਸ਼ੀਲਤਾ ਨੂੰ ਗਹਿਰਾਈ ਨਾਲ ਸਮਝਦੀਆਂ ਹਨ।ਉਨ੍ਹਾਂ ਕਿਹਾ ਕਿ ਬੀਤੇ ਵਿਚ ਸਿੱਖ ਇਤਿਹਾਸ ਦੇ ਮਹੱਤਵਪੂਰਣ ਮੌਕਿਆਂ 'ਤੇ ਸਮਾਗਮ ਹਮੇਸ਼ਾਂ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿੱਚ ਹੀ ਹੋਏ ਹਨ, ਜਦਕਿ ਸਰਕਾਰਾਂ ਨੇ ਸਿਰਫ਼ ਪ੍ਰਬੰਧਕੀ ਸਹਿਯੋਗ ਦਿੱਤਾ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਦੀ ਤਤਕਾਲੀ ਅਕਾਲੀ ਸਰਕਾਰ ਨੇ ਹਰ ਸ਼ਤਾਬਦੀ ਮੌਕੇ ਪ੍ਰਬੰਧਕੀ ਸਹਿਯੋਗ ਦੇ ਕੇ ਸਰਕਾਰਾਂ ਲਈ ਮਿਸਾਲ ਕਾਇਮ ਕੀਤੀ ਹੈ।ਇਸੇ ਤਰ੍ਹਾਂ ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350 ਸਾਲਾ ਪ੍ਰਕਾਸ਼ ਪੁਰਬ ਮਨਾਇਆ ਗਿਆ ਤਾਂ ਬਿਹਾਰ ਸਰਕਾਰ ਨੇ ਸਮੂਹ ਪ੍ਰਬੰਧਾਂ ਵਿੱਚ ਪੂਰਾ ਸਹਿਯੋਗ ਦਿੱਤਾ।ਇੰਝ ਲੰਘੀਆਂ ਸ਼ਤਾਬਦੀਆਂ ਮੌਕੇ ਸਰਕਾਰਾਂ ਨੇ ਸੰਗਤ ਦੇ ਰਹਿਣ ਲਈ ਲੋੜੀਂਦਾ ਢਾਂਚਾ ਤਿਆਰ ਕੀਤਾ, ਪਰ ਸਮਾਗਮਾਂ ਦੀ ਧਾਰਮਿਕ ਜ਼ੁੰਮੇਵਾਰੀ ਧਾਰਮਿਕ ਸੰਸਥਾਵਾਂ ਨੇ ਹੀ ਨਿਭਾਈ ।ਉਨ੍ਹਾਂ ਕਿਹਾ ਕਿ ਜੇਕਰ ਮੌਜੂਦਾ ਪੰਜਾਬ ਸਰਕਾਰ ਸ੍ਰੀ ਅਨੰਦਪੁਰ ਸਾਹਿਬ ਨੂੰ ਵਾਈਟ ਸਿਟੀ ਵਿੱਚ ਤਬਦੀਲ ਕਰਨ ਦੀ ਯੋਜਨਾ ਬਣਾਉਂਦੀ ਹੈ ਜਾਂ ਸੰਗਤ ਦੀ ਸਹੂਲਤ ਲਈ ਟੈਂਟ ਸਿਟੀ ਦਾ ਪ੍ਰਬੰਧ ਕਰਦੀ ਹੈ ਜਾਂ ਹੋਰ ਬੁਨਿਆਦੀ ਪ੍ਰਬੰਧ ਕਰਦੀ ਹੈ, ਤਾਂ ਸ਼੍ਰੋਮਣੀ ਕਮੇਟੀ ਇਸਦਾ ਸਵਾਗਤ ਕਰੇਗੀ।ਪਰੰਤੂ ਸਿੱਖ ਧਾਰਮਿਕ ਸੰਸਥਾ ਦੇ ਮੁਕਾਬਲੇ ਵਿੱਚ ਵੱਖਰੇ ਤੌਰ 'ਤੇ ਸਮਾਗਮ ਕਰਨਾ ਕਿਸੇ ਵੀ ਤਰ੍ਹਾਂ ਕਬੂਲ ਨਹੀਂ ਕੀਤਾ ਜਾ ਸਕਦਾ। ਸਰਕਾਰ ਵੱਲੋਂ ਅਜਿਹਾ ਕਰਨਾ ਸ਼ਤਾਬਦੀਆਂ ਦੇ ਇਤਿਹਾਸਕ ਸਮੇਂ 'ਤੇ ਟਕਰਾਅ ਪੈਦਾ ਕਰਨ ਦੀ ਕੋਸ਼ਿਸ਼ ਹੈ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਪਸ਼ਟ ਕੀਤਾ ਕਿ ਸ਼੍ਰੋਮਣੀ ਕਮੇਟੀ ਸਭ ਨੂੰ ਨਾਲ ਲੈ ਕੇ ਸ਼ਤਾਬਦੀ ਸਮਾਗਮ ਕਰੇਗੀ।ਇਸ ਸਬੰਧੀ ਪਹਿਲਾਂ ਹੀ ਐਲਾਨ ਕੀਤਾ ਜਾ ਚੁੱਕਾ ਹੈ ਕਿ ਸ਼ਤਾਬਦੀ ਸਮਾਗਮਾਂ ਦੌਰਾਨ ਕੇਂਦਰ ਅਤੇ ਸੂਬਾ ਸਰਕਾਰਾਂ ਦੇ ਵੱਡੇ ਪ੍ਰਤੀਨਿਧਾਂ ਨੂੰ ਸੱਦਾ ਦਿਤਾ ਜਾਵੇਗਾ।ਇਸ ਲਈ ਪੰਜਾਬ ਸਰਕਾਰ ਸਹਿਯੋਗੀ ਭੂਮਿਕਾ ਨਿਭਾਏ, ਨਾ ਕਿ ਵੱਖਰੇ ਤੌਰ 'ਤੇ ਸਮਾਗਮ ਕਰਨ ਲਈ ਪੰਥ ਵਿਚ ਬੇਲੋੜੀ ਚਰਚਾ ਪੈਦਾ ਕਰੇ।

# ਲੁੱਧੜ ਦੀ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਨਸ਼ਿਆਂ ਖਿਲਾਫ ਸਖ਼ਤ ਮਤਾ ਪਾਸ

ਮਜੀਠਾ (ਸੋਇਮ ਆਨੰਦ)-ਹਲਕਾ ਮਜੀਠਾ ਦੇ ਪਿੰਡ ਲੁੱਧੜ ਦੇ ਪੰਚਾਇਤ, ਵਲੰਟੀਅਰਾਂ ਤੇ ਪਿੰਡ ਵਾਸੀਆਂ ਨੇ ਸਰਪੰਚ ਰਾਜ ਕੁਮਾਰ ਲੁੱਧੜ ਆਪ ਦੇ ਬਲਾਕ ਪ੍ਰਧਾਨ ਦੀ ਅਗਵਾਈ ਵਿੱਚ ਨਸ਼ਿਆਂ ਦੇ ਖਿਲਾਫ ਮੀਟਿੰਗ ਕਰਕੇ ਪਿੰਡ ਵਿੱਚ ਨਸ਼ਾ ਵੇਚਣ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕਰਨ ਦਾ ਮਤਾ ਪਾਸ ਕੀਤਾ ਗਿਆ ਜਿਸ ਮੁਤਾਬਕ ਪਿੰਡ 'ਚ ਕਿਸੇ ਵੀ ਕਿਸਮ ਦਾ ਕੋਈ ਵੀ ਵਿਅਕਤੀ ਨਸ਼ਾ ਵੇਚਦਾ ਪਾਇਆ ਗਿਆ ਤਾਂ ਉਸ ਨੂੰ ਸਮੁੱਚੀ ਪੰਚਾਇਤ ਅਤੇ ਵਲੰਟੀਅਰਾਂ ਵੱਲੋਂ ਮਿਲ ਕੇ ਪੁਲਸ ਹਵਾਲੇ ਕੀਤਾ ਜਾਵੇਗਾ ਅਤੇ ਪਿੰਡ ਵਿੱਚ ਨਸ਼ਾ ਵੇਚਣ ਵਾਲੇ ਦਾ ਸਮਾਜਿਕ ਤੌਰ ਬਾਈਕਾਟ ਵੀ ਕੀਤਾ ਜਾਵੇਗਾ। ਇਕੱਤਰਤਾ ਦੌਰਾਨ ਸਰਪੰਚ ਰਾਜ ਕੁਮਾਰ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਪਿੰਡ ਲੁੱਧੜ ਵਿੱਚ ਨਸ਼ਿਆਂ ਕਾਰਨ ਛੇ ਨੌਜਵਾਨਾਂ ਦੀ ਜਾਨ ਜਾ ਚੁੱਕੀ ਹੈ।ਇਸ ਲਈ ਭਵਿੱਖ ਵਿੱਚ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਮਾਰ ਤੋਂ ਬਚਾਉਣ ਲਈ ਸਖ਼ਤ ਕਦਮ ਚੁੱਕੇ ਜਾਣਗੇ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਕਾਰਨ ਹੋਣ ਵਾਲੀਆਂ ਮੌਤਾਂ ਨੂੰ ਰੋਕਣ ਲਈ ਸਮੁੱਚੇ ਸਮਾਜ ਨੂੰ ਇਕਜੁੱਟ ਹੋਣਾ ਪਵੇਗਾ।ਸਰਪੰਚ ਨੇ ਸਰਕਾਰ ਨੂੰ ਸੁਝਾਅ ਦਿੱਤਾ ਕਿ ਮਾਰੂ ਨਸ਼ੇ ਵੇਚਣ ਵਾਲੇ ਤੇ ਵਰਤੋਂ ਕਰਨ ਵਾਲੇ ਪਰਿਵਾਰਾਂ ਨੂੰ ਸਰਕਾਰੀ ਸਹੂਲਤਾਂ (ਰਾਸ਼ਨ, ਪੈਨਸ਼ਨ ਆਦਿ) ਦੇ ਲਾਭਾਂ ਤੋਂ ਲਾਂਭੇ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪਿੰਡ ਵਿੱਚ ਨੌਜਵਾਨਾਂ ਨੂੰ ਨਸਿਆਂ ਤੋਂ ਦੂਰ ਰੱਖਣ ਦੇ ਮੰਤਵ ਨਾਲ ਖਿਡਾਰੀਆਂ ਨੂੰ ਖੇਡ ਸਮੱਗਰੀ ਮੁਹੱਈਆ ਕਰਵਾਈ ਜਾਵੇਗੀ।ਮੀਟਿੰਗ 'ਚ ਪੰਚਾਇਤ ਮੈਂਬਰ ਕੁਲਭੂਸ਼ਨ ਸ਼ਰਮਾ, ਗਿਆਨ ਕੌਰ, ਅੰਗਰੇਜ਼ ਪਾਲ ਭਗਤ, ਚਰਨਜੀਤ ਕੌਰ, ਰਾਜਵਿੰਦਰ ਕੌਰ, ਡਾ. ਰਕੇਸ਼ ਕੁਮਾਰ ਸ਼ਰਮਾ, ਦਿਲਬਾਗ ਸਿੰਘ ਪੰਨੂ, ਰਣਜੀਤ ਸਿੰਘ ਰਾਣਾ, ਕੰਵਲਜੀਤ ਸਿੰਘ ਭੱਟੀ, ਕੈਪਟਨ ਵਿਜੈ ਕੁਮਾਰ, ਹਰਦੇਵ ਸਿੰਘ ਦੋਧੀ, ਸੁਬੇਗ ਸਿੰਘ ਭੱਟੀ, ਸਾਜਨ ਸਿੰਘ, ਰੇਸ਼ਮ ਸਿੰਘ, ਸੈਕਟਰੀ ਲਲਿਤ ਕੁਮਾਰ, ਸੈਕਟਰੀ ਦਿਲਬਾਗ ਸਿੰਘ ਅਤੇ ਪ੍ਰਵੀਨ ਕੁਮਾਰੀ ਲੁੱਧੜ ਸਮੇਤ ਹੋਰ ਹਾਜ਼ਰ ਸਨ।




## ਉਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚਨਾ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-93 | 05.08.25 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ) 14542/F1, 15212/F1, 19612/F1, 20424/F1, 18104/F1, 11058/R1, 14720/F1, 14633/R1, 15015/F1 & 22480/F1 |


ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

2213/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਿਲੋ ਹੈਰੋਇਨ ਤੇ 2 ਪਿਸਤੌਲਾਂ ਸਮੇਤ ਦੋ ਗ੍ਰਿਫਤਾਰ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਸਰਕਾਰ ਵਲੋਂ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ 'ਯੁੱਧ ਨਸ਼ਿਆ ਵਿਰੁੱਧ' ਤਹਿਤ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਦੀ ਅਗਵਾਈ ਹੇਠ ਸੀ.ਆਈ.ਏ ਸਟਾਫ ਟੀਮ ਨੇ ਇੱਕ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਹੈ। ਮਨਪ੍ਰੀਤ ਸਿੰਘ ਢਿੱਲੋਂ, ਡੀਸੀਪੀ (ਜਾਂਚ), ਜਯੰਤ ਪੁਰੀ ਏਡੀਸੀਪੀ (ਜਾਂਚ) ਅਤੇ ਪਰਮਜੀਤ ਸਿੰਘ ਏਡੀਸੀਪੀ ਦੀ ਅਗਵਾਈ ਹੇਠ ਇੰਸਪੈਕਟਰ ਸੁਰਿੰਦਰ ਕੁਮਾਰ ਇੰਚਾਰਜ ਸੀਆਈਏ ਸਟਾਫ ਸਮੇਤ ਪੁਲਸ ਟੀਮ ਵਲੋਂ ਦੋ ਮੁਲਜ਼ਮਾਂ ਨੂੰ 1 ਕਿਲੋ ਹੈਰੋਇਨ ਸਮੇਤ 2 ਗੈਰ-ਕਾਨੂੰਨੀ ਪਿਸਤੌਲ .32 ਬੋਰ, 2 ਕਾਰਤੂਸਾਂ ਨਾਲ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ ਕਮਿਸ਼ਨਰ ਜਲੰਧਰ ਨੇ ਵੇਰਵਾ ਸਾਂਝਾ ਕਰਦਿਆਂ ਹੋਇਆਂ ਕਿਹਾ ਕਿ ਬੀਤੇ ਦਿਨੀਂ ਸੀ.ਆਈ.ਏ ਸਟਾਫ ਦੀ ਪੁਲਸ ਟੀਮ ਲਿੰਕ ਰੋਡ, ਕੋਟ ਕਾਲਾ, ਨੇੜੇ ਬੋਹੜਵਾਲਾ ਚੌਂਕ ਵਿਖੇ ਇੱਕ ਨਾਕਾਬੰਦੀ (ਚੈੱਕਪੁਆਇੰਟ) ਦੀ ਕਾਰਵਾਈ ਕਰ ਰਹੀ ਸੀ। ਕਾਰਵਾਈ ਦੌਰਾਨ, ਪੁਲਸ ਨੇ ਇੱਕ ਸ਼ੱਕੀ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਸਦੇ ਕਬਜ਼ੇ ਵਿੱਚੋਂ 1 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ।




ਦੋਸ਼ੀ ਦੀ ਪਛਾਣ ਵਿਨੋ ਕੁਮਾਰ ਉਰਫ਼ ਮਿੰਟੂ, ( 34 ਸਾਲ) ਪੁੱਤਰ ਆਸ਼ੀਸ਼ ਪਾਲ ਵਾਸੀ ਮਕਾਨ ਨੰਬਰ 9, ਗਲੀ ਨੰਬਰ 8, ਗੁਰੂ ਨਾਨਕ ਨਗਰ, ਨੇੜੇ ਨਾਗਰਾ ਰੇਲਵੇ ਫਾਟਕ, ਜਲੰਧਰ ਵਜੋਂ ਹੋਈ ਹੈ। ਦੋਸ਼ੀ ਵਿਰੁੱਧ ਮੁਕੱਦਮਾ ਨੰਬਰ 115 ਮਿਤੀ 18.07.2025, ਐਨਡੀਪੀਐਸ ਐਕਟ ਦੀ ਧਾਰਾ 21(ਸੀ)-61-85 ਅਧੀਨ ਥਾਣਾ ਕੈਂਟ, ਜਲੰਧਰ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ।ਉਹਨਾਂ ਨੇ ਅੱਗੇ ਕਿਹਾ ਕਿ ਜਾਂਚ ਦੌਰਾਨ, ਇੱਕ ਹੋਰ ਦੋਸ਼ੀ ਮੰਗਰ ਸਿੰਘ ਉਰਫ਼ ਮੇਜਰ ਪੁੱਤਰ ਜਸਵਿੰਦਰ ਸਿੰਘ ਵਾਸੀ ਮਕਾਨ ਨੰਬਰ 357/6, ਸ਼ਹੀਦ ਬਾਬੂ ਲਾਭ ਸਿੰਘ ਨਗਰ, ਬਸਤੀ ਬਾਵਾ ਖੇਲ, ਜਲੰਧਰ ਦੀ ਸ਼ਮੂਲੀਅਤ ਦਾ ਖੁਲਾਸਾ ਹੋਇਆ। ਉਸਨੂੰ ਵੀ ਗ੍ਰਿਫਤਾਰ ਕੀਤਾ ਗਿਆ ਅਤੇ ਉਸਦੀ ਗ੍ਰਿਫ਼ਤਾਰੀ 'ਤੇ ਪੁਲਸ ਨੇ ਦੋ ਗੈਰ-ਕਾਨੂੰਨੀ ਪਿਸਤੌਲ (.32 ਬੋਰ) ਦੇ ਨਾਲ-ਨਾਲ ਦੋ ਕਾਰਤੂਸ ਬਰਾਮਦ ਕੀਤੇ। ਨਤੀਜੇ ਵਜੋਂ, ਮੁਕੱਦਮੇ ਵਿੱਚ ਅਸਲਾ ਐਕਟ ਦੀਆਂ ਧਾਰਾਵਾਂ 25(1) (ਬੀ), 54, ਅਤੇ 59 ਦਾ ਵਾਧਾ ਜੁਰਮ ਕੀਤਾ ਗਿਆ। ਉਹਨਾਂ ਨੇ ਅੱਗੇ ਕਿਹਾ ਕਿ ਇਸ ਸਬੰਧੀ ਹੋਰ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

# ਨਹਿਰ 'ਚ ਫਿਰ ਡਿੱਗਾ ਪੱਥਰਾਂ ਨਾਲ ਭਰਿਆ ਟਰਾਲਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਗੜ੍ਹਸ਼ੰਕਰ - ਕੋਟਫਤੂਹੀ - ਮੇਹਟੀਆਣਾ ਵਿਚਕਾਰ ਨਿੱਤ ਨਹਿਰ ਵਿੱਚ ਗੱਡੀਆਂ ਦੇ ਡਿੱਗਣ ਦੇ ਸਮਾਚਾਰ ਮਿਲ ਰਹੇ ਹਨ। ਕਈ ਰਾਹਗੀਰ ਮੌਤ ਦੇ ਮੂੰਹ ਵਿੱਚ ਚਲੇ ਗਏ ਹਨ ਅਤੇ ਕਈ ਗੰਭੀਰ ਫੱਟੜ ਹੋ ਕੇ ਲੱਤਾਂ ਬਾਹਾਂ ਤੁੜਵਾ ਬੈਠੇ ਹਨ। 22 ਜੁਲਾਈ ਨੂੰ ਫਿਰ ਸਵੇਰੇ ਇਕ ਟਿੱਪਰ ਨਹਿਰ 'ਚ ਪਲਟ ਗਿਆ। ਡਰਾਈਵਰ ਮਨੋਜ ਕੁਮਾਰ ਵਾਸੀ ਪਿੰਡ ਚੱਕ ਵਿਜੇਪੁਰ ( ਬੀਕਾਨੇਰ) ਨੇ ਪ੍ਰੈਸ ਨੂੰ ਦੱਸਿਆ ਕਿ ਮੈਂ ਜੇਜੋਂ ਤੋਂ ਅਬੋਹਰ ਲਈ ਇਕੱਲਾ ਹੀ ਪੱਥਰਾਂ ਨਾਲ ਭਰਿਆ ਟਿੱਪਰ ਲੈ ਕੇ ਚੱਲਿਆ । ਮੈਂ ਕੋਟਫਤੂਹੀ ਤੋਂ ਮੇਹਟੀਆਣਾ ਵਾਲੀ ਸੜਕ 'ਤੇ ਜਾ ਰਿਹਾ ਸੀ ਤਾਂ ਜਦੋਂ ਮੈਂ ਬਘਾਣਾ ਪਿੰਡ ਦੇ ਲਾਗਿਓਂ ਲੰਘ ਰਿਹਾ ਸੀ ਤਾਂ ਅੱਗੋਂ ਇਕ ਹੋਰ ਆ ਰਹੇ ਟਿੱਪਰ ਨੇ ਉੱਪਰ ਦਰੱਖਤ ਦੇ ਟਾਹਣ ਨੂੰ ਬਚਾਉਂਦੇ ਹੋਏ ਮੇਰੇ ਵੱਲ ਗੱਡੀ ਦਬਾਅ ਦਿੱਤੀ। ਮੈਂ ਬਚਾਉ ਦੀ ਕੋਸ਼ਿਸ਼ ਕੀਤੀ ਪਰ ਨਹਿਰ ਵਾਲੇ ਪਾਸੇ ਨਾ ਤਾਂ ਕੋਈ ਬਰਮ ਸੀ ਤੇ ਨਾ ਹੀ ਸੇਫਟੀ ਗਾਰਡ, ਮੇਰੀ ਗੱਡੀ ਨਹਿਰ ਵਿਚ ਪਲਟ ਕੇ ਪੁੱਠੀ ਹੋ ਗਈ। ਦਿਨ ਦਾ ਸਮਾਂ ਹੋਣ ਕਾਰਨ ਰਾਹਗੀਰਾਂ ਨੇ ਮੈਨੂੰ ਗੱਡੀ ਵਿਚੋਂ ਬਾਹਰ ਕੱਢਿਆ। ਇਸ ਮੌਕੇ ਨਹਿਰ ਪਾਣੀ ਨਾਲ ਭਰੀ ਹੋਈ ਚੱਲ ਰਹੀ ਹੈ । ਨਹਿਰ ਵਿੱਚ ਗੱਡੀ ਡਿੱਗਣ ਦੀ ਖਬਰ ਸੁਣਦਿਆਂ ਹੀ ਪਿੰਡ ਬਘਾਣਾ ਦੇ ਸਰਪੰਚ ਬਲਵਿੰਦਰ ਸਿੰਘ ਮੌਕੇ 'ਤੇ ਪਹੁੰਚੇ ਤੇ ਪੁਲਸ ਨੂੰ ਸੂਚਨਾ ਦਿੱਤੀ। ਪੁਲਸ ਚੌਕੀ ਇੰਚਾਰਜ ਕਮਲਜੀਤ ਸਿੰਘ ਆਪਣੀ ਫੋਰਸ ਸਮੇਤ ਤੁਰੰਤ ਮੌਕੇ 'ਤੇ ਪਹੁੰਚ ਕੇ ਬਚਾਓ ਕਾਰਜਾਂ ਵਿੱਚ ਜੁਟ ਗਏ । ਘਟਨਾ ਸਥਾਨ 'ਤੇ ਆਮ ਲੋਕ ਇਹ ਵੀ ਕਹਿੰਦੇ ਸੁਣੇ ਗਏ ਕਿ ਜੇਜੋਂ ਤੋਂ ਕੋਟਫਤੂਹੀ-ਕੋਟ ਫਤੂਹੀ-ਬਹਿਰਾਮ-ਫਗਵਾੜਾ ਵਾਲੀ ਸੜਕ ਬਿਲਕੁਲ ਨਵੀਂ ਅਤੇ ਨੇੜੇ ਹੈ ਪਰ ਪੱਥਰਾਂ ਨਾਲ ਭਰੇ ਹੋਏ ਏਨੇ ਵੱਡੇ-ਵੱਡੇ ਟਿੱਪਰ ਇਧਰੋਂ ਦੀ ਕਿਓਂ ਜਾਂਦੇ ਹਨ ਇੱਕ ਤਾਂ ਇਹ ਸੜਕ ਛੋਟੀ ਹੈ ਅਤੇ ਵੱਡੇ ਟਿੱਪਰ ਚੱਲਣ ਦੇ ਕਾਬਲ ਨਹੀਂ ਹੈ ।ਕਿਤੇ ਇਹ ਨਜਾਇਜ਼ ਮਾਈਨਿੰਗ ਕਰਕੇ ਤਾਂ ਨਹੀਂ ਇਥਰੋਂ ਦੀ ਜਾ ਰਹੇ ?



# ਜੰਗਲਾਤ ਕਾਮਿਆਂ ਨੇ ਧਰਨਾ ਦੇ ਕੇ ਮੰਗ ਪੱਤਰ ਸਰਕਾਰ ਨੂੰ ਭੇਜਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਦੇ ਸੱਦੇ 'ਤੇ 21 ਤੋਂ 22 ਜੁਲਾਈ ਨੂੰ ਸਰਕਾਰ ਨੂੰ ਮੰਗ ਪੱਤਰ ਦੇਣ ਦੀ ਕੜੀ ਤਹਿਤ ਇੱਥੇ ਜੰਗਲਾਤ ਵਰਕਰਜ਼ ਯੂਨੀਅਨ ਵਣ ਮੰਡਲ ਹੁਸ਼ਿਆਰਪੁਰ ਵੱਲੋਂ ਵਣ ਮੰਡਲ ਅਫ਼ਸਰ ਹੁਸ਼ਿਆਰਪੁਰ ਦੇ ਦਫਤਰ ਅੱਗੇ ਮੰਡਲ ਪ੍ਰਧਾਨ ਪਵਨ ਕੁਮਾਰ ਦੀ ਪ੍ਰਧਾਨਗੀ ਹੇਠ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਸਵੇਰ ਤੋਂ ਹੀ ਵੱਡੀ ਗਿਣਤੀ ਵਿੱਚ ਜੰਗਲਾਤ ਕਾਮੇ ਆਪਣੇ ਝੰਡੇ ਮਾਟੋ ਤੇ ਬੈਨਰਾਂ ਨਾਲ ਲੈਸ ਹੋ ਕੇ ਪੂਰੇ ਜੋਸ਼ੋ ਖਰੋਸ਼ ਨਾਲ ਝੰਡੇ ਮਾਟੋ ਤੇ ਬੈਨਰ ਲੈ ਕੇ ਇਸ ਧਰਨੇ ਵਿੱਚ ਪੁੱਜੇ। ਧਰਨੇ ਨੂੰ ਸੰਬੋਧਨ ਕਰਦਿਆ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜੰਗਲਾਤ ਵਰਕਰਜ਼ ਯੂਨੀਅਨ ਦੇ ਵਣ ਮੰਡਲ ਆਗੂਆਂ ਜੇ ਪਾਲ, ਅਮਰੀਕ ਸਿੰਘ, ਬਲਜੀਤ ਕੁਮਾਰ , ਜੈ ਦੇਵ , ਸੁੱਚਾ ਸਿੰਘ ਅਤੇ ਕਮਲ ਕੁਮਾਰ ਨੇ ਆਖਿਆ ਕਿ ਵਿਭਾਗ ਵੱਲੋਂ ਜੰਗਲਾਤ ਕਾਮਿਆਂ ਦਾ ਮੈਡੀਕਲ ਅਤੇ ਪੁਲਿਸ ਵੈਰੀਫਿਕੇਸ਼ਨ ਕਰਵਾਉਣ ਦੇ ਬਾਵਜੂਦ ਇੱਕ ਮਹੀਨਾ ਬੀਤਣ ਤੇ ਵੀ ਜੰਗਲਾਤ ਕਾਮਿਆਂ ਨੂੰ ਨਿਯੁਕਤੀ ਪੱਤਰ ਨਹੀਂ ਮਿਲੇ। ਲੋਕਾਂ ਨਾਲ ਵੋਟ ਵਟੋਰੂ ਵਾਅਦੇ ਕਰਨ ਵਾਲੀ ਸਰਕਾਰ ਨੇ ਲਗਭਗ ਸਾਡੇ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਜੰਗਲਾਤ ਦਾ ਇੱਕ ਵੀ ਕਾਮਾ ਪੱਕਾ ਨਹੀਂ ਕੀਤਾ , ਜਿਸ ਕਾਰਨ ਜੰਗਲਾਤ ਕਾਮਿਆਂ ਵਿੱਚ ਭਾਰੀ ਰੋਸ ਤੇ ਬੇਚੈਨੀ ਪਾਈ ਜਾ ਰਹੀ ਹੈ । ਜੰਗਲਾਤ ਕਾਮਿਆਂ ਨੇ ਵਣ ਮੰਡਲ ਅਫ਼ਸਰ ਹੁਸ਼ਿਆਰਪੁਰ ਦੇ ਦਫਤਰ ਅੱਗੇ ਰੋਸ ਧਰਨਾ ਦਿੱਤਾ ਅਤੇ ਵਣ ਮੰਡਲ ਅਫ਼ਸਰ ਅਵਨੀਤ ਸਿੰਘ ਰਾਹੀਂ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜਿਆ। ਇਸ ਮੌਕੇ ਆਗੂਆਂ ਐਲਾਨ ਕੀਤਾ ਕਿ ਜੇਕਰ ਸਰਕਾਰ ਨੇ ਜੰਗਲਾਤ ਕਾਮਿਆਂ ਨੂੰ ਜਲਦੀ ਨਿਯੁਕਤੀ ਪੱਤਰ ਨਾ ਦਿੱਤੇ ਤੇ ਜੰਗਲਾਤ ਵਿਭਾਗ ਵਿੱਚ ਲੰਮੇ ਸਮੇਂ ਤੋਂ ਕੰਮ ਕਰਦੇ ਕੱਚੇ ਕਾਮੇ ਪੱਕੇ ਨਾ ਕੀਤੇ ਅਤੇ ਹੋਰ ਮੰਗਾਂ ਦਾ ਹੱਲ ਨਾ ਕੀਤਾ, ਤਾਂ ਆਉਣ ਵਾਲੀ 26 ਜੁਲਾਈ ਨੂੰ ਵਣ ਮੰਤਰੀ ਪੰਜਾਬ ਦੇ ਹਲਕਾ ਭੋਆ ਵਿੱਚ ਵਿਸ਼ਾਲ ਰੋਸ ਧਰਨਾ ਦੇਣ ਉਪਰੰਤ ਝੰਡਾ ਮਾਰਚ ਕੀਤਾ ਜਾਵੇਗਾ।



# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਵਿਖੇ ਕਰਵਾਏ ਚੈੱਸ ਮੁਕਾਬਲੇ

**ਅੱਡਾ ਸਰਾਂ (ਜਸਵੀਰ ਕਾਜਲ)**- ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਂਵਾਲ ਵੈਦ ਵਿਖੇ ਪ੍ਰਿੰਸੀਪਲ ਹਰਜੀਤ ਸਿੰਘ ਦੀ ਅਗਵਾਈ ਹੇਠ ਇੰਟਰ ਹਾਊਸ ਚੈੱਸ ਮੁਕਾਬਲੇ ਕਰਵਾਏ ਗਏ । ਜਿਸ ਵਿਚ ਸਕੂਲ ਦੇ ਸਾਰੇ ਹਾਊਸਾਂ ਦੀਆਂ ਟੀਮਾਂ ਨੇ ਭਾਗ ਲਿਆ। ਇਹ ਮੁਕਾਬਲੇ ਅਧਿਆਪਕ ਓਂਕਾਰ ਸਿੰਘ ਦੀ ਦੇਖਰੇਖ ਵਿਚ ਕਰਵਾਏ ਗਏ । ਇਨ੍ਹਾਂ ਮੁਕਾਬਲਿਆਂ ਵਿਚ ਕੁੜੀਆਂ ਅਤੇ ਮੁੰਡਿਆਂ ਦੇ ਵੱਖ- ਵੱਖ ਮੁਕਾਬਲੇ ਹੋਏ ਜਿਸ ਵਿਚ ਲੜਕਿਆਂ ਦੇ ਵਿੱਚੋਂ ਸਾਹਿਬਜਾਦਾ ਜ਼ੋਰਾਵਰ ਸਿੰਘ ਅਤੇ ਲੜਕੀਆਂ ਵਿੱਚੋ ਸਾਹਿਬਜਾਦਾ ਅਜੀਤ ਸਿੰਘ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਸਾਹਿਬਜਾਦਾ ਜੁਝਾਰ ਸਿੰਘ ਹਾਊਸ ਦੇ ਲੜਕਿਆਂ ਅਤੇ ਸਾਹਿਬਜਾਦਾ ਜ਼ੋਰਾਵਰ ਸਿੰਘ ਹਾਊਸ ਦੀਆਂ ਲੜਕੀਆਂ ਨੇ ਦੂਜਾ ਸਥਾਨ , ਸਾਹਿਬਜਾਦਾ ਫਤਹਿ ਸਿੰਘ ਦੀਆਂ ਲੜਕੀਆਂ ਅਤੇ ਲੜਕਿਆਂ ਨੇ ਤੀਜਾ ਸਥਾਨ ਤੇ ਸਾਹਿਬਜਾਦਾ ਅਜੀਤ ਸਿੰਘ ਹਾਊਸ ਦੇ ਲੜਕੇ ਤੇ ਸਾਹਿਬਜਾਦਾ ਜੁਝਾਰ ਸਿੰਘ ਲੜਕੀਆਂ ਚੌਥੇ ਸਥਾਨ 'ਤੇ ਰਹੇ। ਪ੍ਰਿੰਸੀਪਲ ਹਰਜੀਤ ਸਿੰਘ ਦੁਆਰਾ ਜੇਤੂ ਟੀਮ ਨੂੰ ਵਧਾਈ ਦਿੱਤੀ ਗਈ ਤੇ ਅੱਗੇ ਤੋਂ ਅਜਿਹੇ ਮੁਕਾਬਲਿਆਂ ਵਿੱਚ ਹੋਰ ਵੀ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ । ਉਨ੍ਹਾਂ ਵਿਦਿਆਰਥੀਆਂ ਨੂੰ ਸਾਰੀਆਂ ਇੰਡੋਰ ਅਤੇ ਆਊਟਡੋਰ ਖੇਡਾਂ ਦੀ ਮਹੱਤਤਾ ਬਾਰੇ ਦੱਸਿਆ। ਇਸ ਮੌਕੇ ਸਮੂਹ ਸਟਾਫ ਮੈਂਬਰ ਮੌਜੂਦ ਸਨ ।




# ਸੀ ਬੀ ਐੱਸ ਈ ਵਾਲੀਬਾਲ ਕਲਸਟਰ ਟੂਰਨਾਮੈਂਟ ਧੂਮਧਾਮ ਨਾਲ ਸੰਪੰਨ

**ਕਪੂਰਥਲਾ (ਹਨੀ)** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਸੀਬੀਐਸਸੀ 18ਵਾਂ ਕਲਸਟਰ ਵਾਲੀਬਾਲ ਟੂਰਨਾਮੈਂਟ ਬੜੀ ਧੂਮਧਾਮ ਨਾਲ ਸਮਾਪਤ ਹੋਇਆ । ਜਿਸ ਵਿਚ ਅੰਡਰ 14, ਅੰਡਰ 17 ਅਤੇ ਅੰਡਰ 19 ਦੇ ਖਿਡਾਰੀਆਂ ਭਾਗ ਲਿਆ । ਲੜਕਿਆਂ ਦੇ ਫਾਈਨਲ ਮੈਚ ਮੌਕੇ ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਬਤੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ । ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਅਤੇ ਸਟਾਫ ਮੈਂਬਰਾਂ ਵੱਲੋਂ ਪਹੁੰਚੇ ਮਹਿਮਾਨਾਂ ਦਾ ਜ਼ੋਰਦਾਰ ਸਵਾਗਤ ਕੀਤਾ। ਲੜਕਿਆਂ ਦੇ ਵਾਲੀਬਾਲ ਮੁਕਾਬਲੇ ਅੰਡਰ 14 'ਚ ਗੁਰੂ ਅਮਰਦਾਸ ਪਬਲਿਕ ਸਕੂਲ ਉੱਚਾ ਬੇਟ ਜੇਤੂ ਅਤੇ ਦਾ ਨੋਰਵੁਡ ਸਕੂਲ ਬਲਾਚੌਰ ਦੂਜੇ ਸਥਾਨ 'ਤੇ ਰਿਹਾ । ਮੇਜ਼ਬਾਨ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਆਰ ਸੀ ਐਫ ਅਤੇ ਗੁਰੂ ਨਾਨਕ ਦੇਵ ਡੀ ਏ ਵੀ ਪਬਲਿਕ ਸਕੂਲ ਭਿਖੀਵਿੰਡ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ । ਗੁਰੂ ਅਮਰਦਾਸ ਪਬਲਿਕ ਸਕੂਲ ਦਾ ਹਰਨੂਰ ਅੰਡਰ 14 ਦਾ ਬੈਸਟ ਪਲੇਅਰ ਰਿਹਾ। ਅੰਡਰ 17 ਦੇ ਮੁਕਾਬਲੇ 'ਚ ਯੂ ਐਸ ਪੀ ਸੀ ਜੈਨ ਪਬਲਿਕ ਸਕੂਲ ਲੁਧਿਆਣਾ ਜੇਤੂ ਅਤੇ ਦਾ ਨੋਰਵੁਡ ਸਕੂਲ ਬਲਾਚੌਰ ਦੂਜੇ ਸਥਾਨ 'ਤੇ ਰਿਹਾ । ਡਿਪਸ ਸਕੂਲ ਟਾਂਡਾ ਤੇ ਪ੍ਰਤਾਪ ਵਰਡ ਸਕੂਲ ਪਠਾਨਕੋਟ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ । ਯੂ ਐਸ ਪੀ ਸੀ ਜੈਨ ਪਬਲਿਕ ਸਕੂਲ ਦਾ ਪਿਆਰਾ ਸਿੰਘ ਅੰਡਰ 17 ਦਾ ਬੈਸਟ ਪਲੇਅਰ ਰਿਹਾ । ਇਸੇ ਤਰ੍ਹਾਂ ਅੰਡਰ 19 ਮੁਕਾਬਲੇ 'ਚ ਆਰਮੀ ਪਬਲਿਕ ਸਕੂਲ ਅਖਨੂਰ ਜੇਤੂ ਅਤੇ ਐਮ ਆਰ ਸਿਟੀ ਪਬਲਿਕ ਸਕੂਲ ਬਲਾਚੌਰ ਦੂਜੇ ਸਥਾਨ 'ਤੇ ਰਿਹਾ । ਸੈਂਟ ਸੋਲਜਰ ਅਲਾਇਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਅਤੇ ਗੁਰੂ ਨਾਨਕ ਦੇਵ ਡੀ ਏ ਵੀ ਪਬਲਿਕ ਸਕੂਲ ਭਿਖੀਵਿੰਡ ਸਾਂਝੇ ਤੌਰ 'ਤੇ ਤੀਸਰੇ ਸਥਾਨ 'ਤੇ ਰਹੇ । ਅੰਡਰ 19 ਮੁਕਾਬਲੇ 'ਚ ਆਰਮੀ ਪਬਲਿਕ ਸਕੂਲ ਅਖਨੂਰ ਦਾ ਆਕਾਸ਼ ਮਿਨਹਾਸ ਬੈਸਟ ਪਲੇਅਰ ਰਿਹਾ । ਟੈਕਨੀਕਲ ਡੇਲੀਗੇਟਸ ਦੇ ਤੌਰ 'ਤੇ ਨਿਖਿਲ ਹੰਸ ਅਤੇ ਅਬਜ਼ਰਵਰ ਦੇ ਤੌਰ 'ਤੇ ਸੰਜੀਵ ਗਾਂਧੀ ਸ਼ਾਮਲ ਹੋਏ । ਇਸ ਮੌਕੇ ਬੋਲਦਿਆਂ ਸੰਜੀਵ ਗਾਂਧੀ ਨੇ ਕਿਹਾ ਕਿ ਟੂਰਨਾਮੈਂਟ ਦੇ ਸਾਰੇ ਹੀ ਇੰਤਜ਼ਾਮ ਬਹੁਤ ਹੀ ਵਧੀਆ ਤੇ ਬੋਰਡ ਦੀਆਂ ਹਦਾਇਤਾਂ ਦੇ ਮੁਤਾਬਿਕ ਸਨ, ਜਿਸ ਲਈ ਅਦਾਰੇ ਦੇ ਪ੍ਰਬੰਧਕ ਵਧਾਈ ਦੇ ਪਾਤਰ ਹਨ । ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਨੇ ਸਾਰੀਆਂ ਟੀਮਾਂ ਦਾ ਟੂਰਨਾਮੈਂਟ ਵਿੱਚ ਭਾਗ ਲੈਣ ਲਈ ਧੰਨਵਾਦ ਕੀਤਾ ਅਤੇ ਟੂਰਨਾਮੈਂਟ ਦੀ ਸਮਾਪਤੀ ਦੀ ਘੋਸ਼ਣਾ ਕੀਤੀ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਅਮਿੱਟ ਯਾਦਾਂ ਛੱਡ ਰਹੇ ਵਾਲੀਬਾਲ ਟੂਰਨਾਮੈਂਟ ਦੇ ਅੰਤ ਵਿੱਚ ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ ।




# ਖੇਤ 'ਚੋਂ ਮਿਲਿਆ ਨਵਜਨਮਿਆ ਮਰਿਆ ਹੋਇਆ ਬੱਚਾ



**ਅੱਪਰਾ (ਨਿਰਮਲ ਗੁੜਾ)**- ਹਰ ਮਾਂ ਆਪਣੇ ਬੱਚਿਆਂ ਨੂੰ ਛਾਤੀ ਨਾਲ ਲਗਾ ਕੇ ਰੱਖਦੀ ਹੈ, ਹਰ ਦੁੱਖ ਆਪਣੇ ਪਿੰਡੇ ਤੇ ਹੰਢਾ ਲੈਂਦੀ ਹੈ, ਬੱਚਿਆਂ ਨੂੰ ਤੱਤੀ ਹਵਾ ਤੱਕ ਨਹੀਂ ਲਗਣ ਦਿੰਦੀ। ਪਰ ਕੁੱਝ ਕਲ਼ਯੁਗੀ ਮਾਂਵਾਂ ਵਲੋਂ ਇਸ ਤਰ੍ਹਾਂ ਘਟਨਾਵਾਂ ਨੂੰ ਅੰਜਾਮ ਦਿੱਤਾ ਜਾਂਦਾ ਹੈ ਕਿ ਸਮਾਜ ਦਾ ਸਿਰ ਝੁੱਕ ਜਾਂਦਾ ਹੈ। ਜ਼ਿਲ੍ਹਾ ਜਲੰਧਰ ਤੇ ਹਲਕਾ ਫਿਲੌਰ ਦੇ ਪਿੰਡ ਸਮਰਾੜੀ ਵਿਖੇ 20 ਜੁਲਾਈ ਦੀ ਸਵੇਰ ਵੇਲੇ ਪਿੰਡ ਦਾ ਮਹੌਲ ਉਦੋਂ ਗਮਗੀਨ, ਸ਼ਰਮਸਾਰ ਅਤੇ ਚਿੰਤਾਜਨਕ ਹੋ ਗਿਆ ਜਦੋਂ ਪਿੰਡ ਵਾਸੀਆਂ ਨੇ ਪਿੰਡ ਦੇ ਨਜਦੀਕ ਇਕ ਨਵ ਜਨਮਿਆ ਮਰਿਆ ਹੋਇਆ ਬੱਚਾ ਖੇਤ ਵਿੱਚ ਪਿਆ ਵੇਖਿਆ। ਘਟਨਾ ਦੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਮੋਹਣ ਲਾਲ ਮਹਿਮੀ ਨੇ ਦੱਸਿਆ ਕਿ ਜਦੋਂ ਲੋਕਾਂ ਨੇ ਨਵ ਜਨਮਿਆਂ ਬੱਚਾ ਖੇਤ ਵਿੱਚ ਪਏ ਬਾਰੇ ਜਾਣਕਾਰੀ ਦਿੱਤੀ ਤਾਂ ਉਨਾਂ ਪੁਲਸ ਚੌਕੀ ਅੱਪਰਾ ਦੀ ਪੁਲਸ ਅਤੇ ਪੰਚਾਇਤ ਦੀ ਮੱਦਦ ਨਾਲ ਫਿਲੌਰ ਦੇ ਸਿਵਲ ਹਸਪਤਾਲ ਵਿਖੇ ਬੱਚੇ ਦਾ ਮ੍ਰਿਤਕ ਸਰੀਰ ਜਮ੍ਹਾ ਕਰਵਾ ਦਿੱਤਾ। ਡਾਕਟਰਾਂ ਵਲੋਂ ਬੱਚੇ ਦੇ ਸਰੀਰ ਦਾ ਸੈਂਪਲ ਲੈ ਕੇ ਡੀ ਐਨ ਏ ਟੈਸਟ ਵਾਸਤੇ ਲੈਬੋਰੇਟਰੀ ਨੂੰ ਭੇਜ ਦਿੱਤਾ ਹੈ ਤੇ ਪੁਲਸ ਦੀ ਮੌਜੂਦਗੀ ਵਿੱਚ ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਵਲੋਂ ਬੱਚੇ ਦੇ ਮ੍ਰਿਤਕ ਸਰੀਰ ਦਾ ਪਿੰਡ ਸਮਰਾੜੀ ਦੇ ਸ਼ਮਸ਼ਾਨ ਘਾਟ ਵਿਖੇ ਸਸਕਾਰ ਦਿੱਤਾ ਹੈ। ਸਰਪੰਚ ਨੇ ਕਿਹਾ ਕਿ ਇਹ ਕਿਸੇ ਨਜਾਇਜ ਸੰਬੰਧਾਂ ਵਾਲੀ ਔਰਤ ਵਲੋਂ ਆਪਣੀ ਮਾੜੀ ਕਰਤੂਤ ਛਪਾਉਣ ਲਈ ਕੀਤਾ ਹੋ ਸਕਦਾ ਹੈ, ਪੁਲਸ ਵਲੋਂ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

# ਬੰਬੇਲੀ 'ਚ ਡਾ. ਚੱਬੇਵਾਲ ਵੱਲੋਂ ਨਸ਼ੇ ਖਿਲਾਫ ਜੰਗ ਦਾ ਐਲਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਹਰ ਮਾਂ ਦੀ ਅੱਖੋਂ ਹੰਜੂ ਪੂੰਝਣ ਦਾ ਸਮਾਂ ਆ ਗਿਆ ਹੈ, ਹੁਣ ਨਸ਼ੇ ਖਿਲਾਫ ਫੈਸਲਾਕੁੰਨ ਲੜਾਈ ਹੋਵੇਗੀ। ਇਹ ਸ਼ਬਦ ਸਨ ਹੁਸ਼ਿਆਰਪੁਰ ਦੇ ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਦੇ, ਜੋ ਪਿੰਡ ਬੰਬੇਲੀ ਵਿੱਚ ਇਕ ਵਿਸ਼ੇਸ਼ ਜਨਸਭਾ ਦੌਰਾਨ ਪਿੰਡ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ।ਇਸ ਜਨਸਭਾ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਨੌਜਵਾਨ, ਮਹਿਲਾਵਾਂ ਅਤੇ ਬੁਜ਼ੁਰਗ ਮੌਜੂਦ ਸਨ।ਡਾ. ਚੱਬੇਵਾਲ ਨੇ ਕਿਹਾ ਕਿ ਨਸ਼ਾ ਸਾਡੀ ਸਮਾਜਕ ਜੜ੍ਹਾਂ ਨੂੰ ਖੋਖਲਾ ਕਰ ਰਿਹਾ ਹੈ, ਨੌਜਵਾਨਾਂ ਨੂੰ ਤਬਾਹੀ ਵੱਲ ਧੱਕ ਰਿਹਾ ਹੈ ਅਤੇ ਪਰਵਾਰਾਂ ਦੀਆਂ ਖੁਸ਼ੀਆਂ ਨਿਗਲ ਰਿਹਾ ਹੈ।ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਪੂਰਾ ਸਮਾਜ ਇਕਜੁੱਟ ਹੋ ਕੇ ਇਸ ਬੁਰਾਈ ਦੇ ਖਿਲਾਫ ਖੜਾ ਹੋਵੇ।ਉਨ੍ਹਾਂ ਨੇ ਨੌਜਵਾਨਾਂ ਨਾਲ ਰੂਬਰੂ ਹੋ ਕੇ ਕਿਹਾ, ਤੁਹਾਡੀ ਤਾਕਤ ਖੇਤਾਂ ਵਿੱਚ, ਕਿਤਾਬਾਂ ਵਿੱਚ ਤੇ ਮਿਹਨਤ ਵਿੱਚ ਹੈ ਨਾ ਕਿ ਕਿਸੇ ਨਸ਼ੀਲੀ ਸੀਸ਼ੀ ਜਾਂ ਪਾਊਡਰ ਵਿੱਚ।ਉਨ੍ਹਾਂ ਯਕੀਨ ਦਿਵਾਇਆ ਕਿ ਜੋ ਨੌਜਵਾਨ ਨਸ਼ੇ ਤੋਂ ਬਾਹਰ ਆ ਕੇ ਆਪਣੀ ਜ਼ਿੰਦਗੀ ਨਵੇਂ ਸਿਰੇ ਤੋਂ ਸ਼ੁਰੂ ਕਰਨਾ ਚਾਹੁੰਦੇ ਹਨ, ਉਨ੍ਹਾਂ ਨੂੰ ਹਰ ਤਰ੍ਹਾਂ ਦੀ ਮਦਦ ਅਤੇ ਪੁਨਰਵਾਸ ਦਿੱਤਾ ਜਾਵੇਗਾ।ਡਾ. ਚੱਬੇਵਾਲ ਨੇ ਦੱਸਿਆ ਕਿ ਖੇਤਰ ਵਿੱਚ ਵਿਸ਼ੇਸ਼ ਨਸ਼ਾ ਮੁਕਤੀ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਵਿੱਚ ਸਕੂਲਾਂ, ਪੰਚਾਇਤਾਂ ਅਤੇ ਸਮਾਜਿਕ ਸੰਸਥਾਵਾਂ ਦੀ ਮਦਦ ਨਾਲ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਡਾ. ਰਾਜਕੁਮਾਰ ਚੱਬੇਵਾਲ ਨੇ ਇਹ ਵੀ ਕਿਹਾ ਕਿ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਲੋਕਾਂ ਦੀ ਕਿਸਮਤ ਚੰਗੀ ਹੈ ਕਿ ਉਨ੍ਹਾਂ ਨੂੰ ਡਾ. ਈਸ਼ਾਂਕ ਵਰਗਾ ਜਾਗਰੂਕ, ਜੋਸ਼ੀਲਾ ਅਤੇ ਵਚਨਬੱਧ ਵਿਧਾਇਕ ਮਿਲਿਆ ਹੈ। ਉਨ੍ਹਾਂ ਕਿਹਾ ਕਿ ਡਾ. ਈਸ਼ਾਂਕ ਨਸ਼ੇ ਦੀ ਸਮੱਸਿਆ ਨੂੰ ਗਹਿਰਾਈ ਨਾਲ ਸਮਝਦੇ ਹਨ ਅਤੇ ਇਸ ਨੂੰ ਜੜ੍ਹ ਤੋਂ ਖਤਮ ਕਰਨ ਦੀ ਪੂਰੀ ਸਮਰੱਥਾ ਰੱਖਦੇ ਹਨ।ਡਾ. ਚੱਬੇਵਾਲ ਨੇ ਵਿਸ਼ਵਾਸ ਜਤਾਇਆ ਕਿ ਵਿਧਾਇਕ ਡਾ. ਈਸ਼ਾਂਕ ਦੇ ਅਣਥੱਕ ਯਤਨਾਂ ਅਤੇ ਲੋਕਾਂ ਦੇ ਸਹਿਯੋਗ ਨਾਲ ਚੱਬੇਵਾਲ ਹਲਕਾ ਜਲਦੀ ਹੀ ਨਸ਼ਾ ਮੁਕਤ ਹੋ ਕੇ ਇੱਕ ਮਿਸਾਲ ਬਣੇਗਾ।ਇਸ ਮੌਕੇ ਪਿੰਡ ਵਾਸੀਆਂ ਨੇ ਵੀ ਇੱਕ ਆਵਾਜ਼ ਵਿੱਚ ਨਸ਼ੇ ਖਿਲਾਫ ਖੜੇ ਹੋਣ ਦੀ ਕਸਮ ਖਾਧੀ।



# ਨਸ਼ਿਆਂ ਨੂੰ ਆਪਾਂ ਸਭ ਰਲ-ਮਿਲ ਕੇ ਖਤਮ ਕਰ ਸਕਦੇ ਹਾਂ : ਡਾ. ਸੁੱਖੀ

**ਬੰਗਾ (ਅਵਤਾਰ ਕਲੇਰ)**- ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡ ਸੱਲ੍ਹ ਕਲਾਂ, ਸੱਲ੍ਹ ਖੁਰਦ ਵਿਖੇ ਕੰਟੇਨਰ ਅਤੇ ਵੇਅਰ ਹਾਊਸ ਕਾਰਪੋਰੇਸ਼ਨ ਪੰਜਾਬ ਦੇ ਚੇਅਰਮੈਨ ਡਾ ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ, ਜਨਤਾ ਵਿੱਚ ਜਾਗਰੂਕਤਾ ਫੈਲਾਉਣੀ ਅਤੇ ਇੱਕ ਨਸ਼ਾ ਮੁਕਤ ਸਮਾਜ ਦੀ ਨੀਂਹ ਅਸੀਂ ਸਭ ਰਲ ਮਿਲ ਕੇ ਰੱਖ ਸਕਦੇ ਹਾਂ। ਸਾਰੀਆਂ ਸੰਗਤਾਂ ਇਸ ਬਿਮਾਰੀ ਨੂੰ ਖਤਮ ਕਰਨ ਲਈ ਸਰਕਾਰ ਦਾ ਸਾਥ ਦੇਣ ਤਾਂ ਹੀ ਇਸ ਦਾ ਹੱਲ ਹੋ ਸਕਦਾ ਹੈ। ਉਹਨਾਂ ਨੇ ਸਾਰੀ ਸੰਗਤ ਨੂੰ ਸਹੁੰ ਖਵਾਈ ਕਿ ਅਸੀਂ ਨਾ ਕੋਈ ਨਸ਼ਾ ਕਰਾਂਗੇ, ਨਾ ਕਿਸੇ ਨੂੰ ਨਸ਼ਾ ਕਰਨ ਦੇਵਾਂਗੇ, ਨਸ਼ਾ ਵੇਚਣ ਵਾਲਿਆਂ ਦੀ ਨਾ ਹੀ ਜ਼ਮਾਨਤ ਕਰਾਵਾਂਗੇ। ਡਾ. ਸੁੱਖੀ ਨੇ ਕਿਹਾ ਕਿ ਤੁਹਾਡੇ ਪਿੰਡ ਦੀ ਲੜਕੀ ਮੁਸਕਾਨ ਹੈ ਉਹ ਇੱਕ ਇੰਟਰਨੈਸ਼ਨਲ ਖਿਡਾਰੀ ਵੀ ਹੈ ਤੇ ਪੜ੍ਹਨ ਵਿੱਚ ਵੀ ਹੁਸ਼ਿਆਰ ਹੈ ਉਸ ਵਰਗੇ ਸੰਸਕਾਰ ਬੱਚਿਆਂ ਵਿੱਚ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਛੱਪੜ ਵਾਸਤੇ ਜਿੰਨਾ ਵੀ ਖ਼ਰਚ ਆਵੇਗਾ, ਮੈਂ ਦੇਵਾਂਗਾ ਪਰ ਛੱਪੜ ਖਰੀਦਣ ਵਾਸਤੇ ਸਰਕਾਰ ਦੀ ਕੋਈ ਸਕੀਮ ਨਹੀਂ ਹੈ। ਉਨ੍ਹਾਂ ਦੇ ਨਾਲ ਸੋਹਣ ਲਾਲ ਢੰਡਾ, ਡਾ. ਚਰਨਜੀਤ ਕੁਮਾਰ ਐਸ ਐਮ ਓ ਸੁੱਜੋਂ, ਬੀ ਡੀ ਓ, ਰਾਮ ਪਾਲ ਐਸ ਐਚ ਓ, ਹਰਪ੍ਰੀਤ ਕੁਮਾਰ ਸਰਪੰਚ, ਅਮਨਦੀਪ ਕੌਰ ਪੰਚ, ਕਿਰਨਪ੍ਰੀਤ ਕੌਰ ਪੰਚ, ਊਸ਼ਾ ਰਾਣੀ ਪੰਚ, ਸੁਰਜੀਤ ਵਾਲੀਆ ਪੰਚ, ਧਰਮਿੰਦਰ ਸਿੰਘ ਪੰਚ, ਹਰਭੰਗਵਤ ਸਿੰਘ, ਅਮ੍ਰਿਤ ਲਾਲ ਨੰਬਰਦਾਰ, ਪਲਵਿੰਦਰ ਸਿੰਘ ਨੰਬਰਦਾਰ, ਹਰਭਜਨ ਸਿੰਘ ਸਾਬਕਾ ਸਰਪੰਚ, ਕੁਲਵਿੰਦਰ ਕੌਰ, ਕਸ਼ਮੀਰ ਚੰਦ, ਸੁਰਜੀਤ ਬੈਂਸ, ਹਰਭਜਨ ਸਿੰਘ ਬੈਂਸ, ਸੁਰਜੀਤ ਸਾਬਕਾ ਪੰਚ, ਲੈਂਬਰ ਰਾਮ ਬੰਗਾ, ਦੇਵ ਰਾਮ, ਸੁੱਚਾ ਰਾਮ, ਬੂਟਾ ਰਾਮ, ਪਰਮਜੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਬੀਬੀਆਂ ਭੈਣਾਂ ਹਾਜ਼ਰ ਸਨ।



# ਹਨੂਮਤ ਸਕੂਲ ਨੇ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ

**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੁਰਾਇਆ ਦੇ ਸੰਸਥਾਪਕ ਸੱਤਿਆ ਪ੍ਰਕਾਸ਼ ਗੁਪਤਾ ਦਾ ਸੁਪਨਾ ਸੀ ਕਿ ਬੱਚਿਆਂ ਲਈ ਇੱਕ ਚੰਗੀ ਸਿੱਖਿਆ ਸੰਸਥਾ ਸਥਾਪਤ ਕੀਤੀ ਜਾਵੇ ਤਾਂ ਜੋ ਉਹ ਸਿੱਖਿਆ ਪ੍ਰਾਪਤ ਕਰਨ ਤੋਂ ਬਾਅਦ ਚੰਗੇ ਇਨਸਾਨ ਬਣ ਸਕਣ। ਉਨ੍ਹਾਂ ਦਾ ਸੁਪਨਾ ਸੀ ਕਿ ਹਰ ਬੱਚਾ, ਹਨੂਮਤ ਸਕੂਲ ਵਿੱਚ ਪੜ੍ਹਦਾ ਹਰ ਵਿਦਿਆਰਥੀ ਉਚਾਈਆਂ ਨੂੰ ਛੂਹੇ। ਉਨ੍ਹਾਂ ਦਾ ਸੁਪਨਾ ਅੱਜ ਸੱਚ ਹੁੰਦਾ ਜਾਪਦਾ ਹੈ। ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਹਰ ਸਾਲ ਬੋਰਡ ਪ੍ਰੀਖਿਆਵਾਂ ਵਿੱਚ 100% ਨਤੀਜੇ ਦੇ ਰਿਹਾ ਹੈ। ਇਸ ਸਾਲ ਵਿਦਿਆਰਥੀਆਂ ਨੇ ਬੋਰਡ ਦੀ 10ਵੀਂ ਜਮਾਤ ਦੀ ਪ੍ਰੀਖਿਆ ਵਿੱਚ ਬਹੁਤ ਵਧੀਆ ਅੰਕ ਪ੍ਰਾਪਤ ਕੀਤੇ। ਹਨੂਮਤ ਸਕੂਲ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਤੋਂ ਇਲਾਵਾ ਸਕੂਲ ਦੀ ਪ੍ਰਬੰਧਨ ਕਮੇਟੀ ਗਿਰੀਸ਼ ਗੁਪਤਾ ਅਤੇ ਨਰੇਸ਼ ਗੁਪਤਾ ਨੇ ਸ੍ਰੀ ਸੱਤਿਆ ਪ੍ਰਕਾਸ਼ ਗੁਪਤਾ ਸਕਾਲਰਸ਼ਿਪ ਸਕੀਮ ਤਹਿਤ 90 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਵੰਡੀ। ਪੰਜਾਬ ਸਕੂਲ ਸਿੱਖਿਆ ਬੋਰਡ ਅਤੇ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਤੋਂ 10ਵੀਂ ਜਮਾਤ ਵਿੱਚ 90 ਪ੍ਰਤੀਸ਼ਤ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ ਗਈ। ਵਿਦਿਆਰਥੀਆਂ ਵਿੱਚ ਦੀਪੇਨ ਗੌਤਮ, ਅਰਮਨਜੋਤ ਰਾਏ, ਅਰਸ਼ਪ੍ਰੀਤ ਸਿੰਘ ਕੰਗ, ਰਜ਼ੀਆ ਰਾਣੀ, ਰਮਨਦੀਪ ਕੌਰ, ਮੰਨਤ ਰੰਧਾਵਾ, ਰਣਜੋਧ ਸਿੰਘ, ਹਰਜੋਤ ਰੱਤੂ, ਗੁਰਲੀਨ ਪਾਲ ਤੇ ਕਮਲਪ੍ਰੀਤ ਸ਼ਾਮਲ ਹਨ। ਅੱਜ ਸਕੂਲ ਵਿੱਚ ਹਰੇਕ ਵਿਦਿਆਰਥੀ ਨੂੰ 27180 ਰੁਪਏ ਦਾ ਚੈੱਕ ਦਿੱਤਾ ਗਿਆ। ਸਕਾਲਰਸ਼ਿਪ ਮਿਲਣ 'ਤੇ ਵਿਦਿਆਰਥੀਆਂ ਵਿੱਚ ਸਕੂਲ ਅਤੇ ਅਧਿਆਪਕਾਂ 'ਚ ਉਤਸ਼ਾਹ ਦੇਖਣ ਨੂੰ ਮਿਲਿਆ। ਪ੍ਰਿੰਸੀਪਲ ਆਰਤੀ ਸੋਬਤੀ ਨੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ, ਇਸ ਦੇ ਸੰਸਥਾਪਕ ਅਤੇ ਪ੍ਰਸ਼ਾਸਨ ਹਮੇਸ਼ਾ ਆਪਣੇ ਪੂਰੇ ਯਤਨਾਂ ਵਿੱਚ ਸਫਲ ਰਹੇ ਹਨ। ਵਿਦਿਆਰਥੀਆਂ ਦੇ ਮਾਪਿਆਂ ਨੇ ਸਕੂਲ ਦੇ ਇਸ ਯਤਨ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਨ੍ਹਾਂ ਯਤਨਾਂ ਰਾਹੀਂ ਵਿਦਿਆਰਥੀ ਭਵਿੱਖ ਵਿੱਚ ਬਿਹਤਰ ਪੜ੍ਹਾਈ ਕਰਨਗੇ। ਇਸ ਮੌਕੇ ਲੇਖਾਕਾਰ ਸੁਰਿੰਦਰ ਗੁਲਾਟੀ ਵੀ ਮੌਜੂਦ ਸਨ।



# ਨਿਮਰਤਾ ਟਰੱਸਟ ਨੇ ਦਿੱਤੀਆਂ ਲੋੜਵੰਦ 40 ਵਿਦਿਆਰਥੀਆਂ ਦੀਆਂ ਸਾਲਾਨਾ ਫੀਸਾਂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਨਿਮਰਤਾ ਪਬਲਿਕ ਚੈਰੀਟੇਬਲ ਟਰਸਟ ਲਿਤਰਾਂ ਰਜਿਸਟਰ ( ਜਲੰਧਰ) ਵੱਲੋਂ ਗੁਰੂ ਨਾਨਕ ਨੈਸ਼ਨਲ ਕਾਲਜ ਫਾਰ ਵੋਮੈਨ, ਗੁਰੂ ਨਾਨਕ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੈਂਡਰੀ ਸਕੂਲ ਨਕੋਦਰ ਅਤੇ ਗੁਰੂ ਨਾਨਕ ਨੈਸ਼ਨਲ ਹਾਈ ਸਕੂਲ ਨਕੋਦਰ ਦੇ ਲੋੜਵੰਦ 40 ਵਿਦਿਆਰਥੀਆਂ ਦੀਆਂ ਸਾਲਾਨਾ ਫੀਸਾਂ ਨਿਮਰਤਾ ਟਰੱਸਟ ਵੱਲੋਂ ਦਿੱਤੀਆਂ ਗਈਆਂ। ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ 'ਤੇ ਜੋਗਾ ਸਿੰਘ ਹੇਅਰ ਅਤੇ ਉਹਨਾਂ ਦੀ ਧਰਮ ਪਤਨੀ ਜਸਵਿੰਦਰ ਸਿੰਘ ਹੇਅਰ ਤੇ ਉਹਨਾਂ ਦੀ ਧਰਮ ਪਤਨੀ (ਯੂਐਸਏ) ਪ੍ਰਧਾਨ ਲਸ਼ਕਰ ਸਿੰਘ ਹੇਅਰ ਮਨਜੀਤ ਕੌਰ ਹੇਅਰ ਸਾਰੇ ਫਾਊਂਡਰ ਟਰੱਸਟੀ ਚੇਅਰਮੈਨ ਅਮਰਜੀਤ ਸਿੰਘ ਲੈਕਚਰਾਰ , ਤਰਸੇਮ ਸਿੰਘ ਹੇਅਰ ਹਰਮੇਲ ਸਿੰਘ ਕਾਲਜ ਵੱਲੋਂ ਰੱਖੇ ਪ੍ਰੋਗਰਾਮ 'ਚ ਮਾਪਿਆਂ ਅਤੇ ਵਿਦਿਆਰਥੀਆਂ ਨਾਲ ਮਿਲਣੀ ਉਪਰੰਤ ਸ਼ਾਮਿਲ ਹੋਏ ।ਕਾਲਜ ਵੱਲੋਂ ਸਾਰੇ ਹੀ ਟਰੱਸਟੀ ਮੈਂਬਰਾਂ ਦਾ ਮੂਮੈਂਟੋ ਦੇ ਕੇ ਬਹੁਤ ਨਿੱਘਾ ਸਵਾਗਤ ਕੀਤਾ ਗਿਆ।




# ਨਗਰ ਨਿਗਮ ਵੱਲੋਂ ਖਾਲੀ ਪਲਾਟ ਮਾਲਕਾਂ ਵਿਰੁੱਧ ਕਾਰਵਾਈ ਸ਼ੁਰੂ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)** ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਜਯੋਤੀ ਬਾਲਾ ਮੱਟੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਨੂੰ ਮੁੱਖ ਰੱਖਦਿਆਂ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਨੂੰ ਸਫ਼ਾਈ ਸੰਬੰਧੀ ਪੈਦਾ ਹੋਣ ਵਾਲੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਨਗਰ ਨਿਗਮ ਵੱਲੋਂ ਸ਼ਹਿਰ ਦੇ ਹਰੇਕ ਵਾਰਡ ਵਿਚ ਖਾਲੀ ਪਏ ਪਲਾਟਾਂ ਦੇ ਮਾਲਕਾਂ ਨੂੰ ਆਪਣੇ-ਆਪਣੇ ਪਲਾਟ ਦੀ ਫੈਂਸਿੰਗ/ਬਾਰਡਰ ਕਰਵਾਉਣ ਸੰਬੰਧੀ ਨੋਟਿਸ ਜਾਰੀ ਕਰਨੇ ਸ਼ੁਰੂ ਕਰ ਦਿੱਤੇ ਗਏ ਹਨ, ਕਿਉਂਕਿ ਦੇਖਣ 'ਚ ਆਇਆ ਹੈ ਕਿ ਸ਼ਹਿਰ ਦੇ ਵਾਰਡਾਂ ਵਿੱਚ ਲੋਕਾਂ ਵੱਲੋਂ ਪਲਾਟ ਆਦਿ ਦੀ ਖ਼ਰੀਦ ਕਰਕੇ ਬਿਨਾਂ ਉਸਾਰੀ ਦੇ ਇਹ ਪਲਾਟ ਖਾਲੀ ਛੱਡ ਦਿੱਤੇ ਜਾਂਦੇ ਹਨ, ਜਿਸ ਉਪਰੰਤ ਆਲੇ-ਦੁਆਲੇ ਜਾਂ ਅਣਪਛਾਤੇ ਵਿਅਕਤੀਆਂ ਵੱਲੋਂ ਇਨ੍ਹਾਂ ਥਾਵਾਂ 'ਤੇ ਕੂੜਾ-ਕਰਕਟ ਸੁੱਟ ਦਿੱਤਾ ਜਾਂਦਾ ਹੈ, ਜਿਸ ਨਾਲ ਸ਼ਹਿਰ ਦਾ ਅਕਸ ਖਰਾਬ ਹੁੰਦਾ ਹੈ ਅਤੇ ਸਬੰਧਤ ਏਰੀਏ ਵਿੱਚ ਬਿਮਾਰੀ ਫ਼ੈਲਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਇਸ ਲਈ ਸ਼ਹਿਰ ਵਾਸੀਆਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਅਤੇ ਆਮ ਪਬਲਿਕ ਨੂੰ ਪੁਖਤਾ ਬੁਨਿਆਦੀ ਸਹੂਲਤਾਂ ਦੇਣ ਲਈ ਨਗਰ ਨਿਗਮ ਵੱਲੋਂ ਇਸ ਮੁਹਿੰਮ ਨੂੰ ਸ਼ੁਰੂ ਕਰਵਾਇਆ ਗਿਆ ਹੈ। ਜਿਸ ਤਹਿਤ ਖਾਲੀ ਪਲਾਟਾਂ ਦੇ ਮਾਲਕਾਂ ਨੂੰ ਨੋਟਿਸ ਜਾਰੀ ਕਰਦੇ ਹੋਏ ਹਦਾਇਤ ਕੀਤੀ ਗਈ ਹੈ ਕਿ ਉਨ੍ਹਾਂ ਵੱਲੋਂ ਆਪਣੇ ਪਲਾਟਾਂ ਨੂੰ ਜਲਦ ਤੋਂ ਜਲਦ ਫੈਂਸਿੰਗ/ਬਾਰਡਰ ਕਰਵਾਇਆ ਜਾਵੇ ਅਤੇ ਗੰਦੇ ਪਲਾਟ ਨੂੰ ਆਪਣੇ ਪੱਧਰ 'ਤੇ ਸਾਫ਼ ਕਰਵਾ ਕੇ ਉਸ ਦੀਆਂ ਫੋਟੋਆਂ ਨਗਰ ਨਿਗਮ ਨੂੰ ਭੇਜੀਆਂ ਜਾਣ। ਜੇਕਰ ਕਿਸੇ ਵੀ ਪਲਾਟ ਮਾਲਕ ਵੱਲੋਂ ਇਨ੍ਹਾਂ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਜਾਂਦੀ ਤਾਂ ਉਸ ਉੱਪਰ ਗੰਭੀਰ ਨੋਟਿਸ ਲੈਂਦੇ ਹੋਏ ਨਗਰ ਨਿਗਮ ਵੱਲੋਂ ਉਸ ਪਲਾਟ ਮਾਲਕ ਵਿਰੁੱਧ ਪੰਜਾਬ ਨਗਰ ਨਿਗਮ ਐਕਟ 1976 ਦੀ ਧਾਰਾ 283 ਅਧੀਨ ਬਣਦੀ ਇਕ ਤਰਫ਼ਾ ਅਨੁਸ਼ਾਸਨੀ ਕਾਰਵਾਈ ਆਰੰਭ ਦਿੱਤੀ ਜਾਵੇਗੀ।



# ਕਿਸਾਨਾਂ ਨੂੰ ਖਾਦਾਂ ਤੇ ਅਸਲੀ ਕੀੜੇਮਾਰ ਦਵਾਈਆਂ ਉਪਲੱਬਧ ਕਰਵਾਈਆਂ ਜਾਣ : ਜਥੇਬੰਦੀਆਂ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਕੋਪਾਅਰੇਟਿਵ ਸੋਸਾਇਟੀਜ਼ ਜਥੇਬੰਦੀਆਂ ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ, ਕੰਢੀ ਕ੍ਰਿਸਾਣ ਯੂਨੀਅਨ ਪੰਜਾਬ, ਜਮਹੂਰੀ ਕਿਸਾਨ ਸਭਾ ਪੰਜਾਬ , ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਤਰਨਾ ਦਲ ਬਜਵਾੜਾ (ਹੁਸ਼ਿਆਰਪੁਰ) ਦੇ ਆਗੂਆਂ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ, ਪ੍ਰਧਾਨ ਕੁਲਜੀਤ ਸਿੰਘ ਘੁੰਮਣ, ਕਾਮਰੇਡ ਦਵਿੰਦਰ ਸਿੰਘ ਕੱਕੋ, ਜਥੇਦਾਰ ਬਾਬਾ ਗੁਰਦੇਵ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਕਿਸਾਨ ਜਦੋਂ ਆਪਣੀ ਹਾੜ੍ਹੀ ਅਤੇ ਸਾਉਣੀ ਦੀ ਫਸਲ ਬੀਜਦਾ ਹੈ ਤਾਂ ਵਪਾਰੀ ਵਰਗ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਬਜ਼ਾਰ ਵਿੱਚ ਖਾਦਾਂ ਦੀ ਕਮੀ ਪੈਦਾ ਕਰਕੇ ਜਾਂ ਨਕਲੀ ਕੀੜੇਮਾਰ ਦਵਾਈਆਂ ਬਜ਼ਾਰ ਵਿੱਚ ਥੋਕ ਵਿੱਚ ਵੇਚ ਕੇ ਅਤੇ ਖਾਦਾਂ ਦੇ ਨਾਲ ਖੇਤੀਬਾੜੀ ਵਿਭਾਗ ਵੱਲੋਂ ਨਾ ਮਾਨਤਾ ਪ੍ਰਾਪਤ ਵਸਤਾਂ ਧੱਕੇ ਨਾਲ ਦੁੱਗਣੀ ਕੀਮਤ ਤੇ ਖਾਦ ਨਾਲ ਕਿਸਾਨਾਂ ਨੂੰ ਜਬਰੀ ਦਿੱਤੀਆਂ ਜਾ ਰਹੀਆਂ ਹਨ। ਜੇਕਰ ਨਹੀਂ ਲੈਂਦੇ ਤਾਂ ਜਿਮੀਦਾਰ ਨੂੰ ਯੂਰੀਆ ਖਾਦ ਨਹੀਂ ਦਿੱਤਾ ਜਾਂਦਾ। ਇਸੇ ਤਰ੍ਹਾਂ ਕਿਸਾਨਾਂ ਦੀ ਸਹਾਇਤਾ ਲਈ ਸੋਸਾਇਟੀਆਂ ਵਿੱਚ ਯੂਰੀਆ ਖਾਦ ਵੀ ਨਹੀਂ ਦਿੱਤਾ ਜਾ ਰਿਹਾ। ਜਿਸ ਕਰਕੇ ਕਿਸਾਨ ਬਹੁਤ ਪਰੇਸ਼ਾਨ ਹੈ। ਉਨ੍ਹਾਂ ਮੰਗ ਕਰਦਿਆਂ ਕਿਹਾ ਕਿ ਸਾਡੀ ਉਪਰੋਕਤ ਮੰਗ ਵੱਲ ਧਿਆਨ ਦਿੱਤਾ ਜਾਵੇ ਅਤੇ ਜਿਹੜਾ ਵੀ ਵਪਾਰੀ ਜਾਂ ਅਧਿਕਾਰੀ ਕਸੂਰਵਾਰ ਹੈ ਉਸ ਉੱਤੇ ਤੁਰੰਤ ਕਾਰਵਾਈ ਕੀਤੀ ਜਾਵੇ। ਕਿਸਾਨਾਂ ਨੂੰ ਖਾਦਾਂ ਅਤੇ ਅਸਲੀ ਕੀੜੇਮਾਰ ਦਵਾਈਆਂ ਉਪਲੱਬਧ ਕਰਵਾਈਆਂ ਜਾਣ। ਜੇਕਰ ਇਸ ਉੱਤੇ ਕੋਈ ਵੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਉਪਰੋਕਤ ਜਥੇਬੰਦੀਆਂ ਅਗਲਾ ਕੋਈ ਵੀ ਸਖਤ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ। ਜਿਸ ਦੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਬਲਵਿੰਦਰ ਸਿੰਘ ਗਿੱਲ, ਕਾਮਰੇਡ ਮਲਕੀਤ ਸਿੰਘ, ਕਾਮਰੇਡ ਗੁਰਚਰਨ ਸਿੰਘ ,ਜਗਜੀਤ ਸਿੰਘ ਗਿੱਲ, ਦਵਿੰਦਰ ਸਿੰਘ ਬਿੰਦਾ ਮੇਹਟੀਆਣਾ, ਜਸਵਿੰਦਰ ਸਿੰਘ ਸੰਘਾ, ਜਸਵੀਰ ਸਿੰਘ ਭਾਮ, ਸਤਨਾਮ ਸਿੰਘ ਸ਼ਿੰਦੂ ਭੂੰਗਰਨੀ, ਜਗਤਾਰ ਸਿੰਘ ਭੂੰਗਰਨੀ ਆਦਿ ਵੀ ਹਾਜ਼ਰ ਸਨ।




# ਸੰਤ ਗੁਰਮੇਲ ਸਿੰਘ ਮੈਮੋਰੀਅਲ ਹਸਪਤਾਲ ਵਿਖੇ ਮੁਫ਼ਤ ਚੈੱਕ ਅਪ ਕੈਂਪ 31 ਨੂੰ



**ਬਲਾਚੌਰ (ਜਸਵਿੰਦਰ ਬੈਂਸ)**- ਨਵਾਂਸ਼ਹਿਰ ਚੰਡੀਗੜ੍ਹ ਰੋਡ 'ਤੇ ਸਥਿਤ ਸੰਤ ਗੁਰਮੇਲ ਸਿੰਘ ਜੀ ਮੈਮੋਰੀਅਲ ਹਸਪਤਾਲ ਪਿੰਡ ਗੜ੍ਹੀ ਕਾਨੂੰਗੋਆਂ ਵਿਖੇ 31 ਜੁਲਾਈ ਨੂੰ ਦਿਮਾਗ ਅਤੇ ਰੀੜ੍ਹ ਦੀ ਹੱਡੀ ਦੀਆਂ ਬਿਮਾਰੀਆਂ ਸੰਬੰਧੀ ਤੇ ਦਿਲ ਦੇ ਰੋਗ ਦੇ ਇਲਾਜ ਸੰਬੰਧੀ, ਹੱਡੀਆਂ ਅਤੇ ਜੋੜਾਂ ਦੇ ਇਲਾਜ ਲਈ ਮੁਫ਼ਤ ਚੈੱਕਅਪ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਹਸਪਤਾਲ ਦੇ ਐਮ ਡੀ ਡਾ. ਪਰਮਜੀਤ ਸਿੰਘ ਅਤੇ ਡਾਕਟਰ ਸ਼ਵੇਤਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਹਰ ਤਰ੍ਹਾਂ ਦੇ ਟੈਸਟ ਵਿਚ ਭਾਰੀ ਛੋਟ ਦਿੱਤੀ ਜਾਵੇਗੀ ਤੇ ਇਹ ਕੈਂਪ ਸਵੇਰੇ 10 ਵਜੇ ਤੋਂ ਲੈ ਕੇ ਬਾਅਦ ਦੁਪਹਿਰ 2 ਵਜੇ ਤੱਕ ਲਗਾਇਆ ਜਾ ਰਿਹਾ ਹੈ।

# ਸੀ ਟੀ ਗਰੁੱਪ ਨੇ ਕੀਤੀ ਕੁਆਲਾਲੰਪੁਰ 'ਚ 8ਵੀਂ ਅੰਤਰਰਾਸ਼ਟਰੀ ਮਲਟੀ-ਟਰੈਕ ਕਾਨਫਰੰਸ

**ਜਲੰਧਰ (ਸ਼ੈਲੀ ਐਲਬਰਟ)** ਸੀ ਟੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ, ਮੈਨੇਜਮੈਂਟ ਐਂਡ ਟੈਕਨੋਲੋਜੀ, ਸ਼ਾਹਪੁਰ ਅਤੇ ਸੀਟੀ ਯੂਨੀਵਰਸਿਟੀ, ਲੁਧਿਆਣਾ, ਭਾਰਤ ਨੇ ਸਿਟੀ ਯੂਨੀਵਰਸਿਟੀ, ਅਜਮਾਨ ਅਤੇ ਗਲੋਬਲ ਨੈਕਸਟ ਯੂਨੀਵਰਸਿਟੀ, ਮਲੇਸ਼ੀਆ ਦੇ ਸਹਿਯੋਗ ਨਾਲ '8ਵਾਂ ਅੰਤਰਰਾਸ਼ਟਰੀ ਮਲਟੀ-ਟ੍ਰੈਕ ਕਾਨਫਰੰਸ ਆਨ ਸਾਇੰਸਜ਼, ਇੰਜੀਨੀਅਰਿੰਗ, ਮੈਨੇਜਮੈਂਟ ਐਂਡ ਟੈਕਨੀਕਲ ਇਨੋਵੇਸ਼ਨ (IMSEMTI 2025)' ਦਾ ਸਫਲਤਾਪੂਰਵਕ ਆਯੋਜਨ ਕੀਤਾ।ਇਸ ਅੰਤਰਰਾਸ਼ਟਰੀ ਕਾਨਫਰੰਸ ਵਿੱਚ ਦੁਨੀਆ ਭਰ ਦੇ ਵਿਦਵਾਨਾਂ, ਅਕਾਦਮਿਕਾਂ, ਖੋਜਕਰਤਾਵਾਂ ਅਤੇ ਉਦਯੋਗ ਮਾਹਿਰਾਂ ਨੇ ਵੱਖ-ਵੱਖ ਖੇਤਰਾਂ ਵਿੱਚ ਆਪਣੇ ਵਿਚਾਰਾਂ, ਖੋਜਾਂ ਅਤੇ ਨਵੀਨਤਮ ਕਾਰਜਾਂ ਨੂੰ ਪੇਸ਼ ਕੀਤਾ।ਭਾਰਤ ਤੋਂ ਔਨਲਾਈਨ ਅਤੇ ਕੁਆਲਾਲੰਪੁਰ ਵਿੱਚ ਔਫਲਾਈਨ ਹਾਈਬ੍ਰਿਡ ਮੋਡ ਵਿੱਚ ਆਯੋਜਿਤ ਇਸ ਕਾਨਫਰੰਸ ਵਿੱਚ 41ੋ ਯੂਨੀਵਰਸਿਟੀ, ਚਿਤਕਾਰਾ ਯੂਨੀਵਰਸਿਟੀ ਅਤੇ ਮੁੰਬਈ ਯੂਨੀਵਰਸਿਟੀ ਵਰਗੇ ਪ੍ਰਮੁੱਖ ਭਾਰਤੀ ਸੰਸਥਾਵਾਂ ਦੇ ਪ੍ਰਤਿਨਿਧੀਆਂ ਦੇ ਨਾਲ-ਨਾਲ ਬ੍ਰਾਜ਼ੀਲ ਅਤੇ ਹੋਰ ਏਸ਼ੀਆਈ ਦੇਸ਼ਾਂ ਦੇ ਖੋਜਕਰਤਾਵਾਂ ਨੇ ਵੀ ਬੜੀ ਗਿਣਤੀ ਵਿੱਚ ਹਿੱਸਾ ਲਿਆ। ਕਾਨਫਰੰਸ ਵਿੱਚ ਕੁੱਲ 58 ਖੋਜ ਪੱਤਰ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚੋਂ 26 ਔਫਲਾਈਨ ਅਤੇ 32 ਵਰਚੁਅਲ ਤਰੀਕੇ ਨਾਲ ਪੇਸ਼ ਕੀਤੇ ਗਏ।ਇਸ ਕਾਨਫਰੰਸ ਵਿੱਚ ਮਾਣਯੋਗ ਕੀ-ਨੋਟ ਸਪੀਕਰਾਂ ਅਤੇ ਸੈਸ਼ਨ ਚੇਅਰਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਪ੍ਰੋ. ਡਾ. ਚਿਨਮੋਯ ਸਾਹੂ, ਵਾਈਸ-ਚਾਂਸਲਰ, ਗਲੋਬਲਨੈਕਸਟ ਯੂਨੀਵਰਸਿਟੀ, ਮਲੇਸ਼ੀਆ; ਡਾ. ਦਲਵਿੰਦਰ ਕੌਰ, ਐਸਿਸਟੈਂਟ ਪ੍ਰੋਫੈਸਰ, ਗਲੋਬਲਨੈਕਸਟ ਯੂਨੀਵਰਸਿਟੀ; ਪ੍ਰੋ. ਡਾ. ਫਰੀਦਾ ਐਚਜੇ ਹਸਨ, ਯੂਨੀਵਰਸਿਟੀ ਟੈਕਨੋਲੋਜੀ MARA, ਮਲੇਸ਼ੀਆ; ਪ੍ਰੋ. ਡਾ. ਚੋਕਲਿੰਗਮ ਅਰਵਿੰਦ ਵੈਥਿਲਿੰਗਮ, ਟੇਲਰ ਯੂਨੀਵਰਸਿਟੀ, ਮਲੇਸ਼ੀਆ; ਡਾ. ਮਨਬੀਰ ਸਿੰਘ, ਮੈਨੇਜਿੰਗ ਡਾਇਰੈਕਟਰ, ਸੀਟੀ ਗਰੁੱਪ; ਗੌਰਵ ਖੰਨਾ, ਮੈਨੇਜਿੰਗ ਡਾਇਰੈਕਟਰ, ਪ੍ਰੀਵੋਇੰਸ; ਅਤੇ ਮਯੰਕ ਜੈਨ, ਮੈਨੇਜਿੰਗ ਡਾਇਰੈਕਟਰ, ਰੇਲਟੈਕ ਟੈਕਨੋਲੋਜੀਜ਼ ਸ਼ਾਮਲ ਸਨ। ਉਨ੍ਹਾਂ ਦੇ ਯੋਗਦਾਨ ਨੇ ਅਕਾਦਮਿਕ ਚਰਚਾ ਨੂੰ ਸਮ੍ਰਿਧ ਬਣਾਇਆ ਅਤੇ ਪ੍ਰਤੀਭਾਗੀਆਂ ਨੂੰ ਪ੍ਰੇਰਿਤ ਕੀਤਾ।ਕਈ ਵਿਲੱਖਣ ਖੋਜ ਪੇਸ਼ਕਾਰੀਆਂ ਵਿੱਚੋਂ ਦੋ ਪੱਤਰਾਂ ਨੂੰ ਬੈਸਟ ਪੇਪਰ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਡਾ. ਪੁਨੀਤ ਪੁਰੀ ਅਤੇ ਉਨ੍ਹਾਂ ਦੀ ਖੋਜ ਟੀਮ ਨੂੰ 'ਫਾਰਮਾਸਿਊਟੀਕਲ ਐਪਲੀਕੇਸ਼ਨਾਂ ਲਈ ਕੋਰਡੀਸੇਪਿਨ-ਐਨਰਿਚਡ ਮਾਈਸੀਲੀਆ ਦਾ ਕਮ ਖਰਚ ਵਾਲਾ ਉਤਪਾਦਨ' ਸਿਰਲੇਖ ਵਾਲੇ ਖੋਜ ਲਈ ਸਨਮਾਨਿਤ ਕੀਤਾ ਗਿਆ, ਜਦੋਂ ਕਿ 41ੋ ਯੂਨੀਵਰਸਿਟੀ ਦੀ ਡਾ. ਪ੍ਰਤੀਮਾ ਸ਼ਰਮਾ ਨੂੰ 'ਨੌਜਵਾਨਾਂ ਵਿੱਚ ਸਮਾਰਟਫੋਨ ਦੇ ਇਸਤੇਮਾਲ ਦਾ ਨੀਂਦ ਦੀ ਸਫਾਈ 'ਤੇ ਪ੍ਰਭਾਵ' ਖੋਜ ਲਈ ਅਵਾਰਡ ਦਿੱਤਾ ਗਿਆ।ਆਯੋਜਨ ਕਮੇਟੀ ਨੇ ਸਮਾਗਮ ਨੂੰ ਸੰਬੋਧਿਤ ਕਰਦਿਆਂ ਸੀਟੀਗਰੁੱਪ ਦੀ ਅਕਾਦਮਿਕ ਮਿਹਨਤ ਅਤੇ ਵਿਸ਼ਵਵਿਆਪੀ ਸਹਿਯੋਗ ਦੀ ਪਰੰਪਰਾ ਨੂੰ ਜਾਰੀ ਰੱਖਣ 'ਤੇ ਮਾਣ ਪ੍ਰਗਟ ਕੀਤਾ। ਇਹ ਦੱਸਿਆ ਗਿਆ ਕਿ IMSEMTI ਸਿਰਫ਼ ਇੱਕ ਕਾਨਫਰੰਸ ਨਹੀਂ, ਸਗੋਂ ਬੁੱਧੀ, ਨਵੀਨਤਾ ਅਤੇ ਖੋਜ ਦੀ ਤਾਕਤ ਦਾ ਪ੍ਰਤੀਕ ਹੈ। ਪਿਛਲੇ ਅੱਠ ਸਾਲਾਂ ਵਿੱਚ, ਸੀਟੀ ਗਰੁੱਪ ਨੇ ਦੁਬਈ, ਵੀਅਤਨਾਮ, ਅਜ਼ਰਬਾਈਜਾਨ ਅਤੇ ਮਲੇਸ਼ੀਆ ਵਰਗੇ ਵਿਸ਼ਵ ਪੱਧਰੀ ਸਥਾਨਾਂ 'ਤੇ ਅੰਤਰਰਾਸ਼ਟਰੀ ਖੋਜ ਕਾਨਫਰੰਸਾਂ ਦਾ ਸਫਲਤਾਪੂਰਵਕ ਆਯੋਜਨ ਕੀਤਾ ਹੈ, ਜਿਸ ਨਾਲ ਸਰਹੱਦਾਂ ਪਾਰ ਖੋਜ ਅਤੇ ਸਹਿਯੋਗ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ ਗਿਆ ਹੈ।ਸੀਟੀ ਗਰੁੱਪ ਦੀ ਅਗਵਾਈ ਵਿੱਚ ਇਹ ਜ਼ੋਰ ਦਿੱਤਾ ਗਿਆ ਕਿ ਖੋਜ ਸਿਰਫ਼ ਇੱਕ ਅਕਾਦਮਿਕ ਗਤੀਵਿਧੀ ਨਹੀਂ, ਸਗੋਂ ਇੱਕ ਸੱਭਿਆਚਾਰਕ ਮੁੱਲ ਹੈ। ਅਜਿਹੇ ਅੰਤਰਰਾਸ਼ਟਰੀ ਕਾਨਫਰੰਸਾਂ ਦੇ ਆਯੋਜਨ ਨਾਲ ਸੰਸਥਾ ਆਪਣੇ ਅਕਾਦਮਿਕ ਟੀਚਿਆਂ ਨੂੰ ਵਿਸ਼ਾਲ ਬਣਾ ਰਹੀ ਹੈ ਅਤੇ ਵਿਦਵਾਨਾਂ ਤੇ ਵਿਦਿਆਰਥੀਆਂ ਨੂੰ ਵਿਸ਼ਵਵਿਆਪੀ ਤਜਰਬਾ ਪ੍ਰਦਾਨ ਕਰ ਰਹੀ ਹੈ। ਕਾਨਫਰੰਸ ਨੇ ਸੀਟੀ ਗਰੁੱਪ ਦੇ ਉਸ ਸੰਕਲਪ ਨੂੰ ਉਜਾਗਰ ਕੀਤਾ ਜੋ ਖੋਜ ਨੂੰ ਸੁਲੱਭ, ਪ੍ਰਸੰਗਿਕ ਅਤੇ ਅਸਲ ਦੁਨੀਆ ਦੀਆਂ ਚੁਣੌਤੀਆਂ ਦੇ ਹੱਲ ਲਈ ਪ੍ਰਭਾਵਸ਼ਾਲੀ ਬਣਾਉਣ ਲਈ ਸਮਰਪਿਤ ਹੈ। IMSEMTI 2025, ਸੀਟੀ ਗਰੁੱਪ ਦੇ ਅਕਾਦਮਿਕ ਮਿਆਰ, ਅੰਤਰਰਾਸ਼ਟਰੀ ਸਹਿਯੋਗ ਅਤੇ ਖੋਜ-ਅਧਾਰਿਤ ਨਵੀਨਤਾ ਦੀ ਸਭਿਆਚਾਰ ਨੂੰ ਵਧਾਉਣ ਦੇ ਮਿਸ਼ਨ ਦਾ ਪ੍ਰਮਾਣ ਸੀ। ਕਾਨਫਰੰਸ ਨੇ ਸੰਸਥਾ ਦੀ ਵਿਸ਼ਵ ਪੱਧਰੀ ਅਕਾਦਮਿਕ ਭਾਗੀਦਾਰੀ ਅਤੇ ਗਿਆਨ ਦੇ ਆਦਾਨ-ਪ੍ਰਦਾਨ ਵਿੱਚ ਅਗਵਾਈ ਕਰਨ ਦੀ ਭੂਮਿਕਾ ਨੂੰ ਮਜ਼ਬੂਤ ਕੀਤਾ।




# ਦੁਸਹਿਰੇ 'ਤੇ ਕਦੇ ਵੀ ਕਿਸੇ ਵੀ ਸਰਕਾਰ ਨੇ ਕੋਈ ਟੈਕਸ ਨਹੀਂ ਲਗਾਇਆ : ਸੰਜੀਵ ਤਲਵਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਉੱਤਰੀ ਭਾਰਤ ਵਿੱਚ ਕੁੱਲੂ ਦੁਸਹਿਰੇ ਤੋਂ ਬਾਅਦ, ਹੁਸ਼ਿਆਰਪੁਰ ਵਿੱਚ ਸਭ ਤੋਂ ਵੱਡਾ ਦੁਸਹਿਰਾ ਮਨਾਇਆ ਜਾਂਦਾ ਹੈ ਅਤੇ ਲੱਖਾਂ ਲੋਕ ਇਸ ਦੁਸਹਿਰੇ ਨੂੰ ਸ਼ਰਧਾਂਜਲੀ ਦਿੰਦੇ ਹਨ। ਹੈਰਾਨੀ ਦੀ ਗੱਲ ਹੈ ਕਿ ਪਿਛਲੇ 100 ਸਾਲਾਂ ਤੋਂ ਮਨਾਏ ਜਾ ਰਹੇ ਇਸ ਦੁਸਹਿਰੇ 'ਤੇ ਕਦੇ ਵੀ ਕਿਸੇ ਵੀ ਸਰਕਾਰ ਨੇ ਕੋਈ ਟੈਕਸ ਨਹੀਂ ਲਗਾਇਆ, ਪਰ ਬਦਲਾਅ ਲਿਆਉਣ ਵਾਲੀ ਇਸ ਸਰਕਾਰ ਨੇ ਦੁਸਹਿਰਾ ਕਮੇਟੀ ਤੋਂ ਪ੍ਰਤੀ ਦਿਨ 25000 ਰੁਪਏ ਟੈਕਸ ਮੰਗ ਕੇ ਮੁਗਲਾਂ ਦੀ ਸੋਚ ਦੀ ਉਦਾਹਰਣ ਦਿੱਤੀ ਹੈ। ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸੰਜੀਵ ਤਲਵਾਰ ਨੇ ਪ੍ਰੈਸ ਨੂੰ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਕਹੇ। ਤਲਵਾਰ ਨੇ ਕਿਹਾ ਕਿ ਸਰਕਾਰਾਂ ਦਾ ਕੰਮ ਹੈ ਕਿ ਉਹ ਸਾਰੇ ਧਰਮਾਂ ਦੇ ਤਿਉਹਾਰਾਂ ਨੂੰ ਸ਼ਰਧਾ ਨਾਲ ਮਨਾਉਣ ਵਿੱਚ ਮਦਦ ਕਰਨ। ਉਨ੍ਹਾਂ ਕਿਹਾ ਕਿ ਹੁਣ ਜਦੋਂ ਸਰਕਾਰ ਤਿਉਹਾਰਾਂ ਦੇ ਨਾਂਅ 'ਤੇ ਕਾਰੋਬਾਰ ਕਰਨ ਲੱਗ ਪਈ ਹੈ, ਤਾਂ ਸੂਬੇ ਦੇ ਲੋਕਾਂ ਨੂੰ ਇਸ ਤੋਂ ਸਿਰਫ ਪਰਮਾਤਮਾ ਹੀ ਬਚਾ ਸਕਦਾ ਹੈ। ਸਰਕਾਰ ਦੇ ਇਸ ਫੈਸਲੇ ਨੇ ਮੁਗਲਾਂ ਦੀ ਸੋਚ ਨੂੰ ਸੁਰਜੀਤ ਕੀਤਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸਰਕਾਰ ਦੇ ਇਸ ਫੈਸਲੇ ਦਾ ਵਿਰੋਧ ਕਰਦਾ ਹੈ ਅਤੇ ਜੇਕਰ ਸਰਕਾਰ ਇਸ ਫੈਸਲੇ ਨੂੰ ਨਹੀਂ ਬਦਲਦੀ ਤਾਂ ਦੁਸਹਿਰਾ ਕਮੇਟੀ ਇਸ ਕੰਮ ਲਈ ਜੋ ਵੀ ਅੰਦੋਲਨ ਕਰੇਗੀ, ਸ਼੍ਰੋਮਣੀ ਅਕਾਲੀ ਦਲ ਉਸਦਾ ਪੂਰਾ ਸਮਰਥਨ ਕਰੇਗਾ।



## ਜਨਮ ਦਿਨ ਮੁਬਾਰਕ



ਯੋਧਵੀਰ ਸਿੰਘ
ਪਿਤਾ : ਗੁਰਮੀਤ ਸਿੰਘ
ਮਾਤਾ : ਜਗਮੀਤ ਕੌਰ
ਵਾਸੀ : ਗਿੱਦੜਬਾਹਾ



ਜਗਦੀਪ ਸਿੰਘ ਨਹਿਲ
ਪਿਤਾ : ਮੱਖਣ ਸਿੰਘ
ਮਾਤਾ : ਅਮਨਦੀਪ ਕੌਰ
ਵਾਸੀ : ਸ਼ਾਹਪੁਰ ਕਲਾਂ